ਸੋਮਵਾਰ, 14 ਸਤੰਬਰ, 2026
29 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 104

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 14 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪੰਜਾਬ 'ਚ ਹੈਰੋਇਨ ਦੀ ਸਪਲਾਈ ਘਟੀ ਪਰ ਭਾਜਪਾ ਸ਼ਾਸਤ ਰਾਜਾਂ ਤੋਂ ਫਾਰਮਾਸਿਊਟੀਕਲ ਡਰੱਗਜ਼ ਦੀ ਵਧੀ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**
ਪਿਛਲੇ ਕੁਝ ਸਾਲਾਂ ਦੌਰਾਨ ਪੰਜਾਬ ਵਿੱਚ ਪਾਕਿਸਤਾਨ ਨਾਲ ਲੱਗਦੀ ਅੰਤਰਰਾਸ਼ਟਰੀ ਸਰਹੱਦ ਰਾਹੀਂ ਹੋਣ ਵਾਲੀ ਨਸ਼ਿਆਂ ਦੀ ਤਸਕਰੀ ਵਿਰੁੱਧ ਕੀਤੀਆਂ ਗਈਆਂ ਸਖ਼ਤ ਕਾਰਵਾਈਆਂ ਸਦਕਾ ਨਸ਼ਾ ਤਸਕਰੀ ਦੇ ਤਰੀਕਿਆਂ ਵਿੱਚ ਬਦਲਾਅ ਆਇਆ ਹੈ ਅਤੇ ਹੁਣ ਫਾਰਮਾਸਿਊਟੀਕਲ ਡਰੱਗਜ਼ 'ਤੇ ਵਧੇਰੇ ਧਿਆਨ ਦਿੱਤਾ ਜਾ ਰਿਹਾ ਹੈ।ਪੰਜਾਬ ਵਿੱਚ ਨਸ਼ਾ-ਰੋਕੂ ਕਾਨੂੰਨਾਂ ਨੂੰ ਲਾਗੂ ਕਰਨ ਦੇ ਸੰਬੰਧ ਵਿੱਚ ਹੁਣ ਹੈਰੋਇਨ ਦੀ ਲਤ ਦੀ ਥਾਂ ਹੁਣ ਫਾਰਮਾਸਿਊਟੀਕਲ ਡਰੱਗਜ਼ ਦੀ ਲਤ ਇੱਕ ਮੁੱਖ ਚੁਣੌਤੀ ਵਜੋਂ ਉੱਭਰ ਰਹੀ ਹੈ।ਪੰਜਾਬ ਪੁਲਸ ਦੇ ਬੁਲਾਰੇ ਨੇ ਦੱਸਿਆ ਕਿ ਬੀ ਐੱਸ ਐੱਫ ਅਤੇ ਪੰਜਾਬ ਪੁਲਸ ਵੱਲੋਂ ਪਾਕਿਸਤਾਨ ਨਾਲ ਲੱਗਦੀ ਅੰਤਰਰਾਸ਼ਟਰੀ ਸਰਹੱਦ 'ਤੇ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਮੁਕਾਬਲਾ ਕਰਨ ਲਈ ਅਪਣਾਈ ਗਈ ਬਹੁ-ਪੱਧਰੀ ਪ੍ਰਤੀਕਿਰਿਆ ਨਾਲ ਪੰਜਾਬ ਵਿੱਚ ਜ਼ਮੀਨੀ ਪੱਧਰ 'ਤੇ ਹੈਰੋਇਨ ਦੀ ਉਪਲੱਬਧਤਾ ਵਿੱਚ ਤੇਜ਼ੀ ਨਾਲ ਗਿਰਾਵਟ ਆਈ ਹੈ। ਪੰਜਾਬ ਪੁਲਸ ਵੱਲੋਂ 09 ਐਂਟੀ-ਡ੍ਰੋਨ ਸਿਸਟਮ ਤਾਇਨਾਤ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 03 'ਬਾਜ਼ ਅੱਖ' ਸਿਸਟਮ 9 ਅਗਸਤ, 2025 ਤੋਂ ਅੰਮ੍ਰਿਤਸਰ, ਤਰਨ ਤਾਰਨ ਅਤੇ ਫਿਰੋਜ਼ਪੁਰ ਵਿੱਚ ਪਹਿਲਾਂ ਹੀ ਕਾਰਜਸ਼ੀਲ ਹਨ, ਜੋ ਇਹਨਾਂ ਡਰੋਨਾਂ ਦਾ ਪਹਿਲਾਂ ਹੀ ਪਤਾ ਲਗਾ ਕੇ ਉਨ੍ਹਾਂ ਨੂੰ ਜਾਮ ਕਰ ਦਿੰਦੇ ਹਨ।ਲੰਬੇ ਸਮੇਂ ਤੱਕ ਚੱਲਣ ਵਾਲੇ ਮੋਬਾਈਲ ਡਰੋਨ ਡਿਟੈਕਸ਼ਨ ਪਲੇਟਫਾਰਮ 'ਡਰੋਨ ਸੈਂਸ ਡੀ 200 ਪ੍ਰੋ' ਦੀਆਂ 03 ਯੂਨਿਟਾਂ 3 ਸਤੰਬਰ 2026 ਤੋਂ ਸਰਹੱਦੀ ਜ਼ਿਲ੍ਹਿਆਂ ਵਿੱਚ ਰਣਨੀਤਕ ਸਥਾਨਾਂ 'ਤੇ ਤਾਇਨਾਤ ਕੀਤੀਆਂ ਗਈਆਂ ਹਨ, ਜੋ ਤੁਰੰਤ ਪ੍ਰਤੀਕਿਰਿਆ ਨੂੰ ਯਕੀਨੀ ਬਣਾਉਂਦੀਆਂ ਹਨ।ਇਹ ਸਿਸਟਮ ਡਰੋਨ ਨਾਲ ਸੰਬੰਧਤ ਗਤੀਵਿਧੀਆਂ ਅਤੇ ਖੇਪ ਸੁੱਟਣ ਵਾਲੇ ਸਥਾਨਾਂ ਦਾ ਸਟੀਕ ਜਾਣਕਾਰੀ ਪ੍ਰਦਾਨ ਕਰਦਾ ਹੈ, ਜਿਸ ਨਾਲ ਸਮੇਂ ਸਿਰ ਕਾਰਵਾਈ ਸੰਭਵ ਹੋ ਜਾਂਦੀ ਹੈ।ਜ਼ਮੀਨੀ ਪੱਧਰ 'ਤੇ ਤੁਰੰਤ ਕਾਰਵਾਈ ਲਈ 147 ਪੁਲਸ ਮੁਲਾਜ਼ਮਾਂ ਦੇ ਨਾਲ-ਨਾਲ 52 ਡਰੋਨ ਰਿਸਪਾਂਸ ਟੀਮਾਂ (ਡੀ ਆਰ ਟੀ) ਬੀ ਐੱਸ ਐੱਫ ਨਾਲ ਨੇੜਿਓਂ ਤਾਲਮੇਲ ਵਿੱਚ ਕੰਮ ਕਰਦੀਆਂ ਹਨ ਅਤੇ ਇਹ ਟੀਮਾਂ ਡਰੋਨ ਅਲਰਟ 'ਤੇ ਕਰਦੀਆਂ ਹਨ, ਖੇਪਾਂ ਸੁੱਟਣ ਵਾਲੇ ਸ਼ੱਕੀ ਸਥਾਨਾਂ ਤੱਕ ਪਹੁੰਚਦੀਆਂ ਹਨ, ਤਲਾਸ਼ੀ ਲੈਂਦੀਆਂ ਹਨ ਅਤੇ ਸੁੱਟੀਆਂ ਗਈਆਂ ਖੇਪਾਂ ਨੂੰ ਪ੍ਰਾਪਤ ਕਰਨ ਵਾਲੇ ਵਿਅਕਤੀਆਂ ਨੂੰ ਕਾਬੂ ਕਰਦੀਆਂ ਹਨ।ਇਹਨਾਂ ਕਾਰਵਾਈਆਂ ਵਿੱਚ ਸਹਾਇਤਾ ਲਈ 585 ਥਾਵਾਂ 'ਤੇ 2367 ਸੀ ਸੀ ਟੀ ਵੀ ਕੈਮਰੇ ਲਗਾਏ ਗਏ ਹਨ ਅਤੇ 600 ਪੁਲਸ ਕਰਮਚਾਰੀਆਂ ਵਾਲੇ 64 ਸੈਕਿੰਡ ਲਾਈਨ ਆਫ਼ ਡਿਫੈਂਸ ਨਾਕਿਆਂ ਦੀ ਵਿਵਸਥਾ ਕੀਤੀ ਗਈ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਸਰਹੱਦੀ ਖੇਤਰਾਂ ਵਿੱਚ 'ਵਿਲੇਜ ਡਿਫੈਂਸ ਕਮੇਟੀਆਂ' ਨੂੰ 'ਡਰੋਨ ਰਿਸਪਾਂਸ ਟੀਮਾਂ' ਨਾਲ ਜੋੜਿਆ ਗਿਆ ਹੈ।ਬੁਲਾਰੇ ਅਨੁਸਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 1 ਮਾਰਚ 2025 ਤੋਂ ਲੈ ਕੇ ਹੁਣ ਤੱਕ ਲੱਗਭੱਗ 80,000 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ 486 ਡਰੋਨ ਬਰਾਮਦ ਕੀਤੇ ਗਏ ਹਨ। ਨਸ਼ਾ ਤਸਕਰੀ ਨੈੱਟਵਰਕ ਦੇ ਆਰਥਿਕ ਆਧਾਰ ਨੂੰ ਤੋੜਨ ਲਈ ਵਿੱਤੀ ਜਾਂਚ ਦੀ ਵਰਤੋਂ ਕੀਤੀ ਜਾ ਰਹੀ ਹੈ, ਜਿਸ ਤਹਿਤ 336 ਕਰੋੜ ਰੁਪਏ ਤੋਂ ਵੱਧ ਦੀ ਜਾਇਦਾਦ ਨੂੰ ਫ੍ਰੀਜ਼ ਕੀਤਾ ਗਿਆ ਹੈ।ਨਸ਼ਿਆਂ ਨਾਲ ਸੰਬੰਧਤ ਜਾਣਕਾਰੀ ਦੇਣ ਲਈ ਬਣਾਈ ਗਈ ਇਨਾਮੀ ਨੀਤੀ ਤਹਿਤ ਹਰੇਕ ਡਰੋਨ ਦੀ ਬਰਾਮਦਗੀ 'ਤੇ 25,000 ਰੁਪਏ ਦਾ ਨਕਦ ਇਨਾਮ ਦਿੱਤਾ ਜਾਂਦਾ ਹੈ ਅਤੇ ਮੌਜੂਦਾ ਸਾਲ ਦੌਰਾਨ ਇਸ ਨੀਤੀ ਤਹਿਤ ਲੱਗਭੱਗ 2 ਕਰੋੜ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ।

ਬੁਲਾਰੇ ਨੇ ਕਿਹਾ ਕਿ ਐਂਟੀ ਡਰੋਨ ਤਕਨਾਲੋਜੀ, ਰੈਪਿਡ ਰਿਸਪਾਂਸ ਟੀਮਾਂ, ਬੀ ਐੱਸ ਐੱਫ ਨਾਲ ਤਾਲਮੇਲ, ਕਮਿਊਨਿਟੀ ਵਿਜੀਲੈਂਸ, ਸੀ ਸੀ ਟੀ ਵੀ

• ਬਾਕੀ ਸਫਾ 2 'ਤੇ

## ਮਹਿਲਾ ਜੂਨੀਅਰ ਏਸ਼ੀਆ ਕੱਪ ਜਿੱਤਣ ਦੀ ਹੈਟ੍ਰਿਕ



**ਮੋਕੀ (ਚੀਨ) :** ਭਾਰਤ ਨੇ ਐਤਵਾਰ ਮੇਜ਼ਬਾਨ ਚੀਨ ਨੂੰ 1-0 ਨਾਲ ਹਰਾ ਕੇ ਮਹਿਲਾ ਜੂਨੀਅਰ ਏਸ਼ੀਆ ਕੱਪ ਖਿਤਾਬ ਜਿੱਤਣ ਦੀ ਇਤਿਹਾਸਕ ਹੈਟ੍ਰਿਕ ਬਣਾਈ। ਮੈਚ ਦਾ ਇੱਕੋ-ਇੱਕ ਗੋਲ ਸਾਨਿਕਾ ਚੰਦਰਕਾਂਤ ਮਾਨੇ ਨੇ ਕੀਤਾ। ਮਾਨੇ ਨੇ 17ਵੇਂ ਮਿੰਟ ਵਿੱਚ ਭਾਰਤ ਨੂੰ ਲੀਡ ਦਿਵਾਈ ਅਤੇ ਮੌਜੂਦਾ ਚੈਂਪੀਅਨ ਟੀਮ ਨੇ ਲੀਡ ਬਣਾਈ ਰੱਖੀ।

ਇਸ ਜਿੱਤ ਦੇ ਨਾਲ ਭਾਰਤ ਨੇ 2023 ਅਤੇ 2024 ਵਿੱਚ ਜਿੱਤਣ ਤੋਂ ਬਾਅਦ ਲਗਾਤਾਰ ਤੀਜੀ ਵਾਰ ਜੂਨੀਅਰ ਏਸ਼ੀਆ ਕੱਪ ਦਾ ਖਿਤਾਬ ਜਿੱਤਿਆ। ਇਸ ਖਿਤਾਬ ਨੇ ਭਾਰਤ ਦੀ ਜੂਨੀਅਰ ਵਿਸ਼ਵ ਕੱਪ ਵਿੱਚ ਵੀ ਜਗ੍ਹਾ ਪੱਕੀ ਕਰ ਦਿੱਤੀ ਹੈ। ਟੂਰਨਾਮੈਂਟ ਦੇ ਜ਼ਿਆਦਾਤਰ ਮੈਚਾਂ ਵਿੱਚ ਭਾਰਤੀ ਮਹਿਲਾ ਟੀਮ ਨੇ ਹਮਲਾਵਰ ਖੇਡ ਨਾਲ ਆਪਣੇ ਵਿਰੋਧੀਆਂ ਨੂੰ ਹਰਾਇਆ। ਹਾਲਾਂਕਿ ਫਾਈਨਲ ਵਿੱਚ ਭਾਰਤ ਨੂੰ ਮੇਜ਼ਬਾਨ ਟੀਮ ਦੇ ਖਿਲਾਫ ਸਬਰ ਅਤੇ ਮਜ਼ਬੂਤ ਬਚਾਅ ਦੀ ਲੋੜ ਸੀ, ਕਿਉਂਕਿ ਚੀਨ ਨੇ ਟੂਰਨਾਮੈਂਟ ਵਿੱਚ ਪਹਿਲਾਂ ਹੀ ਭਾਰਤ ਦੇ ਹਮਲੇ ਨੂੰ ਰੋਕਣ ਦੀ ਆਪਣੀ ਯੋਗਤਾ ਦਾ ਪ੍ਰਦਰਸ਼ਨ ਕਰ ਦਿੱਤਾ ਸੀ। ਦੋਵਾਂ ਟੀਮਾਂ ਵਿਚਕਾਰ ਪੂਲ ਮੈਚ ਗੋਲ ਰਹਿਤ ਡਰਾਅ 'ਤੇ ਖਤਮ ਹੋਇਆ ਸੀ। ਇਹ ਟੂਰਨਾਮੈਂਟ ਦਾ ਇੱਕੋ-ਇੱਕ ਮੈਚ ਸੀ, ਜਿਸ ਵਿੱਚ ਭਾਰਤ ਗੋਲ ਕਰਨ ਵਿੱਚ ਅਸਫਲ ਰਿਹਾ।

## ਡੋਨੀ ਬੱਲ ਦੇ ਦੋ ਸ਼ੂਟਰ ਮੁਕਾਬਲੇ 'ਚ ਮਾਰੇ ਗਏ

### ਗੈਂਗਸਟਰ ਬਸੰਤਕੋਟੀਆ ਸਣੇ 5 ਕਾਬੂ

**ਲੁਧਿਆਣਾ/ਗੁਰਦਾਸਪੁਰ (ਰੈਕਟਰ ਕਥੂਰੀਆ/ਦਿਨੇਸ਼ ਕੁਮਾਰ)**
ਐਤਵਾਰ ਲੁਧਿਆਣਾ ਪੁਲਸ ਅਤੇ ਐਂਟੀ-ਗੈਂਗਸਟਰ ਟਾਸਕ ਫੋਰਸ ਨਾਲ ਹੋਏ ਮੁਕਾਬਲੇ ਵਿੱਚ ਵਿਦੇਸ਼ੀ ਗੈਂਗਸਟਰ ਡੋਨੀ ਬੱਲ ਦੇ ਦੋ ਸ਼ੂਟਰ ਮਾਰੇ ਗਏ। ਇਹ ਦੋਵੇਂ ਕਥਿਤ ਤੌਰ 'ਤੇ ਆਤਮ ਨਗਰ ਵਿੱਚ ਇੱਕ ਖੂਨਦਾਨ ਕੈਂਪ ਵਿੱਚ ਉੱਥੇ ਮੌਜੂਦ ਲੋਕਾਂ 'ਤੇ ਗੋਲੀਬਾਰੀ ਕਰਨ ਦੇ ਇਰਾਦੇ ਨਾਲ ਜਾ ਰਹੇ ਸਨ। ਇਹ ਖੂਨਦਾਨ ਕੈਂਪ ਲੁਧਿਆਣਾ ਦੇ ਖਵਾਜਕੇ ਪਿੰਡ ਦੇ ਸਾਬਕਾ ਸਰਪੰਚ ਅਤੇ ਕਾਂਗਰਸੀ ਆਗੂ ਰਵੀ ਖਵਾਜਕੇ ਦੀ ਯਾਦ ਵਿੱਚ ਲਗਾਇਆ ਗਿਆ ਸੀ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਦੋਵੇਂ ਸ਼ੱਕੀ, ਜੋ ਕਿ ਅੰਮ੍ਰਿਤਸਰ ਵਿੱਚ ਸੁਲਤਾਨਵਿੰਡ ਰੋਡ ਦੇ ਰਹਿਣ ਵਾਲੇ ਸਨ, ਮੋਟਰਸਾਈਕਲ 'ਤੇ ਖੂਨਦਾਨ ਕੈਂਪ ਦੇ ਨੇੜੇ ਪਹੁੰਚੇ। ਪੁਲਸ ਅਤੇ ਏ ਜੀ ਟੀ ਐੱਫ ਦੀ ਟੀਮ ਪਹਿਲਾਂ ਹੀ ਜਾਲ ਵਿਛਾ ਚੁੱਕੀ ਸੀ। ਪੁਲਸ ਟੀਮ ਨੂੰ ਦੇਖਦਿਆਂ ਹੀ ਉਨ੍ਹਾਂ ਗੋਲੀਬਾਰੀ ਕਰ ਦਿੱਤੀ। ਜਵਾਬੀ ਗੋਲੀਬਾਰੀ ਵਿੱਚ ਦੋਵੇਂ ਮਾਰੇ ਗਏ।

ਮੁਕਾਬਲੇ ਦੌਰਾਨ ਕਰੀਬ 25 ਰੌਂਦ ਫਾਇਰ ਕੀਤੇ ਗਏ ਅਤੇ ਗੋਲੀਆਂ ਪੁਲਸ ਦੀ ਗੱਡੀ 'ਤੇ ਵੀ ਲੱਗੀਆਂ। ਮੁਲਜ਼ਮਾਂ ਕੋਲ ਅੱਤ-ਆਧੁਨਿਕ, ਪੂਰੀ ਤਰ੍ਹਾਂ ਲੋਡ ਕੀਤੇ ਆਟੋਮੈਟਿਕ 9 ਐੱਮ ਐੱਮ ਹਥਿਆਰ ਸਨ।

ਰਵੀ ਖਵਾਜਕੇ ਦੀ 2016 ਵਿੱਚ ਲੁਧਿਆਣਾ ਦੇ ਗਿੱਲ ਰਿਜ਼ਾਰਟ ਵਿੱਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਇਸ ਕਤਲ ਦਾ ਦੋਸ਼ ਦਵਿੰਦਰ ਬੰਬੀਹਾ ਗੈਂਗ 'ਤੇ ਲੱਗਾ ਸੀ, ਜਿਸ ਵਿੱਚ ਬੰਬੀਹਾ ਅਤੇ ਉਸ ਦੇ ਸਾਥੀਆਂ ਨੇ ਕਥਿਤ ਤੌਰ 'ਤੇ ਰਿਜ਼ਾਰਟ 'ਤੇ ਗੋਲੀਬਾਰੀ ਕੀਤੀ ਅਤੇ ਖਵਾਜਕੇ ਨੂੰ ਮਾਰ ਦਿੱਤਾ। ਬੰਬੀਹਾ ਨੂੰ ਬਾਅਦ ਵਿੱਚ 2016 ਵਿੱਚ ਬਠਿੰਡਾ ਵਿੱਚ ਇੱਕ ਮੁਕਾਬਲੇ ਵਿੱਚ ਪੰਜਾਬ ਪੁਲਸ ਨੇ ਗੋਲੀ ਮਾਰ ਦਿੱਤੀ ਸੀ।

ਪੁਲਸ ਕਮਿਸ਼ਨਰ ਸ਼ਰਮਾ ਨੇ ਖੁਲਾਸਾ ਕੀਤਾ ਕਿ ਦੋਵੇਂ ਸ਼ੂਟਰ ਪਿਛਲੀ ਰਾਤ ਲੁਧਿਆਣਾ ਪਹੁੰਚੇ ਸਨ ਅਤੇ ਐਤਵਾਰ ਨੂੰ ਕੈਂਪ ਨੂੰ ਨਿਸ਼ਾਨਾ ਬਣਾਉਣ ਦੀ ਯੋਜਨਾ ਬਣਾ ਰਹੇ ਸਨ। ਉਨ੍ਹਾਂ ਨੂੰ ਲੋੜੀਂਦੇ ਗੈਂਗਸਟਰ

• ਬਾਕੀ ਸਫਾ 2 'ਤੇ

## ਗੁਲਾਬ ਸਿੱਧੂ ਦੇ ਘਰ 'ਤੇ ਫਾਇਰਿੰਗ



**ਚੰਡੀਗੜ੍ਹ :** ਬਰਨਾਲਾ ਦੇ ਪਿੰਡ ਫਰਵਾਹੀ ਵਿਖੇ ਪੰਜਾਬੀ ਗਾਇਕ ਗੁਲਾਬ ਸਿੱਧੂ ਦੇ ਜੱਦੀ ਘਰ 'ਤੇ ਹਮਲਾਵਰਾਂ ਵੱਲੋਂ ਫਾਇਰਿੰਗ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਘਟਨਾ ਸ਼ਨੀਵਾਰ ਦੇਰ ਰਾਤ ਕਰੀਬ 1:30 ਤੋਂ 2:00 ਵਜੇ ਦੇ ਵਿਚਕਾਰ ਵਾਪਰੀ, ਜਿੱਥੇ ਹਮਲਾਵਰਾਂ ਨੇ ਗਾਇਕ ਦੇ ਘਰ ਦੇ ਮੁੱਖ ਗੇਟ 'ਤੇ ਲਗਾਤਾਰ 7 ਤੋਂ 8 ਰਾਊਂਡ ਫਾਇਰ ਕੀਤੇ ਅਤੇ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੌਕੇ ਤੋਂ ਫ਼ਰਾਰ ਹੋ ਗਏ।

ਗੋਲੀਆਂ ਦੇ ਨਿਸ਼ਾਨ ਘਰ ਦੇ ਮੁੱਖ ਲੋਹੇ ਦੇ ਗੇਟ 'ਤੇ ਸਾਫ਼ ਦੇਖੇ ਜਾ ਸਕਦੇ ਹਨ। ਵਾਰਦਾਤ ਸਮੇਂ ਗਾਇਕ ਗੁਲਾਬ ਸਿੱਧੂ ਘਰ ਵਿੱਚ ਮੌਜੂਦ ਨਹੀਂ ਸਨ ਅਤੇ ਪਰਵਾਰਕ ਮੈਂਬਰਾਂ ਮੁਤਾਬਕ ਉਹ ਇਨ੍ਹੀਂ ਦਿਨੀਂ ਆਪਣੇ ਮਿਊਜ਼ਿਕ ਸ਼ੋਅ ਅਤੇ ਪ੍ਰੋਗਰਾਮਾਂ ਦੇ ਸਿਲਸਿਲੇ ਵਿੱਚ ਵਿਦੇਸ਼ ਗਏ ਹੋਏ ਹਨ। ਕੁਝ ਸਮਾਂ ਪਹਿਲਾਂ ਗੁਲਾਬ ਸਿੱਧੂ ਨੂੰ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਫਿਰੌਤੀ ਮੰਗਣ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਮਿਲੀਆਂ ਸਨ। ਇਸੇ ਆਧਾਰ 'ਤੇ ਪੁਲਸ ਇਸ ਪੂਰੀ ਘਟਨਾ ਨੂੰ ਪੁਰਾਣੀਆਂ ਧਮਕੀਆਂ ਅਤੇ ਗੈਂਗਸਟਰ ਐਂਗਲ ਨਾਲ ਜੋੜ ਕੇ ਜਾਂਚ ਕਰ ਰਹੀ ਹੈ।

## ਕੈਨੇਡੀਅਨ ਪੁਲਸ ਨੇ ਪੰਜਾਬੀ ਮੁੰਡੇ ਦੇ ਪਟਾਕੇ ਪੁਆਏ

**ਵੈਨਕੂਵਰ :** ਭਾਰਤ ਤੋਂ ਪੜ੍ਹਾਈ ਕਰਨ ਕੈਨੇਡਾ ਆਏ ਕਿਸੇ ਪਹਿਲੇ ਦਰਜੇ ਦੇ ਅਫ਼ਸਰ ਦੇ ਕਾਕੇ ਨੂੰ ਸੜਕ 'ਤੇ ਕਾਰ ਦੇ ਪਟਾਕੇ ਪਵਾਉਣੇ ਹਜ਼ਾਰਾਂ ਡਾਲਰਾਂ ਵਿੱਚ ਪਏ ਅਤੇ ਨਾਲ ਹੀ ਉਸ ਦੀ ਕਾਰ ਅਗਲੇ ਦੋ ਸਾਲਾਂ ਲਈ ਪੁਲਸ ਦੀ ਖ਼ਾਸ ਨਿਗਰਾਨੀ ਹੇਠ ਆ ਗਈ। ਇਸ ਬਾਰੇ ਜਾਣਕਾਰੀ ਦਿੰਦਿਆਂ ਓਨਟਾਰੀਓ ਸੂਬਾਈ ਪੁਲਸ ਦੇ ਸੂਤਰਾਂ ਨੇ ਦੱਸਿਆ ਕਿ ਭਾਰਤ ਤੋਂ ਉੱਚ ਪੜ੍ਹਾਈ ਲਈ ਕੈਨੇਡਾ ਆਏ ਮੁੰਡੇ ਨੇ ਕਾਰ ਲੈ ਕੇ ਉਸ ਦਾ ਸਾਈਲੈਂਸਰ ਅਜਿਹਾ ਬਣਾਇਆ ਸੀ ਤਾਂ ਜੋ ਰੇਸ ਦੇਣ ਮੌਕੇ ਕਾਰ ਪਟਾਕੇ ਮਾਰੇ। ਲੰਘੇ ਦਿਨੀਂ ਉਹ ਮੌਜ-ਮਸਤੀ ਲਈ ਬੈਰੀ ਸ਼ਹਿਰ ਤੋਂ ਅੱਗੇ ਸੜਕ ਕਿਨਾਰੇ ਕਾਰ ਖੜ੍ਹੀ ਕਰਕੇ ਰੇਸ ਦਿੰਦਾ ਅਤੇ ਪਟਾਕਿਆਂ ਦਾ ਮਜ਼ਾ ਲੈਂਦਾ। ਹਰ ਦੋ-ਚਾਰ ਮੀਲਾਂ ਬਾਅਦ ਉਹ ਅਜਿਹਾ ਕਰ ਰਿਹਾ ਸੀ। ਇਕ ਪੰਜਾਬੀ ਨੇ ਉਸ ਨੂੰ ਸਮਝਾਉਣ ਦਾ ਯਤਨ ਕੀਤਾ, ਪਰ ਮੁੰਡੇ ਨੇ ਜਵਾਬ ਦਿੱਤਾ, 'ਮੈਂ ਲੋਕਾਂ ਦੀ ਪਰਵਾਹ ਨਹੀਂ ਕਰਦਾ, ਆਪਣੀ ਖ਼ੁਸ਼ੀ ਵੇਖਦਾ ਹਾਂ।' ਸਮਝਾਉਣ ਵਾਲਾ ਵਿਅਕਤੀ ਕਿਸੇ ਵਿਭਾਗ ਦਾ ਅਫ਼ਸਰ ਸੀ, ਉਸ ਨੇ ਪੁਲਸ ਨੂੰ ਫ਼ੋਨ ਕਰਕੇ ਸਾਰੀ ਗੱਲ ਦੱਸ ਦਿੱਤੀ। ਕੁਝ ਮਿੰਟਾਂ ਬਾਅਦ ਗੁਪਤ (ਬਿਨਾਂ ਪਛਾਣ ਵਾਲੀ) ਕਾਰ ਵਿੱਚ ਪੁਲਸ ਅਫ਼ਸਰ ਪਹੁੰਚ ਗਿਆ ਅਤੇ ਸਬੂਤ ਇਕੱਠੇ ਕਰਕੇ ਮੁੰਡੇ ਨੂੰ 500-500 ਡਾਲਰਾਂ ਦੀਆਂ ਚਾਰ ਟਿਕਟਾਂ ਦਿੱਤੀਆਂ, ਕਾਰ ਦੋ ਹਫ਼ਤਿਆਂ ਦੀ ਬੰਦਿਸ਼ ਹੇਠ ਟੋਅ ਕਰਵਾਈ, ਡਰਾਈਵਿੰਗ ਲਾਇਸੰਸ ਤਿੰਨ ਮਹੀਨਿਆਂ ਲਈ ਮੁਅੱਤਲ ਕੀਤਾ ਅਤੇ ਕਾਰ ਦਾ ਸਾਈਲੈਂਸਰ ਨਵਾਂ ਪਵਾ ਕੇ ਸਬੂਤ ਪੁਲਸ ਨੂੰ ਦੇਣ ਤੇ ਕਾਰ ਦੋ ਸਾਲਾਂ ਲਈ ਨਿਗਰਾਨੀ ਹੇਠ ਰੱਖਣ ਦੀ ਕਾਰਵਾਈ ਕੀਤੀ।

## 3 ਧੀਆਂ ਤੇ ਪਤਨੀ ਦਾ ਬੇਰਹਿਮੀ ਨਾਲ ਕਤਲ


**ਜੈਪੁਰ :** ਇੱਥੇ ਪਤਨੀ ਅਤੇ ਤਿੰਨ ਧੀਆਂ ਦਾ ਕਤਲ ਕਰਨ ਤੋਂ ਬਾਅਦ ਪਤੀ ਫਰਾਰ ਹੋ ਗਿਆ। ਡੀ ਸੀ ਪੀ (ਪੱਛਮੀ) ਪ੍ਰਸ਼ਾਂਤ ਕਿਰਨ ਨੇ ਦੱਸਿਆ ਕਿ ਰਾਹੁਲ ਝਾਅ (45) ਨੇ 11 ਸਤੰਬਰ ਦੀ ਸਵੇਰ ਗੋਵਿੰਦ ਵਾਟਿਕਾ ਪਲਾਟ ਨੰਬਰ ਏ-169 'ਤੇ ਆਪਣੀ ਪਤਨੀ ਗੀਤਾ ਝਾਅ (40), ਧੀਆਂ ਨੰਦਨੀ (22), ਰਾਧਿਕਾ (17) ਅਤੇ ਗਿਰੀਸ਼ ਉਰਫ ਗੌਰੀ (14) ਦਾ ਕਤਲ ਕਰ ਦਿੱਤਾ। ਰਾਹੁਲ ਨੇ ਰਾਤ ਖਾਣੇ ਵਿੱਚ ਜ਼ਹਿਰ ਮਿਲਾ ਦਿੱਤਾ।

ਖਾਣੇ ਤੋਂ ਬਾਅਦ ਪਤਨੀ ਤੇ ਧੀਆਂ ਆਪਣੇ-ਆਪਣੇ ਕਮਰਿਆਂ 'ਚ ਚਲੀਆਂ ਗਈਆਂ। ਸ਼ੱਕ ਹੋਣ 'ਤੇ ਕਿ ਉਹ ਅਜੇ ਵੀ ਜ਼ਿੰਦਾ ਹਨ, ਉਸ ਨੇ 1.5 ਫੁੱਟ ਲੰਬੀ ਸੀਮਿੰਟ ਦੀ ਸਲੈਬ, ਜਿਸ ਦਾ ਭਾਰ ਲੱਗਭੱਗ 10 ਕਿੱਲੋ ਸੀ, ਨਾਲ ਪਤਨੀ ਅਤੇ ਧੀਆਂ ਦੇ ਸਿਰ ਅਤੇ ਚਿਹਰੇ 'ਤੇ ਵਾਰ ਕੀਤਾ। ਇੱਕੋ ਵਾਰ 'ਚ ਉਨ੍ਹਾਂ ਦੀਆਂ ਖੋਪੜੀ ਦੀਆਂ ਹੱਡੀਆਂ ਟੁੱਟ ਗਈਆਂ।

## ਭਾਰੀ ਮੀਂਹ ਕਾਰਨ ਚੰਡੀਗੜ੍ਹ ਨਹੀਂ ਉਤਰ ਸਕਿਆ ਜਹਾਜ਼

**ਚੰਡੀਗੜ੍ਹ :** ਭਾਰੀ ਮੀਂਹ ਕਾਰਨ ਕੋਲਕਾਤਾ ਤੋਂ ਚੰਡੀਗੜ੍ਹ ਆ ਰਹੀ ਇੰਡੀਗੋ ਦੀ ਫਲਾਈਟ ਨੂੰ ਜੈਪੁਰ ਭੇਜਣਾ ਪਿਆ। ਇੰਡੀਗੋ ਦੀ ਉਡਾਣ ਜਦੋਂ ਚੰਡੀਗੜ੍ਹ ਏਅਰਪੋਰਟ ਨੇੜੇ ਪਹੁੰਚੀ ਤਾਂ ਮੀਂਹ ਬਹੁਤ ਤੇਜ਼ ਹੋ ਗਿਆ, ਜਿਸ ਕਾਰਨ ਦਿਸਣਯੋਗਤਾ ਘੱਟ ਗਈ। ਪਾਇਲਟ ਨੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਲੈਂਡਿੰਗ ਨਾ ਕਰਨ ਦਾ ਫੈਸਲਾ ਲਿਆ ਅਤੇ ਫਲਾਈਟ ਨੂੰ ਜੈਪੁਰ ਵੱਲ ਮੋੜ ਦਿੱਤਾ।

## ਖਵਾਬ ਹੋ ਤੁਮ...



**ਨਵੀਂ ਦਿੱਲੀ :** ਬ੍ਰਿਕਸ ਸੰਮੇਲਨ ਵਿੱਚ ਹਿੱਸਾ ਲੈਣ ਆਏ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹੀਮ ਨੇ ਇੱਕ ਹੋਟਲ ਵਿੱਚ ਆਪਣੇ ਠਹਿਰਾਅ ਦੌਰਾਨ ਸੰਗੀਤਕ ਪੇਸ਼ਕਾਰੀ ਦਿੰਦਿਆਂ ਮਜਰੂਹ ਸੁਲਤਾਨਪੁਰੀ ਦੇ ਗੀਤਾਂ ਤੇ ਐੱਸ ਡੀ ਬਰਮਨ ਦੇ ਸੰਗੀਤ ਵਾਲੀ 1965 ਦੀ ਫਿਲਮ 'ਤੀਨ ਦੇਵੀਆਂ' ਦਾ ਕਿਸ਼ੋਰ ਕੁਮਾਰ ਦਾ ਸਦੀਵੀ ਗੀਤ 'ਖਵਾਬ ਹੋ ਤੁਮ ਯਾ ਕੋਈ ਹਕੀਕਤ' ਗਾ ਕੇ ਰੰਗ ਬੰਨ੍ਹ ਦਿੱਤਾ। ਉਨ੍ਹਾ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਇਤਿਹਾਸ ਦੀ ਪ੍ਰਸੰਸਾ ਕਰਦਿਆਂ ਇਹ ਉਮੀਦ ਪ੍ਰਗਟ ਕੀਤੀ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਮੁੱਦਿਆਂ ਦਾ ਸ਼ਾਂਤੀਪੂਰਨ ਹੱਲ ਨਿਕਲੇਗਾ।


## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਦਿਵਸ ਨੂੰ ਸਮਰਪਿਤ (ਮੇਲਾ ਜਗ) **ਸ੍ਰੀ ਗੋਇੰਦਵਾਲ ਸਾਹਿਬ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਕਾਬਲ ਸਿੰਘ ਮੱਲ੍ਹੀ** ਨਾਲ ਮੋਬਾਇਲ ਨੰਬਰ 99142-36641 'ਤੇ ਸੰਪਰਕ ਕੀਤਾ ਜਾ ਸਕਦਾ ਹੈ। *-ਜਨਰਲ ਮੈਨੇਜਰ*


## ਜਿਨਪਿੰਗ ਵੱਲੋਂ ਗਲੋਬਲ ਸਾਊਥ ਸੰਬੰਧਾਂ ਨੂੰ ਮਜ਼ਬੂਤ ਕਰਨ ਦਾ ਸੱਦਾ



**ਨਵੀਂ ਦਿੱਲੀ :** ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਐਤਵਾਰ ਨੂੰ ਬ੍ਰਿਕਸ 2026 ਸੰਮੇਲਨ ਦੇ ਦੂਜੇ ਦਿਨ ਇੱਕ ਸੈਸ਼ਨ ਦੌਰਾਨ ਗਲੋਬਲ ਸਾਊਥ ਸੰਬੰਧਾਂ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਪੰਜ ਪਹਿਲਕਦਮੀਆਂ ਪੇਸ਼ ਕੀਤੀਆਂ ਤੇ ਬ੍ਰਿਕਸ ਮੈਂਬਰਾਂ ਨੂੰ ਉਭਰ ਰਹੇ ਬਾਜ਼ਾਰਾਂ ਨਾਲ ਸੰਬੰਧਾਂ ਨੂੰ ਮਜ਼ਬੂਤ ਕਰਨ, ਖੁੱਲ੍ਹੇ ਅਤੇ ਆਪਸੀ ਲਾਭਦਾਇਕ ਸਹਿਯੋਗ ਨੂੰ ਬਣਾਈ ਰੱਖਣ ਅਤੇ ਸਥਿਰ ਉਦਯੋਗਿਕ ਅਤੇ ਸਪਲਾਈ ਚੇਨਾਂ ਦੀ ਰੱਖਿਆ ਕਰਨ ਦੀ ਅਪੀਲ ਕੀਤੀ। ਉਨ੍ਹਾਂ ਵਧੇਰੇ ਆਰਥਿਕ ਸਹਿਯੋਗ ਅਤੇ ਵਿਕਾਸ ਦਾ ਸਮਰਥਨ ਕਰਨ ਲਈ ਇੱਕ ਵੱਡਾ, ਏਕੀਕ੍ਰਿਤ ਬਾਜ਼ਾਰ ਬਣਾਉਣ ਲਈ ਯਤਨ ਕਰਨ ਦਾ ਵੀ ਸੱਦਾ ਦਿੱਤਾ। ਸ਼ੀ ਨੇ ਸੰਮੇਲਨ ਵਿੱਚ ਨਿਯਮ-ਅਧਾਰਤ ਅੰਤਰਰਾਸ਼ਟਰੀ ਵਿਵਸਥਾ ਦੀ ਮੰਗ ਵੀ ਕੀਤੀ ਤੇ ਕਿਹਾ ਕਿ ਸਾਰੇ ਦੇਸ਼ਾਂ ਦੁਆਰਾ ਗਲੋਬਲ ਨਿਯਮਾਂ ਨੂੰ ਆਕਾਰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 'ਸ਼ਕਤੀ ਸਹੀ ਬਣਾਉਂਦੀ ਹੈ' ਪਹੁੰਚ ਨੂੰ ਰੱਦ ਕਰ ਦੇਣਾ ਚਾਹੀਦਾ ਸੀ ਅਤੇ ਗਲੋਬਲ ਦੱਖਣੀ ਦੇਸ਼ਾਂ ਨੂੰ ਅੰਤਰਰਾਸ਼ਟਰੀ ਕਾਨੂੰਨ, ਪ੍ਰਭੂਸੱਤਾ ਸਮਾਨਤਾ, ਅੰਦਰੂਨੀ ਮਾਮਲਿਆਂ ਵਿੱਚ ਦਖਲਅੰਦਾਜ਼ੀ ਨਾ ਕਰਨ ਅਤੇ ਵਿਵਾਦਾਂ ਦੇ ਸ਼ਾਂਤੀਪੂਰਨ ਨਿਪਟਾਰੇ ਨੂੰ ਸਾਂਝੇ ਤੌਰ 'ਤੇ ਬਰਕਰਾਰ ਰੱਖਣ ਦੀ ਅਪੀਲ ਕੀਤੀ ਤੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਨਿਯਮਾਂ ਨੂੰ ਦੋਹਰੇ ਮਾਪਦੰਡਾਂ ਤੋਂ ਬਿਨਾਂ ਬਰਾਬਰ ਲਾਗੂ ਕੀਤਾ ਜਾਵੇ। ਸ਼ੀ ਨੇ ਬ੍ਰਿਕਸ ਦੇਸ਼ਾਂ ਵਿੱਚ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ, ਵਪਾਰ, ਡਿਜੀਟਲ ਅਰਥਵਿਵਸਥਾ, ਨਿਰਮਾਣ ਅਤੇ ਪ੍ਰਤਿਭਾ ਵਿਕਾਸ 'ਤੇ ਧਿਆਨ ਕੇਂਦਰਿਤ ਕੀਤਾ ਜਾਵੇ। ਓਪਨ-ਸੋਰਸ ਅਤੇ ਸਾਂਝੀ ਏ ਆਈ ਪਹਿਲਕਦਮੀ ਦੇ ਤਹਿਤ ਚੀਨ ਨੇ ਇੱਕ ਬ੍ਰਿਕਸ ਏ ਆਈ ਓਪਨ-ਸੋਰਸ ਕਮਿਊਨਿਟੀ ਸਥਾਪਤ ਕਰਨ, ਵੱਡੇ ਭਾਸ਼ਾ ਮਾਡਲਾਂ 'ਤੇ ਸਹਿਯੋਗ ਨੂੰ ਉਤਸ਼ਾਹਿਤ ਕਰਨ ਅਤੇ ਇੱਕ ਓਪਨ ਏ ਆਈ ਈਕੋਸਿਸਟਮ ਬਣਾਉਣ ਦਾ ਪ੍ਰਸਤਾਵ ਰੱਖਿਆ।

ਉਨ੍ਹਾਂ ਕਿਹਾ ਕਿ ਨਿਯਮਾਂ ਤੋਂ ਬਿਨਾਂ ਦੁਨੀਆ ਟ੍ਰੈਫਿਕ ਲਾਈਟਾਂ ਤੋਂ ਬਿਨਾਂ ਇੱਕ ਚੌਰਾਹੇ ਵਾਂਗ ਹੈ, ਜਿੱਥੇ ਹਫੜਾ-ਦਫੜੀ ਅਤੇ ਅਰਾਜਕਤਾ ਦੀ ਲੱਗਭੱਗ ਗਰੰਟੀ ਹੈ।

## ਜਿਨਪਿੰਗ ਡਿਨਰ 'ਤੇ ਨਹੀਂ ਪਹੁੰਚੇ

**ਨਵੀਂ ਦਿੱਲੀ :** ਬ੍ਰਿਕਸ ਸੰਮੇਲਨ ਦੇ ਗਾਲਾ ਡਿਨਰ ਵਿੱਚ ਸ਼ਨੀਵਾਰ ਪਰੋਸਿਆ ਗਿਆ ਪੂਰੀ ਤਰ੍ਹਾਂ ਸ਼ਾਕਾਹਾਰੀ ਭੋਜਨ ਚਰਚਾ ਦਾ ਵਿਸ਼ਾ ਬਣ ਗਿਆ ਹੈ। ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਖਾਣਾ ਨਹੀਂ ਖਾਧਾ ਤੇ ਅਤੇ ਵਿਰੋਧੀ ਨੇਤਾਵਾਂ ਨੇ ਮੀਨੂ 'ਤੇ ਟਿੱਪਣੀ ਕੀਤੀ ਹੈ। ਜਿਨਪਿੰਗ ਦੀ ਗੈਰਹਾਜ਼ਰੀ ਦਾ ਸਹੀ-ਸਹੀ ਕਾਰਨ ਪਤਾ ਨਹੀਂ ਲੱਗ ਸਕਿਆ, ਪਰ ਕੁਝ ਸੂਤਰਾਂ ਦਾ ਕਹਿਣਾ ਹੈ ਕਿ ਉਹ ਆਰਾਮ ਕਰਨ ਲਈ ਆਪਣੇ ਹੋਟਲ ਵਾਪਸ ਚਲੇ ਗਏ। ਰਾਹੁਲ ਗਾਂਧੀ ਨੇ ਇੱਕ ਪੋਸਟ ਵਿੱਚ ਲਿਖਿਆ : 'ਰਿਕਾਰਡ ਲਈ : 80 ਪ੍ਰਤੀਸ਼ਤ ਭਾਰਤੀ ਮਾਸਾਹਾਰੀ ਹਨ। ਭਾਰਤੀ ਮਾਸਾਹਾਰੀ ਭੋਜਨ ਸੁਆਦੀ ਹੁੰਦਾ ਹੈ, ਜਿਵੇਂ ਕਿ ਮੇਰੀ ਭੈਣ ਦੇ ਛੋਲੇ ਭਟੂਰੇ।' ਕਾਂਗਰਸ ਨੇਤਾ ਡਾ. ਸ਼ਮਾ ਮੁਹੰਮਦ ਨੇ ਫੇਸਬੁਕ 'ਤੇ ਲਿਖਿਆ, 'ਇਸ ਵਿੱਚ ਕੋਈ ਹੈਰਾਨੀ ਨਹੀਂ ਕਿ ਸ਼ੀ ਜਿਨਪਿੰਗ ਰਾਤ ਦੇ ਖਾਣੇ ਲਈ ਆਪਣੇ ਹੋਟਲ ਵਾਪਸ ਚਲੇ ਗਏ। ਮੈਂ ਵੀ ਇਹੀ ਕਰਦੀ!' ਕਾਂਗਰਸ ਨੇਤਾ ਪਵਨ ਖੇੜਾ ਨੇ ਆਉਣ ਵਾਲੇ ਪਤਵੰਤਿਆਂ ਲਈ ਪੂਰੀ ਤਰ੍ਹਾਂ ਸ਼ਾਕਾਹਾਰੀ ਮੀਨੂ ਦੀ ਚੋਣ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਭਾਜਪਾ ਦੀ ਖੁਰਾਕ ਸੰਬੰਧੀ ਆਪਣੀਆਂ ਪਸੰਦਾਂ ਨੂੰ ਸਾਥੀ ਭਾਰਤੀਆਂ 'ਤੇ ਮੜ੍ਹਨ ਦੀ ਆਦਤ ਪਹਿਲਾਂ ਹੀ ਬਹੁਤ ਸਮੱਸਿਆ ਵਾਲੀ ਹੈ। ਹੁਣ, ਉਨ੍ਹਾਂ ਦੁਨੀਆ-ਭਰ ਦੇ ਪਤਵੰਤਿਆਂ 'ਤੇ ਆਪਣੀਆਂ ਪਸੰਦਾਂ ਨੂੰ ਮੜ੍ਹ ਕੇ ਇਸ ਨੂੰ ਇੱਕ ਕਦਮ ਹੋਰ ਅੱਗੇ ਵਧਾ ਦਿੱਤਾ ਹੈ। ਭਾਰਤ ਇੱਕ 'ਭਾਂਤ-ਭਾਂਤ ਦੇ ਪਕਵਾਨਾਂ ਵਾਲਾ ਦੇਸ਼' ਹੈ, ਜਿੱਥੇ ਦੁਨੀਆ ਭਰ ਦੇ ਲੋਕ ਮਾਸਾਹਾਰੀ ਪਕਵਾਨਾਂ ਦਾ ਆਨੰਦ ਮਾਣਦੇ ਹਨ, ਮੋਦੀ ਸਰਕਾਰ ਨੇ ਭਾਰਤ ਦੇ ਸੱਭਿਆਚਾਰ ਦੇ ਉਸ ਹਿੱਸੇ ਨੂੰ ਪ੍ਰਦਰਸ਼ਤ ਨਾ ਕਰਨ ਦੀ ਚੋਣ ਕਿਉਂ ਕੀਤੀ?

## ਮੋਦੀ ਮਨੁੱਖੀ ਹੱਕਾਂ ਬਾਰੇ ਖੁੱਲ੍ਹ ਕੇ ਨਹੀਂ ਬੋਲੇ : ਮਹਿਬੂਬਾ

**ਸ੍ਰੀਨਗਰ (ਨ ਜ਼ ਸ)-**ਪੀ ਡੀ ਪੀ ਦੀ ਪ੍ਰਧਾਨ ਮਹਿਬੂਬਾ ਮੁਫਤੀ ਨੇ ਐਤਵਾਰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬ੍ਰਿਕਸ ਸਿਖਰ ਸੰਮੇਲਨ ਵਿੱਚ ਵਿਸ਼ਵ ਮਨੁੱਖੀ ਹੱਕਾਂ ਦੇ ਅਲੰਬਰਦਾਰ ਵਜੋਂ ਭਾਰਤ ਦੀ ਇਤਿਹਾਸਕ ਭੂਮਿਕਾ ਨੂੰ ਦੁਹਰਾਉਣ ਦਾ ਮੌਕਾ ਗੁਆ ਦਿੱਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ, 'ਜਿਸ ਤਰੀਕੇ ਨਾਲ ਸਾਡੇ ਪ੍ਰਧਾਨ ਮੰਤਰੀ ਨੂੰ ਬ੍ਰਿਕਸ ਦੇ ਚੇਅਰਮੈਨ ਅਤੇ ਇੱਕ ਮੇਜ਼ਬਾਨ ਦੇ

• ਬਾਕੀ ਸਫਾ 2 'ਤੇ

## ਹਰਭਜਨ ਬਾਜਵਾ ਦੇ ਦੇਹਾਂਤ 'ਤੇ ਮਾੜੀਮੇਘਾ ਵੱਲੋਂ ਦੁੱਖ ਪ੍ਰਗਟ

**ਜਲੰਧਰ :** ਪ੍ਰਸਿੱਧ ਫੋਟੋਗ੍ਰਾਫਰ ਹਰਭਜਨ ਸਿੰਘ ਬਾਜਵਾ ਦੀ ਮੌਤ 'ਤੇ 'ਨਵਾਂ ਜ਼ਮਾਨਾ' ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ।ਉਨ੍ਹਾ ਫੋਟੋਗ੍ਰਾਫੀ ਦਾ ਸ਼ੌਕ ਪੂਰਾ ਕਰਨ ਦੇ ਨਾਲ ਘਰ ਵਿੱਚ ਚਿੜੀਆਂ ਪਾਲੀਆਂ ਹੋਈਆਂ ਸਨ।ਚਿੜੀਆਂ ਪਿੰਜਰੇ ਵਿੱਚ ਬੰਦ ਨਹੀਂ, ਆਜ਼ਾਦ ਸਨ ਤੇ ਬਾਜਵਾ ਦੇ ਇਰਦ-ਗਿਰਦ ਖੇਡਦੀਆਂ ਰਹਿੰਦੀਆਂ ਸਨ। ਜਦੋਂ ਉਨ੍ਹਾਂ ਨੂੰ ਭੁੱਖ ਲੱਗਦੀ ਤਾਂ ਉਹ ਆਪਣੀ ਭਾਸ਼ਾ ਵਿੱਚ ਚੋਗਾ ਮੰਗਦੀਆਂ ਸਨ। ਬਾਜਵਾ ਗਦਰੀ ਬਾਬਿਆਂ ਦੇ ਮੇਲੇ 'ਤੇ ਵੀ ਵੰਨ-ਸੁਵੰਨੀ ਫੋਟੋਗ੍ਰਾਫੀ ਕਰਦੇ ਸਨ।ਮਾੜੀਮੇਘਾ ਨੇ ਸ਼ਰਧਾਂਜਲੀ ਅਰਪਿਤ ਕਰਦਿਆਂ ਉਨ੍ਹਾ ਦੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

## ਮਣੀਮਹੇਸ਼ ਯਾਤਰਾ 'ਤੇ ਨਿਕਲੇ ਪਠਾਨਕੋਟ ਦੇ ਦੋ ਨੌਜਵਾਨਾਂ ਦੀ ਹਾਦਸੇ 'ਚ ਮੌਤ

**ਪਠਾਨਕੋਟ :** ਮਣੀਮਹੇਸ਼ ਯਾਤਰਾ 'ਤੇ ਸ਼ਰਧਾ ਨਾਲ ਜਾ ਰਹੇ ਪਠਾਨਕੋਟ ਦੇ ਦੋ ਨੌਜਵਾਨਾਂ ਦੀ ਚੰਬਾ ਜ਼ਿਲ੍ਹੇ ਵਿਚ ਵਾਪਰੇ ਇਕ ਭਿਆਨਕ ਸੜਕ ਹਾਦਸੇ 'ਚ ਮੌਤ ਹੋ ਗਈ। ਇਹ ਭਿਆਨਕ ਹਾਦਸਾ ਪਠਾਨਕੋਟ-ਭਰਮੌਰ ਰਾਸ਼ਟਰੀ ਮਾਰਗ 'ਤੇ ਦੁਨਾਲੀ ਅਤੇ ਗੈਹਰਾ ਵਿਚਕਾਰ ਹਨੂੰਮਾਨ ਮੰਦਰ ਦੇ ਕੋਲ ਵਾਪਰਿਆ। ਦੋਵੇਂ ਨੌਜਵਾਨ ਮੋਟਰਸਾਈਕਲ 'ਤੇ ਸਵਾਰ ਹੋ ਕੇ ਮਣਿਮਹੇਸ਼ ਯਾਤਰਾ ਲਈ ਭਰਮੌਰ ਵੱਲ ਜਾ ਰਹੇ ਸਨ। ਰਾਤ 8 ਵਜੇ ਦੇ ਬਾਅਦ ਜਦੋਂ ਉਹ ਬੈਲੋਗੀ ਨੇੜੇ ਇਕ ਤਿੱਖੇ ਮੋੜ 'ਤੇ ਪਹੁੰਚੇ ਤਾਂ ਅਚਾਨਕ ਮੋਟਰਸਾਈਕਲ ਬੇਕਾਬੂ ਹੋ ਗਿਆ ਤੇ ਦੋਵੇਂ ਨੌਜਵਾਨ ਸੜਕ ਤੋਂ ਹੇਠਾਂ ਕਰੀਬ 200 ਮੀਟਰ ਡੂੰਘੀ ਖੱਡ ਵਿਚ ਜਾ ਡਿੱਗੇ, ਜਦ ਕਿ ਮੋਟਰਸਾਈਕਲ ਉੱਪਰ ਹੀ ਫਸੀ ਰਹੀ। ਖੱਡ ਡੂੰਘੀ ਹੋਣ ਕਾਰਨ ਬਚਾਅ ਟੀਮਾਂ ਨੂੰ ਦੋਵਾਂ ਨੌਜਵਾਨਾਂ ਨੂੰ ਬਾਹਰ ਕੱਢਣ ਲਈ ਕਾਫ਼ੀ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਦੋਵਾਂ ਦੀਆਂ ਲਾਸ਼ਾਂ ਨੂੰ ਲੋੜੀਂਦੀ ਕਾਨੂੰਨੀ ਕਾਰਵਾਈ ਅਤੇ ਪੋਸਟਮਾਰਟਮ ਲਈ ਮੈਡੀਕਲ ਕਾਲਜ ਚੰਬਾ ਭੇਜਿਆ ਗਿਆ। ਮ੍ਰਿਤਕਾਂ ਦੀ ਪਛਾਣ ਜੋਤੀ ਵਾਸੀ ਪਠਾਨਕੋਟ ਅਤੇ ਅਨਿਲ ਕੁਮਾਰ ਪੁੱਤਰ ਹਰਬੰਸ ਵਾਸੀ ਪੰਗੋਲੀ, ਪਠਾਨਕੋਟ ਵਜੋਂ ਹੋਈ ਹੈ। ਮੁੱਢਲੀ ਜਾਂਚ 'ਚ ਮੋਟਰਸਾਈਕਲ ਦੇ ਬੇਕਾਬੂ ਹੋ ਕੇ ਖੱਡ 'ਚ ਡਿੱਗਣ ਦੀ ਗੱਲ ਸਾਹਮਣੇ ਆਈ ਹੈ, ਜਦਕਿ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਪੁਲਸ ਜਾਂਚ ਤੋਂ ਬਾਅਦ ਹੀ ਲੱਗੇਗਾ।

## ਲੋਕ ਅੰਮ੍ਰਿਤਪਾਲ ਦੀ ਪਾਰਟੀ ਤੋਂ ਖ਼ਬਰਦਾਰ ਰਹਿਣ : ਸੁਖਬੀਰ



**ਖਡੂਰ ਸਾਹਿਬ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਤਵਾਰ 'ਅਕਾਲੀ ਦਲ ਵਾਰਿਸ ਪੰਜਾਬ ਦੇ' ਪਾਰਟੀ ਨੂੰ 20 ਹਜ਼ਾਰ ਦੇ ਵਿਸ਼ਾਲ ਇਕੱਠ ਨਾਲ ਉਸ ਦੇ ਘਰ ਵਿਚ ਘੇਰਿਆ ਅਤੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੀ ਜਥੇਬੰਦੀ ਤੋਂ ਸੁਚੇਤ ਰਹਿਣ, ਜਿਸ ਨੂੰ ਏਜੰਸੀਆਂ ਅਤੇ ਆਮ ਆਦਮੀ ਪਾਰਟੀ ਨੇ ਖੜ੍ਹਾ ਕੀਤਾ ਹੈ ਤੇ ਜਿਸ ਨੂੰ ਬੰਦੀ ਸਿੰਘਾਂ ਵਰਗੇ ਪੰਥਕ ਮੁੱਦਿਆਂ ਨਾਲ ਕੋਈ ਸਰੋਕਾਰ ਨਹੀਂ। ਅਜਿਹੀਆਂ ਰਾਤੋ-ਰਾਤ ਉਪਜੀਆਂ ਪਾਰਟੀਆਂ ਤੋਂ ਸੁਚੇਤ ਰਹਿਣ ਦੀ ਲੋੜ ਹੈ, ਜਿਹਨਾਂ ਦੇ ਆਗੂਆਂ ਦਾ ਕੁਰਬਾਨੀਆਂ ਦਾ ਕੋਈ ਇਤਿਹਾਸ ਨਹੀਂ। 'ਅਕਾਲੀ ਦਲ ਵਾਰਿਸ ਪੰਜਾਬ ਦੇ' ਮੁਖੀ ਅੰਮ੍ਰਿਤਪਾਲ ਸਿੰਘ 'ਤੇ ਵਰ੍ਹਦਿਆਂ ਸੁਖਬੀਰ ਬਾਦਲ ਨੇ ਕਿਹਾ ਕਿ ਤੁਹਾਨੂੰ ਨਹੀਂ ਪਤਾ ਕਿ 'ਪੂਰਨ ਗੁਰਸਿੱਖ' ਬਣਨ ਤੋਂ ਪਹਿਲਾਂ ਉਹ ਕੀ ਬੱਜਰ ਕੁਰਹਿਤਾਂ ਕਰਦਾ ਸੀ। ਤੁਸੀਂ ਨਹੀਂ ਜਾਣਦੇ ਕਿ ਦੁਬਈ ਵਿਚ ਉਹ ਕੀ ਕਰਦਾ ਸੀ ਤੇ ਉਸ ਨੂੰ ਆਪਣੇ ਵਾਸਤੇ ਨਵੀਂ ਭੂਮਿਕਾ ਲਈ ਕਿਵੇਂ ਤਿਆਰ ਕੀਤਾ ਗਿਆ। ਜਦੋਂ ਉਸ ਦਾ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਧਿਰ ਵਿਰੋਧੀ ਦਾ ਆਗੂ ਸੀ ਕਹਿਣ ਲੱਗਾ,
ਲੱਗਦੇ ਨਿੱਤ ਪਏ ਬਿਜਲੀ ਦੇ ਕੱਟ ਬੇਲੀ।
ਕਾਰੋਬਾਰ ਦਾ ਸ਼ਹਿਰੀਂ ਪਿਆ ਹਾਲ ਮੰਦਾ,
ਬਿਜਲੀ ਸੰਕਟ ਆ ਕੱਢੇ ਪਏ ਵੱਟ ਬੇਲੀ।
ਖੇਤੀ ਲੋੜ ਲਈ ਬਿਜਲੀ ਨਾ ਮਿਲੇ ਪੂਰੀ,
ਬੁਰੇ ਅਵਾਜ਼ਾਰ ਹੋਏ ਪਿੱਟਣ ਜੱਟ ਬੇਲੀ।
ਜਿਹੜੇ ਲੋਕ ਆ ਬਿਜਲੀ ਤੋਂ ਤੰਗ ਡਾਢੇ,
ਚੋਣਾਂ ਦੌਰਾਨ ਇਹ ਮਾਰਨਗੇ ਸੱਟ ਬੇਲੀ।
ਹੱਸਦੇ ਹੋਏ ਫਿਰ ਕਿਸੇ ਸੀ ਕਿਹਾ ਕੋਲੋਂ,
ਤੁਹਾਡੇ ਵੇਲੇ ਸੀ ਕਿੱਦਾਂ ਦਾ ਹਾਲ ਬੇਲੀ।
ਆਪਣੇ ਐਬ ਕਈ ਸੱਸਾਂ ਨੂੰ ਭੁੱਲ ਜਾਂਦੇ,
ਸਾੜਾ ਰੱਖਣ ਜਦ ਨੂੰਹਾਂ ਦੇ ਨਾਲ ਬੇਲੀ।

-ਤੀਸ ਮਾਰ ਖਾਂ

## ਭਾਜਪਾ ਦੀ ਬਿਜਲੀ-ਸਿਆਸਤ ਦੇ ਬਾਵਜੂਦ ਮਾਨ ਸਰਕਾਰ ਨੇ ਪੰਜਾਬ ਨੂੰ ਬਿਜਲੀ ਸੰਕਟ 'ਚੋਂ ਕੱਢਿਆ : ਕੁਲਦੀਪ ਧਾਲੀਵਾਲ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪਿਛਲੇ 4-5 ਦਿਨਾਂ ਦਰਮਿਆਨ ਪੰਜਾਬ ਨੂੰ ਜਿਸ ਬਿਜਲੀ ਸੰਕਟ ਦਾ ਸਾਹਮਣਾ ਕਰਨਾ ਪਿਆ, ਉਹ ਕੇਂਦਰ ਸਰਕਾਰ ਦੇ ਨਕਾਰਾਤਮਕ ਰਵੱਈਏ ਅਤੇ ਸੂਬੇ ਦਾ ਹੱਕ ਮਾਰਨ ਦੀ ਨੀਤੀ ਦਾ ਨਤੀਜਾ ਸੀ। ਹਾਲਾਂਕਿ, ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਵਰਕਾਮ ਅਧਿਕਾਰੀਆਂ ਦੀ ਦਿਨ-ਰਾਤ ਦੀ ਮਿਹਨਤ ਸਦਕਾ ਪੰਜਾਬ ਹੁਣ ਇਸ ਸੰਕਟ ਵਿੱਚੋਂ ਪੂਰੀ ਤਰ੍ਹਾਂ ਬਾਹਰ ਨਿਕਲ ਆਇਆ ਹੈ।

ਧਾਲੀਵਾਲ ਨੇ ਕਿਹਾ ਕਿ ਤਲਵੰਡੀ ਸਾਬੋ ਅਤੇ ਨਾਭਾ ਦੇ ਪ੍ਰਾਈਵੇਟ ਥਰਮਲ ਪਲਾਂਟਾਂ ਦੇ ਯੂਨਿਟਾਂ ਵਿੱਚ ਆਈ ਤਕਨੀਕੀ ਖਰਾਬੀ ਕਾਰਨ ਸਮੱਸਿਆ ਆਈ ਸੀ, ਜਿਸ ਨੂੰ ਹੁਣ ਪੂਰੀ ਤਰ੍ਹਾਂ ਠੀਕ ਕਰ ਲਿਆ ਗਿਆ ਹੈ। ਐਤਵਾਰ ਸਵੇਰੇ 6 ਵਜੇ ਤੋਂ ਪੂਰੇ ਪੰਜਾਬ ਵਿੱਚ ਖੇਤੀਬਾੜੀ, ਇੰਡਸਟਰੀ ਅਤੇ ਘਰੇਲੂ ਖਪਤਕਾਰਾਂ ਨੂੰ ਬਿਨਾਂ ਕਿਸੇ ਕੱਟ ਤੋਂ ਨਿਰੰਤਰ ਬਿਜਲੀ ਦਿੱਤੀ ਜਾ ਰਹੀ ਹੈ। ਪੰਜਾਬ ਦਾ ਆਪਣਾ ਅੰਦਰੂਨੀ ਉਤਪਾਦਨ 5300-5400 ਮੈਗਾਵਾਟ ਤੱਕ ਪਹੁੰਚ ਗਿਆ ਹੈ ਅਤੇ ਸੂਬੇ ਦੇ ਸਾਰੇ 10 ਥਰਮਲ ਯੂਨਿਟ ਸੁਚਾਰੂ ਢੰਗ ਨਾਲ ਕੰਮ ਕਰ ਰਹੇ ਹਨ। 15,700 ਮੈਗਾਵਾਟ ਦੀ ਕੁੱਲ ਮੰਗ ਨੂੰ ਸਫ਼ਲਤਾਪੂਰਵਕ ਪੂਰਾ ਕੀਤਾ ਜਾ ਰਿਹਾ ਹੈ। ਉਹਨਾ ਕਿਹਾ ਕਿ ਜਦੋਂ ਕਿਸੇ ਵੀ ਰਾਜ 'ਤੇ ਕੋਈ ਤਕਨੀਕੀ ਸੰਕਟ ਆਉਂਦਾ ਹੈ, ਤਾਂ ਕੇਂਦਰ ਦਾ ਫਰਜ਼ ਬਣਦਾ ਹੈ ਕਿ ਉਹ ਉਸ ਦੀ ਬਾਂਹ ਫੜੇ। ਅਜਿਹੇ ਔਖੇ ਸਮੇਂ ਵਿੱਚ ਕੇਂਦਰ ਸਰਕਾਰ ਨੇ ਪੰਜਾਬ ਦੀ ਬਾਂਹ ਛੱਡ ਦਿੱਤੀ। ਕੇਂਦਰੀ ਪੂਲ ਤੋਂ ਪੰਜਾਬ ਨੂੰ ਮਿਲਣ ਵਾਲੀ 1051 ਮੈਗਾਵਾਟ ਬਿਜਲੀ ਬੰਦ ਕਰ ਦਿੱਤੀ ਗਈ। ਪੰਜਾਬ ਦੇ ਬਿਜਲੀ ਮੰਤਰੀ ਅਤੇ ਅਧਿਕਾਰੀਆਂ ਵੱਲੋਂ ਵਾਰ-ਵਾਰ ਕੇਂਦਰ ਨਾਲ ਰਾਬਤਾ ਕਾਇਮ ਕਰਨ ਅਤੇ ਚਿੱਠੀਆਂ ਲਿਖਣ ਦੇ ਬਾਵਜੂਦ ਕੇਂਦਰ ਨੇ ਕੋਈ ਮਦਦ ਨਹੀਂ ਕੀਤੀ।

ਪੰਜਾਬ ਦੇ ਭਾਜਪਾ ਲੀਡਰਾਂ ਨੂੰ ਕਰੜੇ ਹੱਥੀਂ ਲੈਂਦਿਆਂ ਧਾਲੀਵਾਲ ਨੇ ਕਿਹਾ ਕਿ ਇਹ ਲੀਡਰ ਸਿਰਫ਼ ਸਿਆਸੀ ਰੋਟੀਆਂ ਸੇਕਣ ਅਤੇ 'ਲਾਸ਼ਾਂ 'ਤੇ ਰਾਜਨੀਤੀ' ਕਰਨ ਤੱਕ ਸੀਮਤ ਹਨ। ਉਨ੍ਹਾ ਕਿਹਾ ਕਿ ਪੰਜਾਬ ਦੀ ਭਾਜਪਾ ਲੀਡਰਸ਼ਿਪ ਕਿਸ ਮੂੰਹ ਨਾਲ ਲੋਕਾਂ ਵਿੱਚ ਵੋਟਾਂ ਮੰਗਣ ਜਾਵੇਗੀ? ਜਿਹੜੇ ਲੀਡਰ ਪੰਜਾਬ ਦੀ ਧਰਤੀ ਦਾ ਅੰਨ ਖਾਂਦੇ ਹਨ, ਇੱਥੋਂ ਦਾ ਪਾਣੀ ਪੀਂਦੇ ਹਨ, ਉਹ ਕੇਂਦਰ ਅੱਗੇ ਗੂੰਗੇ-ਬੋਲੇ ਬਣ ਕੇ ਬੈਠੇ ਹਨ। ਜੇਕਰ ਉਨ੍ਹਾਂ ਵਿੱਚ ਥੋੜ੍ਹੀ ਵੀ ਗੈਰਤ ਹੈ ਤਾਂ ਉਹ ਮੋਦੀ ਸਰਕਾਰ ਕੋਲ ਆਵਾਜ਼ ਬੁਲੰਦ ਕਰਨ ਅਤੇ ਪੰਜਾਬ ਦੇ ਰੋਕੇ ਗਏ ਆਰ ਡੀ ਐੱਫ ਅਤੇ ਲਿੰਕ ਰੋਡਜ਼ ਦੇ ਫੰਡਾਂ ਦੇ ਨਾਲ-ਨਾਲ ਬਿਜਲੀ ਦਾ ਬਣਦਾ ਹਿੱਸਾ ਦਿਵਾਉਣ।ਪੰਜਾਬ ਦੇ ਨਿਵਾਸੀਆਂ, ਕਿਸਾਨ ਭਰਾਵਾਂ ਅਤੇ ਉਦਯੋਗਪਤੀਆਂ ਨੂੰ ਭਰੋਸਾ ਦਿਵਾਉਂਦਿਆਂ ਧਾਲੀਵਾਲ ਨੇ ਕਿਹਾ ਕਿ ਘਬਰਾਉਣ ਦੀ ਬਿਲਕੁਲ ਲੋੜ ਨਹੀਂ। ਸੂਬੇ ਕੋਲ ਆਪਣੀ ਪਛਵਾੜਾ ਕੋਲ ਮਾਈਨ ਤੋਂ ਕੋਲੇ ਦੀ ਨਿਰੰਤਰ ਸਪਲਾਈ ਆ ਰਹੀ ਹੈ।

ਰੋਪੜ ਪਲਾਂਟ ਕੋਲ 30 ਦਿਨ, ਲਹਿਰਾ ਮੁਹੱਬਤ ਕੋਲ 11 ਦਿਨ, ਗੋਇੰਦਵਾਲ ਸਾਹਿਬ ਕੋਲ 16 ਦਿਨ, ਨਾਭਾ ਕੋਲ 8 ਦਿਨ ਅਤੇ ਤਲਵੰਡੀ ਸਾਬੋ ਕੋਲ 4 ਦਿਨ ਦਾ ਕੋਲਾ ਉਪਲੱਬਧ ਹੈ।

## ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ 28 ਨੂੰ ਭਗਤ ਸਿੰਘ ਦਾ ਜਨਮ ਦਿਨ ਮੋਗੇ ਮਨਾਉਣ ਦਾ ਐਲਾਨ



**ਮੋਗਾ (ਇਕਬਾਲ ਸਿੰਘ ਖਹਿਰਾ)**
ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਇਕਾਈਆਂ ਦੀ ਇਕ ਵਿਸ਼ੇਸ਼ ਮੀਟਿੰਗ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੀਟਿੰਗ ਵਿੱਚ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਜਗਰੂਪ ਸਿੰਘ ਅਤੇ ਸੀ ਪੀ ਆਈ ਜ਼ਿਲ੍ਹਾ ਮੋਗਾ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੀਟਿੰਗ ਵਿੱਚ ਗੰਭੀਰਤਾ ਨਾਲ ਚਰਚਾ ਕਰਨ ਉਪਰੰਤ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾਰਾਏ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਸਕੱਤਰ ਸੁਖਵਿੰਦਰ ਕੁਮਾਰ ਮਲੋਟ ਨੇ ਕਿਹਾ ਕਿ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਪਰਮਗੁਣੀ ਭਗਤ ਸਿੰਘ ਦਾ ਜਨਮ ਦਿਨ ਨੌਜਵਾਨਾਂ, ਵਿਦਿਆਰਥੀਆਂ ਵੱਲੋਂ ਪੂਰੇ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਮੋਗਾ ਵਿਖੇ ਮਨਾਇਆ ਜਾਵੇਗਾ। ਇਸ ਦਿਨ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਵੱਡੀ ਗਿਣਤੀ ਵਿੱਚ ਬਾਵਰਦੀ ਬਨੇਗਾ ਵਲੰਟੀਅਰਾਂ ਵੱਲੋਂ ਸੰਮੇਲਨ ਕਰਨ ਉਪਰੰਤ ਮੋਗੇ ਦੇ

• ਬਾਕੀ ਸਫਾ 2 'ਤੇ

## ਮਹੰਤ ਕਿਰਨ ਹਠੂਰ ਵੱਲੋਂ ਚੋਣ ਲੜਨ ਦਾ ਐਲਾਨ



**ਹਠੂਰ (ਨਛੱਤਰ ਸੰਧੂ)**-ਵਿਧਾਨ ਸਭਾ ਹਲਕਾ ਮਹਿਲ ਕਲਾਂ (ਰਾਖਵਾਂ) ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਿਆਸੀ ਸਰਗਰਮੀਆਂ ਤੇਜ਼ ਹੋਣ ਲੱਗੀਆਂ ਹਨ।ਇਸੇ ਦੌਰਾਨ ਡੇਰਾ ਮਹਿਲ ਕਲਾਂ ਨਾਲ ਸਬੰਧਤ ਸਮਾਜ ਸੇਵੀ ਮਹੰਤ ਕਿਰਨ ਹਠੂਰ ਵੱਲੋਂ ਮਹਿਲ ਕਲਾਂ ਹਲਕੇ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਦਾ ਐਲਾਨ ਕੀਤੇ ਜਾਣ ਨਾਲ ਸਿਆਸੀ ਮਾਹੌਲ ਗਰਮਾ ਗਿਆ ਹੈ।ਮਹੰਤ ਕਿਰਨ ਹਠੂਰ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮ ਰਹੇ ਹਨ ਤੇ ਲੋੜਵੰਦ ਪਰਵਾਰਾਂ ਦੀ ਮਦਦ ਕਰਨ ਕਰਕੇ ਆਪਣੀ ਵੱਖਰੀ ਪਛਾਣ ਬਣਾਈ ਹੈ।ਉਨ੍ਹਾਂ ਵੱਲੋਂ ਅਨੇਕਾਂ ਲੋੜਵੰਦ ਲੜਕੀਆਂ ਦੇ ਵਿਆਹ ਕਰਵਾਉਣ, ਗਰੀਬ ਪਰਵਾਰਾਂ ਦੀ ਆਰਥਿਕ ਸਹਾਇਤਾ ਕਰਨ ਤੇ ਹੋਰ ਸਮਾਜ ਭਲਾਈ ਦੇ ਕਾਰਜਾਂ ਵਿੱਚ ਯੋਗਦਾਨ ਪਾਇਆ ਜਾਂਦਾ ਰਿਹਾ ਹੈ।ਆਜ਼ਾਦ ਉਮੀਦਵਾਰ ਵਜੋਂ ਉਨ੍ਹਾਂ ਦੇ ਮੈਦਾਨ ਵਿੱਚ ਆਉਣ ਨਾਲ ਆਉਣ ਵਾਲੇ ਦਿਨਾਂ ਵਿੱਚ ਮਹਿਲ ਕਲਾਂ ਹਲਕੇ ਦੀ ਸਿਆਸਤ ਹੋਰ ਵੀ ਦਿਲਚਸਪ ਹੋਣ ਦੇ ਆਸਾਰ ਬਣ ਗਏ ਹਨ।

## ਬੁੱਧ ਰਾਮ ਵੱਲੋਂ ਰੰਗੜਿਆਲ ਤੇ ਰਾਮਪੁਰ ਮੰਡੇਰ ਦੇ ਖੇਡ ਸਟੇਡੀਅਮ ਲੋਕ ਅਰਪਤ



**ਬੁਢਲਾਡਾ (ਅਸ਼ੋਕ ਲਾਕੜਾ)**-ਪਿੰਡਾਂ ਦੇ ਸਰਵਪੱਖੀ ਵਿਕਾਸ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਤਹਿਤ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਹਲਕਾ ਬੁਢਲਾਡਾ ਦੇ ਪਿੰਡ ਰੰਗੜਿਆਲ ਤੇ ਰਾਮਪੁਰ ਮੰਡੇਰ ਵਿਖੇ ਤਿਆਰ ਕੀਤੇ ਗਏ ਖੇਡ ਸਟੇਡੀਅਮ ਲੋਕ ਅਰਪਿਤ ਕੀਤੇ ਗਏ।ਇਸ ਮੌਕੇ ਪਿੰਡ ਵਾਸੀਆਂ ਤੇ ਖੇਡ ਪ੍ਰੇਮੀਆਂ ਵੱਲੋਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦਾ ਨਿੱਘਾ ਸਵਾਗਤ ਕੀਤਾ ਅਤੇ ਪਿੰਡਾਂ ਵਿੱਚ ਖੇਡ ਸਹੂਲਤਾਂ ਦੇ ਵਿਸਥਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਇਸ ਮੌਕੇ ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਲਈ ਖੇਡ ਮੈਦਾਨਾਂ ਤੇ ਆਧੁਨਿਕ ਖੇਡ ਸਹੂਲਤਾਂ ਦਾ ਹੋਣਾ ਬੇਹੱਦ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਜਦੋਂ ਪਿੰਡਾਂ ਦੇ ਨੌਜਵਾਨਾਂ ਨੂੰ ਆਪਣੇ ਪਿੰਡ ਵਿੱਚ ਹੀ ਖੇਡਣ ਲਈ ਵਧੀਆ ਮੈਦਾਨ ਤੇ ਲੋੜੀਂਦੀਆਂ ਸਹੂਲਤਾਂ ਮਿਲਣਗੀਆਂ ਤਾਂ ਉਹ ਆਪਣੀ ਊਰਜਾ ਨੂੰ ਉਸਾਰੂ ਪਾਸੇ ਲਗਾ ਕੇ ਸੂਬੇ ਤੇ ਦੇਸ਼ ਦਾ ਨਾਮ ਰੌਸ਼ਨ ਕਰਨਗੇ।ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਤਵੱਜੋਂ ਦਿੱਤੀ ਜਾ ਰਹੀ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖੇਡਾਂ ਨਾਲ ਜੁੜਨ ਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ। ਉਨ੍ਹਾਂ ਕਿਹਾ ਕਿ ਮਾਪਿਆਂ ਅਤੇ ਪਿੰਡ ਵਾਸੀਆਂ ਨੂੰ ਵੀ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਤ ਕਰਨਾ ਚਾਹੀਦਾ ਹੈ। ਇਸ ਮੌਕੇ ਪਿੰਡਾਂ ਦੀਆਂ ਪੰਚਾਇਤਾਂ, ਪਤਵੰਤੇ, ਖੇਡ ਪ੍ਰੇਮੀ, ਨੌਜਵਾਨ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਹੋਲੀ ਹਾਰਟ ਸਕੂਲ ਵਿਖੇ ਅਧਿਆਪਕ-ਮਾਪੇ ਮੀਟਿੰਗ ਦਾ ਆਯੋਜਨ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਆਗਾਮੀ ਟਰਮ-1 (ਸਤੰਬਰ) ਦੀਆਂ ਪ੍ਰੀਖਿਆਵਾਂ ਦੀ ਸੁਚੱਜੀ ਤਿਆਰੀ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਵਿਸ਼ੇਸ਼ ਅਧਿਆਪਕ-ਮਾਪੇ ਮੀਟਿੰਗ ਦਾ ਸਫ਼ਲ ਆਯੋਜਨ ਕੀਤਾ ਗਿਆ।ਇਸ ਮੀਟਿੰਗ ਦਾ ਮੁੱਖ ਮਨੋਰਥ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਦੀਆਂ ਤਿਆਰੀਆਂ, ਉਨ੍ਹਾਂ ਦੀ ਪੜ੍ਹਾਈ ਦੇ ਮਿਆਰ, ਸ਼੍ਰੇਣੀ ਵਿੱਚ ਹਾਜ਼ਰੀ ਤੇ ਵਿਵਹਾਰ ਬਾਰੇ ਮਾਪਿਆਂ ਨਾਲ ਵਿਚਾਰ-ਵਟਾਂਦਰਾ ਕਰਨਾ ਸੀ।ਸਕੂਲ ਪ੍ਰਬੰਧਕ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ, ਰਮਨ ਅਰੋੜਾ ਤੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਦੀ ਯੋਗ ਅਗਵਾਈ ਹੇਠ ਕਰਵਾਈ ਗਈ ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਉਤਸ਼ਾਹ ਨਾਲ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਵਿਸ਼ਾ ਅਧਿਆਪਕਾਂ ਨੇ ਮਾਪਿਆਂ ਨਾਲ ਗੱਲਬਾਤ ਕਰਦਿਆਂ ਬੱਚਿਆਂ ਦੀਆਂ ਪ੍ਰੀਖਿਆਵਾਂ ਸਬੰਧੀ ਕਮਜ਼ੋਰੀਆਂ ਤੇ ਮਜ਼ਬੂਤ ਪੱਖਾਂ ਨੂੰ ਸਾਂਝਾ ਕੀਤਾ।ਮੀਟਿੰਗ ਵਿੱਚ ਆਏ ਮਾਪਿਆਂ ਨੇ ਸਕੂਲ ਪ੍ਰਬੰਧਕਾਂ ਤੇ ਅਧਿਆਪਕਾਂ ਦੇ ਇਸ ਉੱਦਮ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਆਪਣੇ ਕੀਮਤੀ ਸੁਝਾਅ ਵੀ ਦਿੱਤੇ।ਸਕੂਲ ਪ੍ਰਿੰਸੀਪਲ ਨੇ ਆਏ ਸਮੂਹ ਮਾਪਿਆਂ ਦਾ ਧੰਨਵਾਦ ਕੀਤਾ।ਅੰਤ ਵਿੱਚ ਸਾਰੇ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਟਰਮ-1 ਸਤੰਬਰ ਪ੍ਰੀਖਿਆਵਾਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

## ਨਸ਼ਿਆਂ ਵਿਰੁੱਧ ਵਿੱਢੀ ਜੰਗ ਤਹਿਤ 'ਯੂਥ ਰਨ 2026' ਦਾ ਆਯੋਜਨ



**ਬਠਿੰਡਾ (ਰਾਜੀਵ ਗੋਇਲ)**-ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਤੇ ਸਿਹਤਮੰਦ ਜੀਵਨਸ਼ੈਲੀ ਨਾਲ ਜੋੜਨ ਦੇ ਉਦੇਸ਼ ਤਹਿਤ 'ਮਾਨ ਸਰਕਾਰ' ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਜੰਗ ਨੂੰ ਹੋਰ ਮਜ਼ਬੂਤੀ ਦੇਣ ਲਈ ਬਠਿੰਡਾ ਵਿਖੇ 'ਯੂਥ ਰਨ 2026' ਦਾ ਆਯੋਜਨ ਕੀਤਾ ਗਿਆ।ਇਹ ਸਮਾਗਮ ਮਾਨਯੋਗ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸ੍ਰ. ਰਾਜਵੀਰ ਸਿੰਘ ਘੁੰਮਣ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ।ਇਸ ਦੌੜ ਵਿੱਚ 20 ਹਜ਼ਾਰ ਤੋਂ ਵੱਧ ਨੌਜਵਾਨਾਂ ਨੇ ਭਾਗ ਲਿਆ।ਇਸ ਮੌਕੇ ਓ.ਐੱਸ.ਡੀ. ਸ੍ਰ. ਰਾਜਵੀਰ ਸਿੰਘ ਘੁੰਮਣ ਨੇ ਨੌਜਵਾਨਾਂ ਵਿੱਚ ਜੋਸ਼ ਭਰਦਿਆਂ ਉਨ੍ਹਾਂ ਨੂੰ ਖੇਡਾਂ ਨਾਲ ਜੁੜਨ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਚੇਅਰਮੈਨ ਮਾਰਕਫੈੱਡ ਪੰਜਾਬ ਸ੍ਰ. ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ 'ਮਾਨ ਸਰਕਾਰ' ਵੱਲੋਂ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੇ ਛੇਵੇਂ ਦਰਿਆ ਵਿੱਚੋਂ ਮੋੜ ਕੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ।ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਚੀ ਵਧੇਗੀ ਤੇ ਪੰਜਾਬ ਦੀ ਨੌਜਵਾਨ ਪੀੜ੍ਹੀ ਮੁੜ ਆਪਣੀਆਂ ਪ੍ਰਸਿੱਧ ਖੇਡਾਂ ਕਬੱਡੀ, ਕ੍ਰਿਕਟ, ਹਾਕੀ, ਫੁੱਟਬਾਲ, ਰੱਸਾਕਸ਼ੀ, ਘੋਲ ਤੇ ਦੌੜਾਂ ਵੱਲ ਆਕਰਸ਼ਿਤ ਹੋਵੇਗੀ।ਚੇਅਰਮੈਨ ਮਾਨ ਨੇ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ ਨਾਲ ਜੁੜਨ ਤੇ ਆਪਣੇ ਸੂਬੇ ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਵਿੱਚ ਆਪਣਾ ਯੋਗਦਾਨ ਪਾਉਣ।

## ਨਸ਼ਾ ਮੁਕਤੀ ਚੇਤਨਾ ਸੰਘ ਵੱਲੋਂ ਗੁਰੂਕੁਲ ਸਕੂਲ 'ਚ ਜਾਗਰੂਕਤਾ ਸਮਾਗਮ



**ਭਵਾਨੀਗੜ੍ਹ (ਰਾਜ ਖੁਰਮੀ)**-ਨਸ਼ਾ ਮੁਕਤੀ ਚੇਤਨਾ ਸੰਘ ਪੰਜਾਬ ਦੇ ਸੰਗਰੂਰ ਯੂਨਿਟ ਵੱਲੋਂ ਨਸ਼ਿਆਂ ਖ਼ਿਲਾਫ਼ ਲੋਕਾਂ, ਖ਼ਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਗੁਰੂਕੁਲ ਪਬਲਿਕ ਸਕੂਲ ਕਾਨਗੜ੍ਹ ਵਿਖੇ ਵਿਸ਼ੇਸ਼ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਨਸ਼ਾ ਮੁਕਤੀ ਚੇਤਨਾ ਸੰਘ ਦੇ ਮੁੱਖ ਬੁਲਾਰੇ ਤੇ ਮੁੱਖ ਮਹਿਮਾਨ ਡਾ. ਅਵਿਨਾਸ਼ ਰਾਣਾ ਨੇ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਸਾਂਝੇ ਯਤਨ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਡਾ. ਅਵਿਨਾਸ਼ ਰਾਣਾ ਨੇ ਕਿਹਾ ਕਿ ਜਿਸ ਤੇਜ਼ੀ ਨਾਲ ਨਸ਼ਿਆਂ ਦਾ ਪ੍ਰਸਾਰ ਸਮਾਜ ਵਿੱਚ ਹੋਇਆ ਹੈ, ਉਸੇ ਤਰ੍ਹਾਂ ਹੁਣ ਨਸ਼ਿਆਂ ਨੂੰ ਰੋਕਣ ਲਈ ਨਸ਼ਾ ਮੁਕਤੀ ਚੇਤਨਾ ਸੰਘ ਦੀ ਟੀਮ ਵੀ ਪੂਰੇ ਪੰਜਾਬ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਕਿਸੇ ਇੱਕ ਵਿਅਕਤੀ ਜਾਂ ਪਰਿਵਾਰ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਸਮੱਸਿਆ ਹੈ, ਜਿਸ ਦਾ ਮੁਕਾਬਲਾ ਸਮਾਜਿਕ ਜਥੇਬੰਦੀਆਂ, ਨੌਜਵਾਨਾਂ, ਅਧਿਆਪਕਾਂ, ਮਾਪਿਆਂ ਤੇ ਹਰ ਵਰਗ ਦੇ ਲੋਕਾਂ ਨੂੰ ਇਕਜੁੱਟ ਹੋ ਕੇ ਕਰਨਾ ਪਵੇਗਾ।ਇਸ ਮੌਕੇ ਇੰਸਪੈਕਟਰ ਜਗਵੀਰ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਆਪਣੇ ਜੀਵਨ ਨੂੰ ਸਹੀ ਦਿਸ਼ਾ ਵਿੱਚ ਲਿਜਾਣ ਲਈ ਪ੍ਰੇਰਿਤ ਕੀਤਾ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਭੁਪਿੰਦਰ ਸਿੰਘ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਵਿਦਿਆਰਥੀਆਂ ਲਈ ਬਹੁਤ ਲਾਹੇਵੰਦ ਸਾਬਿਤ ਹੁੰਦੇ ਹਨ।ਸਮਾਗਮ ਦੌਰਾਨ ਸਕੂਲ ਦੇ ਕਰੀਬ 290 ਵਿਦਿਆਰਥੀਆਂ ਨੇ ਨਸ਼ਾ ਮੁਕਤੀ ਦੀ ਸਹੁੰ ਚੁੱਕੀ।ਇਸ ਮੌਕੇ ਗੁਰਸੇਵਕ ਸਿੰਘ ਕਮਾਲਪੁਰ, ਜਸਵੀਰ ਸਿੰਘ ਜੱਸੀ, ਬਲਜੀਤ ਸਿੰਘ, ਸਰਜੀਤ ਸਿੰਘ, ਮਨਜੀਤ ਸਿੰਘ, ਅਰਸ਼ਦੀਪ ਸਿੰਘ ਤੋਂ ਇਲਾਵਾ ਇਲਾਕੇ ਦੀਆਂ ਹੋਰ ਸ਼ਖ਼ਸੀਅਤਾਂ ਤੇ ਸਕੂਲ ਸਟਾਫ਼ ਹਾਜ਼ਰ ਸੀ।

## ਬਾਬਾ ਮਾਨ ਸਿੰਘ ਖੇਡ ਸਟੇਡੀਅਮ ਲੰਬੀ ਵਿਖੇ ਡਰੋਨ ਸ਼ੋਅ ਦਾ ਸਫ਼ਲ ਆਯੋਜਨ

### *ਕੈਬਨਿਟ ਮੰਤਰੀ ਖੁੱਡੀਆ ਨੇ ਆਪਣੇ ਪਰਵਾਰ ਸਮੇਤ ਕੀਤੀ ਸ਼ਿਰਕਤ*



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਸਥਾਨਕ ਬਾਬਾ ਮਾਨ ਸਿੰਘ ਖੇਡ ਸਟੇਡੀਅਮ ਲੰਬੀ ਵਿਖੇ ਇੱਕ ਅਲੌਕਿਕ ਡਰੋਨ ਸ਼ੋਅ ਦਾ ਸਫਲ ਆਯੋਜਨ ਕੀਤਾ ਗਿਆ, ਜਿਸ ਦਾ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਭਰਪੂਰ ਆਨੰਦ ਮਾਣਿਆ।ਇਸ ਸਮਾਗਮ ਵਿੱਚ ਕੈਬਨਿਟ ਮੰਤਰੀ ਪੰਜਾਬ ਸ੍ਰ. ਗੁਰਮੀਤ ਸਿੰਘ ਖੁੱਡੀਆ ਨੇ ਆਪਣੇ ਪਰਵਾਰ ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਆਕਾਸ਼ ਵਿੱਚ 500 ਡਰੋਨਾਂ ਦੀਆਂ ਵੱਖ-ਵੱਖ ਆਕਰਸ਼ਕ ਢੰਗ ਨਾਲ ਗੁਰੂ ਸਾਹਿਬ ਦੇ ਜੀਵਨ ਤੇ ਬਾਣੀ ਬਾਰੇ ਬਣਾਈਆਂ ਆਕ੍ਰਿਤੀਆਂ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ।ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਸ੍ਰ. ਖੁੱਡੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਤੇ ਬੱਚਿਆਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਰਸਾਏ ਮਾਨਵਤਾ, ਸਮਾਨਤਾ ਤੇ ਭਾਈਚਾਰਕ ਸਾਂਝ ਦੇ ਮਾਰਗ ਉੱਤੇ ਚੱਲਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹਨ ਕਿ ਸਮੁੱਚੇ ਪੰਜਾਬ ਵਿੱਚ 92 ਵਿਧਾਨ ਸਭਾ ਹਲਕਿਆਂ ਵਿੱਚ ਇਸ ਡਰੋਨ ਸ਼ੋਅ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ 'ਤੇ ਬਾਣੀ ਬਾਰੇ ਸੰਗਤ ਨੂੰ ਜਾਣੂ ਕੀਤਾ ਜਾਵੇਗਾ।ਪ੍ਰਸਿੱਧ ਇੰਟਰਨੈਸ਼ਨਲ ਢਾਡੀ ਜੱਥਾ ਗਿਆਨੀ ਸੁਰਿੰਦਰ ਸਿੰਘ ਪਾਰਸ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਦਾ ਇਤਿਹਾਸ ਤੇ ਬਾਣੀ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਉਪਰੰਤ ਚੇਅਰਮੈਨ ਵੇਅਰਹਾਊਸ ਰਣਧੀਰ ਸਿੰਘ ਧੀਰਾ ਖੁੱਡੀਆਂ ਵੱਲੋਂ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਤੇ ਬਾਣੀ ਬਾਰੇ ਜਾਣੂ ਕਰਵਾਇਆ ਗਿਆ।

## ਕਿਸਾਨਾਂ-ਮਜ਼ਦੂਰਾਂ ਵੱਲੋਂ ਕੈਬਨਿਟ ਮੰਤਰੀ ਦੇ ਘਰ ਦਾ ਘਿਰਾਓ

**ਮਲੋਟ (ਰਜਿੰਦਰ ਜੁਨੇਜਾ)**-ਬੀ.ਕੇ.ਯੂ. ਏਕਤਾ ਉਗਰਾਹਾਂ ਦੀ ਅਗਵਾਈ ਹੇਠ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਮਲੋਟ ਵਿਚ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਘਰ ਅੱਗੇ ਵਿਸ਼ਾਲ ਰੋਸ ਪ੍ਰਦਰਸ਼ਨ ਕਰਕੇ ਘਿਰਾਓ ਕੀਤਾ ਗਿਆ।ਪ੍ਰਦਰਸ਼ਨਕਾਰੀਆਂ ਨੇ ਚਿਤਾਵਨੀ ਦਿੱਤੀ ਕਿ ਕਿਸਾਨ-ਮਜ਼ਦੂਰ ਮੰਗਾਂ 'ਤੇ ਧਾਰੀ ਚੁੱਪ ਤੋੜਨ ਲਈ ਪੰਜਾਬ ਸਰਕਾਰ ਨੂੰ ਮਜਬੂਰ ਕੀਤਾ ਜਾਵੇਗਾ।ਆਗੂਆਂ ਨੇ ਐਲਾਨ ਕੀਤਾ ਕਿ ਕੈਬਨਿਟ ਮੰਤਰੀਆਂ ਦੇ ਘਿਰਾਓ ਮਗਰੋਂ ਭਾਜਪਾ ਆਗੂ ਸੁਨੀਲ ਜਾਖੜ ਤੇ ਕੇਵਲ ਸਿੰਘ ਢਿੱਲੋਂ ਦੇ ਘਰਾਂ ਬਾਹਰ ਵੀ ਵੱਡੇ ਪ੍ਰਦਰਸ਼ਨ ਕੀਤੇ ਜਾਣਗੇ।ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਹਰਭਜਨ ਸਿੰਘ ਕੋਟਲੀ, ਜ਼ਿਲ੍ਹਾ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਖ਼ਜ਼ਾਨਚੀ ਬਾਜ ਸਿੰਘ ਭੁੱਟੀਵਾਲਾ, ਰਾਜਾ ਸਿੰਘ ਖੂੰਨਣ ਖੁਰਦ ਤੇ ਜ਼ਿਲ੍ਹਾ ਫ਼ਾਜ਼ਿਲਕਾ ਦੇ ਆਗੂ ਜਗਸੀਰ ਸਿੰਘ ਨੇ ਕਿਹਾ ਕਿ ਮੌਜੂਦਾ ਸਰਕਾਰ ਕੇਂਦਰ ਨਾਲੋਂ ਵੀ ਅੱਗੇ ਵਧ ਕੇ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕਰ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਚੋਣ ਗਾਰੰਟੀ ਅਨੁਸਾਰ ਲੋਕ-ਪੱਖੀ ਖੇਤੀ ਨੀਤੀ ਲਾਗੂ ਕਰਨ, ਕਰਜ਼ਾ ਕਾਨੂੰਨ ਬਣਾਉਣ, ਪ੍ਰਦੂਸ਼ਣ ਫੈਲਾਉਣ ਵਾਲੇ ਉਦਯੋਗਾਂ ਤੇ ਨੱਥ ਪਾਉਣ ਤੇ ਨਸ਼ਿਆਂ ਨੂੰ ਠੱਲ੍ਹ ਪਾਉਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ।ਆਗੂਆਂ ਨੇ ਮੰਗ ਕੀਤੀ ਕਿ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦ ਕੇ ਲੈਂਡ ਪੂਲਿੰਗ ਨੀਤੀ ਤੇ ਡਰੋਨ ਸਰਵੇ ਤੁਰੰਤ ਰੱਦ ਕੀਤੇ ਜਾਣ।ਆਬਾਦਕਾਰਾਂ ਨੂੰ ਜ਼ਮੀਨਾਂ ਦੇ ਮਾਲਕੀ ਹੱਕ ਦਿੱਤੇ ਜਾਣ ਤੇ ਸਮੁੱਚਾ ਕਰਜ਼ਾ ਮੁਆਫ਼ ਕੀਤਾ ਜਾਵੇ।ਖ਼ੁਦਕੁਸ਼ੀ ਵਿਰੋਧੀ ਕਾਨੂੰਨ ਬਣਾਇਆ ਜਾਵੇ ਤੇ ਖ਼ੁਦਕੁਸ਼ੀ ਪੀੜਤ ਪਰਵਾਰਾਂ ਨੂੰ 10 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ।ਮੁਲਾਜ਼ਮਾਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਠੇਕਾ ਭਰਤੀ ਰੱਦ ਕਰਕੇ ਪੱਕੀ ਭਰਤੀ ਕੀਤੀ ਜਾਵੇ ਤੇ ਡੀ.ਏ. ਜਾਰੀ ਕੀਤਾ ਜਾਵੇ।ਇਸ ਰੋਸ ਪ੍ਰਦਰਸ਼ਨ ਵਿੱਚ ਹੋਰਨਾਂ ਤੋਂ ਇਲਾਵਾ ਤਰਸੇਮ ਸਿੰਘ ਖੁੰਡੇ ਹਲਾਲ, ਹਰਚੂਲ ਸਿੰਘ ਭਾਗਸਰ, ਸੁਖਦੇਵ ਸਿੰਘ ਮਲੋਟ, ਮੁਨਸ਼ੀ ਰਾਮ ਅਬੋਹਰ, ਮਨਜੀਤ ਸਿੰਘ ਬਿੱਟੂ ਤੇ ਤਰੁ ਪ੍ਰੀਤ ਸੰਘਰਸ਼ ਕਮੇਟੀ ਫਾਜ਼ਿਲਕਾ ਦੇ ਆਗੂ ਮਨਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਸ਼ਾਮਲ ਹੋਏ।

## ਸੰਤ ਅਤਰ ਸਿੰਘ ਦੇ ਸ਼ਤਾਬਦੀ ਬਰਸੀ ਸਮਾਗਮ ਨੂੰ ਸਮਰਪਤ ਸਾਈਕਲ ਮਾਰਚ



**ਚੀਮਾ ਮੰਡੀ (ਰਵਿੰਦਰ ਚੀਮਾ)**-ਸੰਤ ਅਤਰ ਸਿੰਘ ਮਸਤੂਆਣਾ ਵਾਲਿਆਂ ਦੇ 100 ਸਾਲਾ ਬਰਸੀ ਸਮਾਗਮ ਨੂੰ ਸਮਰਪਤ ਸਾਈਕਲ ਮਾਰਚ ਧੀਆਂ ਭੈਣਾਂ ਵੱਲੋਂ ਨੂੰ ਗੁਰਦੁਆਰਾ ਜਨਮ ਅਸਥਾਨ ਚੀਮਾ ਸਾਹਿਬ ਤੋਂ ਮੁੱਖ ਸੇਵਾਦਾਰ ਭਾਈ ਜਗਜੀਤ ਸਿੰਘ (ਕਾਕਾ ਵੀਰ ਜੀ) ਉਪ ਪ੍ਰਧਾਨ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਸੰਤ ਅਤਰ ਸਿੰਘ ਫਿਜ਼ੀਕਲ ਅਕੈਡਮੀ ਚੀਮਾ ਦੀ ਅਗਵਾਈ ਹੇਠ ਕੱਢੇ ਇਸ ਸਾਈਕਲ ਮਾਰਚ 'ਚ 70 ਦੇ ਕਰੀਬ ਧੀਆਂ-ਭੈਣਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਹ ਸਾਈਕਲ ਮਾਰਚ ਗੁਰਦੁਆਰਾ ਜਨਮ ਅਸਥਾਨ ਚੀਮਾ ਸਾਹਿਬ ਤੋਂ ਰਵਾਨਾ ਹੋ ਕੇ ਸ਼ੇਰੋਂ, ਨਮੋਲ, ਉੱਭਾਵਾਲ, ਡੰਮਾਬੱਦੀ, ਬਡਰੁੱਖਾਂ ਹੁੰਦਾ ਹੋਇਆ ਮਸਤੂਆਣਾ ਸਾਹਿਬ ਵਿਖੇ ਪਹੁੰਚਿਆ, ਜਿੱਥੇ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਦੀ ਅਗਵਾਈ ਹੇਠ ਸੰਗਤਾਂ ਵੱਲੋਂ ਇਸ ਸਾਈਕਲ ਮਾਰਚ ਦਾ ਭਰਵਾਂ ਸਵਾਗਤ ਕੀਤਾ ਗਿਆ।ਇਸ ਸਾਈਕਲ ਮਾਰਚ ਦੀ ਅਗਵਾਈ ਕਰ ਰਹੇ ਪ੍ਰਬੰਧਕ ਪ੍ਰਭਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸਾਈਕਲ ਮਾਰਚ ਰਾਹੀਂ ਕਰੀਬ 56 ਕਿਲੋਮੀਟਰ ਦੀ ਦੂਰੀ ਸਾਇਕਲਿਸਟਾਂ ਵੱਲੋਂ ਬੜੇ ਹੀ ਖ਼ੁਸ਼ੀ ਤੇ ਉਤਸ਼ਾਹ ਨਾਲ ਪੂਰੀ ਕੀਤੀ ਗਈ, ਜੋ ਕਿ ਗੁ. ਜਨਮ ਅਸਥਾਨ ਚੀਮਾ ਤੋਂ ਰਵਾਨਾ ਹੋ ਕੇ ਮੁੜ ਵਾਪਸ ਚੀਮਾ ਮੰਡੀ ਪਰਤੇ।ਕਲਗੀਧਰ ਟਰੱਸਟ ਬੜੂ ਸਾਹਿਬ ਦੇ ਉਪ ਪ੍ਰਧਾਨ ਭਾਈ ਜਗਜੀਤ ਸਿੰਘ (ਕਾਕਾ ਵੀਰ ਜੀ) ਤੇ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਨੇ ਸੰਤ ਅਤਰ ਸਿੰਘ ਜੀ ਦੀ 100 ਸਾਲਾ ਬਰਸੀ ਨੂੰ ਸਮਰਪਤ ਕੀਤੇ ਗਏ ਇਸ ਉਪਰਾਲੇ ਲਈ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਨ੍ਹਾਂ ਵੀ ਪਿੰਡਾਂ 'ਚੋਂ ਇਹ ਸਾਈਕਲ ਮਾਰਚ ਲੰਘਿਆ, ਉੱਥੇ ਦੀਆਂ ਨਗਰ ਵਾਸੀ ਸੰਗਤਾਂ ਵੱਲੋਂ ਇਸ ਸਾਈਕਲ ਮਾਰਚ ਦੀ ਸ਼ਲਾਘਾ ਕਰਦਿਆਂ ਸ਼ਾਨਦਾਰ ਸਵਾਗਤ ਕੀਤਾ ਗਿਆ।

## ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਨੂੰ ਬਚਾਉਣ ਲਈ ਪੁਰਾਣੇ ਵਿਦਿਆਰਥੀਆਂ ਵੱਲੋਂ ਯਤਨ ਸ਼ੁਰੂ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਪੁਰਾਣੇ ਵਿਦਿਆਰਥੀਆਂ ਨੂੰ ਇੱਕ ਖੁੱਲ੍ਹੀ ਚਿੱਠੀ ਲਿਖ ਕੇ ਨਹਿਰੂ ਕਾਲਜ ਨੂੰ ਬਚਾਉਣ ਲਈ ਪੁਰਾਣੇ ਸਟੂਡੈਂਟਸ ਸਾਥ ਦੇਣ ਦੇਣ ਦੀ ਗੁਹਾਰ ਲਗਾਈ ਗਈ ਸੀ, ਜਿਸ ਉਪਰੰਤ ਅੱਜ ਕਾਲਜ 'ਚੋਂ ਪੜ੍ਹ ਕੇ ਗਏ ਵਿਦਿਆਰਥੀਆਂ ਵੱਲੋਂ ਇੱਕ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਕਾਲਜ ਦੀ ਹਾਲਤ ਨੂੰ ਲੈ ਕੇ ਕਾਫ਼ੀ ਗੰਭੀਰ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ।ਮਾਨਸਾ ਦੇ ਇੱਕੋ ਇੱਕ ਸਰਕਾਰੀ ਕਾਲਜ, ਜਿਸ ਨੂੰ ਸਰਕਾਰੀ ਬਣਵਾਉਣ ਦੀ ਮੰਗ ਨੂੰ ਲੈ ਕੇ ਤੇ ਕਾਲਜ ਦੀ ਬਿਲਡਿੰਗ ਬਣਾਉਣ ਲਈ ਵੀ ਸੰਘਰਸ਼ ਕੀਤਾ ਗਿਆ ਸੀ।ਇਸ ਕਾਲਜ ਦੀ ਹਾਲਤ ਇੰਨੀ ਤਰਸਯੋਗ ਬਣ ਚੁੱਕੀ ਹੈ ਕਿ ਕਾਲਜ ਦੀ ਬਿਲਡਿੰਗ ਖੰਡਰ ਬਣਦੀ ਜਾ ਰਹੀ ਹੈ, ਜਿਸ 'ਚੋਂ ਸੀਮਿੰਟ ਦੇ ਟੁੱਕੜੇ ਡਿੱਗ ਰਹੇ ਹਨ, ਜਿਸ ਕਾਰਨ ਕਿਸੇ ਵੱਡੀ ਘਟਨਾ ਘਟਨਾ ਵਾਪਰਨ ਦਾ ਖਦਸ਼ਾ ਬਣਿਆ ਰਹਿੰਦਾ ਹੈ।ਕਿਸੇ ਸਮੇਂ ਵਿਦਿਆਰਥੀ ਦਾਖ਼ਲਾ ਲੈਣ ਲਈ ਧਰਨੇ ਲਗਾਉਣੇ ਪੈਂਦੇ ਸਨ, ਪਰ ਅੱਜ ਗਿਣਤੀ ਸਿਰਫ਼ 550 ਤੱਕ ਸਿਮਟ ਕੇ ਰਹਿ ਗਈ ਹੈ, ਜੋ ਕਿ ਗੰਭੀਰਤਾ ਦੀ ਮੰਗ ਕਰਦੀ ਹੈ।ਕਾਲਜ 'ਚ ਲਗਾਤਾਰ ਵਿਦਿਆਰਥੀਆਂ ਨੂੰ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਰੱਖਿਆ ਜਾ ਰਿਹਾ ਹੈ, ਕੋਈ ਰੈਗੂਲਰ ਪ੍ਰਿੰਸੀਪਲ ਨਾ ਹੋਣਾ, ਕਾਲਜ ਤੇ ਬਾਥਰੂਮਾਂ ਦੀ ਸਾਫ਼ ਸਫਾਈ ਨਾ ਹੋਣਾ, ਕਾਲਜ ਗੇਟ ਅੱਗੇ ਬੱਸਾਂ ਨਾ ਰੁਕਣਾ, ਕਾਲਜ 'ਚ ਪੱਕੇ ਪ੍ਰੋਫੈਸਰ ਨਾ ਹੋਣਾ, ਪੀਣ ਵਾਲੇ ਪਾਣੀ ਦਾ ਕੋਈ ਪੱਕਾ ਪ੍ਰਬੰਧ ਨਾ ਹੋਣਾ ਆਦਿ ਬਹੁਤ ਸਾਰੀਆਂ ਸਮੱਸਿਆਵਾਂ ਹਨ।ਪ੍ਰਸ਼ਾਸਨ ਤੇ ਸਰਕਾਰਾਂ ਦੀ ਅਣਗਹਿਲੀ ਕਾਰਨ ਅੱਜ ਕਾਲਜ ਦੀ ਹਾਲਤ ਤਰਸਯੋਗ ਬਣ ਚੁੱਕੀ ਹੈ, ਜਿਸ ਨੂੰ ਲੈ ਕੇ ਪੰਜਾਬ ਸਟੂਡੈਂਟਸ ਯੂਨੀਅਨ ਕਾਲਜ ਦੀਆਂ ਮੰਗਾਂ 'ਤੇ ਸੰਘਰਸ਼ ਕਰ ਰਹੀ ਹੈ ਤੇ ਪਿਛਲੇ ਸਮੇਂ ਲਗਾਤਾਰ ਮਾਨਸਾ ਦੇ ਪ੍ਰਸ਼ਾਸਨ ਦੇ ਧਿਆਨ 'ਚ ਸਭ ਕੁੱਝ ਲਿਆਂਦਾ ਜਾ ਚੁੱਕਾ ਹੈ।ਇੱਥੋਂ ਤੱਕ ਕਿ ਉਨ੍ਹਾਂ ਨੇ ਵਿਧਾਇਕ ਡਾ. ਵਿਜੇ ਸਿੰਗਲਾ ਤੱਕ ਵੀ ਪਹੁੰਚ ਕੀਤੀ, ਪ੍ਰੰਤੂ ਪ੍ਰਸ਼ਾਸਨ ਤੇ ਵਿਧਾਇਕ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕੀ।ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਅਰਵਿੰਦਰ ਕੌਰ ਨੇ ਕਿਹਾ ਕਿ 16 ਦਿਨ ਬੀਤ ਚੁੱਕੇ ਹਨ, ਪਰ ਪ੍ਰਸ਼ਾਸਨ ਤੇ ਸਰਕਾਰ ਵੱਲੋਂ ਗੱਲਬਾਤ ਨਾ ਸੁਣੇ ਜਾਣ ਕਾਰਨ ਵਿਦਿਆਰਥੀ ਕਾਲਜ ਗੇਟ ਬੰਦ ਕਰਕੇ 16 ਸਤੰਬਰ ਨੂੰ ਕਾਲਜ ਗੇਟ ਅੱਗੇ ਧਰਨਾ ਲਾਉਣਗੇ।ਉਨ੍ਹਾਂ ਅਪੀਲ ਕੀਤੀ ਕਿ ਕਾਲਜ ਨੂੰ ਬਚਾਉਣ ਲਈ ਜ਼ੋਰਦਾਰ ਆਵਾਜ਼ ਚੁੱਕੀ ਜਾਵੇ।ਓਲਡ ਸਟੂਡੈਂਟਸ ਯੂਨੀਅਨ ਦੇ ਸਕੱਤਰ ਹਰਿੰਦਰ ਸਿੰਘ ਮਾਨਸ਼ਾਹੀਆਂ ਨੇ ਕਿਹਾ ਕਿ ਉਹ ਵਿਦਿਆਰਥੀਆਂ ਦਾ ਵੱਧ ਚੜ੍ਹ ਕੇ ਸਾਥ ਦੇਣਗੇ।ਇਸ ਤੋਂ ਬਿਨਾਂ ਐਡਵੋਕੇਟ ਗੁਰਲਾਭ ਸਿੰਘ, ਜੋ ਪੁਰਾਣੇ ਸਟੂਡੈਂਟ ਹਨ, ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਤੇ ਕਾਲਜ ਨੂੰ ਬਚਾਉਣ ਦੇ ਲਈ ਅੱਗੇ ਆਉਣਗੇ ਦਾ ਭਰੋਸਾ ਦਿੱਤਾ।ਆਈਸਾ ਤੋਂ ਸੁਖਜੀਤ ਰਾਮਾਨੰਦੀ, ਰਾਜੂ, ਹੈਪੀ ਮਾਨ, ਕੁਲਵੰਤ ਸਿੰਘ ਖੋਖਰ ਹਰਵਿੰਦਰ ਖੋਖਰ, ਦਲਜੀਤ ਕੌਰ ਖਾਰਾ, ਅਭੈਪ੍ਰਤਾਪ ਸਿੰਘ, ਜਸਨਦੀਪ ਸਿੰਘ ਭਾਈ ਦੇਸਾ, ਓਮ ਪ੍ਰਕਾਸ਼ ਸਿੰਘ, ਓਲਡ ਸਟੂਡੈਂਟਸ ਯੂਨੀਅਨ ਤੋਂ ਹਰਦੀਪ ਸਿੰਘ ਸਿੱਧੂ ਆਦਿ ਹਾਜ਼ਰ ਸਨ।

## ਹਰਮੀਤ ਸਿੰਘ ਭਾਟੀਆ ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਪੰਜਾਬ ਦੇ ਸਕੱਤਰ ਨਿਯੁਕਤ



**ਲੁਧਿਆਣਾ (ਐੱਮ ਐੱਸ ਭਾਟੀਆ)**

ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਪੰਜਾਬ ਦੀ ਇੱਕ ਅਹਿਮ ਮੀਟਿੰਗ ਲੁਧਿਆਣਾ ਵਿਖੇ ਸ੍ਰ. ਹਰਮੀਤ ਸਿੰਘ ਭਾਟੀਆ ਦੇ ਦਫ਼ਤਰ ਵਿਖੇ ਬਹੁਤ ਹੀ ਸੁਚਾਰੂ ਤੇ ਵਧੀਆ ਢੰਗ ਨਾਲ ਹੋਈ।ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਐਸੋਸੀਏਸ਼ਨ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ ਗਏ।ਇਸ ਮੌਕੇ ਐਸੋਸੀਏਸ਼ਨ ਦੇ ਸਰਪ੍ਰਸਤ ਸ. ਜੇ. ਐੱਸ. ਸੰਧੂ, ਪ੍ਰਧਾਨ ਰਾਕੇਸ਼ ਦੁੱਗਲ, ਚੇਅਰਮੈਨ ਰਾਕੇਸ਼ ਖੰਨਾ ਤੇ ਲੁਧਿਆਣਾ ਦੇ ਚੇਅਰਮੈਨ ਅਸ਼ੋਕ ਪੁਰੀ ਸਮੇਤ ਹੋਰ ਅਹੁਦੇਦਾਰ ਮੌਜੂਦ ਰਹੇ।

ਮੀਟਿੰਗ ਦੌਰਾਨ ਸਾਰੇ ਅਹੁਦੇਦਾਰਾਂ ਦੀ ਸਹਿਮਤੀ ਨਾਲ ਸ੍ਰ. ਹਰਮੀਤ ਸਿੰਘ ਭਾਟੀਆ ਨੂੰ ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਦਾ ਪੰਜਾਬ ਸਕੱਤਰ ਨਿਯੁਕਤ ਕਰਦੇ ਹੋਏ ਨਿਯੁਕਤੀ ਪੱਤਰ ਦਿੱਤਾ ਗਿਆ।ਨਵੀਂ ਜ਼ਿੰਮੇਵਾਰੀ ਮਿਲਣ 'ਤੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਸ੍ਰ. ਭਾਟੀਆ ਨੂੰ ਵਧਾਈ ਦਿੱਤੀ ਤੇ ਆਸ ਪ੍ਰਗਟਾਈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਪੱਤਰਕਾਰ ਭਾਈਚਾਰੇ ਦੀ ਬਿਹਤਰੀ ਲਈ ਕੰਮ ਕਰਨਗੇ।

ਇਸ ਮੌਕੇ ਸ੍ਰ. ਹਰਮੀਤ ਸਿੰਘ ਭਾਟੀਆ ਨੇ ਐਸੋਸੀਏਸ਼ਨ ਦੇ ਸਰਪ੍ਰਸਤ ਸ੍ਰ. ਜੇ ਐੱਸ ਸੰਧੂ ਸਮੇਤ ਸਮੂਹ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪੱਤਰਕਾਰਾਂ ਦੀਆਂ ਸਮੱਸਿਆਵਾਂ ਨੂੰ ਸਬੰਧਤ ਪੱਧਰ 'ਤੇ ਉਠਾਉਣ ਦੇ ਨਾਲ-ਨਾਲ ਐਸੋਸੀਏਸ਼ਨ ਨੂੰ ਪੰਜਾਬ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਯਤਨ ਕਰਨਗੇ।ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਭਵਿੱਖੀ ਪ੍ਰੋਗਰਾਮਾਂ, ਪੱਤਰਕਾਰਾਂ ਦੀ ਏਕਤਾ ਤੇ ਸੰਸਥਾ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

## ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਵਿਖੇ 3 ਦਿਨਾ ਜੋੜ ਮੇਲਾ ਮਨਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਪਿੰਡ ਨਡਾਲੋਂ ਵਿਖੇ ਸੰਤ ਬਾਬਾ ਨਰਿੰਦਰ ਸਿੰਘ-ਸੰਤ ਬਾਬਾ ਬਲਵਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਅਤੇ ਜਥੇਦਾਰ ਬਾਬਾ ਗੁਰਮੀਤ ਸਿੰਘ ਕਾਰ ਸੇਵਾ ਵਾਲਿਆਂ ਦੀ ਸੁਚੱਜੀ ਦੇਖ-ਰੇਖ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਮੱਸਿਆ ਦੇ ਦਿਹਾੜੇ ਨੂੰ ਸਮਰਪਿਤ 3 ਦਿਨਾ ਧਾਰਮਿਕ ਜੋੜ ਮੇਲਾ ਤਨ ਮਨ ਗੁਰੂ ਨੂੰ ਸਮਰਪਣ ਕਰਨ ਦਾ ਸੰਦੇਸ਼ ਦਿੰਦਿਆਂ ਸਮਾਪਤ ਹੋ ਗਿਆ। ਜੋੜ ਮੇਲੇ ਦੇ ਦੌਰਾਨ ਵੱਖ-ਵੱਖ ਸੰਪਰਦਾਵਾਂ ਦੇ ਮੁਖੀਆਂ ਬਾਬਾ ਜਸਪਾਲ ਸਿੰਘ ਨੈਕੀ ਵਾਲੇ, ਬਾਬਾ ਕਸ਼ਮੀਰ ਸਿੰਘ ਦੁਸਾਂਝ, ਬਾਬਾ ਸ਼ੇਰ ਸਿੰਘ ਸਮੇਤ ਦੇਸ਼-ਵਿਦੇਸ਼ ਤੇ ਇਲਾਕੇ ਭਰ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀਆਂ ਭਰੀਆਂ। ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਕੀਰਤਨੀ ਜਥਿਆਂ ਨੇ ਆਈਆਂ ਸੰਗਤਾਂ ਨੂੰ ਗੁਰਬਾਣੀ ਕਥਾ-ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕੀਤਾ। ਇਸ ਮੌਕੇ ਮੰਚ ਸੰਚਾਲਣ ਦੀ ਸੇਵਾ ਜਿੱਥੇ ਬਾਬਾ ਜਰਨੈਲ ਸਿੰਘ ਨਡਾਲੋਂ ਵਾਲਿਆਂ ਨੇ ਨਿਭਾਈ ਉੱਥੇ ਜਥੇਦਾਰ ਬਾਬਾ ਗੁਰਮੀਤ ਸਿੰਘ ਕਾਰ ਸੇਵਾ ਵਾਲਿਆਂ ਨੇ ਆਈਆਂ ਸੰਗਤਾਂ ਦਾ ਧੰਨਵਾਦ ਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਜਥੇ. ਲਖਵਿੰਦਰ ਸਿੰਘ ਬਿੰਦਾ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਧਰਮਿੰਦਰ ਸਿੰਘ ਸੋਨੂੰ, ਕਮਲਜੀਤ ਸਿੰਘ ਰਾਣਾ ਅਜਨੋਹਾ, ਮੁੱਖ ਗ੍ਰੰਥੀ ਭਾਈ ਅਕਾਸ਼ਦੀਪ ਸਿੰਘ ਬਾਸਰਕੇ ਗਿੱਲਾਂ, ਕਿਸ਼ਨ ਸਿੰਘ ਲਾਂਗਰੀ, ਬਾਬਾ ਬਿੰਦਰ ਸਿੰਘ, ਕੁਲਵਿੰਦਰ ਕੌਰ ਜਲਵੇਹੜਾ, ਭਜਨ ਕੌਰ, ਬੀਬੀ ਸ਼ਿੰਦੋ, ਰਣਜੀਤ ਸਿੰਘ ਈਸਪੁਰ, ਸਿਕੰਦਰ ਸਿੰਘ ਢੋਟੀਆਂ, ਜਸਵਿੰਦਰ ਕੌਰ ਜੱਸੀ ਨਡਾਲੋਂ, ਜੋਗਾ ਸਿੰਘ ਸਾਬਕਾ ਡੀ. ਐੱਸ. ਪੀ., ਸਾਰੰਗ ਸਿੰਘ ਨਡਾਲੋਂ, ਕੁਲਦੀਪ ਸਿੰਘ ਚੈੜਾਂ, ਕੋਚ ਮਨਜੀਤ ਸਿੰਘ, ਅਮਰੀਕ ਸਿੰਘ, ਮੰਨਾ ਨਡਾਲੋਂ, ਹੈਰੀ ਸਿੰਘ, ਸੁਖਨਿੰਦਰ ਕੌਰ, ਸੰਤੋਸ਼ ਕੌਰ, ਸੁਰਿੰਦਰ ਕੌਰ, ਗੁਰਚਰਨ ਸਿੰਘ, ਭੁਪਿੰਦਰ ਸਿੰਘ, ਬਨਵਾਰੀ ਲਾਲ ਆਦਿ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਪੰਜਾਬ 'ਚ ਹੈਰੋਇਨ...

ਨਿਗਰਾਨੀ, ਨਾਕੇ, ਖੁਫੀਆ ਜਾਣਕਾਰੀ ਦੇ ਅਧਾਰ 'ਤੇ ਗ੍ਰਿਫ਼ਤਾਰੀਆਂ, ਵਿੱਤੀ ਤੌਰ 'ਤੇ ਕਮਜ਼ੋਰ ਕਰਨ, ਮੁੜਵਸੇਬਾ ਅਤੇ ਰੋਕਥਾਮ 'ਤੇ ਅਧਾਰਤ ਪੰਜਾਬ ਪੁਲਸ ਦੀ ਬਹੁ-ਪੱਧਰੀ ਰਿਸਪਾਂਸ ਪ੍ਰਣਾਲੀ ਸਦਕਾ ਅੰਤਰਰਾਸ਼ਟਰੀ ਸਰਹੱਦ ਪਾਰੋਂ ਤਸਕਰੀ ਕੀਤੇ ਜਾਣ ਵਾਲੇ ਨਸ਼ਿਆਂ ਦੀ ਪੰਜਾਬ ਵਿੱਚ ਜ਼ਮੀਨੀ ਪੱਧਰ 'ਤੇ ਉਪਲੱਬਧਤਾ 'ਚ ਤੇਜ਼ੀ ਨਾਲ ਗਿਰਾਵਟ ਆਈ ਹੈ।ਇਸ ਦੇ ਨਾਲ ਹੀ, ਨਵੇਂ ਰੁਝਾਨ ਦਰਸਾਉਂਦੇ ਹਨ ਕਿ ਦੂਜੇ ਸੂਬਿਆਂ ਤੋਂ ਤਸਕਰੀ ਕੀਤੇ ਜਾਣ ਵਾਲੇ ਫਾਰਮਾਸਿਊਟੀਕਲ ਡਰੱਗਜ਼ ਪੰਜਾਬ ਵਿੱਚ ਨਸ਼ਿਆਂ ਸੰਬੰਧੀ ਕਾਨੂੰਨ ਲਾਗੂ ਕਰਨ ਵਿੱਚ ਸਭ ਤੋਂ ਮਹੱਤਵਪੂਰਨ ਚੁਣੌਤੀ ਵਜੋਂ ਉੱਭਰ ਰਹੇ ਹਨ।ਪੰਜਾਬ ਵਿੱਚ ਫਾਰਮਾਸਿਊਟੀਕਲ ਡਰੱਗਜ਼ ਦੀ ਜ਼ਬਤੀ ਨਾਲ ਸੰਬੰਧਤ ਅੰਕੜਿਆਂ ਦੇ ਅਨੁਸਾਰ, ਜ਼ਿਆਦਾਤਰ ਫਾਰਮਾਸਿਊਟੀਕਲ ਡਰੱਗਜ਼ ਪੰਜਾਬ ਵਿੱਚ ਨਹੀਂ ਬਣਾਏ ਜਾਂਦੇ ਅਤੇ ਹਿਮਾਚਲ ਪ੍ਰਦੇਸ਼, ਗੁਜਰਾਤ, ਉੱਤਰ ਪ੍ਰਦੇਸ਼, ਰਾਜਸਥਾਨ, ਹਰਿਆਣਾ, ਦਿੱਲੀ ਆਦਿ ਸੂਬਿਆਂ ਵਿੱਚ ਬਣਾਏ ਜਾਂਦੇ ਹਨ।ਬੁਲਾਰੇ ਨੇ ਦੱਸਿਆ ਕਿ ਹੋਰਨਾਂ ਸੂਬਿਆਂ ਤੋਂ ਪੰਜਾਬ ਵਿੱਚ ਵੱਡੀ ਮਾਤਰਾ ਵਿੱਚ ਫਾਰਮਾਸਿਊਟੀਕਲ ਡਰੱਗਜ਼ ਆ ਰਹੇ ਹਨ।ਸਾਲ 2025 ਤੋਂ ਹੁਣ ਤੱਕ ਉੱਤਰ ਪ੍ਰਦੇਸ਼, ਰਾਜਸਥਾਨ, ਗੁਜਰਾਤ, ਹਰਿਆਣਾ, ਦਿੱਲੀ ਅਤੇ ਹਿਮਾਚਲ ਸਮੇਤ ਹੋਰ ਰਾਜਾਂ ਨਾਲ ਜੁੜੀਆਂ ਖੇਪਾਂ ਵਿੱਚੋਂ 11.54 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਬਰਾਮਦ ਕੀਤੇ ਗਏ ਹਨ।ਇੱਕ ਅੰਦਾਜ਼ੇ ਮੁਤਾਬਕ, ਪੰਜਾਬ ਵਿੱਚ ਮਿਲਣ ਵਾਲੇ ਫਾਰਮਾਸਿਊਟੀਕਲ ਡਰੱਗਜ਼ ਵਿੱਚੋਂ 80 ਫ਼ੀਸਦ ਗੁਜਰਾਤ, ਉੱਤਰ ਪ੍ਰਦੇਸ਼, ਰਾਜਸਥਾਨ, ਹਰਿਆਣਾ ਅਤੇ ਦਿੱਲੀ ਆਦਿ ਰਾਜਾਂ ਤੋਂ ਆ ਰਹੇ ਹਨ।

### ਮੋਦੀ ਮਨੁੱਖੀ ਹੱਕਾਂ ਬਾਰੇ ਖੁੱਲ੍ਹ ...

ਤੌਰ 'ਤੇ ਬੋਲਣਾ ਚਾਹੀਦਾ ਸੀ, ਜਿਸ ਸ਼ਿੱਦਤ ਨਾਲ ਬੋਲਣਾ ਚਾਹੀਦਾ ਸੀ, ਮੈਨੂੰ ਲੱਗਦਾ ਹੈ ਕਿ ਉਹ ਟਾਲ-ਮਟੋਲ ਕਰ ਗਏ। ਉਨ੍ਹਾ ਆਪਣੇ ਸ਼ਬਦ ਬਹੁਤ ਸਾਵਧਾਨੀ ਨਾਲ ਚੁਣੇ।'

ਉਨ੍ਹਾ ਕਿਹਾ ਕਿ ਭਾਰਤ ਨੂੰ ਦੁਨੀਆ-ਭਰ ਵਿੱਚ ਮਨੁੱਖੀ ਹੱਕਾਂ, ਮਨੁੱਖਤਾ ਅਤੇ ਲੋਕਤੰਤਰ ਦੀ ਹਮਾਇਤ ਕਰਨ ਲਈ ਮਾਨਤਾ ਪ੍ਰਾਪਤ ਹੈ। ਭਾਰਤ ਨੇ ਜਵਾਹਰ ਲਾਲ ਨਹਿਰੂ ਦੇ ਸਮੇਂ ਤੋਂ ਹੀ ਆਪਣੀ ਸੁਤੰਤਰ ਵਿਦੇਸ਼ ਨੀਤੀ ਅਤੇ ਗੁੱਟ ਨਿਰਲੇਪਤਾ 'ਤੇ ਹਮੇਸ਼ਾ ਮਾਣ ਕੀਤਾ ਹੈ। ਮੁਫਤੀ ਨੇ ਮੋਦੀ ਵੱਲੋਂ ਗਾਜ਼ਾ ਬਾਰੇ ਨਾ ਬੋਲਣ ਦੀ ਆਲੋਚਨਾ ਕੀਤੀ, ਜਿੱਥੇ 20,000-22,000 ਬੱਚੇ ਮਾਰੇ ਗਏ ਹਨ। ਇਸ ਤੋਂ ਇਲਾਵਾ ਇੱਕ ਈਰਾਨੀ ਸਕੂਲ ਵਿੱਚ ਬੰਬਾਰੀ ਕਰਕੇ ਅਮਰੀਕਾ ਨੇ ਲਗਪਗ 150 ਸਕੂਲੀ ਵਿਦਿਆਰਥਣਾਂ ਦੀ ਹੱਤਿਆ ਕੀਤੀ।

### ਬਨੇਗਾ ਪ੍ਰਾਪਤੀ ਮੁਹਿੰਮ...

ਬਾਜ਼ਾਰਾਂ ਵਿੱਚ ਵਿਸ਼ਾਲ ਬਨੇਗਾ ਪ੍ਰਾਪਤੀ ਵਲੰਟੀਅਰ ਮਾਰਚ ਵੀ ਕੀਤਾ ਜਾਵੇਗਾ।

ਆਗੂਆਂ ਦੱਸਿਆ ਕਿ ਇਸ ਪ੍ਰੋਗਰਾਮ ਦੀਆਂ ਤਿਆਰੀਆਂ ਸੰਬੰਧੀ ਸਮੁੱਚੀ ਲੀਡਰਸ਼ਿਪ ਦੀਆਂ ਜ਼ਿੰਮੇਵਾਰੀਆਂ ਲਗਾ ਦਿੱਤੀਆਂ ਗਈਆਂ ਹਨ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਤਿਆਰੀਆਂ ਆਰੰਭ ਵੀ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਇਹ ਜਾਣਕਾਰੀ ਦਿੱਤੀ ਕਿ ਇਸ ਦਿਨ ਦੀਆਂ ਤਿਆਰੀਆਂ ਵਜੋਂ ਵੱਖ-ਵੱਖ ਸ਼ਹਿਰਾਂ, ਕਸਬਿਆਂ ਪਿੰਡਾਂ ਅਤੇ ਗਲੀ-ਮੁਹੱਲਿਆਂ ਅਤੇ ਸਕੂਲਾਂ-ਕਾਲਜਾਂ ਅਤੇ ਵਿੱਦਿਅਕ ਅਦਾਰਿਆਂ ਵਿੱਚ ਭਗਤ ਸਿੰਘ ਦੀ ਵਿਚਾਰਧਾਰਾ 'ਤੇ ਸੈਮੀਨਾਰ ਵਗੈਰਾ ਕੀਤੇ ਜਾਣਗੇ ਅਤੇ ਨੌਜਵਾਨਾਂ ਦੀ ਮੁੱਖ ਮੰਗ ਰੁਜ਼ਗਾਰ ਪ੍ਰਾਪਤੀ ਲਈ ਲਾਮਬੰਧ ਕੀਤਾ ਜਾਵੇਗਾ।

ਹੋਰਨਾਂ ਤੋਂ ਇਲਾਵਾ ਸ਼ੁਬੇਗ ਝੰਗੜ ਭੈਣੀ, ਇੰਦਰਜੀਤ ਦੀਨਾ, ਸਟਾਲਿਨ ਲਮੋਚੜ, ਬੋਹੜ ਬੁੱਟਰ, ਪਰਮਿੰਦਰ ਰਹਿਮੇਸ਼ਾਹ, ਨਵਜੋਤ ਕੌਰ, ਗੁਰਦਿੱਤ ਦੀਨਾ, ਗੁਰਦਿਆਲ ਢਾਬਾਂ, ਕੁਲਦੀਪ ਬਖੂਸ਼ਾਹ, ਸਵਰਾਜ ਖੋਸਾ, ਜਸ਼ਨ ਸਿੰਘ ਮਲੋਟ, ਜਬਰਜੰਗ ਮਹੇਸਰੀ ਅਤੇ ਲਖਵੀਰ ਸਿੰਘ ਮਹੇਸਰੀ ਵੀ ਹਾਜ਼ਰ ਸਨ।

### ਲੋਕ ਅੰਮ੍ਰਿਤਪਾਲ ਦੀ...

ਆਪਣਾ ਭਰਾ ਨਸ਼ੇੜੀ ਹੋਣ ਕਾਰਨ ਬੇਨਕਾਬ ਹੋਇਆ ਤਾਂ ਉਸ ਨੇ ਨਸ਼ਿਆਂ ਖਿਲਾਫ ਮੁਹਿੰਮ ਛੇੜਨ ਦਾ ਡਰਾਮਾ ਕੀਤਾ। ਉਹਨਾ ਅੰਮ੍ਰਿਤਪਾਲ ਦੀ ਬੰਦੀ ਸਿੰਘਾਂ ਦੀ ਜ਼ਰੂਰਤ ਨਾ ਹੋਣ ਦੇ ਬਿਆਨ ਦੀ ਵੀ ਨਿਖੇਧੀ ਕੀਤੀ। ਅੰਮ੍ਰਿਤਪਾਲ ਸਿੰਘ ਦਾ ਪਰਵਾਰ ਕਦੇ ਵੀ ਬੰਦੀ ਸਿੰਘਾਂ ਨੂੰ ਮਿਲਣ ਨਹੀਂ ਗਿਆ, ਭਾਵੇਂ ਉਹ ਗੁਰਦੀਪ ਸਿੰਘ ਖੈੜਾ ਹੋਵੇ, ਜੋ ਉਹਨਾ ਦੇ ਪਿੰਡ ਵਿਚ ਰਹਿੰਦਾ ਹੈ ਜਾਂ ਫਿਰ ਕਦੇ ਵੀ ਬੰਦੀ ਸਿੰਘਾਂ ਦੀ ਮਦਦ ਨਹੀਂ ਕੀਤੀ, ਭਾਵੇਂ ਉਹ ਬਲਵੰਤ ਸਿੰਘ ਰਾਜੋਆਣਾ ਹੋਵੇ ਜਾਂ ਫਿਰ ਜਗਤਾਰ ਸਿੰਘ ਹਵਾਰਾ। ਉਹਨਾ ਕਿਹਾ ਕਿ ਪੰਜਾਬ ਮੰਡੀ ਬੋਰਡ ਦੇ ਇਕ ਚੀਫ ਇੰਜੀਨੀਅਰ ਵੱਲੋਂ ਹਰ ਮਹੀਨੇ ਜਥੇਬੰਦੀ ਨੂੰ ਅਦਾਇਗੀ ਕੀਤੀ ਜਾਂਦੀ ਹੈ। ਜੇਕਰ ਇਹ ਸੱਚ ਨਹੀਂ ਤਾਂ ਅੰਮ੍ਰਿਤਪਾਲ ਦਾ ਪਰਵਾਰ ਸ੍ਰੀ ਦਰਬਾਰ ਸਾਹਿਬ ਦੀ ਸਹੁੰ ਚੁੱਕੇ ਕਿ ਅਜਿਹਾ ਕੁਝ ਨਹੀਂ ਹੈ। ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਦਾਖਾ ਦੇ ਐੱਮ ਐੱਲ ਏ ਮਨਪ੍ਰੀਤ ਸਿੰਘ ਇਆਲੀ ਨੂੰ ਵੀ ਮੁੱਖ ਮੰਤਰੀ ਨੇ ਹੀ ਵਾਰਿਸ ਪੰਜਾਬ ਦੇ ਜਥੇਬੰਦੀ ਵਿਚ ਭੇਜਿਆ ਹੈ। ਇਆਲੀ ਉਹੀ ਕਰਦਾ ਹੈ, ਜੋ ਭਗਵੰਤ ਮਾਨ ਕਹਿੰਦਾ ਹੈ, ਕਿਉਂਕਿ ਉਸ ਦੀਆਂ ਸਾਰੀਆਂ ਨਜਾਇਜ਼ ਕਲੋਨੀਆਂ ਦੀਆਂ ਫਾਈਲਾਂ ਮੁੱਖ ਮੰਤਰੀ ਕੋਲ ਪਈਆਂ ਹਨ।

### ਡੋਨੀ ਬੱਲ ਦੇ ਦੋ ਸ਼ੂਟਰ...

ਡੋਨੀ ਬੱਲ ਨੇ ਸਮਾਗਮ ਵਾਲੀ ਥਾਂ 'ਤੇ ਮੌਜੂਦ ਲੋਕਾਂ 'ਤੇ ਗੋਲੀਬਾਰੀ ਕਰਨ ਦਾ ਨਿਸ਼ਾਨਾ ਦਿੱਤਾ ਸੀ, ਪਰ ਪੁਲਸ ਨੇ ਉਨ੍ਹਾਂ ਨੂੰ ਹਮਲਾ ਕਰਨ ਤੋਂ ਪਹਿਲਾਂ ਹੀ ਰੋਕ ਲਿਆ। ਹਥਿਆਰ ਵੀ ਡੋਨੀ ਬੱਲ ਨੇ ਹੀ ਮੁਹੱਈਆ ਕਰਵਾਏ ਸਨ। ਸ਼ਰਮਾ ਨੇ ਕਿਹਾ ਕਿ ਦਵਿੰਦਰ ਬੰਬੀਹਾ ਦੇ ਮੁਕਾਬਲੇ ਵਿੱਚ ਮਾਰੇ ਜਾਣ ਤੋਂ ਬਾਅਦ ਮੰਨਿਆ ਜਾ ਰਿਹਾ ਹੈ ਕਿ ਇਸ ਗਰੋਹ ਨੂੰ ਡੋਨੀ ਬੱਲ ਦੁਆਰਾ ਨਿਯੰਤਰਤ ਕੀਤਾ ਜਾ ਰਿਹਾ ਹੈ, ਜੋ ਵਿਦੇਸ਼ ਤੋਂ ਕੰਮ ਕਰ ਰਿਹਾ ਹੈ। ਇਹ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਕਿ ਦੋਵੇਂ ਲੁਧਿਆਣਾ ਕਦੋਂ ਪਹੁੰਚੇ, ਉਨ੍ਹਾਂ ਨੂੰ ਉੱਥੇ ਕੌਣ ਲੈ ਕੇ ਆਇਆ ਅਤੇ ਖੂਨਦਾਨ ਕੈਂਪ ਨੂੰ ਨਿਸ਼ਾਨਾ ਬਣਾਉਣ ਦੀ ਸਾਜ਼ਿਸ਼ ਵਿੱਚ ਹੋਰ ਕੌਣ ਸ਼ਾਮਲ ਸੀ। ਅੰਮ੍ਰਿਤਸਰ ਦੇ ਪੱਤੀ ਬਲੇਲ ਪਿੰਡ ਦਾ ਰਹਿਣ ਵਾਲਾ ਬਲਵਿੰਦਰ ਸਿੰਘ ਉਰਫ ਡੋਨੀ ਬੱਲ ਗੋਪੀ ਘਣਸ਼ਿਆਪੁਰੀਆ ਗੈਂਗ (ਮਾਨ ਘਣਸ਼ਿਆਮਪੁਰੀਆ-ਡੋਨੀ ਬੱਲ ਧੜਾ) ਦੇ ਮੁੱਖ ਸੰਚਾਲਕਾਂ ਵਿੱਚੋਂ ਇੱਕ ਹੈ ਅਤੇ ਬੰਬੀਹਾ ਗੈਂਗ ਨਾਲ ਵੀ ਜੁੜਿਆ ਹੋਇਆ ਹੈ। ਉਹ ਕਥਿਤ ਤੌਰ 'ਤੇ ਗੈਂਗਸਟਰ ਜੱਗੂ ਭਗਵਾਨਪੁਰੀਆ ਦੀ ਮਾਂ ਅਤੇ ਉਸ ਦੇ ਚਚੇਰੇ ਭਰਾ ਕਰਨਬੀਰ ਸਿੰਘ ਦੀ ਹੱਤਿਆ ਵਿੱਚ ਸ਼ਾਮਲ ਸੀ।

ਡੋਨੀ ਬੱਲ 'ਤੇ ਯੂ ਕੇ ਵਿੱਚ ਲੁਕੇ ਹੋਣ ਦਾ ਸ਼ੱਕ ਹੈ, ਜਿੱਥੋਂ ਉਹ ਕਥਿਤ ਤੌਰ 'ਤੇ ਆਪਣੇ ਸਾਥੀਆਂ ਰਾਹੀਂ ਵਸੂਲੀ ਰੈਕਟ ਚਲਾਉਂਦਾ ਹੈ।

ਗੁਰਦਾਸਪੁਰ ਪੁਲਸ ਨੇ ਕੇਂਦਰੀ ਏਜੰਸੀ ਦੇ ਸਹਿਯੋਗ ਨਾਲ ਸਫ਼ਲਤਾਪੂਰਵਕ ਪਿੱਛਾ ਕਰਦਿਆਂ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਪੁਲਸ ਟੀਮਾਂ ਨੇ ਉਨ੍ਹਾਂ ਕੋਲੋਂ ਛੇ ਪਿਸਤੌਲਾਂ ਸਮੇਤ 49 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਇਹ ਜਾਣਕਾਰੀ ਪੁਲਸ ਮੁਖੀ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਗੁਰਦਾਸਪੁਰ ਜ਼ਿਲ੍ਹੇ ਦੇ ਰਹਿਣ ਵਾਲੇ ਹਨ, ਜਿਨ੍ਹਾਂ ਦੀ ਪਛਾਣ ਸੁਖਵਿੰਦਰ ਸਿੰਘ ਉਰਫ਼ ਸੁੱਖਾ ਵਾਸੀ ਅਲੂਨਾ, ਕਰਨ ਕੁਮਾਰ ਵਾਸੀ ਭਾਉਪੁਰ ਅਫਗਾਨਾ, ਬਲਰਾਜ ਸਿੰਘ ਉਰਫ਼ ਬੁਰੀ ਵਾਸੀ ਬਸੰਤਕੋਟ, ਅਮਰੀਕ ਸਿੰਘ ਉਰਫ਼ ਸੋਨੂੰ ਜੋੜੀਆਂ ਕਲਾਂ, ਡੇਰਾ ਬਾਬਾ ਨਾਨਕ ਅਤੇ ਮਨਜਿੰਦਰ ਸਿੰਘ ਉਰਫ਼ ਮੰਗੂ ਵਾਸੀ ਉੱਪਲ ਵਜੋਂ ਹੋਈ ਹੈ। ਹਥਿਆਰ ਬਰਾਮਦ ਕਰਨ ਤੋਂ ਇਲਾਵਾ ਪੁਲਸ ਨੇ ਉਨ੍ਹਾਂ ਦੀ ਮਹਿੰਦਰਾ ਸਕਾਰਪੀਓ ਕਾਰ, ਜਿਸ ਦਾ ਰਜਿਸਟ੍ਰੇਸ਼ਨ ਨੰਬਰ ਪੀ ਬੀ 06 ਬੀ ਪੀ 3908 ਹੈ, ਨੂੰ ਵੀ ਜ਼ਬਤ ਕਰ ਲਿਆ ਹੈ।ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਹਥਿਆਰਾਂ ਅਤੇ ਗੋਲੀ-ਸਿੱਕੇ ਦੀ ਖੇਪ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਗਈ ਸੀ।

## ਹਰੇਕ ਨੌਜਵਾਨ ਨੂੰ ਖੇਡਾਂ ਨਾਲ ਜੁੜਨਾ ਚਾਹੀਦਾ : ਹਨੀ ਫੱਤਣਵਾਲਾ

### *ਗੁਲਾਬੇਵਾਲਾ ਵਿਖੇ ਕਬੱਡੀ ਟੂਰਨਾਮੈਂਟ ਕਰਵਾਇਆ*



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਜਾ)**-ਇਥੋਂ ਨੇੜਲੇ ਪਿੰਡ ਗੁਲਾਬੇਵਾਲਾ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਦੂਜਾ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਦੌਰਾਨ ਹਨੀ ਫੱਤਣਵਾਲਾ ਨੇ ਜਿੱਥੇ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਦਿਆਂ ਟੂਰਨਾਮੈਂਟ ਦੇ ਪ੍ਰਬੰਧਕਾਂ ਵਧਾਈ ਦਿੱਤੀ, ਉਥੇ ਹੀ ਪ੍ਰਬੰਧਕਾਂ ਨੂੰ ਸਹਿਯੋਗ ਵਜੋਂ ਸਹਾਇਤਾ ਰਾਸ਼ੀ ਭੇਟ ਕੀਤੀ।ਇਸ ਮੌਕੇ ਬੋਲਦਿਆਂ ਹਨੀ ਫੱਤਣਵਾਲਾ ਨੇ ਕਿਹਾ ਕਿ ਖੇਡਾਂ ਸਾਡੇ ਸਰੀਰ ਦਾ ਅਨਿੱਖੜਵਾਂ ਅੰਗ ਹਨ ਤੇ ਸਭ ਨੂੰ ਕਿਸੇ ਨਾ ਕਿਸੇ ਖੇਡ ਨਾਲ ਜ਼ਰੂਰ ਜੁੜਨਾ ਚਾਹੀਦਾ ਹੈ।ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਪ੍ਰਤੀ ਉਤਸ਼ਾਹਤ ਹੋਣ ਦੀ ਅਪੀਲ ਕੀਤੀ।ਅੰਤ ਵਿੱਚ ਪ੍ਰਬੰਧਕਾਂ ਵੱਲੋਂ ਹਨੀ ਫੱਤਣਵਾਲਾ ਨੂੰ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਗੈਵੀ ਸਿੰਘ, ਐਡਵੋਕੇਟ ਵਿਘਨਜੋਤ ਸਿੰਘ, ਹਰਮਨ ਸਿੰਘ, ਮਹਿੰਦਰ ਸਿੰਘ ਖਾਲਸਾ, ਕਿੰਦਰ ਸਿੰਘ ਖੱਧਿਆਂਵਾਲੀ, ਇਕਬਾਲ ਸਿੰਘ ਸੰਗੂਧੌਣ, ਮੁਕੇਸ਼ ਕੁਮਾਰ, ਮਨਦੀਪ ਸਿੰਘ, ਨਿਸ਼ਾਨ ਸਿੰਘ, ਗੁਰਪਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖਿਡਾਰੀ ਤੇ ਆਸ-ਪਾਸ ਦੇ ਪਿੰਡਾਂ ਦੇ ਲੋਕ ਹਾਜ਼ਰ ਸਨ।

## ਸਰਾਂ ਇਮੀਗ੍ਰੇਸ਼ਨ ਨੇ ਲਵਾਇਆ ਜਰਮਨੀ ਦਾ ਸਟੂਡੈਂਟ ਵੀਜ਼ਾ



**ਨਿਹਾਲ ਸਿੰਘ ਵਾਲਾ (ਲਕਸ਼ੀ ਕੁਮਾਰ)**-ਨਿਹਾਲ ਸਿੰਘ ਵਾਲਾ ਸਥਿਤ ਸਰਾਂ ਇਮੀਗ੍ਰੇਸ਼ਨ ਨੇ ਇੱਕ ਹੋਰ ਸਫਲਤਾ ਹਾਸਲ ਕਰਦਿਆਂ ਪਿੰਡ ਭੋਜੀਆਂ, ਜ਼ਿਲ੍ਹਾ ਤਰਨਤਾਰਨ ਦੇ ਵਸਨੀਕ ਜੈਬੀਰ ਸਿੰਘ ਪੁੱਤਰ ਸਰਵਨ ਸਿੰਘ ਦਾ ਜਰਮਨੀ ਦਾ ਸਟੂਡੈਂਟ ਵੀਜ਼ਾ ਸਫਲਤਾਪੂਰਵਕ ਪ੍ਰਾਪਤ ਕਰਵਾਇਆ ਹੈ।ਇਸ ਮੌਕੇ ਸਰਾਂ ਇਮੀਗ੍ਰੇਸ਼ਨ ਦੇ ਐੱਮ. ਡੀ. ਹਰਸਿਮਰਨਜੀਤ ਸਿੰਘ ਸਰਾਂ ਨੇ ਦੱਸਿਆ ਕਿ ਵਿਦਿਆਰਥੀ ਦੇ ਕੇਸ ਲਈ ਲੋੜੀਂਦੇ ਦਸਤਾਵੇਜ਼ ਸਹੀ ਢੰਗ ਨਾਲ ਤਿਆਰ ਕਰਨ, ਪ੍ਰੋਫੈਸ਼ਨਲ ਗਾਈਡੈਂਸ ਤੇ ਯੋਗ ਮਾਰਗਦਰਸ਼ਨ ਰਾਹੀਂ ਵੀਜ਼ਾ ਪ੍ਰਕਿਰਿਆ ਨੂੰ ਸਫਲਤਾਪੂਰਵਕ ਪੂਰਾ ਕੀਤਾ ਗਿਆ।ਉਨ੍ਹਾਂ ਨੇ ਜੈਬੀਰ ਸਿੰਘ ਤੇ ਉਸ ਦੇ ਪਰਿਵਾਰ ਨੂੰ ਵਧਾਈ ਦਿੰਦਿਆਂ ਵਿਦਿਆਰਥੀ ਦੇ ਸੁਨਹਿਰੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਦੱਸਿਆ ਕਿ ਸਰਾਂ ਇਮੀਗ੍ਰੇਸ਼ਨ ਵੱਲੋਂ ਕੈਨੇਡਾ, ਆਸਟ੍ਰੇਲੀਆ, ਮਾਲਟਾ, ਸਪੇਨ, ਗ੍ਰੀਸ, ਨਿਊਜ਼ੀਲੈਂਡ, ਯੂ.ਕੇ. ਸਮੇਤ ਵੱਖ-ਵੱਖ ਦੇਸ਼ਾਂ ਦੇ ਸਟੱਡੀ ਵੀਜ਼ਾ ਤੇ ਟੂਰਿਸਟ ਵੀਜ਼ਾ ਸਬੰਧੀ ਸੇਵਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ।

## ਪ੍ਰਵੀਨ ਗੋਇਲ 9ਵੀਂ ਵਾਰ ਬਣੇ ਦੁਸਹਿਰਾ ਕਮੇਟੀ ਦੇ ਪ੍ਰਧਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਨਿਊ ਦਸਹਿਰਾ ਕਮੇਟੀ ਮਾਨਸਾ ਵੱਲੋਂ ਪ੍ਰਵੀਨ ਕੁਮਾਰ ਗੋਇਲ ਦੀ ਨਿਗਰਾਨੀ ਹੇਠ ਕਮੇਟੀ ਦੀ ਚੋਣ ਹੋਈ, ਜਿਸ 'ਚ ਸਰਬਸੰਮਤੀ ਨਾਲ ਪ੍ਰਵੀਨ ਗੋਇਲ ਨੂੰ ਪ੍ਰਧਾਨ, ਸੁਭਾਸ਼ ਕੁਮਾਰ ਬਾਂਸਲ, ਸੁਨੀਲ ਕੁਮਾਰ ਸ਼ੀਲਾ, ਅਨੀਲ ਕੁਮਾਰ ਮੀਤ ਪ੍ਰਧਾਨ, ਐਡਵੋਕੇਟ ਰਾਕੇਸ਼ ਕੁਮਾਰ ਰਾਜਾ ਜਨਰਲ ਸਕੱਤਰ, ਰਾਮੇਸ਼ ਕੁਮਾਰ (ਮੇਸ਼ੀ), ਦੀਪਕ ਕੁਮਾਰ ਦੀਪੂ ਜਾਇੰਟ ਸੈਕਟਰੀ, ਹਰੀ ਕ੍ਰਿਸ਼ਨ, ਵਿਕਾਸ ਸ਼ਰਮਾ, ਬਲਜੀਤ ਕੜਵਲ ਪ੍ਰੈੱਸ ਸਕੱਤਰ, ਪ੍ਰਦੀਪ ਕੁਮਾਰ ਟੋਨੀ ਕੈਸ਼ੀਅਰ, ਸਹਾਇਕ ਕੈਸ਼ੀਅਰ ਵਰਨ ਵੀਨੂ ਬਾਂਸਲ, ਦੀਪਕ ਗਰਗ (ਲੰਬੂ), ਪ੍ਰੀਆਵਰਤ ਚੰਦਨ, ਵਰੁਣ ਵਿਵੇਕ ਜਿੰਦਲ ਚੇਅਰਮੈਨ, ਬਲਜੀਤ ਸ਼ਰਮਾ, ਅਸ਼ੋਕ ਗਰਗ ਸਟੇਜ ਸਕੱਤਰ, ਹਰੀ ਮੋਹਣ, ਸੁਰਿੰਦਰ ਕੁਮਾਰ ਗੋਇਲ, ਅਵਤਾਰ ਗੁਪਤਾ, ਵਿਜੈ (ਟਰਾਂਸਪੋਰਟ) ਸਰਪਰਸਤ, ਰਵੀ ਕੁਮਾਰ, ਰਾਮਪਾਲ, ਕ੍ਰਿਸ਼ਨ ਗਰਗ, ਵਿਜੇ ਡਾਬਲਾ, ਤਰਸੇਮ ਡੇਲੂਆਣਾ ਮੈਂਬਰ ਚੁਣੇ ਗਏ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਪ੍ਰਵੀਨ ਕੁਮਾਰ ਗੋਇਲ ਨੇ ਕਿਹਾ ਕਿ ਬਦੀ 'ਤੇ ਨੇਕੀ ਦੀ ਜਿੱਤ ਦਾ ਇਹ ਤਿਉਹਾਰ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਨਿਊ ਦਸਹਿਰਾ ਕਮੇਟੀ ਵੱਲੋ ਧੂਮਧਾਮ ਨਾਲ ਮਨਾਇਆ ਜਾਵੇਗਾ।

## ਮਾਤਾ ਸੰਤੋਸ਼ੀ ਹਸਪਤਾਲ ਵਿਖੇ ਮੁਫਤ ਮੈਗਾ ਮੈਡੀਕਲ ਕੈਂਪ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮਾਤਾ ਸੰਤੋਸ਼ੀ ਹਸਪਤਾਲ ਗਿੱਦੜਬਾਹਾ ਵਿਖੇ ਮੁਫਤ ਮੈਗਾ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿੱਚ ਵੱਖ-ਵੱਖ ਬਿਮਾਰੀਆਂ ਦੇ ਮਾਹਰ ਡਾਕਟਰਾਂ ਵੱਲੋਂ ਸੈਂਕੜਿਆਂ ਦੀ ਗਿਣਤੀ ਵਿੱਚ ਪਹੁੰਚੇ ਮਰੀਜ਼ਾਂ ਦੀ ਜਾਂਚ ਕੀਤੀ ਗਈ।ਕੈਂਪ ਵਿਚ ਆਰ. ਗਗਨ ਮਲਟੀ ਸੁਪਰਸਪੈਸ਼ਲਿਟੀ ਹਸਪਤਾਲ ਬਠਿੰਡਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾਕਟਰਾਂ ਨੇ ਮਰੀਜ਼ਾਂ ਨੂੰ ਸਿਹਤ ਸਬੰਧੀ ਜਾਂਚ ਦੇ ਨਾਲ-ਨਾਲ ਬਿਮਾਰੀਆਂ ਤੋਂ ਬਚਾਅ ਤੇ ਇਲਾਜ ਸਬੰਧੀ ਲੋੜੀਂਦੀ ਸਲਾਹ ਵੀ ਦਿੱਤੀ।ਇਸ ਮੌਕੇ ਡਾ. ਅਭਿਸ਼ੇਕ ਡੀ.ਐੱਮ. ਕਾਰਡੀਓਲਾਜੀ, ਡਾ. ਇਸ਼ਾਨ ਐੱਮ.ਡੀ. ਸਕਿਨ, ਫੇਫੜਿਆਂ ਦੇ ਰੋਗਾਂ ਦੇ ਮਾਹਰ ਡਾ. ਭੋਲਾ ਸਿੰਘ ਡੀ.ਐੱਮ. ਤੇ ਮਾਨਸਿਕ ਰੋਗਾਂ ਦੇ ਮਾਹਰ ਡਾ. ਰਿਸ਼ਬ ਸਿੰਗਲਾ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ।ਇਹ ਮੈਗਾ ਮੈਡੀਕਲ ਕੈਂਪ ਮਾਤਾ ਸੰਤੋਸ਼ੀ ਹਸਪਤਾਲ ਦੇ ਡਾ. ਐੱਚ. ਐੱਨ. ਸਿੰਘ ਤੇ ਡਾ. ਭਾਰਤਦੀਪ ਗਰਗ ਦੀ ਅਗਵਾਈ ਹੇਠ ਲਗਾਇਆ ਗਿਆ।ਕੈਂਪ ਦੌਰਾਨ ਮਰੀਜ਼ਾਂ ਦੀ ਸਹੂਲਤ ਨੂੰ ਧਿਆਨ 'ਚ ਰੱਖਦਿਆਂ ਵੱਖ-ਵੱਖ ਮੈਡੀਕਲ ਟੈਸਟ ਮੁਫਤ ਕੀਤੇ ਗਏ।ਜਾਂਚ ਤੋਂ ਬਾਅਦ ਮਰੀਜ਼ਾਂ ਨੂੰ ਦਵਾਈਆਂ ਮੁਫਤ ਦਿੱਤੀਆਂ ਗਈਆਂ।

## ਲੋਪੋਕੇ 'ਚ ਕ੍ਰਿਕਟ ਟੂਰਨਾਮੈਂਟ ਕਰਾਇਆ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪਿੰਡ ਲੈਪੋਂ ਵਿਖੇ ਸਵ. ਦਰਸ਼ਨ ਸਿੰਘ ਭੋਲੋਵਾਲੀਆ ਤੇ ਸਵ. ਲਸ਼ਮਣ ਸਿੰਘ ਭੋਲੋਵਾਲੀਆ ਦੀ ਨਿੱਘੀ ਯਾਦ ਨੂੰ ਸਮਰਪਤ ਪਹਿਲਾ ਕਾਸਕੋ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਨੇ ਪਹੁੰਚ ਕੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਰਮਿੰਦਰ ਸਿੰਘ ਆਵਲਾ ਵੱਲੋਂ ਟੂਰਨਾਮੈਂਟ ਕਮੇਟੀ ਨੂੰ 21,000 ਰੁਪਏ ਦੀ ਰਾਸ਼ੀ ਸਨਮਾਨ ਵਜੋਂ ਭੇਟ ਕੀਤੀ ਗਈ।ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ ਤੇ ਟੀਮ ਭਾਵਨਾ ਪੈਦਾ ਕਰਦੀਆਂ ਹਨ।ਇਸ ਸਮੇਂ ਭੋਲੋਵਾਲੀਆ ਪਰਿਵਾਰ ਵੱਲੋਂ ਰਮਿੰਦਰ ਸਿੰਘ ਆਂਵਲਾ ਦਾ ਧੰਨਵਾਦ ਕੀਤਾ ਗਿਆ ਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਮੈਡੀਕਲ ਪ੍ਰੈਕਟੀਸ਼ਨਰਜ਼ ਆਈਸੋਏਸ਼ਨ ਦੀ ਕੋਕਰੀ ਕਲਾਂ ਵਿਖੇ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਆਈਸੋਏਸ਼ਨ ਪੰਜਾਬ ਜ਼ਿਲ੍ਹਾ ਮੋਗਾ ਬਲਾਕ ਮੋਗਾ ਵੰਨ ਦੀ ਮਹੀਨਾਵਾਰ ਮੀਟਿੰਗ ਪਿੰਡ ਕੋਕਰੀ ਕਲਾਂ ਵਿਖੇ ਹੋਈ, ਜਿਸ ਵਿਚ ਬਲਾਕ ਦੇ ਵੱਡੀ ਗਿਣਤੀ ਵਿੱਚ ਮੈਂਬਰ ਸ਼ਾਮਲ ਹੋਏ।ਜ਼ਿਲ੍ਹੇ ਵੱਲੋਂ ਚੇਅਰਮੈਨ ਬਲਦੇਵ ਸਿੰਘ ਧੂੜਕੋਟ, ਜ਼ਿਲ੍ਹਾ ਕੈਸ਼ੀਅਰ ਬਲਜਿੰਦਰ ਸਿੰਘ ਰੋਲ਼ੀ ਤੇ ਜ਼ਿਲ੍ਹੇ ਦੇ ਲੇਡੀ ਵਿੰਗ ਦੇ ਮੀਤ ਪ੍ਰਧਾਨ ਕੁਸਮ ਸ਼ਰਮਾ ਹਾਜ਼ਰ ਹੋਏ।ਡਾਕਟਰਾਂ ਤੋਂ ਇਲਾਵਾ ਪਿੰਡ ਕੋਕਰੀ ਕਲਾਂ ਦੀ ਪੰਚਾਇਤ ਤੇ ਜਨਤਕ ਜਥੇਬੰਦੀਆਂ ਦੇ ਆਗੂ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਅਵਤਾਰ ਸਿੰਘ ਕੋਕਰੀ, ਅਡਵਾਈਜ਼ਰ ਹਰਜੀਤ ਸਿੰਘ ਨੱਥੂਵਾਲਾ, ਚੇਅਰਮੈਨ ਹਰਿੰਦਰਪਾਲ ਸਿੰਘ ਮਹਿਰੋਂ, ਸੀਨੀਅਰ ਮੀਤ ਪ੍ਰਧਾਨ ਧਰਮਿੰਦਰ ਬੁੱਟਰ ਨੇ ਜਥੇਬੰਦੀ ਨਾਲ ਕੀਤੇ ਵਾਅਦੇ ਅਨੁਸਾਰ ਸਰਕਾਰ ਨੂੰ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਟ੍ਰੇਨਿੰਗ ਜਲਦੀ ਸ਼ੁਰੂ ਕਰਨ ਦੀ ਅਪੀਲ ਕੀਤੀ।ਨਗਰ ਪੰਚਾਇਤ ਤੇ ਕਿਸਾਨ ਯੂਨੀਅਨ ਦੇ ਆਗੂਆਂ ਨੇ 24 ਘੰਟੇ ਸਸਤੀ ਤੇ ਨਿਰੰਤਰ ਸਹਿਤ ਸੇਵਾ ਦੇਣ ਵਾਲੇ ਪੇਂਡੂ ਡਾਕਟਰਾਂ ਨਾਲ ਡੱਟ ਕੇ ਸਾਥ ਦੇਣ ਦਾ ਵਿਸ਼ਵਾਸ ਦਿਵਾਇਆ।ਇਸ ਸਮੇਂ ਡਾ ਜਗਤਾਰ ਸਿੰਘ ਕੋਕਰੀ, ਡਾ. ਭੁਪਿੰਦਰ ਸਿੰਘ ਕੋਕਰੀ, ਡਾ. ਗੁਰਜੰਟ ਸਿੰਘ ਕੋਕਰੀ, ਡਾ. ਬਹਾਦਰ ਸਿੰਘ, ਡਾ. ਗੁਰਸੇਵਕ ਸਿੰਘ ਆਦਿ ਹਾਜ਼ਰ ਹੋਏ।

## ਆਯੂਸ਼ ਮੈਡੀਕਲ ਕੈਂਪ ਦੌਰਾਨ 589 ਮਰੀਜ਼ਾਂ ਦੀ ਜਾਂਚ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਯੂਸ਼ ਕਮਿਸ਼ਨਰ ਪੰਜਾਬ, ਡਾਇਰੈਕਟਰ ਆਫ ਆਯੁਰਵੇਦ ਪੰਜਾਬ ਡਾਕਟਰ ਰਮਨ ਖੰਨਾ, ਡਾਇਰੈਕਟਰ ਆਫ ਹੋਮਿਓਪੈਥੀ ਪੰਜਾਬ ਡਾਕਟਰ ਹਰਿੰਦਰਪਾਲ ਸਿੰਘ, ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ ਡਾਕਟਰ ਰੁਪਿੰਦਰਦੀਪ ਕੌਰ ਗਿੱਲ ਤੇ ਜ਼ਿਲ੍ਹਾ ਹੋਮਿਓਪੈਥੀ ਅਫਸਰ ਡਾਕਟਰ ਰੁਪਿੰਦਰ ਕੌਰ ਦੀ ਯੋਗ ਅਗਵਾਈ ਹੇਠ ਤੀਜਾ ਆਯੂਸ਼ ਮੈਡੀਕਲ ਕੈਂਪ, ਮੋਤੀ ਰਾਮ ਧਰਮਸ਼ਾਲਾ ਫਿਰੋਜ਼ਪੁਰ ਵਿਖੇ ਲਗਾਇਆ ਗਿਆ। ਇਸ ਕੈਂਪ ਦੌਰਾਨ ਆਯੁਰਵੈਦਿਕ ਵਿਭਾਗ ਵਲੋਂ, ਡਾਕਟਰ ਰਾਕੇਸ਼ ਗਰੋਵਰ, ਡਾਕਟਰ ਸੁਮਿਤ ਮੋਂਗਾ ਤੇ ਅਮਨਦੀਪ ਕੌਰ, ਰੂਬੀਨਾ, ਬੇਅੰਤ ਕੌਰ ਉਪਵੈਦ, ਤਰਸੇਮ ਸਿੰਘ, ਨੀਰੂ ਰਾਣੀ ਯੋਗਾ ਇੰਸਟਰਕਟਰ ਤੇ ਹੋਮਿਓਪੈਥੀ ਵਿਭਾਗ ਵੱਲੋਂ ਡਾਕਟਰ ਸਤਨਾਮ ਸਿੰਘ ਗਿੱਲ, ਬਲਜੀਤ ਸਿੰਘ, ਵਿਕਾਸ ਕੁਮਾਰ ਡਿਸਪੈਂਸਰ ਨੇ ਡਿਊਟੀ ਨਿਭਾਈ। ਇਸ ਕੈਂਪ ਵਿੱਚ 589 ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਫ੍ਰੀ ਸ਼ੂਗਰ ਟੈਸਟ ਕੀਤੇ ਗਏ ਅਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਮਕਬੂਲਪੁਰਾ ਖੇਤਰ 'ਚ ਪੁਲਸ ਵੱਲੋਂ ਵੱਡੇ ਪੱਧਰ 'ਤੇ ਘੇਰਾਬੰਦੀ ਤੇ ਸਰਚ ਆਪ੍ਰੇਸ਼ਨ



**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਐੱਮ. ਐੱਫ. ਫਾਰੂਕੀ, ਆਈ. ਪੀ. ਐੱਸ., ਏ. ਡੀ. ਜੀ. ਪੀ./ਐਸ.ਏ.ਪੀ.ਅਤੇ ਹਰਮਨਬੀਰ ਸਿੰਘ ਗਿੱਲ ਆਈਪੀਐੱਸ ਕਮਿਸ਼ਨਰ ਪੁਲਸ ਅੰਮ੍ਰਿਤਸਰ ਦੀ ਨਿਗਰਾਨੀ ਹੇਠ ਮਕਬੂਲਪੁਰਾ ਡਰੱਗ ਹੌਟਸਪੌਟ ਖੇਤਰ, ਸਬ-ਡਵੀਜ਼ਨ ਈਸਟ, ਥਾਣਾ ਮਕਬੂਲਪੁਰਾ ਦੇ ਖੇਤਰ ਵਿਚ ਘੇਰਾਬੰਦੀ ਅਤੇ ਸਰਚ ਆਪ੍ਰੇਸ਼ਨ ਕੀਤਾ।ਇਸ ਇਲਾਕੇ ਵਿੱਚ 18 ਗਲੀਆਂ ਹਨ।ਪਿਛਲੀਆਂ ਕਾਰਵਾਈਆਂ ਦੌਰਾਨ, 3-4 ਗਲੀਆਂ ਨੂੰ ਪਹਿਲਾਂ ਹੀ ਲਗਾਤਾਰ ਪੁਲਿਸ ਕਾਰਵਾਈ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਮੁਕਤ ਕੀਤਾ ਜਾ ਚੁੱਕਾ ਹੈ, ਜਿਸ ਵਿੱਚ ਕੇਸ ਦਰਜ ਕਰਨਾ, ਦੋਸ਼ੀਆਂ ਦੀ ਗ੍ਰਿਫਤਾਰੀ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਨਿਆਂਇਕ ਹਿਰਾਸਤ ਵਿੱਚ ਭੇਜਣਾ ਸ਼ਾਮਲ ਹੈ।ਨਸ਼ੇ ਦੀ ਲਤ ਤੋਂ ਪ੍ਰਭਾਵਿਤ ਪਾਏ ਗਏ ਵਿਅਕਤੀਆਂ ਨੂੰ ਇਲਾਜ ਅਤੇ ਪੁਨਰਵਾਸ ਲਈ ਨਸ਼ਾ ਛੁਡਾਊ ਕੇਂਦਰਾਂ ਅਤੇ ਓ.ਓ.ਏ.ਟੀ. ਕੇਂਦਰਾਂ ਵਿੱਚ ਵੀ ਭੇਜਿਆ ਗਿਆ ਹੈ।ਇਸ ਆਪ੍ਰੇਸ਼ਨ ਦਾ ਉਦੇਸ਼ ਬਾਕੀ ਗਲੀਆਂ ਨੂੰ ਕਵਰ ਕਰਨਾ, ਨਸ਼ੇ ਨਾਲ ਸਬੰਧਤ ਗਤੀਵਿਧੀਆਂ ਨੂੰ ਰੋਕਣਾ ਅਤੇ ਖੇਤਰ ਨੂੰ ਨਸ਼ਾ ਮੁਕਤ ਬਣਾਉਣਾ ਹੈ, ਜਿਸ ਨਾਲ ਜਨਤਕ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਬਣਾਇਆ ਜਾ ਰਿਹਾ ਹੈ।

ਇਸ ਕਾਰਵਾਈ ਲਈ, 14 ਪੁਲਸ ਪਾਰਟੀਆਂ ਦਾ ਗਠਨ ਕੀਤਾ ਗਿਆ ਹੈ ਅਤੇ ਸੀਨੀਅਰ ਅਧਿਕਾਰੀਆਂ ਦੀ ਨਿਗਰਾਨੀ ਹੇਠ ਤਾਇਨਾਤ ਕੀਤਾ।ਤੈਨਾਤੀ ਵਿੱਚ 01 ਡੀ.ਐਸ.ਪੀ., 02 ਏ.ਡੀ.ਸੀ.ਪੀ., 02 ਏ.ਸੀ.ਪੀ. ਅਤੇ 220 ਪੁਲਸ ਮੁਲਾਜ਼ਮ ਸ਼ਾਮਲ ਹਨ।ਚੱਲ ਰਹੇ ਘੇਰਾਬੰਦੀ ਅਤੇ ਸਰਚ ਮੁਹਿੰਮ ਦੇ ਤਹਿਤ, ਮਕਬੂਲਪੁਰਾ ਵਿੱਚ ਤੇਜ਼ ਕਾਰਵਾਈ ਕੀਤੀ।ਇਹ ਕਾਰਵਾਈ ਸਵੇਰੇ 7:00 ਵਜੇ ਸ਼ੁਰੂ ਹੋਈ ਜਿਸ ਦੌਰਾਨ ਕਈ ਸ਼ਰਾਰਤੀਆਂ ਅਤੇ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ।ਇਸ ਆਪਰੇਸ਼ਨ ਦੌਰਾਨ ਨਸ਼ੇ 'ਤੇ ਨਿਰਭਰ ਪਾਏ ਗਏ ਵਿਅਕਤੀਆਂ ਨੂੰ ਢੁੱਕਵੇਂ ਇਲਾਜ, ਸਲਾਹ ਅਤੇ ਪੁਨਰਵਾਸ ਲਈ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਜਾ ਰਿਹਾ ਹੈ ਅਤੇ ਦਾਖਲ ਕਰਵਾਇਆ ਜਾ ਰਿਹਾ ਹੈ, ਜਿਸਦਾ ਉਦੇਸ਼ ਉਨ੍ਹਾਂ ਨੂੰ ਨਸ਼ੇ 'ਤੇ ਕਾਬੂ ਪਾਉਣ ਅਤੇ ਸਮਾਜ ਵਿੱਚ ਮੁੜ ਜੁੜਨ ਵਿੱਚ ਮਦਦ ਕਰਨਾ ਹੈ।

# ਸ਼ੀਤਲਾ ਮਾਤਾ ਮੰਦਰ ਕਮੇਟੀ ਵੱਲੋਂ ਭਾਜਪਾ ਆਗੂ ਵਿਜੇ ਕੁਮਾਰ ਸੋਨੀ ਸਨਮਾਨਿਤ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਥਾਨਕ ਕਸਬੇ ਦੀ ਦਾਣਾ ਮੰਡੀ ਸਥਿਤ ਪੁਰਾਤਨ ਸ਼ੀਤਲਾ ਮਾਤਾ ਮੰਦਰ ਵਿਖੇ ਵੈਸ਼ਨੋ ਭਜਨ ਮੰਡਲੀ ਸ਼ੀਤਲਾ ਵੈੱਲਫੇਅਰ ਲੋਕ ਹਿੱਤ ਸੁਸਾਇਟੀ ਰਜਿ; ਡੇਰਾ ਬਾਬਾ ਨਾਨਕ ਵੱਲੋਂ ਹਰ ਸਾਲ ਦੀ ਤਰ੍ਹਾਂ 55ਵਾਂ ਸਾਲਾਨਾ



ਜਾਗਰਣ ਤੇ ਭੰਡਾਰਾ ਕਰਵਾਇਆ ਗਿਆ ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਤੋਂ ਭਾਜਪਾ ਦੇ ਸੰਭਾਵੀ ਉਮੀਦਵਾਰ ਵਿਜੇ ਕੁਮਾਰ ਸੋਨੀ ਨੂੰ ਮੰਦਿਰ ਦੇ ਮੁੱਖ ਪੁਜਾਰੀ ਪੰਡਿਤ ਭੁਵਨ ਸ਼ਾਸਤਰੀ ਦੀ ਅਗਵਾਈ ਵਿੱਚ ਮੰਦਰ ਕਮੇਟੀ ਵੱਲੋਂ ਮਾਤਾ ਰਾਣੀ ਦੀ ਲਾਲ ਚੁੰਨੀ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਵਿਜੇ ਸੋਨੀ ਨੇ ਮੰਦਰ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਨੂੰ ਜਾਗਰਣ ਦੀ ਵਧਾਈ ਦਿੱਤੀ। ਕਿਹਾ ਕਿ ਉਨ੍ਹਾਂ ਨੂੰ ਬਹੁਤ ਖੁਸ਼ੀ ਹੋਈ ਹੈ ਸ਼ੀਤਲਾ ਮਾਤਾ ਦੇ ਮੰਦਰ ਵਿਖੇ ਆਣ ਕੇ ।ਉਨ੍ਹਾਂ ਕਿਹਾ ਕਿ ਪੰਜਾਬ ਹੋਣ ਜਾ ਰਹੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਗਰ ਮੈਨੂੰ ਭਾਰਤੀ ਜਨਤਾ ਪਾਰਟੀ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਤੋਂ ਭਾਜਪਾ ਦੇ ਉਮੀਦਵਾਰ ਵਜੋਂ ਟਿਕਟ ਦੇ ਕੇ ਚੋਣ ਲੜਨ ਲਈ ਚੁਣਿਆ ਜਾਂਦਾ ਹੈ , ਜੇਕਰ ਉਹ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਨਗੇ ਤਾਂ ਅਗਲੇ ਸਾਲ ਸ਼ੀਤਲਾ ਮਾਤਾ ਮੰਦਰ ਵਿਖੇ ਹੋਣ ਵਾਲੇ ਜਾਗਰਣ ਦਾ ਸਾਰਾ ਖਰਚਾ ਆਪਣੇ ਵੱਲੋਂ ਕਰਨਗੇ।ਇਸ ਮੌਕੇ ਮਾਸਟਰ ਮੁਕੇਸ਼ ਸ਼ਰਮਾਂ, ਜੇ. ਈ. ਰੁਪਿੰਦਰ ਕੁਮਾਰ, ਰਵਿੰਦਰ ਸਿੰਘ ਬੇਦੀ, ਰਾਜ ਕੁਮਾਰ, ਪ੍ਰਧਾਨ ਨਰਿੰਦਰ ਕੁਮਾਰ, ਮਾਸਟਰ ਰਾਮ ਸਰੂਪ, ਰਾਮਪਾਲ, ਮਾਸਟਰ ਦਵਿੰਦਰ ਕੁਮਾਰ, ਮਾਸਟਰ ਸੰਜੀਵ ਸਰਨਾ, ਨੀਰਜ ਕੁਮਾਰ ਟਿੰਕੂ, ਰਾਮਪਾਲ, ਨਰੇਸ਼ ਕੁਮਾਰ, ਯਸ਼ਪਾਲ, ਬਾਵਾ ਦਾਸ ਬਟਾਲਾ, ਕਰਨਦੀਪ, ਅਸ਼ੋਕ ਕੁਮਾਰ ਮਹਿਰਾ, ਗੁਰਮੁੱਖ ਸਿੰਘ ਫੌਜੀ ਮਛਰਾਲਾ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

# ਕਾਂਗਰਸ ਮੈਨੀਫੈਸਟੋ 'ਚ ਐਫੀਲੀਏਟਿਡ ਸਕੂਲਾਂ ਦੀ ਆਵਾਜ਼ ਨੂੰ ਸਥਾਨ ਦਿੱਤਾ ਜਾਵੇ : ਰਾਸਾ ਪੰਜਾਬ

**ਅੰਮ੍ਰਿਤਸਰ, (ਜਗਦੀਸ਼ ਕਮਲੇਸ਼)**- ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਮਾਨਤਾ-ਪ੍ਰਾਪਤ ਅਤੇ ਐਫੀਲੀਏਟਿਡ ਸਕੂਲਾਂ ਦੀ ਨੁਮਾਇੰਦਾ ਸੰਸਥਾ ਮਾਨਤਾ-ਪ੍ਰਾਪਤ ਅਤੇ ਸੰਬੰਧਿਤ ਸਕੂਲ ਐਸੋਸੀਏਸ਼ਨ (ਰਜਿ:)



ਰਾਸਾ ਪੰਜਾਬ ਦੇ ਇੱਕ ਵਫ਼ਦ ਨੇ ਰਾਜਕੰਵਲਪ੍ਰੀਤ ਸਿੰਘ ਲੱਕੀ, ਸੀਨੀਅਰ ਵਾਈਸ ਪ੍ਰਧਾਨ ਰਾਸਾ ਪੰਜਾਬ ਸਾਬਕਾ ਚੇਅਰਮੈਨ, ਜ਼ਿਲ੍ਹਾ ਯੋਜਨਾ ਕਮੇਟੀ, ਜ਼ਿਲ੍ਹਾ ਅੰਮ੍ਰਿਤਸਰ ਅਤੇ ਸੁਜੀਤ ਸ਼ਰਮਾ ਬੱਬਲੂ, ਜਨਰਲ ਸਕੱਤਰ ਰਾਸਾ ਪੰਜਾਬ ਦੀ ਅਗਵਾਈ ਹੇਠ ਕਾਂਗਰਸ ਮੈਨੀਫੈਸਟੋ ਕਮੇਟੀ, ਪੰਜਾਬ ਦੇ ਆਗੂਆਂ ਨੂੰ ਮੰਗ ਪੱਤਰ ਸੌਂਪਿਆ।ਵਫ਼ਦ ਨੇ ਅਪੀਲ ਕੀਤੀ ਕਿ ਐਫੀਲੀਏਟਿਡ ਸਕੂਲਾਂ ਨਾਲ ਸਬੰਧਤ ਸਮੱਸਿਆਵਾਂ, ਮੰਗਾਂ ਅਤੇ ਭਵਿੱਖ ਦੀ ਸਿੱਖਿਆ ਨੀਤੀ ਸਬੰਧੀ ਰਾਸਾ ਪੰਜਾਬ ਦੀਆਂ ਸਿਫ਼ਾਰਸ਼ਾਂ ਨੂੰ ਕਾਂਗਰਸ ਦੇ ਮੈਨੀਫੈਸਟੋ ਵਿੱਚ ਸਪਸ਼ਟ ਤੌਰ 'ਤੇ ਸ਼ਾਮਲ ਕੀਤਾ ਜਾਵੇ।ਰਾਸਾ ਪੰਜਾਬ ਵੱਲੋਂ ਇਹ ਮੰਗ ਪੱਤਰ ਡਾ. ਅਮਰ ਸਿੰਘ, ਐੱਮ. ਪੀ. ਅਤੇ ਚੇਅਰਮੈਨ ਕਾਂਗਰਸ ਮੈਨੀਫੈਸਟੋ ਕਮੇਟੀ ਪੰਜਾਬ ਸਰਕਾਰ; ਗੁਰਜੀਤ ਸਿੰਘ ਔਜਲਾ, ਐੱਮ. ਪੀ.; ਪਰਗਟ ਸਿੰਘ, ਐੱਮ. ਐੱਲ. ਏ. ਅਤੇ ਸਾਬਕਾ ਮੰਤਰੀ ਪੰਜਾਬ ਸਰਕਾਰ; ਹਰਿਆਣਾ ਕੈਬਿਨ ਸਾਬਕਾ ਐੱਮ. ਐੱਲ. ਏ ਨੂੰ ਸੌਂਪਿਆ ਗਿਆ।ਇਸ ਮੌਕੇ ਜ਼ਿਲ੍ਹਾ ਅੰਮ੍ਰਿਤਸਰ ਦੀ ਮੁੱਖ ਸ਼ਖ਼ਸੀਅਤਾਂ ਡਾ. ਰਾਜ ਕੁਮਾਰ ਵੇਰਕਾ ਸਾਬਕਾ ਮੰਤਰੀ ਪੰਜਾਬ ਸਰਕਾਰ; ਅਨਿਲ ਜੋਸ਼ੀ, ਸਾਬਕਾ ਮੰਤਰੀ ਪੰਜਾਬ ਸਰਕਾਰ; ਸੁਨੀਲ ਦੱਤੀ, ਸਾਬਕਾ ਐੱਮ. ਐੱਲ. ਏ.; ਸੁਖਵਿੰਦਰ ਸਿੰਘ ਡੈਨੀ, ਸਾਬਕਾ ਐੱਮ. ਐੱਲ. ਏ. ਜੁਗਲ ਕਿਸ਼ੋਰ ਸ਼ਰਮਾ ਸਾਬਕਾ ਐੱਮ. ਐੱਲ. ਏ ਅਤੇ ਸੌਰਵ ਮਦਾਨ ਮਿੱਠੂ, ਜ਼ਿਲ੍ਹਾ ਪ੍ਰਧਾਨ, ਕਾਂਗਰਸ ਕਮੇਟੀ ਅੰਮ੍ਰਿਤਸਰ ਵੀ ਸ਼ਾਮਲ ਸਨ।ਇਸ ਮੌਕੇ ਵਫ਼ਦ ਵਿੱਚ ਜਗਤਪਾਲ ਮਹਾਜਨ, ਪ੍ਰਧਾਨ ਰਾਸਾ ਪੰਜਾਬ; ਸੁਖਵਿੰਦਰ ਸਿੰਘ ਢੱਲ, ਸੀਨੀਅਰ ਵਾਈਸ ਚੇਅਰਮੈਨ ਰਾਸਾ ਪੰਜਾਬ; ਜਗਜੀਤ ਸਿੰਘ, ਚੀਫ਼ ਐਡਵਾਈਜ਼ਰ ਰਾਸਾ ਪੰਜਾਬ; ਸੁਸ਼ੀਲ ਅਗਰਵਾਲ, ਜ਼ਿਲ੍ਹਾ ਪ੍ਰਧਾਨ ਰਾਸਾ ਪੰਜਾਬ, ਅੰਮ੍ਰਿਤਸਰ ਯੂਨਿਟ; ਸਮੀਰ ਭਾਟੀਆ, ਐਕਟਿੰਗ ਪ੍ਰੈਜ਼ੀਡੈਂਟ ਰਾਸਾ ਪੰਜਾਬ, ਜ਼ਿਲ੍ਹਾ ਅੰਮ੍ਰਿਤਸਰ ਯੂਨਿਟ; ਯਾਦਵਿੰਦਰ ਸਿੰਘ, ਜਨਰਲ ਸਕੱਤਰ ਰਾਸਾ ਪੰਜਾਬ, ਜ਼ਿਲ੍ਹਾ ਅੰਮ੍ਰਿਤਸਰ ਯੂਨਿਟ; ਕਮਲਜੀਤ ਸਿੰਘ ਕੋਹਲੀ, ਸੀਨੀਅਰ ਮੈਂਬਰ ਰਾਸਾ ਪੰਜਾਬ ਅਤੇ ਅਰੁਣ ਮਨਸੋਤਰਾ, ਸੀਨੀਅਰ ਮੈਂਬਰ ਰਾਸਾ ਪੰਜਾਬ ਹਾਜ਼ਰ ਸਨ।

# ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਸਟਾਫ ਨੂੰ ਗੁਰਬਾਣੀ ਪਲੇਅਰ ਵੰਡੇ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** ਖਾਲਸਾ ਅਕੈਡਮੀ ਦੇ ਮੁਖੀ ਭਾਈ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਸੇਵਾ ਸੰਸਥਾ ਯੂ.ਕੇ. (YOUR SEVA U.K.) ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਦੇ ਵਿਦਿਆਰਥੀਆਂ, ਅਧਿਆਪਕ ਸਾਹਿਬਾਨ ਅਤੇ ਮੈਨੇਜਮੈਂਟ ਕਮੇਟੀ ਵੱਲੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮਨਾਏ ਗਏ। ਜਿਸ ਵਿੱਚ ਉਸਤਾਦ ਭਾਈ ਬੁੱਧਾ ਸਿੰਘ, ਉਹਨਾਂ ਦੇ ਸਾਥੀ ਨਿਰਮਲ ਸਿੰਘ ਅਤੇ ਵਿਦਿਆਰਥੀ ਸਾਥੀਆਂ ਨੇ ਕੀਰਤਨ ਕਰਕੇ ਸਰਬੱਤ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਤੇਜਬੀਰ ਸਿੰਘ ਜੀ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀ ਸੰਭਾਲ ਤੋਂ ਪ੍ਰਕਾਸ਼ ਤੱਕ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਇਸ ਮੌਕੇ ਅਕੈਡਮੀ ਦੇ ਮੁੱਖ ਸੰਚਾਲਕ ਭਾਈ ਮਲਕੀਤ ਸਿੰਘ ਜੀ ਨੇ ਸਰਬੱਤ ਸੰਗਤਾਂ ਨੂੰ ਗੁਰਬਾਣੀ ਨਾਲ ਪਿਆਰ ਤੇ ਸਤਿਕਾਰ ਬਾਰੇ ਦੱਸਿਆ। ਪ੍ਰਿੰਸੀਪਲ ਸੁਖਦੀਪਜੀਤ ਸਿੰਘ ਅਤੇ ਸੁਪਰਡੈਂਟ ਗੁਰਬਿੰਦਰ ਸਿੰਘ ਨੇ ਅਕੈਡਮੀ ਦੇ ਸਾਰੇ ਪਰਿਵਾਰ ਨੂੰ ਵਧਾਈਆਂ ਦਿੱਤੀਆਂ ਅਤੇ ਸਾਰੇ ਪ੍ਰਸਟਾਫ਼ ਨੂੰ ਗੁਰਬਾਣੀ ਪਲੇਕਾਰਡ ਭੇਟ ਕੀਤੇ।ਇਨ੍ਹਾਂ ਪ੍ਰਕਾਸ਼ ਦਿਹਾੜੇ ਦੇ ਸਮਾਗਮਾਂ ਸਮੇਂ ਭਾਈ ਸਤਵੰਤ ਸਿੰਘ, ਡਾਕਟਰ ਭਾਈ ਹਰਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਅਮਰੀਕ ਸਿੰਘ, ਭਾਈ ਹਰਮਨਪ੍ਰੀਤ ਸਿੰਘ, ਭਾਈ ਅਰਜਨ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੀ ਹਾਜ਼ਰ ਸਨ।

# ਮੰਦਰ ਕਮੇਟੀ ਵੱਲੋਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦਾ ਮਾਣ-ਸਨਮਾਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਥਾਨਕ ਕਸਬੇ ਦੀ ਦਾਣਾ ਮੰਡੀ ਸਥਿਤ ਪੁਰਾਤਨ ਸ਼ੀਤਲਾ ਮਾਤਾ ਮੰਦਰ ਵਿਖੇ ਵੈਸ਼ਨੋ ਭਜਨ ਮੰਡਲੀ ਸ਼ੀਤਲਾ ਵੈੱਲਫੇਅਰ ਲੋਕ ਹਿੱਤ ਸੁਸਾਇਟੀ ਰਜਿ; ਡੇਰਾ ਬਾਬਾ ਨਾਨਕ ਵੱਲੋਂ ਹਰ ਸਾਲ ਦੀ ਤਰ੍ਹਾਂ 55ਵਾਂ ਸਾਲਾਨਾ ਜਾਗਰਣ ਤੇ ਭੰਡਾਰਾ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਮਹਿਲਾ ਕੀਰਤਨ ਮੰਡਲੀ ਵੱਲੋਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ।ਸਮਾਗਮ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਡੇਰਾ ਬਾਬਾ ਨਾਨਕ ਹਲਕੇ ਤੋਂ ਆਪ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਪ੍ਰਧਾਨ ਰਾਜੇਸ਼ ਗੁਪਤਾ ਅਤੇ ਨਗਰ ਕੌਂਸਲ ਡੇਰਾ ਬਾਬਾ



ਨਾਨਕ ਦੇ ਕੌਂਸਲਰਾਂ ਨੂੰ ਮੰਦਰ ਦੇ ਮੁੱਖ ਪੁਜਾਰੀ ਪੰਡਿਤ ਭੁਵਨ ਸ਼ਾਸਤਰੀ ਅਤੇ ਰਾਜ ਕੁਮਾਰ ਦੀ ਅਗਵਾਈ ਵਿੱਚ ਮੰਦਰ ਕਮੇਟੀ ਵੱਲੋਂ ਮਾਤਾ ਰਾਣੀ ਦੀ ਲਾਲ ਚੁੰਨੀ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਰੰਧਾਵਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆ ਸਾਲਾਨਾ ਜਾਗਰਣ ਦੀ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਆਪਣੇ ਦੇਵੀ ਦੇਵਤਿਆਂ ਦੇ ਧਾਰਮਿਕ ਸਮਾਗਮ ਰਲ-ਮਿਲ ਕੇ ਮਨਾਉਣੇ ਚਾਹੀਦੇ ਹਨ।ਇਸ ਮੌਕੇ ਉਨ੍ਹਾਂ ਮੰਦਰ ਕਮੇਟੀ ਦੀ ਮੰਗ ਤੇ ਮੰਦਰ ਵਿੱਚ ਆਧੁਨਿਕ ਤਰੀਕੇ ਦੇ ਬਾਥਰੂਮ ਬਣਾਉਣ ਦਾ ਐਲਾਨ ਕੀਤਾ ।ਸੰਗਤਾਂ ਲਈ ਲੰਗਰ ਭੰਡਾਰਾ ਅਤੁੱਟ ਵਰਤਾਇਆ ਗਿਆ।ਪ੍ਰਬੰਧਕਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਰਾਤ ਨੂੰ ਜਾਗਰਣ ਮੌਕੇ ਗਾਇਕ ਲਖਵਿੰਦਰ ਫ਼ਿਰੋਜ਼, ਮੈਡਮ ਆਸ਼ੂ ਚੌਹਾਨ ਸ਼ਗਿਰਦ ਉਸਤਾਦ ਫ਼ਿਰੋਜ ਖਾਨ ਮਾਤਾ ਰਾਣੀ ਦੀਆਂ ਭੇਟਾ ਗਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ।ਇਸ ਮੌਕੇ ਪੀ. ਏ. ਲਵਪ੍ਰੀਤ ਸਿੰਘ, ਪ੍ਰਧਾਨ ਰਾਜੇਸ਼ ਕੁਮਾਰ, ਬਿੱਟਾ ਮਹਾਜਨ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਸੱਤਪਾਲ ਸ਼ੌਕੀ, ਸੰਮਤੀ ਮੈਂਬਰ ਬਲਵਿੰਦਰ ਸਿੰਘ ਗੋਰਾਇਆ, ਕੌਂਸਲਰ ਹਰਿੰਦਰ ਸਿੰਘ, ਕੌਂਸਲਰ ਸੁਖਵਿੰਦਰ ਸਿੰਘ ਪੱਖੋਕੇ, ਸਰਪ੍ਰਸਤ ਰਵਿੰਦਰ ਸਿੰਘ ਬੇਦੀ, ਸਰਪ੍ਰਸਤ ਅਸ਼ੋਕ ਕੁਮਾਰ ਮਹਿਰਾ, ਮਾਸਟਰ ਮੁਕੇਸ਼ ਕੁਮਾਰ ਸ਼ਰਮਾ, ਬਾਵਾ ਦਾਸ, ਪ੍ਰਧਾਨ ਨਰਿੰਦਰ ਕੁਮਾਰ, ਹਰਸਿਮਰਤ ਸਿੰਘ ਬਾਜਵਾ ਵੇਰੋਕੇ, ਮਾਸਟਰ ਦਵਿੰਦਰ ਕੁਮਾਰ, ਮਾਸਟਰ ਸੰਜੀਵ ਸਰਨਾ, ਨੀਰਜ ਕੁਮਾਰ ਟਿੰਕੂ, ਨਰੇਸ਼ ਕੁਮਾਰ, ਮਾਸਟਰ ਰਾਮ ਸਰੂਪ, ਰਾਮ ਪਾਲ, ਜੇ ਈ ਰੁਪਿੰਦਰ ਕੁਮਾਰ, ਜਸਪਾਲ, ਸੋਨੂੰ ਫੋਟੋਗ੍ਰਾਫਰ, ਮੂਲ ਰਾਜ ਭੱਟੀ, ਬੋਧ ਰਾਜ, ਕਰਨਦੀਪ, ਸੁਮਿਤ ਅਰੋੜਾ, ਗੁਰਮੁੱਖ ਸਿੰਘ ਫੌਜੀ ਮਛਰਾਲਾ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

# ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਵਿਚਾਰਧਾਰਾ ਨੂੰ ਮਜ਼ਬੂਤ ਕਰਨ ਦਾ ਸੱਦਾ



**ਮਜੀਠਾ (ਸੋਇਮ ਆਨੰਦ)**- ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਹਲਕਾ ਮਜੀਠਾ ਦੇ ਪਿੰਡ ਗੁੱਜਰਪੁਰਾ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਪਿੰਡ ਵਾਸੀਆਂ ਵੱਲੋਂ ਭਰਵਾਂ ਸਹਿਯੋਗ ਦਿੱਤਾ ਗਿਆ।ਮੀਟਿੰਗ ਦੌਰਾਨ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤ, ਮਨੁੱਖੀ ਅਧਿਕਾਰਾਂ ਦੇ ਘਾਣ ਅਤੇ ਪੰਜਾਬ ਦੇ ਭਵਿੱਖ ਨੂੰ ਲੈ ਕੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਹਲਕਾ ਮਜੀਠਾ ਦੇ ਇੰਚਾਰਜ ਭਾਈ ਨਾਥਵਿੰਦਰ ਸਿੰਘ ਬਾਜਵਾ, ਭਾਈ ਪੱਪਲਪ੍ਰੀਤ ਸਿੰਘ ਦੇ ਮਾਤਾ, ਭਾਈ ਜੁਗਰਾਜ ਸਿੰਘ ਉਦੋ ਨੰਗਲ (ਯੂਥ ਪ੍ਰਧਾਨ) ਅਤੇ ਭਾਈ ਕਿਰਪਾਲ ਸਿੰਘ (ਸਰਕਲ ਇੰਚਾਰਜ) ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਸ਼ਾਮਲ ਹੋਏ ਅਤੇ ਹਾਜ਼ਰ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਵਿਚਾਰਧਾਰਾ ਅਤੇ ਪੰਜਾਬ ਦੇ ਹੱਕਾਂ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਸੰਗਤਾਂ ਨੂੰ ਵਿਸਥਾਰ ਨਾਲ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਸਿੱਖੀ ਅਤੇ ਪੰਜਾਬੀਅਤ ਨਾਲ ਜੋੜਨ ਦਾ ਵੱਡਾ ਉਪਰਾਲਾ ਕਰ ਰਹੇ ਹਨ।

# ਪਾਕਿ ਸਿੱਖ ਸ਼ਰਧਾਲੂਆਂ ਨੂੰ ਫੈਸਲਾਬਾਦ ਹਵਾਈ ਅੱਡੇ 'ਤੇ ਰੋਕਣਾ ਮੰਦਭਾਗਾ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਭਾਰਤ ਵਿਚਲੇ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਆ ਰਹੇ ਪਾਕਿਸਤਾਨ ਦੇ 104 ਸਿੱਖ ਸ਼ਰਧਾਲੂਆਂ ਨੂੰ ਫੈਸਲਾਬਾਦ ਹਵਾਈ ਅੱਡੇ 'ਤੇ ਰੋਕੇ ਜਾਣ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ਬੇਹੱਦ ਮੰਦਭਾਗਾ ਆਖਿਆ। ਉਨ੍ਹਾਂ ਕਿਹਾ ਕਿ ਚਾਹੀਦਾ ਤਾਂ ਇਹ ਸੀ ਕਿ ਭਾਰਤ ਸਰਕਾਰ ਤੋਂ ਵੀਜ਼ਾ ਪ੍ਰਾਪਤ ਕਰਨ ਵਾਲੇ ਇਨ੍ਹਾਂ ਸਿੱਖ ਸ਼ਰਧਾਲੂਆਂ ਨੂੰ ਵਾਹਗਾ ਸਰਹੱਦ ਰਸਤੇ ਭਾਰਤ ਆਉਣ ਦੀ ਇਜਾਜ਼ਤ ਹੁੰਦੀ ਪਰੰਤੂ ਜੇਕਰ ਅਜਿਹਾ ਨਹੀਂ ਹੋਇਆ ਤਾਂ ਉਨ੍ਹਾਂ ਨੂੰ ਹਵਾਈ ਰਸਤੇ ਆਉਣ ਤੋਂ ਫੈਸਲਾਬਾਦ ਹਵਾਈ ਅੱਡੇ 'ਤੇ ਪਾਕਿਸਤਾਨੀ ਅਧਿਕਾਰੀਆਂ ਵੱਲੋਂ ਅਖ਼ੀਰ ਸਮੇਂ ਰੋਕਣਾ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਯਾਤਰਾਵਾਂ ਮਨੁੱਖੀ ਭਾਵਨਾਵਾਂ ਨਾਲ ਜੁੜੀਆਂ ਹੁੰਦੀਆਂ ਹਨ। ਜਦੋਂ ਭਾਰਤ ਸਰਕਾਰ ਵੱਲੋਂ ਇਨ੍ਹਾਂ ਸ਼ਰਧਾਲੂਆਂ ਨੂੰ ਬਕਾਇਦਾ ਵੀਜ਼ੇ ਜਾਰੀ ਕੀਤੇ ਜਾ ਚੁੱਕੇ ਹਨ ਤਾਂ ਉਨ੍ਹਾਂ ਨੂੰ ਭਾਰਤ ਆਉਣ ਤੋਂ ਰੋਕਣਾ ਅਤੇ ਯਾਤਰਾ ਦੇ ਆਖਰੀ ਸਮੇਂ 'ਤੇ ਨਵੀਂ ਤਰ੍ਹਾਂ ਦੀਆਂ ਸ਼ਰਤਾਂ ਲਗਾਉਣਾ ਸ਼ਰਧਾਲੂਆਂ ਲਈ ਬੇਹੱਦ ਦੁਖਦਾਈ ਹੈ।

# ਪੰਜਾਬ ਬਚਾਓ ਰੈਲੀ ਨੂੰ ਲੈ ਕੇ ਵਰਕਰਾਂ 'ਚ ਭਾਰੀ ਉਤਸ਼ਾਹ : ਕੰਚਨਪ੍ਰੀਤ ਕੌਰ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤ ਕਰਨ ਅਤੇ ਵਰਕਰਾਂ 'ਚ ਨਵਾਂ ਜੋਸ਼ ਭਰਨ ਦੇ ਮਕਸਦ ਨਾਲ 20 ਸਤੰਬਰ ਦਿਨ ਐਤਵਾਰ ਨੂੰ ਬਾਬਾ ਬੁੱਢਾ ਜੀ ਕਾਲਜ ਦੀ ਗਰਾਊਂਡ ਵਿਚ ਹੋ ਰਹੀ ਪੰਜਾਬ ਬਚਾਓ ਰੈਲੀ ਨੂੰ ਲੈ ਕੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਝਬਾਲ ਵਿਖੇ ਸੀਨੀਅਰ ਅਕਾਲੀ ਆਗੂ ਪੂਰਨ ਸਿੰਘ ਝਬਾਲ, ਸਾਬਕਾ ਸਰਪੰਚ ਬਲਵਿੰਦਰ ਸਿੰਘ ਬਾਬਾ ਲੰਗਾਹ, ਗੁਰਿੰਦਰ ਸਿੰਘ ਬਾਬਾ ਲੰਗਾਹ ਤੇ ਹਲਕਾ ਇੰਚਾਰਜ ਬੀਬਾ ਕੰਚਨਪ੍ਰੀਤ ਕੌਰ ਨੇ ਕਿਹਾ ਕਿ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ ਅਤੇ ਅਕਾਲੀ ਵਰਕਰਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ 20 ਸਤੰਬਰ ਦੀ ਰੈਲੀ ਨੂੰ ਯਾਦਗਾਰੀ ਬਣਾਇਆ ਜਾਵੇਗਾ।ਇਸ ਮੌਕੇ ਕਰਨ ਘਪਲਾ, ਗੁਰਪ੍ਰੀਤ ਸਿੰਘ, ਮੰਗਾ ਮੰਨਣ, ਸੁਰਜਨ ਸਿੰਘ ਝਬਾਲ, ਗੁਰਜੀਤ ਸਿੰਘ ਜੱਜ, ਸਰਬਜੀਤ ਸਿੰਘ ਝਬਾਲ ਖੁਰਦ, ਰੂਬੀ ਝਬਾਲ ਤੋਂ ਇਲਾਵਾ ਹੋਰ ਵੀ ਅਕਾਲੀ ਵਰਕਰ ਹਾਜ਼ਰ ਸਨ।

# 'ਹਉਕਾ ਸਾਹ ਨਹੀਂ ਹੁੰਦਾ' 'ਤੇ ਵਿਚਾਰ ਚਰਚਾ ਤੇ ਸਾਹਿਤਕ ਸਮਾਗਮ

**ਬੰਗਾ (ਅਵਤਾਰ ਕਲੇਰ)**- ਪੰਜਾਬੀ ਸਾਹਿਤ ਚੇਤਨਾ ਮੰਚ ਬੰਗਾ ਵੱਲੋਂ ਸਿੱਖ ਨੈਸ਼ਨਲ ਕਾਲਜ ਵਿਖੇ ਸ਼ਾਇਰ ਕਲਵਿੰਦਰ ਕੁੱਲਾ ਦੇ ਕਵਿਤਾ ਸੰਗ੍ਰਹਿ 'ਹਉਕਾ ਸਾਹ ਨਹੀਂ ਹੁੰਦਾ' ਤੇ ਵਿਚਾਰ ਚਰਚਾ ਅਤੇ ਸਾਹਿਤਕ ਸਮਾਗਮ ਕਰਵਾਇਆ ਗਿਆ। ਪ੍ਰਸਿੱਧ ਖੇਤੀਬਾੜੀ ਮਾਹਿਰ, ਲੇਖਕ ਮਹਿੰਦਰ ਸਿੰਘ ਜਗਤਪੁਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸਮਾਗਮ ਦੇ ਵਿਸ਼ੇਸ਼ ਮਹਿਮਾਨ ਡਾ ਬਖ਼ਸੀਸ ਸਿੰਘ ਤੋਂ ਇਲਾਵਾ ਪ੍ਰਧਾਨਗੀ



ਮੰਡਲ ਵਿੱਚ ਪ੍ਰਿੰਸੀਪਲ ਡਾ. ਇੰਦੂ ਰੱਤੀ, ਪ੍ਰੋਫੈਸਰ ਬਲਜੀਤ ਸਿੰਘ ਬੱਲੀ, ਪ੍ਰਿੰਸੀਪਲ ਨਵਤੇਜ ਗੜ੍ਹਦੀਵਾਲਾ, ਪ੍ਰਿੰਸੀਪਲ ਡਾ. ਹਰਭਜਨ ਸਿੰਘ ਕਰਨਾਣਾ (ਭਾਰਤ ਵਿਭੂਸ਼ਣ), ਡਾ. ਸੋਮਾ ਸਬਲੋਕ ਸੁਸ਼ੋਭਤ ਸਨ। ਸਮਾਗਮ ਦੀ ਸ਼ੁਰੂਆਤ ਕਰਦਿਆਂ ਮੰਚ ਦੇ ਪ੍ਰਧਾਨ ਸੋਮਾ ਸਬਲੋਕ ਨੇ ਆਏ ਹੋਏ ਸਭ ਮਹਿਮਾਨਾਂ, ਸਾਹਿਤ ਪ੍ਰੇਮੀਆਂ ਨੂੰ ਆਇਆਂ ਨੂੰ ਕਿਹਾ। ਉਨ੍ਹਾਂ ਮੰਚ ਦੇ ਉਦੇਸ਼ ਪ੍ਰਤੀ ਅਤੇ ਪਿਛਲੇ ਸਮੇਂ ਵਿੱਚ ਕੀਤੀ ਕਾਰਗੁਜ਼ਾਰੀ ਦਾ ਵੇਰਵਾ ਸਾਂਝਾ ਕੀਤਾ। ਪ੍ਰਿੰਸੀਪਲ ਡਾ ਇੰਦੂ ਰੱਤੀ ਨੇ ਪੰਜਾਬੀ ਸਾਹਿਤ ਨੂੰ ਪ੍ਰਫੁਲਿੱਤ ਕਰਨ ਲਈ ਕੀਤੇ ਜਾ ਰਹੇ ਕਾਰਜ ਲਈ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਨੂੰ ਆਪਣੀ ਬੋਲੀ ਤੇ ਮਾਣ ਕਰਨਾ ਚਾਹੀਦਾ ਹੈ। ਮੰਚ ਦੇ ਬੈਨਰ ਤੋਂ ਝਲਕਦੀ ਮਨੁੱਖਤਾ ਪੂਰਨ ਸੋਚ ਦੀ ਵਡਿਆਈ ਕੀਤੀ। ਇਸ ਸਮਾਗਮ ਵਿੱਚ ਪ੍ਰੋਫੈਸਰ ਡਾ ਸੋਨੀਆ ਦੇਵੀ ਮੁਕੇਰੀਆਂ ਵੱਲੋਂ ਕਿਤਾਬ ਤੇ ਪਰਚਾ ਪੜ੍ਹਿਆ ਗਿਆ। ਉਨ੍ਹਾਂ ਕਿਹਾ ਕਿ ਸ਼ਾਇਰ ਦੀ ਕਾਵਿ ਕਿਰਤ ਅੰਦਰ ਵਿਸ਼ਿਆਂ ਦੀ ਵਿਭਿੰਨਤਾ ਹੈ, ਜਜ਼ਬੇ ਹਨ, ਰਿਸ਼ਤਿਆਂ ਦੀ ਮਹਿਕ ਨੂੰ ਬਰਕਰਾਰ ਰੱਖਣ ਦਾ ਹੋਕਾ ਹੈ, ਹੱਕ ਸੱਚ ਦੀ ਆਵਾਜ਼ ਬੁਲੰਦ ਕਰਨ ਦੀ ਤਾਕੀਦ ਹੈ। ਇਸ ਪਰਚੇ ਤੇ ਪ੍ਰੋਫੈਸਰ ਬਲਦੇਵ ਸਿੰਘ ਬੱਲੀ, ਪ੍ਰਿੰਸੀਪਲ ਨਵਤੇਜ ਗੜ੍ਹਦੀਵਾਲਾ, ਰਜਨੀ ਸ਼ਰਮਾ, ਜਸਪ੍ਰੀਤ ਕੌਰ, ਸੁੱਖਮਨਵੀਰ ਸਿੰਘ ਨੇ ਚਰਚਾ ਵਿੱਚ ਭਾਗ ਲਿਆ ਅਤੇ ਵੱਖ -ਵੱਖ ਨੁਕਤਿਆਂ ਤੇ ਚਰਚਾ ਕੀਤੀ ਗਈ। ਸਮਾਪਤੀ ਤੇ ਪ੍ਰਿੰਸੀਪਲ ਡਾ ਹਰਭਜਨ ਸਿੰਘ ਕਰਨਾਣਾ (ਭਾਰਤ ਵਿਭੂਸ਼ਣ) ਹੋਰਨਾਂ ਨੇ ਸਾਰੇ ਮਹਿਮਾਨਾਂ,ਚਰਚਾ ਵਿੱਚ ਭਾਗ ਲੈਣ ਵਾਲਿਆਂ, ਸਰੋਤਿਆਂ ਅਤੇ ਦੇ ਕਾਲਜ ਦੀ ਪ੍ਰਿੰਸੀਪਲ ਅਤੇ ਸਹਿਯੋਗੀ ਸਟਾਫ਼ ਦਾ ਧੰਨਵਾਦ ਕੀਤਾ। ਇਸ ਸਾਹਿਤਕ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਪ੍ਰੋ ਨਰਿੰਦਰਜੀਤ ਕੌਰ, ਆਕਾਸ਼ ਵਿਰਦੀ, ਮਨਜੀਤ ਸਿੰਘ ਮੁਕੇਰੀਆਂ,ਪ੍ਰੋ. ਤਜਿੰਦਰ ਸਿੰਘ,ਗ਼ਜ਼ਲਗੋ ਗੁਰਦੀਪ ਸੈਣੀ, ਗੁਰਨਾਮ ਬਾਵਾ ਨਾਵਲਕਾਰ, ਪ੍ਰੋ. ਸਾਹਿਬਾਂ ਜੀਟਨ ਕੌਰ, ਡਾ. ਸੁਨਿਧੀ ਮਿਗਲਾਨੀ, ਸੁਰਿੰਦਰ ਕਰਮ ਲਧਾਣਾ, ਸੁਰੇਸ਼ ਚੌਹਾਨ ਕਰਨਾਣਾ, ਬਲਵੀਰ ਕੌਰ ਬੱਬੂ ਸੈਣੀ, ਪ੍ਰੋ. ਅਲਕਾ, ਪ੍ਰੋ. ਹਰਪਾਲ ਕੌਰ, ਪ੍ਰੋ. ਪੂਜਾ, ਡਾ. ਗੁਰਵਿੰਦਰ ਸਿੰਘ, ਮਨਪ੍ਰੀਤ ਕੌਰ ਨਵਾਂ ਸਹਿਰ, ਡਾ. ਰਵਿੰਦਰ ਕੌਰ, ਡਾ.ਜੋਤੀ ਪ੍ਰਕਾਸ਼, ਡਾ. ਵਿਪਨ, ਡਾ.ਕਮਲਜੀਤ ਕੌਰ ਹੁਸ਼ਿਆਰਪੁਰ, ਪ੍ਰੋ. ਰੂਬੀ ਰਾਇਪੁਰ ਡੱਬਾ ਦੀਪ ਜਗਤਪੁਰੀ, ਰਣਜੀਤ ਪੋਸੀ, ਮਾਸਟਰ ਸੁੱਚਾ ਰਾਮ, ਅਮਰਜੀਤ ਅਮਰੀ (ਪਾਲ ਕਦੀਮ), ਵਿਨੇ ਸ਼ਰਮਾ, ਸ਼ਿੰਗਾਰਾ ਲੰਗੇਰੀ, ਤਲਵਿੰਦਰ, ਦੀਪ ਕਲੇਰ ਆਦਿ ਨੇ ਸ਼ਮੂਲੀਅਤ ਕੀਤੀ।

# ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਸ਼ਹਿਰ 'ਚ ਸਫ਼ਾਈ ਮੁਹਿੰਮ ਜਾਰੀ

**ਬਟਾਲਾ, (ਤਰਲੋਕ ਬੱਗਾ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਜਾਰੀ ਹੈ।ਵਿਧਾਇਕ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਸਥਾਨਾਂ ਦਾ ਦੌਰਾ ਕਰਦਿਆਂ ਆਪਣੀ ਮੌਜੂਦਗੀ ਵਿੱਚ ਕੂੜੇ ਦੇ ਢੇਰਾਂ ਨੂੰ ਚੁਕਵਾਇਆ ਗਿਆ।



ਉਨ੍ਹਾਂ ਸ਼ਹਿਰ ਵਾਸੀਆਂ ਨੂੰ ਸਵੱਛ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਸਹਿਯੋਗ ਕਰਨ ਦੀ ਅਪੀਲ ਕਰਦਿਆਂ ਦੁਕਾਨਦਾਰਾਂ ਨੂੰ ਆਪਣੇ ਆਲੇ-ਦੁਆਲੇ ਸਫਾਈ ਰੱਖਣ ਅਤੇ ਮਾਰਕਟ ਨੂੰ ਸਾਫ਼-ਸੁਥਰਾ ਰੱਖਣ ਲਈ ਕਿਹਾ।ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾਉਣ ਲਈ ਇਲਾਕੇ ਵਿੱਚ ਸਫਾਈ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਵੱਲ ਲਗਾਤਾਰ ਉਪਰਾਲੇ ਜਾਰੀ ਹਨ।ਉਨ੍ਹਾਂ ਕਿਹਾ ਕਿ ਆਓ, ਅਸੀਂ ਸਭ ਮਿਲ ਕੇ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖੀਏ।

ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਸਿਹਤਮੰਦ ਸਮਾਜ ਦੀ ਨੀਂਹ ਹੈ।ਆਪਣੇ ਸ਼ਹਿਰ ਅਤੇ ਇਲਾਕੇ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਈ ਰੱਖਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਸਫਾਈ ਅਭਿਆਨ ਦੌਰਾਨ ਖੁਦ ਸਫ਼ਾਈ ਕਾਰਜਾਂ ਵਿੱਚ ਹਿੱਸਾ ਲੈ ਕੇ ਸਵੱਛਤਾ ਪ੍ਰਤੀ ਜਾਗਰੂਕਤਾ ਦਾ ਸੰਦੇਸ਼ ਦਿੰਦਿਆਂ ਕਿਹਾ ਕਿਹਾ ਕਿ ਸਾਡਾ ਆਲਾ-ਦੁਆਲਾ ਸਾਫ਼-ਸੁਥਰਾ ਤੇ ਸੁੰਦਰ ਬਣਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

## ਵਾਤਾਵਰਣ ਦੀ ਸ਼ੁੱਧਤਾ ਲਈ ਰੁੱਖ ਲਗਾ ਕੇ ਉਨ੍ਹਾਂ ਦਾ ਪਾਲਣ ਪੋਸ਼ਣ ਕਰੋ : ਕਮਲ ਸੀਪਾ



**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮ ਪੁਰ)**- ਅੱਜਕੱਲ ਪ੍ਰਦੂਸ਼ਣ ਦੀ ਸਮੱਸਿਆ ਬਹੁਤ ਵੱਧ ਗਈ ਹੈ, ਪ੍ਰਦੂਸ਼ਣ ਦੀ ਸਮੱਸਿਆ ਵੱਧਣ ਕਾਰਨ ਮਨੁੱਖ ਅਤੇ ਪਸ਼ੂ ਪੰਛੀ ਵੀ ਇਸ ਤੋਂ ਪ੍ਰਭਾਵਿਤ ਹੋ ਰਹੇ ਹਨ। ਧਰਤੀ ਦਾ ਵਾਤਾਵਰਣ ਗੰਧਲਾ ਹੋ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਾਤਾਵਰਣ ਪ੍ਰੇਮੀ ਤੇ ਪ੍ਰਸਿੱਧ ਗਾਇਕ ਕਮਲ ਸੀਪਾ ਨੇ ਪੱਤਰਕਾਰ ਨਾਲ ਕੀਤਾ। ਉਨ੍ਹਾਂ ਸਮੂਹ ਸਮਾਜ ਸੇਵੀ ਕਲੱਬਾਂ ਅਤੇ ਸਮਾਜ ਵਿੱਚ ਰਹਿੰਦੇ ਹਰ ਵਰਗ ਨੂੰ ਅਪੀਲ ਕੀਤੀ ਕਿ ਉਹ ਧਰਤੀ ਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਵਾ ਕੇ ਉਨ੍ਹਾਂ ਦਾ ਪਾਲਣ ਪੋਸ਼ਣ ਕਰਨ।

## ਜੇ ਆਰ ਐੱਸ ਡੀ ਏ ਵੀ ਪਬਲਿਕ ਸਕੂਲ 'ਚ ਹਵਨ ਯੱਗ ਕਰਵਾਇਆ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਜੇ. ਆਰ. ਐੱਸ. ਡੀ. ਏ. ਵੀ. ਪਬਲਿਕ ਸਕੂਲ ਝਬਾਲ ਵਿਖੇ ਡਾ. ਪੱਲਵੀ ਸੇਠੀ, ਸਕੂਲ ਮੈਨੇਜਰ ਡਾ. ਨੀਰਾ ਸ਼ਰਮਾ ਦੀ ਅਗਵਾਈ ਅਤੇ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਦੀ ਅਗਵਾਈ ਹੇਠ ਹਵਨ ਯੱਗ ਸੰਪੰਨ ਹੋਇਆ। ਆਯੋਜਨ ਸ਼ਰਧਾ ਅਤੇ ਗਰਿਮਾ ਨਾਲ ਕੀਤਾ ਗਿਆ। ਇਸ ਮੌਕੇ ਅਮਰਦੀਪ ਗੁਪਤਾ ਪ੍ਰਧਾਨ ਆਰਿਆ ਸਮਾਜ ਲੋਹਗੜ੍ਹ ਨੇ ਹਵਨ-ਯੱਗ ਦੌਰਾਨ 'ਸਕਾਰਾਤਮਕ ਸੋਚ' ਵਿਸ਼ੇ 'ਤੇ ਆਪਣੇ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ। ਮਾਨਯੋਗ



ਸੁਦਰਸ਼ਨ ਕਪੂਰ ਨੇ ਵੀ ਆਪਣੇ ਪ੍ਰੇਰਨਾਦਾਇਕ ਵਿਚਾਰ ਪ੍ਰਗਟ ਕਰਦਿਆਂ ਵਿਦਿਆਰਥੀਆਂ ਨੂੰ ਵੈਦਿਕ ਸੰਸਕਾਰਾਂ ਅਤੇ ਭਾਰਤੀ ਸੰਸਕ੍ਰਿਤੀ ਨੂੰ ਆਪਣੇ ਜੀਵਨ ਦਾ ਅਟੁੱਟ ਹਿੱਸਾ ਬਣਾਉਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਸਕੂਲ ਦੇ 16 ਹੋਣਹਾਰ ਵਿਦਿਆਰਥੀਆਂ ਨੂੰ ਗੋਲਡ ਅਤੇ ਸਿਲਵਰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਸਮੁੱਚੇ ਆਯੋਜਨ ਨੂੰ ਸਫਲ ਬਣਾਉਣ ਲਈ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਉਣ ਵਾਲੀਆਂ ਅਧਿਆਪਕਾਵਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

# ਮਹਿਲਾਵਾਂ ਦਾ ਸਤਿਕਾਰ ਤੇ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਬਹੁਤ ਜ਼ਰੂਰੀ : ਤਲਬੀਰ ਸਿੰਘ ਗਿੱਲ

**ਮਜਿਠਾ, ਚਵਿੰਡਾ ਦੇਵੀ (ਸੋਇਮ ਆਨੰਦ, ਖੁਸ਼ਹਾਲ ਸੁੰਦਰ)**- ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਰੋਇਲ ਵਿਲਾ ਪੈਲੇਸ ਹਲਕਾ ਮਜੀਠਾ ਵਿਖੇ



ਮਹਿਲਾਵਾਂ ਦਾ ਮਾਣ-ਸਨਮਾਨ ਕੀਤਾ ਗਿਆ।ਇਸ ਮੌਕੇ ਉਨ੍ਹਾਂ ਸਰਕਾਰ ਦੀ ਯੋਜਨਾ ਤਹਿਤ ਫਾਰਮ ਭਰਨ ਵਾਲੀਆਂ ਅਤੇ ਹਰ ਮਹੀਨੇ ਆਪਣੇ ਖਾਤਿਆਂ ਵਿੱਚ 1000 ਰੁਪਏ ਜਾਂ 1500 ਰੁਪਏ ਦੀ ਰਾਸ਼ੀ ਪ੍ਰਾਪਤ ਕਰਨ ਵਾਲੀਆਂ ਮਹਿਲਾਵਾਂ ਨੂੰ ਸਨਮਾਨਿਤ ਕੀਤਾ।ਇਸ ਮੌਕੇ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਮਹਿਲਾਵਾਂ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਸਨਮਾਨਿਤ ਮਹਿਲਾਵਾਂ ਨੇ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦਿੱਤਾ ਗਿਆ ਇਹ ਸਨਮਾਨ ਉਨ੍ਹਾਂ ਲਈ ਹੌਸਲੇ ਅਤੇ ਖੁਸ਼ੀ ਦਾ ਕਾਰਨ ਹੈ। ਇਸ ਮੌਕੇ ਸਰਪੰਚ ਅਮਨ, ਵੂਮੈਨ ਵਿੰਗ ਹਲਕਾ ਕੋਆਰਡੀਨੇਟਰ, ਪੰਮਾ ਪ੍ਰਧਾਨ, ਹਲਕਾ ਕੋਆਰਡੀਨੇਟਰ ਮਨਦੀਪ ਸਿੰਘ ਸਰਪੰਚ, ਚੇਅਰਮੈਨ ਸਿਕੰਦਰ ਸਿੰਘ ਮਜੀਠਾ ਬਲਾਕ-02, ਸਾਬਕਾ ਸਰਪੰਚ ਸਵਰਨਜੀਤ ਸਿੰਘ, ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ, ਬਲਾਕ ਪ੍ਰਧਾਨ ਅਮਰਬੀਰ ਸਿੰਘ ਡਾਰੀਕੇ ਅਤੇ ਸਰਪੰਚ ਗੁਰਪਿੰਦਰ ਸਿੰਘ ਝੰਡੇ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

ਇਸ ਮੌਕੇ ਰੁਪਿੰਦਰ ਕੌਰ, ਦਵਿੰਦਰ ਕੌਰ, ਸੁਖਜਿੰਦਰ ਕੌਰ, ਮਨਦੀਪ ਕੌਰ, ਸਰਬਜੀਤ ਕੌਰ, ਰਾਜਵਿੰਦਰ ਕੌਰ, ਬਲਰਾਜ ਕੌਰ, ਵੀਨਾ ਰਾਣੀ, ਕਬਜਤ ਕੌਰ, ਹਰਪ੍ਰੀਤ ਕੌਰ ਸਭਰਵਾਲ, ਰਜਿੰਦਰ ਕੌਰ, ਸੁਖਵਿੰਦਰ ਕੌਰ, ਰਾਜਵਿੰਦਰ ਕੌਰ, ਰਾਜਦੀਪ ਕੌਰ ਅਤੇ ਸੋਨੀਆ ਸੋਹਲ ਸਮੇਤ ਹੋਰ ਮਹਿਲਾਵਾਂ ਹਾਜ਼ਰ ਸਨ। ਹਲਕਾ ਮਜੀਠਾ ਦੀਆਂ ਮਹਿਲਾਵਾਂ ਨੇ ਮਾਨ ਸਰਕਾਰ ਦਾ ਸਾਥ ਦੇਣ ਦਾ ਵਾਅਦਾ ਕਰਦਿਆਂ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀਆਂ ਨੀਤੀਆਂ ਤੋਂ ਖੁਸ਼ ਹਨ ਅਤੇ ਉਨ੍ਹਾਂ ਦੇ ਨਾਲ ਖੜ੍ਹੀਆਂ ਹਨ।

# ਇੰਪਲਾਈਜ਼ ਫੈਡਰੇਸ਼ਨ (ਚਾਹਲ) ਦੀ ਸਬ ਅਰਬਨ ਸਰਕਲ ਅੰਮ੍ਰਿਤਸਰ ਦੀ ਮੀਟਿੰਗ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)** ਇੰਪਲਾਈਜ਼ ਫੈਡਰੇਸ਼ਨ ਚਾਹਲ ਸਭ ਅਰਬਨ ਸਰਕਲ ਅੰਮ੍ਰਿਤਸਰ ਦੀ ਹੰਗਾਮੀ ਮੀਟਿੰਗ ਬਾਰਡਰ ਜ਼ੋਨ ਦੇ ਮੀਤ ਪ੍ਰਧਾਨ ਰਣਜੀਤ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬ ਦੇ ਪ੍ਰਧਾਨ ਗੁਰਵੇਲ ਸਿੰਘ ਬੱਲਪੁਰੀਆ ਅਤੇ ਪੰਜਾਬ ਦੇ ਮੀਤ ਪ੍ਰਧਾਨ ਜਸਵੰਤ ਪੰਨੂੰ ਉਚੇਚੇ ਤੌਰ 'ਤੇ ਸ਼ਾਮਿਲ ਹੋਏ।

ਜਿਸ ਵਿੱਚ ਸਬ ਅਰਬਨ ਸਰਕਲ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਸਬ ਅਰਬਨ ਸਰਕਲ ਦਾ ਪ੍ਰਧਾਨ ਪ੍ਰਭਜੋਤ ਸਿੰਘ ਗਿੱਲ, ਮੀਤ ਪ੍ਰਧਾਨ ਪ੍ਰਗਟ ਸਿੰਘ, ਸਕੱਤਰ ਜਤਿੰਦਰ ਸਿੰਘ, ਮੀਤ ਸਕੱਤਰ ਰਣਜੀਤ ਸਿੰਘ ਅਜਨਾਲਾ, ਖਜਾਨਚੀ ਸਤਨਾਮ ਸਿੰਘ ਸੈਹਣੇਵਾਲੀ, ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਸੁਦੇਸ਼ ਕੁਮਾਰ ਐੱਸ ਐੱਸ ਏ, ਹਰਜੀਤ ਸਿੰਘ ਰਮਦਾਸ, ਸਰਬਜੀਤ ਸਿੰਘ, ਦੀਪਕ ਕੁਮਾਰ ਐਸ. ਐੱਸ ਏ, ਕੁਲਦੀਪ ਸਿੰਘ ਕਾਹਨੂੰਵਾਲ ਸ਼ਾਮਿਲ ਹੋਏ।ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਆਉਣ ਵਾਲੇ ਬਿਜਲੀ ਬੋਰਡ ਸੰਘਰਸ਼ ਬਾਰੇ ਦੱਸਿਆ।

# ਖੁਸ਼ਮੀਤ ਕੌਰ ਮੱਲ੍ਹੀ ਵੱਲੋਂ ਰਾਜ ਪੱਧਰੀ ਯੋਗਾ ਮੁਕਾਬਲੇ 'ਚ ਸ਼ਾਨਦਾਰ ਮੁਜ਼ਾਹਰਾ

**ਬਟਾਲਾ (ਤਰਲੋਕ ਬੱਗਾ)** ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੀ ਹੋਣਹਾਰ ਯੋਗਾ ਅਭਿਆਸੀ ਖੁਸ਼ਮੀਤ ਕੌਰ ਮੱਲ੍ਹੀ ਨੇ ਭਾਰਤ ਸਰਕਾਰ ਦੇ ਖੇਡ ਮੰਤਰਾਲੇ ਦੁਆਰਾ ਮਾਨਤਾ ਪ੍ਰਾਪਤ ਅਤੇ ਰਾਸ਼ਟਰੀ ਯੋਗਾ ਫੈਡਰੇਸ਼ਨ ਨਾਲ ਸੰਬੰਧਿਤ ਪੰਜਾਬ ਰਾਜਯੋਗਾ ਐਸੋਸੀਏਸ਼ਨ ਦੀ ਅਗਵਾਈ ਹੇਠ ਡੀਸੀਐੱਮ ਪ੍ਰੈਜ਼ੀਡੈਂਸੀ ਸਕੂਲ, ਲੁਧਿਆਣਾ ਵਿਖੇ ਆਯੋਜਿਤ ਰਾਜ ਪੱਧਰੀ ਯੋਗਾ ਮੁਕਾਬਲੇ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਜ਼ਿਲ੍ਹੇ ਅਤੇ ਪੂਰੇ ਖੇਤਰ ਦਾ ਨਾਮ ਰੌਸ਼ਨ ਕੀਤਾ। ਮੁਕਾਬਲੇ ਦੇ 16 ਤੋਂ 18 ਸਾਲ (ਲੜਕੀਆਂ) ਵਰਗ ਵਿੱਚ ਗੁਰਦਾਸਪੁਰ ਜ਼ਿਲ੍ਹੇ ਦੀ ਨੁਮਾਇੰਦਗੀ ਕਰਦੇ ਹੋਏ ਖੁਸ਼ਮੀਤ ਕੌਰ ਮੱਲ੍ਹੀ ਨੇ ਮੁਸ਼ਕਲ ਆਸਣਾਂ ਅਤੇ ਸ਼ਾਨਦਾਰ ਸਰੀਰਕ ਲਚਕਤਾ ਦੇ



ਸ਼ਾਨਦਾਰ ਪ੍ਰਦਰਸ਼ਨ ਨਾਲ ਜੱਜਾਂ ਨੂੰ ਮੰਤਰਮੁਗਧ ਕਰ ਦਿੱਤਾ।ਆਪਣੇ ਬੇਮਿਸਾਲ ਅਤੇ ਮਿਸਾਲੀ ਪ੍ਰਦਰਸ਼ਨ ਦੇ ਆਧਾਰ 'ਤੇ ਉਸਨੂੰ ਆਉਣ ਵਾਲੇ ਰਾਸ਼ਟਰੀ ਯੋਗਾ ਮੁਕਾਬਲੇ ਲਈ ਚੁਣਿਆ ਗਿਆ ਹੈ।ਖੁਸ਼ਮੀਤ ਹੁਣ ਅਕਤੂਬਰ ਵਿੱਚ ਰਾਜਸਥਾਨ ਦੇ ਇਤਿਹਾਸਕ ਸ਼ਹਿਰ ਜੈਪੁਰ ਵਿੱਚ ਹੋਣ ਵਾਲੇ ਰਾਸ਼ਟਰੀ ਮੁਕਾਬਲੇ ਵਿੱਚਪੰਜਾਬ ਦੀ ਨੁਮਾਇੰਦਗੀ ਕਰੇਗੀ।ਖੁਸ਼ਮੀਤ ਕੌਰ ਮੱਲ੍ਹੀ ਦੀ ਇਸ ਬੇਮਿਸਾਲ ਪ੍ਰਾਪਤੀ ਤੇ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਵਧਾਈ ਦਿੱਤੀ।ਉਨ੍ਹਾਂ ਖੁਸ਼ਮੀਤ ਨੂੰ ਜੈਪੁਰ ਵਿੱਚ ਹੋਣ ਵਾਲੇ ਰਾਸ਼ਟਰੀ ਮੁਕਾਬਲੇ ਵਿੱਚ ਸੁਨਹਿਰੀ ਜਿੱਤ ਪ੍ਰਾਪਤ ਕਰਨ ਲਈ ਸ਼ੁਭਕਾਮਨਾਵਾਂ ਅਤੇ ਆਸ਼ੀਰਵਾਦ ਦਿੱਤਾ।

# ਵਿਆਹ ਪੁਰਬ ਦੀਆਂ ਤਿਆਰੀਆਂ ਨੂੰ ਲੈ ਕੇ ਸੰਗਤਾਂ 'ਚ ਭਾਰੀ ਉਤਸ਼ਾਹ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)** ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਤਿਆਰੀਆਂ ਨੂੰ ਲੈ ਕੇ ਸੰਗਤਾਂ ਵਿਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਫਤਿਹਗੜ੍ਹ ਚੂੜੀਆਂ ਤੋਂ ਲੈ ਕੇ ਵਾਇਆ ਅਲੀਵਾਲ ਬਟਾਲਾ ਤੱਕ ਦੇ ਪਿੰਡਾਂ ਦੀਆਂ ਸੰਗਤਾਂ ਬੜੇ ਜੋਸ਼ੋ ਖਰੋਸ਼ ਨਾਲ ਇਸ ਪਵਿੱਤਰ ਪੁਰਬ ਮਨਾ6ਉਣ ਦੀਆਂ ਤਿਆਰੀਆਂ ਵਿਚ ਲੱਗੀਆਂ ਹੋਈਆਂ ਹਨ। ਇਹਨਾਂ ਮੁੱਖ ਸੜਕਾਂ ਤੇ ਜੋੜ ਮੇਲੇ ਵਿਚ ਸ਼ਾਮਲ ਹੋਣ ਆਈਆਂ ਸੰਗਤਾਂ ਦੀ ਸੇਵਾ ਵਾਸਤੇ ਜੋ ਲੰਗਰ ਲਗਾਏ ਜਾਣਗੇ ਉਸ ਵਾਸਤੇ ਢੁਕਵੀਆਂ ਥਾਵਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਗੁਰੂ ਮਰਿਆਦਾ ਅਨੁਸਾਰ ਸੁਰੱਖਿਅਤ ਸਥਾਨਾਂ ਤੇ ਅਖੰਡ ਪਾਠ ਸਾਹਿਬ ਵੀ ਆਰੰਭ ਕਰਵਾਏ ਜਾਣਗੇ।ਇਸ ਮੌਕੇ ਸੁਖਬੀਰਪਾਲ ਸਿੰਘ ਸੰਧੂ, ਗੁਰਿੰਦਰ ਸਿੰਘ ਮਾਨ, ਐਨ ਆਰ ਆਈ ਮਲਵਿੰਦਰ ਸਿੰਘ ਮਾਨ ਕੈਨੇਡਾ ਅਤੇ ਗਗਨ ਭੁੱਲਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਪਵਿੱਤਰ ਵਿਆਹ ਪੁਰਬ ਦੀਆਂ ਵਧਾਈਆਂ ਦਿੰਦੇ ਹੋਏ ਮੀਡੀਆ ਨਾਲ ਗੱਲਬਾਤ ਕੀਤੀ।

ਉਹਨਾਂ ਕਿਹਾ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਸ਼ਹਿਰ ਬਟਾਲਾ ਦੇ ਗੁਰਦੁਆਰਾ ਕੰਧ ਸਾਹਿਬ ਦੇ ਦਰਸ਼ਨਾਂ ਲਈ ਦੇਸ਼ ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਦੀ ਸੇਵਾ ਕਰਨਾ ਇਸ ਇਲਾਕੇ ਦੀਆਂ ਸੰਗਤਾਂ ਆਪਣੇ ਧੰਨਭਾਗ ਸਮਝਦੀਆਂ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ ਤੇ ਚੱਲਦੇ ਹੋਏ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ।

# ਖੇਤਾਂ 'ਚ ਲੱਗੇ ਟ੍ਰਾਂਸਫਾਰਮਰ 'ਚੋਂ ਤੇਲ ਚੋਰੀ

**ਧਾਰੀਵਾਲ, (ਮਨਦੀਪ ਵਿੱਕੀ)**- ਸ਼ਹਿਰ ਧਾਰੀਵਾਲ ਦੇ ਸੈਂਟਰ ਮੈਟਰ ਇਲਾਕੇ ਵਿੱਚ ਜਗਮੋਹਨ ਸਿੰਘ ਮੱਲ੍ਹੀ ਦੇ ਖੇਤਾਂ 'ਚ ਲੱਗੇ ਟ੍ਰਾਂਸਫਾਰਮਰ ਵਿੱਚੋਂ ਅਣਪਛਾਤੇ ਚੋਰਾਂ ਵੱਲੋਂ ਤੇਲ ਚੋਰੀ ਕਰਨ ਦਾ ਮਾਮਲਾ



ਸਾਹਮਣੇ ਆਇਆ ਹੈ।ਜਾਣਕਾਰੀ ਦਿੰਦਿਆਂ ਜਗਮੋਹਨ ਸਿੰਘ ਮੱਲ੍ਹੀ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਵਿੱਚ ਰਹਿ ਰਹੇ ਲੜਕੇ ਲਾਡੀ ਨੇ ਉਨ੍ਹਾਂ ਨੂੰ ਫੋਨ ਤੇ ਜਾਣਕਾਰੀ ਦਿੱਤੀ ਕਿ ਬੀਤੀ ਰਾਤ ਚੋਰਾਂ ਨੇ ਟ੍ਰਾਂਸਫਾਰਮਰ ਦੇ ਕਨੈਕਟਰ ਕੱਟ ਕੇ ਉਸ ਵਿੱਚੋਂ ਸਾਰਾ ਤੇਲ ਚੋਰੀ ਕਰ ਲਿਆ।ਇਸ ਘਟਨਾ ਦੇ ਨਾਲ ਜਿੱਥੇ ਆਰਥਿਕ ਨੁਕਸਾਨ ਹੋਇਆ ਹੈ, ਉੱਥੇ ਹੀ ਖੇਤੀਬਾੜੀ ਦੇ ਕੰਮ ਵਿੱਚ ਵੀ ਵੱਡਾ ਵਿਘਨ ਪਿਆ ਹੈ।ਜਗਮੋਹਨ ਸਿੰਘ ਮੱਲ੍ਹੀ ਨੇ ਚੋਰਾਂ ਅਤੇ ਨਸ਼ੇੜੀ ਕਿਸਮ ਦੇ ਅਨਸਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਜੇਕਰ ਕੋਈ ਵੀ ਅਜਿਹਾ ਵਿਅਕਤੀ ਇਲਾਕੇ ਵਿੱਚ ਗਲਤ ਹਰਕਤ ਕਰਦਾ ਕਾਬੂ ਆ ਗਿਆ ਤਾਂ ਉਸ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਗਸ਼ਤ ਵਧਾਈ ਜਾਵੇ ਅਤੇ ਅਜਿਹੇ ਨਸ਼ੇੜੀ ਤੇ ਚੋਰ ਕਿਸਮ ਦੇ ਅਨਸਰਾਂ ਨੂੰ ਨਕੇਲ ਪਾ ਕੇ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ ਤਾਂ ਜੋ ਜ਼ਿਮੀਂਦਾਰਾਂ ਦਾ ਅੱਗੇ ਤੋਂ ਕੋਈ ਨੁਕਸਾਨ ਨਾ ਹੋਵੇ।

## ਸੰਵਤਸਰੀ ਤਿਉਹਾਰ ਮੌਕੇ 15 ਨੂੰ ਮੀਟ ਤੇ ਆਂਡੇ ਦੀਆਂ ਦੁਕਾਨਾਂ ਬੰਦ ਰਹਿਣਗੀਆਂ

**ਨਵਾਂਸ਼ਹਿਰ, ਬਲਾਚੌਰ (ਮਨੋਜ ਲਾਡੀ, ਜਸਵਿੰਦਰ ਬੈਂਸ)**- ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 15 ਸਤੰਬਰ (ਦਿਨ ਮੰਗਲਵਾਰ) ਨੂੰ ਸੰਵਤਸਰੀ ਤਿਉਹਾਰ ਦੇ ਮੌਕੇ ਪੂਰੇ ਜ਼ਿਲ੍ਹੇ ਵਿੱਚ ਮੀਟ, ਆਂਡੇ ਦੀਆਂ ਦੁਕਾਨਾਂ ਅਤੇ ਸਲਾਟਰ ਹਾਊਸ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਗਏ ਹਨ। ਇਹ ਹੁਕਮ ਐੱਸ ਐੱਸ ਜੈਨ ਸਭਾ (ਰਜਿ.), ਨਵਾਂਸ਼ਹਿਰ ਦੀ ਬੇਨਤੀ 'ਤੇ ਜਾਰੀ ਕੀਤੇ ਗਏ ਹਨ। ਜੈਨ ਧਰਮ ਦੇ ਇਸ ਪਵਿੱਤਰ ਦਿਹਾੜੇ ਨੂੰ 'ਅਹਿੰਸਾ ਦਿਵਸ' ਅਤੇ ਸ਼ਰਧਾ ਵਜੋਂ ਮਨਾਉਣ ਲਈ ਜ਼ਿਲ੍ਹੇ ਦੀ ਹਦੂਦ ਅੰਦਰ ਇਹ ਪਾਬੰਦੀ ਲਗਾਈ ਗਈ ਹੈ।

# ਨਵ-ਵਿਆਹੁਤਾ ਨੇ ਨਹਿਰ 'ਚ ਛਾਲ ਮਾਰ ਕੇ ਕੀਤੀ ਆਤਮ-ਹੱਤਿਆ



**ਧਾਰੀਵਾਲ, (ਮਨਦੀਪ ਵਿੱਕੀ)**- ਸ਼ਹਿਰ ਧਾਰੀਵਾਲ ਵਿੱਚੋਂ ਲੰਘਦੀ ਅਪਰ ਬਾਰੀ ਦੋਆਬ ਨਹਿਰ ਵਿੱਚ ਇੱਕ 24 ਸਾਲਾ ਨਵ-ਵਿਆਹੁਤਾ ਲੜਕੀ ਵੱਲੋਂ ਘਰੇਲੂ ਕਲੇਸ਼ ਅਤੇ ਸਹੁਰੇ ਪਰਿਵਾਰ ਦੀ ਕਥਿਤ ਖੱਜਲ-ਖੁਆਰੀ ਤੋਂ ਤੰਗ ਆ ਕੇ ਛਾਲ ਮਾਰ ਕੇ ਆਤਮ-ਹੱਤਿਆ ਕਰਨ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ।ਮ੍ਰਿਤਕਾ ਦੀ ਪਛਾਣ ਚੇਤਨਾ (24) ਵਜੋਂ ਹੋਈ ਹੈ।ਮ੍ਰਿਤਕਾ ਦੀ ਮਾਂ ਪੂਨਮ ਪਤਨੀ ਲੇਟ ਵਿਕਾਸ ਭਨੋਟ, ਵਾਸੀ ਕਾਦੀਆਂ ਨੇ ਦੱਸਿਆ ਕਿ ਉਸ ਦੀ ਧੀ ਚੇਤਨਾ ਦਾ ਵਿਆਹ ਫਰਵਰੀ 2026 ਵਿੱਚ ਜਤਿਨ ਪੁਰੀ ਵਾਸੀ ਧਾਰੀਵਾਲ ਨਾਲ ਹੋਇਆ ਸੀ। ਵਿਆਹ ਦੇ ਕੁਝ ਦਿਨਾਂ ਬਾਅਦ ਹੀ ਸਹੁਰਾ ਪਰਿਵਾਰ ਵੱਲੋਂ ਉਸ ਦੀ ਧੀ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ, ਜਿਸ ਬਾਰੇ ਉਸ ਨੇ ਕਈ ਵਾਰ ਆਪ ਆ ਕੇ ਝਗੜਾ ਸੁਲਝਾਉਣ ਦੀ ਕੋਸ਼ਿਸ਼ ਵੀ ਕੀਤੀ।ਪੂਨਮ ਅਨੁਸਾਰ, ਬੀਤੇ ਦਿਨ ਚੇਤਨਾ ਨੇ ਫ਼ੋਨ ਕਰਕੇ ਦੱਸਿਆ ਕਿ ਉਸ ਦਾ ਪਤੀ ਜਤਿਨ ਅਤੇ ਸੱਸ ਉਸ ਨੂੰ ਬਹੁਤ ਤੰਗ ਕਰ ਰਹੇ ਹਨ।ਜਦੋਂ ਉਹ ਧਾਰੀਵਾਲ ਪਹੁੰਚੀ ਤਾਂ ਉਸ ਦੇ ਜਵਾਈ ਅਤੇ ਸੱਸ ਨੇ ਉਸ ਦੀ ਧੀ ਨਾਲ ਮੁੜ ਬੁਰਾ-ਭਲਾ ਵਿਵਹਾਰ ਕੀਤਾ। ਇਸ ਤੋਂ ਦੁਖੀ ਹੋ ਕੇ ਚੇਤਨਾ ਘਰੋਂ ਬਾਹਰ ਨਿਕਲ ਗਈ ਅਤੇ ਉਸ ਨੇ ਅਪਰ ਬਾਰੀ ਦੋਆਬ ਨਹਿਰ ਵਿੱਚ ਛਾਲ ਲਗਾ ਦਿੱਤੀ।ਥਾਣਾ ਧਾਰੀਵਾਲ ਦੀ ਪੁਲਸ ਨੂੰ ਮ੍ਰਿਤਕਾ ਦੀ ਮਾਤਾ ਵੱਲੋਂ ਲਿਖਤੀ ਸ਼ਿਕਾਇਤ ਸੌਂਪ ਦਿੱਤੀ ਗਈ ਹੈ, ਜਿਸ ਵਿੱਚ ਦੋਸ਼ੀਆਂ ਜਤਿਨ ਪੁਰੀ, ਉਸ ਦੀ ਮਾਤਾ ਅਤੇ ਹੋਰ ਮੈਂਬਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਗਈ ਹੈ।

# ਪਤੀ-ਪਤਨੀ ਦੇ ਝਗੜੇ 'ਚ ਦੋਵਾਂ ਧਿਰਾਂ ਦੇ ਅੱਧਾ ਦਰਜਨ ਲੋਕ ਹਸਪਤਾਲ ਭਰਤੀ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪਤੀ-ਪਤਨੀ ਵਿਚਾਲੇ ਚੱਲ ਰਹੇ ਵੈਵਾਹਿਕ ਵਿਵਾਦ ਦੇ ਚੱਲਦਿਆਂ ਸ਼ਕਤੀ ਨਗਰ ਕਾਲੋਨੀ ਦੇ ਮਕਾਨ ਨੰਬਰ 479 ਵਿੱਚ ਦੋਵਾਂ ਪਰਿਵਾਰਾਂ ਵਿਚਾਲੇ ਹੋਇਆ ਝਗੜਾ ਅਚਾਨਕ ਹਿੰਸਕ ਹੋ ਗਿਆ। ਇਸ ਝੜਪ ਵਿੱਚ ਦੋਵਾਂ ਪਰਿਵਾਰਾਂ ਦੇ ਕੁੱਲ ਅੱਧਾ ਦਰਜਨ ਲੋਕ ਜ਼ਖ਼ਮੀ ਹੋਏ ਹਨ। ਪਤਨੀ ਤੋਂ ਇਲਾਵਾ ਉਸ ਦਾ ਭਰਾ ਅਤੇ ਭੈਣ ਜ਼ਖਮੀ ਹੋਏ ਹਨ, ਜਦਕਿ ਦੂਜੇ ਪਾਸੇ ਪਤੀ ਅਤੇ ਉਸ ਦੀ ਮਾਂ ਵੀ ਜ਼ਖਮੀ ਦੱਸੇ ਜਾ ਰਹੇ ਹਨ। ਸਾਰਿਆਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਭਰਤੀ ਕਰਵਾਇਆ ਗਿਆ ਹੈ ਅਤੇ ਡੇਰਾਬੱਸੀ



ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਣਕਾਰੀ ਦਿੰਦਿਆਂ ਜ਼ਖਮੀ ਤਰਸੇਮ ਸੈਣੀ ਨੇ ਦੱਸਿਆ ਕਿ ਪਤੀ-ਪਤਨੀ ਵਿਚਾਲੇ ਤਲਾਕ ਦਾ ਮਾਮਲਾ ਪਿਛਲੇ ਕੁਝ ਸਮੇਂ ਤੋਂ ਅਦਾਲਤ ਵਿੱਚ ਵਿਚਾਰ ਅਧੀਨ ਹੈ। ਇਸੇ ਗੱਲ ਨੂੰ ਲੈ ਕੇ ਸ਼ਨੀਵਾਰ ਨੂੰ ਦੋਵੇਂ ਧਿਰਾਂ ਆਹਮੋ-ਸਾਹਮਣੇ ਹੋ ਗਈਆਂ ਅਤੇ ਕਥਿਤ ਤੌਰ 'ਤੇ ਇਕ-ਦੂਜੇ ਨਾਲ ਕੁੱਟਮਾਰ ਕੀਤੀ ਗਈ। ਜ਼ਖਮੀ ਤਰਸੇਮ ਨੇ ਦੱਸਿਆ ਕਿ ਉਸ ਦੀ ਭੈਣ ਸੁਖਵਿੰਦਰ ਕੌਰ ਦਾ ਵਿਆਹ 19 ਸਾਲ ਪਹਿਲਾਂ ਦੇਵੀ ਲਾਲ ਨਾਲ ਹੋਇਆ ਸੀ, ਜਿਨ੍ਹਾਂ ਦੇ ਦੋ ਛੋਟੇ ਬੱਚੇ ਵੀ ਹਨ। ਉਸ ਨੇ ਦੋਸ਼ ਲਾਇਆ ਕਿ ਦੇਵੀ ਲਾਲ ਪਿਛਲੇ ਕੁਝ ਸਮੇਂ ਤੋਂ ਕਿਸੇ ਹੋਰ ਔਰਤ ਨਾਲ ਕਥਿਤ ਲਿਵ-ਇਨ ਰਿਲੇਸ਼ਨਸ਼ਿਪ ਵਿੱਚ ਰਹਿ ਰਿਹਾ ਹੈ। ਤਰਸੇਮ ਦਾ ਦੋਸ਼ ਹੈ ਕਿ ਸ਼ਨੀਵਾਰ ਨੂੰ ਦੇਵੀ ਲਾਲ ਕੁਝ ਲੋਕਾਂ ਨਾਲ ਉਨ੍ਹਾਂ ਦੇ ਘਰ ਆਇਆ ਅਤੇ ਉਸ 'ਤੇ ਅਤੇ ਉਸ ਦੇ ਰਿਸ਼ਤੇਦਾਰਾਂ 'ਤੇ ਹਮਲਾ ਕਰ ਦਿੱਤਾ, ਜਿਸ ਵਿੱਚ ਉਹ, ਉਸ ਦੀਆਂ ਭੈਣਾਂ ਸੁਖਵਿੰਦਰ ਅਤੇ ਕਿਰਨ ਜ਼ਖਮੀ ਹੋ ਗਈਆਂ। ਕਿਰਨ ਨੂੰ ਡੇਰਾਬੱਸੀ ਸਿਵਲ ਹਸਪਤਾਲ ਤੋਂ ਮੁਹਾਲੀ ਦੇ ਇੱਕ ਨਿੱਜੀ ਹਸਪਤਾਲ ਵਿੱਚ ਰੈਫਰ ਕੀਤਾ ਗਿਆ ਹੈ। ਦੂਜੇ ਪਾਸੇ, ਦੇਵੀ ਲਾਲ ਨੇ ਆਰੋਪਾਂ ਨੂੰ ਨਕਾਰਦਿਆਂ ਕਿਹਾ ਕਿ ਉਸ ਦੀ ਪਤਨੀ ਅਤੇ ਰਿਸ਼ਤੇਦਾਰਾਂ ਨੇ ਉਸ ਦੇ ਘਰ 'ਤੇ ਕਬਜ਼ਾ ਕੀਤਾ ਹੋਇਆ ਹੈ ਅਤੇ ਉਸ ਨੂੰ ਘਰ ਵਿੱਚ ਦਾਖਲ ਨਹੀਂ ਹੋਣ ਦਿੱਤਾ ਜਾਂਦਾ। ਉਸ ਅਨੁਸਾਰ, ਪਤਨੀ ਅਤੇ ਰਿਸ਼ਤੇਦਾਰ ਪਹਿਲੀ ਮੰਜਿਲ 'ਤੇ ਰਹਿੰਦੇ ਹਨ, ਜਦਕਿ ਹੇਠਾਂ ਉਸ ਦਾ ਦਫਤਰ ਹੈ। ਦੇਵੀ ਲਾਲ ਨੇ ਦੱਸਿਆ ਕਿ ਦਫਤਰ ਦੇ ਤਾਲੇ ਟੁੱਟੇ ਹੋਣ ਦੀ ਸੂਚਨਾ ਮਿਲਣ 'ਤੇ ਉਹ ਘਰ ਪਹੁੰਚਿਆ ਸੀ, ਜਿੱਥੇ ਕਥਿਤ ਤੌਰ 'ਤੇ ਉਸ 'ਤੇ ਅਤੇ ਉਸ ਦੇ ਮਾਤਾ-ਪਿਤਾ 'ਤੇ ਹਮਲਾ ਕਰ ਦਿੱਤਾ ਗਿਆ। ਇਸ ਵਿੱਚ ਉਹ ਅਤੇ ਉਸ ਦੀ ਮਾਂ ਜ਼ਖਮੀ ਹੋ ਗਏ, ਜੋ ਡੇਰਾਬੱਸੀ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ। ਏ ਐੱਸ ਆਈ ਸਤਬੀਰ ਸਿੰਘ ਨੇ ਦੱਸਿਆ ਕਿ ਦੋਵਾਂ ਧਿਰਾਂ ਦੇ ਬਿਆਨ ਦਰਜ ਕੀਤੇ ਜਾਣੇ ਬਾਕੀ ਹਨ। ਬਿਆਨਾਂ ਅਤੇ ਜਾਂਚ ਦੇ ਆਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਮਨਾਇਆ

**ਝਬਾਲ,:(ਹਰਜਿੰਦਰ ਸਿੰਘ ਸੋਨੀ)** ਜੁਗੋ ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੇ ਸ਼ੁਭ ਅਵਸਰ 'ਤੇ ਗੁਰਦੁਆਰਾ ਬਾਬਾ ਬੁੱਢਾ ਜੀ ਬੀੜ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।



ਮੀਰੀ ਪੀਰੀ ਹਾਲ ਵਿਖੇ ਆਯੋਜਿਤ ਧਾਰਮਿਕ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਏ ਗਏ ਭੋਗ ਅਤੇ ਹਜ਼ੂਰੀ ਰਾਗੀ ਜਥੇ ਵੱਲੋਂ ਕੀਤੇ ਗਏ ਸ਼ਬਦ ਕੀਰਤਨ ਉਪਰੰਤ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਇਤਿਹਾਸ 'ਤੇ ਚਾਨਣਾ ਪਾਉਂਦਿਆਂ ਦਰਜ ਗੁਰੂ ਸਾਹਿਬਾਨ ਦੀ ਬਾਣੀ ਦੀ ਮਹਾਨਤਾ ਬਾਰੇ ਜੁੜ ਬੈਠੀਆਂ ਸੰਗਤਾਂ ਨੂੰ ਦੱਸਿਆ, ਜਦਕਿ ਧਰਵਿੰਦਰ ਸਿੰਘ ਮਾਨੋਚਾਹਲ ਮੈਨੇਜਰ ਬੀੜ ਸਾਹਿਬ, ਮੀਤ ਮੈਨੇਜਰ ਦਿਲਬਾਗ ਸਿੰਘ ਝਬਾਲ, ਮੀਤ ਮੈਨੇਜਰ ਗੁਰਜੀਤ ਸਿੰਘ ਠੱਠਾ, ਜਤਿੰਦਰ ਸਿੰਘ ਸਟੋਰ ਕੀਪਰ, ਬਾਬਾ ਬਿਕਰਮ ਸਿੰਘ ਰਿਕਾਰਡ ਕੀਪਰ, ਅਕਾਊਂਟੈਂਟ ਅਮਰਬੀਰ ਸਿੰਘ, ਦਲਜੀਤ ਸਿੰਘ ਵਲਟੋਹਾ, ਅਰਵਨਪ੍ਰੀਤ ਸਿੰਘ ਕੈਰੋਂ, ਗੁਰਜੀਤ ਸਿੰਘ ਪੰਜਵੜ, ਜਗਜੀਤ ਸਿੰਘ ਖਜਾਨਚੀ, ਨਿਰਮਲ ਸਿੰਘ ਭੂਰਾ, ਕਾਬਲ ਸਿੰਘ, ਪ੍ਰਤਾਪ ਸਿੰਘ ਚੀਮਾ, ਬਲਜੀਤ ਸਿੰਘ ਝਬਾਲ ਸਮੇਤ ਸਮੁੱਚਾ ਸਟਾਫ ਤੇ ਸੰਗਤਾਂ ਵੀ ਹਾਜ਼ਰ ਸਨ।

# ਸ਼ੁੱਧੀਕਰਨ

ਬੀਤੀ 8 ਅਗਸਤ ਨੂੰ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਉੱਤਰਾਖੰਡ ਦੇ ਹਲਦਵਾਨੀ ਦੇ ਰਾਮਲੀਲ੍ਹਾ ਮੈਦਾਨ ਵਿੱਚ ਰੈਲੀ ਨੂੰ ਸੰਬੋਧਨ ਕੀਤਾ। ਦੋ ਦਿਨ ਬਾਅਦ 10 ਅਗਸਤ ਨੂੰ ਇੱਕ ਹਿੰਦੂਤਵ ਸੰਗਠਨ ਨੇ ਰੈਲੀ ਵਾਲੀ ਥਾਂ ਦਾ 'ਸ਼ੁੱਧੀਕਰਨ' ਕੀਤਾ। ਕੇਂਦਰ ਅਤੇ ਉੱਤਰਾਖੰਡ ਵਿੱਚ ਭਾਜਪਾ ਸਰਕਾਰਾਂ ਨੇ ਕਈ ਦਿਨ ਤਾਂ ਸ਼ੁੱਧੀਕਰਨ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਨਹੀਂ ਕੀਤੀ ਤੇ ਜਦੋਂ ਰਾਹੁਲ ਗਾਂਧੀ ਨੇ ਇਸ ਅਛੂਤ ਪ੍ਰਥਾ ਵਿਰੁੱਧ ਗੱਲ ਕੀਤੀ, ਤਾਂ ਉਨ੍ਹਾਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ।

ਸੰਵਿਧਾਨ ਲਾਗੂ ਹੋਣ ਤੋਂ ਬਾਅਦ ਵੀ ਦਲਿਤਾਂ ਵਿਰੁੱਧ ਛੂਤ-ਛਾਤ ਕੋਈ ਨਵੀਂ ਘਟਨਾ ਨਹੀਂ। ਇਸ ਨੂੰ ਰੋਕਣ ਲਈ ਸਮੇਂ-ਸਮੇਂ 'ਤੇ ਕਾਨੂੰਨ ਬਣਾਏ ਗਏ ਹਨ, ਫਿਰ ਵੀ ਬਹੁਤ ਸਾਰੇ ਲੋਕਾਂ ਦੀ ਮਾਨਸਿਕਤਾ ਬਦਲ ਨਹੀਂ ਸਕੀ। ਕਾਂਗਰਸ ਪ੍ਰਧਾਨ ਖੜਗੇ ਨੇ ਇਹ ਮੁੱਦਾ ਰਾਜ ਸਭਾ ਵਿੱਚ ਵੀ ਉਠਾਇਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਉੱਤਰਾਖੰਡ ਦੇ ਮੁੱਖ ਮੰਤਰੀ ਧਾਮੀ ਅਤੇ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੂੰ ਤੁਰੰਤ ਖੜਗੇ ਦਾ ਸਮਰਥਨ ਕਰਨਾ ਚਾਹੀਦਾ ਸੀ ਅਤੇ ਉਨ੍ਹਾਂ ਲੋਕਾਂ ਨੂੰ ਭੰਡਣਾ ਚਾਹੀਦਾ ਸੀ, ਜੋ ਅਜੇ ਵੀ ਦਲਿਤਾਂ ਪ੍ਰਤੀ ਛੂਤ-ਛਾਤ ਨੂੰ ਧਾਰਮਕ ਫਰਜ਼ ਮੰਨਦੇ ਹਨ, ਪਰ ਨਾ ਤਾਂ ਮੋਦੀ ਅਤੇ ਨਾ ਹੀ ਗ੍ਰਹਿ ਮੰਤਰੀ ਅਮਿਤ ਸ਼ਾਹ ਇੱਕ ਸ਼ਬਦ ਬੋਲੇ। ਦੁਖੀ ਹੋ ਕੇ ਖੜਗੇ ਨੂੰ ਪੁੱਛਣਾ ਪਿਆ, 'ਜੇ ਮੋਦੀ ਅਤੇ ਸ਼ਾਹ ਦਲਿਤ ਹੁੰਦੇ ਅਤੇ ਉਨ੍ਹਾਂ ਨਾਲ ਇਹ ਵਾਪਰਿਆ ਹੁੰਦਾ, ਤਾਂ ਕੀ ਉਹ ਚੁੱਪ ਰਹਿੰਦੇ?' ਖੜਗੇ ਦੇ ਸਵਾਲ ਦੇ ਬਾਵਜੂਦ ਇਨ੍ਹਾਂ ਦੋਵਾਂ ਚੋਟੀ ਦੇ ਆਗੂਆਂ ਦੀ ਚੁੱਪੀ ਨੇ ਸ਼ਾਇਦ ਇੱਕ ਸ਼ਕਤੀਸ਼ਾਲੀ ਸੁਨੇਹਾ ਦਿੱਤਾ ਕਿ ਅਜਿਹੀ ਹਰਕਤ ਕਰਨ ਵਾਲਿਆਂ ਨੂੰ ਘਬਰਾਉਣਾ ਨਹੀਂ ਚਾਹੀਦਾ। ਨਿਤਿਨ ਨਬੀਨ ਨੇ 9 ਸਤੰਬਰ ਨੂੰ ਹਲਦਵਾਨੀ ਦੀ ਉਸੇ ਥਾਂ ਕਿਹਾ, 'ਕਾਂਗਰਸ ਦੇ ਕੌਮੀ ਪ੍ਰਧਾਨ ਨੇ ਇਸ ਧਰਤੀ 'ਤੇ ਇੱਕ ਸਿਆਸੀ ਖੇਡ ਖੇਡੀ ਹੈ। ਖੜਗੇ ਦੀ ਵੰਡਪਾਊ ਰਾਜਨੀਤੀ ਅਤੇ ਸੋਚ ਉੱਤਰਾਖੰਡ ਦੀ ਪਵਿੱਤਰ ਧਰਤੀ ਨੂੰ ਅਪਵਿੱਤਰ ਨਹੀਂ ਕਰ ਸਕਦੀ।' ਨਿਤਿਨ ਨਬੀਨ ਦਾ ਇਹ ਬਿਆਨ ਉਨ੍ਹਾ ਦੀ ਸੋਚ, ਉਨ੍ਹਾ ਦੀ ਪਾਰਟੀ ਦੀ ਸੋਚ ਅਤੇ ਪ੍ਰਧਾਨ ਮੰਤਰੀ ਦੀ ਸੋਚ ਨੂੰ ਪ੍ਰਗਟ ਕਰਦਾ ਹੈ। ਖੜਗੇ ਬਿਲਕੁਲ ਸਹੀ ਸਨ, ਜਦੋਂ ਉਨ੍ਹਾ ਕਿਹਾ ਸੀ ਕਿ ਜੇ ਅਮਿਤ ਸ਼ਾਹ ਅਤੇ ਮੋਦੀ ਦਲਿਤ ਹੁੰਦੇ, ਤਾਂ ਉਹ ਛੂਤ-ਛਾਤ ਦਾ ਅਰਥ ਸਮਝਦੇ।

ਨਿਤਿਨ ਨਬੀਨ ਦੀ ਸਥਿਤੀ ਮਲਿਕਾਰਜੁਨ ਖੜਗੇ ਦੇ ਬਿਲਕੁਲ ਉਲਟ ਹੈ, ਉਹ ਪਰਵਾਰਵਾਦ ਦੀ ਉਪਜ ਹਨ। ਉਹ ਆਪਣੇ ਪਿਤਾ ਤੇ ਭਾਜਪਾ ਦੇ ਬਾਨੀ ਮੈਂਬਰ ਨਵੀਨ ਕਿਸ਼ੋਰ ਪ੍ਰਸਾਦ ਸਿਨਹਾ ਦੀ ਮੌਤ ਤੋਂ ਬਾਅਦ ਹੀ ਚੋਣ ਰਾਜਨੀਤੀ ਵਿੱਚ ਦਾਖਲ ਹੋਏ ਸਨ। ਉਹ ਅਮੀਰ ਅਤੇ ਪੜ੍ਹੇ-ਲਿਖੇ ਕਾਇਸਥ ਪਰਵਾਰ ਵਿੱਚ ਵੱਡੇ ਹੋਏ। ਉਹ ਕਦੇ ਵੀ ਛੂਤ-ਛਾਤ ਨੂੰ ਨਹੀਂ ਸਮਝ ਸਕਣਗੇ। ਖੜਗੇ ਦਾ ਜਨਮ ਬਹੁਤ ਹੀ ਗਰੀਬ ਪਰਵਾਰ ਵਿੱਚ ਹੋਇਆ। ਉਨ੍ਹਾ ਦੇ ਪਿਤਾ ਇੱਕ ਮਜ਼ਦੂਰ ਸਨ। ਉਹ ਸਿਰਫ 7 ਸਾਲ ਦੇ ਸਨ, ਜਦੋਂ ਬੇਰਹਿਮ ਦੰਗਾਕਾਰੀਆਂ ਨੇ ਉਨ੍ਹਾ ਦੇ ਘਰ ਨੂੰ ਅੱਗ ਲਗਾ ਦਿੱਤੀ, ਜਿਸ ਨਾਲ ਉਨ੍ਹਾ ਦੀ ਮਾਂ ਅਤੇ ਭੈਣ ਮਾਰੇ ਗਏ। ਉਹ ਆਪਣੀ ਮਿਹਨਤ ਨਾਲ ਰਾਜਨੀਤੀ ਵਿੱਚ ਅੱਗੇ ਵਧੇ। ਕੇਂਦਰ ਵਿੱਚ ਮੰਤਰੀ ਬਣੇ ਤੇ ਅੱਜ ਕਾਂਗਰਸ ਦੇ ਪ੍ਰਧਾਨ ਹਨ।

ਹਲਦਵਾਨੀ ਵਿੱਚ ਕੀਤਾ ਗਿਆ ਪਾਪ ਹਿੰਦੂਤਵ ਸੰਗਠਨ ਸ੍ਰੀ ਰਾਮ ਸੈਨਾ ਚੈਰੀਟੇਬਲ ਸਰਵਿਸ ਟਰੱਸਟ ਦੇ ਮੈਂਬਰਾਂ ਨੇ ਕੀਤਾ ਸੀ। ਬਿਹਤਰ ਹੁੰਦਾ ਜੇ ਨਿਤਿਨ ਨਬੀਨ ਹਲਦਵਾਨੀ ਜਾ ਕੇ ਇਸ ਘਟਨਾ ਦੀ ਆਲੋਚਨਾ ਕਰਦੇ, ਪਰ ਇਸ ਦੀ ਬਜਾਏ ਉਨ੍ਹਾ ਦੇਸ਼ ਨੂੰ ਤੋੜਨ ਦੇ ਇਰਾਦੇ ਵਾਲੇ ਇੱਕ ਸੰਗਠਨ ਦਾ ਬਚਾਅ ਕੀਤਾ ਅਤੇ ਇੱਕ ਦਲਿਤ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ। ਨਬੀਨ ਨੇ ਸ਼ਾਇਦ ਸੋਚਿਆ ਹੋਵੇਗਾ ਕਿ ਇਸ ਨਾਲ ਹਿੰਦੂ ਖੁਸ਼ ਹੋਣਗੇ ਅਤੇ ਉੱਤਰਾਖੰਡ ਵਿੱਚ ਭਾਜਪਾ ਦੀ ਜਿੱਤ ਯਕੀਨੀ ਹੋ ਜਾਵੇਗੀ। ਉਨ੍ਹਾ ਦੀ ਇਹ ਗਲਤਫਹਿਮੀ ਹੈ। ਜੰਤਰ-ਮੰਤਰ ਅਤੇ ਦੇਸ਼-ਭਰ ਵਿੱਚ ਵਿਦਿਆਰਥੀਆਂ ਦੀ ਗੂੰਜ ਦਰਸਾਉਂਦੀ ਹੈ ਕਿ ਭਾਰਤ ਬਦਲ ਰਿਹਾ ਹੈ ਅਤੇ ਜੇ ਉਹ ਬਚਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਵੀ ਬਦਲਣਾ ਪਵੇਗਾ, ਪਰ ਭਾਜਪਾ ਇੱਕ ਵਿਲੱਖਣ ਪਾਰਟੀ ਹੈ, ਜਿੱਥੇ ਮੂਰਖਤਾ ਨੂੰ ਨਾ ਸਿਰਫ ਗੁਣ ਵਜੋਂ ਸਵੀਕਾਰ ਕੀਤਾ ਜਾਂਦਾ ਹੈ, ਸਗੋਂ ਉਤਸ਼ਾਹਤ ਵੀ ਕੀਤਾ ਜਾਂਦਾ ਹੈ ਜਦਕਿ ਸਮੇਂ ਦਾ ਤਕਾਜ਼ਾ ਅਜਿਹੇ ਲੋਕਾਂ ਦਾ 'ਸ਼ੁੱਧੀਕਰਨ' ਕਰਨ ਦਾ ਹੈ।

## ਪਾਠਕ-ਸੱਥ

### ਮਨੁੱਖ ਦੀਆਂ ਵਿਸਥਾਰਵਾਦੀ ਨੀਤੀਆਂ ਦੀ ਦੇਣ ਹੈ ਨੇਪਾਲ ਤ੍ਰਾਸਦੀ

ਅਮਰੀਕਾ ਦੇ ਮਸ਼ਹੂਰ ਵਿਗਿਆਨੀ ਆਰ.ਬਕਮਿੰਸਟਰ ਫੁਲਰ ਨੇ ਕਿਹਾ ਸੀ ਕਿ 'ਧਰਤੀ ਆਕਾਸ਼ ਵਿੱਚ ਸਮੁੰਦਰੀ ਜਹਾਜ਼ ਵਾਂਗ ਤੈਰ ਰਹੀ ਹੈ, ਜਿਸ ਦਾ ਕੋਈ ਕਿਨਾਰਾ ਨਹੀਂ ਅਤੇ ਜਿਸ ਤੇ ਸਵਾਰ ਅਸੀਂ ਸਾਰੇ ਯਾਤਰੀ ਹਾਂ ਜੇ ਅਸੀਂ ਇਸਦੀ ਸੰਭਾਲ ਨਾ ਕੀਤੀ ਤਾਂ ਇਹ ਕਿਸੇ ਵੇਲੇ ਵੀ ਡਾਵਾਂ ਡੋਲ ਹੋ ਸਕਦੀ ਹੈ'। ਅੱਜਕਲ੍ਹ ਇਹ ਗੱਲ ਜਲਵਾਯੂ ਪਰਿਵਰਤਨ ਅਤੇ ਨੇਪਾਲ ਵਰਗੀਆਂ ਤ੍ਰਾਸਦੀਆਂ ਨਾਲ ਬਿੱਲਕੁਲ ਸੱਚ ਸਾਬਤ ਹੋ ਰਹੀ ਹੈ।ਨੇਪਾਲ, ਜਿਸਨੂੰ ਅਸੀਂ ਦੇਵਤਿਆਂ ਦੀ ਧਰਤੀ ਕਹਿੰਦੇ ਹਾਂ, ਜਿੱਥੇ ਹਰ ਸਵੇਰ ਹਿਮਾਲਿਆ ਦੀ ਚਿੱਟੀ ਚਾਦਰ ਤੇ ਸੂਰਜ ਦੀ ਪਹਿਲੀ ਕਿਰਨ ਪੈਂਦੀ ਹੈ, ਅੱਜ ਉਹੀ ਧਰਤੀ ਹੰਝੂਆਂ ਵਿੱਚ ਡੁੱਬੀ ਹੋਈ ਹੈ।26 ਅਗਸਤ, 2026 ਦੀ ਸਵੇਰ, ਆਮ ਦਿਨਾਂ ਵਾਂਗ ਹੀ ਸ਼ੁਰੂ ਹੋਈ ਸੀ। ਰਸੂਵਾ, ਨੁਵਾਕੋਟ, ਧਾਡਿੰਗ ਦੇ ਪਿੰਡਾਂ ਵਿੱਚ ਬੱਚੇ ਸਕੂਲ ਜਾ ਰਹੇ ਸਨ, ਹਾਈਡਰੋਪਾਵਰ ਪ੍ਰੋਜੈਕਟਾਂ ਵਿੱਚ ਮਜ਼ਦੂਰ ਕੰਮ ਤੇ ਲੱਗੇ ਸਨ, ਅਤੇ ਕੈਲਾਸ਼ ਮਾਨਸਰੋਵਰ ਦੇ ਸੈਂਕੜੇ ਯਾਤਰੀ ਆਪਣੀ ਯਾਤਰਾ ਤੇ ਸਨ। ਕਿਸੇ ਨੂੰ ਕੀ ਪਤਾ ਸੀ ਕਿ ਉੱਪਰ ਹਿਮਾਲਿਆ ਦੀ ਗੋਦ ਵਿੱਚ ਇੱਕ ਗਲੇਸ਼ੀਅਰ ਟੁੱਟ ਚੁੱਕਾ ਹੈ। ਸਵੇਰੇ 8:37 ਵਜੇ, ਹਜ਼ਾਰਾਂ ਮੀਟਰ ਦੀ ਉਚਾਈ ਤੋਂ ਬਰਫ, ਚੱਟਾਨ ਅਤੇ ਚਿੱਕੜ ਦਾ ਇੱਕ ਪਹਾੜ ਟੁੱਟ ਕੇ ਲਹੇਂਦੇ ਖੋਲਾ ਨਦੀ ਵਿੱਚ ਡਿੱਗਿਆ। ਕੁਝ ਸਕਿੰਟਾਂ ਵਿੱਚ ਹੀ ਭੋਟੇਕੋਸ਼ੀ ਅਤੇ ਤ੍ਰਿਸ਼ੂਲੀ ਨਦੀਆਂ ਵਿੱਚ ਇੱਕ ਕੰਧ ਵਾਂਗ ਪਾਣੀ ਆ ਗਿਆ - 30 ਮੰਜ਼ਿਲਾਂ ਉੱਚਾ ਚਿੱਕੜ ਦਾ ਸੈਲਾਬ। ਇਹ ਪਾਣੀ ਨਹੀਂ ਸੀ, ਇਹ ਮੌਤ ਸੀ ਜੋ ਦੌੜ ਰਹੀ ਸੀ।

ਪਲਕ ਝਪਕਦੇ ਹੀ ਪੂਰੇ ਪੂਰੇ ਪਿੰਡ, ਬਾਜ਼ਾਰ, 19 ਪੁਲ, 40 ਕਿਲੋਮੀਟਰ ਸੜਕਾਂ, 9 ਬਿਜਲੀ ਘਰ ਮਿੱਟੀ ਵਿੱਚ ਮਿਲ ਗਏ। ਨੇਪਾਲ ਪੁਲਿਸ ਅਨੁਸਾਰ ਹੁਣ ਤੱਕ 939 ਲਾਸ਼ਾਂ ਕੱਢੀਆਂ ਜਾ ਚੁੱਕੀਆਂ ਹਨ ਅਤੇ 600 ਤੋਂ ਵੱਧ ਮਜ਼ਦੂਰ ਅਜੇ ਵੀ ਸੁਰੰਗਾਂ ਵਿੱਚ ਫਸੇ ਹੋਏ ਹਨ। 133 ਤੋਂ ਵੱਧ ਭਾਰਤੀ, ਜਿਨ੍ਹਾਂ ਵਿੱਚ ਤਾਮਿਲਨਾਡੂ ਦੇ ਯਾਤਰੀ ਵੀ ਸਨ, ਅਜੇ ਵੀ ਲਾਪਤਾ ਹਨ।ਇਹ ਸਿਰਫ ਇੱਕ ਹੜ੍ਹ ਨਹੀਂ, ਇਹ ਇੱਕ ਚਿਤਾਵਨੀ ਹੈ। ਸੰਯੁਕਤ ਰਾਸ਼ਟਰ ਕਹਿ ਚੁੱਕਾ ਹੈ ਕਿ ਨੇਪਾਲ ਦੇ ਗਲੇਸ਼ੀਅਰ 30 ਸਾਲਾਂ ਵਿੱਚ ਇੱਕ ਤਿਹਾਈ ਪਿਘਲ ਚੁੱਕੇ ਹਨ। ਪਿਛਲੇ 10 ਸਾਲਾਂ ਵਿੱਚ ਪਿਘਲਣ ਦੀ ਰਫਤਾਰ 65% ਵਧ ਗਈ ਹੈ। ਜੋ ਬਰਫ ਹਜ਼ਾਰਾਂ ਸਾਲਾਂ ਤੋਂ ਹਿਮਾਲਿਆ ਦੀ ਰਾਖੀ ਕਰਦੀ ਸੀ, ਅੱਜ ਉਹੀ ਬਰਫ ਗਰਮੀ ਕਾਰਨ ਬੰਬ ਬਣ ਗਈ ਹੈ।ਇਸ ਤ੍ਰਾਸਦੀ ਦਾ ਸਭ ਤੋਂ ਦਰਦਨਾਕ ਪਹਿਲੂ ਇਹ ਹੈ ਕਿ ਇਸਨੇ ਗਰੀਬ ਨੂੰ ਮਾਰਿਆ ਹੈ। ਉਹ ਪਹਾੜੀ ਲੋਕ ਜਿਨ੍ਹਾਂ ਦਾ ਕਾਰਬਨ ਨਿਕਾਸ ਵਿੱਚ 1% ਵੀ ਹਿੱਸਾ ਨਹੀਂ, ਅੱਜ ਗਲੋਬਲ ਵਾਰਮਿੰਗ ਦੀ ਸਭ ਤੋਂ ਵੱਡੀ ਕੀਮਤ ਚੁਕਾ ਰਹੇ ਹਨ।ਅੱਜ ਨੇਪਾਲ ਰੋ ਰਿਹਾ ਹੈ। ਇੱਕ ਮਾਂ ਆਪਣੇ ਬੱਚੇ ਦੀ ਲਾਸ਼ ਨੂੰ ਚਿੱਕੜ ਵਿੱਚੋਂ ਲੱਭ ਰਹੀ ਹੈ, ਇੱਕ ਪਿਤਾ ਤ੍ਰਿਸ਼ੂਲੀ ਦੇ ਕੰਢੇ ਖੜ੍ਹਾ ਆਪਣੇ ਪਿੰਡ ਨੂੰ ਲੱਭ ਰਿਹਾ ਹੈ ਜੋ ਹੁਣ ਹੈ ਹੀ ਨਹੀਂ। ਭਾਰਤ ਅਤੇ ਚੀਨ ਦੀਆਂ ਟੀਮਾਂ ਬੇਲੀ ਬ੍ਰਿਜ ਬਣਾ ਰਹੀਆਂ ਹਨ, ਪਰ ਟੁੱਟੇ ਦਿਲਾਂ ਨੂੰ ਕੌਣ ਜੋੜੇਗਾ? ਨੇਪਾਲ ਦੀ ਤ੍ਰਾਸਦੀ ਸਾਨੂੰ ਸਿਖਾਉਂਦੀ ਹੈ ਕਿ ਕੁਦਰਤ ਨਾਲ ਖਿਲਵਾੜ ਦਾ ਨਤੀਜਾ ਕੀ ਹੁੰਦਾ ਹੈ। ਹਿਮਾਲਿਆ ਸਿਰਫ ਪੱਥਰ ਨਹੀਂ, ਇਹ ਸਾਡੇ ਸਾਹਾਂ ਦਾ ਰਾਖਾ ਹੈ। ਜੇ ਅੱਜ ਅਸੀਂ ਨਾ ਜਾਗੇ, ਤਾਂ ਕੱਲ੍ਹ ਇਹ ਚਿੱਕੜ ਦਾ ਸੈਲਾਬ ਸਾਡੇ ਵਿਹੜੇ ਤੱਕ ਵੀ ਆ ਸਕਦਾ ਹੈ।

ਆਓ, ਅੱਜ ਅਸੀਂ ਨੇਪਾਲ ਦੇ ਉਨ੍ਹਾਂ ਸੈਂਕੜੇ ਪਰਿਵਾਰਾਂ ਲਈ ਅਰਦਾਸ ਕਰੀਏ ਜਿਨ੍ਹਾਂ ਦੇ ਘਰ ਉਜੜ ਗਏ, ਅਤੇ ਪ੍ਰਣ ਕਰੀਏ ਕਿ ਅਸੀਂ ਹਿਮਾਲਿਆ ਨੂੰ ਬਚਾਵਾਂਗੇ, ਤਾਂ ਜੋ ਫਿਰ ਕਦੇ ਕਿਸੇ ਮਾਂ ਨੂੰ ਆਪਣੇ ਬੱਚੇ ਨੂੰ ਚਿੱਕੜ ਵਿੱਚੋਂ ਨਾ ਲੱਭਣਾ ਪਵੇ।

**-ਕੇ ਐੱਸ ਅਮਰ**

# ਸੰਪਰਕ : 94653-69343

# ਪੰਜਾਬ 'ਚੋਂ ਵਿਦੇਸ਼ ਜਾਣ ਦਾ ਇਤਿਹਾਸ

**ਮਦਨ ਬੰਗੜ**

ਪੰਜਾਬ ਦੇ ਕਿਸੇ ਵੀ ਸ਼ਹਿਰ ਦੀਆਂ ਕੰਧਾਂ, ਬੱਸ ਸਟੈਂਡਾਂ, ਰੇਲਵੇ ਸਟੇਸ਼ਨਾਂ ਜਾਂ ਅਖ਼ਬਾਰਾਂ ਤੇ ਨਜ਼ਰ ਮਾਰੋ, ਤੁਹਾਨੂੰ ਹਰ ਪਾਸੇ ਆਈਲੈਟਸ (IELTS) ਵਿੱਚ 5 ਬੈਂਡਾਂ ਵਾਲੇ ਵੀ ਆਓ, ਬਿਨਾਂ ਫੰਡ ਦਿਖਾਏ ਕੈਨੇਡਾ ਜਾਓ ਜਾਂ ਡੌਂਕੀ ਲਗਾ ਕੇ ਅਮਰੀਕਾ ਪਹੁੰਚੋ ਦੇ ਇਸ਼ਤਿਹਾਰ ਇੰਜ ਮਿਲਣਗੇ, ਜਿਵੇਂ ਸਰਦੀਆਂ ਵਿੱਚ ਰੇਹੜੀਆਂ 'ਚ ਮੂੰਗਫਲੀ ਵਿਕ ਰਹੀ ਹੋਵੇ ਜਾਂ ਸਬਜ਼ੀ ਮੰਡੀ ਵਿੱਚ ਆਵਾਜ਼ਾਂ ਮਾਰ ਕੇ ਸਬਜ਼ੀਆਂ ਵੇਚੀਆਂ ਜਾ ਰਹੀਆਂ ਹੋਣ।

ਅੱਜ ਪੰਜਾਬ ਵਿੱਚ ਟਰੈਵਲ ਏਜੰਟੀ ਦਾ ਕੰਮ ਕੋਈ ਪੇਸ਼ਾ ਨਹੀਂ, ਸਗੋਂ ਪ੍ਰਸ਼ਾਸਨ ਦੀ ਕਥਿਤ ਛਤਰ-ਛਾਇਆ ਹੇਠ ਚੱਲਣ ਵਾਲਾ ਇੱਕ ਅਜਿਹਾ ਸ਼ਰੇਆਮ ਗੋਰਖ ਧੰਦਾ ਬਣ ਚੁੱਕਾ ਹੈ, ਜੋ ਲੋਕਾਂ ਦੀਆਂ ਭਾਵਨਾਵਾਂ, ਮਜਬੂਰੀਆਂ ਅਤੇ ਸੁਪਨਿਆਂ ਦਾ ਸੌਦਾ ਕਰਕੇ ਦਿਨ-ਦੁਗਣੀ ਤੇ ਰਾਤ-ਚੌਗਣੀ ਤਰੱਕੀ ਕਰ ਰਿਹਾ ਹੈ। ਇਸ ਚਲਣ ਦੀਆਂ ਜੜ੍ਹਾਂ ਕਿੱਥੇ ਹਨ, ਇਹ ਗੋਰਖ ਧੰਦਾ ਕਿਵੇਂ ਵਧਿਆ, ਸਾਡੀ ਆਪਣੀ ਸਮਾਜਿਕ ਮਾਨਸਿਕਤਾ ਨੇ ਪੰਜਾਬ ਨੂੰ ਅੰਦਰੋਂ ਕਿਵੇਂ ਖੋਖਲਾ ਕੀਤਾ, ਵਿਦੇਸ਼ੀ ਸਿਸਟਮ ਬੱਚਿਆਂ ਦੀ ਕਿਵੇਂ ਛਿੱਲ ਲਾਹੁੰਦਾ ਹੈ ਅਤੇ ਇਸ ਵਿੱਚ ਕਿਸ ਦੀ ਕੀ ਜ਼ਿੰਮੇਵਾਰੀ ਹੈ? ਆਓ ਇਸ ਦੇ ਪੂਰੇ ਇਤਿਹਾਸ ਅਤੇ ਵਰਤਮਾਨ ਦੇ ਕੌੜੇ ਸੱਚ 'ਤੇ ਵਿਸਥਾਰ ਨਾਲ ਝਾਤ ਮਾਰੀਏ।

ਪੰਜਾਬੀਆਂ ਦਾ ਵਿਦੇਸ਼ (ਪਰਦੇਸ) ਜਾਣ ਦਾ ਸਿਲਸਿਲਾ ਕੋਈ ਨਵਾਂ ਨਹੀਂ, ਇਹ ਆਜ਼ਾਦੀ ਤੋਂ ਪਹਿਲਾਂ, 19ਵੀਂ ਸਦੀ ਦੇ ਆਖਰੀ ਸਾਲਾਂ (ਲਗਭਗ 1890-1900 ਦੇ ਆਸ-ਪਾਸ) ਤੋਂ ਸ਼ੁਰੂ ਹੋਇਆ ਸੀ। ਜਦੋਂ ਅੰਗਰੇਜ਼ੀ ਹਕੂਮਤ ਵੇਲੇ ਵੱਡੀ ਗਿਣਤੀ ਵਿੱਚ ਪੰਜਾਬੀ ਨੌਜਵਾਨ ਬ੍ਰਿਟਿਸ਼ ਫ਼ੌਜ ਵਿੱਚ ਭਰਤੀ ਹੋਏ। ਫ਼ੌਜ ਦੀਆਂ ਨੌਕਰੀਆਂ ਦੌਰਾਨ ਜਦੋਂ ਉਹ ਹਾਂਗਕਾਂਗ, ਮਲਾਇਆ, ਸਿੰਗਾਪੁਰ ਅਤੇ ਹੋਰ ਮੁਲਕਾਂ ਵਿੱਚ ਗਏ, ਤਾਂ ਉਨ੍ਹਾਂ ਨੂੰ ਬਾਹਰਲੀ ਦੁਨੀਆ ਅਤੇ ਉੱਥੋਂ ਦੀ ਆਰਥਿਕ ਖੁਸ਼ਹਾਲੀ ਦਾ ਪਤਾ ਲੱਗਾ।

ਸਾਲ 1897 ਵਿੱਚ ਰਾਣੀ ਵਿਕਟੋਰੀਆ ਦੇ ਡਾਇਮੰਡ ਜੁਬਲੀ ਸਮਾਗਮਾਂ ਵਿੱਚ ਹਿੱਸਾ ਲੈਣ ਲਈ ਇੱਕ ਪੰਜਾਬੀ ਫ਼ੌਜੀ ਦਸਤਾ ਲੰਡਨ ਗਿਆ ਅਤੇ ਵਾਪਸੀ ਵੇਲੇ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਰਾਹੀਂ ਲੰਘਿਆ। ਉੱਥੋਂ ਦੀ ਉਪਜਾਊ ਜ਼ਮੀਨ ਅਤੇ ਰੁਜ਼ਗਾਰ ਦੇ ਮੌਕੇ ਦੇਖ ਕੇ ਪੰਜਾਬੀਆਂ ਦੇ ਮਨ ਵਿੱਚ ਉੱਥੇ ਵਸਣ ਦੀ ਇੱਛਾ ਜਾਗੀ।

ਉਸ ਦੌਰ ਵਿੱਚ ਪੰਜਾਬ ਵਿੱਚ ਖੇਤੀ 'ਤੇ ਨਿਰਭਰਤਾ ਬਹੁਤ ਜ਼ਿਆਦਾ ਸੀ ਅਤੇ ਜ਼ਮੀਨਾਂ ਦੀ ਵੰਡ ਕਾਰਨ ਹਿੱਸੇ ਘਟ ਰਹੇ ਸਨ। ਆਰਥਿਕ ਸਥਿਰਤਾ, ਪਰਵਾਰ ਨੂੰ ਬਿਹਤਰ ਜ਼ਿੰਦਗੀ ਦੇਣ ਅਤੇ ਸਖ਼ਤ ਮਿਹਨਤ ਕਰਕੇ ਪੈਸਾ ਕਮਾਉਣ ਦੇ ਮਕਸਦ ਨਾਲ ਲੋਕਾਂ ਨੇ ਮਲਾਇਆ, ਕੈਨੇਡਾ, ਅਮਰੀਕਾ ਅਤੇ ਬ੍ਰਿਟੇਨ (ਯੂ ਕੇ) ਵੱਲ ਵਹੀਰਾਂ ਘੱਤੀਆਂ। ਇਹ ਉਹ ਦੌਰ ਸੀ, ਜਦੋਂ ਲੋਕ ਸਿੱਧੇ, ਸੱਚੇ ਅਤੇ ਆਪਣੀ ਬਾਹੂਬਲ (ਮਿਹਨਤ) ਦੇ ਸਿਰ 'ਤੇ ਕਾਨੂੰਨੀ ਤਰੀਕੇ ਨਾਲ ਜਾਂਦੇ ਸਨ ਅਤੇ ਪਿੱਛੇ ਪਿੰਡਾਂ ਵਿੱਚ ਆਪਣੀ ਮਾਂ-ਧਰਤੀ ਨਾਲ ਜੁੜੇ ਰਹਿੰਦੇ ਸਨ।

ਦੇਸ਼ ਆਜ਼ਾਦ ਹੋਣ ਤੋਂ ਬਾਅਦ ਖਾਸ ਕਰਕੇ 1960-1970 ਦੇ ਦਹਾਕੇ ਵਿੱਚ (ਜਦੋਂ ਯੂ ਕੇ ਵਿੱਚ ਲੇਬਰ ਦੀ ਭਾਰੀ ਮੰਗ ਸੀ) ਅਤੇ ਫਿਰ 1990 ਦੇ ਆਰਥਿਕ ਉਦਾਰੀਕਰਨ ਤੋਂ ਬਾਅਦ ਵਿਦੇਸ਼ ਜਾਣ ਦੀ ਚਾਹਤ ਇੱਕ ਜਨੂੰਨ ਵਿੱਚ ਬਦਲ ਗਈ।

ਇਸ ਜਨੂੰਨ ਦਾ ਨਜਾਇਜ਼ ਫਾਇਦਾ ਚੁੱਕਣ ਲਈ ਸਮਾਜ ਵਿੱਚ ਕੁਝ ਸਵਾਰਥੀ, ਲਾਲਚੀ ਅਤੇ ਚਲਾਕ ਲੋਕਾਂ ਦਾ ਉਭਾਰ ਹੋਇਆ। ਉਨ੍ਹਾਂ ਦੇਖਿਆ ਕਿ ਪੰਜਾਬੀ ਨੌਜਵਾਨ ਬਾਹਰ ਜਾਣ ਲਈ ਆਪਣੀ ਜਾਨ ਅਤੇ ਜ਼ਮੀਨ ਦਾ ਦਾਅ ਲਗਾਉਣ ਨੂੰ ਤਿਆਰ ਹਨ। ਇੱਥੋਂ ਸ਼ੁਰੂ ਹੋਇਆ ਟਰੈਵਲ ਏਜੰਟਾਂ ਦਾ ਉਹ ਗੋਰਖ ਧੰਦਾ, ਜੋ ਅੱਜ ਇੱਕ ਸੰਗਠਿਤ ਮਾਫੀਆ ਦਾ ਰੂਪ ਧਾਰਨ ਕਰ ਚੁੱਕਾ ਹੈ ਅਤੇ ਨਿਰੰਤਰ ਚੱਲ ਰਿਹਾ ਹੈ।

ਜੁਗਾੜਬਾਜ਼ੀ ਦਾ ਜਾਲ, ਫਰਜ਼ੀ ਕਾਲਜਾਂ ਦੇ ਆਫਰ ਲੈਟਰ ਤਿਆਰ ਕਰਨੇ, ਬੈਂਕਾਂ ਵਿੱਚ ਜਾਅਲੀ ਪੈਸੇ (ਫੰਡ) ਦਿਖਾਉਣਾ ਅਤੇ ਜਦੋਂ ਸਿੱਧਾ ਵੀਜ਼ਾ ਨਾ ਲੱਗੇ ਤਾਂ ਡੌਂਕੀ (ਗ਼ੈਰ-ਕਾਨੂੰਨੀ ਰਸਤਿਆਂ ਰਾਹੀਂ ਜੰਗਲਾਂ, ਸਮੁੰਦਰਾਂ ਅਤੇ ਖ਼ਤਰਨਾਕ ਸਰਹੱਦਾਂ ਪਾਰ ਕਰਵਾਉਣਾ) ਵਰਗੇ ਜੁਗਾੜ ਲਗਾ ਕੇ ਲੋਕਾਂ ਨੂੰ ਜਹਾਜ਼ੇ ਚਾੜ੍ਹਨਾ ਇਨ੍ਹਾਂ ਦਾ ਰੋਜ਼ ਦਾ ਕੰਮ ਬਣ ਗਿਆ। ਪ੍ਰਸ਼ਾਸਨ ਦੀ ਛਤਰ-ਛਾਇਆ ਅਤੇ ਮਿਲੀਭੁਗਤ, ਫੜੇ ਜਾਣ 'ਤੇ ਵੀ ਮੁੜ ਸ਼ੁਰੂ ਹੋਇਆ ਧੰਦਾ ਸਭ ਤੋਂ ਦੁਖਦਾਈ ਅਤੇ ਹੈਰਾਨੀਜਨਕ ਪੱਖ ਇਹ ਹੈ ਕਿ ਇਹ ਸਾਰਾ ਗੋਰਖ ਧੰਦਾ ਕੋਈ ਲੁਕ-ਛਿਪ ਕੇ ਨਹੀਂ, ਸਗੋਂ ਪ੍ਰਸ਼ਾਸਨ ਅਤੇ ਸਿਸਟਮ ਦੀ ਕਥਿਤ ਛਤਰ-ਛਾਇਆ ਹੇਠ ਸਰੇਆਮ ਫੁੱਲ-ਫਲ ਰਿਹਾ ਹੈ।ਖੂਨ-ਪਸੀਨੇ ਦੀ ਕਮਾਈ ਦੀ ਠੱਗੀ ਪੰਜਾਬ ਦੇ ਭੋਲੇ-ਭਾਲੇ ਲੋਕਾਂ ਨੂੰ ਗੁੰਮਰਾਹ ਕਰਕੇ ਇਹ ਏਜੰਟ ਉਨ੍ਹਾਂ ਦੀ ਉਮਰ ਭਰ ਦੀ, ਖੂਨ-ਪਸੀਨੇ ਦੀ ਕਮਾਈ ਪਲਾਂ ਵਿੱਚ ਠੱਗ ਲੈਂਦੇ ਹਨ। ਮਾਪੇ ਕਰਜ਼ੇ ਚੁੱਕ ਕੇ ਇਨ੍ਹਾਂ ਦੀਆਂ ਜੇਬਾਂ ਭਰਦੇ ਹਨ।ਇੱਕ ਪਾਸੇ ਤਾਂ ਭਾਰਤੀ ਟਰੈਵਲ ਏਜੰਟ ਇੱਥੇ ਭੋਲੇ-ਭਾਲੇ ਲੋਕਾਂ ਨਾਲ ਠੱਗੀ ਕਰਦੇ ਹਨ, ਪਰ ਦੂਜੇ ਪਾਸੇ ਜਦੋਂ ਇਹ ਵਿਦਿਆਰਥੀ ਵਰਗ ਵੱਡੇ ਸੁਪਨੇ ਲੈ ਕੇ ਇੰਗਲੈਂਡ, ਅਮਰੀਕਾ, ਕੈਨੇਡਾ, ਜਰਮਨੀ ਅਤੇ ਹੋਰ ਵਿਦੇਸ਼ੀ ਮੁਲਕਾਂ ਵਿੱਚ ਪਹੁੰਚਦਾ ਹੈ, ਤਾਂ ਉੱਥੋਂ ਦਾ ਪੜ੍ਹਾਈ ਸਿਸਟਮ (Education System) ਵੀ ਇਨ੍ਹਾਂ ਵਿਦਿਆਰਥੀਆਂ ਦੀ ਛਿੱਲ ਲਾਹੁਣ ਵਿੱਚ ਕੋਈ ਕਸਰ ਨਹੀਂ ਛੱਡਦਾ।

ਲੱਖਾਂ ਦੀਆਂ ਫੀਸਾਂ ਦਾ ਬੋਝ, ਵਿਦੇਸ਼ੀ ਯੂਨੀਵਰਸਿਟੀਆਂ ਅਤੇ ਕਾਲਜ ਸਥਾਨਕ ਨਾਗਰਿਕਾਂ ਦੇ ਮੁਕਾਬਲੇ ਅੰਤਰਰਾਸ਼ਟਰੀ ਵਿਦਿਆਰਥੀਆਂ ਤੋਂ ਤਿੰਨ ਤੋਂ ਚਾਰ ਗੁਣਾ ਜ਼ਿਆਦਾ ਫੀਸ ਵਸੂਲਦੇ ਹਨ। ਸਾਲਾਨਾ 25 ਤੋਂ 30 ਲੱਖ ਰੁਪਏ ਫੀਸ ਵਸੂਲ ਕੇ ਉਹ ਆਪਣੀਆਂ ਤਿਜੌਰੀਆਂ ਭਰ ਰਹੇ ਹਨ, ਜਦਕਿ ਇਨ੍ਹਾਂ ਪੈਸਿਆਂ ਲਈ ਪੰਜਾਬ ਵਿੱਚ ਮਾਪਿਆਂ ਨੇ ਆਪਣੀਆਂ ਜ਼ਮੀਨਾਂ ਦਾਅ 'ਤੇ ਲਗਾਈਆਂ ਹੁੰਦੀਆਂ ਹਨ।

ਕੰਮ ਦੇ ਘੰਟਿਆਂ ਦਾ ਸ਼ਿਕੰਜਾ, ਏਨੀਆਂ ਮਹਿੰਗੀਆਂ ਫੀਸਾਂ ਲੈਣ ਦੇ ਬਾਵਜੂਦ ਉੱਥੋਂ ਦੀਆਂ ਸਰਕਾਰਾਂ ਵੱਲੋਂ ਕੰਮ ਦੇ ਨਾਂਅ 'ਤੇ ਵਿਦਿਆਰਥੀਆਂ ਨੂੰ ਹਫ਼ਤੇ ਵਿੱਚ ਕੁਝ ਸੀਮਤ ਘੰਟੇ (ਜਿਵੇਂ 20 ਘੰਟੇ) ਹੀ ਦਿੱਤੇ ਜਾਂਦੇ ਹਨ। ਇਸ ਮਹਿੰਗਾਈ ਦੇ ਦੌਰ ਵਿੱਚ ਇਨ੍ਹਾਂ ਸੀਮਤ ਘੰਟਿਆਂ ਦੀ ਕਮਾਈ ਨਾਲ ਬੱਚੇ ਆਪਣੇ ਕਮਰੇ ਦਾ ਕਿਰਾਇਆ, ਬੱਸ-ਟਰੇਨ ਦਾ ਪਾਸ ਅਤੇ ਰੋਜ਼ਾਨਾ ਦੇ ਖਾਣ-ਪੀਣ ਦਾ ਖਰਚਾ ਤੱਕ ਵੀ ਨਹੀਂ ਕੱਢ ਪਾਉਂਦੇ।

ਇਸ ਸਾਰੇ ਦੁਖਾਂਤ ਦਾ ਸਭ ਤੋਂ ਸ਼ਰਮਨਾਕ ਪੱਖ ਉਦੋਂ ਸਾਹਮਣੇ ਆਉਂਦਾ ਹੈ, ਜਦੋਂ ਵਿਦੇਸ਼ਾਂ ਵਿੱਚ ਬੈਠੇ ਸਾਡੇ ਆਪਣੇ ਹੀ ਲੋਕ (ਭਾਰਤੀ/ਪੰਜਾਬੀ ਮਾਲਕ) ਇਨ੍ਹਾਂ ਬੱਚਿਆਂ ਦੀ ਮਜਬੂਰੀ ਦਾ ਨਜਾਇਜ਼ ਫਾਇਦਾ ਚੁੱਕਦੇ ਹਨ।

ਬਹੁਤ ਵਾਰ ਦੇਖਿਆ ਗਿਆ ਹੈ ਕਿ ਸਟੋਰਾਂ, ਰੈਸਟੋਰੈਂਟਾਂ ਜਾਂ ਕੰਸਟ੍ਰਕਸ਼ਨ (ਉਸਾਰੀ) ਦੇ ਕੰਮਾਂ ਵਿੱਚ ਇਹੀ ਭਾਰਤੀ ਲੋਕ ਵਿਦਿਆਰਥੀਆਂ ਤੋਂ ਰਾਤ-ਦਿਨ ਕੰਮ ਕਰਵਾ ਲੈਂਦੇ ਹਨ, ਪਰ ਜਦੋਂ ਉਜਰਤ (ਪੈਸੇ) ਦੇਣ ਦੀ ਵਾਰੀ ਆਉਂਦੀ ਹੈ, ਤਾਂ ਉਹ ਬੱਚਿਆਂ ਨੂੰ ਗ਼ੈਰ-ਕਾਨੂੰਨੀ ਤਰੀਕੇ ਨਾਲ ਕੰਮ ਕਰਨ ਦਾ ਡਰ ਦਿਖਾ ਕੇ ਜਾਂ ਪੁਲਸ ਦੀ ਧਮਕੀ ਦੇ ਕੇ ਉਨ੍ਹਾਂ ਦੇ ਹਜ਼ਾਰਾਂ ਡਾਲਰ/ਪੌਂਡ ਦੱਬ ਲੈਂਦੇ ਹਨ। ਬੱਚੇ ਕਾਨੂੰਨੀ ਤੌਰ 'ਤੇ ਕਮਜ਼ੋਰ ਹੋਣ ਕਾਰਨ ਕਿਤੇ ਸ਼ਿਕਾਇਤ ਵੀ ਨਹੀਂ ਕਰ ਸਕਦੇ। ਇਹ ਆਪਣਿਆਂ ਹੱਥੋਂ ਆਪਣਿਆਂ ਦੀ ਲੁੱਟ ਇਸ ਗੋਰਖ ਧੰਦੇ ਦਾ ਸਭ ਤੋਂ ਕੌੜਾ ਸੱਚ ਹੈ।ਜਿਹੜੇ ਪੰਜਾਬੀ ਕਿਸੇ ਵੇਲੇ ਅਣਖ ਨਾਲ ਕਿਹਾ ਕਰਦੇ ਸੀ ਕਿ ਕੰਧ ਓਹਲੇ ਪਰਦੇਸ (ਯਾਨੀ ਘਰ ਦੀ ਕੰਧ ਤੋਂ ਪਰ੍ਹੇ ਜਾਣਾ ਵੀ ਪਰਦੇਸ ਵਰਗਾ ਦੁੱਖ ਹੈ), ਅੱਜ ਉਹੀ ਪੰਜਾਬੀ ਮਾਪੇ ਆਪਣੇ ਸਰਫੇ ਦੇ (ਲਾਡਲੇ, ਇਕੱਲੇ-ਇਕੱਲੇ) ਪੁੱਤਾਂ-ਧੀਆਂ ਨੂੰ ਵੀ ਹੱਸ ਕੇ ਵਿਦੇਸ਼ ਭੇਜਣ ਦੀ ਹੋੜ ਵਿੱਚ ਲੱਗੇ ਹੋਏ ਹਨ। ਪਿੱਛੇ ਘਰਾਂ ਵਿੱਚ ਸਿਰਫ਼ ਬਜ਼ੁਰਗ ਇਕੱਲੇ ਰਹਿ ਗਏ ਹਨ।

ਜਿਨ੍ਹਾਂ ਪੰਜਾਬੀਆਂ ਦੇ ਪੁਰਖਿਆਂ ਨੇ ਜ਼ਮੀਨ ਨੂੰ ਮਾਂ ਮੰਨਿਆ, ਖੂਨ-ਪਸੀਨਾ ਬਹਾਇਆ ਅਤੇ ਅਣਖ ਨਾਲ ਖੇਤੀ ਕੀਤੀ, ਅੱਜ ਉਨ੍ਹਾਂ ਨੇ ਹੀ ਆਪਣੇ ਬੱਚਿਆਂ ਨੂੰ ਬਾਹਰ ਭੇਜਣ ਲਈ ਏਜੰਟਾਂ ਦੇ ਮੂੰਹ ਵਿੱਚ ਲੱਖਾਂ ਰੁਪਏ ਪਾਉਣ ਵਾਸਤੇ ਪੈਲੀ (ਜ਼ਮੀਨ) ਵੇਚਣੀ ਸਭ ਤੋਂ ਪਹਿਲਾਂ ਕਬੂਲੀ। ਆਪਣੀਆਂ ਉਪਜਾਊ ਜ਼ਮੀਨਾਂ, ਜੋ ਕਰੋੜਾਂ ਰੁਪਏ ਦੀਆਂ ਸਨ, ਉਨ੍ਹਾਂ ਨੂੰ ਵੇਚ ਕੇ ਨੌਜਵਾਨ ਬਾਹਰ ਜਾ ਕੇ ਦੂਜੇ ਮੁਲਕਾਂ ਵਿੱਚ ਦਿਹਾੜੀਆਂ, ਪੈਟਰੋਲ ਪੰਪਾਂ, ਫੈਕਟਰੀਆਂ ਜਾਂ ਸਟੋਰਾਂ ਤੇ ਚਾਕਰੀ (ਨੌਕਰੀ) ਕਰਨ ਨੂੰ ਵਡਿਆਈ ਸਮਝ ਰਹੇ ਹਨ। ਪੰਜਾਬ ਦੇ ਇਸ ਵਰਗ ਦਾ ਇਹ ਫੈਸਲਾ ਨੌਜਵਾਨੀ ਦੇ ਪਲਾਇਨ (ਹਿਜਰਤ) ਦਾ ਸਭ ਤੋਂ ਵੱਡਾ ਕਾਰਨ ਬਣਿਆ।ਪ੍ਰਵਾਸੀ ਮਜ਼ਦੂਰਾਂ ਦੀ ਆਮਦ ਅਤੇ ਪੰਜਾਬ ਦਾ ਬਦਲਦਾ ਸਰੂਪ ਇਸ ਪੂਰੇ ਘਟਨਾਕ੍ਰਮ ਦਾ ਇੱਕ ਹੋਰ ਗੰਭੀਰ ਅਤੇ ਦੂਰਗਾਮੀ ਪਹਿਲੂ ਇਹ ਹੈ ਕਿ ਪੰਜਾਬ ਦੇ ਅੰਦਰ ਪ੍ਰਵਾਸੀ ਮਜ਼ਦੂਰਾਂ ਨੂੰ ਸਥਾਪਤ ਕਰਨ ਵਿੱਚ ਵੀ ਪੰਜਾਬ ਦੇ ਇਨ੍ਹਾਂ ਦਾ ਸਿੱਧੇ ਤੌਰ 'ਤੇ ਵੱਡਾ ਹੱਥ ਨਜ਼ਰ ਆਉਂਦਾ ਹੈ।ਜਦੋਂ ਪੰਜਾਬ ਦੇ ਜ਼ਿਮੀਂਦਾਰਾਂ ਨੇ ਖੁਦ ਖੇਤਾਂ ਵਿੱਚ ਹੱਥੀਂ ਮਿਹਨਤ ਕਰਨੀ ਬੰਦ ਕਰ ਦਿੱਤੀ, ਕੰਮ ਨੂੰ ਛੋਟਾ ਸਮਝਣ ਲੱਗੇ ਅਤੇ ਆਪਣੇ ਬੱਚਿਆਂ ਨੂੰ ਵਿਦੇਸ਼ ਤੋਰ ਦਿੱਤਾ, ਤਾਂ ਪੰਜਾਬ ਦੀ ਖੇਤੀ ਪੂਰੀ ਤਰ੍ਹਾਂ ਪ੍ਰਵਾਸੀ ਮਜ਼ਦੂਰਾਂ ਦੇ ਸਿਰ ਤੇ ਨਿਰਭਰ ਹੋ ਗਈ।

ਪੰਜਾਬ ਦੀ ਇੱਕ ਹੋਰ ਵੱਡੀ ਤਰਾਸਦੀ ਇਹ ਵੀ ਬਣਦੀ ਜਾ ਰਹੀ ਹੈ ਕਿ ਇੱਕ ਪਾਸੇ ਪੰਜਾਬ ਦੀ ਆਪਣੀ ਜਵਾਨੀ ਵੱਡੀ ਗਿਣਤੀ ਵਿੱਚ ਵਿਦੇਸ਼ਾਂ ਵੱਲ ਪਲਾਇਨ ਕਰ ਰਹੀ ਹੈ, ਜਦਕਿ ਦੂਜੇ ਪਾਸੇ ਯੂ ਪੀ, ਬਿਹਾਰ ਅਤੇ ਹੋਰ ਬਾਹਰੀ ਸੂਬਿਆਂ ਤੋਂ ਮਜ਼ਦੂਰ ਪੰਜਾਬ ਵਿੱਚ ਆ ਕੇ ਧੜਾ-ਧੜ ਵੱਸ ਰਹੇ ਹਨ। ਸ਼ੁਰੂਆਤੀ ਦੌਰ ਵਿੱਚ ਇਹ ਲੋਕ ਸਿਰਫ਼ ਮਜ਼ਦੂਰੀ ਕਰਨ ਲਈ ਆਉਂਦੇ ਸਨ, ਪਰ ਹੁਣ ਵੱਡੀ ਗਿਣਤੀ ਵਿੱਚ ਆਪਣੇ ਪਰਵਾਰਾਂ ਸਮੇਤ ਇੱਥੇ ਪੱਕੇ ਤੌਰ 'ਤੇ ਸਥਾਪਤ ਹੋ ਰਹੇ ਹਨ।

ਪੰਜਾਬ ਦੀ ਖੇਤੀ, ਇਮਾਰਤੀ ਕੰਮ, ਫੈਕਟਰੀਆਂ ਅਤੇ ਛੋਟੇ ਉਦਯੋਗਾਂ ਦਾ ਵੱਡਾ ਹਿੱਸਾ ਹੁਣ ਪ੍ਰਵਾਸੀ ਮਜ਼ਦੂਰਾਂ 'ਤੇ ਨਿਰਭਰ ਹੋ ਚੁੱਕਾ ਹੈ। ਕਾਰਨ ਸਾਫ਼ ਹੈ—ਪੰਜਾਬ ਦਾ ਨੌਜਵਾਨ ਵਿਦੇਸ਼ ਜਾਣ ਦੇ ਸੁਪਨਿਆਂ ਵਿੱਚ ਆਪਣੀ ਮਿੱਟੀ ਅਤੇ ਰਵਾਇਤੀ ਰੁਜ਼ਗਾਰਾਂ ਤੋਂ ਦੂਰ ਹੋ ਗਿਆ ਹੈ, ਜਿਸ ਕਰਕੇ ਪੰਜਾਬ ਦੇ ਅੰਦਰ ਪੈਦਾ ਹੋਇਆ ਖਾਲੀਪਨ ਹੁਣ ਬਾਹਰੀ ਸੂਬਿਆਂ ਤੋਂ ਆਏ ਲੋਕ ਭਰ ਰਹੇ ਹਨ।

ਇਹ ਮਸਲਾ ਸਿਰਫ਼ ਗਿਣਤੀ ਦਾ ਨਹੀਂ, ਸਗੋਂ ਪੰਜਾਬ ਦੀ ਪਹਿਚਾਣ, ਭਾਸ਼ਾ, ਸੱਭਿਆਚਾਰ ਅਤੇ ਭਵਿੱਖ ਨਾਲ ਵੀ ਜੁੜਿਆ ਹੋਇਆ ਹੈ। ਜੇ ਪੰਜਾਬ ਦੀ ਆਪਣੀ ਜਵਾਨੀ ਇਸੇ ਤਰ੍ਹਾਂ ਵਿਦੇਸ਼ਾਂ ਵੱਲ ਰੁਖ ਕਰਦੀ ਰਹੀ ਅਤੇ ਇੱਥੇ ਦੀ ਧਰਤੀ ਨਾਲ ਉਸ ਦਾ ਨਾਤਾ ਕਮਜ਼ੋਰ ਹੁੰਦਾ ਗਿਆ, ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਸਮਾਜਿਕ ਬਣਤਰ ਅਤੇ ਰਾਜਨੀਤਕ ਦਿਸ਼ਾ ਵਿੱਚ ਵੱਡੇ ਬਦਲਾਅ ਵੇਖਣ ਨੂੰ ਮਿਲ ਸਕਦੇ ਹਨ।

ਜਿਹੜਾ ਪ੍ਰਵਾਸ ਕਦੇ ਪੰਜਾਬੀਆਂ ਦੀ ਅਣਖ, ਸਖ਼ਤ ਮਿਹਨਤ ਅਤੇ ਉਨਤੀ ਦਾ ਪ੍ਰਤੀਕ ਹੁੰਦਾ ਸੀ, ਅੱਜ ਉਹ ਸਾਡੀ ਆਪਣੀ ਭੇਡ-ਚਾਲ, ਪੰਜਾਬੀਆਂ ਦੀ ਗ਼ਲਤ ਸੋਚ, ਲਾਲਚੀ ਏਜੰਟਾਂ ਦੇ ਜਾਲ, ਬਾਹਰਲੇ ਮੁਲਕਾਂ ਦੇ ਲੁਟੇਰੇ ਸਿੱਖਿਆ ਸਿਸਟਮ ਅਤੇ ਪ੍ਰਸ਼ਾਸਨ ਦੀ ਨਾਕਾਮੀ ਕਾਰਨ ਇੱਕ ਦਲਦਲ ਦਾ ਰੂਪ ਧਾਰ ਚੁੱਕਾ ਹੈ। ਜਦੋਂ ਤੱਕ ਪ੍ਰਸ਼ਾਸਨ ਅਤੇ ਕਾਨੂੰਨ ਅਜਿਹੇ ਠੱਗ ਏਜੰਟਾਂ ਨੂੰ ਜੇਲ੍ਹ ਦੀਆਂ ਸੀਖਾਂ ਪਿੱਛੇ ਪੱਕੇ ਤੌਰ 'ਤੇ ਬੰਦ ਨਹੀਂ ਕਰਦਾ।

ਪ੍ਰਸ਼ਾਸਨ ਨੂੰ ਚਾਹੀਦਾ ਹੈ ਨੌਜਵਾਨਾਂ ਨੂੰ ਮੁੱਖ ਧਾਰਾ ਵਿੱਚ ਲਿਆ ਕੇ ਰੋਜ਼ਗਾਰ ਦੇ ਨਵੇਂ ਮੌਕੇ ਮੁਹੱਈਆ ਕਰਾਉਣੇ ਚਾਹੀਦੇ ਹਨ। ਅਸੀਂ ਖੁਦ ਇਸ ਭੇਡ-ਚਾਲ ਵਿੱਚੋਂ ਬਾਹਰ ਨਿਕਲ ਕੇ ਆਪਣੀ ਜ਼ਮੀਨ, ਆਪਣੇ ਵਤਨ ਅਤੇ ਹੱਥੀਂ ਕਿਰਤ (ਮਿਹਨਤ) ਦੀ ਕਦਰ ਨਹੀਂ ਕਰਦੇ, ਉਦੋਂ ਤੱਕ ਪੰਜਾਬ ਅੰਦਰੂਨੀ ਤੌਰ 'ਤੇ ਇੰਜ ਹੀ ਖ਼ਾਲੀ ਹੁੰਦਾ ਰਹੇਗਾ। ਸਾਨੂੰ ਇਹ ਗੱਲ ਗੰਭੀਰਤਾ ਨਾਲ ਸਮਝਣੀ ਹੋਵੇਗੀ ਕਿ ਆਪਣੀ ਜਨਮ ਭੂਮੀ 'ਤੇ ਇੱਜ਼ਤ ਨਾਲ ਕੀਤੀ ਮਿਹਨਤ, ਬੇਗਾਨੇ ਮੁਲਕ ਦੀ ਚਾਕਰੀ ਅਤੇ ਉੱਥੋਂ ਦੇ ਸ਼ੋਸ਼ਣ ਨਾਲੋਂ ਹਜ਼ਾਰ ਗੁਣਾ ਬਿਹਤਰ ਹੈ, ਕਿਉਂਕਿ ਹਰ ਚਮਕਦੀ ਚੀਜ਼ ਸੋਨਾ ਨਹੀਂ ਹੁੰਦੀ।

# ਸੰਪਰਕ : 95015-75511

# ਪੰਜਾਬੀ ਆਪਣੀ ਗੈਰਤ ਨੂੰ ਮਰਨ ਨਹੀਂ ਦੇਣਗੇ

**ਬਲਜਿੰਦਰ ਸਿੰਘ ਬਾਲੀ ਰੇਤਗੜ੍ਹ**

ਵਿਕਾਸ ਸਮਾਜ ਦੇ ਕਿਸ ਕੰਮ ਆਉਣਗੇ ? ਕਿਹੜੇ ਵਿਕਾਸ ਦੇ ਢੰਡੋਰੇ ਪਿਟਵਾਏ ਜਾ ਰਹੇ ਹਨ । ਜਦੋਂ ਨੌਜਵਾਨ ਪੀੜ੍ਹੀ ਹੀ ਸਾਡੇ ਹੱਥੋਂ ਖਤਮ ਹੋ ਰਹੀ ਹੈ। ਜਦੋਂ ਜਵਾਨੀ ਹੀ ਜੋ ਕੌਮ, ਦੇਸ਼ ਦੀ ਅਮਾਨਤ ਹੁੰਦੀ ਹੈ , ਅੱਕ ਕੇ ਬਾਹਰ ਵਿਦੇਸ਼ਾਂ ਦੇ ਰਾਹ ਤੁਰ ਰਹੀ ਹੈ । ਰਹਿੰਦੀ-ਖੂੰਹਦੀ ਨਸ਼ਿਆਂ 'ਚ ਨੌਜਵਾਨੀ ਮਰ ਰਹੀ ਹੈ । ਝੋਰੇ ਵਿੱਚ ਮਾਂ-ਪਿਓ ਮਰ ਰਹੇ ਹਨ , ਤਾਂ ਲਾਹਨਤ ਹੈ ਐਸੇ ਵਿਕਾਸ , ਐਸੇ ਹੁਕਮਰਾਨਾਂ 'ਤੇ ।

ਤੰਗੀਆਂ-ਤੁਰਸ਼ੀਆਂ ਵਿੱਚ ਜੀਵਨ ਨਿਰਬਾਹ ਕਰਕੇ ਕਿਸਾਨਾਂ ਨਾਲ਼ ਦਿਨ-ਰਾਤ ਦੀ ਮੁਸ਼ੱਕਤ ਕਰਕੇ ਸੋਚਦੇ ਸਾਂ ਆਪਣੇ ਧੀ-ਪੁੱਤ ਪੜ੍ਹਾ ਲਵਾਂਗੇ । ਅਸੀਂ ਤਾਂ ਆਪਣੀ ਕਿਰਤ ਦਾ ਸ਼ੋਸ਼ਣ ਹੀ ਕਰਵਾਇਆ ਸੀ, ਫਿਟਕਾਰਾਂ ਸੁਣਦਿਆਂ ਪਸ਼ੂਆਂ ਦਾ ਗੋਹਾ ਸੁੱਟਿਆ। ਮੁਤਰੈਲ ਹੱਥਾਂ ਨਾਲ਼ ਚੁੱਕੀ । ਸਿਰਾਂ 'ਚ ਮੁਸ਼ਕ ਨਾਲ਼ ਜੂੰਆਂ ਨੇ ਖੂਨ ਚੂਸਿਆ, ਪਰ ਸਾਰੀ ਕਰੀ-ਕਰਾਈ ਖੂਹ ਵਿੱਚ ਪੈ ਗਈ । ਪਹਿਲਾਂ ਜ਼ਿਮੀਂਦਾਰਾਂ, ਚੌਧਰੀਆਂ ਨੇ ਸਾਡੇ ਮਰਦਾਂ ਨੂੰ ਨਸ਼ਿਆਂ ਦੀ ਲਤ ਲਾਈ, ਪੋਸਤ , ਭੁੱਕੀ ਤੇ ਘਰ ਦੀ ਦਾਰੂ ਨਾਲ਼ ਸਾਡੇ ਹਾਸੇ ਖੋਹੇ। ਹੁਣ ਇਹਨਾਂ ਸਰਦਾਰਾਂ ਦੇ ਜੰਮੇ ਨੇਤਾ ਬਣ ਕੇ ਸਾਡੇ ਜਵਾਕਾਂ ਨੂੰ ਤਬਾਹ ਕਰ ਰਹੇ ਨੇ। ਕਿਰਤੀ, ਕੰਮੀਆਂ ਦੇ ਜਾਏ ਸਲਫਾਸਾਂ ਨਾ ਖਾਣ ਤਾਂ ਹੋਰ ਕੀ ਕਰਨ ?

ਘਰਾਂ-ਖੇਤਾਂ ਵਿੱਚ ਕੱਢੀ ਜਾਂਦੀ ਦਾਰੂ ਇਹਨਾਂ ਗੋਲੀਆਂ, ਕੈਪਸੂਲਾਂ, ਸਮੈਕ ਤੋਂ ਤਾਂ ਚੰਗੀ ਸੀ, ਜਾਨ ਤਾਂ ਨਹੀਂ ਸੀ ਜਾਂਦੀ। ਲੁੱਟਾਂ-ਖੋਹਾਂ ਤਾਂ ਨਹੀਂ ਸੀ ਹੁੰਦੀਆਂ। ਹੁਣ ਤਾਂ ਚਿੱਟੇ ਦੀ ਤੋੜ 'ਚ ਆ ਕੇ ਨੌਜਵਾਨ ਬਾਪ ਨੂੰ ਮਾਰ ਰਹੇ ਨੇ, ਮਾਂ ਨੂੰ ਮਾਰ-ਕੁੱਟ ਰਹੇ ਨੇ, ਦਾਦੀ ਦੀ ਸੰਘੀ ਨੱਪ ਕੇ ਕੰਨ 'ਚ ਪਾਈਆਂ ਸੋਨੇ ਦੀਆਂ ਵਾਲੀਆਂ ਲਾਹ ਰਹੇ ਨੇ। ਕੁੜੀਆਂ ਨਸ਼ੇ 'ਚ ਧੁੱਤ ਸੁੱਧ-ਬੁੱਧ ਭੁਲਾ ਬੈਠੀਆਂ ਨੇ । ਪੰਜਾਬੀ ਰੋਣ ਤਾਂ ਕਿੱਥੇ ਰੋਣ ? ਕਿਸ ਦੇ ਗਲ ਲੱਗ ਕੇ ਧਾਹ ਮਾਰਨ ? ਹਰ ਘਰ ਦਾ ਇਕੋ ਦਰਦ, ਇਕੋ ਰੋਣਾ । ਕਾਲੀ ਝੰਡੀ ਦਿਖਾ ਕੇ ਨੌਜਵਾਨੀ ਸੱਤਾ ਅਤੇ ਸੱਤਾ ਦੇ ਰਾਖਿਆਂ ਨੂੰ ਸ਼ੀਸ਼ਾ ਨਾ ਦਿਖਾਵੇ ਤਾਂ ਕੀ ਕਰੇ ?

ਉੱਚੇ-ਸੁੱਚੇ ਕਿਰਦਾਰ ਵਾਲੇ, ਗ਼ੈਰਤ ਨਾਲ਼ ਜੀਵਨ ਜਿਉਣ ਵਾਲੇ, ਮਿਹਨਤਕਸ਼ ਲੋਕ, ਮਿੱਟੀ ਨਾਲ਼ ਜੁੜੇ ਹੋਏ ਆਪਣੇ ਆਪ ਤੋਂ ਕਿਵੇਂ ਦਿਨ-ਬਾ-ਦਿਨ ਹਾਰ ਰਹੇ ਨੇ ? ਗੁਰੂ ਸਾਹਿਬਾਨਾਂ ਦੀ ਵਿਚਾਰਧਾਰਾ ਦੇ ਰਾਹੀ, ਬੰਦੇ ਬਹਾਦਰ ਦੇ ਨਾਲ ਜੂਝਣ ਵਾਲੇ, ਮੁਗਲੀਆ ਸਲਤਨਤ ਦੀਆਂ ਜੜ੍ਹਾਂ ਪੁੱਟਣ ਵਾਲੇ, ਦਰ੍ਹਾ ਖੈਬਰ ਦੀ ਕੰਧ ਬਣਨ ਵਾਲੇ ਜੋਧੇ ਕਿਹੜੇ ਦੁਸ਼ਮਣ ਤੋਂ ਹਰ ਦਿਨ ਜੰਗ ਹਾਰ ਰਹੇ ਨੇ ? ਕਿਉਂ ਪਹਿਚਾਣ ਨਹੀਂ ਕਰ ਪਾ ਰਹੇ ? ਦਰਿਆਵਾਂ ਦੇ ਰਾਹ ਮੋੜਨ ਵਾਲੇ ਆਪ ਕਿਸ ਰਾਹ ਮੁੜ ਬੈਠੇ ?

ਨਸ਼ਿਆਂ ਨੂੰ ਜੀ ਆਇਆਂ ਕਹਿਣ ਵਾਲੇ ਖੁਦ ਅਸੀਂ ਹੀ ਹਾਂ। ਸਾਡੇ ਆਪਣੇ ਧੀਆਂ-ਪੁੱਤਾਂ ਦੀ ਮੌਤ ਦੇ ਜ਼ਿਮੇਵਾਰ ਵੀ ਅਸੀਂ ਹੀ ਹਾਂ। ਜੇਕਰ ਬਾਪ ਨਸ਼ਾ ਰਹਿਤ ਹੋਵੇ ਤਾਂ ਪੁੱਤਰ-ਧੀ ਇਸ ਰਾਹ 'ਤੇ ਨਹੀਂ ਚੱਲਣਗੇ। ਮਾਂ ਚੰਗੇ ਘਰਾਣੇ ਦੀ ਬੱਚਿਆਂ ਨੂੰ ਸਹੀ ਦਿਸ਼ਾ 'ਤੇ ਤੋਰੇਗੀ। ਬੱਚਿਆਂ ਦੀ ਬੈਠ-ਉਠ, ਦੋਸਤਾਂ, ਸਾਥੀਆਂ ਦੇ ਆਚਰਣ, ਸੰਸਕਾਰਾਂ ਦਾ ਧਿਆਨ ਰੱਖਦਿਆਂ ਆਪਣੀ ਔਲਾਦ 'ਤੇ ਬਾਜ਼ ਅੱਖ ਰੱਖੇਗੀ। ਪਿਤਾ ਜ਼ਿਆਦਾ ਲਾਡਪੁਣੇ ਵਿੱਚ ਵੀ ਆਪਣੀ ਔਲਾਦ ਵਿਗਾੜ ਸਕਦੈ। ਬਾਪ ਦੀ ਅੱਖ ਦਾ ਡਰ, ਬਾਪ ਦੇ ਦੋਸਤਾਂ ਦਾ ਭੈਅ, ਚਾਚਿਆਂ-ਤਾਇਆਂ ਦੀ ਇੱਜ਼ਤ ਤੇ ਡਰ ਬੱਚਿਆਂ ਨੂੰ ਨਸ਼ਿਆਂ ਵੱਲ ਨਹੀਂ ਜਾਣ ਦੇਣਗੇ।

ਨਸ਼ਿਆਂ ਦੀ ਰੋਕਥਾਮ ਦਾ ਹੱਲ ਜੇ ਪਿੰਡ ਪੱਧਰ 'ਤੇ ਲੋਕ ਆਪ ਹੀ ਕਰਨ ਤਾਂ ਸਾਰਥਿਕ ਹੋਵੇਗਾ। ਇਸ ਨੂੰ ਰੋਕਿਆ ਜਾ ਸਕਦਾ ਹੈ। ਪੰਚ, ਸਰਪੰਚ, ਖੜਪੰਚ ਤਾਂ ਰਾਜਨੀਤਕ ਦਲਾਂ ਦੇ ਦਲਾਲ ਜਾਂ ਖੋਤੇ ਬਣ ਚੁੱਕੇ ਹਨ । ਇਹ ਆਪਣੀ ਸੱਤਾ ਦਾ ਹਰ ਸੰਭਵ ਲਾਹਾ ਖੱਟਣ ਲਈ ਪੱਬਾਂ-ਭਾਰ ਹੋ ਚੁੱਕੇ । ਪਿੰਡਾਂ ਦੇ ਸਮਝਦਾਰ ਲੋਕ ਵੀ ਇਹਨਾਂ ਤੋਂ ਕਿਨਾਰਾ ਕਰਦੇ ਹਨ । ਪੁਲਸ ਪ੍ਰਸ਼ਾਸਨ ਕਦੇ ਵੀ ਨਸ਼ਿਆਂ ਦਾ ਕਾਰੋਬਾਰ ਬੰਦ ਨਹੀਂ ਕਰ ਸਕਿਆ ਅਤੇ ਨਾ ਹੀ ਕਰੇਗਾ। ਵੱਡੇ ਨਸ਼ੇ ਦੇ ਸਮੱਗਲਰ ਇਹਨਾਂ 'ਤੇ ਸੱਤਾ ਦਾ ਦਬਾਅ ਅਤੇ ਦਬਕਾ ਰੱਖਦੇ ਹਨ ਕਿ ਪੁਲਸ ਨਸ਼ਾ ਖਾਣ ਵਾਲਿਆਂ ਨੂੰ ਫੜ ਕੇ ਪਰਚਾ ਪਾ ਦਿੰਦੀ ਹੈ, ਪਰ ਅਸਲ ਮਗਰਮੱਛ ਐਸ਼ ਕਰਦੇ ਹਨ।

ਰਾਜਨੀਤਕ ਲੋਕ ਵਾਰੋ-ਵਾਰੀ ਆਪਣੀ ਰੋਟੀ ਸੇਕਣ ਲਈ ਹੀ ਲਾਈਨ 'ਚ ਰਹਿੰਦੇ ਹਨ । ਹਾਕਮ ਜਮਾਤ ਲੋਕਾਂ ਦੀ ਅਵਾਜ਼ ਦਬਾਉਣ, ਸੰਘ ਦਬਾਉਣ ਅਤੇ ਡਾਂਗ ਵਰਸਾਉਣ ਦੀ ਪ੍ਰਥਾ ਨੂੰ ਨਿਰੰਤਰ ਚਾਲੂ ਰੱਖ ਰਹੀ ਹੈ । ਨਾ ਇਹਨਾਂ ਕੋਲ ਖੁਦ ਵਿਦਵਤਾ ਹੈ, ਨਾ ਸੂਬੇ ਦੀ ਆਵਾਮ ਦਾ ਫਿਕਰ ਨਾ ਹੀ ਰਾਜ ਲਈ ਕੋਈ ਲੰਮੀ ਸੋਚ ਵਾਲਾ ਪਲਾਨ ।

ਰਾਜ ਦਾ ਆਰਥਿਕ ਦਿਵਾਲੀਆਪਣ ਸਿਖਰ 'ਤੇ ਹੈ । ਪ੍ਰਦੂਸ਼ਣ ਸਿਖਰ 'ਤੇ ਹੈ । ਸਰਕਾਰੀ ਵਿਭਾਗਾਂ ਵਿੱਚ ਕੰਮਚੋਰ ਤਰੀਕਾਂ 'ਤੇ ਤਰੀਕਾਂ ਹੀ ਦਿੰਦੇ ਹਨ । ਪੁਲਸ ਵਿਭਾਗ ਵਿੱਚ ਨਿਮਰਤਾ ਦੀ ਬਜਾਏ ਰੁੱਖੀ ਭਾਸ਼ਾ ਤੇ ਭੈੜਾ ਵਤੀਰਾ ਅੱਜਕੱਲ੍ਹ ਸੁਰਖੀਆਂ 'ਚ ਹੈ ਅਤੇ ਇਹ ਚਿੰਤਾ ਦਾ ਵਿਸ਼ਾ ਹੈ। ਬੇਰੁਜ਼ਗਾਰ ਨੌਜਵਾਨ ਨਸ਼ਿਆਂ ਦੇ ਰਾਹ ਨਹੀਂ ਪੈਣਗੇ ਤਾਂ ਕੀ ਕਰਨਗੇ ? ਜਾਣਗੇ ਕਿੱਥੇ ? ਲੋਕਤੰਤਰ ਅਤੇ ਸੰਵਿਧਾਨ ਦੀ ਪਾਲਣਾ ਕਰਦੇ ਹੋਏ ਆਪਣੀ ਆਵਾਜ਼ ਕੱਢਦੇ ਹਨ ਤਾਂ ਉਹਨਾਂ ਨੂੰ ਅੱਤਵਾਦੀ ਕਹਿ ਕੇ ਭਜਾ-ਭਜਾ ਕੁੱਟਿਆ ਜਾਂਦਾ ਹੈ । ਸਿਰ ਪਾੜੇ ਜਾਂਦੇ ਹਨ । ਸਰਕਾਰੀ ਏਜੰਸੀਆਂ ਹੀ ਸੰਵਿਧਾਨ ਦੀ ਉਲੰਘਣਾ ਕਰਕੇ ਨੌਜਵਾਨ ਪੀੜ੍ਹੀ 'ਤੇ ਝੂਠੇ ਪੁਲਸ ਕੇਸ ਪਾ ਪਾ ਉਹਨਾਂ ਦਾ ਭਵਿੱਖ ਤਬਾਹ ਕਰ ਰਹੀਆਂ ਹਨ । ਸੰਵਿਧਾਨ ਹੀ ਸਰਕਾਰੀ ਤੰਤਰ ਦੀ ਮਨਪਰਚਾਵੇ ਦੀ ਖੇਡ ਬਣ ਗਿਆ ਹੈ ।

ਪੰਜਾਬ ਦੇ ਲੋਕ ਕੌਣ ਹਨ, ਇਹ ਇਤਿਹਾਸ ਖੁਦ ਆਪਣੇ ਆਪ ਦੁਹਰਾਉਂਦਾ ਤੇ ਪ੍ਰਮਾਣ ਦੇਵੇਗਾ। ਇਹ ਤਸ਼ੱਦਦ ਨਾਲ ਦੱਬਣ ਵਾਲੇ ਲੋਕ ਨਹੀਂ । ਇਹ ਸੀਸ ਤਲੀ 'ਤੇ ਧਰ ਕੇ ਲੜਨ ਵਾਲਿਆਂ ਦਾ ਅੰਸ਼ ਹਨ। ਫ਼ਰਕ ਸਿਰਫ਼ ਏਨਾ ਕੁ ਹੈ ਕਿ ਹੁਣ ਪੰਜਾਬ ਦੇ ਦੁਸ਼ਮਣ ਹੋਰ ਦਿੱਖ ਵਾਲੇ ਨਹੀਂ, ਹੋਰ ਨਸਲ ਦੇ ਨਹੀਂ ਸਗੋਂ ਪੰਜਾਬੀ ਕੌਮ ਦੇ ਹੀ ਗਦਾਰਾਂ ਦੇ ਅੰਸ਼ ਹਨ। ਇਹ ਮਿੱਟੀ ਦੇ ਪੁੱਤਰ ਨਹੀਂ ਕਪੁੱਤ ਹਨ। ਜਿੰਨੀ ਲੋਕ ਜੱਦੋ-ਜਹਿਦ ਕਰਨਗੇ, ਇਹ ਪੰਜਾਬ ਅਤੇ ਪੰਜਾਬੀਅਤ ਨੂੰ ਜਿਉਂਦਾ-ਜਾਗਦਾ ਰੱਖਣ ਲਈ ਅਤਿ ਜਰੂਰੀ ਹੈ। ਹਰ ਨਵਾਂ ਵੰਝ ਪੰਜਾਬ ਦੀ ਗ਼ੈਰਤ ਨੂੰ ਮਰਨ ਨਹੀਂ ਦੇਵੇਗਾ।

# ਸੰਪਰਕ : 94651-29168

# ਜੀਵਨ ਪ੍ਰਤੀ ਸਾਕਾਰਾਤਮਿਕ ਨਜ਼ਰੀਆ ਹੋਵੇ

**ਗੁਰਬਿੰਦਰ ਸਿੰਘ ਮਾਣਕ**

ਮਨੁੱਖ ਨੂੰ ਕੁਦਰਤ ਨੇ ਸਿਆਣਪ ਦੀ ਦਾਤ ਬਖਸ਼ੀ ਹੈ। ਸੋਚਣ ਤੇ ਵਿਚਾਰਨ ਦੀ, ਕੁਦਰਤ ਵੱਲੋਂ ਬਖਸ਼ੀ ਅਦਭੁੱਤ ਸ਼ਕਤੀ ਕਾਰਨ ਹੀ ਮਨੁੱਖ ਆਪਣੇ ਆਪ ਨੂੰ ਇਸ ਧਰਤੀ ਦਾ ਸ਼ਹਿਨਸ਼ਾਹ ਕਹਾਉਂਦਾ ਹੈ। ਇਹ ਵੱਖਰੀ ਗੱਲ ਹੈ ਕਿ ਮਨੁੱਖ ਆਪਣੀ ਸੂਝ ਦਾ ਉਸ ਤਰ੍ਹਾਂ ਦਾ ਪ੍ਰਗਟਾਵਾ ਨਹੀਂ ਕਰਦਾ, ਜਿਸ ਤਰ੍ਹਾਂ ਦੀ ਇਸ ਤੋਂ ਉਮੀਦ ਕੀਤੀ ਜਾਂਦੀ ਹੈ। ਹਰ ਮਨੁੱਖ ਲਈ ਜ਼ਿੰਦਗੀ ਦੇ ਅਰਥ ਉਸ ਦੀ ਸੂਝ-ਬੂਝ ਤੇ ਜੀਵਨ ਪ੍ਰਤੀ ਨਜ਼ਰੀਏ ਅਨੁਸਾਰ ਵੱਖਰੇ ਵੱਖਰੇ ਹੋ ਸਕਦੇ ਹਨ। ਜ਼ਿੰਦਗੀ ਦੀਆਂ ਦੁਸ਼ਵਾਰੀਆਂ ਨਾਲ ਜੂਝਦਾ ਸਾਧਾਰਨ ਮਨੁੱਖ, ਰੋਜ਼ੀ-ਰੋਟੀ ਤੇ ਲੋੜਾਂ-ਥੁੜ੍ਹਾਂ ਦੇ ਭੰਵਰ ਵਿਚ ਭਟਕਦਾ ਜੀਵਨ ਦੇ ਬਿਖੜੇ ਪੈਂਡਿਆਂ 'ਤੇ ਤੁਰਿਆ ਰਹਿੰਦਾ ਹੈ। ਇਸ ਅਜੀਬ ਜਿਹੀ ਭਟਕਣਾ ਵਿਚੋਂ ਬਾਹਰ ਨਿਕਲ ਕੇ ਕਿਸੇ ਹੋਰ ਗੱਲ ਵਲ ਝਾਕਣ ਦੀ ਉਸ ਨੂੰ ਨਾ ਸੋਝੀ ਹੁੰਦੀ ਹੈ ਤੇ ਨਾ ਹੀ ਵਿਹਲ। ਆਰਥਿਕ ਤੌਰ 'ਤੇ ਸਾਧਨ-ਸੰਪੰਨ ਤੇ ਧੰਨ ਦੇ ਅੰਬਾਰ ਵਿਚ ਘਿਰੇ ਮਨੁੱਖਾਂ ਦੀ ਮਾਨਸਿਕਤਾ ਬਿਲਕੁਲ ਹੀ ਵੱਖਰੀ ਹੁੰਦੀ ਹੈ।

ਜੇ ਮਨੁੱਖ ਆਪਣੀ ਜ਼ਿੰਦਗੀ ਦੇ ਦਾਇਰੇ ਵਿਚੋਂ ਬਾਹਰ ਨਿਕਲ ਕੇ ਝਾਕੇ ਤਾਂ ਮੁਫਤ ਵਿਚ ਹੀ ਜੀਵਨ ਦੀਆਂ ਨਿੱਕੀਆਂ-ਨਿੱਕੀਆਂ ਖੁਸ਼ੀਆਂ ਮਾਣੀਆਂ ਜਾ ਸਕਦੀਆਂ ਹਨ। ਜਿਉਂ-ਜਿਉਂ ਸਮਾਂ ਬਦਲ ਰਿਹਾ ਹੈ, ਤਿਉਂ-ਤਿਉਂ ਅਜੋਕਾ ਮਨੁੱਖ ਅੰਤਰਮੁਖੀ ਹੋਈ ਜਾ ਰਿਹਾ ਹੈ। ਇਸ ਕਾਰਨ ਹੀ ਸਮਾਜ ਵਿਚ ਭਾਈਚਾਰਕ ਸਾਂਝਾਂ ਪੇਤਲੀਆਂ ਪੈਂਦੀਆਂ ਜਾ ਰਹੀਆਂ ਹਨ। ਹਉਮੈ ਤੇ ਸਵਾਰਥ ਭਾਰੂ ਹੋਣ ਨਾਲ ਮਨੁੱਖ ਵਿਚ ਦੂਜਿਆਂ ਦੇ ਕੰਮ ਆਉਣ ਦੀ ਭਾਵਨਾ ਘਟਦੀ ਜਾ ਰਹੀ ਹੈ। ਅਹੁਦਿਆਂ ਦੀ ਚੌਧਰ ਦੀ ਲਾਲਸਾ ਵਿਚ ਨੈਤਿਕਤਾ, ਸਦਾਚਾਰ ਤੇ ਭਰਾਤਰੀ ਸਾਂਝ ਨੂੰ ਨਫਰਤ ਵਿਚ ਬਦਲਿਆ ਜਾ ਰਿਹਾ ਹੈ। ਸੁੱਖ-ਸ਼ਾਂਤੀ ਨਾਲ ਵਸਦੇ ਪਿੰਡਾਂ ਦੇ ਵਾਸੀਆਂ ਨੂੰ ਨਿੱਘਰੀ ਸਿਆਸਤ ਨੇ ਆਪਣੇ ਰੰਗ ਵਿਚ ਰੰਗ ਲਿਆ ਹੈ। ਧੜੇਬੰਦੀ ਕਾਰਨ ਵੈਰ-ਵਿਰੋਧ ਪੈਦਾ ਹੁੰਦਾ ਹੈ ਤੇ ਕਤਲ ਤੱਕ ਹੋ ਜਾਂਦੇ ਹਨ।

ਜਿਸ ਧਰਤੀ 'ਤੇ ਅਸੀਂ ਵਿਚਰਦੇ ਹਾਂ, ਉਹ ਸਾਡੀ ਪਾਲਣਹਾਰ ਹੈ। ਜੀਵਨ ਦੇ ਅਨੇਕਾਂ ਸੁੱਖ ਸਾਨੂੰ ਇਥੋਂ ਪ੍ਰਾਪਤ ਹੁੰਦੇ ਹਨ। ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਇਸ ਧਰਤੀ ਦੇ ਸਾਊ ਪੁੱਤਰ ਬਣ ਕੇ ਇਸ ਦਾ ਕੁਝ ਕਰਜ਼ ਲਾਹੀਏ। ਇਸ ਗੱਲ ਬਾਰੇ ਵੀ ਕੋਈ ਦੋ ਰਾਵਾਂ ਨਹੀਂ ਹੋ ਸਕਦੀਆਂ ਕਿ ਇਸ ਦਾ ਲ਼ਾਭ ਇਸ ਧਰਤੀ 'ਤੇ ਵਸਣ ਵਾਲਿਆਂ ਨੂੰ ਹੀ ਹੋਣਾ ਹੈ। ਬਹੁਤ ਕੁਝ ਅਜਿਹਾ ਵਾਪਰ ਰਿਹਾ ਹੈ, ਜਿਸ ਨਾਲ ਮਨੁੱਖੀ ਜੀਵਨ ਹੀ ਬੁਰੀ ਤਰ੍ਹਾਂ ਪ੍ਰਭਾਵਤ ਹੋ ਰਿਹਾ ਹੈ। ਅਮੀਰ ਹੋਵੇ ਭਾਵੇਂ ਗਰੀਬ,ਪੇਂਡੂ ਹੋਵੇ ਭਾਵੇਂ ਸ਼ਹਿਰੀ, ਅਨਪੜ੍ਹ ਹੋਵੇ ਜਾਂ ਪੜ੍ਹਿਆ, ਕਿਸੇ ਧਰਮ ਨੂੰ ਮੰਨਣ ਵਾਲਾ ਹੋਵੇ ਅਤੇ ਕਿਸੇ ਵਿਚਾਰਧਾਰਾ ਨੂੰ ਪ੍ਰਣਾਇਆ ਹੋਵੇ ਆਖਰ ਹਰ ਇਕ ਨੇ ਰਹਿਣਾ ਤਾਂ ਇਸ ਧਰਤੀ ਉੱਤੇ ਹੀ ਹੈ। ਕੁਝ ਗੱਲਾਂ ਅਜਿਹੀਆਂ ਹਨ, ਜਿਨ੍ਹਾਂ 'ਤੇ ਕੋਈ ਪੈਸਾ ਖਰਚ ਨਹੀਂ ਹੁੰਦਾ, ਬਸ ਉਹ ਥੋੜ੍ਹਾ ਜਿਹਾ ਸਾਡਾ ਧਿਆਨ ਮੰਗਦੀਆਂ ਹਨ। ਸਫਾਈ ਹਰ ਇਕ ਨੂੰ ਚੰਗੀ ਲਗਦੀ ਹੈ, ਪਰ ਕੀ ਇਕੱਲੇ ਘਰ ਦੀ ਸਫਾਈ ਹੀ ਜ਼ਰੂਰੀ ਹੈ। ਜੇ ਹਰ ਕੋਈ ਘਰ ਦਾ ਕੂੜਾ ਬਾਹਰ ਗਲੀ ਦੇ ਕਿਸੇ ਕੋਨੇ 'ਤੇ ਸੁੱਟੀ ਜਾਵੇ ਤੇ ਸਮਝ ਲਏ ਕਿ ਘਰ ਸਾਫ ਹੋ ਗਿਆ ਹੈ ਤਾਂ ਇਹ ਉਸ ਦੀ ਭੁੱਲ ਹੋਵੇਗੀ। ਸਾਡੇ ਪਿੰਡਾਂ, ਸ਼ਹਿਰਾਂ, ਮੁਹੱਲਿਆਂ ਵਿਚ ਲੱਗੇ ਗੰਦਗੀ ਦੇ ਢੇਰ ਸਾਡੀ ਇਸੇ ਮਾਨਸਿਕਤਾ ਦਾ ਹੀ ਸਬੂਤ ਹਨ।

ਪਾਣੀ ਰੂਪੀ 'ਅੰਮ੍ਰਿਤ' ਮਨੁੱਖ ਦੀ ਬਹੁਤ ਵੱਡੀ ਲੋੜ ਹੈ। ਇਸ ਤੋਂ ਬਿਨਾਂ ਤਾਂ ਜੀਵਨ ਸੰਭਵ ਹੀ ਨਹੀਂ। ਇਸ ਦੇ ਬਾਵਜੂਦ ਸਾਨੂੰ ਪਾਣੀ ਦੀ ਕੀਮਤ ਦਾ ਅਹਿਸਾਸ ਨਹੀਂ। ਦੇਸ਼ ਦੇ ਜਿਨ੍ਹਾਂ ਰਾਜਾਂ ਵਿਚ ਸੋਕਾ ਪਿਆ ਹੋਇਆ ਹੈ ਤੇ ਉਹ ਪਾਣੀ ਦੀ ਬੂੰਦ-ਬੂੰਦ ਨੂੰ ਤਰਸ ਰਹੇ ਹਨ, ਕੋਈ ਉਨ੍ਹਾਂ ਨੂੰ ਪੁੱਛ ਕੇ ਦੇਖੇ ਪਾਣੀ ਦੀ ਕੀਮਤ। ਉਂਜ ਇਸ ਤੋਂ ਵੱਡੀ ਬਦਕਿਸਮਤੀ ਕੀ ਹੋ ਸਕਦੀ ਹੈ ਕਿ ਸਾਡੇ ਦੇਸ਼ ਦੇ ਕਰੋੜਾਂ ਲੋਕਾਂ ਨੂੰ ਅਜੇ ਤੱਕ ਪੀਣ ਲਈ ਸਾਫ ਪਾਣੀ ਵੀ ਉਪਲਭਧ ਨਹੀਂ ਹੈ। ਧਰਤੀ ਹੇਠਲਾ ਪਾਣੀ ਲਗਾਤਾਰ ਹੇਠਾਂ ਜਾ ਰਿਹਾ ਹੈ। ਮਾਹਰ ਚਿਤਾਵਨੀਆਂ ਦੇ ਰਹੇ ਹਨ ਕਿ ਪੰਜਾਬ ਦੇ ਬਹੁਤੇ ਖੇਤਰਾਂ ਵਿਚ ਪਾਣੀ ਦਾ ਪੱਧਰ ਏਨਾ ਥੱਲੇ ਚਲਾ ਗਿਆ ਹੈ ਕਿ ਇਹ 'ਡਾਰਕ ਜ਼ੋਨ' ਦੀ ਸ਼੍ਰੇਣੀ ਵਿਚ ਪਹੁੰਚ ਚੁੱਕੇ ਹਨ। ਇਸ ਦੇ ਬਾਵਜੂਦ ਪਾਣੀ ਦੀ ਬੇਤਹਾਸ਼ਾ ਦੁਰਵਰਤੋਂ ਹੋ ਰਹੀ ਹੈ।

ਕਿਸਾਨਾਂ ਨੂੰ ਬਿਜਲੀ ਮੁਫਤ ਹੋਣ ਕਾਰਨ ਫਸਲਾਂ ਲਈ ਪਾਣੀ ਦੀ ਲੋੜ ਤੋਂ ਕਿਤੇ ਵੱਧ ਵਰਤੋਂ ਕੀਤੀ ਜਾ ਰਹੀ ਹੈ। ਆਟੋਮੈਟਿਕ ਜੰਤਰ ਦੀ ਬਦੌਲਤ ਮੋਟਰ ਆਪੇ ਹੀ ਚੱਲ ਪੈਂਦੀ ਹੈ ਤੇ ਪਾਣੀ ਦੀ ਬੇਲੋੜੀ ਵਰਤੋਂ ਹੋਈ ਜਾਂਦੀ ਹੈ। ਇਹ ਠੀਕ ਹੈ ਕਿ ਖੇਤੀ ਵਿਚ ਪਾਣੀ ਦੀ ਬਹੁਤ ਲੋੜ ਹੈ, ਪਰ ਕਿਸਾਨ ਨੂੰ ਵੀ ਪਾਣੀ ਦੀ ਕੀਮਤ ਪਛਾਨਣ ਦੀ ਲੋੜ ਹੈ। ਘਰਾਂ ਦੀ ਸਫਾਈ,ਵਾਹਨਾਂ ਦੀ ਧੋ-ਧੁਆਈ, ਪਿੰਡਾਂ ਵਿਚ ਪਸ਼ੂਆਂ ਨੂੰ ਨਲ੍ਹਾਉਣਾ, ਉਸਾਰੀ ਕਰਨ ਸਮੇਂ ਪਾਣੀ ਦੀ ਅੰਨ੍ਹੀ ਦੁਰਵਰਤੋਂ ਆਦਿ ਗੱਲਾਂ ਭਾਵੇਂ ਨਿਗੂਣੀਆਂ ਜਿਹੀਆਂ ਜਾਪਦੀਆਂ ਹਨ, ਪਰ ਪਾਣੀ ਦੀ ਫਜ਼ੂਲ ਤੇ ਬੇਲੋੜੀ ਵਰਤੋਂ ਨੂੰ ਰੋਕਣਾ ਹਰ ਵਿਅਕਤੀ ਦਾ ਫਰਜ਼ ਹੈ। ਕੇਵਲ ਖੇਤੀਬਾੜੀ ਹੀ ਨਹੀਂ, ਸਗੋਂ ਉਦਯੋਗਾਂ ਵਿਚ ਕਿਤੇ ਵੱਧ ਪਾਣੀ ਵਰਗੀ ਅਣਮੁੱਲੀ ਦਾਤ ਨੂੰ ਬੇਰਹਿਮੀ ਨਾਲ ਬਰਬਾਦ ਕੀਤਾ ਜਾਂਦਾ ਹੈ। ਇਹ ਅਸੀਂ ਕਦੋਂ ਸੋਚਣਾ ਸ਼ੁਰੂ ਕਰਾਂਗੇ ਕਿ ਆਉਣ ਵਾਲੇ ਸਮਿਆਂ ਵਿਚ ਪਾਣੀ ਦੇ ਸੰਕਟ ਦਾ ਮੁਕਾਬਲਾ ਲੋਕ ਕਿਵੇਂ ਕਰਨਗੇ ?

ਅਕਸਰ ਹੀ ਅਸੀਂ ਦੇਖਦੇ ਹਾਂ ਕਿ ਇਕ-ਦੂਜੇ ਨਾਲ ਗੱਲ ਕਰਦੇ ਸਮੇਂ ਬਹੁ-ਗਿਣਤੀ ਗਾਲ੍ਹਾਂ ਦਾ ਨੰਗਾ-ਚਿੱਟਾ ਪ੍ਰਯੋਗ ਕਰਦੀ ਹੈ। ਪੰਜਾਬੀ ਤਾਂ ਇਸ ਵਿਚ ਸ਼ਾਇਦ ਮੋਹਰੀ ਹਨ। ਘਰ ਪਰਵਾਰ ਵਿਚ ਵਿਚਰਦਿਆਂ ਬੱਚਿਆਂ ਤੇ ਔਰਤਾਂ ਸਾਹਮਣੇ ਵੀ ਆਪਣੀ ਹਉਮੈ ਨੂੰ ਪੱਠੇ ਪਾਉਂਦਿਆਂ ਮਲੀਨ ਭਾਸ਼ਾ ਬੋਲੀ ਜਾਂਦੀ ਹੈ। ਕਈ ਵਾਰ ਛੋਟੇ ਬੱਚੇ ਵੀ ਵੱਡਿਆਂ ਵੱਲ ਦੇਖ ਕੇ ਅਜਿਹੀ ਅਸੱਭਿਅਕ ਭਾਸ਼ਾ ਸਿੱਖ ਜਾਂਦੇ ਹਨ। ਇਸ ਤਰ੍ਹਾਂ ਹੌਲੀ-ਹੌਲੀ ਇਹ ਉਨ੍ਹਾਂ ਦੇ ਸੁਭਾਅ ਦਾ ਹਿੱਸਾ ਬਣ ਜਾਂਦਾ ਹੈ। ਮਾਂ,ਭੈਣ ਅਤੇ ਧੀ ਦੇ ਸਾਹਮਣੇ ਜਾਂ ਉਨ੍ਹਾਂ ਦੀ ਗੈਰਹਾਜ਼ਰੀ ਵਿਚ ਵੀ ਗਾਲ੍ਹਾਂ ਦਾ ਪ੍ਰਯੋਗ ਕਰਨਾ ਸਮੁੱਚੀ ਔਰਤ ਜਾਤ ਦਾ ਨਿਰਾਦਰ ਕਰਨਾ ਹੈ।

ਵਿਆਹ-ਸ਼ਾਦੀਆਂ ਤੇ ਹੋਰ ਸਮਾਗਮਾਂ ਸਮੇਂ ਬਹੁਤ ਸਾਰਾ ਭੋਜਨ ਮਨੁੱਖੀ ਅਣਗਹਿਲੀ ਤੇ ਬੇਸਮਝੀ ਕਾਰਨ ਬਰਬਾਦ ਕਰ ਦਿੱਤਾ ਜਾਂਦਾ ਹੈ। ਭੋਜਨ ਜਾਂ ਕੁਝ ਵੀ ਖਾਂਦਿਆਂ ਜੂਠ ਛੱਡਣੀ ਬਹੁਤ ਬੁਰੀ ਆਦਤ ਹੈ। ਸਾਡੇ ਦੇਸ਼ ਵਿਚ ਲੱਖਾਂ ਲੋਕ ਭੁੱਖਮਰੀ ਦਾ ਸ਼ਿਕਾਰ ਹਨ ਤੇ ਦੋ ਡੰਗ ਦੀ ਰੋਟੀ ਲਈ ਤਰਸਦੇ ਹਨ। ਭੋਜਨ ਨੂੰ ਅਜਾਈਂ ਗੁਆਉਣ ਵਾਲਿਆਂ ਨੂੰ ਉਨ੍ਹਾਂ ਭੁੱਖੇ ਢਿੱਡਾਂ ਦੀ ਵੀ ਫਿਕਰ ਕਰਨੀ ਚਾਹੀਦੀ ਹੈ। ਇਕ ਪਾਸੇ ਜਿਊਂਦੇ ਰਹਿਣ ਲਈ ਰੁੱਖੀ-ਸੁੱਖੀ ਰੋਟੀ ਵੀ ਉਪਲੱਬਧ ਨਹੀਂ, ਦੂਜੇ ਪਾਸੇ ਭੋਜਨ ਦੀਆਂ ਅਨੇਕਾਂ ਵੰਨਗੀਆਂ ਹੋਣ ਕਾਰਨ ਖਾਣ ਵਾਲਾ ਸੁਆਦ ਲੈਂਦਾ-ਲੈਂਦਾ ਹੀ ਬਹੁਤ ਸਾਰਾ ਭੋਜਨ ਬਰਬਾਦ ਕਰ ਦਿੰਦਾ ਹੈ। ਆਪਣੀ ਸੋਚ ਬਦਲ ਕੇ ਇਸ ਨੁਕਸਾਨ ਨੂੰ ਰੋਕਿਆ ਜਾ ਸਕਦਾ ਹੈ ।

ਵਾਤਾਵਰਣ ਦੇ ਪ੍ਰਦੂਸ਼ਣ ਨੂੰ ਰੋਕਣਾ ਹਰ ਵਿਅਕਤੀ ਦੀ ਜ਼ਿੰਮੇਵਾਰੀ ਹੈ। ਸਾਫ ਹਵਾ, ਸਾਫ ਪਾਣੀ, ਸਾਫ-ਸੁਥਰਾ ਆਲਾ-ਦੁਆਲਾ ਤੇ ਕੁਦਰਤੀ ਸੰਤੁਲਨ ਨੂੰ ਕਾਇਮ ਰੱਖਣ ਵਾਲਾ ਹਰਿਆ-ਭਰਿਆ ਚੌਗਿਰਦਾ, ਸਰੀਰਕ ਤੇ ਮਾਨਸਿਕ ਤੌਰ 'ਤੇ ਨਰੋਏ ਜੀਵਨ ਲਈ ਹਰ ਇਕ ਦੀ ਲੋੜ ਹੈ। ਝੋਨੇ ਦੀ ਕਟਾਈ ਸ਼ੁਰੂ ਹੁੰਦਿਆਂ ਹੀ ਅੱਗਾਂ ਲੱਗਣੀਆਂ ਸ਼ੁਰੂ ਹੋ ਗਈਆਂ ਹਨ। ਇਸ ਪੱਖੋਂ ਅਸੀਂ ਬਹੁਤ ਅਵੇਸਲੇ ਹਾਂ।

ਜੇ ਸਾਹ ਲੈਣ ਲਈ ਸਵੱਛ ਹਵਾ ਹੀ ਨਾਂ ਹੋਈ ਤਾਂ ਅੰਨ੍ਹੇਵਾਹ ਕੀਤੇ ਜਾ ਰਹੇ ਵਿਕਾਸ ਦਾ ਕੀ ਅਰਥ ਰਹਿ ਜਾਂਦਾ ਹੈ। ਜੇ ਅਨਾਜ, ਫਲ, ਸਬਜ਼ੀਆਂ, ਦੁੱਧ ਤੇ ਹੋਰ ਖਾਣ ਵਾਲੇ ਪਦਾਰਥ ਮਨੁੱਖੀ ਸਿਹਤ ਨਾਲ ਖਿਲਵਾੜ ਕਰ ਰਹੇ ਹਨ ਤਾਂ ਮੁਨਾਫੇ ਦੀ ਹੋੜ ਵਿਚ ਹਫਿਆ ਮਨੁੱਖ ਆਪਣੇ ਸਮੇਤ ਸਾਰਿਆਂ ਲਈ ਮੌਤ ਸਹੇੜ ਰਿਹਾ ਹੈ। ਜ਼ਿੰਦਗੀ ਤੋਂ ਵੱਡਮੁੱਲੀ ਚੀਜ਼ ਕੋਈ ਨਹੀਂ। ਜੀਵਨ ਨੂੰ ਨਰੋਆ ਬਣਾ ਕੇ ਹੀ ਮਨੁੱਖ ਚੰਗੇਰਾ ਜੀਵਨ ਜਿਊਣ ਦੇ ਕਾਬਲ ਹੋ ਸਕਦਾ ਹੈ। ਮਾਨਵੀ ਕਦਰਾਂ-ਕੀਮਤਾਂ 'ਤੇ ਪਹਿਰਾ ਦੇਣਾ ਪਛੜੇਪਨ ਦੀ ਨਿਸ਼ਾਨੀ ਨਹੀਂ ਹੁੰਦੀ, ਇਹ ਮਨੁੱਖੀ ਸੂਝ-ਬੂਝ ਦੀ ਪਛਾਣ ਹੈ।

ਸੰਪਰਕ-98153-56086

# ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨ ਵਾਲਿਆਂ ਨੂੰ ਬਣਾਇਆ ਜਾ ਰਿਹੈ ਨਿਸ਼ਾਨਾ : ਤਰਸੇਮ ਸਿੰਘ

## ਪੰਜਾਬ ਦੇ ਪਾਣੀਆਂ ਤੇ ਕੁਦਰਤੀ ਸਾਧਨਾਂ ਦੀ ਲੁੱਟ ਬੰਦ ਕਰਕੇ ਪੰਜਾਬ ਨਾਲ ਇਨਸਾਫ਼ ਕੀਤਾ ਜਾਵੇ : ਆਗੂ



**ਭਵਾਨੀਗੜ੍ਹ (ਰਾਜ ਖੁਰਮੀ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਥਾਨਕ ਆਰ.ਡੀ.ਐੱਸ. ਪੈਲੇਸ ਵਿਖੇ ਹਲਕਾ ਇੰਚਾਰਜ ਸੁਖਵਿੰਦਰ ਸਿੰਘ ਝਨੇੜੀ ਦੀ ਅਗਵਾਈ ਹੇਠ ਸੰਗਰੂਰ ਵਿਧਾਨ ਸਭਾ ਹਲਕੇ ਦੀ ਭਰਵੀਂ ਕਾਨਫਰੰਸ ਕਰਵਾਈ ਗਈ।ਇਸ ਮੌਕੇ ਪਾਰਟੀ ਆਗੂਆਂ ਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ, ਸੂਬਾਈ ਆਗੂ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਹਰਪ੍ਰੀਤ ਕੌਰ, ਲੱਖਾ ਸਿੰਘ ਸਿਧਾਣਾ, ਤੇਜਿੰਦਰ ਸਿੰਘ ਢਿੱਲੋਂ ਤੇ ਨਿਹੰਗ ਸਿੰਘ ਰਾਜਾ ਰਾਜ ਸਿੰਘ ਨੇ ਕਿਹਾ ਕਿ ਦੇਸ਼ ਅੰਦਰ ਹੁਣ ਤੱਕ ਬਣੀਆਂ ਵੱਖ-ਵੱਖ ਸਰਕਾਰਾਂ ਵੱਲੋਂ ਪੰਜਾਬ ਤੇ ਸਿੱਖਾਂ ਨਾਲ ਲਗਾਤਾਰ ਵਿਤਕਰਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਸਮੇਤ ਕੁਦਰਤੀ ਸਰੋਤਾਂ ਦੀ ਲੁੱਟ ਕੀਤੀ ਗਈ ਤੇ ਪੰਜਾਬ ਦੇ ਹੱਕਾਂ ਲਈ ਆਵਾਜ਼ ਉਠਾਉਣ ਵਾਲਿਆਂ ਨੂੰ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਥਕ ਮਸਲਿਆਂ ਦੀ ਗੱਲ ਕਰਨ ਕਾਰਨ ਵਾਰਿਸ ਪੰਜਾਬ ਦੇ ਪਾਰਟੀ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਨੂੰ ਲੰਮੇ ਸਮੇਂ ਤੋਂ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਰੱਖਿਆ ਗਿਆ ਹੈ।ਆਗੂਆਂ ਨੇ ਦੋਸ਼ ਲਾਇਆ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਪੰਜਾਬ ਅਤੇ ਸਿੱਖਾਂ ਨਾਲ ਗੁਲਾਮਾਂ ਵਰਗਾ ਸਲੂਕ ਕੀਤਾ ਜਾ ਰਿਹਾ ਹੈ।

ਬੁਲਾਰਿਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਪਿਛਲੀਆਂ ਸਰਕਾਰਾਂ ਦੀਆਂ ਨੀਤੀਆਂ ਕਾਰਨ ਪੰਜਾਬ ਵਿੱਚ ਨਸ਼ੇ ਦਾ ਕਾਰੋਬਾਰ ਵਧਿਆ ਹੈ ਤੇ ਨੌਜਵਾਨ ਪੀੜ੍ਹੀ ਇਸ ਦੀ ਮਾਰ ਹੇਠ ਆ ਰਹੀ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਆਪਣੇ ਹੱਕਾਂ ਤੇ ਭਵਿੱਖ ਲਈ ਇਕਜੁੱਟ ਹੋਣ ਦਾ ਸੱਦਾ ਦਿੱਤਾ।ਇਸ ਮੌਕੇ ਬਲਵਿੰਦਰ ਸਿੰਘ ਲਸੋਈ, ਵਰਮਾ ਸਿੰਘ ਖਾਲਸਾ ਦਿੜ੍ਹਬਾ, ਮੇਹਰਦੀਨ ਮਾਲੇਰਕੋਟਲਾ, ਅਵਤਾਰ ਸਿੰਘ ਸ਼ੇਰੋਂ, ਹਰਵਿੰਦਰ ਪਾਲ ਸਿੰਘ ਖਾਲਸਾ, ਬਲਵਿੰਦਰ ਸਿੰਘ ਢਿੱਲ, ਸਤਨਾਮ ਕੌਰ ਪਟਿਆਲਾ, ਬਲਜੀਤ ਸਿੰਘ ਤਿਰੰਜੀਖੇੜਾ, ਦਵਿੰਦਰ ਕੌਰ ਤੇ ਜਸਵਿੰਦਰ ਸਿੰਘ ਡਰੋਲੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

# ਬਿਜਲੀ ਸੰਕਟ ਵਿਚਾਲੇ ਵੱਡੀ ਰਾਹਤ, ਰਾਜਪੁਰਾ ਦਾ 700 ਮੈਗਾਵਾਟ ਯੂਨਿਟ ਚਾਲੂ

## *ਬਿਜਲੀ ਦੀ ਮੰਗ 16 ਹਜ਼ਾਰ ਮੈਗਾਵਾਟ ਤੋਂ ਪਾਰ*

**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਬਿਜਲੀ ਸੰਕਟ ਦੇ ਦੌਰ 'ਚ ਪਾਵਰਕੌਮ ਨੂੰ ਐਤਵਾਰ ਸਵੇਰੇ ਉਸ ਵੇਲੇ ਰਾਹਤ ਮਿਲੀ, ਜਦੋਂ ਰਾਜ ਵਿੱਚ ਪ੍ਰਾਈਵੇਟ ਸੈਕਟਰ ਦੇ ਰਾਜਪੁਰਾ ਥਰਮਲ ਪਲਾਂਟ ਦਾ ਬੰਦ ਪਿਆ ਇੱਕ ਯੂਨਿਟ ਚਾਲੂ ਹੋ ਗਿਆ ਤੇ ਇਸ ਨੇ ਬਿਜਲੀ ਉਤਪਾਦਨ ਵੀ ਸ਼ੁਰੂ ਕਰ ਦਿੱਤਾ ਹੈ।ਇਹ ਯੂਨਿਟ 700 ਮੈਗਾਵਾਟ ਸਮਰੱਥਾ ਦਾ ਹੈ।ਦੂਜੇ ਪਾਸੇ ਰਾਜ ਦੇ ਦੂਜੇ ਪ੍ਰਾਈਵੇਟ ਥਰਮਲ ਪਲਾਂਟ ਤਲਵੰਡੀ ਸਾਬੋ ਦਾ 660 ਮੈਗਾਵਾਟ ਸਮਰੱਥਾ ਦਾ ਇੱਕ ਯੂਨਿਟ ਅਜੇ ਵੀ ਬੰਦ ਹੈ।ਵਿਭਾਗ ਪਾਵਰਕੌਮ ਅਧਿਕਾਰੀ ਇਸ ਯੂਨਿਟ ਦੇ ਐਤਵਾਰ ਸ਼ਾਮ ਤੱਕ ਚੱਲਣ ਦਾ ਅਨੁਮਾਨ ਲਗਾ ਰਹੇ ਹਨ।ਨਾਲ ਹੀ ਕਿਉਂਕਿ ਅੱਜ ਦੁਪਹਿਰ ਤੱਕ ਹੀ ਰਾਜ ਦੇ ਵੱਖ-ਵੱਖ ਸ਼ਹਿਰਾਂ 'ਚ ਮੀਂਹ ਪਿਆ, ਇਸ ਨਾਲ ਵੀ ਬਿਜਲੀ ਦੀ ਮੰਗ 'ਚ ਗਿਰਾਵਟ ਆਉਣ ਦਾ ਅਨੁਮਾਨ ਹੈ।ਇਹ ਪਾਵਰਕੌਮ ਲਈ ਰਾਹਤ ਦੀ ਸਥਿਤੀ ਹੋਵੇਗੀ।

ਪੰਜਾਬ ਵਿੱਚ ਬਿਜਲੀ ਦੀ ਵੱਧ ਮੰਗ ਐਤਵਾਰ ਦੁਪਹਿਰ ਤੱਕ 16601 ਮੈਗਾਵਾਟ ਤੋਂ ਉੱਪਰ ਰਹੀ, ਜਿਸ ਨੂੰ ਪੂਰਾ ਕਰਨ ਲਈ ਪਾਵਰਕੌਮ ਮੁੱਖ ਤੌਰ 'ਤੇ ਕੇਂਦਰੀ ਪੂਲ ਤੋਂ ਮਿਲਣ ਵਾਲੀ ਬਿਜਲੀ 'ਤੇ ਨਿਰਭਰ ਰਿਹਾ।ਇਸ ਨੂੰ ਪੂਰਾ ਕਰਨ ਲਈ ਪਾਵਰਕੌਮ ਦਾ ਆਪਣੇ ਸਾਰੇ ਸਰੋਤਾਂ ਤੋਂ ਬਿਜਲੀ ਉਤਪਾਦਨ 5032 ਮੈਗਾਵਾਟ ਰਿਹਾ, ਜਦਕਿ ਪਾਵਰਕੌਮ ਨੂੰ ਕੇਂਦਰੀ ਪੂਲ ਤੋਂ 11509 ਮੈਗਾਵਾਟ ਬਿਜਲੀ ਲੈਣੀ ਪਈ।ਐਤਵਾਰ ਦੁਪਹਿਰ ਤੱਕ ਪਾਵਰਕੌਮ ਨੂੰ ਰੋਪੜ ਥਰਮਲ ਪਲਾਂਟ ਦੇ ਚਾਰ ਯੂਨਿਟਾਂ ਤੋਂ 482, ਲਹਿਰਾ ਮੁਹੱਬਤ ਪਲਾਂਟ ਦੇ ਚਾਰ ਯੂਨਿਟਾਂ ਤੋਂ 800 ਮੈਗਾਵਾਟ ਤੇ ਗੋਇੰਦਵਾਲ ਸਾਹਿਬ ਦੇ ਦੋ ਯੂਨਿਟਾਂ ਤੋਂ 496 ਮੈਗਾਵਾਟ ਬਿਜਲੀ ਮਿਲੀ।

ਇਸੇ ਤਰ੍ਹਾਂ ਰਾਜਪੁਰਾ ਦੇ ਦੋਵੇਂ ਯੂਨਿਟ ਚੱਲਣ ਨਾਲ ਪਾਵਰਕੌਮ ਨੂੰ 1328 ਮੈਗਾਵਾਟ ਬਿਜਲੀ ਮਿਲੀ।ਹਾਲਾਂਕਿ ਤਲਵੰਡੀ ਸਾਬੋ ਥਰਮਲ ਪਲਾਂਟ ਦੇ ਤਿੰਨ ਯੂਨਿਟਾਂ ਵਿੱਚੋਂ ਇੱਕ ਯੂਨਿਟ ਬੰਦ ਹੈ, ਪਰ ਇੱਥੋਂ ਵੀ ਪਾਵਰਕੌਮ ਨੂੰ 1166 ਮੈਗਾਵਾਟ ਬਿਜਲੀ ਹਾਸਲ ਹੋਈ।ਇਸੇ ਦੌਰਾਨ ਜੇਕਰ 13 ਸਤੰਬਰ 2026 ਦੀ ਬਿਜਲੀ ਦੀ ਮੰਗ ਦੀ ਤੁਲਨਾ ਸਾਲ 2024 ਤੇ 2025 ਨਾਲ ਕਰੀਏ ਤਾਂ ਮੌਜੂਦਾ ਸਾਲ ਦੀ ਮੰਗ ਬੀਤੇ ਸਾਲਾਂ ਦੇ ਮੁਕਾਬਲੇ 2200 ਮੈਗਾਵਾਟ ਤੋਂ ਵੀ ਜ਼ਿਆਦਾ ਹੈ।13 ਸਤੰਬਰ ਨੂੰ ਰਾਜ ਵਿੱਚ ਜਿੱਥੇ ਹੁਣ ਤੱਕ ਬਿਜਲੀ ਦੀ ਸਭ ਤੋਂ ਵੱਧ ਮੰਗ 16601 ਮੈਗਾਵਾਟ ਦਰਜ ਕੀਤੀ ਜਾ ਚੁੱਕੀ ਹੈ, ਉੱਥੇ ਹੀ ਬੀਤੇ ਸਾਲ ਇਸੇ ਦਿਨ ਇਹ ਮੰਗ 13208 ਮੈਗਾਵਾਟ ਰਿਕਾਰਡ ਕੀਤੀ ਗਈ ਸੀ। ਇਸੇ ਤਰ੍ਹਾਂ ਸਾਲ 2024 ਵਿੱਚ 13 ਸਤੰਬਰ ਨੂੰ ਬਿਜਲੀ ਦੀ ਮੰਗ 13835 ਮੈਗਾਵਾਟ ਰਹੀ।

# ਰਾਮਪੁਰ ਮੰਡੇਰ ਵਿਖੇ 75 ਪਰਵਾਰ ਆਪ 'ਚ ਹੋਏ ਸ਼ਾਮਲ



**ਬੋਹਾ (ਨਿਰੰਜਣ ਬੋਹਾ)**-ਵਿਧਾਇਕ ਪ੍ਰਿੰਸੀਪਲ ਸ੍ਰੀ ਬੁੱਧ ਰਾਮ ਦੀ ਮੌਜੂਦਗੀ ਵਿੱਚ ਪਿੰਡ ਰਾਮਪੁਰ ਮੰਡੇਰ ਵਿੱਚ 2 ਥਾਂਵਾਂ ਰਾਮ ਲਾਲ ਪੰਡਿਤ ਤੇ ਮਲਕੀਤ ਸਿੰਘ ਕਾਲਾ ਦੇ ਗ੍ਰਹਿ ਵਿਖੇ ਵਿਸ਼ੇਸ਼ ਸੱਦੇ 'ਤੇ ਪਿੰਡ ਦੇ ਲਗਭਗ 75 ਪਰਵਾਰ ਆਮ ਆਦਮੀ ਪਾਰਟੀ ਵਿੱਚ ਪਾਰਟੀ ਦਾ ਚਿੰਨ੍ਹ ਗਲ ਵਿੱਚ ਪਵਾ ਕੇ ਸ਼ਾਮਲ ਹੋਏ।ਇਸ ਮੌਕੇ ਮਲਕੀਤ ਸਿੰਘ ਸਾਬਕਾ ਪੰਚ ਨੇ ਪ੍ਰਿੰਸੀਪਲ ਸ੍ਰੀ ਬੁੱਧ ਰਾਮ ਜੀ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਿੰਸੀਪਲ ਜੀ ਪੰਜਾਬ ਦੇ ਸਭ ਤੋਂ ਵੱਧ ਪੜ੍ਹੇ ਲਿਖੇ ਵਿਧਾਇਕ, ਧੁਰ ਨਸ਼ਾ ਰਹਿਤ ਉਹ ਵਿਧਾਇਕ ਹਨ, ਜਿਨ੍ਹਾਂ ਨੇ ਸਾਡੇ ਪਿੰਡ ਵਿੱਚ ਡਿਸਪੈਂਸਰੀ, ਖੇਡ ਸਟੇਡੀਅਮ ਆਦਿ ਦਾ ਨਿਰਮਾਣ ਕਰਵਾ ਕੇ ਜੋ ਵਿਕਾਸ ਕਾਰਜ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਸਾਡੇ ਪਿੰਡ ਵਿੱਚ ਕਰਵਾਏ ਹਨ, ਉਹ ਪਿਛਲੀਆਂ ਸਰਕਾਰਾਂ ਤੋਂ 70 ਸਾਲਾਂ ਵਿੱਚ ਵੀ ਨਹੀਂ ਹੋਏ ਸਨ।ਸ੍ਰੀ ਰਾਮ ਲਾਲ ਪੰਡਿਤ ਨੇ ਕਿਹਾ ਕਿ ਸਾਡੇ ਪਿੰਡ ਨੂੰ ਜਿੱਥੇ ਨਵੇਂ ਬਿਜਲੀ ਟਰਾਂਸਫਰਮਰ ਮੁਹੱਈਆ ਕਰਵਾਏ, ਗਲੀਆਂ ਨਾਲੀਆਂ ਬਣਵਾਈਆਂ ਉੱਥੇ 22 ਕਰੋੜ ਰੁਪਏ ਲਗਾ ਕੇ ਸਾਡੀ ਬੋਹਾ ਰਜਵਾਹਾ ਨਹਿਰ ਦੀ ਮੁੜ ਉਸਾਰੀ ਕਰਵਾਈ ਅਤੇ ਸਾਡੇ ਖੇਤਾਂ ਨੂੰ ਲੱਖਾਂ ਰੁਪਏ ਦਾ ਜੋ ਪਾਈਪ ਲਾਈਨਾਂ ਦਾ ਜਾਲ ਵਿਛਾ ਕੇ ਪਾਇਆ ਹੈ, ਉਹ ਆਮ ਕਿਸਾਨ ਆਪਣੇ ਖੇਤਾਂ ਵਿੱਚ ਕਦੇ ਨਹੀਂ ਪਾ ਸਕਦਾ ਸਨ, ਇਸ ਲਈ ਅਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਦਾ, ਸਰਦਾਰ ਭਗਵੰਤ ਸਿੰਘ ਮਾਨ ਦਾ ਤੇ ਸਾਡੇ ਹਰਮਨ ਪਿਆਰੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਜੀ ਦਾ ਬਹੁਤ ਬਹੁਤ ਧੰਨਵਾਦ ਕਰਦੇ ਹਾਂ ਤੇ ਅਸੀਂ ਪਿੰਡ ਰਾਮਪੁਰ ਮੰਡੇਰ ਦੇ ਵਾਸੀ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਵੱਲ ਅੱਜ ਖੁਸ਼ੀ ਖੁਸ਼ੀ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਾਂ।

ਪ੍ਰਿੰਸੀਪਲ ਬੁੱਧ ਰਾਮ ਨੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸਾਡੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ, ਜੋ ਵਿਅਕਤੀ ਸਾਡੇ ਕੋਲ ਪਿੰਡ ਦੇ ਸਾਂਝੇ ਕੰਮ ਲਈ ਜਾਂ ਨਿੱਜੀ ਕੰਮ ਲਈ ਆਉਂਦਾ ਹੈ ਤਾਂ ਅਸੀਂ ਕਦੇ ਵੀ ਉਸ ਤੋਂ ਇਹ ਨਹੀਂ ਪੁੱਛਦੇ ਕਿ ਤੁਹਾਡੀ ਕਿਹੜੀ ਪਾਰਟੀ ਹੈ ਤੇ ਲੋਕ ਪੱਖੀ ਨੂੰ ਤਰਜੀਹ ਦਿੰਦੇ ਹੋਏ ਹਰ ਵਿਕਾਸ ਕਾਰਜ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕਰਦੇ ਹਾਂ, ਜਿਸ ਦੇ ਕਾਰਨ ਅੱਜ ਆਮ ਆਦਮੀ ਪਾਰਟੀ ਹਰ ਵਰਗ ਦੀ ਪਹਿਲੀ ਪਸੰਦ ਦੀ ਪਾਰਟੀ ਬਣ ਗਈ ਹੈ।ਇਸ ਮੌਕੇ ਚੇਅਰਮੈਨ ਰਾਮ ਲਾਲ ਸਰਮਾ ਬਰੇਟਾ, ਜਗਸੀਰ ਸਿੰਘ ਜੱਗਾ ਪ੍ਰਧਾਨ ਨਗਰ ਪੰਚਾਇਤ ਬੋਹਾ, ਸੰਦੀਪ ਬੱਗਾ ਪ੍ਰਧਾਨ ਨਗਰ ਪੰਚਾਇਤ ਬਰੇਟਾ, ਕਿਰਪਾਲ ਸਿੰਘ ਵਾਇਸ ਪ੍ਰਧਾਨ ਨਗਰ ਪੰਚਾਇਤ ਬੋਹਾ, ਭੋਲਾ ਸਿੰਘ ਹਲਕਾ ਚੇਅਰਮੈਨ ਪਛੜੀ ਜਾਤੀ, ਸਤੀਸ਼ ਸਿੰਘ ਸਾਗਰ ਮੁੱਖ ਮੰਤਰੀ ਤੀਰਥ ਯਾਤਰਾ ਹਲਕਾ ਕੋਆਰਡੀਨੇਟਰ ਤੇ ਹੋਰ ਪਾਰਟੀ ਵਰਕਰ ਹਾਜ਼ਰ ਸਨ।


ਇਸ ਮੌਕੇ ਪਿੰਡ ਦੇ ਸਰਪੰਚ ਕਰਮਜੀਤ ਕੌਰ, ਭੋਲਾ ਸਿੰਘ ਪ੍ਰਧਾਨ, ਵਿੱਕੀ, ਸਰਬਾ ਤੇ ਗੁਰਪ੍ਰੀਤ ਸ਼ਰਮਾ ਨੇ ਹਲਕੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦਾ ਤੇ ਸਮੂਹ ਪਾਰਟੀ ਪਿੰਡ ਵਿੱਚ ਆਉਣ 'ਤੇ ਧੰਨਵਾਦ ਕੀਤਾ।

## ਕਾਤਰਾਂ

### ਲੰਮੇ ਬਿਜਲੀ ਕੱਟਾਂ ਵਿਰੁੱਧ 16 ਨੂੰ ਜਗਰਾਉਂ 'ਚ ਧਰਨਾ

**ਜਗਰਾਉਂ (ਅਮਿਤ ਖੰਨਾ)**-ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਲੱਗ ਰਹੇ ਲੰਮੇ ਬਿਜਲੀ ਕੱਟਾਂ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਬਿਜਲੀ ਦੀ ਲੰਮੇ ਸਮੇਂ ਤੱਕ ਸਪਲਾਈ ਬੰਦ ਰਹਿਣ ਕਾਰਨ ਆਮ ਲੋਕਾਂ ਦੇ ਰੋਜ਼ਾਨਾ ਕੰਮਕਾਜ ਦੇ ਨਾਲ-ਨਾਲ ਕਿਸਾਨਾਂ, ਦੁਕਾਨਦਾਰਾਂ ਤੇ ਕਾਰੋਬਾਰੀਆਂ ਨੂੰ ਵੀ ਮੁਸ਼ਕਲਾਂ ਆ ਰਹੀਆਂ ਹਨ।ਇਸ ਮੁੱਦੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ 16 ਸਤੰਬਰ ਨੂੰ ਪੰਜਾਬ ਭਰ ਵਿੱਚ ਰੋਸ ਧਰਨੇ ਦਿੱਤੇ ਜਾ ਰਹੇ ਹਨ।ਇਸੇ ਲੜੀ ਤਹਿਤ ਜਗਰਾਉਂ ਵਿਖੇ 16 ਸਤੰਬਰ ਨੂੰ ਸਵੇਰੇ 11 ਵਜੇ ਜਗਰਾਉਂ-ਸਿੱਧਵਾਂ ਬੇਟ ਰੋਡ ਸਥਿਤ ਬਿਜਲੀ ਦਫ਼ਤਰ ਵਿਖੇ ਧਰਨਾ ਦਿੱਤਾ ਜਾਵੇਗਾ।ਇਹ ਧਰਨਾ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਜਗਰਾਉਂ ਐੱਸ. ਆਰ. ਕਲੇਰ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਹੋਵੇਗਾ।ਇਸ ਮੌਕੇ ਇਲਾਕੇ ਵਿੱਚ ਲੱਗ ਰਹੇ ਲੰਮੇ ਬਿਜਲੀ ਕੱਟਾਂ ਦਾ ਮੁੱਦਾ ਉਠਾਇਆ ਜਾਵੇਗਾ।ਐੱਸ. ਆਰ. ਕਲੇਰ ਵੱਲੋਂ ਇਲਾਕੇ ਦੇ ਲੋਕਾਂ, ਕਿਸਾਨਾਂ, ਵਪਾਰੀਆਂ, ਦੁਕਾਨਦਾਰਾਂ ਤੇ ਨੌਜਵਾਨਾਂ ਨੂੰ ਧਰਨੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।

### ਸੜਕ ਹਾਦਸੇ 'ਚ ਅਕਾਲੀ ਆਗੂ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਰਜੂਲ ਦੇ ਨਿਵਾਸੀ ਅਕਾਲੀ ਆਗੂ ਜਗਤਾਰ ਸਿੰਘ ਤਾਰੀ ਦੀ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਮੌਤ ਹੋ ਗਈ। ਮ੍ਰਿਤਕ ਦੇ ਪੁੱਤਰ ਅਮਰਿੰਦਰ ਸਿੰਘ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਸ ਦਾ ਪਿਤਾ ਜਗਤਾਰ ਸਿੰਘ ਆਪਣੀ ਸਕੂਟਰ 'ਤੇ ਸਵਾਰ ਹੋ ਕੇ ਪਿੰਡ ਰਜੂਲ ਤੋਂ ਕਰੀਬ ਇਕ ਕਿਲੋਮੀਟਰ ਅੱਗੇ ਸੜਕ 'ਤੇ ਪਹੁੰਚੇ ਸਨ ਕਿ ਇੱਕ ਟਰੱਕ ਚਾਲਕ ਨੇ ਅਣਗਹਿਲੀ ਨਾਲ ਆਪਣਾ ਵਾਹਨ ਚਲਾਉਂਦਿਆਂ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਜਗਤਾਰ ਸਿੰਘ ਸੜਕ 'ਤੇ ਗਿਰ ਗਏ ਤੇ ਟਰੱਕ ਦਾ ਅਗਲਾ ਟਾਇਰ ਉਨ੍ਹਾਂ ਦੇ ਉੱਪਰੋਂ ਲੰਘ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸੂਚਨਾ ਮਿਲਦੇ ਹੀ ਥਾਣਾ ਕੂੰਮਕਲਾਂ ਪੁਲਸ ਵੱਲੋਂ ਲਾਸ਼ ਨੂੰ ਕਬਜ਼ੇ 'ਚ ਲੈ ਪੋਸਟ ਮਾਰਟਮ ਲਈ ਭਿਜਵਾ ਦਿੱਤਾ ਗਿਆ ਅਤੇ ਟਰੱਕ ਚਾਲਕ ਪਾਲ ਸਿੰਘ ਨੂੰ ਗ੍ਰਿਫ਼ਤਾਰ ਕਰ ਵਾਹਨ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ ਹੈ। ਜਗਤਾਰ ਸਿੰਘ ਪਿਛਲੇ ਕਾਫ਼ੀ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਹੋਏ ਸਨ ਅਤੇ ਪਾਰਟੀ ਦੇ ਮਿਹਨਤੀ ਤੇ ਅਣਥੱਕ ਆਗੂ ਸਨ। ਉਨ੍ਹਾਂ ਦੀ ਮੌਤ ਨਾਲ ਪਿੰਡ ਰਜੂਲ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਜਗਤਾਰ ਸਿੰਘ ਦਾ ਅੱਜ ਪਿੰਡ ਵਿੱਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ, ਜਿੱਥੇ ਨਮ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ ਗਈ। ਪੁਲਸ ਵੱਲੋਂ ਟਰੱਕ ਚਾਲਕ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।

# ਸਾਹਿਤ ਦੀ ਸਾਂਝੀ ਸੱਥ ਨੂੰ ਸੁੰਨਾ ਕਰ ਗਏ ਅਵਤਾਰ ਸਿੰਘ ਉਟਾਲਾਂ

## 71 ਵਰ੍ਹਿਆਂ ਦੀ ਉਮਰ 'ਚ ਸੰਸਾਰ ਨੂੰ ਕਿਹਾ ਅਲਵਿਦਾ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਪੰਜਾਬੀ ਸਾਹਿਤ, ਖੇਡ ਤੇ ਸਮਾਜਿਕ ਸਰੋਕਾਰਾਂ ਦੀ ਧਰਤੀ 'ਤੇ ਆਪਣੀ ਨਿੱਘੀ ਪਛਾਣ ਬਣਾਉਣ ਵਾਲੇ ਅਵਤਾਰ ਸਿੰਘ ਉਟਾਲਾਂ ਹੁਣ ਸਾਡੇ ਦਰਮਿਆਨ ਨਹੀਂ ਰਹੇ।ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਦੇ ਬਾਨੀ ਸਰਪ੍ਰਸਤ ਅਵਤਾਰ ਸਿੰਘ ਉਟਾਲਾਂ 71 ਵਰ੍ਹਿਆਂ ਦੀ ਉਮਰ ਵਿੱਚ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।ਉਨ੍ਹਾਂ ਦੇ ਤੁਰ ਜਾਣ ਨਾਲ ਸਾਹਿਤ ਦੀ ਉਹ ਸੱਥ, ਜਿੱਥੇ ਵਿਚਾਰਾਂ ਦੀ ਸਾਂਝ ਤੇ ਸ਼ਬਦਾਂ ਦੀ ਗਰਮਾਹਟ ਵੰਡੀ ਜਾਂਦੀ ਸੀ, ਅੱਜ ਸੁੰਨੀ ਹੋ ਗਈ ਜਾਪਦੀ ਹੈ।ਅਵਤਾਰ ਸਿੰਘ ਉਟਾਲਾਂ ਸਿਰਫ਼ ਇੱਕ ਸਾਹਿਤਕ ਸੱਥ ਦੇ ਸਰਪ੍ਰਸਤ ਹੀ ਨਹੀਂ ਸਨ, ਸਗੋਂ ਸਾਹਿਤ, ਖੇਡ ਤੇ ਸਮਾਜ ਨੂੰ ਜੋੜਨ ਵਾਲੀ ਇੱਕ ਅਜਿਹੀ ਸ਼ਖ਼ਸੀਅਤ ਸਨ, ਜਿਨ੍ਹਾਂ ਦੀ ਹਾਜ਼ਰੀ ਆਪਣੇ ਆਪ ਵਿੱਚ ਇੱਕ ਹੌਸਲਾ ਹੁੰਦੀ ਸੀ। ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਦੀ ਸਿਰਜਣਾ ਅਤੇ ਇਸ ਦੇ ਸਫ਼ਰ ਵਿੱਚ ਉਨ੍ਹਾਂ ਦਾ ਯੋਗਦਾਨ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ।ਉਨ੍ਹਾਂ ਦਾ ਅੰਤਿਮ ਸੰਸਕਾਰ 14 ਸਤੰਬਰ ਸੋਮਵਾਰ ਨੂੰ ਸਵੇਰੇ 9 ਵਜੇ ਉਨ੍ਹਾਂ ਦੇ ਜੱਦੀ ਪਿੰਡ ਉਟਾਲਾਂ ਦੇ ਸ਼ਮਸ਼ਾਨਘਾਟ ਵਿਖੇ ਕੀਤਾ ਜਾਵੇਗਾ।ਇਹ ਜਾਣਕਾਰੀ ਉਨ੍ਹਾਂ ਦੇ ਸਪੁੱਤਰ ਤੇ ਕਬੱਡੀ ਖੇਡ ਜਗਤ ਦੇ ਨਾਮਵਰ ਹਸਤਾਖ਼ਰ ਭੋਲੂ ਉਟਾਲਾਂ, ਭਰਾ ਤੇ ਕੌਮਾਂਤਰੀ ਕਬੱਡੀ ਖਿਡਾਰੀ ਮੇਜੀ ਉਟਾਲਾਂ, ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਦੇ ਪ੍ਰਧਾਨ ਕਿਰਨਦੀਪ ਸਿੰਘ ਕੁਲਾਰ, ਜਨਰਲ ਸਕੱਤਰ ਸੁਖਵਿੰਦਰ ਸਿੰਘ ਭਾਦਲਾ ਤੇ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਤੇ ਪ੍ਰਸਿੱਧ ਕਹਾਣੀਕਾਰ ਸੁਰਿੰਦਰ ਰਾਮਪੁਰੀ, ਲੇਖਕ ਮੰਚ ਸਮਰਾਲਾ ਦੇ ਪ੍ਰਧਾਨ ਰਾਜਵਿੰਦਰ ਸਮਰਾਲਾ, ਪੰਜਾਬੀ ਸਾਹਿਤ ਸਭਾ ਖੰਨਾ ਦੇ ਪ੍ਰਧਾਨ ਨਰਿੰਦਰ ਮਣਕੂ ਤੇ ਸਮੂਹ ਅਹੁਦੇਦਾਰਾਂ ਕਲਾ ਸੰਗਮ ਸਾਹਿਤ ਸਭਾ ਨੀਲੋਂ ਪੁਲ ਆਦਿ ਵੱਲੋਂ ਸਾਂਝੇ ਤੌਰ 'ਤੇ ਦਿੱਤੀ ਗਈ। ਪਰਿਵਾਰ ਵੱਲੋਂ ਸਮੂਹ ਰਿਸ਼ਤੇਦਾਰਾਂ, ਸਾਕ-ਸਬੰਧੀਆਂ, ਨਗਰ ਵਾਸੀਆਂ, ਖੇਡ ਜਗਤ ਨਾਲ ਜੁੜੀਆਂ ਸ਼ਖ਼ਸੀਅਤਾਂ, ਰਾਜਨੀਤਕ ਜਥੇਬੰਦੀਆਂ, ਸਮਾਜ ਸੇਵੀ ਸੰਸਥਾਵਾਂ, ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਨੂੰ ਅੰਤਿਮ ਸੰਸਕਾਰ ਵਿੱਚ ਸਮੇਂ ਸਿਰ ਪਹੁੰਚਣ ਦੀ ਬੇਨਤੀ ਕੀਤੀ ਗਈ ਹੈ।

# ਨੌਜਵਾਨ ਨੇ ਕੀਤੀ ਖ਼ੁਦਕੁਸ਼ੀ, ਮਾਮਲਾ ਦਰਜ

**ਮਲੋਟ (ਰਜਿੰਦਰ ਜੁਨੇਜਾ)**-ਸਥਾਨਕ ਜੀਵਨ ਸਿੰਘ ਨਗਰ ਦੇ ਇੱਕ 30 ਸਾਲਾ ਨੌਜਵਾਨ ਵੱਲੋਂ ਫਾਹਾ ਲੈ ਕੇ ਖ਼ੁਦਕੁਸ਼ੀ ਕਰਨ ਦੇ ਮਾਮਲੇ ਵਿੱਚ ਥਾਣਾ ਸਿਟੀ ਮਲੋਟ ਪੁਲਸ ਨੇ ਲੁਧਿਆਣਾ ਦੇ ਇੱਕ ਵਿਅਕਤੀ ਖ਼ਿਲਾਫ਼ ਖ਼ੁਦਕੁਸ਼ੀ ਲਈ ਮਜਬੂਰ ਕਰਨ ਦੇ ਦੋਸ਼ ਤਹਿਤ ਮੁਕੱਦਮਾ ਦਰਜ ਕੀਤਾ ਹੈ।ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮ੍ਰਿਤਕ ਰੋਹਿਤ ਦੇ ਪਿਤਾ ਰਾਜ ਕੁਮਾਰ ਨੇ ਦੱਸਿਆ ਕਿ ਉਸ ਦਾ ਪੁੱਤਰ ਕਰੀਬ ਚਾਰ ਸਾਲ ਪਹਿਲਾਂ ਲੁਧਿਆਣਾ ਦੇ ਇੱਕ ਫ਼ਾਰਮ ਹਾਊਸ ਵਿਖੇ ਕੁੱਕ (ਰਸੋਈਏ) ਵਜੋਂ ਪਰਵਾਰ ਸਮੇਤ ਕੰਮ ਕਰਦਾ ਸੀ।ਇਸ ਦੌਰਾਨ ਵੀਰ ਸਿੰਘ ਉਰਫ਼ ਵੀਰੂ (ਵਾਸੀ ਚੂਹੜਵਾਲ) ਦੇ ਰੋਹਿਤ ਦੀ ਪਤਨੀ ਬਿੰਦੀਆ ਨਾਲ ਨਾਜਾਇਜ਼ ਸਬੰਧ ਬਣ ਗਏ।ਇਸ ਮਾਮਲੇ ਨੂੰ ਲੈ ਕੇ ਰੋਹਿਤ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿਣ ਲੱਗਾ, ਜਿਸ ਕਾਰਨ ਉਸ ਦਾ ਪਿਤਾ ਉਸ ਨੂੰ ਵਾਪਸ ਮਲੋਟ ਲੈ ਆਇਆ।ਕੁਝ ਸਮੇਂ ਬਾਅਦ ਰੋਹਿਤ ਦੁਬਾਰਾ ਪਰਵਾਰ ਸਮੇਤ ਕੰਮ 'ਤੇ ਗਿਆ ਤਾਂ ਮੁਲਜ਼ਮ ਵੀਰ ਸਿੰਘ ਨੇ ਉਸ ਦੀ ਪਤਨੀ ਨੂੰ ਡਰਾ-ਧਮਕਾ ਕੇ ਮੁੜ ਜਬਰੀ ਸਬੰਧ ਬਣਾਉਣੇ ਸ਼ੁਰੂ ਕਰ ਦਿੱਤੇ ਤੇ ਬਲੈਕਮੇਲ ਕਰਨ ਲੱਗਾ।ਇਸ ਘਰੇਲੂ ਕਲੇਸ਼ ਕਾਰਨ ਰੋਹਿਤ ਦੀ ਪਤਨੀ ਕਰੀਬ ਚਾਰ ਮਹੀਨੇ ਪਹਿਲਾਂ ਰੁੱਸ ਕੇ ਪੇਕੇ ਚਲੀ ਗਈ।ਮੁਲਜ਼ਮ ਦੀਆਂ ਧਮਕੀਆਂ ਤੇ ਮਾਨਸਿਕ ਤਣਾਅ ਤੋਂ ਤੰਗ ਆ ਕੇ ਰੋਹਿਤ ਨੇ ਬੀਤੇ ਦਿਨ ਦੁਪਹਿਰ 1 ਵਜੇ ਘਰ ਵਿੱਚ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ।ਸਿਟੀ ਪੁਲਸ ਨੇ ਪਿਤਾ ਰਾਜ ਕੁਮਾਰ ਦੇ ਬਿਆਨਾਂ ਦੇ ਆਧਾਰ 'ਤੇ ਮੁਲਜ਼ਮ ਵੀਰ ਸਿੰਘ ਵਿਰੁੱਧ ਕੇਸ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਦਾਖਲੇ ਦੀ ਆਖਰੀ ਮਿਤੀ 30 ਅਕਤੂਬਰ ਤੱਕ ਵਧਾਉਣ ਲਈ ਸੁਪਰੀਮ ਕੋਰਟ ਤੱਕ ਪਹੁੰਚ

## ਦੇਸ਼ ਭਰ ਦੇ ਲੱਖਾਂ ਵਿਦਿਆਰਥੀਆਂ ਨੂੰ ਹੋਵੇਗਾ ਲਾਭ : ਚੇਅਰਮੈਨ ਕਟਾਰੀਆ



**ਰਾਜਪੁਰਾ (ਰਮੇਸ਼ ਕਟਾਰੀਆ)**-ਫੈਡਰੇਸ਼ਨ ਆਫ ਸੈਲਫ-ਫਾਇਨਾਂਸਿੰਗ ਟੈਕਨੀਕਲ ਇੰਸਟੀਚਿਊਸ਼ਨਜ਼ (ਐੱਫ ਐੱਸ ਐੱਫ ਟੀ ਆਈ) ਤੇ ਪੰਜਾਬ ਅਨਏਡਿਡ ਕਾਲਜਿਜ਼ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਆਰੀਅਨਜ਼ ਗਰੁੱਪ ਆਫ ਕਾਲਜਿਜ਼ ਦੇ ਚੇਅਰਮੈਨ, ਉੱਘੇ ਸਿੱਖਿਆ ਸ਼ਾਸਤਰੀ ਡਾ. ਅੰਸ਼ੂ ਕਟਾਰੀਆ ਨੇ ਦੇਸ਼ ਭਰ ਵਿੱਚ ਦਾਖਲੇ ਦੀ ਆਖਰੀ ਮਿਤੀ (ਕੱਟ-ਆਫ) ਨੂੰ 30 ਅਕਤੂਬਰ ਤੱਕ ਵਧਾਉਣ ਦੀ ਮੰਗ ਨੂੰ ਲੈ ਕੇ ਮਾਣਯੋਗ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਹੈ।

ਡਾ. ਕਟਾਰੀਆ ਨੇ ਕਿਹਾ ਕਿ ਇਸ ਵਾਧੇ ਨਾਲ ਦੇਸ਼ ਭਰ ਦੇ ਲਗਭਗ 8-10 ਲੱਖ ਵਿਦਿਆਰਥੀਆਂ ਤੇ ਲਗਭਗ 20,000 ਪ੍ਰਾਈਵੇਟ ਕਾਲਜਾਂ ਨੂੰ ਵੱਡੀ ਰਾਹਤ ਮਿਲ ਸਕਦੀ ਹੈ, ਜੋ ਅਜੇ ਵੀ ਪੇਸ਼ੇਵਰ ਤੇ ਉੱਚ ਸਿੱਖਿਆ ਕੋਰਸਾਂ ਵਿੱਚ ਦਾਖਲੇ ਦੇ ਮੌਕਿਆਂ ਦੀ ਉਡੀਕ ਕਰ ਰਹੇ ਹਨ।ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ ਤੇ ਫਾਰਮੇਸੀ ਕੌਂਸਲ ਆਫ ਇੰਡੀਆ ਵੱਲੋਂ ਨਿਯੰਤ੍ਰਿਤ ਪੇਸ਼ੇਵਰ ਕੋਰਸਾਂ ਲਈ ਦਾਖਲੇ ਦੀ ਆਖਰੀ ਮਿਤੀ 30 ਅਕਤੂਬਰ ਤੱਕ ਵਧਾਉਣ ਦੀ ਮੰਗ ਵਾਲੀ ਇੱਕ ਪਟੀਸ਼ਨ ਪਹਿਲਾਂ ਹੀ ਸੁਪਰੀਮ ਕੋਰਟ ਵਿੱਚ ਦਾਇਰ ਕੀਤੀ ਜਾ ਚੁੱਕੀ ਹੈ।ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਤੇ ਨੈਸ਼ਨਲ ਕਮਿਸ਼ਨ ਫਾਰ ਅਲਾਇਡ ਐਂਡ ਹੈਲਥਕੇਅਰ ਪ੍ਰੋਫੈਸ਼ਨਜ਼ ਦੇ ਅਧੀਨ ਆਉਂਦੇ ਕੋਰਸਾਂ ਲਈ ਇੱਕ ਵੱਖਰੀ ਰਿੱਟ ਪਟੀਸ਼ਨ ਵੀ ਜਲਦੀ ਹੀ ਦਾਇਰ ਕੀਤੀ ਜਾ ਰਹੀ ਹੈ।ਡਾ. ਕਟਾਰੀਆ ਨੇ ਕਿਹਾ ਕਿ ਦੇਰੀ ਨਾਲ ਹੋਣ ਵਾਲੀ ਕਾਉਂਸਲਿੰਗ, ਲਟਕਦੀਆਂ ਮਾਨਤਾਵਾਂ, ਮਨਜ਼ੂਰੀਆਂ, ਪ੍ਰਕਿਰਿਆਤਮਕ ਮੁੱਦਿਆਂ ਜਾਂ ਉਨ੍ਹਾਂ ਦੇ ਵੱਸ ਤੋਂ ਬਾਹਰ ਦੇ ਹੋਰ ਹਾਲਾਤਾਂ ਕਾਰਨ ਵਿਦਿਆਰਥੀਆਂ ਦਾ ਪੂਰਾ ਅਕਾਦਮਿਕ ਸਾਲ ਖਰਾਬ ਨਹੀਂ ਹੋਣਾ ਚਾਹੀਦਾ।ਜ਼ਿਕਰਯੋਗ ਹੈ ਕਿ ਪਿਛਲੇ 4-5 ਸਾਲਾਂ ਤੋਂ ਡਾ. ਕਟਾਰੀਆ ਲਗਾਤਾਰ ਸੁਪਰੀਮ ਕੋਰਟ ਦੇ ਸਾਹਮਣੇ ਦਾਖਲੇ ਦੀ ਆਖਰੀ ਮਿਤੀ ਵਧਾਉਣ ਦਾ ਮੁੱਦਾ ਉਠਾਉਂਦੇ ਆ ਰਹੇ ਹਨ ਤੇ ਵਿਦਿਆਰਥੀਆਂ ਦੇ ਵੱਡੇ ਹਿੱਤ ਵਿੱਚ ਪਿਛਲੇ ਅਕਾਦਮਿਕ ਸੈਸ਼ਨਾਂ ਦੌਰਾਨ ਅਨੁਕੂਲ ਰਾਹਤ ਪ੍ਰਾਪਤ ਕਰਨ ਵਿੱਚ ਸਫਲ ਰਹੇ ਹਨ।

# ਕਾਮਰੇਡ ਜੰਗ ਸਿੰਘ ਸਿਰਥਲਾ ਦਾ ਦੇਹਾਂਤ

## *ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਦਿੱਤੀ ਸ਼ਰਧਾਂਜਲੀ*




**ਲੁਧਿਆਣਾ (ਐੱਮ ਐੱਸ ਭਾਟੀਆ)**-ਕਮਿਊਨਿਸਟ ਆਗੂ ਤੇ ਕੁੱਲ ਹਿੰਦ ਕਿਸਾਨ ਸਭਾ 1936 ਦੇ ਜ਼ਿਲ੍ਹਾ ਲੁਧਿਆਣਾ ਦੇ ਮੀਤ ਪ੍ਰਧਾਨ ਕਾਮਰੇਡ ਜੰਗ ਸਿੰਘ ਸਿਰਥਲਾ ਦਾ ਪਿਛਲੇ ਦਿਨੀਂ ਸੰਖੇਪ ਬਿਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ।ਉਨ੍ਹਾਂ ਦੀ ਉਮਰ 73 ਸਾਲ ਸੀ।ਪਿੰਡ ਸਿਰਥਲਾ ਵਿਖੇ ਉਨ੍ਹਾਂ ਦੇ ਅੰਤਿਮ ਸੰਸਕਾਰ ਵੇਲੇ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਤੇ ਕਾਰਕੁਨ ਅਤੇ ਕੁੱਲ ਹਿੰਦ ਕਿਸਾਨ ਸਭਾ 1936 ਦੇ ਆਗੂਆਂ ਨੇ ਪਿੰਡ ਪਹੁੰਚ ਕੇ ਇਨਕਲਾਬੀ ਜਜ਼ਬੇ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ। ਪਹੁੰਚਣ ਵਾਲਿਆਂ ਵਿੱਚ ਸੀ ਪੀ ਆਈ ਦੇ ਕਾਰਜਕਾਰੀ ਜ਼ਿਲ੍ਹਾ ਸਕੱਤਰ ਕਾਮਰੇਡ ਚਮਕੌਰ ਸਿੰਘ ਬਰਮੀ, ਬਲਾਕ ਮਲੌਦ ਦੇ ਸਕੱਤਰ ਭਗਵਾਨ ਸਿੰਘ ਸੋਮਲਖੇੜੀ, ਦੋਰਾਹਾ ਬਲਾਕ ਦੇ ਸਕੱਤਰ ਨਿਰੰਜਨ ਸਿੰਘ, ਕੁੱਲ ਹਿੰਦ ਕਿਸਾਨ ਸਭਾ 1936 ਦੇ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਝੱਜ, ਸੀ ਪੀ ਆਈ ਦੇ ਸੂਬਾ ਕੰਟਰੋਲ ਕਮਿਸ਼ਨ ਦੇ ਸਾਬਕਾ ਚੇਅਰਮੈਨ ਰਮੇਸ਼ ਰਤਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੀ ਪੀ ਆਈ ਦੇ ਮੈਂਬਰ ਤੇ ਕਿਸਾਨ ਸਭਾ ਦੇ ਕਾਰਕੁਨ ਪਹੁੰਚੇ।

# ਬੁੱਢੀਮਾਲ, ਬਾਜਾ ਮਰਾੜ ਤੇ ਚੱਕ ਬਾਜਾ ਮਰਾੜ ਵਿਖੇ ਦਸਤਾਵੇਜ਼ੀ ਫਿਲਮ ਦਿਖਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਸ੍ਰੀ ਮੁਕਤਸਰ ਸਾਹਿਬ ਵਿਧਾਨ ਸਭਾ ਹਲਕੇ ਦੇ ਪਿੰਡ ਬੁੱਢੀਮਾਲ, ਬਾਜਾ ਮਰਾੜ ਤੇ ਚੱਕ ਬਾਜਾ ਮਰਾੜ ਵਿਖੇ ਪੁੱਜੀ।ਇਸ ਮੌਕੇ ਇਨ੍ਹਾਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਇਸ ਮੌਕੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ, ਸਮਾਜਿਕ ਬਰਾਬਰੀ, ਆਪਸੀ ਸਦਭਾਵਨਾ ਤੇ ਊਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਮਹਾਨ ਸੰਦੇਸ਼ 'ਤੇ ਅਧਾਰਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।ਦਸਤਾਵੇਜ਼ੀ ਫਿਲਮ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਤੇ ਮਨੁੱਖਤਾ ਦੇ ਭਲੇ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਹਾਜ਼ਰ ਦਰਸ਼ਕਾਂ ਨੇ ਡਾਕੂਮੈਂਟਰੀ ਸ਼ੋਅ ਨੂੰ ਬਹੁਤ ਸ਼ਰਧਾ ਤੇ ਰੁਚੀ ਨਾਲ ਦੇਖਿਆ ਅਤੇ ਗੁਰੂ ਸਾਹਿਬ ਵੱਲੋਂ ਦਰਸਾਏ ਸਮਾਨਤਾ, ਭਾਈਚਾਰੇ ਤੇ ਮਨੁੱਖੀ ਏਕਤਾ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਲਿਆ।

# ਤਹਿਸੀਲਦਾਰ ਬਿਨਾਂ ਕਿਸੇ ਭੇਦ-ਭਾਵ ਇਮਾਨਦਾਰੀ ਨਾਲ ਕਰ ਰਹੇ ਹਨ ਕੰਮ : ਕੌਂਸਲਰ, ਕਾਰੋਬਾਰੀ

## ਇਕ ਸ਼ਰਾਰਤੀ ਅਨਸਰ ਤਹਿਸੀਲਦਾਰ ਨੂੰ ਬਲੈਕ ਮੇਲ ਕਰਨ ਲਈ ਦੇ ਰਿਹੈ ਝੂਠੀਆਂ ਦਰਖਾਸਤਾਂ



**ਜ਼ੀਰਾ (ਨਰਿੰਦਰ ਅਨੇਜਾ)**-ਸਥਾਨਕ ਸ਼ਹਿਰ ਦੇ ਇੱਕ ਵਿਅਕਤੀ ਵੱਲੋਂ ਰਜਿਸਟਰੀ ਕਰਨ ਬਦਲੇ ਤਹਿਸੀਲਦਾਰ 'ਤੇ ਰਿਸ਼ਵਤ ਮੰਗਣ ਦੇ ਲਗਾਏ ਗਏ ਕਥਿਤ ਦੋਸ਼ਾਂ ਸਬੰਧੀ ਉੱਚ ਅਧਿਕਾਰੀਆਂ ਨੂੰ ਭੇਜੀਆਂ ਗਈਆਂ ਲਿਖਤੀ ਸ਼ਿਕਾਇਤਾਂ ਤੋਂ ਬਾਅਦ ਸ਼ਹਿਰ ਵਾਸੀਆਂ ਨੇ ਤਹਿਸੀਲਦਾਰ ਦੇ ਹੱਕ ਵਿੱਚ ਭੁਗਤਣਾ ਸ਼ੁਰੂ ਕਰ ਦਿੱਤਾ ਹੈ।ਇਸ ਸਬੰਧ ਵਿੱਚ ਗੱਲਬਾਤ ਕਰਦਿਆਂ ਪਿਆਰਾ ਸਿੰਘ ਢਿੱਲੋਂ ਪਤੀ ਸ਼ਿੰਦਰ ਕੌਰ ਢਿੱਲੋਂ, ਰੋਮੀ ਚੋਪੜਾ ਪਤੀ ਕੌਂਸਲਰ ਮਨਪ੍ਰੀਤ ਕੌਰ, ਕਾਰੋਬਾਰੀ ਕਸ਼ਮੀਰ ਬਾਲੀ ਤੇ ਰੋਹਿਤ ਬਾਂਸਲ ਨੇ ਦੱਸਿਆ ਕਿ ਤਹਿਸੀਲਦਾਰ ਵਿਨੋਦ ਕੁਮਾਰ ਬਿਨਾਂ ਕਿਸੇ ਭੇਦ-ਭਾਵ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਤਹਿਸੀਲ ਦਫਤਰ ਜ਼ੀਰਾ ਵਿਖੇ ਰਜਿਸਟਰੀਆਂ ਕਰਵਾਉਣ ਦਾ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਦੇ ਅਨੁਸਾਰ ਕੰਮ ਬਹੁਤ ਹੀ ਸ਼ਾਂਤੀਪੂਰਵਕ ਤੇ ਪਾਰਦਰਸ਼ੀ ਢੰਗ ਨਾਲ ਕੰਮ ਚੱਲ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਦਾ ਇੱਕ ਸ਼ਰਾਰਤੀ ਅਨਸਰ, ਜੋ ਕਿ ਪੁਲਸ ਤੇ ਪ੍ਰਸ਼ਾਸਨਕ ਅਧਿਕਾਰੀਆਂ ਦੀਆਂ ਸ਼ਿਕਾਇਤਾਂ ਕਰਨ ਦਾ ਆਦੀ ਹੈ, ਜਾਣ-ਬੁੱਝ ਕੇ ਸ਼ਹਿਰ ਦਾ ਮਾਹੌਲ ਖਰਾਬ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਜਿਹੜੀ ਰਜਿਸਟਰੀ ਨਾ ਕਰਨ ਦੇ ਦੋਸ਼ ਲਗਾਉਂਦਿਆਂ ਉਕਤ ਵਿਅਕਤੀ ਨੇ ਉੱਚ ਅਧਿਕਾਰੀਆਂ ਨੂੰ ਸ਼ਿਕਾਇਤਾਂ ਕੀਤੀਆਂ ਹਨ, ਉਨ੍ਹਾਂ ਦੀ ਇਹ ਰਜਿਸਟਰੀ ਵੀ ਕਰਵਾ ਚੁੱਕਾ ਹੈ, ਫਿਰ ਵੀ ਤਹਿਸੀਲਦਾਰ ਨੂੰ ਬਲੈਕ ਕਰਨ ਲਈ ਝੂਠੀਆਂ ਦਰਖਾਸਤਾਂ ਦੇ ਰਿਹਾ ਹੈ, ਪਰ ਇਸ ਦੇ ਬਾਵਜੂਦ ਇਹ ਵਿਅਕਤੀ ਸਰਕਾਰੀ ਦਫਤਰਾਂ ਵਿੱਚ ਪਬਲਿਕ ਡੀਲਿੰਗ ਕਰਨ ਵਾਲੇ ਅਧਿਕਾਰੀਆਂ ਦੇ ਕੰਮ ਵਿੱਚ ਅੜਿੱਕਾ ਡਾਹੁਣ ਲਈ ਜਾਣ-ਬੁੱਝ ਕੇ ਮੁੱਖ ਮੰਤਰੀ ਸਮੇਤ ਉੱਚ ਅਧਿਕਾਰੀਆਂ ਨੂੰ ਸ਼ਿਕਾਇਤਾਂ ਕਰਨ ਦਾ ਆਦੀ ਹੈ ਅਤੇ ਇਸ ਤੋਂ ਪਹਿਲਾਂ ਵੀ ਉਹ ਅਨੇਕਾਂ ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ ਸ਼ਿਕਾਇਤਾਂ ਕਰ ਚੁੱਕਾ ਹੈ।

ਉਨ੍ਹਾਂ ਕਿਹਾ ਕਿ ਤਹਿਸੀਲ ਦਫਤਰ ਜ਼ੀਰਾ ਵਿਖੇ ਤਹਿਸੀਲਦਾਰ ਵੱਲੋਂ ਮਕਾਨਾਂ, ਦੁਕਾਨਾਂ ਤੇ ਪਲਾਟਾਂ ਦੀਆਂ ਰਜਿਸਟਰੀਆਂ ਕਰਵਾਉਣ ਲਈ ਸਰਕਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਂਦੀ ਹੈ ਤੇ ਲੋਕ ਤਹਿਸੀਲਦਾਰ ਵਿਨੋਦ ਕੁਮਾਰ ਵੱਲੋਂ ਕੀਤੇ ਜਾ ਰਹੇ ਦਫਤਰੀ ਕੰਮਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।

# ਟੀ ਬੀ ਮੁਕਤ ਭਾਰਤ ਅਭਿਆਨ ਲਈ ਐੱਨ ਸੀ ਸੀ ਕੈਡਿਟਾਂ ਤੇ ਮਾਈ ਭਾਰਤ ਵਲੰਟੀਅਰਾਂ ਨੇ ਸਿਹਤ ਵਿਭਾਗ ਨਾਲ ਮਿਲਾਇਆ ਹੱਥ

## ਤਪਦਿਕ ਵਿਰੁੱਧ ਲੜਾਈ 'ਚ ਲੋਕ ਭਾਗੀਦਾਰੀ ਨੂੰ ਮਜ਼ਬੂਤ ਕਰਨਾ ਮੁੱਖ ਉਦੇਸ਼ : ਡਾ. ਅਮਰਜੀਤ ਕੌਰ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਟੀ ਬੀ** ਮੁਕਤ ਭਾਰਤ ਅਭਿਆਨ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ ਲਈ ਐੱਨ.ਸੀ.ਸੀ. ਕੈਡਿਟਾਂ ਤੇ ਮਾਈ ਭਾਰਤ ਵਲੰਟੀਅਰਾਂ ਦੀ ਸ਼ਮੂਲੀਅਤ ਸਬੰਧੀ ਪਹਿਲਕਦਮੀ ਦਾ ਰਸਮੀ ਆਗਾਜ਼ ਸਿਵਲ ਸਰਜਨ ਡਾ. ਅਮਰਜੀਤ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਈਟ), ਸੰਗਰੂਰ ਵਿਖੇ ਵੀ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ ਗਿਆ।ਉਨ੍ਹਾਂ ਦੱਸਿਆ ਕਿ ਇਸ ਪਹਿਲ ਦੀ ਸ਼ੁਰੂਆਤ ਕਰਨ ਵਾਲਾ ਸੰਗਰੂਰ ਪੰਜਾਬ ਦਾ ਪਹਿਲਾ ਜ਼ਿਲ੍ਹਾ ਬਣ ਗਿਆ ਹੈ।ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਤਪਦਿਕ (ਟੀ.ਬੀ.) ਵਿਰੁੱਧ ਲੜਾਈ ਵਿੱਚ ਲੋਕ ਭਾਗੀਦਾਰੀ ਨੂੰ ਮਜ਼ਬੂਤ ਕਰਨਾ ਹੈ।ਇਸ ਤਹਿਤ ਨੌਜਵਾਨ ਵਲੰਟੀਅਰਾਂ ਨੂੰ ਟੀ.ਬੀ. ਸਬੰਧੀ ਜਾਗਰੂਕਤਾ, ਬਚਾਅ, ਮਰੀਜ਼ਾਂ ਦੀ ਸਮੇਂ ਸਿਰ ਪਛਾਣ, ਜਾਂਚ ਲਈ ਭੇਜਣ ਵਿੱਚ ਸਹਾਇਤਾ ਅਤੇ ਟੀ.ਬੀ. ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਮਾਨਸਿਕ ਤੇ ਸਮਾਜਿਕ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਟੀ.ਬੀ. ਅਫ਼ਸਰ ਡਾ. ਰਾਜਿੰਦਰ ਕੌਰ ਵੱਲੋਂ ਭਾਗੀਦਾਰਾਂ ਨੂੰ ਟੀ.ਬੀ. ਦੀ ਲਾਗ ਤੇ ਬਿਮਾਰੀ, ਇਸ ਦੇ ਆਮ ਲੱਛਣਾਂ, ਸਮੇਂ ਸਿਰ ਜਾਂਚ ਤੇ ਇਲਾਜ ਨੂੰ ਨਿਯਮਿਤ ਤੌਰ 'ਤੇ ਪੂਰਾ ਕਰਨ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਡਾ. ਪ੍ਰਭਜੀਤ ਕੌਰ ਵਿਸ਼ਵ ਸਿਹਤ ਸੰਗਠਨ ਦੇ ਸਲਾਹਕਾਰ ਨੇ ਟੀ. ਬੀ. ਦੇ ਵੱਖ-ਵੱਖ ਰੂਪਾਂ ਤੇ ਇਸ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਟੀ.ਬੀ. ਮਰੀਜ਼ਾਂ ਲਈ ਪੌਸ਼ਟਿਕ ਤੇ ਸੰਤੁਲਿਤ ਖੁਰਾਕ ਦੀ ਮਹੱਤਤਾ 'ਤੇ ਜ਼ੋਰ ਦਿੱਤਾ।


ਡਾ. ਜਸਕੀਰਤ ਪ੍ਰਤੀਨਿਧੀ ਪ੍ਰਧਾਨ ਮੰਤਰੀ ਟੀ.ਬੀ. ਮੁਕਤ ਭਾਰਤ ਅਭਿਆਨ ਨੇ ਇਸ ਮੁਹਿੰਮ ਦੇ ਉਦੇਸ਼ਾਂ ਤੇ ਨਿ-ਕਸ਼ੈ ਮਿੱਤਰ ਪਹਿਲਕਦਮੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਸਮਾਗਮ ਦੇ ਅੰਤ ਵਿੱਚ ਪ੍ਰੋ. ਏ.ਐੱਸ. ਅਰੋੜਾ, ਨੁਮਾਇੰਦਾ ਡਾਇਰੈਕਟਰ, ਸਲਾਈਟ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਐੱਨ.ਸੀ.ਸੀ. ਕੈਡਿਟਾਂ ਤੇ ਮਾਈ ਭਾਰਤ ਵਲੰਟੀਅਰਾਂ ਨੂੰ ਟੀ.ਬੀ. ਸਬੰਧੀ ਜਾਗਰੂਕਤਾ ਫੈਲਾਉਣ ਤੇ ਲੋਕ ਭਾਗੀਦਾਰੀ ਵਧਾਉਣ ਲਈ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

# ਪ੍ਰਵਾਸੀ ਲੇਖਕ ਨੀਟਾ ਮਾਛੀਕੇ ਦੀ ਕਿਤਾਬ 'ਅਮਰੀਕੀ ਟਰੱਕਨਾਮਾ' ਲੋਕ ਅਰਪਣ



**ਜਗਰਾਉਂ (ਸੰਜੀਵ ਅਰੋੜਾ)**-ਮਹਿਫ਼ਿਲ-ਏ-ਅਦੀਬ ਜਗਰਾਉਂ ਦੀ ਮਹੀਨਾਵਾਰ ਇਕੱਤਰਤਾ ਪ੍ਰਧਾਨ ਜਗਦੀਸ਼ ਪਾਲ ਮਹਿਤਾ ਦੀ ਅਗਵਾਈ ਹੇਠ ਜਗਰਾਉਂ ਵਿਖੇ ਹੋਈ, ਜਿਸ ਵਿੱਚ ਮੁੱਖ ਸਲਾਹਕਾਰ ਡਾ. ਬਲਦੇਵ ਸਿੰਘ ਮੱਲ੍ਹਾ, ਪ੍ਰਿੰ. ਸਤਨਾਮ ਸਿੰਘ ਸਰਾਂ, ਜਨਰਲ ਸਕੱਤਰ ਜਸਵਿੰਦਰ ਸਿੰਘ ਛਿੰਦਾ, ਚੰਦਨ ਮੋਹਨ ਸੂਦ, ਪ੍ਰੇਮ ਸਿੰਘ ਲੋਹਟ, ਪ੍ਰਮੋਦ ਚੰਦਰ, ਸ਼ਾਇਰ ਅਜੀਤ ਪਿਆਸਾ, ਕੁਲਦੀਪ ਸਿੰਘ ਚੌਹਾਨ, ਜੱਗੀ ਮਾਛੀਕੇ, ਰਛਪਾਲ ਸਿੰਘ ਚਕਰ, ਚਰਨਜੀਤ ਕੌਰ ਗਰੇਵਾਲ ਤੇ ਗਾਇਕ ਮਨੀ ਹਠੂਰ ਸ਼ਾਮਲ ਹੋਏ। ਮਹਿਫ਼ਿਲ ਦਾ ਅਗਾਜ਼ ਕਰਦਿਆਂ ਜਨਰਲ ਸਕੱਤਰ ਜਸਵਿੰਦਰ ਸਿੰਘ ਛਿੰਦਾ ਨੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਸਮੂਹ ਨੂੰ ਵਧਾਈਆਂ ਦਿੱਤੀਆਂ ਤੇ ਅਦੀਬ ਚਰਨਜੀਤ ਕੌਰ ਗਰੇਵਾਲ ਤੇ ਪ੍ਰਧਾਨ ਜਗਦੀਸ਼ਪਾਲ ਮਹਿਤਾ ਦੀ ਪਤਨੀ ਦੇ ਜਨਮ ਦਿਨ ਦੀਆਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ। ਉਪਰੰਤ ਪ੍ਰਵਾਸੀ ਲੇਖਕ ਗੁਰਿੰਦਰਜੀਤ ਸਿੰਘ ਨੀਟਾ ਮਾਛੀਕੇ ਦੀ ਸਵੈ-ਜੀਵਨੀ 'ਅਮਰੀਕੀ ਟਰੱਕਨਾਮਾ' ਕਿਤਾਬ ਨੂੰ ਸਮੂਹ ਅਦੀਬਾਂ ਨੇ ਲੋਕ ਅਰਪਣ ਕੀਤਾ। ਜਸਵਿੰਦਰ ਸਿੰਘ ਛਿੰਦਾ ਨੇ ਕਿਤਾਬ ਸਬੰਧੀ ਬੋਲਦਿਆਂ ਕਿਹਾ ਕਿ ਉਕਤ ਕਿਤਾਬ ਜਿੱਥੇ ਵਿਦੇਸ਼ਾਂ 'ਚ ਪੰਜਾਬੀ ਡਾਇਰਵਰਾਂ ਦੀ ਜ਼ਿੰਦਗੀ, ਤਜਰਬਿਆਂ, ਘਟਨਾਵਾਂ ਨੂੰ ਬਿਆਨ ਕਰਦੀ ਹੈ, ਉੱਥੇ ਇਹ ਕਿਤਾਬ ਵਿਦੇਸ਼ਾਂ 'ਚ ਵਸਦੇ ਪੰਜਾਬੀਆਂ ਦੇ ਸ਼ੁਭਾਅ, ਕੰਮਕਾਰ, ਮਿਹਨਤ, ਉੱਦਮ ਦੀ ਲਸਾਨੀ ਬਾਤ ਵੀ ਪਾਉਂਦੀ ਹੈ। ਉਨ੍ਹਾਂ ਨੇ ਇਸ ਨੂੰ ਪੜ੍ਹਨ ਲਈ ਸਾਰਿਆਂ ਨੂੰ ਸੱਦਾ ਦਿੱਤਾ। ਪ੍ਰਧਾਨ ਜਗਦੀਸ਼ ਪਾਲ ਮਹਿਤਾ ਤੇ ਸਮੂਹ ਅਦੀਬਾਂ ਨੇ ਲੇਖਕ ਨੂੰ ਵਧਾਈਆਂ ਦਿੱਤੀਆਂ। ਰਚਨਾਵਾਂ ਦੇ ਦੌਰ ਦੌਰਾਨ ਗਾਇਨ ਮਨੀ ਹਠੂਰ ਨੇ ਆਪਣੀ ਬੁਲੰਦ ਆਵਾਜ਼ 'ਚ ਗੀਤ 'ਜਦੋਂ ਵਿਛੜੇਂਗੀ ਪਤਾ ਲੱਗਜੂਗਾ' ਗਾ ਕੇ ਰੰਗ ਬੰਨ੍ਹਿਆਂ। ਸ਼ਾਇਰ ਅਜੀਤ ਪਿਆਸਾ ਨੇ ਨਜ਼ਮ 'ਤੁਹਾਨੂੰ ਸਭ ਪਤਾ ਜਾਂ ਫਿਰ ਜਾਣਬੁੱਝ ਕੇ ਬਣੇ ਹੋ ਘੁੱਗੂ' ਰਾਹੀਂ ਸਮੇਂ ਦੇ ਰਾਜਸੀ ਹਾਲਾਤਾਂ ਨੂੰ ਪ੍ਰਗਟ ਕੀਤਾ। ਜਗਜੀਤ ਸਿੰਘ ਚੌਹਾਨ ਨੇ 'ਮਾਂ ਦੀ ਲੋਰੀ, ਪਿਉ ਦੀ ਝਿੜਕ ਮਿਲਣੀ ਨਹੀਂ ਦੁਬਾਰਾ' ਸੁਣਾ ਕੇ ਬਚਪਨ ਯਾਦ ਕਰਵਾਇਆ। ਪ੍ਰਮੋਦ ਚੰਦਰ ਨੇ ਹਾਸਰਸ ਕਵਿਤਾ ਸੁਣਾ ਕੇ ਮਾਹੌਲ ਖੁਸ਼ਗਵਾਰ ਬਣਾ ਦਿੱਤਾ। ਚਰਨਜੀਤ ਕੌਰ ਗਰੇਵਾਲ ਨੇ 'ਅਮਰੀਕੀ ਟਰੱਕਨਾਮਾ' ਦਾ ਮੁੱਖ ਬੰਦ ਪੜ੍ਹ ਕੇ ਸੁਣਾਇਆ। ਇਸ ਤੋਂ ਇਲਾਵਾ ਚੰਦਰ ਮੋਹਨ ਸੂਦ, ਰਛਪਾਲ ਸਿੰਘ ਚਕਰ, ਪ੍ਰੇਮ ਸਿੰਘ ਲੋਹਟ, ਪ੍ਰਿੰ. ਸਤਨਾਮ ਸਿੰਘ ਸਰਾਂ, ਡਾ. ਬਲਦੇਵ ਸਿੰਘ ਮੱਲ੍ਹਾ ਤੇ ਜਸਵਿੰਦਰ ਸਿੰਘ ਛਿੰਦਾ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਜੱਗੀ ਮਾਛੀਕੇ ਨੇ ਸਮੂਹ ਅਦੀਬਾਂ ਦਾ ਲੇਖਕ ਨੀਟਾ ਮਾਛੀਕੇ ਵੱਲੋਂ ਧੰਨਵਾਦ ਕੀਤਾ।

# ਸੈਨੇਟ ਚੋਣਾਂ ਲੜ ਰਹੀ ਰੂਪ ਕਮਲ ਚੁੱਕ ਰਹੀ ਹੈ ਸਭ ਤੋਂ ਵੱਖਰੇ ਮੁੱਦੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਉਂਦੀ 20 ਸਤੰਬਰ ਨੂੰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੀਆਂ ਹੋਣ ਜਾ ਰਹੀਆਂ ਸੈਨੇਟ ਚੋਣਾਂ ਵਿੱਚ ਫ਼ਿਰੋਜ਼ਪੁਰ ਦੀ ਧੀ ਰੂਪ ਕਮਲ ਚਾਵਲਾ ਕੰਬੋਜ (ਧਰਮਪਤਨੀ ਗੁਰਭੇਜ ਸਿੰਘ ਟਿੱਬੀ), ਗ੍ਰੈਜੂਏਟ ਕਾਂਸਟੀਚੂਐਂਸੀ ਤੋਂ ਚੋਣ ਮੈਦਾਨ 'ਚ ਉੱਤਰੀ ਹੈ, ਪਰ ਉਸ ਵੱਲੋਂ ਚੁੱਕੇ ਜਾ ਰਹੇ ਕੁਝ ਖ਼ਾਸ ਮੁੱਦਿਆਂ ਕਾਰਨ ਉਹ ਚਰਚਾ ਵਿੱਚ ਹੈ। ਸੀਰੀਅਲ ਨੰਬਰ 41 ਲਈ ਵੋਟਾਂ ਮੰਗ ਰਹੀ ਰੂਪਕਮਲ ਵੱਲੋਂ ਸੈਨੇਟ ਵੋਟਾਂ ਵਾਸਤੇ ਖ਼ਾਸ ਮੈਨੀਫੈਸਟੋ ਤਿਆਰ ਕੀਤਾ ਗਿਆ ਹੈ। ਉਸ ਕਹਿ ਹਨ ਕਿ ਜੇਕਰ ਜਿੱਤ ਜਾਂਦੇ ਹਨ ਤਾਂ ਬਾਰਡਰ ਏਰੀਆ ਦੇ ਜ਼ਿਲ੍ਹਿਆਂ ਵਾਸਤੇ ਉਹ ਦਿਨ-ਰਾਤ ਇਕ ਕਰਕੇ ਉਹ ਵਿਦਿਆਰਥੀਆਂ ਤੇ ਟੀਚਰਾਂ ਵਾਸਤੇ ਖ਼ਾਸ ਛੋਟਾਂ ਕਰਵਾਉਣ ਲਈ ਜੰਗ ਜਾਰੀ ਰੱਖੇਗੀ। ਕਾਲਜਾਂ, ਸਕੂਲਾਂ ਤੇ ਪਿੰਡਾਂ ਵਿੱਚ ਜਾ ਕੇ ਵੋਟਾਂ ਮੰਗ ਰਹੀ ਰੂਪ ਕਮਲ ਨੇ ਕਿਹਾ ਕਿ ਉਨ੍ਹਾ ਦੇ ਮੁੱਖ ਮੁੱਦਿਆਂ ਵਿੱਚ ਫ਼ਿਰੋਜ਼ਪੁਰ ਵਿੱਚ ਪੰਜਾਬ ਯੂਨੀਵਰਸਿਟੀ ਦਾ ਰੀਜਨਲ ਸੈਂਟਰ, ਮਾਲਵਾ ਖੇਤਰ ਲਈ ਰੀਜਨਲ ਐਡਮਿਨਿਸਟ੍ਰੇਟਿਵ ਦਫ਼ਤਰ, ਸਰਹੱਦੀ ਖੇਤਰਾਂ ਦੇ ਵਿਦਿਆਰਥੀਆਂ ਲਈ ਬਾਰਡਰ ਏਰੀਆ 40 ਕਿਲੋਮੀਟਰ ਤੱਕ ਕਰਨ, ਸਰਕਾਰੀ ਕਾਲਜਾਂ ਵਿੱਚ ਮਾਸਟਰ ਡਿਗਰੀ ਕੋਰਸਾਂ ਦਾ ਵਿਸਥਾਰ, ਸਰਹੱਦੀ ਖੇਤਰਾਂ ਦੇ ਸਰਕਾਰੀ ਕਾਲਜਾਂ ਵਿਚ ਸਟਾਫ਼ ਦੀ ਘਾਟ ਦੂਰ ਕਰਨਾ ਆਦਿ ਮੁੱਦੇ ਮੁੱਖ ਹੋਣਗੇ। ਮੁੱਦਿਆਂ ਨੂੰ ਲੈ ਕੇ ਚੋਣਾਂ ਲੜ ਰਹੀ ਰੂਪ ਕਮਲ ਚਾਵਲਾ ਕੰਬੋਜ ਦੀ ਚੋਣ ਮੁਹਿੰਮ ਨੂੰ ਹਰ ਵਰਗ ਵੱਲੋਂ ਵੱਡਾ ਹੁੰਗਾਰਾ ਮਿਲਣਾ ਨਜ਼ਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਫ਼ਿਰੋਜ਼ਪੁਰ ਤੋਂ ਪਿਛਲੇ 40 ਸਾਲ ਤੋਂ ਕੋਈ ਸੈਨੇਟਰ ਨਹੀਂ ਚੁਣਿਆ ਗਿਆ, ਜੋ ਯੂਨੀਵਰਸਿਟੀ ਵਿੱਚ ਸਾਡੀ ਗੱਲ ਕਰ ਸਕੇ। ਰੂਪ ਕਮਲ ਦੀ ਟੀਮ ਨੇ ਵਿਸ਼ਵਾਸ ਜਤਾਇਆ ਕਿ ਇਸ ਵਾਰ ਫ਼ਿਰੋਜ਼ਪੁਰੀਏ ਇਹ ਉਲ੍ਹਾਂਭਾ ਲਾਹੁਣ ਲਈ ਤੱਤਪਰ ਹਨ।

# ਅੰਤਰਰਾਸ਼ਟਰੀ ਫ਼ੋਰਮ ਯੂ ਐੱਸ ਏ ਵੱਲੋਂ ਡਾ. ਓਬਰਾਏ ਦਾ ਵਿਸ਼ੇਸ਼ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਅੰਤਰਰਾਸ਼ਟਰੀ ਫ਼ੋਰਮ ਯੂ.ਐੱਸ.ਏ. ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਡਾਇਰੈਕਟਰ ਤੇ ਉੱਘੇ ਸਮਾਜ ਸੇਵੀ ਡਾ. ਐੱਸ. ਪੀ. ਸਿੰਘ ਓਬਰਾਏ ਨੂੰ ਸਿੱਖਿਆ, ਸਿਹਤ, ਮਨੁੱਖੀ ਸੇਵਾ ਤੇ ਸਮਾਜ ਭਲਾਈ ਦੇ ਖੇਤਰਾਂ ਵਿੱਚ ਪਾਏ ਜਾ ਰਹੇ ਵਡਮੁੱਲੇ ਯੋਗਦਾਨ ਲਈ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ।ਇਸ ਮੌਕੇ ਪੰਜਾਬੀ ਭਾਈਚਾਰੇ ਵੱਲੋਂ ਉਨ੍ਹਾਂ ਨੂੰ ਸਨਮਾਨ ਪੱਤਰ ਭੇਟ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਨੇ ਪ੍ਰਧਾਨ ਸਤਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਡਾ. ਓਬਰਾਏ ਦਾ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ।ਸਤਪਾਲ ਸਿੰਘ ਬਰਾੜ ਨੇ ਡਾ. ਓਬਰਾਏ ਵੱਲੋਂ ਜਾਤ-ਪਾਤ, ਧਰਮ ਤੇ ਕੌਮੀਅਤ ਤੋਂ ਉੱਪਰ ਉੱਠ ਕੇ ਕੀਤੀ ਜਾ ਰਹੀ ਮਨੁੱਖਤਾ ਦੀ ਸੇਵਾ ਦੀ ਭਰਪੂਰ ਸ਼ਲਾਘਾ ਕੀਤੀ।ਮੈਰੀਲੈਂਡ ਸਟੇਟ ਦੇ ਕਮਿਸ਼ਨਰ ਅਮਰਜੀਤ ਸਿੰਘ ਸੰਧੂ ਨੇ ਵੀ ਡਾ. ਓਬਰਾਏ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਜੀ ਆਇਆਂ ਆਖਿਆ।ਵਰਲਡ ਯੂਨਾਈਟਿਡ ਗੁਰੂ ਨਾਨਕ ਫਾਊਂਡੇਸ਼ਨ ਦੇ ਚੇਅਰਮੈਨ ਅਮਰ ਸਿੰਘ ਮੱਲ੍ਹੀ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਮਨੁੱਖਤਾ ਪ੍ਰਤੀ ਨਿਭਾਈਆਂ ਜਾ ਰਹੀਆਂ ਨਿਰਸਵਾਰਥ ਸੇਵਾਵਾਂ ਦੀ ਪ੍ਰਸੰਸਾ ਕੀਤੀ।ਇਸ ਮੌਕੇ ਕੁਲਦੀਪ ਸਿੰਘ ਮੱਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਵਰਜਨੀਆ, ਸਾਹਿਬਜੀਤ ਸਿੰਘ ਖਹਿਰਾ, ਪ੍ਰਤਾਪ ਸਿੰਘ ਗਿੱਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਮਰੀਕਾ, ਗੁਰਚਰਨ ਸਿੰਘ ਗੁਰੂ, ਬੀ. ਐੱਸ. ਰੰਧਾਵਾ, ਲਖਬੀਰ ਸਿੰਘ ਤੱਖੜ ਚੇਅਰਮੈਨ ਸ਼੍ਰੋਮਣੀ ਅਕਾਲੀ ਦਲ ਵਾਸ਼ਿੰਗਟਨ ਡੀ ਸੀ, ਦਵਿੰਦਰ ਸਿੰਘ ਗਿੱਲ, ਐੱਸ ਡੀ ਓ ਬਲਰਾਮ ਸਿੰਘ ਰੰਧਾਵਾ, ਨਿਰਪਜੀਤ ਸਿੰਘ, ਅੰਤਰਰਾਸ਼ਟਰੀ ਫ਼ੋਰਮ ਯੂ.ਐੱਸ.ਏ. ਦੇ ਚੇਅਰਮੈਨ ਡਾ. ਸੁਰਿੰਦਰ ਸਿੰਘ ਗਿੱਲ ਲੈਕਚਰਾਰ ਤੇਜਿੰਦਰ ਸਿੰਘ ਜਸ਼ਨ ਸਟੇਟ ਅਵਾਰਡੀ ਤੇ ਪੱਤਰਕਾਰ ਸਰਮੁੱਖ ਸਿੰਘ ਮਾਣਕ ਉਚੇਚੇ ਤੌਰ 'ਤੇ ਹਾਜ਼ਰ ਹੋਏ।ਇਸ ਤੋਂ ਇਲਾਵਾ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਸਕੂਲਾਂ-ਕਾਲਜਾਂ 'ਚ ਧੜੱਲੇ ਨਾਲ ਚੱਲ ਰਹੇ ਹਨ ਡੰਮੀ ਦਾਖ਼ਲੇ, ਵਿਭਾਗ ਖਾਮੋਸ਼

**ਮਾਨਸਾ (ਗੀਤਵਾਲ)**-ਸੂਬੇ ਦੇ ਅਨੇਕਾਂ ਸਕੂਲਾਂ ਤੇ ਕਾਲਜਾਂ ਵਿੱਚ ਇਨ੍ਹੀਂ ਦਿਨੀਂ 'ਡੰਮੀ' ਦਾਖ਼ਲੇ ਦਾ ਧੰਦਾ ਪੂਰੇ ਜ਼ੋਰਾਂ 'ਤੇ ਹੈ।ਇਸ ਖੇਡ ਤਹਿਤ ਵਿਦਿਆਰਥੀ ਕਿਸੇ ਮਾਨਤਾ ਪ੍ਰਾਪਤ ਸਕੂਲ ਜਾਂ ਕਾਲਜ ਵਿੱਚ ਸਿਰਫ਼ ਕਾਗਜ਼ਾਂ ਵਿੱਚ ਦਾਖ਼ਲਾ ਲੈਂਦੇ ਹਨ, ਜਦਕਿ ਅਸਲ ਵਿੱਚ ਉਹ ਨਿੱਜੀ ਕੋਚਿੰਗ ਸੈਂਟਰਾਂ ਵਿੱਚ ਮੁਕਾਬਲੇ ਦੀਆਂ ਪ੍ਰੀਖਿਆਵਾਂ (ਜਿਵੇਂ ਨੀਟ, ਜੇਈਈ ਆਦਿ) ਦੀ ਤਿਆਰੀ ਕਰਦੇ ਹਨ। ਸਕੂਲਾਂ-ਕਾਲਜਾਂ ਦੀਆਂ ਹਾਜ਼ਰੀਆਂ, ਪ੍ਰੀਖਿਆਵਾਂ ਤੇ ਹੋਰ ਲੋੜੀਂਦੇ ਦਸਤਾਵੇਜ਼ ਸਿਰਫ਼ ਕਾਗਜ਼ਾਂ ਵਿੱਚ ਹੀ ਪੂਰੇ ਕੀਤੇ ਜਾਂਦੇ ਹਨ।ਸੂਤਰਾਂ ਮੁਤਾਬਕ ਕੁਝ ਪ੍ਰਾਈਵੇਟ ਸਕੂਲ ਤੇ ਕਾਲਜ ਪ੍ਰਬੰਧਕ ਮੋਟੀਆਂ ਫੀਸਾਂ ਲੈ ਕੇ ਵਿਦਿਆਰਥੀਆਂ ਨੂੰ ਬਿਨਾਂ ਹਾਜ਼ਰੀ ਲਾਏ ਹੀ ਦਾਖ਼ਲਾ ਦੇ ਦਿੰਦੇ ਹਨ।ਇਸ ਦੇ ਬਦਲੇ ਵਿਦਿਆਰਥੀਆਂ ਨੂੰ ਸਾਲ ਦੇ ਅੰਤ ਵਿੱਚ ਪ੍ਰੀਖਿਆ ਲਈ ਹਾਜ਼ਰ ਹੋਣਾ ਪੈਂਦਾ ਹੈ ਜਾਂ ਕਈ ਵਾਰ ਇਹ ਵੀ 'ਮੈਨੇਜ' ਕਰ ਲਿਆ ਜਾਂਦਾ ਹੈ।ਇਸ ਨਾਲ ਜਿੱਥੇ ਵਿਦਿਆਰਥੀਆਂ ਦਾ ਅਸਲ ਸਿੱਖਿਆ ਢਾਂਚੇ ਨਾਲ ਸੰਪਰਕ ਟੁੱਟ ਰਿਹਾ ਹੈ, ਉੱਥੇ ਸਰਕਾਰੀ ਗ੍ਰਾਂਟਾਂ ਤੇ ਮਾਨਤਾ ਦੇ ਨਿਯਮਾਂ ਦੀ ਵੀ ਖੁੱਲ੍ਹੀ ਉਲੰਘਣਾ ਹੋ ਰਹੀ ਹੈ।ਸਿੱਖਿਆ ਮਾਹਰਾਂ ਦਾ ਕਹਿਣਾ ਹੈ ਕਿ ਇਸ ਰੁਝਾਨ ਨਾਲ ਵਿਦਿਆਰਥੀਆਂ ਦੀ ਸਮੁੱਚੀ ਸਿੱਖਿਆ, ਸਮਾਜਿਕ ਵਿਕਾਸ ਤੇ ਹਾਜ਼ਰੀ ਅਧਾਰਤ ਮੁਲਾਂਕਣ ਪ੍ਰਣਾਲੀ 'ਤੇ ਮਾੜਾ ਅਸਰ ਪੈ ਰਿਹਾ ਹੈ।ਕਈ ਮਾਪੇ ਵੀ ਇਸ ਪ੍ਰਬੰਧ ਨੂੰ ਸਹੀ ਮੰਨ ਕੇ ਆਪਣੇ ਬੱਚਿਆਂ ਨੂੰ ਦੋਹਰੇ ਦਬਾਅ ਹੇਠ ਪਾ ਰਹੇ ਹਨ, ਜਿਸ ਦਾ ਅਸਰ ਵਿਦਿਆਰਥੀਆਂ ਦੀ ਮਾਨਸਿਕ ਸਿਹਤ 'ਤੇ ਵੀ ਪੈਂਦਾ ਹੈ।ਦੂਜੇ ਪਾਸੇ, ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦਾ ਦਾਅਵਾ ਹੈ ਕਿ ਹਾਜ਼ਰੀ ਸਬੰਧੀ ਨਿਯਮ ਸਖ਼ਤੀ ਨਾਲ ਲਾਗੂ ਹਨ ਤੇ ਸ਼ਿਕਾਇਤ ਮਿਲਣ 'ਤੇ ਕਾਰਵਾਈ ਕੀਤੀ ਜਾਵੇਗੀ, ਪਰ ਸਵਾਲ ਇਹ ਹੈ ਕਿ ਜਦੋਂ ਇਹ ਧੰਦਾ ਖੁੱਲ੍ਹੇਆਮ ਚੱਲ ਰਿਹਾ ਹੈ ਤਾਂ ਵਿਭਾਗ ਦੀ ਨਿਗਰਾਨੀ ਕਿੱਥੇ ਹੈ? ਸਥਾਨਕ ਲੋਕਾਂ ਤੇ ਸਿੱਖਿਆ ਮਾਹਿਰਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਜਿਹੇ ਸਕੂਲਾਂ-ਕਾਲਜਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਹਾਜ਼ਰੀ ਦੀ ਬਾਇਓਮੈਟ੍ਰਿਕ ਨਿਗਰਾਨੀ ਯਕੀਨੀ ਬਣਾਈ ਜਾਵੇ ਤਾਂ ਜੋ 'ਡੰਮੀ' ਦਾਖ਼ਲੇ ਦੇ ਇਸ ਧੰਦੇ 'ਤੇ ਲਗਾਮ ਲਗਾਈ ਜਾ ਸਕੇ।

## ਸਿਖਲਾਈ ਪ੍ਰਾਪਤ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ



**ਭਵਾਨੀਗੜ੍ਹ (ਰਾਜ ਖੁਰਮੀ)**-ਸ੍ਰੀ ਗੁਰੂ ਤੇਗ ਬਹਾਦਰ ਆਈ.ਟੀ.ਆਈ. ਭਵਾਨੀਗੜ੍ਹ ਵਿਖੇ ਸੰਸਥਾ ਵੱਲੋਂ ਸਿਲਾਈ-ਕਢਾਈ ਦਾ ਕੋਰਸ ਸਫਲਤਾਪੂਰਵਕ ਪੂਰਾ ਕਰ ਚੁੱਕੀਆਂ ਲੜਕੀਆਂ ਨੂੰ ਸਵੈ-ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਿਲਾਈ ਮਸ਼ੀਨਾਂ ਦੀ ਵੰਡ ਕੀਤੀ ਗਈ।ਇਸ ਮੌਕੇ ਕਰਵਾਏ ਸਮਾਗਮ ਦੌਰਾਨ ਲੜਕੀਆਂ ਨੂੰ ਆਪਣੇ ਹੁਨਰ ਦੀ ਵਰਤੋਂ ਕਰਕੇ ਆਤਮ-ਨਿਰਭਰ ਬਣਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਬਲਵਿੰਦਰ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਲੜਕੀਆਂ ਲਈ ਕਿੱਤਾਮੁਖੀ ਸਿੱਖਿਆ ਤੇ ਸਵੈ-ਰੋਜ਼ਗਾਰ ਦੇ ਮੌਕੇ ਬਹੁਤ ਮਹੱਤਵਪੂਰਨ ਹਨ।ਉਨ੍ਹਾਂ ਕਿਹਾ ਕਿ ਸਿਲਾਈ-ਕਢਾਈ ਵਰਗੇ ਹੁਨਰ ਸਿੱਖ ਕੇ ਲੜਕੀਆਂ ਆਪਣੇ ਪੈਰਾਂ 'ਤੇ ਖੜ੍ਹੀਆਂ ਹੋਣ ਦੇ ਨਾਲ-ਨਾਲ ਆਪਣੇ ਪਰਿਵਾਰ ਦੀ ਆਮਦਨ ਵਧਾਉਣ ਵਿੱਚ ਵੀ ਅਹਿਮ ਯੋਗਦਾਨ ਪਾ ਸਕਦੀਆਂ ਹਨ। ਉਨ੍ਹਾਂ ਲੜਕੀਆਂ ਨੂੰ ਸਿੱਖੇ ਹੋਏ ਹੁਨਰ ਨੂੰ ਅੱਗੇ ਵਧਾਉਣ ਤੇ ਮਿਹਨਤ ਨਾਲ ਆਪਣੇ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਪ੍ਰੇਰਿਤ ਕੀਤਾ।ਸਿਲਾਈ ਮਸ਼ੀਨਾਂ ਪ੍ਰਾਪਤ ਕਰਨ ਵਾਲੀਆਂ ਸਿਖਿਆਰਥਣਾਂ ਨੇ ਸੰਸਥਾ ਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਘਰ ਬੈਠੇ ਆਮਦਨ ਕਮਾਉਣ ਦਾ ਮੌਕਾ ਮਿਲੇਗਾ।ਇਸ ਮੌਕੇ ਸੰਸਥਾ ਦੇ ਸਟਾਫ ਮੈਂਬਰਾਂ, ਸਿਖਿਆਰਥਣਾਂ ਤੇ ਹੋਰ ਪਤਵੰਤੇ ਹਾਜ਼ਰ ਸਨ।

## ਪੋਨਾ ਵਿਖੇ ਧਾਰਮਿਕ ਸਮਾਗਮ ਕਰਵਾਇਆ



**ਜਗਰਾਉਂ (ਸੰਜੀਵ ਅਰੋੜਾ)**-ਪਿੰਡ ਪੋਨਾ ਦੇ ਗੁਰਦੁਆਰਾ ਸਾਹਿਬ ਵਿਖੇ ਪ੍ਰਬੰਧਕੀ ਕਮੇਟੀ ਵੱਲੋਂ ਗ੍ਰਾਮ ਪੰਚਾਇਤ, ਐੱਨ ਆਰ ਆਈਜ਼ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗੁਰਮੀਤ ਸਿੰਘ ਪੋਨਾ ਦੇ ਕੀਰਤਨੀ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਕੀਤਾ। ਇਸ ਮੌਕੇ ਬਲਜੀਤ ਸਿੰਘ, ਦਲਜੀਤ ਸਿੰਘ ਤੇ ਨਿਰਭੈ ਸਿੰਘ ਦੀ ਅਗਵਾਈ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਗ੍ਰਾਮ ਪੰਚਾਇਤ ਵੱਲੋਂ ਬਾਬਾ ਗੁਰਮੀਤ ਸਿੰਘ ਪੋਨਾ ਦੇ ਕੀਰਤਨੀ ਜਥੇ ਦਾ ਸਿਰਪਾਓ ਪਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਬਲਜੀਤ ਸਿੰਘ, ਦਲਜੀਤ ਸਿੰਘ ਤੇ ਨਿਰਭੈ ਸਿੰਘ ਨੇ ਸਮੁੱਚੀ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਲਈ ਚਾਹ, ਬਰੈੱਡ ਤੇ ਮਿਠਾਈ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਤੇਜਿੰਦਰ ਸਿੰਘ ਦਲਵੀਰ ਸਿੰਘ, ਜੋਗਿੰਦਰ ਸਿੰਘ, ਬੂਟਾ ਸਿੰਘ ਸਰਪੰਚ, ਸੁਖਰਾਜਵੀਰ ਸਿੰਘ, ਬਲਦੇਵ ਸਿੰਘ, ਕੁਲਵੰਤ ਸਿੰਘ ਤੇ ਸ਼ਿਵ ਕੁਮਾਰ ਪੋਨਾ ਆਦਿ ਹਾਜ਼ਰ ਸਨ।

## ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਵਿਖੇ ਰੰਗਮੰਚ ਸਮਾਗਮ



**ਫ਼ਰੀਦਕੋਟ (ਐਲਗਜ਼ੈਂਡਰ ਡਿਸੂਜ਼ਾ)**-ਭਾਰਤ ਸਰਕਾਰ ਦੇ ਕੇਂਦਰੀ ਸੰਚਾਰ ਬਿਊਰੋ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੀਆਂ ਹਦਾਇਤਾਂ 'ਤੇ ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਫ਼ਰੀਦਕੋਟ ਵਿਖੇ ਇੱਕ ਵਿਸ਼ੇਸ਼ ਰੰਗਮੰਚ ਸਮਾਗਮ ਕਰਵਾਇਆ ਗਿਆ।ਇਹ ਪ੍ਰੋਗਰਾਮ 'ਜੀਵੇ ਪੰਜਾਬ ਰੰਗਮੰਚ ਫ਼ਰੀਦਕੋਟ' ਵੱਲੋਂ ਕਾਲਜ ਦੇ ਥੀਏਟਰ ਤੇ ਸੱਭਿਆਚਾਰਕ ਕਲੱਬ ਦੇ ਵਿਸ਼ੇਸ਼ ਸਹਿਯੋਗ ਨਾਲ ਨੇਪਰੇ ਚੜ੍ਹਿਆ।ਡਾਇਰੈਕਟਰ ਸਰਬਜੀਤ ਸਿੰਘ ਟੀਟੂ ਦੀ ਅਗਵਾਈ ਹੇਠ ਕਲਾਕਾਰਾਂ ਨੇ ਸਮਾਜਿਕ ਮੁੱਦਿਆਂ 'ਤੇ ਆਧਾਰਿਤ ਨੁੱਕੜ ਨਾਟਕਾਂ ਤੇ ਸੱਭਿਆਚਾਰਕ ਵੰਨਗੀਆਂ ਦੀ ਖ਼ੂਬਸੂਰਤ ਪੇਸ਼ਕਾਰੀ ਨਾਲ ਸਮਾਂ ਬੰਨ੍ਹਿਆ।ਕਾਲਜ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਤੋਂ ਇਲਾਵਾ 'ਰੱਬ ਦਾ ਰੇਡੀਓ-3' ਤੇ 'ਰੌਣਕ' ਫ਼ਿਲਮ ਅਦਾਕਾਰ ਸਮਸ਼ੀਰ ਜੱਸੀ ਅਤੇ ਫ਼ਿਲਮ ਐਕਟਰ ਹਰਜੋਤ ਨਟਰਾਜ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਡਾਇਰੈਕਟਰ ਟੀਟੂ ਨੇ ਦੱਸਿਆ ਕਿ ਇਹ ਸਮਾਗਮ ਸੁਨੇਹਾ ਅਭਿਆਨ, ਸਵੱਛ ਭਾਰਤ ਮਿਸ਼ਨ, ਖੇਲੋ ਇੰਡੀਆ ਤੇ ਨਸ਼ਾ ਮੁਕਤੀ ਵਰਗੀਆਂ ਜਨ-ਕਲਿਆਣਕਾਰੀ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ ਸੀ।ਸਮਾਗਮ ਦੀ ਸ਼ੁਰੂਆਤ 'ਚ ਪ੍ਰੋ. ਬੀਰਇੰਦਰਜੀਤ ਸਿੰਘ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਮੰਚ ਸੰਚਾਲਨ ਦੀ ਭੂਮਿਕਾ ਵੀ ਸ਼ਾਨਦਾਰ ਢੰਗ ਨਾਲ ਨਿਭਾਈ।ਅੰਤ ਵਿੱਚ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਤੇ ਸਮੂਹ ਸਟਾਫ਼ ਵੱਲੋਂ ਜੀਵੇ ਪੰਜਾਬ ਰੰਗਮੰਚ ਦੀ ਟੀਮ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪੈਨਸ਼ਨਰ ਐਸੋਸੀਏਸ਼ਨ ਦੇ ਮੈਂਬਰ, ਸ਼ਹਿਰ ਦੇ ਪਤਵੰਤੇ, ਪੱਤਰਕਾਰ ਤੇ ਵੱਡੀ ਗਿਣਤੀ ਵਿਦਿਆਰਥੀ ਮੌਜੂਦ ਸਨ।

## ਕਬੀਰ ਦਾਸ ਦੀ ਅਗਵਾਈ 'ਚ ਅਕਾਲੀ ਦਲ ਵੱਲੋਂ ਵਰਕਰ ਮੀਟਿੰਗ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸ਼ੁਤਰਾਣਾ ਦੇ ਆਗੂਆਂ ਦੀ ਮੀਟਿੰਗ ਹਲਕਾ ਇੰਚਾਰਜ ਬਾਬੂ ਕਬੀਰ ਦਾਸ ਦੀ ਅਗਵਾਈ 'ਚ ਪਾਤੜਾਂ ਦੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਹੋਈ।ਇਸ ਮੀਟਿੰਗ 'ਚ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਤੇ ਹਲਕਾ ਅਬਜ਼ਰਵਰ ਅਮਰਜੀਤ ਸਿੰਘ ਪੰਜਰਥ ਵੱਲੋਂ ਸ਼ਮੂਲੀਅਤ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਹੋਰ ਆਜ਼ਾਦੀ ਪ੍ਰਵਾਨਿਆਂ ਦੇ ਸੁਪਨਿਆਂ ਦੀ ਸਰਕਾਰ ਬਣਾਉਣ ਦਾ ਦਾਅਵਾ ਕਰਕੇ ਸੱਤਾ ਵਿੱਚ ਆਉਣ ਵਾਲੀ ਆਮ ਆਦਮੀ ਪਾਰਟੀ ਵੱਲੋਂ ਹੁਣ ਨਸ਼ਿਆਂ ਦੇ ਮੁੱਦੇ 'ਤੇ ਸਵਾਲ ਕਰਨ ਵਾਲੇ ਵਿਅਕਤੀ ਨੂੰ ਮਰਨ ਲਈ ਮਜਬੂਰ ਕਰ ਦਿੱਤਾ ਗਿਆ ਹੈ।ਇਸੇ ਤਰ੍ਹਾਂ ਕਾਲਾ ਝੰਡਾ ਦਿਖਾ ਕੇ ਵਿਰੋਧ ਕਰਨ ਵਾਲੇ ਇੱਕ ਵਿਅਕਤੀ 'ਤੇ ਅਜਿਹਾ ਤਸ਼ੱਦਦ ਢਾਹਿਆ ਗਿਆ ਹੈ ਕਿ ਉਹ ਹਸਪਤਾਲ ਵਿੱਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ ਡਰਦੇ ਪੰਜਾਬ ਸਰਕਾਰ ਦੇ ਮੰਤਰੀਆਂ ਵੱਲੋਂ ਹਮੇਸ਼ਾ ਉਸ ਦੇ ਖ਼ਿਲਾਫ਼ ਪ੍ਰਾਪੇਗੰਡਾ ਕਰਕੇ ਉਸ ਨੂੰ ਨੀਵਾਂ ਦਿਖਾਉਣ ਲਈ ਕਈ ਤਰ੍ਹਾਂ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ, ਪਰ ਪੰਜਾਬ ਦੇ ਲੋਕ ਇਨ੍ਹਾਂ ਚਾਲਾਂ ਨੂੰ ਸਮਝ ਚੁੱਕੇ ਹਨ ਤੇ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਮਨ ਬਣਾ ਚੁੱਕੇ ਹਨ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਅਕਾਲੀ ਦਲ ਦੇ ਮੁੱਖ ਬੁਲਾਰੇ ਅਜੈਬ ਸਿੰਘ ਮੱਲ੍ਹੀ, ਤੇਜਵੀਰ ਸਿੰਘ ਖਾਂਗ, ਮਹਿੰਦਰ ਸਿੰਘ ਲਾਲਵਾ ਸਾਬਕਾ ਚੇਅਰਮੈਨ, ਗੁਰਬਚਨ ਸਿੰਘ ਮੌਲਵੀਵਾਲਾ, ਲਖਵਿੰਦਰ ਸਿੰਘ ਮੌਲਵੀਵਾਲਾ, ਜਗਜੀਤ ਸਿੰਘ ਗਲੋਲੀ ਪ੍ਰਧਾਨ ਬੀਸੀ ਵਿੰਗ, ਜੋਗਾ ਸਿੰਘ ਸਿੱਧੂ ਕੌਮੀ ਜਥੇਬੰਦਕ ਸਕੱਤਰ, ਬਚਿੱਤਰ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਆਦਿ ਹਾਜ਼ਰ ਸਨ।

## ਸਿਹਤ ਵਿਭਾਗ ਦੇ ਚੌਥਾ ਦਰਜਾ ਕਰਮਚਾਰੀਆਂ ਵੱਲੋਂ ਧਰਨੇ



**ਪਟਿਆਲਾ (ਰਾਜਿੰਦਰ ਥਿੰਦ)**-ਸਹਤ ਵਿਭਾਗ ਵਿਚਲੇ ਚੌਥਾ ਦਰਜਾ ਕਰਮਚਾਰੀਆਂ ਕੱਚਿਆਂ ਤੇ ਪੱਕਿਆਂ ਵੱਲੋਂ ਦੂਸਰੇ ਦਿਨ ਵੀਸਿਹਤ ਸੰਸਥਾਵਾਂ ਅੱਗੇ ਗੇਟ ਰੈਲੀਆਂ ਕੀਤੀਆਂ।ਬੀਤੇ ਦਿਨੀਂ ਸਿਹਤ ਮੰਤਰੀ ਦੇ ਘਰ ਅੱਗੇ ਰੈਲੀ ਕੀਤੀ ਗਈ ਸੀ, ਜਿਸ 'ਤੇ ਸਿਹਤ ਮੰਤਰੀ ਵੱਲੋਂ 15 ਸਤੰਬਰ ਨੂੰ ਗੱਲਬਾਤ ਲਈ ਸੱਦਾ ਪੱਤਰ ਦਿੱਤਾ ਗਿਆ ਸੀ।ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਜ਼ਿਲ੍ਹਾ ਕਮੇਟੀ ਪਟਿਆਲਾ ਵੱਲੋਂ ਉਲੀਕੇ ਐਕਸ਼ਨ ਪ੍ਰੋਗ੍ਰਾਮਾਂ ਦੀ ਲੜੀ ਵਿੱਚ ਗੇਟ ਰੈਲੀਆਂ ਕੀਤੀਆਂ ਗਈਆਂ ਤੇ ਘੱਟੋ-ਘੱਟ ਉਜ਼ਰਤਾਂ ਲਾਗੂ ਕਰਨ, ਆਊਟ ਸੋਰਸ ਕਰਮੀਆਂ ਦਾ ਡਾਟਾ ਅਪਡੇਟ ਕਰਨ ਤੇ ਠੇਕੇਦਾਰੀ ਦੀ ਪ੍ਰਥਾ ਦਾ ਖਾਤਮਾ ਕਰਨ ਵਰਗੀਆਂ ਮੰਗਾਂ ਮੁੜ ਚੁੱਕੀਆਂ ਗਈਆਂ। ਇਨ੍ਹਾਂ ਐਕਸ਼ਨ ਦੀ ਅਗਵਾਈ ਸੂਬਾ ਪ੍ਰਧਾਨ ਸਾਥੀ ਦਰਸ਼ਨ ਸਿੰਘ ਲੁਬਾਣਾ ਨੇ ਕੀਤੀ।ਅੱਜ ਮੈਡੀਕਲ ਸੁਪਰਡੈਂਟ ਤੇ ਡੀ ਐੱਮ ਸੀ ਵਿਚਲੇ ਮਾਤਾ ਕੁਸ਼ੱਲਿਆ ਹਸਪਤਾਲ ਵਿਖੇ ਦਫਤਰਾਂ ਅੱਗੇ ਜ਼ੋਰਦਾਰ ਪਿੱਟ ਸਿਆਪਾ ਕੀਤਾ ਗਿਆ ਤੇ ਘੱਟੋ-ਘੱਟ ਉਜ਼ਰਤਾਂ ਲਾਗੂ ਕਰਨ ਤੇ ਡਾਟਾ ਅਪਡੇਟ ਕਰਨ ਵਿੱਚ ਬੇਲੋੜੀ ਦੀ ਦੇਰੀ ਦਾ ਨੋਟਿਸ ਲਿਆ ਗਿਆ।ਇਸ ਮੌਕੇ ਦਰਸ਼ਨ ਸਿੰਘ ਲੁਬਾਣਾ, ਰਾਮ ਲਾਲ ਰਾਮਾ, ਸ਼ਿਵ ਚਰਨ, ਧਰਮਿੰਦਰ, ਰਾਜੇਸ਼ ਗੋਲੂ, ਪ੍ਰਕਾਸ਼ ਲੁਬਾਣਾ, ਰਾਜੇਸ਼ ਕੁਮਾਰ, ਪ੍ਰੇਮ ਚਾਵਲਾ, ਸੁਖਦੇਵ ਸਿੰਘ ਝੰਡੀ, ਮੀਨੂੰ, ਨੱਥਨੀ, ਕਮਲੇਸ਼ ਗੋਨੀ, ਮਮਤਾਜ, ਸਤਿਨਰਾਇਣ ਗੋਨੀ ਆਦਿ ਹਾਜ਼ਰ ਸਨ।

## ਜੋਧਵਾਲ ਦੰਗਲ ਮੇਲੇ 'ਚ ਸਿਕੰਦਰ ਸ਼ੇਖ ਨੇ ਭੁਪਿੰਦਰ ਅਜਨਾਲਾ ਨੂੰ ਕੀਤਾ ਚਿੱਤਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਜੋਧਵਾਲ ਵਿਖੇ ਸਾਲਾਨਾ ਵਿਸ਼ਾਲ ਦੰਗਲ ਮੇਲਾ ਕਰਵਾਇਆ ਗਿਆ, ਜਿਸ ਵਿੱਚ ਭਾਰੀ ਗਿਣਤੀ ਪਹਿਲਵਾਨਾਂ ਨੇ ਭਾਗ ਲਿਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਰਿੰਦਰ ਪਾਲ ਸ਼ਰਮਾ, ਵਿਵੇਕ ਸ਼ਰਮਾ, ਲੱਕੀ ਸੈਣੀ ਨੇ ਦੱਸਿਆ ਕਿ ਦੀਪਾ ਬਾਬਾ ਜੀ ਫਲਾਹੀ ਵਾਲਿਆਂ ਦੀ ਅਗਵਾਈ 'ਚ ਪਿੰਡ ਜੋਧਵਾਲ, ਰੁੜਕੇਵਾਲ, ਚੱਕ ਸ਼ੰਮੂ, ਮੁਗਲੇਵਾਲ, ਲੁਬਾਣਗੜ੍ਹ, ਗ੍ਰਾਮ ਪੰਚਾਇਤਾਂ, ਪਿੰਡ ਵਾਸੀਆਂ ਤੇ ਐੱਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਦੰਗਲ ਮੇਲਾ ਕਰਵਾਇਆ ਗਿਆ। ਝੰਡੀ ਦੀ ਕੁਸ਼ਤੀ ਦਾ ਮੁਕਾਬਲਾ ਭੁਪਿੰਦਰ ਅਜਨਾਲਾ ਤੇ ਸਿਕੰਦਰ ਸ਼ੇਖ ਵਿਚਕਾਰ ਹੋਇਆ, ਜਿਸ ਵਿੱਚ 20 ਮਿੰਟ ਤੋਂ ਬਾਅਦ ਪੁਆਇੰਟ ਦੇ ਅਧਾਰ 'ਤੇ ਇਹ ਕੁਸ਼ਤੀ ਸਿਕੰਦਰ ਸ਼ੇਖ ਨੇ ਜਿੱਤੀ। ਜਸਪਾਲ ਸਿੰਘ ਸੈਣੀ ਪਰਿਵਾਰ ਵੱਲੋਂ ਝੰਡੀ ਦੀ ਕੁਸ਼ਤੀ ਦੇ ਜੇਤੂ ਨੂੰ ਬੁਲਟ ਮੋਟਰਸਾਈਕਲ ਇਨਾਮ ਵਜੋਂ ਦਿੱਤਾ ਗਿਆ। ਦੂਜੀ ਝੰਡੀ ਦੀ ਕੁਸ਼ਤੀ 'ਚ ਦਿਨੇਸ਼ ਗੁਲੀਆ ਨੇ ਤਾਲਿਬ ਬਾਬਾ ਫਲਾਹੀ ਨੂੰ ਹਰਾਇਆ। ਤੀਜੀ ਕੁਸ਼ਤੀ 'ਚ ਛੋਟਾ ਸ਼ਮਸ਼ਾਦ ਹੁਸ਼ਿਆਰਪੁਰ ਨੇ ਜੋਤੀ ਗੁੱਜਰ ਨੂੰ ਚਿੱਤ ਕੀਤਾ, ਜਦਕਿ ਚੌਥੀ ਝੰਡੀ ਦੀ ਕੁਸ਼ਤੀ 'ਚ ਲੱਕੀ ਗੁੱਜਰ ਨੇ ਲੱਕੀ ਰਾਮਪੁਰ ਨੂੰ ਹਰਾ ਕੇ ਜਿੱਤ ਹਾਸਲ ਕੀਤੀ। ਦੰਗਲ ਮੇਲੇ 'ਚ ਭਾਜਪਾ ਜ਼ਿਲ੍ਹਾ ਇੰਚਾਰਜ ਭੁਪਿੰਦਰ ਸਿੰਘ ਚੀਮਾ, ਉਪ ਪ੍ਰਧਾਨ ਖੰਨਾ ਸੰਜੀਵ ਲੀਹਲ, ਗੁਰਮੀਤ ਸਿੰਘ ਕਾਹਲੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਦਾ ਭਾਜਪਾ ਮੰਡਲ ਪ੍ਰਧਾਨ ਮਾਛੀਵਾੜਾ ਸੁਖਵਿੰਦਰ ਸਿੰਘ ਸ਼ਰਮਾ ਨੇ ਸਵਾਗਤ ਕੀਤਾ। ਦੰਗਲ ਮੇਲੇ ਨੂੰ ਸਫ਼ਲ ਬਣਾਉਣ 'ਚ ਬਲਵਿੰਦਰ ਸਿੰਘ ਘੁੰਮਣ ਪਰਿਵਾਰ, ਵਿਵੇਕ ਸ਼ਰਮਾ, ਨਰਿੰਦਰਪਾਲ ਸ਼ਰਮਾ, ਸੁਖਵਿੰਦਰ ਸਿੰਘ ਸੁੱਖੀ ਸ਼ਰਮਾ, ਅਮਨਦੀਪ ਸ਼ਰਮਾ ਕੈਨੇਡਾ, ਸ਼ੁਭਮ ਮਨੀਲਾ, ਮੁੱਖ ਸੇਵਾਦਾਰ ਭਗਤ ਪੱਪਲ ਸ਼ਰਮਾ, ਵਿਪਨ ਮਨੀਲਾ, ਲੱਕੀ ਸੈਣੀ, ਪ੍ਰਜੇਸ਼ ਸ਼ਰਮਾ, ਸਰਪੰਚ ਹਰਚਰਨਜੀਤ ਸਿੰਘ ਬੱਬੀ ਤੇ ਹੋਰਨਾਂ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਵੱਖ-ਵੱਖ ਸਕੀਮ ਵਰਕਰਾਂ, ਅਧਿਆਪਕਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸੰਧਵਾਂ ਦੀ ਕੋਠੀ ਦਾ ਘਿਰਾਓ

■ ਵਿਧਾਨ ਸਭਾ ਚੋਣਾਂ 'ਚ 'ਆਪ' ਨੂੰ ਸਬਕ ਸਿਖਾਉਣ ਦੀ ਦਿੱਤੀ ਚਿਤਾਵਨੀ



**ਕੋਟਕਪੂਰਾ (ਰਛਪਾਲ ਭੁੱਲਰ)**-ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ ਪਿੰਡ ਸੰਧਵਾਂ ਵਿਖੇ ਫਰੀਦਕੋਟ, ਮੋਗਾ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ ਤੇ ਫਿਰੋਜ਼ਪੁਰ ਜ਼ਿਲ੍ਹਿਆਂ ਦੀਆਂ ਆਸ਼ਾ ਵਰਕਰਾਂ, ਮਿੱਡ ਡੇਅ ਮੀਲ ਵਰਕਰਾਂ, ਆਂਗਨਵਾੜੀ ਵਰਕਰਾਂ, ਅਧਿਆਪਕਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪਿੰਡ ਸੰਧਵਾਂ ਵਿਖੇ ਵਿਸ਼ਾਲ ਰੋਸ ਰੈਲੀ ਕਰਕੇ ਭਗਵੰਤ ਮਾਨ ਸਰਕਾਰ ਤੇ ਕੁਲਤਾਰ ਸਿੰਘ ਸੰਧਵਾਂ ਖਿਲਾਫ ਤਿੱਖੀ ਨਾਹਰੇਬਾਜ਼ੀ ਕੀਤੀ।ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਸੈਂਕੜੇ ਮੁਲਾਜ਼ਮ ਆਪਣੇ ਝੰਡੇ ਤੇ ਬੈਨਰ ਚੁੱਕ ਕੇ ਰੈਲੀ ਵਿੱਚ ਸ਼ਾਮਲ ਹੋਏ।ਇਸ ਰੈਲੀ ਨੂੰ ਸੰਬੋਧਨ ਕਰਦਿਆਂ ਗੁਰਨਾਮ ਸਿੰਘ ਵਿਰਕ, ਮੁੱਖ ਕਨਵੀਨਰ ਸਾਂਝਾ ਮੁਲਾਜ਼ਮ ਮੰਚ, ਪੰਜਾਬ ਤੇ ਸੂਬਾ ਪ੍ਰਧਾਨ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ, ਸੂਬਾ ਕਨਵੀਨਰ ਭਜਨ ਸਿੰਘ ਗਿੱਲ, ਜਗਦੀਸ਼ ਸਿੰਘ ਚਾਹਲ, ਦਿਗਵਿਜੇ ਪਾਲ ਸ਼ਰਮਾ, ਸੁਰਿੰਦਰ ਰਾਮ ਕੁੱਸਾ, ਪ੍ਰੇਮ ਚਾਵਲਾ, ਬਿਕਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਮਨਿਸਟੀਰੀਅਲ ਸਟਾਫ, ਜਤਿੰਦਰ ਕੁਮਾਰ, ਸੁਖਵਿੰਦਰ ਸਿੰਘ ਸੁੱਖੀ, ਲਖਬੀਰ ਸਿੰਘ ਹਰੀਕੇ, ਇੰਦਰਜੀਤ ਸਿੰਘ ਖੀਵਾ, ਹਰਪ੍ਰੀਤ ਸਿੰਘ ਸਰਾਂ, ਸੁਰਿੰਦਰ ਧਰਾਙ ਕਲਾਂ ਸੂਬਾ ਆਗੂ ਟੀ ਐਸ ਯੂ, ਨਵਪ੍ਰੀਤ ਸਿੰਘ, ਬਲਬੀਰ ਸਿੰਘ ਸਿਬੀਆਂ, ਸੁਖਮੰਦਰ ਸਿੰਘ ਗਿੱਲ ਪੀ ਆਰ ਟੀ ਸੀ, ਪੈਨਸ਼ਨਰ ਆਗੂ ਕੁਲਵੰਤ ਸਿੰਘ ਚਾਨੀ, ਰਾਮ ਪ੍ਰਸਾਦ ਫਿਰੋਜ਼ਪੁਰ, ਕਲਵਿੰਦਰ ਸਿੰਘ ਮੌੜ, ਆਸ਼ਾ ਵਰਕਰ ਯੂਨੀਅਨ ਦੇ ਆਗੂ ਸਰਬਜੀਤ ਕੌਰ ਮਚਾਕੀ, ਆਂਗਣਵਾੜੀ ਵਰਕਰਜ਼ ਯੂਨੀਅਨ ਦੇ ਆਗੂ ਸਰੋਜ ਛਪੜੀ ਵਾਲਾ, ਗੁਰਚਰਨ ਕੌਰ ਮੋਗਾ, ਮਿੱਡ ਡੇ ਮੀਲ ਵਰਕਰਾਂ ਦੇ ਆਗੂ ਰਮਨਜੀਤ ਕੌਰ, ਬਿਮਲਾ ਦੇਵੀ, ਪਾਵਰਕਾਮ ਪੈਨਸ਼ਨਰ ਆਗੂ ਗੁਰਮੇਲ ਸਿੰਘ ਨਾਹਰ, ਚੰਦ ਸਿੰਘ ਡੋਡ, ਅਮਰੀਕ ਸਿੰਘ ਸੰਧੂ, ਖੁਸ਼ਕਰਨਜੀਤ ਸਿੰਘ ਸ੍ਰੀ ਮੁਕਤਸਰ ਸਾਹਿਬ, ਪਿੱਪਲ ਸਿੰਘ ਸਿੱਧੂ ਸੂਬਾਈ ਆਗੂ ਮਨਿਸਟੀਰੀਅਲ ਸਟਾਫ, ਕਿਰਨ ਪ੍ਰਕਾਸ਼ ਮਹਿਤਾ, ਅਧਿਆਪਕ ਆਗੂ ਬਲਜਿੰਦਰ ਸਿੰਘ ਧਾਲੀਵਾਲ ਸੂਬਾ ਪ੍ਰਧਾਨ, ਧਰਮਿੰਦਰ ਸਿੰਘ, ਜੀਤੇਂਦਰ ਕੁਮਾਰ ਹੰਸ, ਪ੍ਰੀਤ ਭਗਵਾਨ ਸਿੰਘ, ਰਣਜੀਤ ਸਿੰਘ ਮੱਲਾ, ਹਰਜੰਟ ਸਿੰਘ ਬੋਡੇ, ਜਸਵਿੰਦਰ ਸਿੰਘ ਬਰਗਾੜੀ, ਮੁਲਾਜ਼ਮ ਆਗੂ ਸਿਮਰਜੀਤ ਸਿੰਘ ਬਰਾੜ, ਵੀਰ ਇੰਦਰਜੀਤ ਸਿੰਘ ਪੁਰੀ, ਮਹਿੰਦਰ ਕੌੜਿਆਂਵਾਲੀ, ਨਵੀਨ ਸਚਦੇਵਾ ਜ਼ੀਰਾ, ਬਾਜ ਸਿੰਘ ਭੁੱਲਰ, ਦੀਦਾਰ ਸਿੰਘ ਮੁੱਦਕੀ, ਕੁਲਬੀਰ ਸਿੰਘ ਢਿੱਲੋਂ, ਮਨਜੀਤ ਕੌਰ ਫਰੀਦਕੋਟ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਸੁਰਿੰਦਰ ਕੰਬੋਜ, ਇਕਬਾਲ ਸਿੰਘ ਢੁੱਡੀ, ਸੁਖਦੇਵ ਕੰਬੋਜ, ਮਨੋਹਰ ਲਾਲ ਸ਼ਰਮਾ ਮਲੋਟ, ਸੁਖਜਿੰਦਰ ਸਿੰਘ ਦੋਦਾ, ਕਸ਼ਮੀਰ ਸਿੰਘ ਥਿੰਦ ਜੇਲ ਵਿਭਾਗ, ਬਲਜੀਤ ਕੌਰ ਸਿਹਤ ਵਿਭਾਗ, ਗੁਰਜੰਟ ਸਿੰਘ ਕੋਕਰੀ, ਬਿਮਲਾ ਦੇਵੀ ਮਿੱਡ ਡੇਅ ਮੀਲ ਵਰਕਰ ਆਗੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹੁਕਮਰਾਨ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਆਪਣੇ ਸਾਢੇ ਚਾਰ ਸਾਲਾਂ ਦੇ ਰਾਜ ਭਾਗ ਦੌਰਾਨ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਹੱਕੀ ਤੇ ਜਾਇਜ਼ ਮੰਗਾਂ ਪ੍ਰਤੀ ਬਹੁਤ ਮਾੜਾ ਵਤੀਰਾ ਅਖਤਿਆਰ ਕੀਤਾ ਹੋਇਆ ਹੈ।ਇਹ ਸਰਕਾਰ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਪਹੁੰਚ ਦੇ ਪੱਖ ਤੋਂ ਪਿਛਲੀਆਂ ਹੁਕਮਰਾਨ ਸਾਰੀਆਂ ਸਰਕਾਰਾਂ ਨਾਲੋਂ ਮਾੜੀ ਤੇ ਨਖਿਧ ਸਾਬਿਤ ਹੋਈ ਹੈ।ਆਗੂਆਂ ਨੇ ਭਗਵੰਤ ਮਾਨ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਐਲਾਨ ਕੀਤਾ ਕਿ ਮਹੀਨਾ ਸਤੰਬਰ ਤੇ ਅਕਤੂਬਰ ਦੌਰਾਨ ਸਾਂਝੀ ਤਾਲਮੇਲ ਕਮੇਟੀ ਵੱਲੋਂ ਵੱਖ ਵੱਖ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਸਫਲਤਾ ਪੂਰਵਕ ਲਾਗੂ ਕੀਤੇ ਜਾਣਗੇ ਤੇ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਸਾਰੇ ਉਮੀਦਵਾਰਾਂ ਨੂੰ ਸਬਕ ਸਿਖਾਇਆ ਜਾਵੇਗਾ। ਮੁਜ਼ਾਹਰਾਕਾਰੀਆਂ ਨੂੰ ਸਪੀਕਰ ਪੰਜਾਬ ਵਿਧਾਨ ਸਭਾ ਦੀ ਕੋਠੀ ਨੇੜੇ ਜਾਣ ਤੋਂ ਰੋਕਣ ਲਈ ਪੰਜਾਬ ਪੁਲਿਸ ਵੱਲੋਂ ਬੈਰੀਕੇਡ ਲਗਾ ਕੇ ਸਖਤ ਪ੍ਰਬੰਧ ਕੀਤੇ ਗਏ ਸਨ।ਆਗੂਆਂ ਨੇ ਪੁਲਸ ਵੱਲੋਂ ਲਗਾਏ ਨਾਕੇ ਤੋੜ ਕੇ ਸਪੀਕਰ ਪੰਜਾਬ ਵਿਧਾਨ ਸਭਾ ਦੀ ਕੋਠੀ ਦਾ ਘਿਰਾਓ ਕੀਤਾ, ਜੋਕਿ ਲਗਭਗ ਇੱਕ ਘੰਟਾ ਜਾਰੀ ਰਿਹਾ।ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਸਮੂਹ ਹਾਜ਼ਰੀਨ ਲਈ ਚਾਹ ਦਾ ਲੰਗਰ, ਮਾਸਟਰ ਕੇਡਰ ਯੂਨੀਅਨ ਵੱਲੋਂ ਕੇਲਿਆਂ ਦਾ ਲੰਗਰ ਲਗਾਇਆ ਗਿਆ ਤੇ ਸੁਖਮੰਦਰ ਸਿੰਘ ਸੰਧਵਾਂ ਪਾਣੀ ਦੀਆਂ ਮੁਫ਼ਤ ਸੇਵਾਵਾਂ ਨਿਭਾਈਆਂ ਗਈਆਂ।

## ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਦੋਰਾਹਾ (ਹਰਮਿੰਦਰ ਸੇਠ)**-ਬਾਬਾ ਸਾਹਿਬ ਡਾਕਟਰ ਅੰਬੇਡਕਰ ਜੀ ਦੇ ਬੁੱਤ ਦੀ ਬੇਅਦਬੀ ਖਿਲਾਫ ਹਲਕਾ ਪਾਇਲ, ਖੰਨਾ ਤੇ ਸਮਰਾਲਾ ਬਸਪਾ ਆਗੂਆਂ ਨੇ ਭਾਰੀ ਰੋਸ ਜ਼ਾਹਰ ਕੀਤਾ ਹੈ ਤੇ ਇਸ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਖਤ ਤੋਂ ਸਖਤ ਸਜ਼ਾ ਦੇਣ ਦੀ ਮੰਗ ਕੀਤੀ। ਚੇਅਰਮੈਨ ਰਣਜੀਤ ਸਿੰਘ ਨੋਨਾ ਨੇ ਕਿਹਾ ਕਿ ਦੋ ਮਹੀਨੇ ਪਹਿਲਾਂ ਵੀ ਇਥੇ ਇਸ ਤਰ੍ਹਾਂ ਦੀ ਘਟਨਾ ਹੋਈ ਸੀ ਤੇ ਹੁਣ ਦੁਬਾਰਾ ਬਾਬਾ ਸਾਹਿਬ ਦੇ ਬੁੱਤ ਨਾਲ ਛੇੜਛਾੜ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਬਲਜੀਤ ਸਿੰਘ ਸਲਾਨਾ ਸਕੱਤਰ ਪੰਜਾਬ ਨੇ ਸਾਫ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਹਰਭਜਨ ਸਿੰਘ ਦੁਲਮਾਂ ਦਿਹਾਤੀ ਲੁਧਿਆਣਾ ਦੀ ਪ੍ਰਧਾਨਗੀ ਹੇਠ ਰਾਜਪਾਲ ਨੂੰ ਦੇਣ ਲਈ ਡੀ ਸੀ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਸਮੇਂ ਸੁਖਵਿੰਦਰ ਸਿੰਘ ਪ੍ਰਧਾਨ ਖੰਨਾ, ਲਖਵੀਰ ਸਿੰਘ ਲੱਖਾ ਪ੍ਰਧਾਨ ਖੰਨਾ, ਤਰਸੇਮ ਸਿੰਘ, ਜਰਨੈਲ ਸਿੰਘ, ਗੁਰਮੇਲ ਸਿੰਘ, ਚੋਬਰ ਸਿੰਘ, ਜੈਰਾਮ ਸਿੰਘ, ਸੁਰਿੰਦਰ ਸਿੰਘ, ਸੁਰਿੰਦਰ ਰਾਏਕੋਟ, ਬਲਵੀਰ ਸਿੰਘ, ਰਵਿੰਦਰਪਾਲ ਸਿੰਘ, ਦਲਵੀਰ ਸਿੰਘ ਮੰਡਿਆਲਾ, ਇੰਚਾਰਜ ਸਮਰਾਲਾ ਸ਼ਿੰਦਰ ਚਾਪੜਾ ਪ੍ਰਧਾਨ, ਗੁਰਬਚਨ ਸਿੰਘ ਕਟਾਰੀ ਸਕੱਤਰ, ਪ੍ਰਿੰਸੀਪਲ ਦਰਸ਼ਨ ਸਿੰਘ, ਮਾਸਟਰ ਦਲਵਾਰਾ ਸਿੰਘ, ਮਨਜੀਤ ਸਿੰਘ ਸਰਪ੍ਰਸਤ ਅੜੈਚਾ, ਧਰਮਿੰਦਰ ਸਿੰਘ ਪ੍ਰਧਾਨ, ਹਰਭਜਨ ਸਿੰਘ ਦੁਲਮਾਂ ਦਿਹਾਤੀ ਪ੍ਰਧਾਨ, ਬਲਜੀਤ ਸਿੰਘ ਸਲਾਨਾ ਸਕੱਤਰ ਪੰਜਾਬ, ਰਣਜੀਤ ਸਿੰਘ ਨੋਨਾ ਬਰਮਾਲੀਪੁਰ, ਗੁਰਦੀਪ ਸਿੰਘ ਐਡਵੋਕੇਟ ਰੋਣੀ ਆਦਿ ਹਾਜ਼ਰ ਸਨ।

## ਇਨਕਲਾਬੀ ਕੇਂਦਰ ਪੰਜਾਬ ਵੱਲੋਂ ਸਰਕਾਰ ਦੇ ਖੋਟੇ ਮਨਸੂਬਿਆਂ ਖਿਲਾਫ਼ ਆਵਾਜ਼ ਬੁਲੰਦ ਕਰਨ ਦਾ ਸੱਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਅਕਾਲੀ-ਭਾਜਪਾ, ਕਾਂਗਰਸ ਦੇ ਦਹਾਕੇ ਭਰ ਦੇ ਸਫ਼ਰ ਤੋਂ ਬਾਅਦ ਭਗਵੰਤ ਮਾਨ ਸਰਕਾਰ ਵੀ ਪੰਜਾਬ ਵਿੱਚ ਨਸ਼ਿਆਂ ਦੇ ਵਧ ਰਹੇ ਪ੍ਰਕੋਪ ਕਾਰਨ ਕਟਿਹਰੇ ਵਿੱਚ ਹੈ। ਜਵਾਨੀ ਨੂੰ ਘੁਣ ਵਾਂਗ ਖਾ ਰਹੇ ਇਸ ਮਸਲੇ ਉੱਪਰ ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਨਸ਼ਾ ਪੰਜਾਬ ਦੇ ਪਿੰਡਾਂ ਵਿੱਚ ਘਰ ਘਰ ਦੀ ਸਮੱਸਿਆ ਬਣੀ ਹੋਈ ਹੈ। ਹਰ ਪਿੰਡ ਵਿੱਚੋਂ ਨੌਜਵਾਨਾਂ ਦੀਆਂ ਨਸ਼ਿਆਂ ਕਾਰਨ ਹੋਈਆਂ ਮੌਤਾਂ ਦੀਆਂ ਅਰਥੀਆਂ ਉੱਠ ਰਹੀਆਂ ਹਨ। ਹਰ ਪਾਸੇ ਵੈਣ ਪੈ ਰਹੇ ਹਨ। ਹਰ ਸਰਕਾਰ ਨੇ ਵਾਅਦੇ ਨਸ਼ਾ ਖ਼ਤਮ ਕਰਨ ਦੇ ਕੀਤੇ, ਪਰ ਨਸ਼ਿਆਂ ਦੀ ਅਲਾਮਤ ਘਟਣ ਦੀ ਥਾਂ ਅਮਰ ਵੇਲ ਵਾਂਗ ਵਧਦੀ ਜਾ ਰਹੀ ਹੈ। ਸ਼ੇਰੋਂ ਪਿੰਡ ਦੇ ਮੋਹਨਜੀਤ ਨੂੰ ਆਪਣੇ ਹੀ ਘਰ ਉੱਪਰ ਮੁੱਖ ਮੰਤਰੀ ਨੂੰ ਕਾਲੇ ਝੰਡਾ ਲਹਿਰਾ ਕੇ ਨਸ਼ਿਆਂ ਦੇ ਨਾਂ ਰੁਕਣ ਦਾ ਸੁਨੇਹਾ ਦੇਣਾ ਇੰਨਾ ਮਹਿੰਗਾ ਪਿਆ ਕਿ ਪੁਲਸ ਦੇ ਗੰਭੀਰ ਤਸ਼ੱਦਦ ਦਾ ਸ਼ਿਕਾਰ ਹੋਣਾ ਪਿਆ। ਪਿੰਡ ਤੁਰਬੰਜਾਰਾ ਵਿੱਚ ਦਲਿਤ ਮਜ਼ਦੂਰ ਗੁਲਜ਼ਾਰ ਸਿੰਘ ਵੱਲੋਂ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਆਪਣੇ ਪੁੱਤਰ ਦੀ ਵਿਥਿਆ ਵਿੱਤ ਮੰਤਰੀ ਚੀਮਾ ਨੂੰ ਸੁਨਾਉਣੀ ਇਸ ਕਦਰ ਮਹਿੰਗੀ ਪਈ ਕਿ ਖੁਦਕੁਸ਼ੀ ਕਰਕੇ ਮੌਤ ਨੂੰ ਗਲੇ ਲਾਉਣ ਲਈ ਮਜਬੂਰ ਹੋ ਗਿਆ। ਭਗਵੰਤ ਮਾਨ ਸਰਕਾਰ ਇਸ ਸੱਚ ਨੂੰ ਮੰਨਣ ਦੀ ਥਾਂ ਅੰਨ੍ਹੇ ਪੁਲਸ ਜਬਰ ਦਾ ਸਹਾਰਾ ਲੈ ਰਹੀ ਹੈ। ਪਿੰਡਾਂ ਨੂੰ ਪੁਲਿਸ ਛਾਉਣੀਆਂ ਵਿੱਚ ਬਦਲ ਕੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦਾ ਭਰਮ ਪਾਲ ਰਹੀ ਹੈ। ਸੂਬਾਈ ਆਗੂਆਂ ਮੁਖਤਿਆਰ ਪੂਹਲਾ, ਜਸਵੰਤ ਜੀਰਖ ਤੇ ਜਗਜੀਤ ਲਹਿਰਾ ਮੁਹੱਬਤ ਨੇ ਵਿਰੋਧੀ ਪਾਰਟੀਆਂ ਵੱਲੋਂ ਇਸ ਮੌਕੇ ਵਹਾਏ ਜਾ ਰਹੇ ਮਗਰਮੱਛ ਦੇ ਹੰਝੂਆਂ ਉੱਪਰ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਸਿਰਫ਼ ਲੋਕ ਵਿਰੋਧ ਨੂੰ ਆਪਣੇ ਵੋਟ ਡੱਬਿਆਂ ਵਿੱਚ ਢਾਲਣ ਦੀ ਕਵਾਇਦ ਵਿੱਚ ਮਸ਼ਰੂਫ ਹਨ। ਇਨ੍ਹਾਂ ਦਾ ਘੁਣ ਵਾਂਗ ਖਾ ਰਹੀ ਜਵਾਨੀ ਨੂੰ ਬਚਾਉਣ ਨਾਲ ਕੋਈ ਸਰੋਕਾਰ ਨਹੀਂ ਹੈ। ਆਗੂਆਂ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਬੁਨਿਆਦੀ ਮਸਲਿਆਂ ਸਮੇਤ ਨਸ਼ਿਆਂ ਦੀ ਅਲਾਮਤ ਵਿਰੁੱਧ ਸੰਘਰਸ਼ ਕਰਦਿਆਂ ਭਗਵੰਤ ਮਾਨ ਸਰਕਾਰ ਦੇ ਪੰਜਾਬ ਨੂੰ ਪੁਲਸੀਆ ਸਟੇਟ ਬਣਾਉਣ ਦੇ ਖੋਟੇ ਮਨਸੂਬਿਆਂ ਖ਼ਿਲਾਫ਼ ਇੱਕਜੁੱਟ ਆਵਾਜ਼ ਬੁਲੰਦ ਕਰਨ।

# ਕਾਂਗਰਸ ਵੱਲੋਂ ਹਰਪਾਲ ਚੀਮਾ ਖਿਲਾਫ਼ ਰੋਸ ਪ੍ਰਦਰਸ਼ਨ

■ ਐੱਸ ਐੱਸ ਪੀ ਨੂੰ ਮੰਗ ਪੱਤਰ ਦੇ ਕੇਸ ਦਰਜ ਕਰਨ ਦੀ ਕੀਤੀ ਮੰਗ



**ਜਗਰਾਉਂ (ਸੰਜੀਵ ਅਰੋੜਾ)**-ਜਗਰਾਉਂ ਵਿਖੇ ਕਾਂਗਰਸ ਪਾਰਟੀ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਖਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਐੱਫਆਈਆਰ ਦੀ ਦਰਜ ਕਰਨ ਦੀ ਮੰਗ ਕੀਤੀ। ਸਥਾਨਕ ਮੇਨ ਚੌਕ ਵਿਖੇ ਰੱਖੇ ਰੋਸ ਪ੍ਰਦਰਸ਼ਨ 'ਚ ਜ਼ਿਲ੍ਹਾ ਦਿਹਾਤੀ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ, ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸਾਬਕਾ ਵਿਧਾਇਕ ਕੁਲਦੀਪ ਸਿੰਘ ਵੈਦ, ਸੀਨੀਅਰ ਕਾਂਗਰਸੀ ਆਗੂ ਰਾਜੇਸ਼ਇੰਦਰ ਸਿੰਘ ਸਿੱਧੂ, ਬਲਾਕ ਦਿਹਾਤੀ ਪ੍ਰਧਾਨ ਨਵਦੀਪ ਸਿੰਘ ਗਰੇਵਾਲ, ਬਲਾਕ ਸ਼ਹਿਰੀ ਪ੍ਰਧਾਨ ਹਰਪ੍ਰੀਤ ਸਿੰਘ ਧਾਲੀਵਾਲ, ਸਾਬਕਾ ਡਾਇਰੈਕਟਰ ਪ੍ਰਸ਼ੋਤਮ ਲਾਲ ਖਲੀਫਾ ਸਮੇਤ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਿੰਦਰ ਸਿੰਘ ਚਾਹਲ ਨੇ ਕਿਹਾ ਕਿ ਮ੍ਰਿਤਕ ਦਲਿਤ ਗੁਲਜ਼ਾਰ ਸਿੰਘ ਨੂੰ ਖ਼ੁਦਕੁਸ਼ੀ ਲਈ ਮਜਬੂਰ ਕਰਨ ਦੇ ਮਾਮਲੇ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਖਿਲਾਫ਼ ਤੁਰੰਤ ਐੱਫਆਈਆਰ ਦਰਜ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੁਲਸ ਨੇ ਇਸ ਮਾਮਲੇ ਵਿੱਚ ਪੰਜ ਵਿਅਕਤੀਆਂ ਖ਼ਿਲਾਫ਼ ਐੱਫਆਈਆਰ ਦਰਜ ਕੀਤੀ ਹੈ, ਪਰ ਅਸਲੀ ਨਾਂਅ ਹਰਪਾਲ ਚੀਮਾ ਦਾ ਹੋਣ ਦੇ ਬਾਵਜੂਦ ਪੁਲਸ ਉਨ੍ਹਾਂ ਦਾ ਨਾਂਅ ਮਾਮਲੇ ਵਿੱਚ ਸ਼ਾਮਲ ਕਰਨ ਤੋਂ ਗੁਰੇਜ਼ ਕਰ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਗੁਲਜ਼ਾਰ ਸਿੰਘ ਨੇ ਆਪਣੇ ਮਰਨ ਤੋਂ ਪਹਿਲਾਂ ਦਿੱਤੇ ਬਿਆਨ ਵਿੱਚ ਹਰਪਾਲ ਚੀਮਾ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਡਰਾਏ-ਧਮਕਾਏ ਜਾਣ ਤੇ ਜ਼ਲੀਲ ਕੀਤੇ ਜਾਣ ਨੂੰ ਆਪਣੀ ਖ਼ੁਦਕੁਸ਼ੀ ਦਾ ਮੁੱਖ ਕਾਰਨ ਦੱਸਿਆ ਸੀ। ਮੰਗ ਪੱਤਰ ਵਿੱਚ ਕਾਨੂੰਨੀ ਨਿਯਮਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਮਰਨ ਤੋਂ ਪਹਿਲਾਂ ਦਿੱਤਾ ਬਿਆਨ ਠੋਸ ਸਬੂਤ ਮੰਨਿਆ ਜਾਂਦਾ ਹੈ। ਇਸ ਦੇ ਬਾਵਜੂਦ ਪੁਲਸ ਵੱਲੋਂ ਵਿੱਤ ਮੰਤਰੀ ਦਾ ਨਾਂਅ ਐੱਫਆਈਆਰ ਵਿੱਚ ਦਰਜ ਨਾ ਕਰਨਾ ਅਤੇ ਉਨ੍ਹਾਂ ਦੀ ਗ੍ਰਿਫ਼ਤਾਰੀ ਨਾ ਕਰਨਾ ਕਾਨੂੰਨ ਦੀਆਂ ਧੱਜੀਆਂ ਉਡਾਉਣ ਦੇ ਸਮਾਨ ਹੈ। ਇਸ ਮੌਕੇ ਰਵਿੰਦਰ ਕੁਮਾਰ ਸੱਭਰਵਾਲ, ਸਾਬਕਾ ਸਰਪੰਚ ਸਰਬਜੀਤ ਸਿੰਘ, ਨੀਟਾ ਸੱਭਰਵਾਲ, ਸਾਬਕਾ ਕੌਂਸਲਰ ਅਮਨ ਕਪੂਰ ਬੌਬੀ, ਸਾਬਕਾ ਕੌਂਸਲਰ ਵਿਕਰਮ ਜੱਸੀ ਸਮੇਤ ਵੱਡੀ ਗਿਣਤੀ 'ਚ ਕਾਂਗਰਸ ਪਾਰਟੀ ਦੇ ਵਰਕਰ ਹਾਜ਼ਰ ਸਨ।

## ਜੰਮੂ ਬਸਤੀ ਦੇ ਨਾਲੇ ਦੀ ਸਫ਼ਾਈ ਕਰਵਾਉਣ 'ਤੇ ਨਗਰ ਕੌਂਸਲ ਪ੍ਰਧਾਨ ਦਾ ਧੰਨਵਾਦ



**ਜਲਾਲਾਬਾਦ (ਬਲਵਿੰਦਰ ਸਿੰਘ)**-ਜੰਮੂ ਬਸਤੀ ਵਿੱਚ ਲੰਮੇ ਸਮੇਂ ਤੋਂ ਸਫ਼ਾਈ ਸਬੰਧੀ ਬਣੀ ਆ ਰਹੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਨਗਰ ਕੌਂਸਲ ਜਲਾਲਾਬਾਦ ਵੱਲੋਂ ਸ਼ਹਿਰ ਦੇ ਨਿਕਾਸੀ ਨਾਲਿਆਂ ਦੀ ਸਫ਼ਾਈ ਕਰਵਾਈ ਗਈ।ਗਲੀਆਂ ਨਾਲੀਆਂ ਵਿੱਚ ਜਮ੍ਹਾਂ ਕੂੜਾ-ਕਰਕਟ ਤੇ ਗੰਦਗੀ ਦੀ ਸਫ਼ਾਈ ਹੋਣ ਨਾਲ ਇਲਾਕੇ ਦੀ ਸਫ਼ਾਈ ਵਿਵਸਥਾ ਵਿੱਚ ਸੁਧਾਰ ਆਇਆ ਹੈ, ਜਿਸ ਕਾਰਨ ਵਸਨੀਕਾਂ ਨੇ ਵੀ ਰਾਹਤ ਮਹਿਸੂਸ ਕੀਤੀ ਹੈ।ਇਸ ਸਫ਼ਾਈ ਕਾਰਜ ਲਈ ਦਸਮੇਸ਼ ਸੇਵਾ ਸੋਸਾਇਟੀ ਦੇ ਰਿੰਕੂ ਖਾਲਸਾ ਤੇ ਮਨੁੱਖਤਾ ਦੀ ਸੇਵਾ-ਸਰਬੱਤ ਦਾ ਭਲਾ ਸੰਸਥਾ ਦੇ ਡਾ. ਸਤਨਾਮ ਸਿੰਘ ਥਿੰਦ ਨੇ ਨਗਰ ਕੌਂਸਲ ਜਲਾਲਾਬਾਦ ਦੇ ਪ੍ਰਧਾਨ ਅੰਕੁਸ਼ ਮਟਨੇਜਾ ਤੇ ਸਫ਼ਾਈ ਕਾਰਜ ਵਿੱਚ ਲੱਗੇ ਸਮੁੱਚੇ ਸਫ਼ਾਈ ਸੇਵਕਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਇਲਾਕੇ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਵੱਲ ਧਿਆਨ ਦੇ ਕੇ ਨਾਲੇ ਦੀ ਸਫ਼ਾਈ ਕਰਵਾਉਣਾ ਸ਼ਲਾਘਾਯੋਗ ਉਪਰਾਲਾ ਹੈ।ਰਿੰਕੂ ਖਾਲਸਾ ਤੇ ਡਾ. ਸਤਨਾਮ ਸਿੰਘ ਥਿੰਦ ਨੇ ਕਿਹਾ ਕਿ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਨਗਰ ਕੌਂਸਲ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦਾ ਲੋਕਾਂ ਨੂੰ ਸਿੱਧਾ ਲਾਭ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣਾ ਸਿਰਫ਼ ਨਗਰ ਕੌਂਸਲ ਜਾਂ ਸਫ਼ਾਈ ਸੇਵਕਾਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸ਼ਹਿਰ ਦੇ ਹਰੇਕ ਨਾਗਰਿਕ ਦੀ ਵੀ ਬਰਾਬਰ ਦੀ ਜ਼ਿੰਮੇਵਾਰੀ ਹੈ।ਲੋਕਾਂ ਨੂੰ ਆਪਣੇ ਘਰਾਂ ਤੇ ਦੁਕਾਨਾਂ ਦੇ ਆਲੇ-ਦੁਆਲੇ ਸਫ਼ਾਈ ਰੱਖਣ ਦੇ ਨਾਲ-ਨਾਲ ਕੂੜਾ-ਕਰਕਟ ਨਾਲਿਆਂ, ਸੜਕਾਂ ਜਾਂ ਖਾਲੀ ਥਾਵਾਂ 'ਤੇ ਸੁੱਟਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

# ਸੂਫੀ ਸੰਤ ਸਮਾਜ ਵੱਲੋਂ ਮਾਛੀਵਾੜਾ ਸਾਹਿਬ ਵਿਖੇ ਵਿਸ਼ਾਲ ਸਮਾਗਮ

■ ਬਾਬਾ ਸੁਖਦੇਵ ਸਿੰਘ ਈਸਾਪੁਰ ਚੇਅਰਮੈਨ ਨਿਯੁਕਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੂਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਸਰਕਾਰ ਤੇ ਸੂਫੀ ਸੰਤ ਸਮਾਜ ਮਿਸ਼ਨ ਪੰਜਾਬ ਵੱਲੋਂ ਮਾਛੀਵਾੜਾ 'ਚ ਪਹਿਲਾ ਵਿਸ਼ਾਲ ਸੰਤ ਸੂਫੀ ਸੰਤ ਸੰਮੇਲਨ ਸਮਾਗਮ ਕਰਵਾਇਆ ਗਿਆ, ਜਿਸ ਵਿਚ ਪੰਜਾਬ ਭਰ 'ਚੋਂ ਵੱਖ-ਵੱਖ ਡੇਰੇਦਾਰਾਂ ਸੂਫੀ ਸੰਤ ਫਕੀਰਾਂ ਨੇ ਸ਼ਿਰਕਤ ਕੀਤੀ। ਇਸ ਸਬੰਧੀ ਬਾਬਾ ਸੁਖਦੇਵ ਸਿੰਘ ਈਸਾਪੁਰ ਵਾਲਿਆਂ ਨੇ ਦੱਸਿਆ ਕਿ ਸਮਾਗਮ ਦੌਰਾਨ ਸੂਫੀ ਸੰਤ ਸਮਾਜ ਦੀਆਂ ਫ਼ਕੀਰ ਸ਼ਖ਼ਸੀਅਤਾਂ ਪੁੱਜੀਆਂ, ਜਿਸ 'ਚ ਮੁੱਖ ਤੌਰ 'ਤੇ ਸੂਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਚੇਅਰਮੈਨ ਬਾਬਾ ਦੀਪਕ ਸ਼ਾਹ, ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ, ਬਾਬਾ ਪਰਮਜੀਤ ਸਿੰਘ ਦੋਆਬਾ ਜ਼ੋਨ ਜਨਰਲ ਸਕੱਤਰ, ਬਾਬਾ ਪਰਮਿੰਦਰ ਸਿੰਘ ਸਰਹਾਲੀ, ਬਾਬਾ ਸੰਜੀਵ ਸ਼ਾਹ, ਸਾਈ ਕ੍ਰਿਸ਼ਨ ਲਾਲ, ਬਾਬਾ ਅਮਰਜੀਤ ਸਿੰਘ, ਰੀਨਾ ਦੇਵਾ, ਸਰਪ੍ਰਸਤ ਬਾਬਾ ਪਰਵਿੰਦਰ ਸਿੰਘ, ਬਾਬਾ ਨਰਿੰਦਰ ਦਾਸ, ਸਲਮਾਨ ਰਹਿਬਰ, ਬਾਬਾ ਚਾਂਦ ਕਰੀਮ, ਪੱਪੂ ਸਾਈ, ਸ਼ੌਕਤ ਅਲੀ ਸਾਬਰੀ, ਰਾਜੇਸ਼ ਦਾਸ, ਸੰਜੀਵ ਕੁਮਾਰ, ਕ੍ਰਿਸ਼ਨ ਲਾਲ ਬੇਗੋਵਾਲ, ਸੂਫੀ ਸੰਤ ਮਹਿਲਾ ਵਿੰਗ ਪੰਜਾਬ ਤੋਂ ਮਹਿਕ ਰਾਜਪੂਤ, ਹਰਦੀਪ ਸਿੰਘ ਬਾਗ ਵਾਲੇ, ਗੁਰਵੀਰ ਸਿੰਘ ਖੇੜਾ ਆਦਿ ਸ਼ਾਮਲ ਹੋਏ। ਚੇਅਰਮੈਨ ਦੀਪਕ ਸ਼ਾਹ ਨੇ ਪੁੱਜੇ ਸਾਰੇ ਸਾਧੂ, ਸੰਤ, ਫਕੀਰਾਂ ਤੇ ਮਹਿਮਾਨਾਂ ਦਾ ਧੰਨਵਾਦ ਪ੍ਰਗਟ ਕਰਦਿਆਂ ਸੂਫੀ ਸੰਤ ਸਮਾਜ ਦੇ ਗਠਨ ਬਾਰੇ ਦੱਸਿਆ। ਉਨ੍ਹਾਂ ਸੂਫੀ ਸੰਤ ਸਮਾਜ ਭਲਾਈ ਬੋਰਡ ਦਾ ਗਠਨ ਕਰਨ 'ਤੇ ਪੰਜਾਬ ਸਰਕਾਰ ਦਾ ਉਚੇਚੇ ਤੌਰ 'ਤੇ ਧੰਨਵਾਦ ਪ੍ਰਗਟ ਕੀਤਾ। ਚੇਅਰਮੈਨ ਦੀਪਕ ਸ਼ਾਹ ਵੱਲੋਂ ਬਾਬਾ ਸੁਖਦੇਵ ਸਿੰਘ ਈਸਾਪੁਰ ਵਾਲਿਆਂ ਨੂੰ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਤੋਂ ਚੇਅਰਮੈਨ ਐਲਾਨ ਕਰਦਿਆਂ ਨਿਯੁਕਤੀ ਪੱਤਰ ਦਿੱਤਾ ਗਿਆ। ਸਮਾਗਮ ਦੇ ਅਖੀਰ 'ਚ ਬਾਬਾ ਸੁਖਦੇਵ ਸਿੰਘ ਈਸਾਪੁਰ ਵਾਲਿਆਂ ਨੇ ਪੁੱਜੇ ਸਾਧੂ ਸੰਤ ਫਕੀਰਾਂ, ਮੁੱਖ ਮਹਿਮਾਨਾਂ ਤੇ ਸੰਗਤ ਦਾ ਧੰਨਵਾਦ ਕੀਤਾ। ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਗਿਆ।

## ਭਾਰਤੀ ਕਿਸਾਨ ਏਕਤਾ ਸੈਣ ਵੈੱਲਫੇਅਰ ਸਭਾ ਦੀ ਇਕਾਈ ਦਾ ਗਠਨ

**ਕੋਟਕਪੂਰਾ (ਰਛਪਾਲ ਭੁੱਲਰ)**-ਡਾ. ਪ੍ਰਗਟ ਸਿੰਘ ਧੀਰਾ ਪੱਤਰਾ ਸੂਬਾ ਪ੍ਰਧਾਨ ਨੇ ਇੱਕ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਸਭਾ ਦੇ ਮੀਤ ਪ੍ਰਧਾਨ ਨੀਲਾ ਸਿੰਘ, ਜਰਨਲ ਸਕੱਤਰ ਪੰਜਾਬ ਬੂਟਾ ਸਿੰਘ, ਸੁੱਚਾ ਸਿੰਘ ਸਲਾਹਕਾਰ ਸਵਰਨ ਸਿੰਘ ਜ਼ਿਲ੍ਹਾ ਚੇਅਰਮੈਨ ਸੈਣ ਵੈੱਲਫੇਅਰ ਬੋਰਡ ਤੇ ਨਰਿੰਦਰ ਸਿੰਘ ਇਕਾਈ ਪ੍ਰਧਾਨ ਨੇ ਫਿਰੋਜ਼ਪੁਰ ਜ਼ਿਲ੍ਹੇ ਦੀ ਇਕਾਈ ਦਾ ਗਠਨ ਕੀਤਾ, ਜਿਸ ਵਿੱਚ ਭਾਰਤੀ ਕਿਸਾਨ ਸੈਣ ਵੈੱਲਫੇਅਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ, ਮੀਤ ਪ੍ਰਧਾਨ ਬਖਸ਼ੀਸ਼ ਸਿੰਘ, ਸੁਖਵਿੰਦਰ ਸਿੰਘ, ਸਲਾਹਕਾਰ, ਨਿਸ਼ਾਨ ਸਿੰਘ ਸੈਕਟਰੀ ਨੂੰ ਸੁੱਚਾ ਸਿੰਘ ਸੈਦੇ ਕੇ ਰਹਿਲਾ ਦੀ ਪ੍ਰੇਰਨਾ ਸਦਕਾ ਨਿਯੁਕਤ ਕੀਤਾ ਗਿਆ ਅਤੇ ਰਾਜ ਸਿੰਘ ਜੁਆਇੰਟ ਸਕੱਤਰ, ਬਲਜੀਤ ਸਿੰਘ ਪ੍ਰੈੱਸ ਸਕੱਤਰ, ਨੱਥਾ ਸਿੰਘ ਸੀਨੀਅਰ ਮੀਤ ਪ੍ਰਧਾਨ ਤੇ ਸਰਪੰਚ ਨਿਸ਼ਾਨ ਸਿੰਘ ਚੇਅਰਮੈਨ ਸੈਣ ਵੈੱਲਫੇਅਰ ਬੋਰਡ ਹਲਕਾ ਫਿਰੋਜ਼ਪੁਰ ਪੰਜਾਬ ਸਰਕਾਰ ਖਾਈ ਦੀ ਪ੍ਰੇਰਨਾ ਸਦਕਾ ਜ਼ਿਲ੍ਹਾ ਇਕਾਈ ਦੇ ਅਹੁਦੇਦਾਰ ਬਣਾਇਆ ਗਿਆ।ਡਾ. ਪ੍ਰਗਟ ਸਿੰਘ ਧੀਰਾ ਪੱਤਰਾ ਭਾਰਤੀ ਕਿਸਾਨ ਸੈਣ ਵੈੱਲਫੇਅਰ ਦੇ ਪੰਜਾਬ ਪ੍ਰਧਾਨ ਤੇ ਉਨ੍ਹਾਂ ਨਾਲ ਆਈ ਟੀਮ ਨੇ ਨਵੀਂ ਟੀਮ ਨੂੰ ਮੁਬਾਰਕਬਾਦ ਦਿੱਤੀ।ਨਵੀਂ ਟੀਮ ਵੱਲੋਂ ਪੰਜਾਬ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।

## ਲੋਕ ਅਦਾਲਤਾਂ 'ਚ 24420 ਕੇਸਾਂ ਦਾ ਨਿਪਟਾਰਾ, 25.40 ਕਰੋੜ ਦੇ ਅਵਾਰਡ ਪਾਸ



**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ/ਪਰਵਿੰਦਰ ਜੀਤ ਸਿੰਘ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ. ਬਲਜਿੰਦਰ ਕੌਰ ਮਾਨ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਦੁਆਰਾ ਨੈਸ਼ਨਲ ਲੋਕ ਅਦਾਲਤ ਲਈ ਬਠਿੰਡਾ, ਤਲਵੰਡੀ ਤੇ ਫੂਲ ਵਿਖੇ ਦੇ ਨਿਆਇਕ ਅਧਿਕਾਰੀਆਂ ਦੇ ਕੁੱਲ 19 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੀਆਂ ਨੈਸ਼ਨਲ ਲੋਕ ਅਦਾਲਤਾਂ ਵਿੱਚ ਫੌਜਦਾਰੀ, ਚੈੱਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਤੇ ਪਰਿਵਾਰਕ ਝਗੜੇ ਆਦਿ ਤੋਂ ਇਲਾਵਾ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਪ੍ਰੀ-ਲੀਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਜਲ ਸਪਲਾਈ, ਲੇਬਰ ਆਦਿ ਕੇਸ ਵੀ ਲਗਾਏ ਜਾਂਦੇ ਹਨ, ਜਿਸ ਤਹਿਤ ਅੱਜ ਦੀ ਇਸ ਇਸ ਲੋਕ ਅਦਾਲਤ ਵਿੱਚ ਰਾਜ਼ੀਨਾਮਾ ਹੋਣ ਯੋਗ ਕੇਸਾਂ ਦੇ ਨਿਪਟਾਰੇ ਲਈ 26313 ਕੇਸ ਸੁਣਵਾਈ ਲਈ ਰੱਖੇ ਗਏ, ਜਿਨ੍ਹਾਂ ਵਿੱਚੋਂ 24420 ਕੁੱਲ ਕੇਸਾਂ ਦਾ ਨਿਪਟਾਰਾ ਦੋਹਾਂ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਗਿਆ ਅਤੇ 25,40,25,295/- ਰੁਪਏ ਦੀ ਰਕਮ ਦੇ ਅਵਾਰਡ ਪਾਸ ਕੀਤੇ ਗਏ।ਇਸ ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਤੇ ਧਨ ਦੀ ਬਚਤ ਹੋ ਸਕੇ ਅਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ।ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸਾਂ ਵਿੱਚ ਲਗਾਈ ਗਈ ਕੋਰਟ ਫੀਸ ਵੀ ਵਾਪਸ ਕੀਤੀ ਜਾਂਦੀ ਹੈ।

## ਪੀ ਜੀ ਆਈ ਵਿਖੇ ਸਾਲਾਨਾ ਰਾਸ਼ਟਰੀ ਪੋਸ਼ਣ ਕਾਨਫਰੰਸ



**ਸਮਰਾਲਾ (ਸੁਰਜੀਤ ਸਿੰਘ)**-ਪੀ ਜੀ ਆਈ ਐੱਮ ਈ ਆਰ ਚੰਡੀਗੜ੍ਹ ਦੇ ਡਾਇਟੈਟਿਕਸ ਵਿਭਾਗ ਵੱਲੋਂ ਨਿਊਟ੍ਰੀਸ਼ਨ ਸੋਸਾਇਟੀ ਆਫ਼ ਇੰਡੀਆ ਚੰਡੀਗੜ੍ਹ ਚੈਪਟਰ ਦੇ ਸਹਿਯੋਗ ਨਾਲ 8ਵੀਂ ਸਾਲਾਨਾ ਰਾਸ਼ਟਰੀ ਪੋਸ਼ਣ ਕਾਨਫਰੰਸ ਸਕੱਤਰ ਡਾ. ਨੈਂਸੀ ਸਾਹਨੀ ਚੀਫ਼ ਡਾਇਟੀਸ਼ੀਅਨ ਦੀ ਦੇਖ ਰੇਖ ਵਿੱਚ ਕਰਵਾਈ ਗਈ।ਇਸ ਮੌਕੇ ਗੁਰਦਿਆਂ ਦੇ ਮਰੀਜ਼ਾਂ ਸਬੰਧੀ ਡਾ. ਨੈਂਸੀ ਸਾਹਨੀ ਵੱਲੋਂ ਲਿਖੀ ਗਈ ਪੁਸਤਕ ਰਿਲੀਜ਼ ਕੀਤੀ ਗਈ, ਜੋਕਿ ਨਵੀਨਤਮ ਤੇ ਵਿਗਿਆਨਕ ਸਬੂਤਾਂ 'ਤੇ ਅਧਾਰਤ ਖੁਰਾਕ ਮਾਡਲ ਵਜੋਂ ਪੇਸ਼ ਕਰਦੀ ਹੈ।ਪ੍ਰੋ. ਵਿਵੇਕ ਲਾਲ ਡਾਇਰੈਕਟਰ ਪੀਜੀਆਈ ਚੰਡੀਗੜ੍ਹ ਨੇ ਪ੍ਰੋ. ਸੰਜੇ ਜੈਨ ਡੀਨ ਅਕੈਡਮਿਕਸ ਤੇ ਪ੍ਰੋ. ਅਸ਼ੋਕ ਕੁਮਾਰ ਮੈਡੀਕਲ ਸੁਪਰਡੈਂਟ ਅਤੇ ਮੁਖੀ ਹਸਪਤਾਲ ਪ੍ਰਸ਼ਾਸਨ ਵਿਭਾਗ ਦੀ ਮੌਜੂਦਗੀ ਵਿੱਚ ਕਾਨਫਰੰਸ ਦਾ ਉਦਘਾਟਨ ਕੀਤਾ ਤੇ ਪੁਸਤਕ ਵੀ ਰਿਲੀਜ਼ ਕੀਤੀ।ਕਾਨਫਰੰਸ ਦਾ ਮੁੱਖ ਉਦੇਸ਼ ਡਾਇਟੀਸ਼ੀਅਨਾਂ, ਡਾਕਟਰਾਂ ਤੇ ਖੋਜਕਰਤਾਵਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਇਸ ਖੇਤਰ ਵਿੱਚ ਹੋ ਰਹੀਆਂ ਨਵੀਆਂ ਤਰੱਕੀਆਂ ਬਾਰੇ ਵਿਚਾਰ-ਵਟਾਂਦਰਾ ਕਰਨਾ ਸੀ।ਕਾਨਫਰੰਸ ਦੇ ਵਿਗਿਆਨਕ ਸੈਸ਼ਨਾਂ ਵਿੱਚ ਪ੍ਰੀਬਾਇਓਟਿਕਸ ਦੀ ਭੂਮਿਕਾ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਕਾਨਫਰੰਸ ਵਿੱਚ ਦੇਸ਼ ਭਰ ਤੋਂ ਲਗਭਗ 250 ਡਾਇਟੀਸ਼ੀਅਨਾਂ, ਡਾਕਟਰਾਂ ਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

# ਹਲਕਾ ਸਮਾਣਾ ਦੇ ਸਰਪੰਚਾਂ ਨੇ ਹਰਚੰਦ ਸਿੰਘ ਬਰਸਟ ਨਾਲ ਕੀਤੀ ਮੀਟਿੰਗ

■ ਵਿਕਾਸ ਕਾਰਜਾਂ ਨੂੰ ਰੋਕਣ ਤੇ ਧਮਕੀਆਂ ਬਾਰੇ ਦਿੱਤੀ ਜਾਣਕਾਰੀ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਵਿਧਾਨ ਸਭਾ ਹਲਕਾ ਸਮਾਣਾ ਦੇ ਪਟਿਆਲਾ ਬਲਾਕ ਦੇ ਸਰਪੰਚਾਂ ਦੀ ਇੱਕ ਅਹਿਮ ਮੀਟਿੰਗ ਤਰਲੋਚਨ ਸਿੰਘ ਰੱਖੜਾ ਪ੍ਰਧਾਨ ਸਰਪੰਚ ਯੂਨੀਅਨ ਬਲਾਕ ਪਟਿਆਲਾ, ਨਰਿੰਦਰ ਸਿੰਘ ਸਰਪ੍ਰਸਤ ਸਰਪੰਚ ਯੂਨੀਅਨ ਬਲਾਕ ਪਟਿਆਲਾ ਦੀ ਪ੍ਰਧਾਨਗੀ ਹੇਠ ਗਲੋਬਲ ਆਈ.ਟੀ.ਆਈ. ਰੱਖੜਾ ਵਿਖੇ ਹੋਈ।ਮੀਟਿੰਗ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਵਿੱਚ ਪਟਿਆਲਾ ਬਲਾਕ ਦੇ ਕਰੀਬ 60 ਪਿੰਡਾਂ ਦੇ ਸਰਪੰਚਾਂ ਨੇ ਹਾਜ਼ਰੀ ਭਰੀ ਤੇ ਪਿੰਡਾਂ ਦੇ ਵਿਕਾਸ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ।ਪੰਜਾਬ ਸਰਕਾਰ ਪਾਰਦਰਸ਼ੀ ਤੇ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦੇਣ ਦੇ ਨਾਲ-ਨਾਲ ਸੂਬੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਬਰਸਟ ਨੇ ਕਿਹਾ ਕਿ ਸਰਪੰਚ ਪਿੰਡ ਦਾ ਮੋਢੀ ਹੁੰਦਾ ਹੈ ਤੇ ਸਮੁੱਚੇ ਪਿੰਡ ਦੇ ਵਿਕਾਸ ਤੇ ਪਿੰਡ ਵਾਸੀਆਂ ਦੀ ਭਲਾਈ ਦੀ ਜ਼ਿੰਮੇਵਾਰੀ ਵੀ ਉਸੇ ਦੀ ਹੁੰਦੀ ਹੈ।ਉਨ੍ਹਾਂ ਸਾਰਿਆਂ ਨੂੰ ਇੱਕਜੁਟ ਹੋ ਕੇ ਪਿੰਡ ਤੇ ਹਲਕੇ ਦੇ ਵਿਕਾਸ ਲਈ ਜ਼ੋਰਾਂ-ਸ਼ੋਰਾਂ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।

ਇਸ ਦੌਰਾਨ ਸਰਪੰਚਾਂ ਨੇ ਆਪਣੇ ਇਲਾਕਿਆਂ ਦੇ ਵਿਕਾਸ ਕਾਰਜਾਂ ਸਬੰਧੀ ਆ ਰਹੀਆਂ ਮੁਸ਼ਕਲਾਂ ਵੀ ਸ. ਬਰਸਟ ਦੇ ਧਿਆਨ ਵਿੱਚ ਲਿਆਂਦੀਆਂ। ਸਰਪੰਚਾਂ ਨੇ ਦੱਸਿਆ ਕਿ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਇਲਾਕੇ ਦੇ ਇੱਕ ਲੀਡਰ ਵੱਲੋਂ ਉਨ੍ਹਾਂ ਨੂੰ ਡਰਾ-ਧਮਕਾ ਕੇ ਦਬਾਇਆ ਜਾ ਰਿਹਾ ਹੈ, ਪਰਚੇ ਪਾਉਣ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ ਤੇ ਉਨ੍ਹਾਂ ਦੇ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਵੀ ਰੋਕਿਆ ਜਾ ਰਿਹਾ ਹੈ।ਸਰਕਾਰੀ ਅਧਿਕਾਰੀਆਂ ਵੱਲੋਂ ਖੇਤਰ ਦੇ ਵਿਕਾਸ ਲਈ ਕੋਈ ਸਹਿਯੋਗ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਇਸ ਪਰਚਾ ਕਲਚਰ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਰਪੰਚਾਂ ਨੇ ਸ੍ਰ. ਬਰਸਟ ਨੂੰ ਅਪੀਲ ਕੀਤੀ ਕਿ ਉਹ ਇਸ ਮਸਲੇ ਨੂੰ ਜਲਦ ਤੋਂ ਜਲਦ ਹੱਲ ਕਰਵਾਉਣ ਤਾਂ ਜੋ ਉਨ੍ਹਾਂ ਦੇ ਪਿੰਡਾਂ ਦਾ ਵਿਕਾਸ ਹੋ ਸਕੇ।

ਸ. ਹਰਚੰਦ ਸਿੰਘ ਬਰਸਟ ਨੇ ਸਾਰੇ ਸਰਪੰਚਾਂ ਦੇ ਵਿਚਾਰ ਅਤੇ ਸਮੱਸਿਆਵਾਂ ਸੁਣਨ ਤੋਂ ਬਾਅਦ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੇ ਹਨ ਤੇ ਉਨ੍ਹਾਂ ਨੂੰ ਕਿਸੇ ਤੋਂ ਡਰਨ ਦੀ ਜ਼ਰੂਰਤ ਨਹੀਂ ਹੈ।ਉਨ੍ਹਾਂ ਸਾਰਿਆਂ ਨੂੰ ਇੱਕਜੁਟ ਹੋ ਕੇ ਆਪਣੇ-ਆਪਣੇ ਪਿੰਡਾਂ ਸਮੇਤ ਹਲਕੇ ਦੇ ਵਿਕਾਸ ਲਈ ਵੱਧ-ਚੜ੍ਹ ਕੇ ਕੰਮ ਕਰਨ ਦਾ ਸੁਨੇਹਾ ਦਿੱਤਾ।

# ਡਾਂਗੀਆਂ 'ਚ ਵਾਰਿਸ ਪੰਜਾਬ ਦੇ ਇਕੱਠ ਨੇ ਰੈਲੀ ਦਾ ਰੂਪ ਧਾਰਿਆ

■ ਆਉਣ ਵਾਲੇ ਦਿਨਾਂ 'ਚ ਹਲਕੇ ਅੰਦਰ ਕੀਤੇ ਜਾਣਗੇ ਵੱਡੇ ਇਕੱਠ : ਇਆਲੀ



**ਜਗਰਾਉਂ (ਸੰਜੀਵ ਅਰੋੜਾ)**-ਅਕਾਲੀ ਦਲ ਵਾਰਿਸ ਪੰਜਾਬ ਨੂੰ ਪਿੰਡ ਡਾਂਗੀਆਂ ਵਿਖੇ ਵੱਡਾ ਹੁੰਘਾਰਾ ਮਿਲਿਆ ਹੈ, ਜਿੱਥੇ ਪਾਰਟੀ ਦੇ ਸੀਨੀਅਰ ਆਗੂ ਤੇ ਹਲਕਾ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਦੀ ਮੌਜੂਦਗੀ 'ਚ ਟਰੱਕ ਯੂਨੀਅਨ ਜਗਰਾਉਂ ਦੇ ਪ੍ਰਧਾਨ ਬਿੰਦਰ ਸਿੰਘ ਮਨੀਲਾ ਦੀ ਅਗਵਾਈ ਹੇਠ ਪਿੰਡ ਦੇ ਸੈਂਕੜੇ ਲੋਕ ਪਾਰਟੀ ਨਾਲ ਜੁੜੇ। ਲੋਕਾਂ ਦੇ ਭਰਵੇਂ ਇਕੱਠ, ਜਿਸ ਵਿੱਚ ਔਰਤਾਂ ਵੀ ਵੱਡੀ ਗਿਣਤੀ 'ਚ ਮੌਜੂਦ ਸਨ, ਨੇ ਰੈਲੀ ਦਾ ਰੂਪ ਧਾਰ ਲਿਆ, ਜਿਸ ਨੂੰ ਸੰਬੋਧਨ ਕਰਦਿਆਂ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਪੰਜਾਬ ਦੀ 2027 'ਚ ਆਉਣ ਵਾਲੀ ਸਰਕਾਰ ਅਕਾਲੀ ਦਲ ਵਾਰਿਸ ਪੰਜਾਬ ਦੀ ਹੋਵੇਗੀ, ਕਿਉਂਕਿ ਪੰਜਾਬ ਦੇ ਲੋਕ, ਜਿਨ੍ਹਾਂ 'ਚ ਜਿੱਥੇ ਰਵਾਇਤੀ ਪਾਰਟੀਆਂ ਨਾਲ ਜੁੜੇ ਬਜ਼ੁਰਗਾਂ ਵੱਲੋਂ ਵੀ ਹੁਣ ਵਾਰਿਸ ਪੰਜਾਬ ਦੇ ਹੱਕ 'ਚ ਤੁਰਨ ਦਾ ਮਨ ਬਣਾ ਲਿਆ ਹੈ, ਉੱਥੇ ਪੰਜਾਬ ਦੀ ਨੌਜਵਾਨੀ ਤੇ ਮਾਈਆਂ ਭੈਣਾਂ ਤਾਂ ਪਹਿਲਾਂ ਹੀ ਪੰਜਾਬ ਦੀ ਮੌਜੂਦਾ ਦਸ਼ਾ ਪ੍ਰਤੀ ਫਿਕਰਮੰਦ ਹੁੰਦਿਆਂ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹਰ ਵਾਰ ਇਕ ਨਵੀਂ ਉਮੀਦ ਲੈ ਕੇ ਪੰਜਾਬ ਅੰਦਰ ਵੱਖ-ਵੱਖ ਰਾਜਸੀ ਪਾਰਟੀਆਂ ਦੀਆਂ ਸਰਕਾਰਾਂ ਬਣਾਉਂਦੇ ਆ ਰਹੇ ਹਨ, ਪਰ ਇਹ ਪਾਰਟੀਆਂ ਸੱਤਾ 'ਚ ਆਉਂਦਿਆਂ ਹੀ ਲੋਕਾਂ ਨਾਲ ਕੀਤੇ ਵਾਅਦੇ ਭੁੱਲ ਕੇ ਸਿਰਫ ਆਪਣੇ ਹਿੱਤਾਂ ਬਾਰੇ ਸੋਚਦੇ ਹੋਏ ਬਦਨੀਤੀਆਂ 'ਤੇ ਚੱਲਦੇ ਹਨ, ਜਿਸ ਕਾਰਨ ਪੰਜਾਬ ਦੇ ਲੋਕਾਂ ਦਾ ਇਨ੍ਹਾਂ ਦੀਆਂ ਸਰਕਾਰਾਂ ਦੇ ਸ਼ਾਸਨ 'ਚ ਦਮ ਘੁੱਟਦਾ ਹੈ ਅਤੇ ਪੰਜਾਬ ਦਿਨੋਂ-ਦਿਨ ਕਰਜ਼ਈ ਹੋ ਰਿਹਾ ਹੈ। ਲੋਕਾਂ ਨੂੰ ਲੀਡਰਾਂ ਤਾਂਈ ਸਵਾਲ ਕਰਨ ਦੀ ਸਿੱਖਿਆ ਦੇਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਅੰਦਰ ਜੇਕਰ ਕੋਈ ਵਿਅਕਤੀ ਇਨ੍ਹਾਂ ਦੇ ਵਿਧਾਇਕਾਂ, ਮੰਤਰੀਆਂ ਨੂੰ ਖੁੱਲਮ-ਖੁੱਲ੍ਹੇ ਵਿਕ ਰਹੇ ਚਿੱਟੇ ਨਸ਼ੇ ਸਬੰਧੀ ਸਵਾਲ ਕਰਦੇ ਹਨ ਤਾਂ ਉਨ੍ਹਾਂ ਨੂੰ ਕੁੱਟਿਆਂ ਜਾਂਦਾ, ਜਲੀਲ ਕੀਤਾ ਜਾਂਦਾ, ਜਿਸ ਕਰਕੇ ਉਨ੍ਹਾਂ ਨੂੰ ਖੁਦਕਸ਼ੀਆਂ ਕਰਨੀਆਂ ਪੈ ਰਹੀਆਂ ਹਨ। ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ, ਦੀ ਸਰਕਾਰ ਬਣਦਿਆਂ ਹੀ ਅਜਿਹੀਆਂ ਚਿੱਟੇ ਨਸ਼ੇ ਦੀਆਂ ਅਲਾਮਤਾਂ ਨੂੰ ਖਤਮ ਕੀਤਾ ਜਾਵੇਗਾ ਤੇ ਪੰਜਾਬ ਨੂੰ ਖੁਸ਼ਹਾਲ ਬਣਾਉਣ ਲਈ ਦਿਨ-ਰਾਤ ਇੱਕ ਕੀਤਾ ਜਾਵੇਗਾ। ਉਨ੍ਹਾਂ ਨੇ ਪਿੰਡ ਡਾਂਗੀਆਂ ਦੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਜਗਰਾਉਂ ਹਲਕੇ ਦੇ ਪਿੰਡਾਂ 'ਚ ਵੱਡੇ ਇਕੱਠ ਕੀਤੇ ਜਾਣਗੇ। ਜਗਦੀਸ਼ ਸਿੰਘ ਨੀਟਾ ਨੇ ਇਸ ਮੌਕੇ ਪਿੰਡ ਵੱਲੋਂ ਉਨ੍ਹਾਂ ਨੂੰ ਪੂਰਨ ਭਰੋਸਾ ਦਿੱਤਾ ਤੇ ਧੰਨਵਾਦ ਕੀਤਾ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਬਿੰਦਰ ਸਿੰਘ ਮਨੀਲਾ, ਜਗਰਾਜ ਸਿੰਘ ਰਾਜਾ ਮਾਣੂੰਕੇ, ਗੁਰਮੀਤ ਸਿੰਘ, ਕੁਲਦੀਪ ਸਿੰਘ, ਹਰਜਿੰਦਰ ਸਿੰਘ, ਚਮਕੌਰ ਸਿੰਘ, ਮਨਦੀਪ ਸਿੰਘ, ਦੀਦਾਰ ਸਿੰਘ ਤੇ ਪਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਬਿਜਲੀ ਕੱਟਾਂ ਦੇ ਵਿਰੋਧ 'ਚ ਪਾਵਰਕਾਮ ਦੇ ਮੁੱਖ ਦਫ਼ਤਰ ਦਾ ਘਿਰਾਓ ਅੱਜ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਦੇ ਸੀਨੀਅਰ ਨੇਤਾ ਤੇ ਹਲਕਾ ਸਮਾਣਾ ਦੇ ਵਿਧਾਇਕ ਰਾਜਿੰਦਰ ਸਿੰਘ ਤੇ ਹਲਕਾ ਰਾਜਪੁਰਾ ਦੇ ਸਾਬਕਾ ਵਿਧਾਇਕ ਤੇ ਕਾਂਗਰਸ ਚੋਣ ਮੈਨੀਫੈਸਟੋ ਦੇ ਕੋ-ਚੇਅਰਮੈਨ ਹਰਦਿਆਲ ਸਿੰਘ ਕੰਬੋਜ ਨੇ ਕਿਹਾ ਕਿ ਪੰਜਾਬ ਅੰਦਰ ਬਿਜਲੀ ਦੇ 10-12 ਘੰਟੇ ਦੇ ਲੱਗ ਰਹੇ। ਬਿਜਲੀ ਕੱਟਾਂ ਨੇ ਸੂਬੇ ਦੇ ਉਦਯੋਗ ਕਿਸਾਨਾਂ ਤੇ ਆਮ ਜਨ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਦਿੱਤਾ ਹੈ। ਇੱਕ ਪਾਸੇ ਸਰਕਾਰ 24 ਘੰਟੇ ਬਿਜਲੀ ਸਪਲਾਈ ਦੇਣ ਦੇ ਦਾਅਵੇ ਕਰ ਕਰ ਰਹੀ ਹੈ, ਦੂਜੇ ਪਾਸੇ ਬਿਜਲੀ ਦੇ ਲਗਾਏ ਜਾ ਰਹੇ ਕੱਟਾਂ ਨੇ ਪੰਜਾਬ ਦੇ ਉਦਯੋਗ ਨੂੰ ਜਿੱਥੇ ਭਾਰੀ ਢਾਹ ਮਾਰੀ ਹੈ, ਉਥੇ ਕਿਸਾਨਾਂ ਨੂੰ ਰੋਜ਼ਾਨਾ 8 ਘੰਟੇ ਦੀ ਥਾਂ 3-4 ਘੰਟੇ ਬਿਜਲੀ ਮਿਲ ਰਹੀ ਹੈ, ਜਿਸ ਕਾਰਨ ਕਿਸਾਨਾਂ ਦੀਆਂ ਫਸਲਾਂ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਲੱਗ ਰਹੇ ਬਿਜਲੀ ਦੇ ਕੱਟਾਂ ਤੇ ਨਿਰਵਿਘਨ ਸਪਲਾਈ ਨੂੰ ਲੈ ਕੇ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਵੱਲੋਂ ਪਾਵਰਕਾਮ ਦੇ ਮੁੱਖ ਦਫ਼ਤਰ ਦਾ ਘੇਰਾਓ ਕੀਤਾ ਜਾਵੇਗਾ, ਜਿੱਥੇ ਪੰਜਾਬ ਭਰ ਤੋਂ ਹਜ਼ਾਰਾਂ ਦੀ ਗਿਣਤੀ 'ਚ ਕਾਂਗਰਸ ਦੇ ਵਰਕਰ ਤੇ ਆਗੂ ਸ਼ਾਮਲ ਹੋਣਗੇ।

## ਹਾਈ ਕੋਰਟ ਦੇ ਜੱਜ ਅਲਕਾ ਸਰੀਨ ਵੱਲੋਂ ਕੇਂਦਰੀ ਜੇਲ੍ਹ ਦਾ ਨਿਰੀਖਣ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਮਾਣਯੋਗ ਜੱਜ ਜਸਟਿਸ ਅਲਕਾ ਸਰੀਨ ਨੇ ਕੇਂਦਰੀ ਜੇਲ੍ਹ ਪਟਿਆਲਾ ਦਾ ਦੌਰਾ ਕਰਕੇ ਕੈਦੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਨਿਰੀਖਣ ਦੌਰਾਨ ਜਸਟਿਸ ਅਲਕਾ ਸਰੀਨ ਨੇ ਮਹਿਲਾ ਵਾਰਡ, ਕ੍ਰੈਚ-ਕਮ-ਹੁਨਰ ਵਿਕਾਸ ਕੇਂਦਰ, ਜੇਲ੍ਹ ਫੈਕਟਰੀ, ਆਈ.ਟੀ.ਆਈ., ਕਲਾਸ ਰੂਮ, ਜੇਲ੍ਹ ਹਸਪਤਾਲ, ਕਾਨੂੰਨੀ ਸਹਾਇਤਾ ਕਮਰਾ, ਜੇਲ੍ਹ ਨਰਸਰੀ, ਵੀ. ਸੀ. ਰੂਮ, ਸਾਂਝੀ ਰਸੋਈ ਤੇ ਹਾਈ ਸਕਿਓਰਿਟੀ ਜ਼ੋਨ ਦਾ ਦੌਰਾ ਕੀਤਾ ਅਤੇ ਇਥੇ ਪ੍ਰਦਾਨ ਕੀਤੀਆਂ ਜਾ ਰਹੀਆਂ ਸਹੂਲਤਾਂ ਤੇ ਕੰਮਕਾਜ ਬਾਰੇ ਜਾਣਕਾਰੀ ਲਈ।ਉਨ੍ਹਾਂ ਕੈਦੀਆਂ ਨਾਲ ਗੱਲਬਾਤ ਵੀ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ, ਸਿਹਤ ਸੰਭਾਲ ਤੇ ਹੋਰ ਬੁਨਿਆਦੀ ਸਹੂਲਤਾਂ ਬਾਰੇ ਪੁੱਛ-ਗਿੱਛ ਕੀਤੀ।ਜਸਟਿਸ ਸਰੀਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਕੈਦੀਆਂ ਨੂੰ ਉਨ੍ਹਾਂ ਦੇ ਹੱਕ ਅਨੁਸਾਰ ਸਾਰੀਆਂ ਸਹੂਲਤਾਂ ਮਿਲਣ ਤੇ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਦੀ ਪੂਰੀ ਤਰ੍ਹਾਂ ਰਾਖੀ ਕੀਤੀ ਜਾਵੇ।ਉਨ੍ਹਾਂ ਜੇਲ੍ਹ ਵਿੱਚ ਭਲਾਈ ਉਪਾਵਾਂ ਦੀ ਵੀ ਸਮੀਖਿਆ ਕੀਤੀ ਤੇ ਜੇਲ੍ਹ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਨਿਰੀਖਣ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਅਵਤਾਰ ਸਿੰਘ ਤੇ ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਇੰਚਾਰਜ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮਿਸ ਸ਼ਿਲਪੀ ਗੁਪਤਾ ਵੀ ਮੌਜੂਦ ਸਨ।

# ਗਿਆਸਪੁਰਾ ਨੇ 32 ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸੌਂਪੇ ਨਿਯੁਕਤੀ ਪੱਤਰ



ਦੋਰਾਹਾ (ਹਰਮਿੰਦਰ ਸੇਠ)-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਰੋਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰਨ ਦੀ ਵਚਨਬੱਧਤਾ ਤਹਿਤ ਵਿਧਾਨ ਸਭਾ ਹਲਕਾ ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਪਾਇਲ ਵਿਖੇ ਬਲਾਕ ਮਲੌਦ ਦੇ 32 ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ।ਨਵ-ਨਿਯੁਕਤ ਆਂਗਣਵਾੜੀ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਵਿਧਾਇਕ ਨੇ ਕਿਹਾ ਕਿ ਆਂਗਣਵਾੜੀ ਕੇਂਦਰ ਸੂਬੇ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਹਨ।ਇਸ ਮੌਕੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਸਿਰਫ਼ ਰੋਜ਼ਗਾਰ ਦਾ ਮੌਕਾ ਹੀ ਨਹੀਂ, ਸਗੋਂ ਸਮਾਜ ਦੀ ਨਵੀਂ ਪੀੜ੍ਹੀ ਦੀ ਸਿਹਤ, ਪੋਸ਼ਣ ਤੇ ਮੁੱਢਲੇ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਵੀ ਹੈ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਸਰਕਾਰ ਦੀਆਂ ਭਲਾਈ ਸਕੀਮਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਅਹਿਮ ਕੜੀ ਵਜੋਂ ਕੰਮ ਕਰਦੀਆਂ ਹਨ।ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਮੈਰਿਟ ਤੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਨੌਕਰੀਆਂ ਵਿੱਚ ਭਰਤੀ ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਨਿਰਪੱਖ ਬਣਾਉਣ ਨਾਲ ਯੋਗ ਉਮੀਦਵਾਰਾਂ ਨੂੰ ਆਪਣੀ ਕਾਬਲੀਅਤ ਦੇ ਆਧਾਰ 'ਤੇ ਅੱਗੇ ਵਧਣ ਦੇ ਮੌਕੇ ਮਿਲ ਰਹੇ ਹਨ।ਉਨ੍ਹਾਂ ਨਵ-ਨਿਯੁਕਤ ਵਰਕਰਾਂ ਤੇ ਹੈਲਪਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ ਤੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਦਿਵਾਉਣ। ਇਸ ਮੌਕੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੀਆਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਨਿਯੁਕਤੀ ਉਨ੍ਹਾਂ ਲਈ ਰੋਜ਼ਗਾਰ ਦੇ ਨਾਲ-ਨਾਲ ਸਮਾਜ ਦੀ ਸੇਵਾ ਕਰਨ ਦਾ ਮਹੱਤਵਪੂਰਨ ਮੌਕਾ ਹੈ। ਇਸ ਮੌਕੇ ਵਿਭਾਗ ਦੇ ਅਧਿਕਾਰੀ, ਸਥਾਨਕ ਆਗੂ, ਪਾਰਟੀ ਵਰਕਰ ਤੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

# ਸਾਂਸਦ ਸਰਬਜੀਤ ਸਿੰਘ ਖਾਲਸਾ ਵੱਲੋਂ ਲੋਕ ਭਲਾਈ ਯੋਜਨਾਵਾਂ ਦੀ ਸਮੀਖਿਆ



**ਐੱਮ. ਪੀ. ਲੈਂਡ ਤਹਿਤ ਦਿੱਤੀਆਂ ਗ੍ਰਾਂਟਾਂ ਨੂੰ ਜਲਦ ਖਰਚ ਕਰਨ ਦੇ ਦਿੱਤੇ ਨਿਰਦੇਸ਼**

ਮੋਗਾ, (ਇਕਬਾਲ ਸਿੰਘ ਖਹਿਰਾ)-ਜ਼ਿਲ੍ਹਾ ਵਿਕਾਸ ਤਾਲਮੇਲ ਤੇ ਨਿਗਰਾਨ ਕਮੇਟੀ (ਦਿਸ਼ਾ) ਦੀ ਮੀਟਿੰਗ ਲੋਕ ਸਭਾ ਹਲਕਾ ਫਰੀਦਕੋਟ ਦੇ ਸੰਸਦ ਮੈਂਬਰ ਸ੍ਰੀ ਸਰਬਜੀਤ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਉਨ੍ਹਾਂ ਜ਼ਿਲ੍ਹਾ ਮੋਗਾ ਵਿੱਚ ਚਲਾਈਆਂ ਜਾ ਰਹੀਆਂ ਵੱਖ-ਵੱਖ ਵਿਕਾਸਮੁਖੀ ਤੇ ਲੋਕ ਭਲਾਈ ਯੋਜਨਾਵਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ। ਸੰਸਦ ਮੈਂਬਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਰਕਾਰੀ ਯੋਜਨਾਵਾਂ ਦਾ ਲਾਭ ਹਰੇਕ ਯੋਗ ਤੇ ਲੋੜਵੰਦ ਵਿਅਕਤੀ ਤੱਕ ਪਾਰਦਰਸ਼ੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾਵੇ।ਸੰਸਦ ਮੈਂਬਰ ਨੇ ਮੀਟਿੰਗ ਦੌਰਾਨ ਬੱਚਿਆਂ, ਮਹਿਲਾਵਾਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ ਨਾਲ ਸਬੰਧਤ ਸਰਕਾਰੀ ਯੋਜਨਾਵਾਂ ਦੀ ਵੀ ਵਿਸ਼ੇਸ਼ ਤੌਰ 'ਤੇ ਸਮੀਖਿਆ ਕੀਤੀ।ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਗੁਣਵੱਤਾ, ਪਾਰਦਰਸ਼ਤਾ ਤੇ ਸਮੇਂ ਸਿਰ ਮੁਕੰਮਲਤਾ ਨੂੰ ਯਕੀਨੀ ਬਣਾਇਆ ਜਾਵੇ।ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਆਪੋ-ਆਪਣੇ ਵਿਭਾਗ ਨਾਲ ਸਬੰਧਤ ਯੋਜਨਾਵਾਂ ਦੀ ਪ੍ਰਗਤੀ ਬਾਰੇ ਸੰਸਦ ਮੈਂਬਰ ਨੂੰ ਜਾਣੂੰ ਕਰਵਾਇਆ।ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਜਸਪਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕੁਲਪ੍ਰੀਤ ਸਿੰਘ ਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਪ੍ਰਵਾਸੀ ਲੇਖਕ ਨੀਟਾ ਮਾਛੀਕੇ ਦੀ ਕਿਤਾਬ 'ਅਮਰੀਕੀ ਟਰੱਕਨਾਮਾ' ਲੋਕ ਅਰਪਣ



ਜਗਰਾਉਂ, (ਸੰਜੀਵ ਅਰੋੜਾ)-ਮਹਿਫ਼ਿਲ-ਏ-ਅਦੀਬ ਜਗਰਾਉਂ ਦੀ ਮਹੀਨਾਵਾਰ ਇਕੱਤਰਤਾ ਪ੍ਰਧਾਨ ਜਗਦੀਸ਼ ਪਾਲ ਮਹਿਤਾ ਦੀ ਅਗਵਾਈ ਹੇਠ ਜਗਰਾਉਂ ਵਿਖੇ ਹੋਈ, ਜਿਸ ਵਿੱਚ ਮੁੱਖ ਸਲਾਹਕਾਰ ਡਾ. ਬਲਦੇਵ ਸਿੰਘ ਮੱਲ੍ਹਾ, ਪ੍ਰਿੰ. ਸਤਨਾਮ ਸਿੰਘ ਸਰਾਂ, ਜਨਰਲ ਸਕੱਤਰ ਜਸਵਿੰਦਰ ਸਿੰਘ ਛਿੰਦਾ, ਚੰਦਨ ਮੋਹਨ ਸੂਦ, ਪ੍ਰੇਮ ਸਿੰਘ ਲੋਹਟ, ਪ੍ਰਮੋਦ ਚੰਦਰ, ਸ਼ਾਇਰ ਅਜੀਤ ਪਿਆਸਾ, ਕੁਲਦੀਪ ਸਿੰਘ ਚੌਹਾਨ, ਜੱਗੀ ਮਾਛੀਕੇ, ਰਛਪਾਲ ਸਿੰਘ ਚਕਰ, ਚਰਨਜੀਤ ਕੌਰ ਗਰੇਵਾਲ ਤੇ ਗਾਇਕ ਮਨੀ ਹਠੂਰ ਸ਼ਾਮਲ ਹੋਏ। ਮਹਿਫ਼ਿਲ ਦਾ ਅਗਾਜ਼ ਕਰਦਿਆਂ ਜਨਰਲ ਸਕੱਤਰ ਜਸਵਿੰਦਰ ਸਿੰਘ ਛਿੰਦਾ ਨੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਸਮੂਹ ਨੂੰ ਵਧਾਈਆਂ ਦਿੱਤੀਆਂ ਤੇ ਅਦੀਬ ਚਰਨਜੀਤ ਕੌਰ ਗਰੇਵਾਲ ਤੇ ਪ੍ਰਧਾਨ ਜਗਦੀਸ਼ਪਾਲ ਮਹਿਤਾ ਦੀ ਪਤਨੀ ਦੇ ਜਨਮ ਦਿਨ ਦੀਆਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ। ਉਪਰੰਤ ਪ੍ਰਵਾਸੀ ਲੇਖਕ ਗੁਰਿੰਦਰਜੀਤ ਸਿੰਘ ਨੀਟਾ ਮਾਛੀਕੇ ਦੀ ਸਵੈ-ਜੀਵਨੀ 'ਅਮਰੀਕੀ ਟਰੱਕਨਾਮਾ' ਕਿਤਾਬ ਨੂੰ ਸਮੂਹ ਅਦੀਬਾਂ ਨੇ ਲੋਕ ਅਰਪਣ ਕੀਤਾ। ਜਸਵਿੰਦਰ ਸਿੰਘ ਛਿੰਦਾ ਨੇ ਕਿਤਾਬ ਸਬੰਧੀ ਬੋਲਦਿਆਂ ਕਿਹਾ ਕਿ ਉਕਤ ਕਿਤਾਬ ਜਿੱਥੇ ਵਿਦੇਸ਼ਾਂ 'ਚ ਪੰਜਾਬੀ ਡਰਾਇਵਰਾਂ ਦੀ ਜ਼ਿੰਦਗੀ, ਤਜਰਬਿਆਂ, ਘਟਨਾਵਾਂ ਨੂੰ ਬਿਆਨ ਕਰਦੀ ਹੈ, ਉੱਥੇ ਇਹ ਕਿਤਾਬ ਵਿਦੇਸ਼ਾਂ 'ਚ ਵਸਦੇ ਪੰਜਾਬੀਆਂ ਦੇ ਸੁਭਾਅ, ਕੰਮਕਾਰ, ਮਿਹਨਤ, ਉੱਦਮ ਦੀ ਲਸਾਨੀ ਬਾਤ ਵੀ ਪਾਉਂਦੀ ਹੈ। ਉਨ੍ਹਾਂ ਨੇ ਇਸ ਨੂੰ ਪੜ੍ਹਨ ਲਈ ਸਾਰਿਆਂ ਨੂੰ ਸੱਦਾ ਦਿੱਤਾ। ਪ੍ਰਧਾਨ ਜਗਦੀਸ਼ ਪਾਲ ਮਹਿਤਾ ਤੇ ਸਮੂਹ ਅਦੀਬਾਂ ਨੇ ਲੇਖਕ ਨੂੰ ਵਧਾਈਆਂ ਦਿੱਤੀਆਂ। ਰਚਨਾਵਾਂ ਦੇ ਦੌਰ ਦੌਰਾਨ ਗਾਇਨ ਮਨੀ ਹਠੂਰ ਨੇ ਆਪਣੀ ਬੁਲੰਦ ਆਵਾਜ਼ 'ਚ ਗੀਤ 'ਜਦੋਂ ਵਿਛੜੇਂਗੀ ਪਤਾ ਲੱਗਜੂਗਾ' ਗਾ ਕੇ ਰੰਗ ਬੰਨ੍ਹਿਆਂ। ਸ਼ਾਇਰ ਅਜੀਤ ਪਿਆਸਾ ਨੇ ਨਜ਼ਮ 'ਤੁਹਾਨੂੰ ਸਭ ਪਤਾ ਜਾਂ ਫਿਰ ਜਾਣਬੁੱਝ ਕੇ ਬਣੇ ਹੋ ਘੁੱਗੂ' ਰਾਹੀਂ ਸਮੇਂ ਦੇ ਰਾਜਸੀ ਹਾਲਾਤਾਂ ਨੂੰ ਪ੍ਰਗਟ ਕੀਤਾ। ਜਗਜੀਤ ਸਿੰਘ ਚੌਹਾਨ ਨੇ 'ਮਾਂ ਦੀ ਲੋਰੀ, ਪਿਉ ਦੀ ਝਿੜਕ ਮਿਲਣੀ ਨਹੀਂ ਦੁਬਾਰਾ' ਸੁਣਾ ਕੇ ਬਚਪਨ ਯਾਦ ਕਰਵਾਇਆ। ਪ੍ਰਮੋਦ ਚੰਦਰ ਨੇ ਹਾਸਰਸ ਕਵਿਤਾ ਸੁਣਾ ਕੇ ਮਾਹੌਲ ਖੁਸ਼ਗਵਾਰ ਬਣਾ ਦਿੱਤਾ। ਚਰਨਜੀਤ ਕੌਰ ਗਰੇਵਾਲ ਨੇ 'ਅਮਰੀਕੀ ਟਰੱਕਨਾਮਾ' ਦਾ ਮੁੱਖ ਬੰਦ ਪੜ੍ਹ ਕੇ ਸੁਣਾਇਆ। ਇਸ ਤੋਂ ਇਲਾਵਾ ਚੰਦਰ ਮੋਹਨ ਸੂਦ, ਰਛਪਾਲ ਸਿੰਘ ਚਕਰ, ਪ੍ਰੇਮ ਸਿੰਘ ਲੋਹਟ, ਪ੍ਰਿੰ. ਸਤਨਾਮ ਸਿੰਘ ਸਰਾਂ, ਡਾ. ਬਲਦੇਵ ਸਿੰਘ ਮੱਲ੍ਹਾ ਤੇ ਜਸਵਿੰਦਰ ਸਿੰਘ ਛਿੰਦਾ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਜੱਗੀ ਮਾਛੀਕੇ ਨੇ ਸਮੂਹ ਅਦੀਬਾਂ ਦਾ ਲੇਖਕ ਨੀਟਾ ਮਾਛੀਕੇ ਵੱਲੋਂ ਧੰਨਵਾਦ ਕੀਤਾ।

# ਜੋਧਵਾਲ ਦੰਗਲ ਮੇਲੇ 'ਚ ਸਿਕੰਦਰ ਸ਼ੇਖ ਨੇ ਭੁਪਿੰਦਰ ਅਜਨਾਲਾ ਨੂੰ ਕੀਤਾ ਚਿੱਤਾ



ਮਾਛੀਵਾੜਾ ਸਾਹਿਬ, (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਨੇੜਲੇ ਪਿੰਡ ਜੋਧਵਾਲ ਵਿਖੇ ਸਾਲਾਨਾ ਵਿਸ਼ਾਲ ਦੰਗਲ ਮੇਲਾ ਕਰਵਾਇਆ ਗਿਆ, ਜਿਸ ਵਿੱਚ ਬਾਬਾ ਗਿਰਤੀ ਪਹਿਲਵਾਨਾਂ ਨੇ ਭਾਗ ਲਿਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਰਿੰਦਰ ਪਾਲ ਸ਼ਰਮਾ, ਵਿਵੇਕ ਸ਼ਰਮਾ, ਲੱਕੀ ਸੈਣੀ ਨੇ ਦੱਸਿਆ ਕਿ ਦੀਪਾ ਬਾਬਾ ਜੀ ਫਲਾਹੀ ਵਾਲਿਆਂ ਦੀ ਅਗਵਾਈ 'ਚ ਪਿੰਡ ਜੋਧਵਾਲ, ਤੁੜੇਵਾਲ, ਚੱਕ ਸ਼ੰਭੂ, ਮੁਗਲੇਵਾਲ, ਲੁਬਾਣਗੜ੍ਹ, ਗ੍ਰਾਮ ਪੰਚਾਇਤਾਂ, ਪਿੰਡ ਵਾਸੀਆਂ ਤੇ ਐੱਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਦੰਗਲ ਮੇਲਾ ਕਰਵਾਇਆ ਗਿਆ। ਝੰਡੀ ਦੀ ਕੁਸ਼ਤੀ ਦਾ ਮੁਕਾਬਲਾ ਭੁਪਿੰਦਰ ਅਜਨਾਲਾ ਤੇ ਸਿਕੰਦਰ ਸ਼ੇਖ ਵਿਚਕਾਰ ਹੋਇਆ, ਜਿਸ ਵਿੱਚ 20 ਮਿੰਟ ਤੋਂ ਬਾਅਦ ਪੁਆਇੰਟਾਂ ਦੇ ਅਧਾਰ 'ਤੇ ਇਹ ਕੁਸ਼ਤੀ ਸਿਕੰਦਰ ਸ਼ੇਖ ਨੇ ਜਿੱਤੀ। ਜਸਪਾਲ ਸਿੰਘ ਸੈਣੀ ਪਰਿਵਾਰ ਵੱਲੋਂ ਝੰਡੀ ਦੀ ਕੁਸ਼ਤੀ ਦੇ ਜੇਤੂ ਨੂੰ ਬੁਲਿਟ ਮੋਟਰਸਾਈਕਲ ਇਨਾਮ ਵਜੋਂ ਦਿੱਤਾ ਗਿਆ। ਦੂਜੀ ਝੰਡੀ ਦੀ ਕੁਸ਼ਤੀ 'ਚ ਨਿਸ਼ੇਕ ਗੁਲੀਆ ਨੇ ਤਾਲਿਬ ਬਾਬਾ ਫਲਾਹੀ ਨੂੰ ਹਰਾਇਆ। ਤੀਜੀ ਕੁਸ਼ਤੀ 'ਚ ਛੋਟਾ ਸੁਦਾਮ ਹੁਸ਼ਿਆਰਪੁਰ ਨੇ ਜੋਤੀ ਗੁੱਜਰ ਨੂੰ ਚਿੱਤ ਕੀਤਾ, ਜਦਕਿ ਚੌਥੀ ਕੁਸ਼ਤੀ 'ਚ ਲੱਕੀ ਗਰਚਾ ਨੇ ਸ਼ਨੀ ਰਾਮੇਵਾਲ ਨੂੰ ਹਰਾ ਕੇ ਜਿੱਤੀ। ਦੰਗਲ ਮੇਲੇ 'ਚ ਭਾਜਪਾ ਜ਼ਿਲ੍ਹਾ ਇੰਚਾਰਜ ਭੁਪਿੰਦਰ ਸਿੰਘ ਚੀਮਾ, ਉਪ ਪ੍ਰਧਾਨ ਖੰਨਾ ਸੰਜੀਵ ਲੀਹਲ, ਗੁਰਮੀਤ ਸਿੰਘ ਕਾਹਲੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਦਾ ਭਾਜਪਾ ਮੰਡਲ ਪ੍ਰਧਾਨ ਮਾਛੀਵਾੜਾ ਸੁਖਵਿੰਦਰ ਲਾਲ ਸੁੱਖੀ ਸ਼ਰਮਾ ਨੇ ਸਵਾਗਤ ਕੀਤਾ। ਦੰਗਲ ਮੇਲੇ ਨੂੰ ਸਫ਼ਲ ਬਣਾਉਣ 'ਚ ਬਲਵਿੰਦਰ ਸਿੰਘ ਘੁੰਮਣ ਪਰਿਵਾਰ, ਵਿਵੇਕ ਸ਼ਰਮਾ, ਨਰਿੰਦਰਪਾਲ ਸ਼ਰਮਾ, ਸੁਖਵਿੰਦਰ ਸਿੰਘ ਸੁੱਖੀ ਸ਼ਰਮਾ, ਅਮਨਦੀਪ ਸ਼ਰਮਾ ਕੈਨੇਡਾ, ਸ਼ੁਭਮ ਮਨੀਲਾ, ਮੁੱਖ ਸੇਵਾਦਾਰ ਭਗਤ ਪੱਪਲ ਸ਼ਰਮਾ, ਵਿਪਨ ਮਨੀਲਾ, ਲੱਕੀ ਸੈਣੀ, ਯੁਜੇਸ਼ ਸ਼ਰਮਾ, ਸਰਪੰਚ ਹਰਚਰਨਜੀਤ ਸਿੰਘ ਬੱਬੀ ਤੇ ਹੋਰਨਾਂ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਏ ਆਈ ਤੇ ਸਾਈਬਰ ਸੁਰੱਖਿਆ ਭਾਰਤ ਦੇ ਡਿਜੀਟਲ ਭਵਿੱਖ ਨੂੰ ਦੇ ਰਹੇ ਨਵੀਂ ਦਿਸ਼ਾ: ਮਾਹਰ

ਚੰਡੀਗੜ੍ਹ (ਗੁਰਜੀਤ ਬਿੱਲਾ)-ਰਿਆਤ ਬਾਹਰਾ ਯੂਨੀਵਰਸਿਟੀ ਦੇ ਅਲਫ਼ਾ ਸਕੂਲ ਵੱਲੋਂ ਏ ਆਈ, ਸਾਈਬਰ ਸੁਰੱਖਿਆ ਅਤੇ ਭਵਿੱਖੀ ਗਵਰਨੈਂਸ: ਭਾਰਤ ਲਈ ਉੱਭਰਦੀਆਂ ਚੁਣੌਤੀਆਂ ਅਤੇ ਮੌਕੇ ਵਿਸ਼ੇ 'ਤੇ ਮਾਹਿਰਾਂ ਦੀ ਵਿਸ਼ੇਸ਼ ਗੱਲਬਾਤ ਕਰਵਾਈ ਗਈ। ਇਸ ਦੌਰਾਨ ਸਾਈਬਰ ਸੁਰੱਖਿਆ, ਤਕਨਾਲੋਜੀ, ਸਿਵਲ ਸੇਵਾਵਾਂ ਅਤੇ ਸਿੱਖਿਆ ਦੇ ਖੇਤਰ ਨਾਲ ਸਬੰਧਤ ਮਾਹਰਾਂ ਨੇ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਅਤੇ ਵਿਚਾਰ ਸਾਂਝੇ ਕੀਤੇ।ਸ਼ੈਸ਼ਨ ਵਿੱਚ ਸਿਉਰਿਟੀਐਸ ਟੈਕ ਦੇ ਸੰਸਥਾਪਕ ਤੇ ਸੀਈਓ ਪਵਿੰਦਰ ਸਿੰਘ, ਨਾਸਕਾਮ ਦੀ ਡਿਪਟੀ ਡਾਇਰੈਕਟਰ ਪ੍ਰਿਯੰਕਾ ਸ਼ਿਵਟ, ਯੂ ਪੀ ਐੱਸ ਸੀ ਸੀ ਐੱਸ ਈ ਵਿੱਚ ਆਲ ਇੰਡੀਆ ਰੈਂਕ 159 ਹਾਸਲ ਕਰਨ ਵਾਲੇ ਵਿਕਾਸ ਸਿੰਘ ਪੰਵਾਰ ਅਤੇ ਨੈਸਕਾਮ ਆਈਐੱਸ ਦੇ ਚੈੱਫ-ਨਿਊਮਨ ਗਿਰੀਸ਼ ਨੀਰਜ ਸਿੰਘ ਨੇ ਸ਼ਿਰਕਤ ਕੀਤੀ।ਮਾਹਰਾਂ ਨੇ ਵਿਦਿਆਰਥੀਆਂ ਨੂੰ ਉੱਭਰ ਰਹੇ ਸਾਈਬਰ ਸੁਰੱਖਿਆ ਖਤਰਿਆਂ, ਡਿਜੀਟਲ ਸੁਰੱਖਿਆ, ਆਰਟੀਫ਼ੀਸ਼ੀਅਲ ਇੰਟੈਲੀਜੈਂਸ ਆਧਾਰਿਤ ਮੌਕਿਆਂ ਅਤੇ ਤਕਨਾਲੋਜੀ ਖੇਤਰ ਵਿੱਚ ਕਰੀਅਰ ਦੀਆਂ ਨਵੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਭਾਰਤ ਦੇ ਡਿਜੀਟਲ ਭਵਿੱਖ ਨੂੰ ਮਜ਼ਬੂਤ ਬਣਾਉਣ ਵਿੱਚ ਸਾਈਬਰ ਸੁਰੱਖਿਆ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਦੀ ਵੱਧ ਰਹੀ ਮਹੱਤਤਾ 'ਤੇ ਜ਼ੋਰ ਦਿੱਤਾ।ਵਿਕਾਸ ਸਿੰਘ ਪੰਵਾਰ ਨੇ ਯੂਪੀਐਸਸੀ ਦੀ ਤਿਆਰੀ ਸਬੰਧੀ ਆਪਣੇ ਤਜਰਬੇ ਸਾਂਝੇ ਕਰਦਿਆਂ ਰਣਨੀਤਕ ਯੋਜਨਾਬੰਦੀ, ਅਨੁਸ਼ਾਸਿਤ ਤਿਆਰੀ ਅਤੇ ਨਿਰੰਤਰ ਮਿਹਨਤ ਦੀ ਮਹੱਤਤਾ ਉਜਾਗਰ ਕੀਤੀ। ਉਨ੍ਹਾਂ ਦੀ ਗੱਲਬਾਤ ਨਾਲ ਵਿਦਿਆਰਥੀਆਂ ਨੂੰ ਸਿਵਲ ਸੇਵਾਵਾਂ ਵਿੱਚ ਕਰੀਅਰ ਦੇ ਮੌਕਿਆਂ ਬਾਰੇ ਵਧੇਰੇ ਸਪੱਸ਼ਟਤਾ ਮਿਲੀ।ਰਿਆਤ ਬਾਹਰਾ ਯੂਨੀਵਰਸਿਟੀ ਦੇ ਪ੍ਰੋ-ਵਾਈਸ ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ ਨੇ ਮਾਹਰਾਂ ਨੂੰ ਉਨ੍ਹਾਂ ਦੇ ਕੀਮਤੀ ਯੋਗਦਾਨ ਅਤੇ ਵਿਦਿਆਰਥੀਆਂ ਨਾਲ ਗਿਆਨਵਰਧਕ ਵਿਚਾਰ-ਵਟਾਂਦਰੇ ਲਈ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਅਲਫ਼ਾ ਸਕੂਲ ਦੀ ਡਾਇਰੈਕਟਰ ਡਾ. ਪੂਜਾ ਸ਼ਰਮਾ ਨੇ ਉੱਘੇ ਬੁਲਾਰਿਆਂ ਦਾ ਧੰਨਵਾਦ ਕੀਤਾ।

# ਅਣ-ਐਲਾਨੇ ਕੱਟਾਂ ਖਿਲਾਫ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਸੰਘਰਸ਼ ਦੀ ਚੇਤਾਵਨੀ



ਮਾਛੀਵਾੜਾ ਸਾਹਿਬ, (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਪਹਿਲਾਂ ਬਿਜਲੀ ਵਿਭਾਗ ਵੱਲੋਂ ਲਗਾਏ ਜਾ ਰਹੇ ਅਣ-ਐਲਾਨੇ ਕੱਟਾਂ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਕਾਮਰੇਡ ਨਿੱਕਾ ਸਿੰਘ ਖੇੜਾ ਨੇ ਬਿਜਲੀ ਵਿਭਾਗ ਤੇ ਸੂਬਾ ਸਰਕਾਰ ਖ਼ਿਲਾਫ਼ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਤਿੱਖੇ ਅੰਦੋਲਨ ਦਾ ਐਲਾਨ ਕੀਤਾ ਹੈ। ਕਿਸਾਨ ਆਗੂ ਨਿੱਕਾ ਸਿੰਘ ਖੇੜਾ ਨੇ ਆਪਣੇ ਸਾਥੀਆਂ ਸਮੇਤ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਦੌਰੇ ਦੌਰਾਨ ਪਿੰਡ ਲੁਬਾਣਗੜ੍ਹ ਦੇ ਕਿਸਾਨ ਕਰਨੈਲ ਸਿੰਘ ਤੇ ਜੀਤ ਸਿੰਘ ਨੇ ਆਪਣੇ ਖੇਤਾਂ ਵਿਚ ਪਾਣੀ ਦੀ ਘਾਟ ਕਾਰਨ ਸੁੱਕ ਰਹੀ ਝੋਨੇ ਦੀ ਫਸਲ ਦਿਖਾਈ। ਕਿਸਾਨਾਂ ਨੇ ਦੁਖੀ ਮਨ ਨਾਲ ਦੱਸਿਆ ਕਿ ਝੋਨੇ ਦੀ ਫਸਲ ਪੱਕ ਕੇ ਤਿਆਰ ਹੋ ਚੁੱਕੀ ਹੈ ਤੇ ਇਸ ਸਮੇਂ ਫਸਲ ਨੂੰ ਪਾਣੀ ਦੀ ਸਭ ਤੋਂ ਵੱਧ ਲੋੜ ਹੈ, ਪਰ ਪ੍ਰਸ਼ਾਸਨ ਵੱਲੋਂ ਦਿਨ ਵਿੱਚ ਸਿਰਫ਼ 3 ਤੋਂ 4 ਘੰਟੇ ਹੀ ਬਿਜਲੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬਿਜਲੀ ਆਉਣ ਦਾ ਕੋਈ ਸਮਾਂ ਨਿਸ਼ਚਿਤ ਨਾ ਹੋਣ ਕਾਰਨ ਕਿਸਾਨਾਂ ਨੂੰ ਖੇਤਾਂ ਵਿੱਚ ਇੰਤਜ਼ਾਰ ਕਰਨਾ ਪੈਂਦਾ ਹੈ। ਪਾਣੀ ਦੀ ਪੂਰਤੀ ਲਈ ਕਿਸਾਨ ਮਹਿੰਗੇ ਭਾਅ ਦਾ ਡੀਜ਼ਲ ਖਰੀਦ ਕੇ ਜਨਰੇਟਰ ਚਲਾਉਣ ਲਈ ਮਜਬੂਰ ਹਨ, ਜਿਸ ਨਾਲ ਉਨ੍ਹਾਂ ਦਾ ਭਾਰੀ ਆਰਥਿਕ ਨੁਕਸਾਨ ਹੋ ਰਿਹਾ ਹੈ। ਕਾਮਰੇਡ ਖੇੜਾ ਨੇ ਕਿਹਾ ਕਿ ਸਰਕਾਰ ਨੇ ਨਿਰਵਿਘਨ ਬਿਜਲੀ ਸਪਲਾਈ ਦਾ ਵਾਅਦਾ ਕੀਤਾ ਸੀ, ਜੋ ਪੂਰੀ ਤਰ੍ਹਾਂ ਖੋਖਲਾ ਸਾਬਤ ਹੋਇਆ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਤੇ ਬਿਜਲੀ ਵਿਭਾਗ ਨੇ ਤੁਰੰਤ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ, ਤਾਂ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਤਿੱਖਾ ਮੋਰਚਾ ਖੋਲ੍ਹਿਆ ਜਾਵੇਗਾ ਤੇ ਬਿਜਲੀ ਵਿਭਾਗ ਖ਼ਿਲਾਫ਼ ਵੱਡੇ ਪੱਧਰ 'ਤੇ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਚਰਨਜੀਤ ਸਿੰਘ ਲੁਬਾਣਗੜ੍ਹ, ਚਤਰ ਸਿੰਘ, ਅਜੈਬ ਸਿੰਘ, ਚੈਨ ਸਿੰਘ, ਸੁੱਚਾ ਸਿੰਘ, ਕਰਮਜੀਤ ਸਿੰਘ, ਸੰਤਾ ਸਿੰਘ, ਗੋਲਡੀ ਲੱਖੋਵਾਲ ਤੇ ਬਲਕਾਰ ਸਿੰਘ ਸਮੇਤ ਵੱਡੀ ਗਿਣਤੀ 'ਚ ਕਿਸਾਨ ਹਾਜ਼ਰ ਸਨ।

# ਜਪਹਰ ਵੈੱਲਫੇਅਰ ਸੋਸਾਇਟੀ ਦੇ ਸਮਾਜ ਸੇਵੀ ਕਾਰਜਾਂ ਦੀ ਡਾ. ਜਵੰਧਾ ਵੱਲੋਂ ਸ਼ਲਾਘਾ



ਭਵਾਨੀਗੜ੍ਹ, (ਰਾਜ ਖੁਰਮੀ) : ਪੰਜਾਬ ਨਿਫਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ 'ਮਿੰਕੂ' ਜਵੰਧਾ ਨੇ ਸੰਗਰੂਰ ਜ਼ਿਲ੍ਹੇ ਵਿੱਚ ਜ਼ਮੀਨੀ ਪੱਧਰ 'ਤੇ ਲੋਕ ਭਲਾਈ ਲਈ ਸਰਗਰਮੀ ਨਾਲ ਕੰਮ ਕਰ ਰਹੀ ਜਪਹਰ ਵੈੱਲਫੇਅਰ ਸੁਸਾਇਟੀ ਸੰਗਰੂਰ ਦੀਆਂ ਮਹਿਲਾ ਵਰਕਰਾਂ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਸੋਸਾਇਟੀ ਨਾਲ ਜੁੜੀਆਂ ਮਹਿਲਾ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਦਿਆਂ ਸਮਾਜਿਕ ਭਲਾਈ ਦੇ ਇਲਾਕੇ ਦੇ ਵਿਕਾਸ ਸਬੰਧੀ ਵਿਚਾਰ-ਵਟਾਂਦਰਾ ਕੀਤਾ।ਮੁਲਾਕਾਤ ਦੌਰਾਨ ਡਾ. ਜਵੰਧਾ ਨੇ ਮਹਿਲਾ ਵਰਕਰਾਂ ਤੋਂ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਤੇ ਉਨ੍ਹਾਂ ਦੀਆਂ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਸੋਸਾਇਟੀ ਵੱਲੋਂ ਲੋੜਵੰਦ ਪਰਵਾਰਾਂ, ਮਹਿਲਾਵਾਂ, ਵਿਦਿਆਰਥੀਆਂ ਤੇ ਦਿਵਿਆਂਗ ਵਿਅਕਤੀਆਂ ਦੀ ਸਹਾਇਤਾ ਲਈ ਚਲਾਏ ਜਾ ਰਹੇ ਵੱਖ-ਵੱਖ ਪ੍ਰੋਜੈਕਟਾਂ ਦੀ ਵਿਸਥਾਰ ਨਾਲ ਜਾਣਕਾਰੀ ਵੀ ਲਈ।ਡਾ. ਜਵੰਧਾ ਨੇ ਕਿਹਾ ਕਿ ਜਪਹਰ ਵੈੱਲਫੇਅਰ ਸੋਸਾਇਟੀ ਵੱਲੋਂ ਪਿੰਡਾਂ ਵਿੱਚ ਮੁਫ਼ਤ ਸਿਲਾਈ ਸੈਂਟਰ ਚਲਾ ਕੇ ਮਹਿਲਾਵਾਂ ਨੂੰ ਹੁਨਰਮੰਦ ਬਣਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ।ਇਸ ਨਾਲ ਮਹਿਲਾਵਾਂ ਆਪਣੇ ਹੁਨਰ ਰਾਹੀਂ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣ ਸਕਦੀਆਂ ਹਨ ਤੇ ਆਪਣੇ ਪਰਵਾਰ ਦੀ ਆਮਦਨ ਵਿੱਚ ਯੋਗਦਾਨ ਪਾ ਸਕਦੀਆਂ ਹਨ।ਸੋਸਾਇਟੀ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੇ ਹੋਣਹਾਰ ਵਿਦਿਆਰਥੀਆਂ ਦੀ ਪੜ੍ਹਾਈ ਦਾ ਖਰਚਾ ਚੁੱਕਣ ਤੇ ਉਨ੍ਹਾਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨ ਦੇ ਉਪਰਾਲੇ ਦੀ ਵੀ ਡਾ. ਜਵੰਧਾ ਨੇ ਸ਼ਲਾਘਾ ਕੀਤੀ।ਉਨ੍ਹਾਂ ਸਮਾਜ ਦੇ ਸਮਰੱਥ ਲੋਕਾਂ ਨੂੰ ਵੀ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਨਿਸ਼ਕਾਮ ਮਾਨਵ ਸੇਵਾ ਦੇ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਉਣ ਦਾ ਖੁੱਲ੍ਹਾ ਸੱਦਾ ਦਿੱਤਾ।

# ਅਮਰਜੀਤ ਘੱਗਾ ਦੀ ਅਗਵਾਈ 'ਚ ਕਾਂਗਰਸ ਨੂੰ ਹੁਲਾਰਾ

**ਸੂਬੇ ਦੇ ਲੋਕ ਸੱਤਾ ਦੀ ਚਾਬੀ ਕਾਂਗਰਸ ਨੂੰ ਦੇ ਕੇ ਭਾਜਪਾ ਤੋਂ ਆਜ਼ਾਦੀ ਦਾ ਮੁੱਢ ਬੰਨ੍ਹਣਗੇ : ਡਾ ਗਾਂਧੀ**



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) : ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਾਰ ਅਮਰਜੀਤ ਸਿੰਘ ਘੱਗਾ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਹੁਲਾਰਾ ਮਿਲਿਆ, ਜਦੋਂ ਆਮ ਆਦਮੀ ਪਾਰਟੀ ਤੇ ਅਕਾਲੀ ਦਲ ਨੂੰ ਛੱਡ ਕੇ ਬਹੁਤ ਸਾਰੇ ਵਰਕਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਲੋਕ ਸਭਾ ਹਲਕਾ ਪਟਿਆਲਾ ਤੋਂ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਤੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਸਵਾਗਤ ਕੀਤਾ।

ਇਕੱਠ ਨੂੰ ਸੰਬੋਧਨ ਕਰਦਿਆਂ ਪਾਰਲੀਮੈਂਟ ਮੈਂਬਰ ਡਾਕਟਰ ਧਰਮਵੀਰ ਗਾਂਧੀ ਨੇ ਕਿਹਾ ਕਿ ਦੇਸ਼ ਭਰ ਵਿੱਚ ਹਵਾ ਚੱਲ ਰਹੀ ਹੈ ਤੇ ਪਿਛਲੇ 14 ਸਾਲ ਤੋਂ ਦੇਸ਼ ਦੇ ਵਿਕਾਸ ਨੂੰ ਪੁੱਠਾ ਗੇੜਾ ਦਿੱਤਾ ਗਿਆ ਹੈ।ਦੇਸ਼ ਦਾ ਮਾਹੌਲ ਪਿਆਰ ਆਪਸੀ ਭਾਈਚਾਰੇ ਤੋਂ ਬਦਲ ਕੇ ਨਫਰਤ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ। ਮੰਦਿਰ, ਮਸਜਿਦ ਦੀ ਲੜਾਈ ਪਵਾਈ ਜਾ ਰਹੀ ਹੈ।ਦੇਸ਼ ਨੂੰ ਕੁਝ ਪੂੰਜੀਪਤੀ ਟੱਬਰਾਂ ਕੋਲ ਵੇਚਿਆ ਜਾ ਰਿਹਾ ਹੈ, ਬਾਕੀ ਸਾਰਾ ਦੇਸ਼ ਗਰੀਬੀ, ਗੁਰਬਤ, ਮਹਿੰਗਾਈ, ਜਲਾਲਤ ਤੇ ਅਨਪੜ੍ਹਤਾ ਦੀ ਬਿਮਾਰੀ ਵਾਲੀ ਭੱਠੀ ਵਿੱਚ ਝੁਲਸ ਰਿਹਾ ਹੈ।ਕੁਦਰਤੀ ਸਰੋਤਾਂ ਨੂੰ ਅੰਡਾਨੀਆਂ, ਅੰਬਾਨੀਆਂ ਨੂੰ ਲੁੱਟਣ ਦੀ ਖੁੱਲ੍ਹ ਦਿੱਤੀ ਜਾ ਰਹੀ ਹੈ।ਪਿਛਲੇ 12 ਸਾਲਾਂ ਵਿੱਚ 63 ਵੱਡੇ ਪੇਪਰ ਲੀਕ ਹੋਣ ਕਾਰਨ ਲੱਖਾਂ ਨੌਜਵਾਨਾਂ ਦਾ ਭਵਿੱਖ ਤਬਾਹ ਹੋ ਗਿਆ।ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਸੂਬੇ ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਕਾਂਗਰਸ ਨੂੰ ਪੰਜਾਬ ਦੀ ਸੱਤਾ ਦੀ ਚਾਬੀ ਸੌਂਪਣ ਦਾ ਮਨ ਬਣਾਈ ਬੈਠੇ ਹਨ ਤੇ ਅਜਿਹਾ ਕਰਕੇ ਪੰਜਾਬ ਮੁੜ ਤੋਂ ਦੇਸ਼ ਵਿੱਚ ਭਾਜਪਾ ਤੋਂ ਰਾਜਨੀਤਕ ਆਜ਼ਾਦੀ ਦਾ ਮੁੱਢ ਬੰਨ੍ਹਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਲਵਿੰਦਰ ਕੌਰ ਹਰਿਆਊ, ਡਾਕਟਰ ਮਲਕੀਤ ਸਿੰਘ, ਗੁਰਪਿਆਰ ਸਿੰਘ ਦਿਓਗੜ੍ਹ ਤੇ ਦਿਲਬਰ ਖਾਨ ਆਦਿ ਹਾਜ਼ਰ ਸਨ।

# ਏਕਤਾ ਉਗਰਾਹਾਂ ਦਾ ਪੱਕਾ ਮੋਰਚਾ 15ਵੇਂ ਦਿਨ 'ਚ ਦਾਖ਼ਲ



ਲੁਧਿਆਣਾ (ਸਤੀਸ਼ ਸਚਦੇਵਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ 30 ਅਗਸਤ ਤੋਂ ਚੱਲ ਰਿਹਾ ਪੱਕਾ ਮੋਰਚਾ 15ਵੇਂ ਦਿਨ 'ਚ ਦਾਖ਼ਲ ਹੁੰਦਿਆਂ, ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਮਨਜੀਤ ਸਿੰਘ ਬੁਢੇਲ ਨੇ ਕਿਹਾ ਕਿ ਸਰਕਾਰ ਢੀਠ ਹੋ ਕੇ ਟਾਈਮ ਲੰਘਾਂ ਰਹੀ ਹੈ, ਹਰੇਕ ਤਬਕਾ ਸੰਘਰਸ਼ਾਂ ਦੇ ਮੈਦਾਨ ਵਿੱਚ ਹੈ, ਮੰਤਰੀਆਂ ਦੇ ਘੇਰਾਓ ਕੀਤੇ ਜਾ ਰਹੇ ਹਨ, ਭਾਜਪਾ ਆਗੂਆਂ ਦੇ ਘਰ ਅੱਗੇ ਧਰਨੇ ਦਿੱਤੇ ਜਾ ਰਹੇ ਹਨ, ਪੰਜਾਬ ਸੰਘਰਸ਼ਾਂ ਦਾ ਅਖਾੜਾ ਬਣ ਰਿਹਾ ਹੈ ਦੂਸਰੇ ਪਾਸੇ ਸਰਕਾਰ ਵੱਲੋਂ ਝੂਠ ਪ੍ਰਚਾਰ ਰਾਹੀਂ ਆਪਣੇ ਸੋਹਲੇ ਗਾਏ ਜਾ ਰਹੇ ਹਨ, ਪਰ ਬਿਜਲੀ ਦਾ ਸੰਕਟ, ਨਸ਼ਿਆਂ ਦੀ ਭਰਮਾਰ ਜ਼ੋਰਾਂ 'ਤੇ ਹੈ, ਸਵਾਲ ਪੁੱਛਣ 'ਤੇ ਕਟਾਪੇ ਚਾੜ੍ਹੇ ਜਾਂਦੇ ਹਨ, ਸ਼ਾਹੀ ਫ਼ੁਰਮਾਨਾਂ ਰਾਹੀਂ ਜਬਰ ਜ਼ੁਲਮ ਢਾਹਿਆ ਜਾ ਰਿਹਾ ਹੈ, ਕਿਉਂਕਿ ਪੰਜਾਬ ਸਰਕਾਰ ਵੀ ਮੋਦੀ ਸਰਕਾਰ ਵਾਲੇ ਰਾਹ 'ਤੇ ਹੀ ਤੁਰ ਰਹੀ ਹੈ, ਕਾਰਪੋਰੇਟਾਂ ਦੀਆਂ ਨੀਤੀਆਂ ਲਾਗੂ ਕਰਨ ਲਈ ਤੇ ਆਪਣੇ ਹਿੱਤ ਕਾਰਪੋਰੇਟਾਂ ਨੂੰ ਅਰਪਿਤ ਕਰਨ ਲਈ ਕਾਹਲੇ ਹੋਏ ਫਿਰਦੇ ਹਨ।ਆਗੂਆਂ ਕਿਹਾ ਕਿ ਕਿਸਾਨ ਮੰਗਾਂ ਲਈ ਤੇ ਬਿਜਲੀ ਸੰਕਟ ਹੱਲ ਕਰਨ ਲਈ, ਜ਼ਮੀਨਾਂ ਉੱਪਰ ਬੋਲੇ ਜਾ ਰਹੇ ਹਮਲੇ (ਲੈਂਡ ਪੂਲਿੰਗ) ਵਰਗੇ ਬੰਦ ਕਰਵਾਉਣ ਲਈ ਸਰਕਾਰ ਫੌਰੀ ਕਦਮ ਚੁੱਕੇ ਨਹੀਂ ਫਿਰ ਕਿਸਾਨ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।ਅੱਜ ਦੇ ਧਰਨੇ 'ਚ ਜਸਦੀਪ ਸਿੰਘ ਜੱਸੋਵਾਲ, ਭੈਣ ਮਨਜੀਤ ਕੌਰ ਲੁਧਿਆਣਾ, ਤੀਰਥ ਸਿੰਘ ਤਲਵੰਡੀ, ਲਵਲੀ ਮਾਜਰੀ, ਭੁਪਿੰਦਰ ਸਿੰਘ, ਅਜੀਤ ਸਿੰਘ ਸ਼ਾਮਲ ਸਨ।

# ਪ੍ਰਿੰਸੀਪਲ ਬਲਬੀਰ ਸਿੰਘ ਲੇਹਲ ਦਾ ਅਚਾਨਕ ਦੇਹਾਂਤ, ਇਲਾਕੇ 'ਚ ਸੋਗ ਦੀ ਲਹਿਰ



ਧਾਰੀਵਾਲ (ਮਨਦੀਪ ਵਿੱਕੀ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝਾਵਰ ਦੇ ਪ੍ਰਿੰਸੀਪਲ ਬਲਬੀਰ ਸਿੰਘ ਲੇਹਲ (52) ਦਾ ਅਚਾਨਕ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਖ਼ਬਰ ਨਾਲ ਸਿੱਖਿਆ ਜਗਤ ਅਤੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਉਹ (ਬਲਬੀਰ ਸਿੰਘ ਲੇਹਲ) ਬਤੌਰ ਡਿਪਟੀ ਡੀ ਈ ਓ (ਪ੍ਰਾਇਮਰੀ ਸਿੱਖਿਆ) ਗੁਰਦਾਸਪੁਰ ਬਾਖੂਬੀ ਸੇਵਾਂਵਾਂ ਨਿਭਾਉਣ ਮਗਰੋਂ ਪਿਛਲੇ ਕਰੀਬ 5 ਸਾਲਾਂ ਤੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝਾਵਰ ਵਿੱਚ ਬਤੌਰ ਪ੍ਰਿੰਸੀਪਲ ਸੇਵਾਵਾਂ ਨਿਭਾ ਰਹੇ ਸਨ। ਪਿੰਡ ਲੇਹਲ ਦੇ ਮੂਲ ਨਿਵਾਸੀ ਅਤੇ ਹਾਲ ਵਾਸੀ ਬੇਦੀ ਕਲੋਨੀ ਧਾਰੀਵਾਲ ਦੇ ਰਹਿਣ ਵਾਲੇ ਪ੍ਰਿੰਸੀਪਲ ਬਲਬੀਰ ਸਿੰਘ ਲੇਹਲ ਨੂੰ ਅਚਾਨਕ ਦਿਲ ਦਾ ਦੌਰਾ ਪਿਆ, ਜੋ ਜਾਨਲੇਵਾ ਸਾਬਤ ਹੋਇਆ। ਉਹ ਆਪਣੇ ਪਿੱਛੇ ਪਰਵਾਰ ਵਿੱਚ ਪਤਨੀ ਪ੍ਰਭਦੀਪ ਕੌਰ (ਅਧਿਆਪਕਾ ਸਰਕਾਰੀ ਪ੍ਰਾਇਮਰੀ ਸਕੂਲ ਲੇਹਲ), ਬੇਟੀ ਅੰਮ੍ਰਿਤ ਕੌਰ ਤੇ ਬੇਟੇ ਗੁਰਨੂਰ ਸਿੰਘ ਨੂੰ ਛੱਡ ਕੇ ਸਦੀਵੀ ਵਿਛੋੜਾ ਦੇ ਗਏ। ਪਰਵਾਰਕ ਮੈਂਬਰਾਂ ਮੁਤਾਬਕ ਉਨ੍ਹਾਂ ਦੀ ਬੇਟੀ ਅੰਮ੍ਰਿਤ ਕੌਰ ਇਸ ਸਮੇਂ ਵਿਦੇਸ਼ ਵਿੱਚ ਹੈ। ਉਸ ਦੇ ਵਤਨ ਪਰਤਣ ਤੋਂ ਬਾਅਦ ਹੀ ਪ੍ਰਿੰਸੀਪਲ ਬਲਵੀਰ ਸਿੰਘ ਲੇਹਲ ਦੇ ਮ੍ਰਿਤਕ ਸਰੀਰ ਦਾ ਅੰਤਮ ਸਸਕਾਰ ਕੀਤਾ ਜਾਵੇਗਾ।ਉਨ੍ਹਾਂ (ਪ੍ਰਿੰਸੀਪਲ ਬਲਬੀਰ ਸਿੰਘ) ਦੇ ਅਚਾਨਕ ਚਲੇ ਜਾਣ 'ਤੇ ਵੱਖ-ਵੱਖ ਸਕੂਲਾਂ ਦੇ ਸਟਾਫ਼, ਰਾਜਨੀਤਿਕ, ਸਮਾਜਿਕ ਅਤੇ ਸਿੱਖਿਆ ਜਗਤ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਵਿਵੇਕਾਨੰਦ ਵਰਲਡ ਸਕੂਲ ਵਿਖੇ 'ਗ੍ਰੈਂਡਪੇਰੈਂਟਸ ਡੇ' ਮਨਾਇਆ




ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਵਿਵੇਕਾਨੰਦ ਵਰਲਡ ਸਕੂਲ ਫਿਰੋਜ਼ਪੁਰ ਵਿਖੇ 'ਗ੍ਰੈਂਡਪੇਰੈਂਟਸ ਡੇ' ਮਨਾਇਆ ਗਿਆ। ਇਸ ਵਿਸ਼ੇਸ਼ ਸਮਾਗਮ ਦਾ ਮੁੱਖ ਉਦੇਸ਼ ਬੱਚਿਆਂ ਨੂੰ ਉਨ੍ਹਾਂ ਦੇ ਜੀਵਨ ਵਿਚ ਦਾਦਾ-ਦਾਦੀ ਤੇ ਨਾਨਾ-ਨਾਨੀ ਦੇ ਮਹੱਤਵ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਪਰਿਵਾਰਕ ਕਦਰਾਂ-ਕੀਮਤਾਂ, ਸੰਸਕਾਰਾਂ ਤੇ ਆਪਣੀਆਂ ਅਮੀਰ ਪ੍ਰੰਪਰਾਵਾਂ ਨਾਲ ਜੋੜਨਾ ਸੀ। ਇਸ ਸਮਾਰੋਹ ਦੌਰਾਨ ਸਕੂਲ ਦੇ ਚੇਅਰਮੈਨ ਡਾ. ਗੌਰਵ ਸਾਗਰ ਭਾਸਕਰ, ਡਾਇਰੈਕਟਰ ਡਾ. ਐੱਸ ਐੱਨ ਰੁਦਰਾ ਤੇ ਚੀਫ਼ ਐਡਮਿਨਿਸਟਰੇਟਰ ਪਰਮਵੀਰ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਵਿੱਚ ਬਜ਼ੁਰਗਾਂ ਤੇ ਉਨ੍ਹਾਂ ਦੇ ਪੋਤੇ-ਪੋਤੀਆਂ ਨੂੰ ਇੱਕੋ ਮੰਚ 'ਤੇ ਯਾਦਗਾਰੀ ਪਲ ਬਿਤਾਉਣ ਦਾ ਸੁਨਹਿਰੀ ਮੌਕਾ ਮਿਲਿਆ। ਵਿਦਿਆਰਥੀਆਂ ਵੱਲੋਂ ਰੰਗਾਰੰਗ ਨਾਚ, ਸੁਰੀਲੀ ਗਾਇਕੀ, ਕਵਿਤਾਵਾਂ, ਮਨੋਰੰਜਕ ਖੇਡਾਂ ਤੇ ਰੈਂਪ ਵਾਕ ਪੇਸ਼ ਕੀਤੀ ਗਈ, ਜਿਸ ਨੇ ਸਮਾਗਮ ਦੀ ਰੌਣਕ ਨੂੰ ਹੋਰ ਵਧਾ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆਂ ਡਾਇਰੈਕਟਰ ਡਾ. ਐੱਸ ਐੱਨ ਰੁਦਰਾ ਨੇ ਕਿਹਾ ਕਿ ਪਰਿਵਾਰ ਵਿੱਚ ਬਜ਼ੁਰਗਾਂ ਦੀ ਮੌਜੂਦਗੀ ਬਹੁਤ ਜ਼ਰੂਰੀ ਹੈ, ਕਿਉਂਕਿ ਉਹ ਹੀ ਘਰ ਵਿਚ ਮਰਿਆਦਾ, ਅਨੁਸ਼ਾਸਨ ਤੇ ਪ੍ਰੰਪਰਾਵਾਂ ਦੀ ਨੀਂਹ ਰੱਖਦੇ ਹਨ। ਸਕੂਲ ਦੇ ਚੇਅਰਮੈਨ ਡਾ. ਗੌਰਵ ਸਾਗਰ ਭਾਸਕਰ ਨੇ ਆਖਿਆ ਕਿ ਅੱਜ ਦੇ ਬਦਲਦੇ ਯੁੱਗ ਵਿੱਚ ਆਧੁਨਿਕ ਜੀਵਨ ਸ਼ੈਲੀ ਕਾਰਨ ਬੱਚਿਆਂ ਵਿਚ ਪਰਿਵਾਰਕ ਰਿਸ਼ਤਿਆਂ ਦੀ ਸਮਝ ਘੱਟਦੀ ਜਾ ਰਹੀ ਹੈ। ਅਜਿਹੇ ਸਮੇਂ ਵਿੱਚ ਬਜ਼ੁਰਗ ਆਪਣੇ ਜੀਵਨ ਦੇ ਤਜਰਬੇ ਤੇ ਸਿਆਣਪ ਨਾਲ ਦੋ ਪੀੜ੍ਹੀਆਂ ਵਿਚਕਾਰ ਮਜ਼ਬੂਤ ਪੁਲ ਦਾ ਕੰਮ ਕਰਦੇ ਹਨ। ਸਕੂਲ ਪ੍ਰਬੰਧਕਾਂ ਅਨੁਸਾਰ ਇਹ ਸਮਾਗਮ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਹੀ ਨਹੀਂ, ਸਗੋਂ ਸਮਾਜਿਕ, ਭਾਵਨਾਤਮਕ ਤੇ ਨੈਤਿਕ ਪੱਖੋਂ ਮਜ਼ਬੂਤ ਬਣਾਉਣ ਦੀ ਸੋਚ ਦਾ ਹਿੱਸਾ ਹੈ। ਇਹ ਪ੍ਰੋਗਰਾਮ ਸਤਿਕਾਰ, ਪਿਆਰ ਤੇ ਅਣਮੁੱਲੀਆਂ ਯਾਦਾਂ ਨਾਲ ਸਫਲਤਾਪੂਰਵਕ ਸੰਪੰਨ ਹੋਇਆ।

# ਕੌਮੀ ਲੋਕ ਅਦਾਲਤ 'ਚ 11000 ਤੋਂ ਵੱਧ ਕੇਸਾਂ ਦਾ ਨਿਪਟਾਰਾ



ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ) : ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਦਿੱਲੀ ਅਤੇ ਜੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਸਹਿਤ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ. ਏ. ਐੱਸ. ਨਗਰ (ਮੋਹਾਲੀ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਸੰਜੇ ਅਗਨੀਹੋਤਰੀ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸਹਿਤ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਦੀ ਅਗਵਾਈ ਵਿੱਚ ਜ਼ਿਲ੍ਹੇ ਦੀਆਂ ਅਦਾਲਤਾਂ ਵਿੱਚ ਉੱਚ ਪੱਧਰ ਤੇ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਤਹਿਤ ਜ਼ਿਲ੍ਹਾ ਫਰੀਦਕੋਟ ਦੀਆਂ ਅਦਾਲਤਾਂ ਵਿੱਚ 6 ਬੈਂਚ, ਸਥਾਈ ਲੋਕ ਅਦਾਲਤ ਵਿਖੇ 1 ਬੈਂਚ, ਸਬ ਡਵੀਜ਼ਨ ਜੈਤੋ ਵਿਖੇ 1 ਬੈਂਚ ਬਣਾਇਆ ਗਿਆ।ਇਸ ਲੋਕ ਅਦਾਲਤ ਵਿੱਚ 12955 ਕੇਸਾਂ ਵਿੱਚੋਂ 11252 ਕੇਸਾਂ ਦਾ ਨਿਪਟਾਰਾ ਕਰਕੇ 18,29,83,511/- ਰੁਪਏ ਦੇ ਅਵਾਰਡ ਪਾਸ ਕੀਤੇ ਗਏ ਤੇ ਇਸ ਵਿੱਚੋਂ ਪ੍ਰੀ ਲਿਟੀਗੇਸ਼ਨ ਸਟੇਜ਼ ਤੇ 11971 ਕੇਸਾਂ ਵਿੱਚੋਂ 10690 ਕੇਸਾਂ ਦਾ ਨਿਪਟਾਰਾ ਕਰਕੇ 1,45,71,908/-ਰੁਪਏ ਦੇ ਅਵਾਰਡ ਪਾਸ ਕੀਤੇ ਗਏ।ਇਸ ਲੋਕ ਅਦਾਲਤ ਵਿੱਚ ਵੱਖ ਵੱਖ ਤਰ੍ਹਾਂ ਦੇ ਕੇਸਾਂ ਦਾ ਜਿਵੇਂ ਕਿ ਦੀਵਾਨੀ ਕੇਸ, ਰਾਜ਼ੀਨਾਮਾ ਹੋਣ ਯੋਗ ਫੌਜਦਾਰੀ ਕੇਸ, ਚੈੱਕ ਬਾਊਂਸ, ਰਿਕਵਰੀ ਦੇ ਕੇਸ, ਟ੍ਰੈਫਿਕ ਚਲਾਨ ਤੇ ਘਰੇਲੂ ਝਗੜਿਆਂ ਦੇ ਕੇਸ ਅਤੇ ਪ੍ਰੀ ਲਿਟੀਗੇਟਿਵ ਕੇਸਾਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਦੇ ਨਾਲ ਕੀਤਾ ਗਿਆ।

ਇਸ ਮੌਕੇ ਜੱਜ ਸਾਹਿਬ ਨੇ ਸੰਬੋਧਨ ਕਰਦਿਆਂ ਹੋਇਆ ਦੱਸਿਆ ਕਿ ਲੋਕ ਅਦਾਲਤ ਵਿੱਚ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੁੰਦੀ।ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਤੇ ਇਹ ਫੈਸਲੇ ਤਸੱਲੀਬਖ਼ਸ਼ ਹੁੰਦੇ ਹਨ ਅਤੇ ਧਿਰਾਂ ਨੂੰ ਮੁਕਦਮੇ ਬਾਜ਼ੀ ਤੋਂ ਮੁਕਤੀ ਮਿਲਦੀ ਹੈ ਅਤੇ ਹੋਰ ਕਈ ਮਾਨਸਿਕ ਪ੍ਰੇਸ਼ਾਨੀਆਂ ਤੋਂ ਧਿਰਾਂ ਨੂੰ ਮੁਕਤੀ ਮਿਲਦੀ ਹੈ।ਇਸ ਤੋਂ ਇਲਾਵਾ ਜੱਜ ਸਾਹਿਬ ਨੇ ਮਿਡੀਏਸ਼ਨ ਸੈਂਟਰ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਮਿਡੀਏਸ਼ਨ ਸੈਂਟਰ ਵਿਖੇ ਲੋਕ ਆਪਣੇ ਕੇਸਾਂ ਦੇ ਫੈਸਲੇ ਆਪਸੀ ਰਾਜ਼ੀਨਾਮੇ ਨਾਲ ਕਰਵਾ ਸਕਦੇ ਹਨ ਤੇ ਜੋ ਲੋਕ ਅਦਾਲਤ ਵਿੱਚ ਕੇਸ ਕਰਨ ਤੋਂ ਅਸਮਰਥ ਉਹ ਵੀ ਮਿਡੀਏਸ਼ਨ ਸੈਂਟਰ ਵਿੱਚ ਦਰਖਾਸਤ ਦੇ ਕੇ ਅਪਣੇ ਕੇਸ ਦੀ ਸੁਣਵਾਈ ਕਰਵਾ ਸਕਦੇ ਹਨ ਅਤੇ ਆਪਸੀ ਰਾਜ਼ੀਨਾਮੇ ਨਾਲ ਆਪਣੇ ਝਗੜੇ ਨੂੰ ਖਤਮ ਕਰ ਸਕਦੇ ਹਨ।

# ਡਾ. ਹਰਜੋਤ ਕਮਲ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਸਾਹਿਲ ਸ਼ਰਮਾ ਜ਼ਿਲ੍ਹਾ ਯੁਵਾ ਮੋਰਚਾ ਮੋਗਾ ਦੇ ਸਕੱਤਰ ਨਿਯੁਕਤ**

ਮੋਗਾ, (ਇਕਬਾਲ ਸਿੰਘ ਖਹਿਰਾ)-ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਮੋਗਾ ਦਫ਼ਤਰ ਵਿਖੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਦੀ ਅਗਵਾਈ ਹੇਠ ਭਾਜਪਾ ਯੁਵਾ ਮੋਰਚਾ ਮੋਗਾ ਦੀ ਟੀਮ ਦਾ ਗਠਨ ਕਰਦਿਆਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।ਇਹ ਨਿਯੁਕਤੀਆਂ ਜ਼ਿਲ੍ਹਾ ਯੁਵਾ ਮੋਰਚਾ ਪ੍ਰਧਾਨ ਗੁਰਬੀਰ ਸਿੰਘ ਰਟੌਲ ਵੱਲੋਂ ਕੀਤੀਆਂ ਗਈਆਂ।ਇਸ ਮੌਕੇ ਸਾਹਿਲ ਸ਼ਰਮਾ ਨੂੰ ਜ਼ਿਲ੍ਹਾ ਯੁਵਾ ਮੋਰਚਾ ਮੋਗਾ ਦਾ ਸਕੱਤਰ ਨਿਯੁਕਤ ਕੀਤਾ ਗਿਆ ਤੇ ਗੁਰਤੇਜ ਸਿੰਘ ਗਿੱਲ ਨੂੰ ਅਜੀਤਵਾਲ ਸਰਕਲ ਦਾ ਯੁਵਾ ਮੋਰਚਾ ਸਰਕਲ ਪ੍ਰਧਾਨ ਵਜੋਂ ਜ਼ਿੰਮੇਵਾਰੀ ਸੌਂਪੀ ਗਈ। ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਡਾ. ਹਰਜੋਤ ਕਮਲ ਤੇ ਗੁਰਬੀਰ ਸਿੰਘ ਰਟੌਲ ਨੇ ਕਿਹਾ ਕਿ ਭਾਜਪਾ ਯੁਵਾ ਮੋਰਚਾ ਨੌਜਵਾਨਾਂ ਨੂੰ ਪਾਰਟੀ ਦੀ ਵਿਚਾਰਧਾਰਾ ਨਾਲ ਜੋੜਨ ਤੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਿਹਾ ਹੈ।ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣ ਲਈ ਕਿਹਾ।ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਤੇ ਜ਼ਿਲ੍ਹਾ ਯੁਵਾ ਮੋਰਚਾ ਪ੍ਰਧਾਨ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਭਾਜਪਾ ਯੁਵਾ ਮੋਰਚਾ ਦੇ ਹੋਰ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

# ਏ ਜੀ ਆਈ ਇੰਫਰਾ ਲਿਮਟਿਡ ਵੱਲੋਂ ਸਿਖਿਆਰਥੀਆਂ ਲਈ ਸਰਟੀਫਿਕੇਟ ਵੰਡ ਸਮਾਰੋਹ



ਜਲੰਧਰ (ਰਾਜੇਸ਼ ਥਾਪਾ)-ਇਲਾਕੇ ਦੀ ਪ੍ਰਮੁੱਖ ਰੀਅਲ ਅਸਟੇਟ ਅਤੇ ਇੰਫਰਾਸਟ੍ਰਕਚਰ ਕੰਪਨੀਆਂ ਵਿੱਚੋਂ ਇੱਕ ਏ ਜੀ ਆਈ ਇੰਫਰਾ ਲਿਮਿਟਡ ਨੇ ਭਾਰਤ ਸਰਕਾਰ ਅਤੇ ਪ੍ਰਧਾਨ ਮੰਤਰੀ ਵੱਲੋਂ ਹੁਨਰ ਵਿਕਾਸ ਅਤੇ ਕੁਸ਼ਲ ਕਾਮੇ ਤਿਆਰ ਕਰਨ 'ਤੇ ਦਿੱਤੇ ਜਾ ਰਹੇ ਜ਼ੋਰ ਤੋਂ ਪ੍ਰੇਰਨਾ ਲੈ ਕੇ ਨਿਰਮਾਣ ਖੇਤਰ ਵਿੱਚ ਕੰਮ ਕਰਨ ਵਾਲੇ ਲੋਕਾਂ ਨੂੰ ਵਧੀਆ ਸਿਖਲਾਈ ਦੇਣ ਦੀ ਇੱਕ ਮਹੱਤਵਪੂਰਨ ਪਹਿਲ ਕੀਤੀ ਹੈ।

ਇਸੇ ਉਪਰਾਲੇ ਤਹਿਤ ਏ ਜੀ ਆਈ ਫਾਊਂਡੇਸ਼ਨ ਦੇ ਅਧੀਨ ਉਨ੍ਹਾਂ ਸਿਖਿਆਰਥੀਆਂ ਲਈ ਸਰਟੀਫਿਕੇਟ ਵੰਡ ਸਮਾਰੋਹ ਕਰਵਾਇਆ ਗਿਆ, ਜਿਨ੍ਹਾਂ ਨੇ ਮਾਈਵਾਨ ਸ਼ਟਰਿੰਗ ਫਾਰਮਵਰਕ ਦੀ ਵਿਸ਼ੇਸ਼ ਸਿਖਲਾਈ ਸਫਲਤਾਪੂਰਵਕ ਪੂਰੀ ਕੀਤੀ। ਇਹ ਸਿਖਲਾਈ ਕੰਸਟਰਕਸ਼ਨ ਸਕਿੱਲ ਡਿਵੈਲਪਮੈਂਟ ਕੌਂਸਲ ਆਫ਼ ਇੰਡੀਆ ਵੱਲੋਂ ਦਿੱਤੀ ਗਈ।

ਸਮਾਰੋਹ ਦੇ ਮੁੱਖ ਮਹਿਮਾਨ ਡਾ. ਪ੍ਰਦੀਪ ਚੌਧਰੀ, ਸਹਾਇਕ ਲੇਬਰ ਕਮਿਸ਼ਨਰ, ਨੇ ਵੀ ਇਸ ਸਮਾਰੋਹ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ। ਏ ਜੀ ਆਈ ਇੰਫਰਾ ਲਿਮਿਟਡ ਦੇ ਸੁਖਦੇਵ ਸਿੰਘ ਨੇ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।ਸਮਾਰੋਹ ਨੂੰ ਸੰਬੋਧਨ ਕਰਦਿਆਂ ਸੁਖਦੇਵ ਸਿੰਘ ਨੇ ਕਿਹਾ ਕਿ ਨਿਰਮਾਣ ਖੇਤਰ ਵਿੱਚ ਨਵੀਂ ਤਕਨਾਲੋਜੀ ਤੇਜ਼ੀ ਨਾਲ ਆ ਰਹੀ ਹੈ ਅਤੇ ਕੁਸ਼ਲ ਕਾਮਿਆਂ ਦੀ ਲੋੜ ਲਗਾਤਾਰ ਵੱਧ ਰਹੀ ਹੈ। ਉਨ੍ਹਾਂ ਕਿਹਾ ਕਿ ਏ ਜੀ ਆਈ ਇੰਫਰਾ ਲਿਮਿਟਡ ਦਾ ਮੰਨਣਾ ਹੈ ਕਿ ਆਧੁਨਿਕ ਇੰਫਰਾਸਟ੍ਰਕਚਰ ਦੇ ਵਿਕਾਸ ਦੇ ਨਾਲ-ਨਾਲ ਉਨ੍ਹਾਂ ਲੋਕਾਂ ਦਾ ਵਿਕਾਸ ਅਤੇ ਸਸ਼ਕਤੀਕਰਨ ਵੀ ਜ਼ਰੂਰੀ ਹੈ, ਜੋ ਇਸ ਨੂੰ ਬਣਾਉਂਦੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਏ ਜੀ ਆਈ ਇੰਫਰਾ ਲਿਮਿਟਡ ਦਾ ਹੁਨਰ ਵਿਕਾਸ ਪ੍ਰੋਗਰਾਮ ਦੇਸ਼ ਵਿੱਚ ਕੁਸ਼ਲ, ਆਤਮ-ਵਿਸ਼ਵਾਸੀ ਅਤੇ ਰੋਜ਼ਗਾਰ ਦੇ ਯੋਗ ਕਾਮੇ ਤਿਆਰ ਕਰਨ ਦੇ ਵੱਡੇ ਉਦੇਸ਼ ਵਿੱਚ ਇੱਕ ਛੋਟਾ ਜਿਹਾ ਯੋਗਦਾਨ ਹੈ। ਮੁੱਖ ਮਹਿਮਾਨ ਡਾ. ਪ੍ਰਦੀਪ ਚੌਧਰੀ ਨੇ ਆਪਣੇ ਸੰਬੋਧਨ ਵਿੱਚ ਨਿਰਮਾਣ ਖੇਤਰ ਦੇ ਕਾਮਿਆਂ ਲਈ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਸਮਾਰੋਹ ਦਾ ਸੰਚਾਲਨ ਸਰਦਾਰ ਕਮਲਜੀਤ ਸਿੰਘ ਪੰਨੂ, ਜੋ ਇਸ ਪ੍ਰੋਜੈਕਟ ਦੇ ਮੁੱਖ ਅਧਿਕਾਰੀ ਹਨ, ਨੇ ਕੀਤਾ।ਇਸ ਮੌਕੇ ਏ ਜੀ ਆਈ ਇੰਫਰਾ ਲਿਮਿਟਡ ਦੇ ਕਈ ਸੀਨੀਅਰ ਅਧਿਕਾਰੀ, ਵਰਿੰਦਰ ਸਿੰਘ, ਅਭਿਜੀਤ ਸਿੰਘ, ਬੀ ਐੱਸ ਸੰਧਾ ਅਤੇ ਹੋਰ ਸਬੰਧਤ ਸੰਸਥਾਵਾਂ ਦੇ ਨੁਮਾਇੰਦੇ ਹਾਜ਼ਰ ਸਨ।ਸਫਲ ਸਿਖਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ।


# ਕਲਾਸੀਫਾਈਡ ਇਸ਼ਤਿਹਾਰ

## Change of Name

I Ravideep Kaur w/o Bittu, ward No.-08, Khem karan, Tarn Taran, Punjab, 143419 Ravidip have changed my name from Ravidip to Ravideep kaur. All concerned please note.

I Bittu S/o Desa Singh, ward no.8, Khemkaran, Teh Patti, Tarn Taran, Punjab 143419 Bitoo have changed my name from Bitoo to Bittu. All concerned please note.

I, Ekta D/o Vinod Kumar W/o ASHU CHAUHAN R/o 71/3, Tagore Nagar, Basti, Jalandhar, Punjab-144002 changed my name to Manisha Chauhan.

I, Kuldip Kumar S/O Tarsem Lal R/O Vill. Munna, Po. Jasso Mazara, Tehsil. Banga, Distt. SBS Nagar, Punjab Have change my Name from Kuldip Kumar to Kuldeep Kumar. All Please Note.

I, Deep S/O Sh. Naresh Kumar, R/O H. No. 193, St. No 3, Nurpur Colony, Jalandhar, Punjab Have Changed My Name from Deep to Deep Kumar. All concerned may note.

I, Kush Preet D/O Jatinder Singh R/O VPO- Bhumbli Tehsil And Distt-Gurdaspur, Punjab, India. That I Have Changed My Name From Kush Preet To Boparai Kush Preet.

I, Nirmala Devi d/o Piare Lal w/o Kanwaljit Singh r/o H. No.1511/58/1, St No. 09, Harkrishan Nagar, Po. Shimlapuri, Ludhiana have changed my name to Nirmla Devi. All Please Note.

I, Renu Khanna d/o Ajudhia Parkash Khanna w/o Sushil Kumar Kaila r/o Ward No.01, Golden Avenue, Near Thandi Khuhi Mandir, Dasuya, Hoshiarpur, Punjab-144205 have changed my name to Renu Kaila. All Please Note.

I, Shivani Khanna w/o Pawan Khanna r/o H.No.1064, Urban Estate, Phase-2, Jalandhar have changed my surname from Shivani Bhatia to Shivani Khanna, After Marriage. All Please Note.

I Ravi S/o Harish Chander R/o VPO PHOOLPUR Distt Jalandhar have changed my name From Ravi to Ravi Jassal.

I, Naresh Kumar s/o Sohan Lal r/o H.No.2344/7, Railway Road, Adampur Doaba, Distt. Jalandhar, Punjab have changed my name as Naresh Kumar Mehta. All Please Note.

I, Avtar Singh S/O Hardev Singh, R/o Manolian, Hoshiarpur, Punjab-146101, have changed my name and shall hereafter be Known as Avtar Singh Kooner.

I, Sunil Kumar S/o Kamal Sharma R/o # 1119, Near Mandi Ground, Janta Colony, Naya Gaon, SAS Nagar (Mohali), Punjab-160103 have changed my name from Sunil Kumar to Avneet Sharma. All concerned please note.

## Change of Name

I, Shubham Kanojia alias Shubham S/O Rajesh Kumar, R/o H No- 426, Baba Name Dev Colony, Kapurthala, Punjab- 144601, have changed my name and shall hereafter be Known as Shubham Kanojia.

I, Amanjeet Singh S/O Sohan Singh Chatha R/O H.No. 1868, phase 5, SAS Nagar Mohali declare that my academic and some of other documents are recorded with the name of Amanjeet Singh whereas my passport, Aadhar card and Bank account details are recorded by name Amanjeet Singh Chatha. Both names refer to the same person.

I, Jaspreet Singh S/o Ajit Singh R/o Village Shin Bhatti, PO. Ghorewah, Tehsil & District Gurdaspur, Punjab have changed my name from Jaspreet Singh to Given Name Jaspreet & Surname as Singh. Concerned Note.

I Dharmwinder Singh S/O Sukhdev Singh R/O Vill. Bamuwal, Po. Mudowal, District Kapurthala Declare That Have Changed My Name From Dharmwinder Singh To Singh Dharmwinder.

I, Rasampreet Kaur W/o Charnjit Singh R/o Village Malikpur, PO. Govt. Poly Tech. Batala, Tehsil Batala, District Gurdaspur, Punjab-143506 have changed my name from Rasampreet Kaur to Given Name Rasampreet & Surname as Kaur. Concerned Note.

I Gurpreet Singh Sidhu S/o Lakhbir Singh R/o Vill Ali Chak, PO Basti Guzan, Jalandhar-144002, Punjab have changed my name from Gurpreet Singh Sidhu to Gurpreet Singh. All concerned may note.

## ਨਾਂਅ ਦੀ ਬਦਲੀ

ਮੈਂ, ਕੰਵਲਜੀਤ ਮੇਹਮੀ ਪੁੱਤਰ ਹਰਦਿਆਲ, ਵਾਸੀ ਖੁਸਰੋਪੁਰ, ਡਾਕਘਰ ਕੁੱਕਰ ਪਿੰਡ, ਜ਼ਿਲ੍ਹਾ ਜਲੰਧਰ-144024, ਪੰਜਾਬ, ਭਾਰਤ, ਆਪਣੀ ਨਾਬਾਲਗ ਧੀ ਗੌਰੀ (ਉਮਰ 16 ਸਾਲ) ਦਾ ਨਾਮ ਬਦਲ ਦਿੱਤਾ ਹੈ ਅਤੇ ਹੁਣ ਤੋਂ ਉਹ ਗੌਰੀ ਮੇਹਮੀ ਵਜੋਂ ਜਾਣੀ ਜਾਵੇਗੀ।

ਮੈਂ, ਜਸਬੀਰ ਸਿੰਘ ਸਪੁੱਤਰ ਸ. ਜਗੀਰ ਸਿੰਘ ਵਾਸੀ ਪਿੰਡ, ਡਾਕਖਾਨਾ ਅਤੇ ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੇ ਆਪਣਾ ਨਾਂਅ ਜਸਬੀਰ ਸਿੰਘ ਤੋਂ ਬਦਲ ਕੇ ਜਸਕਰਨਬੀਰ ਸਿੰਘ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

## Lost and Found

I Amrita Sekhon w/o Bhupinder Singh R/o H.No. 61/5, Garden colony Jalandhar Affirming that I have lost my sale deed No: PB1423291702611 dated: 23/02/2017 (Khata No. 203/252, Khasra No. 8/21/8-0, 22/1/3-0, Vasika No: 587) On 15.6.2026. I have also registered a DDR Report with regard to lost of same vide G.D No. 016 dated 12/09/26. If Anyone find the same, Kindly Return to me on above mentioned Address.

## ਬੇਦਖਲੀ ਨੋਟਿਸ

ਮੈਂ, ਦਲਬਾਰਾ ਸਿੰਘ ਪੁੱਤਰ ਤੇਜਾ ਸਿੰਘ, ਪਿੰਡ ਮੁਬਾਰਿਕਪੁਰ (ਮਾਲੇਰਕੋਟਲਾ) ਹਾਲ ਅਬਾਦ ਸੰਤ ਕਾਲੋਨੀ, ਕਹੇਰੂ ਰੋਡ, ਧੂਰੀ (ਸੰਗਰੂਰ) ਆਪਣੇ ਲੜਕੇ ਮਨਪ੍ਰੀਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਉਸ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁੱਦ ਜ਼ਿੰਮੇਵਾਰ ਹੋਣਗੇ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਜਗਜੀਤ ਸਿੰਘ ਪੁੱਤਰ ਹਰਦੇਵ ਸਿੰਘ ਅਤੇ ਮਨਜੀਤ ਕੌਰ ਪਤਨੀ ਜਗਜੀਤ ਸਿੰਘ, ਵਾਸੀ ਪਿੰਡ ਸਮੁੰਦਗੜ੍ਹ (ਸੰਗਰੂਰ), ਆਪਣੇ ਪੁੱਤਰ ਹਰਮਨਦੀਪ ਸਿੰਘ (ਜੋ ਦੋ ਸਾਲਾਂ ਤੋਂ ਕੈਨੇਡਾ ਰਹਿੰਦਾ ਹੈ) ਨੂੰ ਨਾ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਉਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਜਾਂ ਸਬੰਧ ਰੱਖਣ ਵਾਲਾ ਵਿਅਕਤੀ ਖ਼ੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ੁੰਮੇਵਾਰੀ ਨਹੀਂ ਹੋਵੇਗੀ।

ਮੈਂ ਸ਼ਿਵ ਸੰਕਰ ਪ੍ਰਸਾਦ ਪੁੱਤਰ ਸ੍ਰੀ ਦਿਆਨੰਦ ਵਾਸੀ ਮਕਾਨ ਨੰਬਰ 306 ਗਲੀ ਨੰਬਰ 01 ਫੌਜੀ ਕਲੋਨੀ ਸ਼ੇਰਪੁਰ ਕਲਾਂ ਲੁਧਿਆਣਾ ਹਾਲ ਵਾਸੀ ਤਾਜਪੁਰ ਰੋਡ ਨੇੜੇ ਮਹਿੰਦੀ ਪੈਲੇਸ ਸਰਪੰਚ ਕਾਲੋਨੀ ਲੁਧਿਆਣਾ ਦਾ ਰਹਿਣ ਵਾਲਾ ਹਾਂ ।ਮੇਰਾ ਲੜਕਾ ਅਭਿਸ਼ੇਕ ਪ੍ਰਸਾਦ ਗੁਪਤਾ ਮੇਰੇ ਕਹਿਣੇ ਤੋਂ ਬਾਹਰ ਹੈ। ਲੋਕਾਂ ਨਾਲ ਲੜਾਈ ਝਗੜੇ ਕਰਦਾ ਹੈ। ਉਹ ਬੁਰੀ ਸੰਗਤ ਦਾ ਸ਼ਿਕਾਰ ਹੋ ਗਿਆ ਹੈ । ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸਬੰਧਤ ਨੋਟ ਕਰਨ।

ਮੈਂ, ਸ਼ਿਵ ਸ਼ੰਕਰ ਝਾਅ ਪੁੱਤਰ ਰੁਧਰਾ ਨੰਦ ਵਾਸੀ ਮਕਾਨ ਨੰ. 2, ਗਲੀ ਨੰ. 1, ਟੋਬਰੀ ਮੁਹੱਲਾ ਟਾਂਡਾ ਰੋਡ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਲਸ਼ਨ ਕੁਮਾਰ ਝਾਅ ਅਤੇ ਉਸਦੀ ਪਤਨੀ ਗੋਲਡੀ ਉਰਫ ਸ਼ਿਵਾਨੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ ਪਿਆਰੇ ਲਾਲ ਪੁੱਤਰ ਸ੍ਰੀ ਕਰਮ ਚੰਦ ਅਤੇ ਰਾਜ ਪਤਨੀ ਪਿਆਰੇ ਲਾਲ ਵਾਸੀਆਨ 99/3, ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਕੇਸ਼ ਕੁਮਾਰ ਅਤੇ ਉਸਦੀ ਪਤਨੀ ਸਿਮਰਨਜੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਚਰਨਜੀਤ ਪੁੱਤਰ ਸ੍ਰੀ ਰਤਨ ਸਿੰਘ ਵਾਸੀ ਪਿੰਡ ਸੰਢਾਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਾਹਿਲ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਅੱਜ ਤੋਂ ਬਾਅਦ ਅਗਰ ਕੋਈ ਵੀ ਮੇਰੇ ਲੜਕੇ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ ਤਾਂ ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਮਾਮਲਾ ਫਗਵਾੜਾ ਦੇ ਪਿੰਡ ਅਕਾਲਗੜ੍ਹ 'ਚ ਕਥਿਤ ਜਾਤੀ ਭੇਦਭਾਵ ਦਾ

## ਬਸਪਾ ਆਗੂਆਂ ਨੇ ਸਰਪੰਚ ਦੇ ਸਪੱਸ਼ਟੀਕਰਨ 'ਤੇ ਮੁੜ ਰੱਖਿਆ ਆਪਣਾ ਪੱਖ

**ਫਗਵਾੜਾ (ਜਸਵਿੰਦਰ ਚੱਡਾ)**- ਪਿੰਡ ਅਕਾਲਗੜ੍ਹ ਵਿੱਚ ਵਾਲਮੀਕੀ ਭਾਈਚਾਰੇ ਨਾਲ ਕਥਿਤ ਤੌਰ 'ਤੇ ਬੁਨਿਆਦੀ ਸਹੂਲਤਾਂ ਨੂੰ ਲੈ ਕੇ ਹੋ ਰਹੇ ਵਿਤਕਰੇ ਦੇ ਮਾਮਲੇ ਵਿੱਚ ਕੀਤਾ ਗਿਆ ਹੈ, ਜਦਕਿ ਦੂਜੇ ਪਾਸੇ ਵਾਲਮੀਕੀ ਭਾਈਚਾਰੇ ਦੇ ਘਰਾਂ ਵਾਲੇ ਹਿੱਸੇ ਵਿੱਚ ਇਹ ਸਹੂਲਤਾਂ ਨਹੀਂ ਹਨ। ਪਰਮਿੰਦਰ ਬੋਧ ਨੇ ਕਿਹਾ ਕਿ ਜੇਕਰ ਕਿਸੇ ਥਾਂ 'ਤੇ ਪਾਣੀ ਪੱਖ ਸਾਫ਼ ਦਿਖਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਦਕਿ ਬਾਕੀ ਵਾਲਮੀਕੀ ਪਰਿਵਾਰਾਂ ਦੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ।



ਬਸਪਾ ਆਗੂਆਂ ਨੇ ਕਿਹਾ ਕਿ ਸਰਪੰਚ ਨੂੰ ਜਿੱਥੇ ਪਾਣੀ ਦੀ ਸਹੂਲਤ ਨਹੀਂ ਹੈ, ਉੱਥੇ ਪਾਣੀ ਦਾ ਪ੍ਰਬੰਧ ਕਰਨਾ ਚਾਹੀਦਾ ਹੈ ਅਤੇ ਜਿੱਥੇ ਸੜਕ ਦੀ ਸਮੱਸਿਆ ਹੈ, ਉੱਥੇ ਸੜਕ ਬਣਾਉਣ ਵਲੋਂ ਕਾਰਵਾਈ ਕਰਨੀ ਚਾਹੀਦੀ ਹੈ।

ਸਰਪੰਚ ਵੱਲੋਂ ਦਿੱਤੇ ਗਏ ਸਪਸ਼ਟੀਕਰਨ ਤੋਂ ਬਾਅਦ ਬਹੁਜਨ ਸਮਾਜ ਪਾਰਟੀ ਫਗਵਾੜਾ ਵੱਲੋਂ ਮੁੜ ਆਪਣਾ ਪੱਖ ਸਾਹਮਣੇ ਰੱਖਿਆ ਗਿਆ ਹੈ। ਬਸਪਾ ਆਗੂ ਪਰਮਿੰਦਰ ਬੋਧ ਅਤੇ ਹੋਰ ਬਸਪਾ ਆਗੂਆਂ ਨੇ ਕਿਹਾ ਕਿ ਜਿਸ ਥਾਂ 'ਤੇ ਵਾਲਮੀਕੀ ਭਾਈਚਾਰੇ ਦੇ ਪਰਿਵਾਰ ਰਹਿੰਦੇ ਹਨ, ਉੱਥੇ ਪਾਣੀ ਅਤੇ ਸੜਕ ਦੀ ਸਮੱਸਿਆ ਅਜੇ ਵੀ ਮੌਜੂਦ ਹੈ। ਉਨ੍ਹਾਂ ਕਿਹਾ ਕਿ ਸੜਕ ਦੇ ਇੱਕ ਪਾਸੇ ਉਹਨਾਂ ਲੋਕਾਂ ਦੇ ਘਰ ਦਿਖਾਈ ਦਿੰਦੇ ਹਨ, ਜਿੱਥੇ ਪੰਚਾਇਤ ਵੱਲੋਂ ਇੰਟਰਲਾਕਿੰਗ ਅਤੇ ਪਾਣੀ ਆਦਿ ਦਾ ਪ੍ਰਬੰਧ ਦੀ ਪਾਈਪਲਾਈਨ ਸੜਕ ਤੱਕ ਪਹੁੰਚੀ ਹੋਈ ਹੈ ਤਾਂ ਅੱਗੇ ਘਰਾਂ ਤੱਕ ਪਾਣੀ ਪਹੁੰਚਾਉਣ ਦਾ ਪ੍ਰਬੰਧ ਕਰਨਾ ਵੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਾਣੀ ਅਤੇ ਸੜਕ ਵਰਗੀਆਂ ਬੁਨਿਆਦੀ ਸਹੂਲਤਾਂ ਕਿਸੇ ਵੀ ਨਾਗਰਿਕ ਦਾ ਹੱਕ ਹਨ ਅਤੇ ਇਨ੍ਹਾਂ ਨੂੰ ਕਿਸੇ ਪਰਿਵਾਰ ਜਾਂ ਭਾਈਚਾਰੇ ਦੀ ਗਿਣਤੀ ਨਾਲ ਨਹੀਂ ਜੋੜਿਆ ਜਾਣਾ ਚਾਹੀਦਾ। ਬਸਪਾ ਆਗੂਆਂ ਨੇ ਦੋਸ਼ ਲਗਾਇਆ ਕਿ ਸਰਪੰਚ ਵੱਲੋਂ ਮੀਡੀਆ ਵਿੱਚ ਸਿਰਫ਼ ਇੱਕ ਪਰਿਵਾਰ ਦੇ ਕੁਝ ਮੈਂਬਰਾਂ ਨੂੰ ਨਾਲ ਖੜ੍ਹਾ ਕਰਕੇ ਆਪਣਾ ਚਾਹੀਦੀ ਹੈ। ਪਰਮਿੰਦਰ ਬੋਧ ਨੇ ਚੇਤਾਵਨੀ ਦਿੱਤੀ ਕਿ ਜੇਕਰ ਵਾਲਮੀਕੀ ਪਰਿਵਾਰਾਂ ਨੂੰ ਪਾਣੀ ਅਤੇ ਸੜਕ ਸਮੇਤ ਬੁਨਿਆਦੀ ਸਹੂਲਤਾਂ ਮੁਹੱਈਆ ਨਾ ਕਰਵਾਈਆਂ ਗਈਆਂ ਤਾਂ ਬਹੁਜਨ ਸਮਾਜ ਪਾਰਟੀ ਬਾਹਰ ਵੱਡੇ ਪੱਧਰ 'ਤੇ ਧਰਨਾ-ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਸੁਰਿੰਦਰ ਸਿੰਘ, ਸੁਖਵਿੰਦਰ ਸਿੰਘ ਸ਼ੇਰਗਿੱਲ, ਹੈਮੀ ਫਗਵਾੜਾ ਅਤੇ ਪਿੰਡ ਦੇ ਪ੍ਰਭਾਵਿਤ ਵਾਲਮੀਕੀ ਪਰਿਵਾਰ ਵੀ ਹਾਜ਼ਰ ਸਨ।

## ਨਾਭ ਕੰਵਲ ਰਾਜਾ ਸਾਹਿਬ ਦੀ ਬਰਸੀ 'ਤੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ

**ਬੰਗਾ (ਅਵਤਾਰ ਕਲੇਰ)**- ਬ੍ਰਹਮ ਗਿਆਨੀ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦੀ 86ਵੀਂ ਬਰਸੀ ਤਪ ਅਸਥਾਨ ਪਿੰਡ ਮਜਾਰਾ ਨੌ ਆਬਾਦ ਵਿਖੇ ਤਿੰਨ ਦਿਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਦੀਵਾਨ ਸਜਾਏ ਗਏ। ਵੱਖ-ਵੱਖ ਰਾਗੀ ਢਾਡੀ ਜੱਥਿਆਂ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ, ਵੱਡੀ ਗਿਣਤੀ 'ਚ ਸੰਗਤਾਂ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਦੇ ਦਰਬਾਰ ਤੇ ਨਤਮਸਤਕ ਹੋਈਆਂ। ਇਸ ਦੌਰਾਨ ਪੰਥ ਦੇ ਪ੍ਰਸਿੱਧ ਢਾਡੀ ਤਰਸੇਮ ਸਿੰਘ ਮੋਰਾਂਵਾਲੀ, ਗੁਰਪ੍ਰੀਤ ਸਿੰਘ ਲਾਂਡਰਾਂ, ਬਾਬਾ ਗੁਲਾਬ ਸਿੰਘ, ਜਗਾਧਰੀ ਵਾਲਿਆਂ ਬੀਬੀਆਂ ਦੇ ਜਥੇ ਨੇ, ਪੰਡਿਤ ਸੋਮਨਾਥ ਰੋਡਿਆਂ ਵਾਲੇ ਗੁਰਦੀਪ ਸਿੰਘ ਉੜਾਪੜ, ਬੀਬੀ ਜਸਵੀਰ ਕੌਰ ਖਾਲਸਾ, ਬੀਬੀ ਪਰਮਜੀਤ ਕੌਰ ਖਾਲਸਾ ਨੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾਇਆ। ਉਨ੍ਹਾਂ ਦੱਸਿਆ ਕਿ ਨਾਭ ਕੰਵਲ ਰਾਜਾ ਸਾਹਿਬ ਦਾ ਪਿੰਡ ਮੁਜਾਰਾ ਨੌਂ ਆਬਾਦ ਵਿਖੇ ਜਿਸ ਅਸਥਾਨ ਕੀਤਾ ਗਿਆ ਸੀ ਜਿੱਥੇ ਇਸ ਸਮੇਂ ਅੰਗੀਠਾ ਸਾਹਿਬ ਬਣਿਆ ਹੋਇਆ ਹੈ। ਰਾਜਾ ਸਾਹਿਬ ਨੇ ਆਪਣੀ ਜ਼ਿੰਦਗੀ ਦੌਰਾਨ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸੰਗਤਾਂ ਨੂੰ ਜੋੜਿਆ ਅਤੇ ਨਾਮ ਸਿਮਰਨ ਕਰਨ ਲਈ ਉਪਦੇਸ਼ ਦਿੱਤਾ ਇਸ ਤਰ੍ਹਾਂ ਉਹਨਾਂ ਅੱਗੇ ਮਹੰਤ ਪੂਰਨ ਦਾਸ ਨੂੰ ਜ਼ਿੰਮੇਵਾਰੀ ਸੌਂਪੀ ਅਤੇ ਗੱਦੀਨਸ਼ਾਨ ਸਾਹਿਬ ਦੀਆਂ ਚਾਬੀਆਂ ਦਿੱਤੀਆਂ। ਉਹਨਾਂ ਵੱਲੋਂ ਪਿੰਡ ਰਹਿਣਾ, ਸੇਵਾਦਾਰਾਂ ਦਾ ਅਤੇ ਸੰਗਤ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ 'ਤੇ ਮਲਵਿੰਦਰ ਸਿੰਘ ਕੰਗ ਮੈਂਬਰ ਪਾਰਲੀਮੈਂਟ ਹਲਕਾ ਸ੍ਰੀ ਅਨੰਦਪੁਰ ਸਾਹਿਬ, ਡਾ. ਸੁਖਵਿੰਦਰ ਸੁੱਖੀ ਵਿਧਾਇਕ ਹਲਕਾ ਬੰਗਾ, ਡਾ. ਨਛੱਤਰ ਪਾਲ ਵਿਧਾਇਕ ਨਵਾਂ ਸ਼ਹਿਰ, ਕੁਲਜੀਤ ਸਿੰਘ ਸਰਹਾਲ ਇੰਚਾਰਜ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ, ਦਿਨੇਸ਼ ਸ਼ਰਮੀ, ਡਾ. ਬਖਸ਼ੀਸ਼ ਸਿੰਘ, ਜਸਵਿੰਦਰ ਸਿੰਘ ਰਾਏ, ਇੰਦਰਜੀਤ ਸਿੰਘ ਸਿਆਣ, ਪ੍ਰਧਾਨ ਕੁਲਵੰਤ ਸਿੰਘ ਹੀਰ ਮੁੱਖ ਪ੍ਰਬੰਧਕ, ਸ਼ਿੰਗਾਰਾ ਸਿੰਘ, ਸਟੇਜ ਸਕੱਤਰ ਸਤਨਾਮ ਸਿੰਘ ਸ਼ੇਰਗਿੱਲ, ਗੁਰਦਿਆਲ ਸਿੰਘ ਐਡਵੋਕੇਟ, ਮੱਦਣ ਸਿੰਘ, ਅਵਤਾਰ ਸਿੰਘ, ਸੁਰਜੀਤ ਸਿੰਘ, ਪਰਮਜੀਤ ਸਿੰਘ ਪੰਮਾ, ਮਾ. ਬਹਿਰਾਮ ਸਿੰਘ, ਅਵਤਾਰ ਸਿੰਘ ਟੋਨੀ, ਸੁਰਜੀਤ ਸਿੰਘ ਪੱਪੂ, ਕਰਨੈਲ ਸਿੰਘ ਹੀਰ, ਜਤਿੰਦਰ ਸਿੰਘ ਬਿੱਟੂ, ਬਲਵਿੰਦਰ ਕੌਰ, ਕੁਲਵੰਤ ਸਿੰਘ ਘੁੰਮਣ, ਪਰਮਜੀਤ ਕੌਰ ਪ੍ਰਧਾਨ ਹਸਪਤਾਲ ਕਮੇਟੀ, ਗੁਰਦੀਪ ਸਿੰਘ ਬੱਬਾ, ਕਮਲਜੀਤ ਸਿੰਘ, ਸ਼ਿੰਗਾਰਾ ਸਿੰਘ, ਸ਼ਿੰਗਾਰਾ ਸਿੰਘ, ਅਮਨਦੀਪ ਸਿੰਘ, ਕਰਨਬੀਰ ਸਿੰਘ, ਅਮਰਜੀਤ ਸਿੰਘ, ਸੋਨਣ ਸਿੰਘ, ਦੀਦਾਰ ਸਿੰਘ ਬਿੱਕਰ ਸਿੰਘ ਆਦਿ ਹਾਜ਼ਰ ਸਨ।



ਸ਼ਿੰਗੜਾ, ਗੋਸਲ, ਸੂੰਜ, ਗੁਣਾਚੌਰ ਗੁਰਦੁਆਰਾ ਸਾਹਿਬ ਬਣਾਏ ਗਏ। ਅੱਜ ਵੀ ਲੱਖਾਂ ਸੰਗਤਾਂ ਨਾਭ ਕੰਵਲ ਰਾਜਾ ਸਾਹਿਬ ਦੇ ਦਰਬਾਰ ਤੇ ਨਤਮਸਤਕ ਹੋਈਆਂ। ਬਰਸੀ ਸਮਾਗਮ ਤੇ ਸੰਗਤਾਂ ਵੱਲੋਂ ਵੱਖ-ਵੱਖ ਥਾਵਾਂ ਤੇ ਲੰਗਰ ਵੀ ਲਗਾਏ ਗਏ। ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।

## ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਦਾ ਨਤੀਜਾ ਰਿਹਾ ਸ਼ਾਨਦਾਰ

**ਜਲੰਧਰ (ਸ਼ੈਲੀ ਐਲਬਰਟ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਬੈਚਲਰ ਆਫ ਫਿਜ਼ੀਓਥੈਰੇਪੀ ਵਿਭਾਗ ਦਾ ਨਤੀਜਾ ਸ਼ਾਨਦਾਰ ਰਿਹਾ। ਬੀ ਪੀ ਟੀ ਭਾਗ ਪਹਿਲਾ ਦੀ ਵਿਦਿਆਰਥਣ ਸੁਖਪ੍ਰੀਤ ਕੌਰ ਨੇ 1100 ਵਿੱਚੋਂ 817 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿੱਚੋਂ ਪਹਿਲਾ ਸਥਾਨ, ਬੀ ਪੀ ਟੀ ਭਾਗ ਦੂਜਾ ਦੀ ਵਿਦਿਆਰਥਣ ਸੁਖਮਾ ਨੇ 800 ਵਿੱਚੋਂ 583 ਅੰਕ ਪ੍ਰਾਪਤ ਕਰਕੇ ਪਹਿਲਾ ਅਤੇ ਅੰਕਿਤਾ ਨੇ 565 ਅੰਕ ਪ੍ਰਾਪਤ ਕਰਕੇ ਪੰਜਵਾਂ ਸਥਾਨ, ਬੀ ਪੀ. ਟੀ ਭਾਗ ਤੀਜਾ ਦੀ ਵਿਦਿਆਰਥਣ ਕਾਜਲ ਨੇ 1100 ਵਿੱਚੋਂ 806 ਅੰਕ ਪ੍ਰਾਪਤ ਕਰਕੇ ਪੰਜਵਾਂ ਸਥਾਨ ਅਤੇ ਇਸੇ ਤਰ੍ਹਾਂ ਬੀ ਪੀ ਟੀ ਭਾਗ ਚੌਥਾ ਦੀ ਵਿਦਿਆਰਥਣ ਆਸ਼ਿਮਾ ਨੇ 1150 ਵਿੱਚੋਂ 836 ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਸੰਧੂ ਨੇ ਵਿਭਾਗ ਤੌਰ ਤੇ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਡਾ. ਜਸਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਡਾ. ਰਾਜੂ ਸ਼ਰਮਾ ਮੁਖੀ ਫਿਜ਼ੀਓਥੈਰੇਪੀ ਵਿਭਾਗ, ਡਾ. ਜਸਕੇਤ ਕੌਰ, ਡਾ. ਵਿਸ਼ਾਲੀ ਮਹਿੰਦਰੂ, ਡਾ. ਅੰਜਲੀ ਓਆ ਅਤੇ ਡਾ. ਹਿਮਾਨੀ ਵੀ ਹਾਜ਼ਰ ਸਨ।



### ਡਾ. ਗਗਨਦੀਪ ਸਿੰਘ ਨੇ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੀ ਸਰਜਰੀ ਕਰਵਾਈ

**ਅੰਮ੍ਰਿਤਸਰ, (ਅਰੋੜਾ)**- ਰੋਟਰੀ ਕਲੱਬ ਆਸਥਾ ਦੇ ਪ੍ਰਧਾਨ ਇੰਜੀ. ਅਸ਼ੋਕ ਸ਼ਰਮਾ, ਸਕੱਤਰ ਸਰਬਜੀਤ ਸਿੰਘ, ਇਸ ਪ੍ਰੋਜੈਕਟ ਦੇ ਪ੍ਰਮੁੱਖ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਦੀ ਪ੍ਰਧਾਨਗੀ ਹੇਠ 2 ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੀ ਸਰਜਰੀ ਕਰਵਾਈ ਗਈ। ਨਿਰਮਲਜੋਤ ਆਈ ਹਸਪਤਾਲ ਦੇ ਸਰਜਨ ਡਾ. ਭੁਪਿੰਦਰ ਸਿੰਘ, ਡਾ. ਹਰਮਨਦੀਪ ਸਿੰਘ ਨੇ ਮਰੀਜ਼ਾਂ ਦੀਆਂ ਅੱਖਾਂ ਦੀ ਸਰਜਰੀ ਕੀਤੀ। ਰੋਟਰੀ ਦੇ 2 ਸਾਬਕਾ ਸਹਾਇਕ ਗਵਰਨਰ ਅਸ਼ਵਨੀ ਅਵਸਥੀ ਨੇ ਕਿਹਾ ਕਿ ਰੋਟਰੀ ਕਲੱਬ ਆਸਥਾ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੀ ਮੁਫ਼ਤ ਸਰਜਰੀ ਕਰਵਾ ਰਹੀ ਹੈ। ਵੱਡੀ ਗਿਣਤੀ ਵਿੱਚ ਲੋੜਵੰਦ ਲੋਕ ਇਸ ਦਾ ਲਾਭ ਉਠਾ ਚੁੱਕੇ ਹਨ ਅਤੇ ਇਹ ਸਿਲਸਿਲਾ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਜਿਨ੍ਹਾਂ 2 ਮਰੀਜ਼ਾਂ ਦੀਆਂ ਅੱਖਾਂ ਦੀ ਸਰਜਰੀ ਕਰਵਾਈ ਗਈ ਸੀ, ਉਸ ਦਾ ਸਾਰਾ ਖਰਚ ਰੋਟਰੀ ਆਸਥਾ ਦੇ ਸਾਬਕਾ ਪ੍ਰਧਾਨ ਅਤੇ ਫੂਡ ਸਪਲਾਈ ਵਿਭਾਗ ਦੇ ਇੰਸਪੈਕਟਰ ਡਾ. ਗਗਨਦੀਪ ਸਿੰਘ ਵੱਲੋਂ ਚੁੱਕਿਆ ਗਿਆ। ਇਸ ਪ੍ਰੋਜੈਕਟ ਵਿੱਚ ਰੋਟਰੀ ਆਸਥਾ ਦੇ ਮੈਂਬਰ ਮਿਲ ਕੇ ਜਾਂ ਕੋਈ ਇੱਕ ਮੈਂਬਰ ਸਰਜਰੀ ਦਾ ਖਰਚ ਚੁੱਕ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਸਰਜਰੀ ਰਾਜ ਰਾਣੀ ਅਤੇ ਦੇਸ਼ ਰਾਜ ਦੇ ਪੁੱਤਰ ਨਾਥ ਦੀਆਂ ਅੱਖਾਂ ਦੀ ਕੀਤੀ ਗਈ ਹੈ। ਇਸ ਮੌਕੇ ਡਿ. ਸ਼ਰਨਜੀਤ ਕੌਰ, ਜਤਿੰਦਰ ਸਿੰਘ, ਗੁਰਮੀਤ ਸਿੰਘ ਅਤੇ ਰੋਟਰੀ ਕਲੱਬ ਆਸਥਾ ਦੇ ਹੋਰ ਮੈਂਬਰ ਵੀ ਮੌਜੂਦ ਸਨ।

## ਕੌਮੀ ਲੋਕ ਅਦਾਲਤ 'ਚ 12540 ਕੇਸਾਂ ਦਾ ਨਿਪਟਾਰਾ

**ਬਲਾਚੌਰ (ਜਸਵਿੰਦਰ ਬੈਂਸ)**- ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ ਏ ਐਸ ਨਗਰ ਜੀਆਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾਂ ਅਤੇ ਸ਼ੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਜੀ ਦੀ ਅਗਵਾਈ ਹੇਠ ਅਤੇ ਸਿਵਲ ਜੱਜ (ਸੀਨੀਅਰ ਡਿਵੀਜ਼ਨ)- ਕਮ- ਸਕੱਤਰ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਡਾ. ਅਮਨਦੀਪ ਜੀਆਂ ਦੀ ਦੇਖ-ਰੇਖ ਹੇਠ ਜ਼ਿਲ੍ਹਾਂ ਕੋਰਟ ਕੰਪਲੈਕਸ, ਸ.ਭ.ਸ ਨਗਰ ਵਿਖੇ 12 ਸਤੰਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਗਈ। ਇਸ ਮੌਕੇ ਜ਼ਿਲ੍ਹਾਂ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਜਤਿੰਦਰ ਪਾਲ ਸਿੰਘ ਖੁਰਮੀ ਜੀਆਂ ਵੱਲੋਂ ਕੌਮੀ ਲੋਕ ਅਦਾਲਤ ਦੇ ਸਾਰੇ ਬੈਂਚਾਂ ਦਾ ਜ਼ਾਇਜਾ ਲਿਆ ਗਿਆ। ਇਸ ਕੌਮੀ ਨੈਸ਼ਨਲ ਅਦਾਲਤ ਦੌਰਾਨ ਲਗਾਏ ਗਏ 7 ਬੈਚਾਂ ਵੱਲੋਂ ਵੱਖ ਵੱਖ ਤਰ੍ਹਾਂ ਦੇ 13494 ਕੇਸਾਂ ਵਿੱਚੋਂ 12540 ਕੇਸਾਂ ਦਾ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਮੌਕੇ ਤੇ ਨਿਪਟਾਰਾ ਕਰਦਿਆਂ 6 ਕਰੋੜ 90 ਲੱਖ 47 ਹਜ਼ਾਰ 1 ਸੌ 60 ਰੁਪਏ ਦੇ ਅਵਾਰਡ ਸੁਣਾਏ ਗਏ। ਇਹ ਜਾਣਕਾਰੀ ਦਿੰਦਿਆਂ ਹੋਇਆ ਜ਼ਿਲ੍ਹਾਂ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਸ੍ਰੀ ਜਤਿੰਦਰ ਪਾਲ ਸਿੰਘ ਖੁਰਮੀ ਜੀ ਵੱਲੋਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਵੱਖ-ਵੱਖ ਕੇਸਾਂ ਦੀ ਸੁਣਵਾਈ ਲਈ ਜ਼ਿਲ੍ਹਾ ਕੋਰਟ ਕੰਪਲੈਕਸ, ਸ਼ਹੀਦ ਭਗਤ ਸਿੰਘ ਨਗਰ ਪੱਧਰ ਤੇ 5 ਬੈਂਚ ਅਤੇ ਇੱਕ ਸਬ ਡਵੀਜ਼ਨ ਬਲਾਚੌਰ ਵਿਖੇ ਲਗਾਏ ਗਏ ਸਨ। ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਚੇਅਰਮੈਨ ਸਥਾਈ ਲੋਕ ਅਦਾਲਤ (ਜਨ-ਉਪਯੋਗੀ ਸੇਵਾਵਾਂ) ਅਸ਼ੋਕ ਕਪੂਰ, ਪ੍ਰਿੰਸੀਪਲ ਜੱਜ, ਫੈਮਿਲੀ ਕੋਰਟ, ਸ਼ਹੀਦ ਭਗਤ ਸਿੰਘ ਨਗਰ ਬਲਜਿੰਦਰ ਸਿੰਘ ਮਾਨ, ਵਧੀਕ ਜ਼ਿਲ੍ਹਾ ਅਤੇ ਸ਼ੈਸਨ ਜੱਜ-1 ਮਿਸ. ਅਪਰਾਜਿਤਾ ਜੋਸ਼ੀ, ਵਧੀਕ ਜ਼ਿਲ੍ਹਾਂ ਅਤੇ ਸ਼ੈਸਨ ਜੱਜ ਡਾ. ਗਗਨਦੀਪ ਕੌਰ, ਵਧੀਕ ਸਿਵਲ ਜੱਜ (ਸੀਨੀਅਰ ਡੀਵੀਜ਼ਨ) ਰਵੀ ਪਾਲ ਸਿੰਘ ਭਾਰਦਵਾਜ, ਸਿਵਲ ਜੱਜ (ਜੂਨੀਅਰ ਡੀਵੀਜ਼ਨ) ਸਿਮਰਨ ਚਲਾਨਾ ਅਤੇ ਸਿਵਲ ਜੱਜ (ਜੂਨੀਅਰ ਡੀਵੀਜ਼ਨ) ਐਸ.ਡੀ.ਜੇ.ਐਮ ਬਲਾਚੌਰ ਮਿਸ. ਲਵਜਿੰਦਰ ਕੌਰ, ਜੀਆਂ ਦੀਆਂ ਅਦਾਲਤਾਂ ਵੱਲੋਂ ਇਸ ਕੌਮੀ ਲੋਕ ਅਦਾਲਤ ਵਿੱਚ ਲੱਗੇ ਵੱਖ-ਵੱਖ ਤਰ੍ਹਾਂ ਦੇ ਕੇਸਾਂ ਦਾ ਦੋਵੇ ਧਿਰਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਅਤੇ ਇਸ ਤੋਂ ਇਲਾਵਾ ਇਨ੍ਹਾਂ ਬੈਚਾਂ ਦੇ ਨਾਲ ਮੈਂਬਰ ਦੇ ਤੌਰ ਐਡਵੋਕੇਟਜ਼, ਐਨ ਜੀਓ ਮੈਂਬਰ ਸ਼ਾਮਲ ਸਨ।



## ਸਾਲਾਨਾ ਬਰਸੀ ਮੌਕੇ ਸੰਤ ਸਮਾਗਮ ਤੇ ਧਾਰਮਿਕ ਸਮਾਗਮ ਕਰਵਾਏ

**ਮੋਰਟਾਨਿਆ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਕੋਟ ਫਤੂਹੀ ਵਿਖੇ ਡੇਰਾ ਸੰਤ ਬਾਬਾ ਸ਼ਿਵ ਮਹਾਰਾਜ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀਆਂ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 108 ਸੰਤ ਬਾਬਾ ਹਰੀ ਸਿੰਘ ਜੀ ਮਹਾਰਾਜ ਨੋਕੀ ਵਾਲਿਆਂ ਦੇ ਵਰਸੋਏ ਸੰਤ ਬਾਬਾ ਸ਼ਿਵ ਜੀ ਮਹਾਰਾਜ ਦੀ 33 ਵੀਂ ਬਰਸੀ ਮੌਕੇ ਸੰਤ ਸਮਾਗਮ ਅਤੇ ਧਾਰਮਿਕ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਕਸ਼ਮੀਰ ਸਿੰਘ ਜੀ ਨੋਕੀ ਵਾਲੇ ਅਤੇ ਸੰਤ ਬਾਬਾ ਜਗਤਾਰ ਸਿੰਘ ਨੋਕੀ ਵਾਲਿਆਂ ਦੀ ਅਗਵਾਈ ਵਿੱਚ ਬੜੇ ਸ਼ਰਧਾਪੂਰਵਕ ਕਰਵਾਇਆ ਗਿਆ। ਇਸ ਮੌਕੇ ਸਾਲਾਨਾ ਬਰਸੀ ਸਮਾਗਮ ਦੌਰਾਨ ਬੱਤੀ ਸ੍ਰੀ ਅਖੰਡ ਪਾਠਾਂ ਦੀ ਲੜੀ ਦੇ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਸਮਾਗਮ ਦੇ ਧਾਰਮਿਕ ਦੀਵਾਨ ਸਜਾਏ ਗਏ। ਜਿਸ ਵਿਚ ਸੰਤ ਬਾਬਾ ਹਰੀ ਸਿੰਘ ਜੀ ਕੀਰਤਨ ਵਿਦਿਆਲਾ ਅਟਾਰੀ ਅਤੇ ਬਾਬਾ ਅਵਤਾਰ ਸਿੰਘ ਗੁਰਦੁਆਰਾ ਟਿੱਬੀ ਸਾਹਿਬ ਰੋਪੜ ਵਾਲੇ ਆਦਿ ਰਾਗੀ ਢਾਡੀ, ਕੀਰਤਨੀ ਜਥੇ , ਸਾਧੂ ਸੰਤ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਕਰਕੇ ਗੁਰਬਾਣੀ ਗੁਰ ਇਤਿਹਾਸ ਰਾਹੀਂ ਗੁਰੂ ਮਹਿਮਾ ਸੁਣਾ ਕੇ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਸਮਾਗਮ ਵਿੱਚ ਸੰਤ ਕੁਲਵਿੰਦਰ ਸਿੰਘ ਢਾਹਾਂ ਕਲੇਰਾਂ ਵਾਲੇ, ਭਾਈ ਜੋਗਾ ਸਿੰਘ ਬੰਗਿਆਂ ਵਾਲੇ, ਸੰਤ ਬਾਬਾ ਗੁਰਚਰਨ ਸਿੰਘ ਬੱਡੋਂ ਵਾਲੇ, ਸੰਤ ਸਿੰਘ ਹਰਿਦੁਆਰ ਵਾਲੇ, ਸੰਤ ਬਾਬਾ ਅਜਮੇਰ ਸਿੰਘ ਬਾੜੀਆਂ, ਸੰਤ ਬਾਬਾ ਮੱਖਣ ਸਿੰਘ ਟੁਟੋਮਜਾਰਾ, ਸੰਤ ਹਰਮੀਤ ਸਿੰਘ ਬਾਹੋਵਾਲ, ਸੰਤ ਬਾਬਾ ਬਲਵੀਰ ਸਿੰਘ ਸਾਸ਼ਤਰੀ ਟੁਟੋਮਜਾਰਾ, ਸੰਤ ਬਾਬਾ ਭਗਵਾਨ ਸਿੰਘ ਜੱਸੋਵਾਲ, ਸੰਤ ਬਾਬਾ ਕਰਮ ਸਿੰਘ ਦੌਲਤਪੁਰ ਵਾਲਿਆਂ ਦੀ ਸੰਗਤ, ਸੰਤ ਬਾਬਾ ਮੱਖਣ ਸਿੰਘ ਦਰੀਆ, ਸੰਤ ਬਾਬਾ ਗੁਰਪ੍ਰੀਤ ਸਿੰਘ ਪਠਲਾਵਾ, ਸੰਤ ਬਾਬਾ ਸੁਰਿੰਦਰ ਸਿੰਘ ਕੰਦੋਲਾ, ਡੇਰਾ ਬਾਬਾ ਮੁਰਾਦਸ਼ਾਹ ਨਕੋਦਰ ਦੀ ਪ੍ਰਬੰਧਕ ਕਮੇਟੀ, ਸੰਤ ਬਾਬਾ ਜੰਗਾ ਦਾਸ ਕਰੀਹਾ, ਬੀਬੀ ਗੁਰਿੰਦਰ ਕੌਰ ਬਾਹੋਵਾਲ ਆਦਿ ਸੰਤਾਂ ਮਹਾਂਪੁਰਸ਼ ਨੇ ਆਪਣੇ ਪ੍ਰਵਚਨਾਂ ਰਾਹੀਂ ਆਪਣੀ ਹਾਜ਼ਰੀ ਲਗਵਾਈ। ਇਸ ਮੌਕੇ ਚਾਹ ਪਕੌੜਿਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਕਿਰਪਾਲ ਸਿੰਘ ਪਰਮਾਰ, ਗੁਰਦੀਪ ਸਿੰਘ ਵਿਰਲੀ, ਹਰਵਿੰਦਰ ਸਿੰਘ, ਤੇਜਪਾਲ ਸਿੰਘ ਰਾਜਪੁਰ ਭਾਈਆਂ, ਮਨੀਪਾਲ ਸਿੰਘ ਰਾਜਪੁਰ ਭਾਈਆਂ, ਹਰਵਿੰਦਰ ਸਿੰਘ ਬੰਗਾ, ਜਸਵਿੰਦਰ ਸਿੰਘ ਤੱਤੂ, ਕਰਨੈਲ ਸਿੰਘ ਰਾਜਪੁਰ ਭਾਈਆਂ, ਕਮਲਜੀਤ ਸਿੰਘ, ਸੰਦੀਪ ਕੁਮਾਰ, ਅਮਰਜੀਤ ਸਿੰਘ, ਨਿਰਮਲ ਸਿੰਘ, ਜਿੰਦਰ, ਕੁਲਵਰਨ ਸਿੰਘ ਪਰਮਾਰ, ਸੰਦੀਪ ਮਾਹੀ, ਰੂਬਲ, ਪ੍ਰਿੰਸ, ਸਤਕਾਰ ਸਿੰਘ, ਮਾਸਟਰ ਹਰਦਿਆਲ ਸਿੰਘ, ਗੁਰਚਰਨ ਸਿੰਘ, ਸੀਪੂ ਜਸਮੇਲ ਸਿੰਘ ਕੋਟਲਾ ਆਦਿ ਹਾਜ਼ਰ ਸਨ। ਸਮਾਗਮ ਦੌਰਾਨ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।



ਬਾਬਾ ਤੇਜਾ ਸਿੰਘ ਢੁੱਡੇ ਵਾਲੇ, ਸੰਤ ਬਾਬਾ ਪ੍ਰਮੇਸ਼ਰ ਸਿੰਘ ਭੰਗਪੁਰ ਵਾਲੇ, ਸੰਤ ਸਰਬਜੀਤ ਸਿੰਘ ਠੱਕਰਵਾਲ ਵਾਲੇ, ਸੰਤ ਬਾਬਾ ਸਰਵਣ ਸਿੰਘ ਜੱਬੜ ਵਾਲੇ, ਸੰਤ ਬਾਬਾ ਅਵਤਾਰ ਸਿੰਘ ਰੋਪੜ ਵਾਲੇ, ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ ਵਾਲੇ, ਸੰਤ ਬਾਬਾ ਕਰਮਜੀਤ ਸਿੰਘ ਹੁਸ਼ਿਆਰਪੁਰ ਵਾਲੇ, ਸੰਤ ਬਾਬਾ ਗੁਰਚਰਨ ਸਿੰਘ ਪੰਡਵਾਂ ਵਾਲੇ, ਸੰਤ ਬਾਬਾ ਜੋਗਿੰਦਰ ਸਿੰਘ, ਅੰਬਿਕਾ ਭਾਰਤੀ ਲੁਧਿਆਣਾ, ਵਿਸ਼ਵ ਭਾਰਤੀ ਲੁਧਿਆਣਾ ਸੰਤ ਬਾਬਾ ਬਲਵਿੰਦਰ

### 'ਮੁੱਖ ਮੰਤਰੀ ਤੀਰਥ ਸਥਾਨ ਯਾਤਰਾ' ਯੋਜਨਾ ਨਾਲ ਸੰਗਤਾਂ ਦੀ ਆਸਥਾ ਹੋ ਰਹੀ ਪੂਰੀ : ਰੰਧਾਵਾ

**ਲਾਲੜੂ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ ਤਹਿਤ ਲਾਲੜੂ ਤੋਂ ਸੰਗਤਾਂ ਨੂੰ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਤਿੰਨ ਹੋਰ ਬੱਸਾਂ ਰਵਾਨਾ ਕੀਤੀਆਂ ਗਈਆਂ। ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਜਾਸਤਨਾ ਕਲਾਂ ਤੋਂ 136ਵੀਂ, ਜਾਸਤਨਾ ਖੁਰਦ ਤੋਂ 137ਵੀਂ ਅਤੇ ਵਾਰਡ ਨੰਬਰ 8 ਤੋਂ 138ਵੀਂ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਸੰਗਤਾਂ ਵਿੱਚ ਤੀਰਥ ਯਾਤਰਾ ਨੂੰ ਲੈ ਕੇ ਭਾਰੀ ਉਤਸ਼ਾਹ ਅਤੇ ਸ਼ਰਧਾ ਦੇਖਣ ਨੂੰ ਮਿਲੀ। ਵਿਧਾਇਕ ਰੰਧਾਵਾ ਨੇ ਸੰਗਤਾਂ ਨੂੰ ਯਾਤਰਾ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੀਆਂ ਸੰਗਤਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਇਹ ਵਿਲੱਖਣ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਯਾਤਰਾ ਰਾਹੀਂ ਸੰਗਤਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਦੇ ਵੱਖ-ਵੱਖ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਜੋਰਾਵਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰੀਸ਼ ਮਦਾਨ, ਮੀਤ ਪ੍ਰਧਾਨ ਅਮਨ ਰਾਣਾ, ਬਲਾਕ ਪ੍ਰਧਾਨ ਗੁਰਵਿੰਦਰ ਸਿੰਘ, ਪਿੰਡਾਂ ਦੇ ਪੰਚ-ਸਰਪੰਚ ਅਤੇ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।



## ਸਰਕਾਰ ਖੇਡ ਮੈਦਾਨਾਂ ਰਾਹੀਂ ਪੰਜਾਬ ਨੂੰ ਮੁੜ ਰੰਗਲਾ ਬਣਾ ਰਹੀ : ਕੁਲਵੰਤ ਸਿੰਘ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਨੂੰ ਮੁੜ ਖੇਡਾਂ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਅਤੇ ਨੌਜਵਾਨਾਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੂੰ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-



4 ਤਹਿਤ ਮੋਹਾਲੀ ਵਿੱਚ ਬਲਾਕ ਪੱਧਰੀ ਖੇਡ ਮੁਕਾਬਲਿਆਂ ਦਾ ਜੋਸ਼ੋ-ਖਰੋਸ਼ ਨਾਲ ਆਗਾਜ਼ ਹੋਇਆ। ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਦਾ ਰਸਮੀ ਉਦਘਾਟਨ ਕਰਦਿਆਂ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਲਈ ਲੋੜੀਂਦਾ ਬੁਨਿਆਦੀ ਢਾਂਚਾ, ਸਹੂਲਤਾਂ ਅਤੇ ਖੇਡ ਸਮੱਗਰੀ ਉਪਲਬਧ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਨੂੰ ਮੁੜ ਰੰਗਲਾ ਅਤੇ ਮਜ਼ਬੂਤ ਪੰਜਾਬ ਬਣਾਉਣ ਲਈ ਖੇਡਾਂ ਨੂੰ ਵੱਡਾ ਹੁਲਾਰਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸਿਰਫ਼ ਇੱਕ ਖੇਡ ਮੁਕਾਬਲਾ ਨਹੀਂ, ਸਗੋਂ ਪੰਜਾਬ ਦੇ ਹਰ ਉਮਰ ਵਰਗ ਨੂੰ ਖੇਡਾਂ ਨਾਲ ਜੋੜਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਇੱਕ ਵੱਡਾ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਅੰਡਰ 14 ਤੋਂ 70 ਸਾਲ ਤੋਂ ਉੱਪਰ ਉਮਰ ਤੱਕ ਦੇ ਖਿਡਾਰੀ ਵੱਡੀ ਗਿਣਤੀ ਵਿੱਚ ਇਨ੍ਹਾਂ ਖੇਡਾਂ ਵਿੱਚ ਭਾਗ ਲੈ ਰਹੇ ਹਨ। ਇਸ ਤੋਂ ਇਲਾਵਾ, ਲੋਕਾਂ ਵਿੱਚ ਸਭ ਤੋਂ ਵੱਧ ਹਰਮਨਪਿਆਰੀ ਖੇਡਾਂ ਵਿੱਚੋਂ ਇੱਕ ਕ੍ਰਿਕਟ ਨੂੰ ਪਹਿਲੀ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਖੇਡਾਂ ਵਿੱਚ ਲੋਕਾਂ ਦੀ ਭਾਗੀਦਾਰੀ ਹੋਰ ਵਧੇਗੀ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਉਮੇਸ਼ਵਰੀ ਸ਼ਰਮਾ, ਸੀਨੀਅਰ ਡਿਪਟੀ ਮੇਅਰ ਮੋਹਾਲੀ ਨਗਰ ਨਿਗਮ ਰਜਿੰਦਰ ਪ੍ਰਸਾਦ ਸ਼ਰਮਾ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਜਸਪਾਲ ਸਿੰਘ ਮਟੌਰ ਅਤੇ ਅਕਵਿੰਦਰ ਸਿੰਘ ਗੋਸਲ ਸਮੇਤ ਹੋਰ ਪਤਵੰਤੇ ਹਾਜ਼ਰ ਸਨ।


## ਮਥੁਰਾ-ਵ੍ਰਿੰਦਾਵਨ ਦੇ ਪਵਿੱਤਰ ਧਾਮਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**- ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਡੇਰਾ ਬਾਬਾ ਨਾਨਕ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸੰਗਤਾਂ ਨੂੰ ਮਥੁਰਾ-ਵ੍ਰਿੰਦਾਵਨ ਦੇ ਪਵਿੱਤਰ ਧਾਮਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ ਕੀਤੀ।ਇਸ ਮੌਕੇ ਉਨ੍ਹਾਂ ਸੰਗਤਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਅਰਦਾਸ ਕੀਤੀ ਕਿ ਇਹ ਧਾਰਮਿਕ ਯਾਤਰਾ ਸਭ ਲਈ ਸੁਖਦਾਈ ਤੇ ਯਾਦਗਾਰ ਰਹੇ।ਇਸ ਮੌਕੇ ਬੋਲਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਸ਼ੁਰੂ ਹੋਣ ਨਾਲ ਸੰਗਤਾਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਯਾਤਰਾ ਦਾ ਅਨੇਕਾ ਲੋਕਾਂ ਨੇ ਲਾਹਾ ਲਿਆ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਬੱਸਾਂ ਰਾਹੀਂ ਸ਼ਰਧਾਲੂਆਂ ਲਈ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਇਲਾਵਾ ਰਹਿਣ-ਸਹਿਣ, ਖਾਣ-ਪੀਣ ਦਾ ਵਧੀਆ ਤੇ ਮੁਫ਼ਤ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ।ਉਨ੍ਹਾਂ ਨੇ ਕਿਹਾ ਕਿ ਬਜ਼ੁਰਗ ਅਵਸਥਾ ਵਿੱਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ ਤੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਮੁੱਖ ਉਦੇਸ਼ ਵੱਡੀ ਉਮਰ ਦੇ ਲੋਕਾਂ ਅਤੇ ਧਾਰਮਿਕ ਸ਼ਰਧਾਲੂਆਂ ਨੂੰ ਆਸਾਨ, ਸੁਰੱਖਿਅਤ ਅਤੇ ਮੁਫ਼ਤ ਤੀਰਥ ਦਰਸ਼ਨ ਕਰਵਾਉਣਾ ਹੈ।



ਉਨਾਂ ਦੱਸਿਆ ਕਿ ਸ਼ਰਧਾਲੂਆਂ ਵੱਲੋਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ ਕਿ ਉਨ੍ਹਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।ਇਸ ਮੌਕੇ ਪ੍ਰਧਾਨ ਰਾਜੇਸ਼ ਕੁਮਾਰ ਗੁਪਤਾ, ਚੇਅਰਮੈਨ ਰੇਸ਼ਮ ਸਿੰਘ ਪੱਡਾ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਜੁਗਨੂੰ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਸੁਖਵਿੰਦਰ ਸਿੰਘ ਪੱਖੋਕੇ, ਆਪ ਆਗੂ ਚੰਨਣ ਸਿੰਘ ਖਾਲਸਾ, ਪੀ ਏ ਲਵਪ੍ਰੀਤ ਸਿੰਘ, ਡਾਕਟਰ ਸਾਹਿਲ ਮਹਾਜਨ, ਕਲਰਕ ਬਲਜਿੰਦਰ ਸਿੰਘ ਤੇ ਇਲਾਵਾ ਵੱਡੀ ਗਿਣਤੀ ਵਿੱਚ ਧਾਰਮਿਕ ਯਾਤਰਾ ਤੇ ਜਾਣ ਵਾਲੀਆਂ ਸੰਗਤਾਂ ਹਾਜ਼ਰ ਸਨ।

### ਅਕਾਲੀ ਦਲ ਦੀ ਸਰਕਾਰ ਨੇ ਪੰਜਾਬ 'ਚ ਕੀਤਾ ਖੇਡਾਂ ਦਾ ਵਿਕਾਸ : ਸ਼ਰਮਾ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਹਲਕਾ ਵਿਧਾਇਕ ਐਨ ਕੇ ਸ਼ਰਮਾ ਨੇ ਕਿਹਾ ਕਿ ਪੰਜਾਬ ਵਿੱਚ ਅਕਾਲੀ ਦਲ ਅਜਿਹੀ ਪਹਿਲੀ ਪਾਰਟੀ ਸੀ ਜਿਸਨੇ ਸਭ ਤੋਂ ਪਹਿਲਾਂ ਪੰਜਾਰ ਦੀਆਂ ਰਵਾਇਤੀ ਖੇਡਾਂ ਨੂੰ ਉਤਸ਼ਾਹਿਤ ਕੀਤਾ, ਕਬੱਡੀ ਅਤੇ ਫੁੱਟਬਾਲ ਵਰਗੇ ਟੂਰਨਾਮੈਂਟ ਕਰਵਾਏ ਗਏ। ਅਕਾਲੀ ਦਲ ਸਰਕਾਰ ਦੇ ਕਾਰਜਕਾਲ ਦੌਰਾਨ, ਨਾ ਸਿਰਫ਼ ਡੇਰਾਬੱਸੀ ਵਿੱਚ ਸਗੋਂ ਪੂਰੇ ਪੰਜਾਬ ਵਿੱਚ ਖੇਡ ਬੁਨਿਆਦੀ ਢਾਂਚਾ ਵਿਕਸਤ ਕੀਤਾ ਗਿਆ। ਐਨ.ਕੇ. ਸ਼ਰਮਾ ਪਿੰਡ ਕੁੜਾਂਵਾਲਾ ਵਿੱਚ ਨੈਸ਼ਨਲ ਬਾਡੀ ਬਿਲਡਰ ਚੈਂਪੀਅਨਸ਼ਿਪ ਵਿੱਚ ਹਿੱਸਾ ਲੈਣ ਵਾਲੇ ਖਿਡਾਰੀ ਰਾਕੇਸ਼ ਕੁਮਾਰ ਰਿੰਕੂ ਨੂੰ ਸਨਮਾਨਤ ਕਰਨ ਤੋਂ ਬਾਅਦ ਪਿੰਡ ਵਾਸੀਆਂ ਨਾਲ ਰੂਬਰੂ ਹੋ ਰਹੇ ਸਨ। ਇਸ ਮੌਕੇ ਸਰਕਲ ਪ੍ਰਧਾਨ ਰਜਿੰਦਰ ਸਿੰਘ, ਕਰਮਪਾਲ ਖੇੜੀ ਗੁੱਜਰਾਂ, ਮੇਜਰ ਸਿੰਘ ਕੁੜਾਂਵਾਲਾ, ਸਾਬਕਾ ਸਰਪੰਚ ਰਾਮਨਾਥ ਕੁੜਾਂਵਾਲਾ, ਸਾਬਕਾ ਸਰਪੰਚ ਰਜਿੰਦਰ ਸਿੰਘ ਸਮੇਤ ਕਈ ਪਤਵੰਤੇ ਮੌਜੂਦ ਸਨ।

## ਸੈਣੀ ਨੇ ਇੰਦਰਜੀਤ ਕੌਰ ਦੀ ਅੰਤਮ ਅਰਦਾਸ 'ਚ ਕੀਤੀ ਸ਼ਿਰਕਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਪਟਿਆਲਾ ਵਿਖੇ ਓ ਐਸ ਡੀ ਡਾ. ਪ੍ਰਭਲੀਨ ਸਿੰਘ ਦੀ ਮਾਤਾ ਸਵਰਗੀ ਸਰਦਾਰਨੀ ਇੰਦਰਜੀਤ ਕੌਰ ਦੀ ਅੰਤਮ ਅਰਦਾਸ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਮੁੱਖ ਮੰਤਰੀ ਨੇ ਸਵਰਗੀ ਸਰਦਾਰਨੀ ਇੰਦਰਜੀਤ ਕੌਰ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ ਅਤੇ ਦੁਖੀ ਪਰਿਵਾਰ ਨਾਲ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਡਾ. ਪ੍ਰਭਲੀਨ ਸਿੰਘ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਦੁੱਖ ਦੀ ਇਸ ਘੜੀ ਵਿੱਚ ਉਨ੍ਹਾਂ ਨੂੰ ਹੌਂਸਲਾ ਦਿੱਤਾ। ਉਨ੍ਹਾਂ ਕਿਹਾ ਕਿ ਮਾਤਾ ਦਾ ਦਿਹਾਂਤ ਪਰਵਾਰ ਲਈ ਅਪੂਰਣਯੋਗ ਘਾਟਾ ਹੈ।

## ਸੁੱਖੋ ਮਾਜਰਾ 'ਚ ਕ੍ਰਿਕਟ ਗਰਾਊਂਡ ਦਾ ਉਦਘਾਟਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪਿੰਡ ਸੁੱਖੋ ਮਾਜਰਾ ਵਿਖੇ ਬੱਚਿਆਂ ਦੇ ਖੇਡਣ ਲਈ ਐੱਨ ਆਰ ਆਈ ਪਰਵਾਰ ਵੱਲੋਂ ਬਣਾਏ ਕ੍ਰਿਕਟ ਖੇਡ ਗਰਾਊਂਡ ਦਾ ਉਦਘਾਟਨ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਨੰਬਰਦਾਰ ਧਰਮਵੀਰ ਸਿੰਘ ਨੇ ਦੱਸਿਆ ਕਿ ਪਿਛਲੇ ਕਈ ਮਹੀਨਿਆਂ ਤੋਂ ਇੱਕ ਐਨ ਆਰ ਆਈ ਦਿਲਵਾਗ ਸਿੰਘ ਦੇ ਪਿਤਾ ਜਸਪਾਲ ਸਿੰਘ ਮੱਲੀ ਵੱਲੋਂ ਇਲਾਕੇ ਦੇ ਬੱਚਿਆਂ ਦੇ ਖੇਡਣ ਲਈ ਕ੍ਰਿਕਟ ਗਰਾਉਂਡ ਬਣਾਇਆ ਗਿਆ। ਉਹਨਾਂ ਦੱਸਿਆ ਕਿ ਇਸ ਗਰਾਊਂਡ ਦੇ ਉਦਘਾਟਨ ਨੂੰ ਮੁੱਖ ਰੱਖਦਿਆਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਅਤੇ ਗੁਰੂ ਕਾ ਲੰਗਰ ਅਤੁਟ ਵਰਤਾਇਆ ਗਿਆ। ਉਹਨਾਂ ਦੱਸਿਆ ਕਿ ਇਸ ਤੋਂ ਉਪਰੰਤ ਪਿੰਡ ਸੁੱਖੋ ਮਾਜਰਾ ਦੇ ਨੰਬਰਦਾਰ ਕੁਲਵੰਤ ਸਿੰਘ ਤੇ ਨੰਬਰਦਾਰ ਬਲਵਿੰਦਰ ਸਿੰਘ ਰੋਣੀ ਵੱਲੋਂ ਸਾਂਝੇ ਤੌਰ ਤੇ ਰੀਬਨ ਕੱਟ ਕੇ ਗਰਾਉਂਡ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਹਨਾਂ ਕਿਹਾ ਕਿ ਇਹ ਗਰਾਊਂਡ ਬੱਚਿਆਂ ਦੇ ਖੇਡਣ ਲਈ 24 ਘੰਟੇ ਖੁੱਲ੍ਹਾ ਰਹੇਗਾ। ਇਸ ਮੌਕੇ ਸਾਬਕਾ ਸਰਪੰਚ ਜਗਤਾਰ ਸਿੰਘ, ਕੇਸਰ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗਿਆਨੀ ਸੁਖਮਿੰਦਰ ਸਿੰਘ, ਮੁਕੰਦ ਖਾਨ, ਸਾਬਕਾ ਪੰਚਾਇਤ ਮੈਂਬਰ ਗੁਰਦੇਵ ਸਿੰਘ, ਸਾਬਕਾ ਪੰਚਾਇਤ ਮੈਂਬਰ ਨਾਇਬ ਸਿੰਘ, ਸਾਬਕਾ ਪੰਚਾਇਤ ਮੈਂਬਰ ਕਰਮ ਸਿੰਘ, ਗੁਰਮੀਤ ਸਿੰਘ, ਕੇਸਰ ਸਿੰਘ ਪੂਨੀਆਂ, ਐਡਵੋਕੇਟ ਜਰਨੈਲ ਸਿੰਘ, ਮਨਦੀਪ ਸਿੰਘ ਸੰਗਤਪੁਰਾ, ਠੇਕੇਦਾਰ ਜਸਬੀਰ ਸਿੰਘ, ਕੁਲਵਿੰਦਰ ਸਿੰਘ, ਬਿਕਰਮਜੀਤ ਸਿੰਘ, ਗੁਰਮੁਖ ਸਿੰਘ, ਸਲਿੰਦਰ ਸਿੰਘ ਹੰਸ ਸਮੇਤ ਹੋਰ ਵੀ ਪਿੰਡ ਨਿਵਾਸੀ ਆਦਿ ਹਾਜ਼ਰ ਸਨ।

## ਕੌਮੀ ਲੋਕ ਅਦਾਲਤ ਦੌਰਾਨ 21873 ਕੇਸਾਂ ਦਾ ਨਿਪਟਾਰਾ

**ਮੁਹਾਲੀ (ਗੁਰਜੀਤ ਬਿੱਲਾ)**- ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਨਵੀਂ ਦਿੱਲੀ ਵਲੋਂ ਭੇਜੇ ਗਏ ਪ੍ਰੋਗਰਾਮ ਅਨੁਸਾਰ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਅਧੀਨ ਅਤੇ ਜਸਟਿਸ ਜਸਗੁਰਪ੍ਰੀਤ ਸਿੰਘ ਪੁਰੀ ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਐਡਮਿਨਿਸਟ੍ਰੇਟਿਵ ਜੱਜ, ਸੈਸ਼ਨਜ਼ ਡਵੀਜ਼ਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਦੀ ਸਰਪ੍ਰਸਤੀ ਅਤੇ ਸ੍ਰੀ ਅਤੁਲ ਕਸਾਨਾ, ਜਿਲ੍ਹਾ ਅਤੇ ਸੈਸ਼ਨਜ਼ ਜੱਜ, ਐਸ.ਏ.ਐਸ. ਨਗਰ ਦੇ ਦਿਸ਼ਾ ਨਿਰਦੇਸ਼ਾਂ ਵਿਚ ਅੱਜ ਜ਼ਿਲ੍ਹੇ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਵਿਚ ਰਾਜੀਨਾਮਾ ਯੋਗ ਫੌਜਦਾਰੀ ਕੇਸ, ਚੈਕ ਬਾਊਂਸ ਕੇਸ, ਬੈਂਕ ਰਿਕਵਰੀ ਕੇਸ, ਵਿਵਾਹਿਕ ਝਗੜੇ, ਐਮ ਏ ਸੀ ਟੀ ਕੇਸ,



ਕਿਰਤ ਸਬੰਧੀ ਝਗੜੇ, ਲੈਂਡ ਐਕਿਉਜਿਸ਼ਨ ਕੇਸ, ਪਾਣੀ ਦੇ ਬਿਲਾਂ ਸਬੰਧੀ ਮਾਮਲੇ, ਮਾਲ ਵਿਭਾਗ ਨਾਲ ਸਬੰਧਤ ਅਤੇ ਹਰ ਤਰ੍ਹਾਂ ਦੇ ਦੀਵਾਨੀ ਕੇਸ ਨਿਪਟਾਰੇ ਲਈ ਰੱਖੇ ਗਏ। ਇਸ ਕੌਮੀ ਲੋਕ ਅਦਾਲਤ ਲਈ ਜ਼ਿਲ੍ਹਾ ਅਦਾਲਤ ਮੋਹਾਲੀ ਵਿੱਚ 18 ਬੈਂਚਾਂ ਦਾ ਗਠਨ ਕੀਤਾ ਗਿਆ ਜਿਨ੍ਹਾਂ ਦੀ ਪ੍ਰਧਾਨਗੀ ਹਰਦੀਪ ਸਿੰਘ, ਵਧੀਕ ਜਿਲ੍ਹਾ ਅਤੇ ਸੈਸ਼ਨ ਜੱਜ, ਨੀਤਿਕਾ ਵਰਮਾ, ਵਧੀਕ ਜਿਲ੍ਹਾ ਅਤੇ ਸੈਸ਼ਨ ਜੱਜ, ਤੇਜਪ੍ਰਤਾਪ ਸਿੰਘ ਰੰਧਾਵਾ, ਵਧੀਕ ਜਿਲ੍ਹਾ ਅਤੇ ਸੈਸ਼ਨ ਜੱਜ, ਸ੍ਰੀਮਤੀ ਨਵਦੀਪ ਕੌਰ ਗਿੱਲ, ਵਧੀਕ ਜਿਲ੍ਹਾ ਅਤੇ ਸੈਸ਼ਨ ਜੱਜ, ਰਣਧੀਰ ਵਰਮਾ, ਪ੍ਰਿੰਸੀਪਲ ਜੱਜ, ਫੈਮਲੀ ਕੋਰਟ, ਸ੍ਰੀ ਅਮਨਪ੍ਰੀਤ ਸਿੰਘ, ਵਧੀਕ ਪ੍ਰਿੰਸੀਪਲ ਜੱਜ, ਫੈਮਲੀ ਕੋਰਟ, ਅਭੇ ਰਾਜਨ ਸ਼ੁਕਲਾ, ਸਿਵਲ ਜੱਜ (ਜੂਨੀਅਰ ਡਵੀਜ਼ਨ), ਪੂਨਮ ਕਸ਼ਅਪ, ਸਿਵਲ ਜੱਜ (ਜੂਨੀਅਰ ਡਵੀਜ਼ਨ), ਕਿਰਨਦੀਪ ਸਿੰਘ, ਸਿਵਲ ਜੱਜ (ਜੂਨੀਅਰ ਡਵੀਜ਼ਨ), ਸੰਗਮ ਕੌਸ਼ਲ, ਸਿਵਲ ਜੱਜ (ਜੂਨੀਅਰ ਡਵੀਜ਼ਨ), ਪੱਲਵ ਅਰੋੜਾ, ਸਿਵਲ ਜੱਜ (ਜੂਨੀਅਰ ਡਵੀਜ਼ਨ), ਗੁਰਲੀਨ ਕੌਰ,ਸਿਵਲ ਜੱਜ (ਜੂਨੀਅਰ ਡਵੀਜ਼ਨ), ਅਨੁ ਚੌਧਰੀ, ਸਿਵਲ ਜੱਜ (ਜੂਨੀਅਰ ਡਵੀਜ਼ਨ), ਕਮਲ ਵਰਿੰਦਰ, ਪ੍ਰਜ਼ਾਈਡਿੰਗ ਅਫਸਰ, ਇੰਡਸਟਰੀਅਲ ਟ੍ਰਿਬਿਊਨਲ, ਸ੍ਰੀਮਤੀ ਗੁਰਮੀਤ ਕੌਰ, ਚੇਅਰਪਰਸਨ, ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ), ਤਹਿਸੀਲਦਾਰ, ਐਸ.ਏ.ਐਸ. ਨਗਰ, ਨਾਇਬ ਤਹਿਸੀਲਦਾਰ ਬਨੂੜ ਅਤੇ ਪ੍ਰਜਾਈਡਿੰਗ ਅਫਸਰ, ਜਿਲ੍ਹਾ ਕੰਜ਼ਿਊਮਰ ਕਮਿਸ਼ਨ ਵਲੋਂ ਕੀਤੀ ਗਈ।

ਇਸ ਤੋਂ ਇਲਾਵਾ ਸਬ—ਡਵੀਜ਼ਨ, ਡੇਰਾਬੱਸੀ ਵਿਖੇ 6 ਬੈਂਚ, ਸੁਦੀਪਾ ਕੌਰ, ਸਿਵਲ ਜੱਜ (ਜੂਨੀਅਰ ਡਵੀਜ਼ਨ), ਗੁਰਪ੍ਰੀਤ ਕੌਰ, ਸਿਵਲ ਜੱਜ (ਜੂਨੀਅਰ ਡਵੀਜ਼ਨ), ਨੰਦਿਤਾ, ਸਿਵਲ ਜੱਜ (ਜੂਨੀਅਰ ਡਵੀਜ਼ਨ), ਰੇਨਿਕਾ ਗੇਰਾ, ਸਿਵਲ ਜੱਜ (ਜੂਨੀਅਰ ਡਵੀਜ਼ਨ), ਅਮਿਤ ਗੁਪਤਾ, ਐੱਸ ਡੀ ਐੱਮ ਤੇ ਬੀਰ ਕਰਨ, ਤਹਿਸੀਲਦਾਰ, ਡੇਰਾਬੱਸੀ, ਖਰੜ ਵਿਖੇ 5 ਬੈਂਚ ਮਨਦੀਪ ਸਿੰਘ ਕੈਂਥ, ਸਿਵਲ ਜੱਜ (ਜੂਨੀਅਰ ਡਵੀਜ਼ਨ), ਸ਼ਵੇਤਾ ਦਾਸ, ਸਿਵਲ ਜੱਜ (ਜੂਨੀਅਰ ਡਵੀਜ਼ਨ), ਡਾ. ਸੀਮਾ ਅਗਨੀਹੋਤਰੀ, ਸਿਵਲ ਜੱਜ (ਜੂਨੀਅਰ ਡਵੀਜ਼ਨ), ਨਾਇਬ ਤਹਿਸੀਲਦਾਰ, ਖਰੜ ਅਤੇ ਨਾਇਬ ਤਹਿਸੀਲਦਾਰ, ਮਾਜਰੀ ਦੀ ਅਗਵਾਈ ਵਿਚ ਗਠਤ ਕੀਤੇ ਗਏ।ਮੇਘਾ ਧਾਲੀਵਾਲ, ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ ਏ ਐੱਸ ਨਗਰ ਨੇ ਦੱਸਿਆ ਕਿ ਕੌਮੀ ਲੋਕ ਅਦਾਲਤ ਵਿੱਚ ਕੁੱਲ 26836 ਕੇਸ ਨਿਪਟਾਰੇ ਲਈ ਰੱਖੇ ਗਏ ਜਿਨ੍ਹਾਂ ਵਿੱਚੋਂ 21873 ਕੇਸਾਂ ਦਾ ਨਿਪਟਾਰਾ ਕਰਕੇ ਕੁੱਲ 203,23,40,625/- ਕੀਮਤ ਦੇ ਅਵਾਰਡ ਪਾਸ ਕੀਤੇ ਗਏ।


## ਇੰਦਰਜੀਤ ਕੌਰ ਮਾਨ ਵੱਲੋਂ ਲੋਕ ਮਿਲਣੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਹਰ ਘਰ ਨੂੰ ਸਾਫ ਪੀਣ ਵਾਲਾ ਪਾਣੀ, ਪਾਣੀ ਦੇ ਨਿਕਾਸ ਪ੍ਰਬੰਧ, ਨੌਜਵਾਨਾਂ ਲਈ ਖੇਡ ਮੈਦਾਨ, ਪਿੰਡਾਂ ਲਈ ਕੰਕਰੀਟ ਦੀਆਂ ਫਿਰਨੀਆਂ, ਨਵੀਆਂ ਤੇ ਚੌੜੀਆਂ ਸੜਕਾਂ ਅਤੇ ਹੋਰ ਬਹੁਤ ਸਾਰੀਆਂ ਸੁੱਖ ਸਹੂਲਤਾਂ ਸਰਕਾਰ ਪਹਿਲਾਂ ਦੇ ਅਧਾਰ 'ਤੇ ਦੇ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰ ਵਰਗ ਦੀਆਂ ਲੋੜਾਂ ਨੂੰ ਮੁੱਖ ਰੱਖ ਕੇ ਇਹ ਸਭ ਕੁਝ ਕੀਤਾ ਜਾ ਰਿਹਾ ਹੈ। ਇਹ ਵਿਚਾਰ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਪਿੰਡਾਂ 'ਚ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਕੱਤਰ ਲੋਕਾਂ ਨੂੰ ਸੰਬੋਧਨ ਕਰਦਿਆਂ ਕਹੇ। ਉਹਨਾਂ ਆਖਿਆ ਕਿ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਹਰੇਕ ਪੰਚਾਇਤ ਨੂੰ ਗਰਾਂਟਾਂ ਦਿੱਤੀਆਂ ਗਈਆਂ ਹਨ। ਬੀਬੀ ਮਾਨ ਨੇ ਆਖਿਆ ਲੋਕਾਂ ਸਾਹਮਣੇ ਇਹ ਲੇਖਾ ਜੋਖਾ ਬਹੁਤ ਜਰੂਰੀ ਹੈ ਕਿਉਕਿ ਪੰਚਾਇਤਾਂ ਰਾਹੀ ਪਿੰਡਾਂ ਦਾ ਵਿਕਾਸ ਹੋਣਾ ਸੰਭਵ ਹੈ। ਸਰਕਾਰ ਆਪ ਕੇ ਦੁਆਰ ਤਹਿਤ ਲੋਕਾਂ ਦੀ ਸੁਣਵਾਈ ਹੋ ਰਹੀ ਹੈ।ਅਸੀਂ ਲੋਕਾਂ ਦੀ ਸੇਵਾ ਵਿੱਚ ਦਿਨ ਰਾਤ ਲੱਗੇ ਹੋਏ ਹਾਂ।ਬੀਬੀ ਮਾਨ ਨੇ ਆਖਿਆ ਇਹ ਜੋ ਜਿੰਮੇਵਾਰੀ ਮੈਨੂੰ ਮੇਰੇ ਹਲਕੇ ਦੇ ਲੋਕਾਂ ਨੇ ਦਿੱਤੀ ਹੈ ਉਸ ਤਹਿਤ ਹੁਣ ਤੱਕ ਹਰੇਕ ਪਿੰਡ ਵਿੱਚ ਹੁਣ ਕਈ ਕਈ ਵਾਰ ਪਹੁੰਚ ਕੇ ਲੋਕਾਂ ਦੇ ਦੁੱਖ ਸੁੱਖ ਸੁਣੇ ਜਾ ਰਹੇ ਹਨ। ਜਿਸ ਤਹਿਤ ਪਿੰਡ ਮਿੱਠੜਾ, ਹਰੀ ਸਿੰਘ ਸਿੱਧਮ, ਜਾਗੋ ਸੰਘਾ, ਸਿੱਧਮ ਮੁਸਤੱਦੀ, ਸ਼ੇਰਪੁਰ, ਗੋਰਸੀਆਂ ਨਿਹਾਲ, ਗੋਰਸੀਆਂ ਪੀਰਾਂ, ਤੱਗੜਾਂ ਵਿੱਚ ਲੋਕ ਮਿਲਣੀ ਪ੍ਰੋਗਰਾਮ ਤਹਿਤ ਲੋਕਾਂ ਦੇ ਮਸਲੇ ਹੱਲ ਕੀਤੇ ਜਾ ਰਹੇ ਹਨ।ਇਸ ਮੌਕੇ ਪਿੰਡਾਂ ਦੇ ਪੰਚ, ਸਰਪੰਚ, ਆਮ ਆਦਮੀ ਪਾਰਟੀ ਦੇ ਅਹੁਦੇਦਾਰ ਸਾਹਿਬਾਨ ਤੋਂ ਇਲਾਵਾ ਧਰਮ ਪਾਲ ਮਿੱਠੜਾ, ਗੁਰਮੇਜ ਸਿੰਘ ਮਿੱਠੜਾ ਸੁਖਦੀਪ ਸਿੰਘ ਸਰਪੰਚ ਸਿੱਧਮ ਹਰੀ ਸਿੰਘ, ਸੰਦੀਪ ਜਾਗੋ ਸੰਘਾ, ਵੇਦ ਪ੍ਰਕਾਸ਼, ਕੁਲਦੀਪ ਚੰਦ ਸਰਪੰਚ ਸਿੱਧਮ ਮੁਸਤੱਦੀ, ਕੁਲਦੀਪ ਸਿੰਘ ਸਰਪੰਚ, ਕੁਲਵੰਤ ਸਿੰਘ ਬਲਾਕ ਪ੍ਰਧਾਨ, ਸੰਦੀਪ ਕੁਮਾਰ, ਸਤਨਾਮ ਸਿੰਘ, ਸੌਦਾਗਰ ਸਿੰਘ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।




## ਡੈੱਡ ਬਾਡੀ ਮਸ਼ੀਨ ਦੀ ਸੇਵਾ ਹੁਣ ਪੂਰੀ ਤਰ੍ਹਾਂ ਮੁਫ਼ਤ

**ਦਸੂਹਾ (ਕਰਨੈਲ ਮਾਂਗਟ)** ਸਵਰਗਧਾਮ ਦਸੂਹਾ ਦੀ ਪ੍ਰਬੰਧਕੀ ਮੀਟਿੰਗ ਦੌਰਾਨ ਇੱਕ ਮਹੱਤਵਪੂਰਨ ਅਤੇ ਲੋਕ-ਹਿਤੈਸ਼ੀ ਫੈਸਲਾ ਲੈਂਦਿਆਂ ਡੈੱਡ ਬਾਡੀ ਮਸ਼ੀਨ ਦੀ ਸੇਵਾ ਹੁਣ ਹਰ ਵਿਅਕਤੀ ਲਈ ਬਿਨਾਂ ਕਿਸੇ ਫੀਸ ਦੇ ਮੁਫ਼ਤ ਮੁਹੱਈਆ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਇਸ ਸੇਵਾ ਲਈ ਕੁਝ ਰਕਮ ਵਸੂਲ ਕੀਤੀ ਜਾਂਦੀ ਸੀ, ਪਰ ਹੁਣ ਲੋਕਾਂ ਦੀ ਸਹੂਲਤ ਅਤੇ ਮਨੁੱਖਤਾ ਨੂੰ ਧਿਆਨ ਵਿੱਚ ਰੱਖਦਿਆਂ ਇਹ ਸੇਵਾ ਪੂਰੀ ਤਰ੍ਹਾਂ ਮੁਫ਼ਤ ਕਰ ਦਿੱਤੀ ਗਈ ਹੈ। ਇਹ ਅਹਿਮ ਫੈਸਲਾ ਸਵਰਗਧਾਮ ਦਸੂਹਾ ਦੇ ਮੈਨੇਜਰ ਐਡਵੋਕੇਟ ਪੁਨੀਤ ਬੱਸੀ ਅਤੇ ਪ੍ਰਧਾਨ ਓਮਕਾਰ ਨਾਥ ਰਲਹਾਨ ਦੀ ਪ੍ਰਬੰਧਕੀ ਭੂਮਿਕਾ ਹੇਠ ਲਿਆ ਗਿਆ। ਇਸ ਫੈਸਲੇ ਨੂੰ ਆਰੀਆ ਸਮਾਜ ਐਜੂਕੇਸ਼ਨਲ ਐਂਡ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਐਡਵੋਕੇਟ ਵਿਜੇ ਕੁਮਾਰ ਬੱਸੀ ਦੀ ਅਗਵਾਈ ਅਤੇ ਸਹਿਮਤੀ ਨਾਲ ਅਮਲੀ ਰੂਪ ਦਿੱਤਾ ਗਿਆ। ਮੀਟਿੰਗ ਵਿੱਚ ਅਮਿਤ ਕੁਮਾਰ ਬੱਸੀ (ਸਰਕਾਰੀ ਠੇਕੇਦਾਰ), ਰਿਟਾਇਰਡ ਪ੍ਰਿੰਸੀਪਲ ਸਵਤੰਤਰ ਕੁਮਾਰ ਚੋਪੜਾ, ਪ੍ਰਿੰਸੀਪਲ ਰਾਜੇਸ਼ ਗੁਪਤਾ, ਸੁਮਿਤ ਚੋਪੜਾ, ਉਸ਼ਾ ਰਲਹਾਨ ਅਤੇ ਸ਼ਾਸਤਰੀ ਯਸ਼ਵੀਰ ਸਮੇਤ ਹੋਰ ਮੈਂਬਰ ਹਾਜ਼ਰ ਸਨ। ਪ੍ਰਬੰਧਕਾਂ ਨੇ ਕਿਹਾ ਕਿ ਸਵਰਗਧਾਮ ਦਸੂਹਾ ਦਾ ਮੁੱਖ ਉਦੇਸ਼ ਲੋਕਾਂ ਨੂੰ ਅੰਤਿਮ ਸੰਸਕਾਰ ਨਾਲ ਸਬੰਧਤ ਜ਼ਰੂਰੀ ਸਹੂਲਤਾਂ ਸੇਵਾ ਭਾਵਨਾ, ਮਨੁੱਖਤਾ ਅਤੇ ਲੋਕ-ਭਲਾਈ ਦੀ ਭਾਵਨਾ ਨਾਲ ਪ੍ਰਦਾਨ ਕਰਨਾ ਹੈ। ਪਰਵਾਰ ਲਈ ਦੁੱਖ ਦੇ ਸਮੇਂ ਵਿੱਚ ਡੈੱਡ ਬਾਡੀ ਮਸ਼ੀਨ ਦੀ ਮੁਫ਼ਤ ਸਹੂਲਤ ਉਪਲਬਧ ਹੋਣ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਰਥਿਕ ਬੋਝ ਵੀ ਘਟੇਗਾ।



## ਸਾਲਾਨਾ ਕੀਰਤਨ ਦਰਬਾਰ 3 ਅਕਤੂਬਰ ਨੂੰ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂ ਨਾਨਕ ਸਭਾ ਆਦਮਪੁਰ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ 32ਵਾਂ ਮਹਾਨ ਕੀਰਤਨ ਦਰਬਾਰ 3 ਅਕਤੂਬਰ ਦਿਨ ਸ਼ਨੀਵਾਰ ਨੂੰ ਸ਼ਾਮ 5 ਵਜੇ ਰਾਤ 1 ਵਜੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਰਦਪੁਰ ਆਦਮਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਆਦਮਪੁਰ ਵਿਖੇ ਕੀਰਤਨ ਦਰਬਾਰ ਸਬੰਧੀ ਪੋਸਟਰ ਰਿਲੀਜ਼ ਕਰਦਿਆਂ ਦੱਸਿਆ ਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਗੁਰਦੁਆਰਾ ਰਾਮਗੜ੍ਹੀਆ ਤੋਂ ਸ਼ਾਮ 4 ਵਜੇ ਪੂਰੀ ਸ਼ਾਨੋ ਸ਼ੌਕਤ ਅਤੇ ਗੁਰ ਮਰਿਆਦਾ ਅਨੁਸਾਰ ਪੰਜ ਪਿਆਰਿਆਂ ਦੀ ਅਗਵਾਈ ਅਤੇ ਨਗਰ ਕੀਰਤਨ ਦੇ ਰੂਪ ਵਿੱਚ (ਪੰਡਾਲ ਵਿੱਚ) ਲਿਆਂਦੀ ਜਾਵੇਗੀ। ਸਭ ਤੋਂ ਪਹਿਲਾਂ ਰਹਿਰਾਸ ਸਾਹਿਬ ਜੀ ਦੇ ਪਾਠ ਕੀਤੇ ਜਾਣਗੇ। ਉਪਰੰਤ ਮਹਾਨ ਕੀਰਤਨ ਦਰਬਾਰ ਸਜਾਇਆ ਜਾਵੇਗਾ। ਜਿਸ ਦੌਰਾਨ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ, ਸੰਤ ਬਾਬਾ ਨਿਹਾਲ ਸਿੰਘ ਜੀ ਮੁੱਖੀ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਬੇਲਾਂ, ਰਾਗੀ ਜੱਥਾ ਭਾਈ ਬਲਪ੍ਰੀਤ ਸਿੰਘ ਲੁਧਿਆਣੇ ਵਾਲੇ, ਰਾਗੀ ਜੱਥਾ ਭਾਈ ਹਰਜੋਤ ਸਿੰਘ ਜ਼ਖਮੀ ਜਲੰਧਰ ਵਾਲੇ, ਹਜ਼ੂਰੀ ਰਾਗੀ ਜੱਥਾ ਭਾਈ ਸਰੂਪ ਸਿੰਘ ਜੀ ਰੂਪ ਦਰਬਾਰ ਸਹਿਬ ਅੰਮ੍ਰਿਤਸਰ ਸਾਹਿਬ, ਕਵੀਸ਼ਰੀ ਜੱਥਾ ਗਿਆਨੀ ਸੁਖਬੀਰ ਸਿੰਘ ਗੁਰੂ ਨਾਨਕ ਦਲ ਵਾਲੇ ਆਈਆਂ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਨਿਹਾਲ ਕਰਨਗੇ। ਇਸ ਮੌਕੇ ਕੁਲਵਿੰਦਰ ਸਿੰਘ ਟੋਨੀ, ਹਰਵਿੰਦਰ ਸਿੰਘ ਭੂਈ, ਕਮਲਜੀਤ ਸਿੰਘ ਰਹਿਸੀ, ਪਰਮਜੀਤ ਸਿੰਘ ਨੋਤਾ, ਅਮਰਜੀਤ ਸਿੰਘ ਭੋਗਪੁਰੀਆ, ਓਂਕਾਰ ਸਿੰਘ ਫਲੋਰਾ, ਹਰਜਿੰਦਰ ਸਿੰਘ ਸੂਰੀ, ਰਣਜੋਤ ਸਿੰਘ ਸੂਰੀ, ਭੁਪਿੰਦਰ ਸਿੰਘ ਕਾਲਰਾ, ਗੁਰਪੁਨੀਤ ਸਿੰਘ ਨੋਤਾ, ਤਰਨਜੀਤ ਸਿੰਘ ਭੋਗਲ, ਹਰਿੰਦਰ ਸਿੰਘ ਬਾਂਸਲ, ਕੁਲਜੀਤ ਸਿੰਘ ਭੂਈ, ਮਨਰਾਜ ਸਿੰਘ, ਅੰਮ੍ਰਿਤਪਾਲ ਸਿੰਘ ਫਲੋਰਾ, ਮਨਵੀਰ ਸਿੰਘ ਭੋਗਲ, ਨਵਦੀਪ ਸਿੰਘ ਵਿਰਦੀ, ਗੁਰਜੋਤ ਸਿੰਘ, ਹਰਜੋਤ ਸਿੰਘ, ਤਰਨਜੋਤ ਸਿੰਘ ਅਤੇ ਹੋਰ ਹਾਜ਼ਰ ਸਨ।



## ਗੁਰੂ ਨਾਨਕ ਖਾਲਸਾ ਕਾਲਜ 'ਚ ਪ੍ਰਤਿਭਾ ਖੋਜ ਮੁਕਾਬਲੇ

**ਸੁਲਤਾਨਪੁਰ ਲੋਧੀ (ਹਨੀ)**- ਗੁਰੂ ਨਾਨਕ ਖਾਲਸਾ ਕਾਲਜ ਵਿਖੇ ਪ੍ਰਤਿਭਾ ਖੋਜ ਮੁਕਾਬਲਿਆਂ ਦਾ ਆਯੋਜਨ ਬੜੀ ਧੂਮ ਧਾਮ ਨਾਲ ਕੀਤਾ ਗਿਆ। ਬੀਬੀ ਗੁਰਪ੍ਰੀਤ ਕੌਰ ਰੂਹੀ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਇੰਜੀ. ਹਰਨਿਆਮਤ ਕੌਰ ਦਾ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕਰਨ 'ਤੇ ਪ੍ਰਿੰਸੀਪਲ ਜਸਬੀਰ ਕੌਰ, ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ। ਵੱਖ ਵੱਖ ਮੁਕਾਬਲਿਆਂ ਵਿਚ ਵਿਦਿਆਰਥੀਆਂ ਨੇ ਵੱਡੀ ਗਿਣਤੀ 'ਚ ਹਿੱਸਾ ਲਿਆ। ਕਵਿਤਾ ਉਚਾਰਨ ਮੁਕਾਬਲੇ 'ਚ ਧਰਮਪ੍ਰੀਤ ਸਿੰਘ ਪਹਿਲੇ, ਗੁਰਲੀਨਪ੍ਰੀਤ ਕੌਰ ਦੂਜੇ ਅਤੇ ਸਿਮਰਨ ਟੰਡਨ ਤੀਜੇ ਸਥਾਨ 'ਤੇ ਰਹੀ। ਡੀਬੇਟ ਤੇ ਐਲੋਕੇਸ਼ਨ ਮੁਕਾਬਲੇ 'ਚ ਹਰਪ੍ਰੀਤ ਕੌਰ ਪਹਿਲੇ, ਨਵਜੋਤ ਕੌਰ ਦੂਜੇ ਅਤੇ ਰਾਖੀ ਤੀਜੇ ਸਥਾਨ 'ਤੇ ਰਹੀ।


ਪੋਸਟਰ ਮੇਕਿੰਗ 'ਚ ਰਿਪਨਜੀਤ ਕੌਰ ਪਹਿਲੇ, ਹਰਲੀਨ ਕੌਰ ਤੇ ਰਾਜਦੀਪ ਦੂਜੇ ਅਤੇ ਰੁਚੀ ਤੇ ਸਿਮਰਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ । ਕਾਰਟੂਨਿੰਗ 'ਚ ਅਲੀਸ਼ਾ ਜੇਤੂ ਰਹੀ। ਰੰਗੋਲੀ 'ਚ ਰਵਨੀਤ ਕੌਰ ਤੇ ਸਿਮਰਨ ਟੰਡਨ ਨੇ ਪਹਿਲਾ, ਐਸ਼ਵੀਰ ਕੌਰ ਤੇ ਨਵਪ੍ਰੀਤ ਕੌਰ ਨੇ ਦੂਜਾ ਅਤੇ ਮਨਦੀਪ ਕੌਰ ਤੇ ਜਸਲੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਮਹਿੰਦੀ 'ਚ ਅੰਜਲੀ ਨੇ ਪਹਿਲੇ, ਮਿਸ਼ਟੀ ਤੇ ਜੈਸਮੀਨ ਦੂਜੇ ਅਤੇ ਨਰਿੰਦਰ ਕੌਰ ਨੇ ਤੀਜੇ ਸਥਾਨ 'ਤੇ ਰਹੀ। ਗਾਇਕੀ 'ਚ ਅਨਮੋਲਪ੍ਰੀਤ ਕੌਰ ਅਤੇ ਅਲੀਸ਼ਾ ਨੇ ਪਹਿਲੇ, ਸੁਖਜੀਵਨ ਸਿੰਘ ਦੂਜੇ ਅਤੇ ਪਲਕਪ੍ਰੀਤ ਕੌਰ ਤੇ ਮਨਮੀਤ ਕੌਰ ਤੀਜੇ ਸਥਾਨ 'ਤੇ ਰਹੀ ।



ਸੋਲੋ ਡਾਂਸ 'ਚ ਮਹਿਕਪ੍ਰੀਤ ਕੌਰ ਪਹਿਲੇ, ਧਰਮਪ੍ਰੀਤ ਸਿੰਘ ਦੂਜੇ ਅਤੇ ਅਨਾਮਿਕਾ ਤੀਜੇ ਸਥਾਨ 'ਤੇ ਰਹੀ । ਸਕਿਟ 'ਚ ਬੈਸਟ ਐਕਟਰ ਦਾ ਅਵਾਰਡ ਪ੍ਰਭਜੋਤ ਕੌਰ ਨੂੰ ਦਿੱਤਾ ਗਿਆ। ਗਤਕਾ 'ਚ ਏਕਨੂਰ ਸਿੰਘ ਅਤੇ ਜਗਦੇਵ ਸਿੰਘ ਨੂੰ ਹੌਸਲਾ ਅਫ਼ਜਾਈ ਇਨਾਮ ਦਿੱਤੇ ਗਏ। ਮਿਊਜ਼ਿਕ ਇੰਸਟਰੂਮੈਂਟਲ 'ਚ ਵਾਸੁਦੇਵ ਜੇਤੂ ਰਿਹਾ। ਗਰੁੱਪ ਡਾਂਸ 'ਚ ਮਹਿਕਪ੍ਰੀਤ ਕੌਰ, ਤਾਨੀਆ ਹੰਸ, ਹਰਪ੍ਰੀਤ ਕੌਰ, ਸੁਮਨਪ੍ਰੀਤ ਕੌਰ, ਪ੍ਰਭਲੀਨ ਕੌਰ, ਕੋਮਲਪ੍ਰੀਤ ਕੌਰ, ਅਰਸ਼ਦੀਪ ਕੌਰ ਤੇ ਸਾਨੀਆ ਦਾ ਗਰੁੱਪ ਪਹਿਲੇ, ਗੁਰਜੀਤ ਕੌਰ, ਸਿਮਰਨਜੀਤ ਕੌਰ ਤੇ ਕਿਰਨਪ੍ਰੀਤ ਸੰਧੂ ਦਾ ਗਰੁੱਪ ਦੂਜੇ ਅਤੇ ਤਨੀਸ਼ਾ, ਸੁਖਵਿੰਦਰ ਕੌਰ, ਗਗਨਦੀਪ ਕੌਰ, ਦੀਕਸ਼ਾ ਸਹੋਤਾ ਤੇ ਉਮੀਦ ਦਾ ਗਰੁੱਪ ਤੀਜੇ ਸਥਾਨ 'ਤੇ ਰਿਹਾ। ਸਮਾਗਮ ਦੇ ਅੰਤ ਵਿਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਮੰਚ ਦਾ ਸੰਚਾਲਨ ਪ੍ਰੋ.ਅਰਸ਼ਪ੍ਰੀਤ ਕੌਰ ਵੱਲੋਂ ਅਤੇ ਜੱਜਾਂ ਦੀ ਭੂਮਿਕਾ ਪ੍ਰੋ. ਰਾਜਦੀਪ ਕੌਰ ਜੋਸਨ, ਪ੍ਰੋ.ਰਾਜਪ੍ਰੀਤ ਕੌਰ, ਪ੍ਰੋ.ਜੁਗਰਾਜ ਸਿੰਘ, ਪ੍ਰੋ. ਨਿਵਿਆ ਸ਼ਰਮਾ ਅਤੇ ਪ੍ਰੋ.ਸ਼ਿਲਪਾ ਵੱਲੋਂ ਨਿਭਾਈ ਗਈ।

## ਸਿਲਵਰ ਓਕ ਸਕੂਲ 'ਚ ਪੇਰੈਂਟ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਪੇਰੈਂਟ ਓਰੀਐਂਟੇਸ਼ਨ ਪ੍ਰੋਗਰਾਮ ਦੇ ਤਹਿਤ ਮਾਪਿਆਂ ਨੂੰ ਜਾਗਰੂਕ ਕੀਤਾ ਗਿਆ। ਸੰਸਥਾ ਤੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਇਹ ਪ੍ਰੋਗਰਾਮ ਉਲੀਕਿਆ ਗਿਆ। ਇਸ ਪ੍ਰੋਗਰਾਮ ਦੌਰਾਨ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਮਾਪਿਆਂ ਦੇ ਨਾਲ ਭੇਟ ਕਰਦੇ ਹੋਏ ਉਹਨਾਂ ਨਾਲ ਬੱਚਿਆਂ ਦੇ ਆਉਣ ਵਾਲੇ ਬੋਰਡ ਦੀ ਪ੍ਰੀਖਿਆ ਅਤੇ ਉਹਨਾਂ ਦੇ ਪੜ੍ਹਾਈ ਨਾਲ ਸੰਬੰਧਿਤ ਸਮੱਸਿਆਵਾਂ ਅਤੇ ਉਹਨਾਂ ਦੇ ਹੱਲ ਬਾਰੇ ਵਿਚਾਰ ਸਾਂਝੇ ਕੀਤੇ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਬੱਚਿਆਂ ਦੇ ਵਿੱਚ ਪੜ੍ਹਾਈ ਦਾ ਰੁਝਾਨ ਅੱਜ ਕੱਲ ਥੋੜਾ ਘੱਟ ਹੁੰਦਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਦਾ ਕਾਰਨ ਅੱਜ ਕੱਲ ਦਾ ਸੋਸ਼ਲ ਨੈਟਵਰਕਿੰਗ ਮੀਡੀਆ, ਮੋਬਾਈਲ ਅਤੇ ਬੱਚਿਆਂ ਦੇ ਹੱਥਾਂ ਵਿੱਚ ਦਿੱਤੇ ਹੋਏ ਵਾਹਨ ਹਨ ਜੋ ਕਿ ਬੱਚਿਆਂ ਦਾ ਧਿਆਨ ਪੜ੍ਹਾਈ ਤੋਂ ਭਟਕਾ ਦਿੰਦੇ ਹਨ। ਸੰਸਥਾ ਤੇ ਚੇਅਰਮੈਨ ਤਰਲੋਚਨ ਸਿੰਘ ਨੇ ਬੱਚਿਆਂ ਦੀ ਪੜ੍ਹਾਈ ਦੇ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦੇ ਹੋਏ ਕਿਹਾ ਕਿ ਬੱਚਿਆਂ ਨੂੰ ਕਿਸੇ ਵਕਤ ਦੀ ਪੜ੍ਹਾਈ ਨਾਲ ਸੰਬੰਧਿਤ ਕੋਈ ਵੀ ਸਮੱਸਿਆ ਆਉਂਦੀ ਹੈ ਤਾਂ ਸਿਲਵਰ ਓਕ ਸਕੂਲ ਦੇ ਅਧਿਆਪਕ ਹਰ ਵੇਲੇ ਉਹਨਾਂ ਦੀਆਂ ਸਮੱਸਿਆਵਾਂ ਦਾ ਹੱਲ ਕੱਢਣ ਲਈ ਤਤਪਰ ਰਹਿੰਦੇ ਹਨ ਅਤੇ ਕੋਈ ਵੀ ਬੱਚਾ ਕਿਸੇ ਵੇਲੇ ਵੀ ਆਪਣੇ ਅਧਿਆਪਕ ਦੇ ਨਾਲ ਪੜ੍ਹਾਈ ਦੀ ਸਮੱਸਿਆ ਬਾਰੇ ਵਿਚਾਰ ਕਰ ਸਕਦਾ ਹੈ ਜਿਸ ਦਾ ਹਰ ਮੌਕੇ ਤੇ ਹੀ ਕੱਢਿਆ ਜਾਂਦਾ ਹੈ। ਪ੍ਰਿੰਸੀਪਲ ਸੰਗਰ ਨੇ ਕਿਹਾ ਕਿ ਇਹਨਾਂ ਸਭ ਕੋਸ਼ਿਸ਼ਾਂ ਦਾ ਮੰਤਵ ਸਿਰਫ ਇੱਕ ਹੀ ਹੈ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਮਿਲੇ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਗੁਰਪ੍ਰੀਤ ਕੌਰ, ਨੇਹਾ, ਸੁਮਨ, ਹਰਜੀਤ, ਹਰਮਿੰਦਰ, ਵਿਨੇ, ਸ਼ਿਲਪਾ, ਤਨੀਸ਼ਾ, ਬਲਜੀਤ, ਕੰਚਨ, ਪਰਮਜੀਤ, ਰਜਮੀਤ, ਅੰਕੀਤਾ ਸੋਨੂ ਅਤੇ ਹੋਰ ਸਟਾਫ ਮੌਜੂਦ ਸੀ।



## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਰੋਸ ਮਾਰਚ ਉਪਰੰਤ ਡਿਪਟੀ ਸਪੀਕਰ ਦੇ ਘਰ ਦਾ ਘਿਰਾਓ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਪੰਜਾਬ ਦੇ ਮੰਤਰੀਆਂ ਦੇ ਦਫਤਰਾਂ/ਘਰਾਂ ਦੇ ਘਿਰਾਓ ਦੇ ਸੱਦੇ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਨਵਾਂਸ਼ਹਿਰ ਦੇ ਹਜ਼ਾਰਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਪੰਜਾਬ ਦੇ ਕਨਵੀਨਰ ਕਮ ਕੋਆਰਡੀਨੇਟਰ ਸਤੀਸ਼ ਰਾਣਾ, ਸ਼ਿਵ ਕੁਮਾਰ ਤਿਵਾੜੀ, ਮੱਖਣ ਸਿੰਘ ਵਾਹਿਦਪੁਰੀ, ਅਮਰੀਕ ਸਿੰਘ, ਕੁਲਵਰਨ ਸਿੰਘ, ਸੁਰਿੰਦਰ ਕੁਮਾਰ ਪੁਆਰੀ, ਅਨੁਰਿਧ ਮੋਦਗਿਲ, ਜੈਲ ਸਿੰਘ, ਸੰਜੀਵ ਕੁਮਾਰ, ਜਸਵੀਰ ਤਲਵਾੜਾ, ਸੁਖਦੇਵ ਡਾਨਸੀਵਾਲ, ਨਿਰਮਲ ਸਿੰਘ ਹੁਸ਼ਿਆਰਪੁਰ, ਕਮਲਜੀਤ ਕੌਰ, ਸ਼ਕੁੰਤਲਾ ਦੇਵੀ ਦੀ ਅਗਵਾਈ ਵਿੱਚ ਬੱਸ ਸਟੈਂਡ ਗੜ੍ਹਸ਼ੰਕਰ ਵਿਖੇ ਵਿਸ਼ਾਲ ਇੱਕਠ ਉਪਰੰਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਰਿਹਾਇਸ਼ ਵੱਲ ਨੂੰ ਰੋਸ ਮਾਰਚ ਅਤੇ ਮੁਜ਼ਾਹਰਾ ਕੀਤਾ ਗਿਆ ਜਿਸ ਵਿੱਚ ਵੱਡੀ ਗਿਣਤੀ ਮਿਡ ਡੇ ਮੀਲ, ਆਂਗਨਵਾੜੀ ਅਤੇ ਆਸ਼ਾ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੋਸ ਮਾਰਚ ਅਤੇ ਮੁਜ਼ਾਹਰੇ ਵਿੱਚ ਸ਼ਾਮਿਲ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਆਪਣੀਆਂ ਜੱਥੇਬੰਦੀਆਂ ਦੇ ਝੰਡਿਆਂ ਦੇ ਨਾਲ ਨਾਲ ਰੋਸ ਦਾ ਪ੍ਰਗਟਾਵਾ ਕਰਨ ਲਈ ਕਾਲੇ ਝੰਡੇ ਵੀ ਚੁੱਕੇ ਹੋਏ ਸਨ ਜੋ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਪ੍ਰਤੀ ਗਹਿਰੇ ਗੁੱਸੇ ਅਤੇ ਰੋਸ ਦਾ ਪ੍ਰਤੀਕ ਸਨ। ਇਸ ਸਮੇਂ ਤਾਲਮੇਲ ਕਮੇਟੀ ਦੇ ਆਗੂਆਂ ਕੁਲਦੀਪ ਸਿੰਘ ਦੌੜਕਾ, ਕੁਲਵਿੰਦਰ ਸਿੰਘ ਅਟਵਾਲ, ਵਿਜੈ ਕੁਮਾਰ, ਮੁਕੇਸ਼ ਕੁਮਾਰ, ਰਾਮ ਕਿਸ਼ਨ ਪਲੀ ਝਿੱਕੀ, ਸੋਮ ਲਾਲ ਥੋਪੀਆ, ਇੰਦਰਸੁਖਦੀਪ ਸਿੰਘ ਓਡਰਾ, ਮਨਜੀਤ ਸਿੰਘ ਦਸੂਹਾ, ਬਿਕਰਮਜੀਤ ਸਿੰਘ, ਨਰਿੰਦਰ ਅਜਨੋਹਾ, ਅਮਰਜੀਤ ਸਿੰਘ, ਜਸਵਿੰਦਰ ਔਜਲਾ, ਅੰਮ੍ਰਿਤਪਾਲ ਸਿੰਘ, ਜਤਿੰਦਰ ਸੋਨੀ, ਮਦਨ ਲਾਲ ਸੈਣੀ, ਨਰਿੰਦਰ ਸਿੰਘ ਗੋਲੀ ਵਲੋਂ ਜ਼ੋਰਦਾਰ ਮੰਗ ਕੀਤੀ ਗਈ ਕਿ ਪੰਜਾਬ ਸਰਕਾਰ ਆਪਣੇ ਕੀਤੇ ਵਾਅਦਿਆਂ ਅਤੇ ਹਾਈ ਕੋਰਟ ਦੇ ਫੈਸਲੇ ਅਨੁਸਾਰ ਰਹਿੰਦੇ 18% ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨ, ਪੈਨਸ਼ਨ ਦੁਹਰਾਈ 2.59 ਦੇ ਗੁਣਾਕ ਨਾਲ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਅਨਰਿਵਾਈਜ਼ਡ ਕੈਟਾਗਰੀਆਂ ਦੀ ਤਨਖਾਹ 2.59 ਦੇ ਗੁਣਾਕ ਨਾਲ ਸੋਧਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਮਾਣ ਭੱਤਾ ਇਨਸੈਂਟਿਵ ਵਰਕਰਾਂ ਨੂੰ ਘੱਟੋ ਘੱਟ ਉਜਰਤਾਂ ਦੇ ਘੇਰੇ ਵਿੱਚ ਲਿਆਉਣ, ਅਦਾਲਤਾਂ ਵੱਲੋਂ ਮੁਲਾਜ਼ਮਾ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤੇ ਗਏ ਫੈਸਲਿਆਂ ਨੂੰ ਜਨਰਲਾਈਜ਼ ਕਰਨ ਆਦਿ ਵਾਜਬ ਬਿਨਾ ਕਿਸੇ ਦੇਰੀ ਦੇ ਲਾਗੂ ਕਰੇ। ਇਸ ਸਮੇਂ ਬਲਵੀਰ ਸਿੰਘ ਖਾਨ ਪੁਰੀ, ਗੁਰਦਿਆਲ ਸਿੰਘ, ਮੱਖਣ ਸਿੰਘ ਲੰਗੇਰੀ, ਵਿਨੇ ਕੁਮਾਰ, ਜਸਵਿੰਦਰ ਸਿੰਘ, ਮਨਜੀਤ ਸਿੰਘ ਦਸੂਹਾ, ਜਰਨੈਲ ਸਿੰਘ, ਅਵਤਾਰ ਲਾਲ, ਮਨਜੀਤ ਸਿੰਘ ਬਾਬਾ, ਚੰਦਰ ਸ਼ੇਖਰ, ਨਰਿੰਦਰ ਭਾਰਟਾ, ਸੋਮ ਲਾਲ ਥੋਪੀਆਂ, ਸੋਹਣ ਸਿੰਘ ਬਲਾਚੌਰ, ਨਰਿੰਦਰ ਸਿੰਘ ਗੋਰਾਇਆ, ਮਨਜੀਤ ਬੰਗਾ, ਬਲਜੀਤ ਸਿੰਘ ਮਹਿਮੋਵਾਲ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ ਆਦਿ ਹਾਜ਼ਿਰ ਸਨ।



## ਡਾਕਟਰ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਦੇਣ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ : ਕੁਲਵੰਤ ਸਿੰਘ

**ਮੁਹਾਲੀ (ਗੁਰਜੀਤ ਬਿੱਲਾ)**- ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਟਿਜ਼ਮ ਸੈਂਟਰ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲੋਂ ਹੋਰ ਲੋੜੀਂਦੀ ਸਹਾਇਤਾ ਲਿਆਂਦੀ ਜਾਵੇਗੀ ਅਤੇ ਸੈਂਟਰ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਵਿਧਾਇਕ ਕੁਲਵੰਤ ਸਿੰਘ ਸੈਕਟਰ-79 ਸਥਿਤ ਆਟਿਜ਼ਮ ਸੈਂਟਰ ਵਿਖੇ ਡਾਕਟਰਾਂ ਦੀ ਟੀਮ ਨਾਲ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਹ ਸੈਂਟਰ ਦੇਸ਼ ਵਿੱਚ ਆਪਣੀ ਕਿਸਮ ਦਾ ਵਿਲੱਖਣ ਉਪਰਾਲਾ ਹੈ, ਜਿੱਥੇ ਆਟਿਜ਼ਮ ਪ੍ਰਭਾਵਿਤ ਬੱਚਿਆਂ ਨੂੰ ਲੋੜੀਂਦੀਆਂ ਇਲਾਜ ਅਤੇ ਥੈਰੇਪੀ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸੈਂਟਰ ਵਿੱਚ ਲੜਕਿਆਂ ਲਈ 6 ਅਤੇ ਲੜਕੀਆਂ ਲਈ 6 ਕਮਰੇ ਤਿਆਰ ਕੀਤੇ ਗਏ ਹਨ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਬੱਚਿਆਂ ਦੇ ਮਾਪਿਆਂ ਲਈ ਵੀ ਇੱਥੇ ਰਹਿਣ ਦੀ ਸੁਵਿਧਾ ਮੁਹੱਈਆ ਕਰਵਾਉਣ ਦੀ ਯੋਜਨਾ ਬਣਾਈ ਜਾ ਰਹੀ ਹੈ। ਵਿਧਾਇਕ ਨੇ ਕਿਹਾ ਕਿ ਡਾਕਟਰੀ ਪੇਸ਼ਾ ਸੇਵਾ ਦਾ ਪੇਸ਼ਾ ਹੈ ਅਤੇ ਡਾਕਟਰ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਕਿਹਾ ਕਿ ਇਸ ਸੈਂਟਰ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਡਾ. ਪਰਮਿੰਦਰ ਸਿੰਘ, ਡਾਕਟਰ ਨਿਧੀ ਮਲਹੋਤਰਾ, ਡਾ. ਛਾਇਆ ਪ੍ਰਸ਼ਾਦ, ਡਾ. ਹਰਵਿੰਦਰ ਪਾਲ ਸਿੰਘ ਚੀਮਾ ਅਤੇ ਹੋਰ ਮੈਡੀਕਲ ਸਟਾਫ਼ ਵੱਲੋਂ ਨਿੱਜੀ ਦਿਲਚਸਪੀ ਨਾਲ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਉਨ੍ਹਾਂ ਡਾਕਟਰਾਂ ਅਤੇ ਸਮਾਜ ਸੇਵੀ ਸੰਸਥਾਵਾਂ ਦੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਿਆਂ ਵੱਲੋਂ ਮਿਲ ਕੇ ਇਸ ਸੈਂਟਰ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਇੱਕ ਮਿਸ਼ਨ ਵਜੋਂ ਕੰਮ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਕੰਪਨੀ ਜਨਤਾ ਲੈਂਡ ਪ੍ਰਮੋਟਰ ਪ੍ਰਾਈਵੇਟ ਲਿਮਟਿਡ ਵੱਲੋਂ ਇਸ ਸੈਂਟਰ ਲਈ ਪਹਿਲਾਂ ਹੀ ਇੱਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਇਸ ਮੌਕੇ ਡਾਕਟਰ ਪਰਮਿੰਦਰ ਸਿੰਘ, ਐੱਸ ਐੱਮ ਓ, ਡਾਕਟਰ ਨਵਦੀਪ ਸੈਣੀ, ਪ੍ਰਿੰਸੀਪਲ ਮੈਡੀਕਲ ਕਾਲਜ, ਡਾਕਟਰ ਨਿਧੀ ਮਲਹੋਤਰਾ, ਹੈੱਡ ਸਾਈਕਿਆਟ੍ਰਿਸਟ ਅਤੇ ਆਟਿਜ਼ਮ ਸੈਂਟਰ ਇੰਚਾਰਜ, ਡਾਕਟਰ ਛਾਇਆ ਪ੍ਰਸ਼ਾਦ, ਸੀਨੀਅਰ ਪੀਡੀਆਟ੍ਰੀਸ਼ਨ, ਮੋਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਰਣਦੀਪ ਸਿੰਘ ਅਤੇ ਹਰਮੇਸ਼ ਸਿੰਘ ਕੁੰਬੜਾ ਵੀ ਹਾਜ਼ਰ ਸਨ।



## ਲਘੂ ਫਿਲਮ 'ਮੁਸਰਤ-ਸਰਹੱਦੋਂ ਪਾਰ' ਦਾ ਸ਼ੋਅ ਕਰਵਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**- ਗਲੋਅ ਬੱਲ ਆਰਟ ਕਰੀਏਸ਼ਨਜ਼ ਵੱਲੋਂ ਇੱਕ ਸੱਚੀ ਕਹਾਣੀ ਉਤੇ ਅਧਾਰਿਤ ਲਘੂ-ਫਿਲਮ 'ਮੁੱਸਰਤ-ਸਰਹੱਦੋਂ ਪਾਰ' ਦਾ ਸ਼ੋਅ ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ ਟੀ ਐੱਸ. ਸੈਂਟਰਲ ਸਟੇਟ ਲਾਇਬ੍ਰੇਰੀ, ਚੰਡੀਗੜ੍ਹ ਦੇ ਸਹਿਯੋਗ ਨਾਲ ਸੈਕਟਰ 17 ਵਿਖੇ ਕਰਵਾਇਆ ਗਿਆ। ਭਾਰਤ-ਪਾਕਿਸਤਾਨ ਦੀ ਸਰਹੱਦ ਪਾਰਲੇ ਪਿਆਰ ਕਹਾਣੀ ਉਤੇ ਅਧਾਰਿਤ ਇਸ ਫਿਲਮ ਨੂੰ ਡਾ. ਮਨਜੀਤ ਸਿੰਘ ਬੱਲ ਨੇ ਲਿਖਿਆ, ਇੰਦਰਜੀਤ ਕੌਰ ਬੱਲ ਨੇ ਪ੍ਰੋਡਿਊਸ ਕੀਤਾ ਅਤੇ ਸੋਮ ਸਹੋਤਾ ਨੇ ਇਸ ਫਿਲਮ ਦਾ ਨਿਰਦੇਸ਼ਨ ਦਿੱਤਾ ਹੈ। ਇਸ ਫਿਲਮ ਵਿਚ ਯਾਸਮੀਨ, ਹਰਵਿੰਦਰ ਖੰਨਾ, ਮਹਿਤਾਬ ਬੱਲ, ਜੋਰਾ ਬੱਲ ਦੀ ਹੈ ਕਮਾਲ ਦੀ ਅਦਾਕਾਰੀ ਹੈ, ਭਾਵੇਂ ਕਿ ਜਗਜੀਤ ਸਰੀਨ, ਪਰਮਿੰਦਰ ਪਾਲ ਕੌਰ, ਰਾਜੇਸ਼ ਸ਼ਰਮਾ, ਕਵਿਤਾ ਸ਼ਰਮਾ, ਅਨਿਲ ਸਨੌਰੀ ਆਦਿ ਨੇ ਵੀ ਸ਼ਲਾਘਯੋਗ ਰੋਲ ਨਿਭਾਇਆ ਹੈ। ਇਸ ਫਿਲਮ ਦਾ ਖ਼ੂਬਸੂਰਤ ਸੰਗੀਤ ਵਿਨੋਦ ਰੱਤੀ ਨੇ ਦਿੱਤਾ ਹੈ। ਇਸ ਫਿਲਮ ਦੇ ਸ਼ੁਰੂ ਵਿਚ ਸਾਹਿਤ ਵਿਗਿਆਨ ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਦਰਸ਼ਕਾਂ ਨੂੰ ਜੀ ਆਇਆਂ ਆਖਿਆ ਅਤੇ ਫਿਲਮ ਬਣਾਉਣ ਵਾਲੇ ਮਿਹਨਤੀ, ਸਿਰੜੀ, ਵਿਦਵਾਨ ਸੱਜਣਾਂ ਨੂੰ ਸਲਾਮ ਕੀਤਾ। ਡਾ. ਮਨਜੀਤ ਸਿੰਘ ਬੱਲ ਨੇ ਦੱਸਿਆ ਕਿ ਉਹ ਜਦੋਂ ਪਹਿਲੀ ਵਾਰ ਜਥੇ ਨਾਲ ਲਾਹੌਰ ਗਏ ਸਨ, ਤਾਂ ਉੱਥੇ ਇਕ ਨੌਜਵਾਨ ਉਚੇਚੇ ਤੌਰ 'ਤੇ ਇਹਨਾਂ ਨੂੰ ਮਿਲਿਆ। ਉਸ ਨੇ ਬੇਨਤੀ ਕੀਤੀ ਕਿ ਮੇਰੀ ਪ੍ਰੇਮ ਕਹਾਣੀ ਸੁਣੀ ਜਾਵੇ ਅਤੇ ਜਿੰਨਾ ਕੁ ਹੋ ਸਕੇ ਕੁੜੀ ਨੂੰ ਮੇਰਾ ਦਰਦ ਦੱਸ ਦੇਣਾ। ਉਸ ਆਧਾਰ 'ਤੇ ਇਹ ਫਿਲਮ ਬਣੀ। ਫਿਲਮ ਦੇ ਸ਼ੋਅ ਤੋਂ ਬਾਅਦ ਪਰਮਜੀਤ ਕੌਰ ਪਰਮ, ਬਲਕਾਰ ਸਿੱਧੂ, ਦਰਸ਼ਨ ਤਿਊਣਾ, ਰੂਪ ਸਿੰਘ ਦਿਓਲ, ਸੁਮਨ ਰਾਣੀ ਅਤੇ ਸੋਮ ਸਹੋਤਾ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਚੰਡੀਗੜ੍ਹ, ਮੋਹਾਲੀ, ਪਿੰਜੌਰ, ਪੰਚਕੂਲਾ, ਖਰੜ ਤੋਂ ਲਗਭਗ ਅੱਸੀ ਪਤਵੰਤੇ ਸੱਜਣਾਂ ਨੇ ਇਸ ਡੇਢ ਘੰਟੇ ਦੀ ਫਿਲਮ ਦਾ ਅਨੰਦ ਮਾਣਿਆ। ਸਟੇਜ ਸੰਚਾਲਨ ਭਰਪੂਰ ਸਿੰਘ ਨੇ ਬਹੁਤ ਵਧੀਆ ਢੰਗ ਨਾਲ ਨਿਭਾਇਆ।



## ਡਾਂਡੀਆਂ ਵਿਖੇ ਬਾਬਾ ਗੁੱਗਾ ਨੌਮੀ ਮੌਕੇ ਮੁਫ਼ਤ ਮੈਡੀਕਲ ਕੈਂਪ ਲਗਾਇਆ



**ਮਾਹਿਲਪੁਰ (ਜਗਤਾਰ ਸਿੰਘ ਹੁੰਗਰਨੀ)** ਪਿੰਡ ਡਾਂਡੀਆਂ ਵਿਖੇ ਦਰਬਾਰ ਬਾਬਾ ਗੁੱਗਾ ਜ਼ਾਹਰ ਪੀਰ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਦੋਆਬੇ ਇਲਾਕੇ ਦੀ ਸਿਰਮੌਰ ਸੰਸਥਾ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ. (ਪੰਜਾਬ) ਦੀ ਸਮੁੱਚੀ ਟੀਮ ਅਤੇ ਪਿਮਸ ਹਸਪਤਾਲ ਜਲੰਧਰ ਤੋਂ ਜਨਰਲ ਰੋਗਾਂ ਦੀ ਸਮੁੱਚੀ ਮੈਡੀਕਲ ਟੀਮ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਮੁੱਖ ਪ੍ਰਬੰਧਕ ਮਾਸਟਰ ਬਾਬਾ ਮੋਹਨ ਸਿੰਘ ਡਾਂਡੀਆਂ ਨੇ ਦੱਸਿਆ ਕਿ ਪਿਮਸ ਹਸਪਤਾਲ ਵੱਲੋਂ ਜਨਰਲ ਦਵਾਈਆਂ ਦਾ ਫ਼੍ਰੀ ਮੈਡੀਕਲ ਕੈਂਪ ਲਗਾਇਆ ਗਿਆ।

ਜਿਸ ਵਿੱਚ ਇੱਕ ਸੌ ਪੰਜਾਹ ਦੇ ਕਰੀਬ ਲੋੜਵੰਦਾਂ ਨੂੰ ਜਨਰਲ ਮੈਡੀਸੀਨ ਕੈਂਪ ਦਾ ਭਰਪੂਰ ਲਾਭ ਲਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਮਾਸਟਰ ਬਾਬਾ ਮੋਹਨ ਸਿੰਘ ਡਾਂਡੀਆਂ ਵੱਲੋਂ ਮੁੱਖ ਪ੍ਰਬੰਧਕ ਰਾਜੇਸ਼ ਕੁਮਾਰ ਜੀ ਦਾ ਅਤੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਹਨਤ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਵੱਲੋਂ ਡਾਕਟਰਾਂ ਦੀ ਸਮੁੱਚੀ ਟੀਮ ਯਾਦਗਾਰੀ ਚਿੰਨ੍ਹ ਅਤੇ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਮੈਡੀਕਲ ਕੈਂਪ ਦੌਰਾਨ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ, ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ, ਸੈਕਟਰੀ ਸਾਬ ਮਨਪ੍ਰੀਤ ਸਿੰਘ ਵਾਇਸ ਪ੍ਰਧਾਨ, ਤਰਲੋਕ ਸਿੰਘ ਖਜਾਨਚੀ, ਅਮਨਦੀਪ ਸਿੰਘ ਵੀਡੀਓ ਡਾਇਰੈਕਟਰ ਸੁੱਖੀ ਦਾਊਦਪੁਰੀਆ, ਸੇਵਾਦਾਰ ਵੀਰ ਹਰਜਿੰਦਰਪਾਲ ਸਿੰਘ, ਜੋਗਿੰਦਰ ਸਿੰਘ, ਬਲਵੀਰ ਸਿੰਘ, ਲਖਵਿੰਦਰ ਰਾਮ, ਸੌਰਵ, ਹੁਮੀਤ ਸਿੰਘ, ਹਰਮਨ, ਲੰਬੜਦਾਰ ਖੁਸ਼ੀਆ ਸਿੰਘ ਆਦਿ ਹਾਜ਼ਰ ਸਨ।

## ਖੇਡਾਂ ਵਤਨ ਪੰਜਾਬ ਦੀਆਂ ਦੇ ਚੌਥੇ ਸੀਜ਼ਨ ਦੀ ਸ਼ਾਨਦਾਰ ਸ਼ੁਰੂਆਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਉਭਰਦੀਆਂ ਖੇਡ ਪ੍ਰਤਿਭਾਵਾਂ ਨੂੰ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਸੀਜ਼ਨ ਦੀ ਅੱਜ ਡੇਰਾਬੱਸੀ ਅਤੇ ਲਾਲੜੂ ਵਿਖੇ ਸ਼ਾਨਦਾਰ ਸ਼ੁਰੂਆਤ ਹੋਈ।ਵਿਧਾਇਕ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਨੇ ਸਰਕਾਰੀ ਕਾਲਜ ਡੇਰਾਬੱਸੀ ਤੋਂ ਅਤੇ ਲਾਲੜੂ ਖੇਡ ਸਟੇਡੀਅਮ ਤੋਂ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ ਅਤੇ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਇਨ੍ਹਾਂ ਖੇਡ ਮੁਕਾਬਲਿਆਂ ਦੌਰਾਨ ਐਥਲੈਟਿਕਸ, ਖੋ-ਖੋ, ਕਬੱਡੀ, ਵਾਲੀਬਾਲ, ਫੁੱਟਬਾਲ ਅਤੇ ਕ੍ਰਿਕਟ ਸਮੇਤ ਵੱਖ-ਵੱਖ ਖੇਡਾਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ।ਖੇਡ ਮੈਦਾਨਾਂ ਵਿੱਚ ਖਿਡਾਰੀਆਂ ਦਾ ਉਤਸ਼ਾਹ ਅਤੇ ਦਰਸ਼ਕਾਂ ਦੀ ਹੌਸਲਾ-ਅਫ਼ਜ਼ਾਈ ਖੇਡ ਮੇਲੇ ਦੇ ਮਾਹੌਲ ਨੂੰ ਹੋਰ ਉਤਸ਼ਾਹਪੂਰਨ ਬਣਾਉਂਦੀ ਰਹੀ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਸਰਕਾਰੀ ਕਾਲਜ ਡੇਰਾਬੱਸੀ, ਲਾਲੜੂ ਖੇਡ ਸਟੇਡੀਅਮ ਅਤੇ ਸੁਖਮਨੀ ਇੰਟਰਨੈਸ਼ਨਲ ਸਕੂਲ ਵਿਖੇ ਕਰਵਾਏ ਜਾ ਰਹੇ ਬਲਾਕ ਪੱਧਰੀ ਖੇਡ ਮੁਕਾਬਲੇ ਤਿੰਨ ਦਿਨ ਤੱਕ ਜਾਰੀ ਰਹਿਣਗੇ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਖਿਡਾਰੀਆਂ ਵੱਲੋਂ ਭਾਗ ਲਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਲਾਕ ਪੱਧਰ ਤੇ ਜੇਤੂ ਰਹਿਣ ਵਾਲੀ ਟੀਮਾਂ ਅਗਲੇ ਪੜਾਅ ਵਿੱਚ ਜ਼ਿਲ੍ਹਾ ਪੱਧਰੀ ਮੁਕਾਬਲਿਆ ਵਿੱਚ ਭਾਗ ਲੈਣਗੀਆ। ਜ਼ਿਲ੍ਹਾ ਪੱਧਰ 'ਤੇ ਜੇਤੂ ਰਹਿਣ ਵਾਲੀ ਟੀਮਾਂ ਨੂੰ ਰਾਜ ਪੱਧਰੀ ਮੁਕਾਬਲਿਆ ਵਿੱਚ ਭਾਗ ਲੈਣ ਦਾ ਮੌਕਾ ਮਿਲੇਗਾ।





## ਅਕਾਲੀ ਦਲ ਦੀ ਸਰਕਾਰ ਨੇ ਪੰਜਾਬ 'ਚ ਕੀਤਾ ਖੇਡਾਂ ਦਾ ਵਿਕਾਸ : ਐੱਨ ਕੇ ਸ਼ਰਮਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਹਲਕਾ ਵਿਧਾਇਕ ਐਨ ਕੇ ਸ਼ਰਮਾ [illegible] ਸ਼ਰਮਾ ਪਿੰਡ ਕੁੜਾਂਵਾਲੀ ਵਿਚ ਨੈਸ਼ਨਲ ਬਾਡੀ ਬਿਲਡਰ ਚੈਂਪੀਅਨਸ਼ਿਪ ਵਿਚ ਹਿਸਾ ਲੈਣ ਵਾਲੇ ਖਿਡਾਰੀ ਰਾਕੇਸ਼ ਕੁਮਾਰ ਰਿੰਕੂ ਨੂੰ ਸਨਮਾਨਿਤ ਕਰਨ ਤੋਂ ਬਾਅਦ ਪਿੰਡ ਵਾਸੀਆਂ ਨਾਲ ਰੂਬਰੂ ਹੋ ਰਹੇ ਸਨ। ਉਨ੍ਹਾਂ ਨੇ ਬਾਡੀ ਬਿਲਡਰ ਰਾਕੇਸ਼ ਕੁਮਾਰ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਦੌਰਾਨ ਵਿਕਸਤ ਕੀਤੇ ਗਏ ਖੇਡ ਸਟੇਡੀਅਮ ਬਦਹਾਲੀ ਦਾ ਸ਼ਿਕਾਰ ਹਨ। ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਦੁਬਾਰਾ ਸੱਤਾ ਵਿੱਚ ਆਉਣ 'ਤੇ ਖੇਡਾਂ ਲਈ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾਵੇਗਾ। ਇਸ ਮੌਕੇ ਸਰਕਲ ਪ੍ਰਧਾਨ ਰਜਿੰਦਰ ਸਿੰਘ, ਕਰਮਪਾਲ ਖੇੜੀ ਗੁੱਜਰਾਂ, ਮੇਜਰ ਸਿੰਘ ਕੁੜਾਂਵਾਲਾ, ਸਾਬਕਾ ਸਰਪੰਚ ਰਾਮਨਾਥ ਕੁੜਾਂਵਾਲਾ, ਸਾਬਕਾ ਸਰਪੰਚ ਰਜਿੰਦਰ ਸਿੰਘ ਸਮੇਤ ਕਈ ਪਤਵੰਤੇ ਮੌਜੂਦ ਸਨ।

## ਅੰਬੇਡਕਰ ਦਾ ਅਪਮਾਨ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਸੁਦੇਸ਼ ਭੱਟੀ

**ਦਸੂਹਾ (ਕਰਨੈਲ ਮਾਂਗਟ)** ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਨਾਲ ਨਿਰਾਦਰ ਕਰਨ ਦੀ ਘਟਨਾ ਜੋ ਸ਼ਹਿਰ ਲੁਧਿਆਣਾ ਵਿਖੇ ਹੋਈ ਹੈ ਬਹੁਤ ਨਿੰਦਣਯੋਗ ਅਤੇ ਅਸਹਿਣ ਹੈ। ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆ ਸੁਦੇਸ਼ ਕੁਮਾਰ ਭੱਟੀ ਸਾਬਕਾ ਕੌਂਸਲਰ ਦਸੂਹਾ ਨੇ ਮਿਸ਼ਨ ਰੋਡ ਦਸੂਹਾ ਵਿਖੇ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੇ ਨਿਰਾਦਰ ਕਰਨ ਦੀ ਘਟਨਾ ਖ਼ਿਲਾਫ਼ ਅੰਬੇਡਕਰ ਭਾਈਚਾਰੇ ਅਤੇ ਵੱਖ-ਵੱਖ ਜਥੇਬੰਦੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਬਾਬਾ ਸਾਹਿਬ ਸਾਡੇ ਪ੍ਰਸਨੀਕ ਹਨ ਜਿਨ੍ਹਾਂ ਨੇ ਹਰ ਵਰਗ ਨੂੰ ਬਿਨਾਂ ਕਿਸੇ ਭੇਦਭਾਵ ਦੇ ਅਧਿਕਾਰ ਦਿੱਤੇ ਹਨ। ਉਨ੍ਹਾਂ ਦੇ ਬੁੱਤ ਦਾ ਨਿਰਾਦਰ ਕਰਨ ਵਾਲੇ ਮੁਲਜ਼ਮਾਂ ਦੀ ਤੁਰੰਤ ਪਛਾਣ ਕਰ ਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਅਮਨਦੀਪ ਸ਼ੰਕਰ, ਦੀਪਕ ਸਿੱਧੂ, ਰਾਮ ਸਿੰਘ ਗੋਗੀ, ਬਿਪਨ ਕੁਮਾਰ ਭੱਟੀ, ਰਵੀ ਭੱਟੀ, ਸੋਨੀ ਆਦਿ ਹਾਜ਼ਰ ਸਨ।



## ਆਰ ਆਈ ਐੱਮ ਸੀ 'ਚ ਜੁਲਾਈ 2027 ਟਰਮ ਲਈ ਦਾਖ਼ਲਾ ਸ਼ੁਰੂ

**ਚੰਡੀਗੜ੍ਹ (ਗੁਰਜੀਤ ਬਿੱਲਾ)** ਰਾਸ਼ਟਰੀ ਇੰਡੀਅਨ ਮਿਲਟਰੀ ਕਾਲਜ (ਆਰ ਆਈ ਐਮ ਸੀ), ਦੇਹਰਾਦੂਨ ਵਿਖੇ ਜੁਲਾਈ 2027 ਟਰਮ 'ਚ ਦਾਖ਼ਲੇ ਲਈ ਯੋਗ ਲੜਕੇ ਅਤੇ ਲੜਕੀਆਂ ਤੋਂ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।ਇਸ ਸੰਬੰਧੀ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਜੁਲਾਈ 2027 ਟਰਮ ਵਿੱਚ ਦਾਖ਼ਲੇ ਲਈ ਲਿਖਤੀ ਦਾਖ਼ਲਾ ਪ੍ਰੀਖਿਆ ਨੈਸ਼ਨਲ ਟੈਸਟਿੰਗ ਏਜੰਸੀ (ਐਨ ਟੀ ਏ) ਵੱਲੋਂ 6 ਦਸੰਬਰ, 2026 (ਐਤਵਾਰ) ਨੂੰ ਲਈ ਜਾਵੇਗੀ।ਇਸ ਪ੍ਰੀਖਿਆ ਲਈ ਉਹ ਉਮੀਦਵਾਰ ਯੋਗ ਹਨ, ਜਿਨ੍ਹਾਂ ਦਾ ਜਨਮ 2 ਜੁਲਾਈ, 2013 ਤੋਂ 1 ਜਨਵਰੀ, 2015 ਦਰਮਿਆਨ ਹੋਇਆ ਹੋਵੇ ਅਤੇ ਉਹ ਕਿਸੇ ਮਾਨਤਾ ਪ੍ਰਾਪਤ ਸਕੂਲ ਵਿੱਚ ਸੱਤਵੀਂ ਜਮਾਤ ਵਿੱਚ ਪੜ੍ਹਦੇ ਹੋਣ ਜਾਂ ਸੱਤਵੀਂ ਜਮਾਤ ਪਾਸ ਕਰ ਚੁੱਕੇ ਹੋਣ। ਚੁਣੇ ਗਏ ਉਮੀਦਵਾਰਾਂ ਨੂੰ ਅੱਠਵੀਂ ਜਮਾਤ ਵਿੱਚ ਦਾਖ਼ਲਾ ਦਿੱਤਾ ਜਾਵੇਗਾ।

## ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਸਰਕਲ ਪੱਧਰ 'ਤੇ ਕੀਤੀਆਂ ਨਿਯੁਕਤੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਹੁਸ਼ਿਆਰਪੁਰ ਸ਼ਹਿਰ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਲਈ ਅਹਿਮ ਕਦਮ ਚੁੱਕਦਿਆਂ ਸ਼ਹਿਰ ਨੂੰ 12 ਸਰਕਲਾਂ ਵਿੱਚ ਵੰਡ ਕੇ ਸਰਕਲ ਪ੍ਰਧਾਨਾਂ ਅਤੇ ਸਰਕਲ ਪ੍ਰਭਾਰੀਆਂ ਦੀ ਨਿਯੁਕਤੀ ਕੀਤੀ ਗਈ ਹੈ।ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਦਫਤਰ ਵਿਖੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ (ਸ਼ਹਿਰੀ) ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਦੱਸਿਆ ਕਿ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਵਰਕਰਾਂ ਨਾਲ ਬਿਹਤਰ ਤਾਲਮੇਲ ਬਣਾਉਣ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦੇ ਉਦੇਸ਼ ਨਾਲ ਇਹ ਜਥੇਬੰਦਕ ਨਿਯੁਕਤੀਆਂ ਕੀਤੀਆਂ ਗਈਆਂ ਹਨ।ਨਵੇਂ ਨਿਯੁਕਤ ਸਰਕਲ ਪ੍ਰਧਾਨਾਂ ਅਤੇ ਪ੍ਰਭਾਰੀਆਂ ਦੀ ਸਰਕਲ ਨਲੋਈਆਂ ਪ੍ਰਧਾਨ: ਬਲਦੇਵ ਸਿੰਘ, ਪ੍ਰਭਾਰੀ: ਸ਼ਮਸ਼ੇਰ ਭਾਰਦਵਾਜ, ਸਰਕਲ ਬਹਾਦਰਪੁਰ ਪ੍ਰਧਾਨ: ਗੁਰਮੇਲ ਸਿੰਘ ਅਕਰੋਆ, ਪ੍ਰਭਾਰੀ: ਰਣਜੀਤ ਸਿੰਘ, ਸਾਬਕਾ ਪਾਰਸ਼ਦ, ਸਰਕਲ ਬੂਲਾਂਵੱਡੀ ਪ੍ਰਧਾਨ: ਜਤਿੰਦਰ ਸਿੰਘ, ਪ੍ਰਭਾਰੀ: ਧਰਮਿੰਦਰ ਪਾਲ, ਸਰਕਲ ਇਸਲਾਮਾਬਾ ਪ੍ਰਧਾਨ: ਹਰਵਿੰਦਰ ਸਿੰਘ, ਪ੍ਰਭਾਰੀ: ਜੋਧ ਸਿੰਘ, ਸਰਕਲ ਫਤਿਹਗੜ੍ਹ ਪ੍ਰਧਾਨ: ਜਗਦੀਪ ਸਿੰਘ, ਪ੍ਰਭਾਰੀ: ਸੰਤੋਖ ਸਿੰਘ, ਸਾਬਕਾ ਐਮ.ਸੀ., ਸਰਕਲ ਪੁਰਹੀਰਾ ਪ੍ਰਧਾਨ: ਜਟਾ ਸ਼ੰਕਰ, ਪ੍ਰਭਾਰੀ: ਸੁਖਬੀਰ ਸਿੰਘ, ਸਰਕਲ ਪਿੱਪਲਾਂ ਵਾਲਾ ਪ੍ਰਧਾਨ: ਦਵਿੰਦਰ ਭਾਰਜ, ਪ੍ਰਭਾਰੀ: ਨਰਿੰਦਰ ਸਿੰਘ, ਸਾਬਕਾ ਐਮ.ਸੀ., ਸਰਕਲ ਮਾਡਲ ਟਾਊਨ ਪ੍ਰਧਾਨ: ਸ਼੍ਰੀਮਤੀ ਜਸਵੰਤ ਕੌਰ, ਪ੍ਰਭਾਰੀ: ਸ੍ਰੀ ਵੇਦ ਰਾਜ ਆਦੀਆ, ਸਰਕਲ ਘੰਟਾ ਘਰ ਪ੍ਰਧਾਨ: ਕੁਸ਼ ਭੱਟੀ, ਪ੍ਰਭਾਰੀ: ਸੰਜੀਵ ਥਾਪਰ, ਸਰਕਲ ਰੇਲਵੇ ਮੰਡੀ ਪ੍ਰਧਾਨ: ਡਾ. ਹਰਪਾਲ ਸਿੰਘ, ਪ੍ਰਭਾਰੀ: ਗੁਰਬਖਸ਼ ਸਿੰਘ ਰੀਹਲ, ਸਰਕਲ ਪ੍ਰੇਮਗੜ੍ਹ ਪ੍ਰਧਾਨ: ਸਾਹਿਬ ਵਿਸ਼ਾਲ ਸਦੇੜਾ, ਪ੍ਰਭਾਰੀ: ਸੰਜੀਵ ਕੁਮਾਰ, ਸਾਬਕਾ ਜੰਗਲਾਤ ਅਫਸਰ, ਸਰਕਲ ਨਵੀਂ ਆਬਾਦੀ ਪ੍ਰਧਾਨ: ਸ਼੍ਰੀਮਤੀ ਨਤਾਸ਼ਾ, ਪ੍ਰਭਾਰੀ: ਨੀਤੀ ਸਿੰਘ ਦੀ ਚੋਣ ਕੀਤੀ ਗਈ। ਸੰਜੀਵ ਤਲਵਾੜ ਨੇ ਕਿਹਾ ਕਿ ਨਵ-ਨਿਯੁਕਤ ਸਾਰੇ ਸਰਕਲ ਪ੍ਰਧਾਨਾਂ ਅਤੇ ਪ੍ਰਭਾਰੀ ਸਾਹਿਬਾਨ ਨੂੰ ਇੱਕ ਹਫ਼ਤੇ ਦੇ ਅੰਦਰ-ਅੰਦਰ ਆਪਣੀ ਬਾਕੀ ਟੀਮ ਦਾ ਗਠਨ ਕਰਨ ਲਈ ਕਿਹਾ ਗਿਆ ਹੈ, ਤਾਂ ਜੋ ਸਰਕਲ ਪੱਧਰ 'ਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਜਥੇਬੰਦਕ ਢਾਂਚਾ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਵਰਕਰਾਂ ਦੀ ਮਿਹਨਤ, ਇਕਜੁੱਟਤਾ ਅਤੇ ਸਮਰਪਣ ਨਾਲ ਪਾਰਟੀ ਨੂੰ ਸ਼ਹਿਰ ਦੇ ਹਰ ਵਾਰਡ ਅਤੇ ਹਰ ਵਰਗ ਤੱਕ ਹੋਰ ਮਜ਼ਬੂਤੀ ਨਾਲ ਪਹੁੰਚਾਇਆ ਜਾਵੇਗਾ। ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਮੀਦ ਪ੍ਰਗਟ ਕੀਤੀ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਸੰਜੀਵ ਤਲਵਾੜ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਅਨੁਸੂਚਿਤ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਪ੍ਰੇਮ ਸਿੰਘ ਸ਼ਹਿਰੀ ਪ੍ਰਧਾਨ ਸੰਜੀਵ ਥਾਪਰ ਨੇ ਸਮੂਹ ਨਵ-ਨਿਯੁਕਤ ਸਰਕਲ ਪ੍ਰਧਾਨਾਂ ਅਤੇ ਪ੍ਰਭਾਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦੀ ਅਪੀਲ ਕੀਤੀ।



## ਸਿਆਣਾ ਬਣੇ ਬਾਰ ਐਸੋਸੀਏਸ਼ਨ ਬਲਾਚੌਰ ਦੇ ਸੀਨੀਅਰ ਵਾਈਸ ਪ੍ਰਧਾਨ

**ਪੋਜੇਵਾਲ (ਰਾਮ ਲਾਲ)** ਐਡਵੋਕੇਟ ਮਨਦੀਪ ਸਿੰਘ ਸਿਆਣਾ ਨੂੰ ਬਾਰ ਐਸੋਸੀਏਸ਼ਨ ਬਲਾਚੌਰ ਦਾ ਸੀਨੀਅਰ ਵਾਈਸ ਪ੍ਰਧਾਨ ਬਣਾਇਆ ਗਿਆ ਹੈ।ਉਨ੍ਹਾਂ ਦੀ ਇਸ ਨਿਯੁਕਤੀ ਨੂੰ ਲੈ ਕੇ ਵਕੀਲ ਭਾਈਚਾਰੇ ਅਤੇ ਉਨ੍ਹਾਂ ਦੇ ਸਨੇਹੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਇਸ ਮੌਕੇ ਐਡਵੋਕੇਟ ਮਨਦੀਪ ਸਿੰਘ ਸਿਆਣਾ ਨੂੰ ਵੱਖ-ਵੱਖ ਸ਼ਖ਼ਸੀਅਤਾਂ ਅਤੇ ਵਕੀਲ ਸਾਥੀਆਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ।ਮਨਦੀਪ ਸਿੰਘ ਸਿਆਣਾ ਨੇ ਮਿਲੀ ਜ਼ਿੰਮੇਵਾਰੀ ਲਈ ਬਾਰ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵਕੀਲ ਭਾਈਚਾਰੇ ਦੇ ਹਿੱਤਾਂ ਅਤੇ ਸਮੱਸਿਆਵਾਂ ਦੇ ਹੱਲ ਲਈ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਬਾਰ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੂੰ ਨਾਲ ਲੈ ਕੇ ਆਪਸੀ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਅਤੇ ਵਕੀਲਾਂ ਦੀ ਭਲਾਈ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।



## ਮੋਰਿੰਡਾ 'ਚ ਡੇਂਗੂ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਲਾਰਵੀਸਾਈਡ ਸਪਰੇਅ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸਿਵਲ ਸਰਜਨ ਰੂਪਨਗਰ ਅਤੇ ਸੀਨੀਅਰ ਮੈਡੀਕਲ ਅਫਸਰ ਸੀ ਐੱਚ ਸੀ ਮੋਰਿੰਡਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਲਈ ਹਰ ਸ਼ੁੱਕਰਵਾਰ ਚਲਾਈ ਜਾ ਰਹੀ ਮੁਹਿੰਮ ਤਹਿਤ ਪੀ ਡਬਲਯੂ ਡੀ ਰੈਸਟ ਹਾਊਸ ਕਲੋਨੀ ਵਿਖੇ ਵਿਸ਼ੇਸ਼ ਗਤੀਵਿਧੀ ਕੀਤੀ ਗਈ।ਇਸ ਦੌਰਾਨ ਕੁਲਵਿੰਦਰ ਸਿੰਘ ਅਤੇ ਗੁਰਬਿੰਦਰ ਸਿੰਘ, ਮ.ਪ.ਹ.ਵ. ਦੀ ਅਗਵਾਈ ਹੇਠ ਸਤਵੀਰ ਸਿੰਘ ਅਤੇ ਲਵਪ੍ਰੀਤ ਸਿੰਘ, ਬ੍ਰੀਡ ਚੈਕਰਾਂ ਵੱਲੋਂ ਕਲੋਨੀ ਦੀਆਂ ਗਲੀਆਂ ਅਤੇ ਨਾਲੀਆਂ ਵਿੱਚ ਖੜ੍ਹੇ ਪਾਣੀ ਦੀ ਜਾਂਚ ਕੀਤੀ ਗਈ ਅਤੇ ਲੋੜੀਂਦੀ ਥਾਵਾਂ 'ਤੇ ਲਾਰਵੀਸਾਈਡ ਸਪਰੇਅ ਕੀਤੀ ਗਈ।ਸਿਹਤ ਵਿਭਾਗ ਦੀ ਟੀਮ ਵੱਲੋਂ ਘਰਾਂ ਅਤੇ ਆਸ-ਪਾਸ ਪਏ ਪਾਣੀ ਦੇ ਵੱਖ-ਵੱਖ ਕੰਟੇਨਰਾਂ ਦੀ ਵੀ ਜਾਂਚ ਕੀਤੀ ਗਈ। ਲੋਕਾਂ ਨੂੰ ਡੇਂਗੂ ਫੈਲਾਉਣ ਵਾਲੇ ਮੱਛਰ ਦੇ ਪੈਦਾ ਹੋਣ ਵਾਲੇ ਸੰਭਾਵਿਤ ਸਰੋਤਾਂ ਬਾਰੇ ਜਾਣਕਾਰੀ ਦਿੰਦਿਆਂ ਆਪਣੇ ਘਰਾਂ ਅਤੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਣ ਲਈ ਪ੍ਰੇਰਿਤ ਕੀਤਾ ਗਿਆ।ਟੀਮ ਵੱਲੋਂ ਲੋਕਾਂ ਨੂੰ ਡੇਂਗੂ ਤੋਂ ਬਚਾਅ ਸਬੰਧੀ ਸਿਹਤ ਸਿੱਖਿਆ ਵੀ ਦਿੱਤੀ ਗਈ।ਸਿਹਤ ਵਿਭਾਗ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕੂਲਰਾਂ, ਗਮਲਿਆਂ, ਬਾਲਟੀਆਂ, ਟਾਇਰਾਂ ਅਤੇ ਹੋਰ ਪਾਣੀ ਇਕੱਠਾ ਕਰਨ ਵਾਲੇ ਬਰਤਨਾਂ ਦੀ ਨਿਯਮਿਤ ਤੌਰ 'ਤੇ ਜਾਂਚ ਕਰਕੇ ਪਾਣੀ ਖਾਲੀ ਕੀਤਾ ਜਾਵੇ।ਸਰਕਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਫ਼ਤਾਵਾਰੀ ਤੌਰ 'ਤੇ ਪਾਣੀ ਦੇ ਸਰੋਤਾਂ ਦੀ ਸਫਾਈ ਅਤੇ ਖੜ੍ਹੇ ਪਾਣੀ ਨੂੰ ਖਤਮ ਕਰਨਾ ਡੇਂਗੂ ਰੋਕਥਾਮ ਵਿੱਚ ਮਹੱਤਵਪੂਰਨ ਹੈ।ਸਿਹਤ ਵਿਭਾਗ ਦੀ ਟੀਮ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਡੇਂਗੂ ਦੀ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਮੁਹਿੰਮਾਂ ਵਿੱਚ ਸਹਿਯੋਗ ਦਿੱਤਾ ਜਾਵੇ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਿਆ ਜਾਵੇ।



## ਸਫਾਈ ਸੇਵਕਾਂ ਦੀ ਤਨਖਾਹ ਵਧਾਉਣ ਦਾ ਵਾਅਦਾ ਨਹੀਂ ਹੋਇਆ ਪੂਰਾ : ਖੋਸਲਾ

**ਫਗਵਾੜਾ (ਜਸਵਿੰਦਰ ਢੱਡਾ)**- ਪਿਛਲੇ ਦਿਨੀਂ ਪੰਜਾਬ ਭਰ ਦੀਆਂ ਕਾਰਪੋਰੇਸ਼ਨਾਂ ਦੇ ਸਫਾਈ ਸੇਵਕਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਕੀਤੇ ਗਈ ਸੂਬਾ ਪੱਧਰੀ ਹੜਤਾਲ ਤੋਂ ਬਾਅਦ ਸੂਬਾ ਸਰਕਾਰ ਵੱਲੋਂ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਸਵੀਕਾਰ ਕਰਨ ਦਾ ਭਰੋਸਾ ਦੇ ਕੇ ਹੜਤਾਲ ਖਤਮ ਕਰਵਾਈ ਗਈ ਸੀ। ਪਰ ਇਸ ਵਾਰ ਵੀ ਸਰਕਾਰ ਦਾ ਭਰੋਸਾ ਝੂਠਾ ਸਬਜ਼ਬਾਗ ਸਾਬਤ ਹੋਇਆ ਹੈ। ਇਹ ਪ੍ਰਗਟਾਵਾ ਫਗਵਾੜਾ ਦੇ ਸਾਬਕਾ ਮੇਅਰ ਅਰੁਣ ਖੋਸਲਾ, ਸੀਨੀਅਰ ਭਾਜਪਾ ਆਗੂ ਮਹਿੰਦਰ ਥਾਪਰ ਅਤੇ ਰੋਸ਼ਨ ਲਾਲ ਸੇਠੀ ਨੇ ਸਫਾਈ ਸੇਵਕਾਂ ਦੀਆਂ ਮੰਗਾਂ ਸਬੰਧੀ ਜਾਰੀ ਸਾਂਝੇ ਬਿਆਨ ਵਿੱਚ ਕੀਤਾ ਹੈ। ਉਨ੍ਹਾਂ ਕਿਹਾ ਕਿ ਸਫਾਈ ਸੇਵਕਾਂ ਦੀਆਂ ਮੁੱਖ ਮੰਗਾਂ ਵਿੱਚ ਪੱਕੀ ਨੌਕਰੀ ਅਤੇ ਪੱਕੇ ਮੁਲਾਜ਼ਮਾਂ ਦੇ ਪੇ-ਸਕੇਲ ਅਨੁਸਾਰ ਤਨਖਾਹਾਂ ਦੀ ਅਦਾਇਗੀ ਸ਼ਾਮਲ ਸੀ। ਪਰ ਸਰਕਾਰ ਵੱਲੋਂ ਹੁਣ ਤੱਕ ਕਿਸੇ ਵੀ ਸਫਾਈ ਸੇਵਕ ਨੂੰ ਪੱਕੀ ਨੌਕਰੀ ਦੇਣ ਸਬੰਧੀ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਤੋਂ ਵੀ ਵੱਧ ਚਿੰਤਾ ਵਾਲੀ ਗੱਲ ਇਹ ਹੈ ਕਿ ਇਸ ਵਾਰ ਦੀ ਤਨਖਾਹ ਵੀ 20,500 ਰੁਪਏ ਦੇ ਹਿਸਾਬ ਨਾਲ ਦੇਣ ਦੀ ਬਜਾਏ ਪੁਰਾਣੇ ਪੇ-ਸਕੇਲ ਅਨੁਸਾਰ ਸਿਰਫ 6,500 ਰੁਪਏ ਹੀ ਭੇਜੇ ਗਏ ਹਨ। ਇਸ ਕਾਰਨ ਸਫਾਈ ਸੇਵਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।



## ਪਛੜੇ ਵਰਗ ਦੇ ਵਿਦਿਆਰਥੀਆਂ ਲਈ 25% ਸੀਟਾਂ ਰਿਜ਼ਰਵ ਕਰਨੀਆਂ ਪੈਣਗੀਆਂ : ਡਿਪਟੀ ਕਮਿਸ਼ਨਰ

**ਕਪੂਰਥਲਾ (ਮਨਜੀਤ ਮਾਨ)** ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਜ਼ਿਲ੍ਹੇ ਦੇ ਸਮੂਹ ਪ੍ਰਾਈਵੇਟ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਨੂੰ ਹਦਾਇਤ ਕੀਤੀ ਕਿ ਉਹ ਸਿੱਖਿਆ ਦੇ ਅਧਿਕਾਰ (ਆਰ ਟੀ ਈ) ਐਕਟ, 2009 ਦੇ ਨਿਯਮਾਂ ਅਨੁਸਾਰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ (ਈ ਡਬਲਿਊ ਐੱਸ) ਅਤੇ ਪਛੜੇ ਸਮੂਹਾਂ ਦੇ ਬੱਚਿਆਂ ਲਈ ਸਕੂਲੀ ਦਾਖਲਾ ਕਲਾਸ ਵਿੱਚ 25 ਫੀਸਦੀ ਸੀਟਾਂ ਰਿਜ਼ਰਵ ਕਰਨ ਅਤੇ ਐਕਟ ਦੇ ਉਪਬੰਧਾਂ ਅਨੁਸਾਰ ਉਨ੍ਹਾਂ ਨੂੰ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਪ੍ਰਦਾਨ ਕਰਨ ਹੈ।ਉਨ੍ਹਾਂ ਦੱਸਿਆ ਕਿ ਪ੍ਰਾਈਵੇਟ ਸਕੂਲਾਂ ਵਿੱਚ ਉਪਲਬਧ ਲਗਭਗ 25 ਫੀਸਦੀ ਸੀਟਾਂ ਬਾਰੇ ਜਾਣਕਾਰੀ ਅਤੇ ਵੇਰਵੇ ਪਹਿਲਾਂ ਹੀ ਵੈਬਸਾਈਟ 'ਤੇ ਅੱਪਲੋਡ ਕਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ 25 ਫੀਸਦੀ ਸੀਟਾਂ ਸਬੰਧੀ ਕਿਸੇ ਵੀ ਪੁੱਛਗਿੱਛ, ਸਮੱਸਿਆ ਜਾਂ ਸ਼ਿਕਾਇਤ ਲਈ ਮਾਪੇ ਹੈਲਪਲਾਈਨ ਨੰਬਰ 01822-233777 ਰਾਹੀਂ ਸੀਧਾ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰ ਸਕਦੇ ਹਨ।

## ਜਲ ਬਾਥ ਫਿਟਿੰਗਜ਼ ਨੇ ਵਾਮਿਕਾ ਗੱਬੀ ਨੂੰ ਬਣਾਇਆ ਬ੍ਰਾਂਡ ਅੰਬੈਸਡਰ

**ਜਲੰਧਰ:** ਪ੍ਰੀਮੀਅਮ ਬਾਥ ਫਿਟਿੰਗਜ਼ ਅਤੇ ਸੈਨੇਟਰੀਵੇਅਰ ਬ੍ਰਾਂਡ ਜਲ ਬਾਥ ਫਿਟਿੰਗਜ਼ ਨੇ ਮਸ਼ਹੂਰ ਅਦਾਕਾਰਾ ਵਾਮਿਕਾ ਗੱਬੀ ਨੂੰ ਆਪਣਾ ਅਧਿਕਾਰਤ ਬ੍ਰਾਂਡ ਅੰਬੈਸਡਰ ਨਿਯੁਕਤ ਕਰਨ ਦਾ ਐਲਾਨ ਕੀਤਾ ਹੈ। ਇਸ ਦੇ ਨਾਲ ਕੰਪਨੀ ਨੇ ਨਵੀਂ ਡਿਜੀਟਲ ਬ੍ਰਾਂਡ ਫਿਲਮ ਵੀ ਲਾਂਚ ਕੀਤੀ। ਕੰਪਨੀ ਮੁਤਾਬਕ ਇਹ ਸਾਂਝੇਦਾਰੀ ਦੇਸ਼ ਭਰ ਵਿੱਚ ਬ੍ਰਾਂਡ ਦੀ ਮੌਜੂਦਗੀ ਮਜ਼ਬੂਤ ਕਰਨ ਅਤੇ ਨਵੀਂ ਪੀੜ੍ਹੀ ਦੇ ਖਪਤਕਾਰਾਂ ਨਾਲ ਜੁੜਨ ਵਿੱਚ ਮਦਦ ਕਰੇਗੀ।'ਵੈਲਿਊ ਮੀਟਸ ਐਲੀਗੈਂਸ' ਦੀ ਸੋਚ 'ਤੇ ਆਧਾਰਿਤ ਫਿਲਮ ਵਿੱਚ ਆਧੁਨਿਕ ਜੋੜੇ ਰਾਹੁਲ ਅਤੇ ਪ੍ਰਿਯਾ ਦੀ ਕਹਾਣੀ ਰਾਹੀਂ ਡਿਜ਼ਾਈਨ, ਗੁਣਵੱਤਾ ਅਤੇ ਕਿਫਾਇਤ 'ਤੇ ਜ਼ੋਰ ਦਿੱਤਾ ਗਿਆ ਹੈ।ਮਾਰਕੀਟਿੰਗ ਡਾਇਰੈਕਟਰ ਸਿਧਾਂਤ ਕਪੂਰ ਨੇ ਕਿਹਾ ਕਿ ਵਾਮਿਕਾ ਗੱਬੀ ਗੁਣਵੱਤਾ, ਖ਼ੂਬਸੂਰਤੀ ਅਤੇ ਆਤਮਵਿਸ਼ਵਾਸ ਦੀ ਨੁਮਾਇੰਦਗੀ ਕਰਦੀ ਹੈ।

## ਨੈਸ਼ਨਲ ਲੋਕ ਅਦਾਲਤ ਰਾਹੀਂ 18080 ਕੇਸਾਂ ਦਾ ਨਿਪਟਾਰਾ

**ਕਪੂਰਥਲਾ, (ਪ੍ਰੀਤ ਸੰਗੋਜਲਾ)**- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਤੋਂ ਪ੍ਰਾਪਤ ਹੋਏ ਨਿਰਦੇਸ਼ਾਂ ਅਨੁਸਾਰ ਮਾਣਯੋਗ ਸ੍ਰੀਮਤੀ ਰਸਮੀ ਕਪਿਲਾ, ਇੰਚਾਰਜ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਪੂਰਥਲਾ ਜੀਆਂ ਦੀ ਪ੍ਰਧਾਨਗੀ ਹੇਠ 12 ਸਤੰਬਰ ਨੂੰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਕਚਹਿਰੀ ਕਪੂਰਥਲਾ ਵਿਖੇ 4. ਸਬ-ਡਵੀਜ਼ਨ ਫਗਵਾੜਾ ਵਿਖੇ 4. ਸਬ ਡਵੀਜ਼ਨ ਸੁਲਤਾਨਪੁਰ ਲੋਧੀ ਵਿਖੇ 2 ਅਤੇ ਵੀਨਿਊ ਦੇ 6 ਬੈਂਚ ਗਠਿਤ ਕੀਤੇ ਗਏ। ਨੈਸ਼ਨਲ ਲੋਕ ਅਦਾਲਤ ਵਿੱਚ ਕਰਿਮਨਲ ਕੰਪਾਊਂਡੇਬਲ, ਧਾਰਾ 138 ਐੱਨ ਆਈ ਐਕਟ ਬੈਂਕ ਰਿਕਵਰੀ ਕੇਸ, ਐੱਮ ਏ ਸੀ ਟੀ ਕੇਸ, ਲੇਬਰ ਮੈਟਰਸ, ਬਿਜਲੀ ਅਤੇ ਪਾਣੀ ਦੇ ਬਿੱਲਾਂ ਸੰਬੰਧੀ ਮਾਮਲੇ, ਵਿਵਾਹਿਕ ਮਾਮਲੇ, ਲੈਂਡ ਐਕੁਜੀਸ਼ਨ ਕੇਸ, ਸਰਵਿਸ ਮੈਟਰਸ, ਰੈਵਨਿਊ ਕੇਸ ਅਤੇ ਹੋਰ ਸਿਵਲ ਮੈਟਰਸ, ਰੈਂਟ, ਇੰਜਕਸ਼ਨ ਸੂਟ, ਸਪੇਸਵਿਕ ਪ੍ਰਫੋਰਮੈਂਸ ਵਗੈਰਾ ਦੇ ਲੰਬਿਤ ਅਤੇ ਪ੍ਰੀ-ਲਿਟੀਗੇਟਿਵ ਕੇਸ ਸ਼ਾਮਿਲ ਕੀਤੇ ਗਏ। ਇਸ ਮੌਕੇ ਹਿਰਦੇਜੀਤ ਸਿੰਘ ਚੀਫ ਜੂਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਪੂਰਥਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕ ਅਦਾਲਤ ਵਿੱਚ ਕੇਸ ਨਿਪਟਾਉਣ ਨਾਲ ਸਮਾਂ ਅਤੇ ਧਨ ਦੋਵਾਂ ਦੀ ਬੱਚਤ ਹੁੰਦੀ ਹੈ, ਇਸ ਦੇ ਫੈਸਲੇ ਦੇ ਖਿਲਾਫ ਅਪੀਲ ਕਿਸੇ ਵੀ ਉੱਚ ਅਦਾਲਤ ਵਿੱਚ ਨਹੀਂ ਲਗਾਈ ਜਾ ਸਕਦੀ ਹੈ ਅਤੇ ਲੋਕ ਅਦਾਲਤ ਰਾਹੀਂ ਨਿਪਟਾਏ ਗਏ ਕੇਸਾਂ ਵਿੱਚ ਦੋਨਾਂ ਧਿਰਾਂ ਦੀ ਜਿੱਤ ਹੁੰਦੀ ਹੈ। ਨੈਸ਼ਨਲ ਲੋਕ ਅਦਾਲਤ ਵਿਚ ਜੂਡੀਸ਼ੀਅਲ ਅਤੇ ਰੈਵਨਿਊ ਅਦਾਲਤਾਂ ਵੱਲੋਂ ਲਗਭਗ 22350 ਕੇਸ ਸ਼ਾਮਲ ਕੀਤੇ ਗਏ, ਜਿਨ੍ਹਾਂ ਵਿੱਚੋਂ 18080 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਲਗਭਗ 9,09,39,477/- ਰੁਪਏ ਦੀ ਰਕਮ ਮੁਆਵਜੇ ਵਜੋਂ ਸੈਟਲ ਕੀਤੀ ਗਈ।ਹਿਰਦੇਜੀਤ ਸਿੰਘ ਚੀਫ ਜੂਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਕਪੂਰਥਲਾ ਜੀਆਂ ਵੱਲੋਂ ਜਾਣਕਾਰੀ ਦਿੰਦਿਆ ਦੱਸਿਆ ਕਿ ਅਗਲੀ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ 12 ਦਸੰਬਰ 2026 ਨੂੰ ਕੀਤਾ ਜਾਵੇਗਾ।



## ਐਡਵੋਕੇਟ ਰਜਿੰਦਰ ਸਿੰਘ ਰਾਜੂ ਬਾਰ ਐਸੋਸੀਏਸ਼ਨ ਰੂਪਨਗਰ ਦੇ ਪ੍ਰਧਾਨ ਬਣੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਬਾਰ ਐਸੋਸੀਏਸ਼ਨ ਰੂਪਨਗਰ ਦੀ ਚੋਣ ਬਾਰ ਰੂਮ ਵਿਖੇ ਰਿਟਰਨਿੰਗ ਅਫ਼ਸਰ ਐਡਵੋਕੇਟ ਅਮਰੀਕ ਸਿੰਘ ਕਟਵਾਲ ਦੀ ਨਿਗਰਾਨੀ ਹੇਠ ਹੋਈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਸਾਹਿਬ ਸਿੰਘ ਮੋਰਿੰਡਾ ਨੇ ਦੱਸਿਆ ਕਿ ਪ੍ਰਧਾਨ ਦੇ ਅਹੁਦੇ ਲਈ ਐਡਵੋਕੇਟ ਰਜਿੰਦਰ ਸਿੰਘ ਰਾਜੂ, ਰਮਨਦੀਪ ਸਿੰਘ ਬਨਵੈਤ ਅਤੇ ਕਮਲ ਸੈਣੀ ਵਿਚਕਾਰ ਤਿਕੋਣਾ ਮੁਕਾਬਲਾ ਹੋਇਆ।ਇਸ ਦੌਰਾਨ ਕੁੱਲ 444 ਵੋਟਾਂ ਪੋਲ ਹੋਈਆਂ।ਇਹਨਾ ਵਿਚੋਂ ਐਡਵੋਕੇਟ ਰਾਜਿੰਦਰ ਸਿੰਘ ਰਾਜੂ ਨੇ 214 ਵੋਟਾਂ ਹਾਸਲ ਕਰਕੇ ਜਿੱਤ ਦਰਜ ਕੀਤੀ।ਜਦਕਿ ਰਮਨਦੀਪ ਸਿੰਘ ਬਨਵੈਤ ਨੂੰ 179 ਅਤੇ ਕਮਲ ਸੈਣੀ ਨੂੰ 51 ਵੋਟਾਂ ਮਿਲੀਆਂ।ਇਸ ਤਰ੍ਹਾਂ ਰਾਜੂ ਨੇ ਬਨਵੈਤ ਨੂੰ 35 ਵੋਟਾਂ ਦੇ ਫ਼ਰਕ ਨਾਲ ਹਰਾਇਆ।ਜੁਆਇੰਟ ਸਕੱਤਰ ਦੇ ਅਹੁਦੇ ਲਈ ਐਡਵੋਕੇਟ ਅਰੁਣ ਰਾਣਾ ਅਤੇ ਰਜਿੰਦਰ ਸਿੰਘ ਵਿਚਕਾਰ ਮੁਕਾਬਲਾ ਹੋਇਆ।ਅਰੁਣ ਰਾਣਾ ਨੇ 287 ਵੋਟਾਂ ਲੈ ਕੇ ਜਿੱਤ ਹਾਸਲ ਕੀਤੀ, ਜਦਕਿ ਰਜਿੰਦਰ ਸਿੰਘ ਨੂੰ 158 ਵੋਟਾਂ ਮਿਲੀਆਂ। ਇਸ ਤੋਂ ਇਲਾਵਾ ਨਵਦੀਪ ਸਿੰਘ ਵਰਮਾ ਉਪ ਪ੍ਰਧਾਨ (ਜਨਰਲ), ਸਮਿਤਾ ਬਹਿਲ ਉਪ ਪ੍ਰਧਾਨ ਮਹਿਲਾ ਰਾਖਵਾਂ, ਸਾਹਿਬ ਸਿੰਘ ਖੁਰਲ ਜਨਰਲ ਸਕੱਤਰ, ਵਿਕਰਮ ਭਨੋਟ ਕੈਸ਼ੀਅਰ ਅਤੇ ਐਡਵੋਕੇਟ ਸੁਖਜਿੰਦਰ ਕੌਰ ਲਾਇਬ੍ਰੇਰੀਅਨ ਦੇ ਅਹੁਦੇ 'ਤੇ ਬਿਨਾ ਮੁਕਾਬਲਾ ਚੁਣੇ ਗਏ। ਕਾਰਜਕਾਰੀ ਮੈਂਬਰਾਂ ਵਜੋਂ ਐਡਵੋਕੇਟ ਹਰਜਿੰਦਰ ਸਿੰਘ, ਮਨਦੀਪ ਕੌਰ ਅਤੇ ਨਵਦੀਪ ਕੌਰ ਨੂੰ ਨਿਯੁਕਤ ਕੀਤਾ ਗਿਆ।

ਇਸ ਮੌਕੇ ਨਵੇਂ ਚੁਣੇ ਪ੍ਰਧਾਨ ਰਜਿੰਦਰ ਸਿੰਘ ਰਾਜੂ ਨੇ ਬਾਰ ਐਸੋਸੀਏਸ਼ਨ ਰੂਪਨਗਰ ਦਾ ਪ੍ਰਧਾਨ ਚੁਣੇ ਜਾਣ ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਸਮੂਚੇ ਵਕੀਲ ਭਾਈਚਾਰੇ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਉਹ ਵਕੀਲ ਭਾਈਚਾਰੇ ਨੂੰ ਆ ਰਹੀਆ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।ਚੋਣ ਨਤੀਜਿਆਂ ਤੋਂ ਬਾਅਦ ਵਕੀਲ ਭਾਈਚਾਰੇ ਨੇ ਨਵੀਂ ਟੀਮ ਨੂੰ ਵਧਾਈ ਦਿੱਤੀ। ਇਸ ਮੌਕੇ ਐਡਵੋਕੇਟ ਰਣਜੀਤ ਸਿੰਘ ਰੰਗੀਲਾ,ਗੁਰਪ੍ਰੀਤ ਸਿੰਘ, ਰਾਜਬੀਰ ਸਿੰਘ ਰਾਏ ਸਮੇਤ ਵੱਡੀ ਗਿਣਤੀ ਵਿੱਚ ਵਕੀਲ ਹਾਜ਼ਰ ਸਨ।



## ਮਿਸ਼ਨ ਕਲੀਨ ਪੰਜਾਬ ਤਹਿਤ ਸਫਾਈ ਮੁਹਿੰਮ ਦਾ ਆਗਾਜ਼

**ਅਲਾਵਲਪੁਰ (ਮਦਨ ਬੰਗੜ)**- ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਲਈ ਚਲਾਏ ਜਾ ਰਹੇ ਮਿਸ਼ਨ ਕਲੀਨ ਪੰਜਾਬ ਤਹਿਤ ਨਗਰ ਕੌਂਸਲ ਅਲਾਵਲਪੁਰ ਵੱਲੋਂ ਈ ਓ ਸੁਨੀਲ ਕੁਮਾਰ ਦੀ ਦੇਖ-ਰੇਖ ਹੇਠ ਕਸਬੇ ਵਿੱਚ ਸਫਾਈ ਅਭਿਆਨ ਚਲਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਆਦਮਪੁਰ ਦੇ ਇੰਚਾਰਜ ਪਵਨ ਕੁਮਾਰ ਟੀਨੂ ਨੇ ਸਫਾਈ ਸੇਵਕਾਂ ਨਾਲ ਖੁਦ ਸਫਾਈ ਕਰਦਿਆਂ ਕੂੜਾ-ਕਰਕਟ ਅਤੇ ਗੰਦਗੀ ਚੁੱਕ ਕੇ ਮੁਹਿੰਮ ਦਾ ਆਗਾਜ਼ ਕੀਤਾ। ਇਸ ਮੌਕੇ ਪਵਨ ਕੁਮਾਰ ਟੀਨੂ ਨੇ ਕਿਹਾ ਕਿ ਸਾਫ਼-ਸੁਥਰਾ ਵਾਤਾਵਰਨ ਬਣਾਈ ਰੱਖਣਾ ਹਰੇਕ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਗੰਦਗੀ ਨਾ ਫੈਲਾਉਣ ਅਤੇ ਕੂੜਾ ਨਿਰਧਾਰਤ ਥਾਵਾਂ 'ਤੇ ਹੀ ਪਾਉਣ। ਇਸ ਮੌਕੇ ਸੀਐਫ ਨਿਰਮਲ ਬੈਂਸ, ਕਲਰਕ ਨਵੀਨ ਰਾਣਾ, ਸੁਪਰਵਾਈਜ਼ਰ ਅਜੇ, ਮੋਟੀਵੇਟਰ ਕੀਰਤੀ, ਸੁਪਰਵਾਈਜ਼ਰ ਬਲਦੇਵ ਕੁਮਾਰ, ਦੀਪਕ, ਸੁਧੀਰ, ਸੁਖਜਿੰਦਰ ਸਿੰਘ ਆਦਿ ਹਾਜ਼ਰ ਸਨ।



## ਬੀ ਏ ਚੌਥੇ ਸਮੈਸਟਰ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ



**ਕਪੂਰਥਲਾ (ਮਨਜੀਤ ਮਾਨ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਲਈ ਗਈ ਬੀ.ਏ ਚੌਥੇ ਸਮੈਸਟਰ ਦੀ ਪ੍ਰੀਖਿਆ ਵਿੱਚੋਂ ਕਾਲਜ ਦੀਆਂ ਵਿਦਿਆਰਥਣਾਂ ਦਾ ਨਤੀਜਾ 100% ਰਿਹਾ। ਬੀ.ਏ ਚੌਥੇ ਸਮੈਸਟਰ ਦੀ ਵਿਦਿਆਰਥਣ ਮਨਵੀਰ ਕੌਰ ਨੇ 74% ਨੰਬਰ ਲੈ ਕੇ ਪਹਿਲਾ ਸਥਾਨ, ਅਲੀਸ਼ਾ ਨੇ 70% ਲੈ ਕੇ ਦੂਜਾ ਸਥਾਨ ਤੇ ਹਰਮਨਦੀਪ ਕੌਰ, ਡੌਲੀ ਵਰਮਾ ਨੇ 69% ਨੰਬਰ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸ਼ੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਨੇ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਤੁਸੀਂ ਪੁਜੀਸ਼ਨਾਂ ਪ੍ਰਾਪਤ ਕਰਕੇ ਜਿੱਥੇ ਕਾਲਜ ਦਾ ਨਾਮ ਰੋਸ਼ਨ ਕੀਤਾ ਹੈ ਉੱਥੇ ਮਾਂ-ਬਾਪ ਦਾ ਮਾਣ ਵੀ ਵਧਾਇਆ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਮਿਹਨਤ ਕਰਵਾਉਣ ਵਾਲੇ ਅਧਿਆਪਕਾਂ ਨੂੰ ਵਧਾਈ ਦਿੱਤੀ।

## ਸਮਾਜ ਦੀ ਆਵਾਜ਼ ਨੂੰ ਸਰਕਾਰਾਂ ਤੱਕ ਪਹੁੰਚਾਉਣ 'ਚ ਮੀਡੀਆ ਦਾ ਅਹਿਮ ਯੋਗਦਾਨ : ਮੇਅਰ ਸੰਧੂ

**ਗਾਲਟ ਸਿਟੀ (ਸੈਕਰਾਮੈਂਟੋ), ਕਪੂਰਥਲਾ ( ਮਨਜੀਤ ਮਾਨ)**- ਸਮਾਜ ਦੀ ਆਵਾਜ਼ ਨੂੰ ਸਰਕਾਰਾਂ ਅਤੇ ਸੰਬੰਧਤ ਧਿਰਾਂ ਤੱਕ ਪਹੁੰਚਾਉਣ ਵਿੱਚ ਮੀਡੀਆ ਦੀ ਬਹੁਤ ਹੀ ਅਹਿਮ ਭੂਮਿਕਾ ਹੁੰਦੀ ਹੈ ਤੇ ਪੱਤਰਕਾਰ ਸਮਾਜ ਦਾ ਸ਼ੀਸ਼ਾ ਹੁੰਦੇ ਹਨ, ਜੋ ਲੋਕਾਂ ਦੀਆਂ ਸਮੱਸਿਆਵਾਂ, ਦੁੱਖ-ਤਕਲੀਫ਼ਾਂ ਅਤੇ ਜਨਤਕ ਮੁੱਦਿਆਂ ਨੂੰ ਆਪਣੀ ਕਲਮ ਅਤੇ ਖ਼ਬਰਾਂ ਰਾਹੀਂ ਉਜਾਗਰ ਕਰਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰਗਟ ਸਿੰਘ ਸੰਧੂ ਮੇਅਰ ਗਾਲਟ ਸਿਟੀ (ਸੈਕਰਾਮੈਂਟੋ) ਅਤੇ ਪ੍ਰਧਾਨ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਅਕੈਡਮੀ ਸੈਕਰਾਮੈਂਟੋ ਵੱਲੋਂ ਪੰਜਾਬ ਤੋਂ ਅਮਰੀਕਾ ਦੌਰੇ 'ਤੇ ਪੁੱਜੇ ਸੀਨੀਅਰ ਪੱਤਰਕਾਰ ਅਮਰਜੀਤ ਸਿੰਘ ਨਿੱਝਰ ਦੇ ਸਨਮਾਨ ਵਿੱਚ ਬੀਤੇ ਦਿਨੀਂ ਮਾਊਂਟੈਨ ਮਾਈਕ ਪੀਜ਼ਾ ਗਾਲਟ ਸਿਟੀ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸੰਬੋਧਨ ਕਰਦਿਆਂ ਕੀਤਾ ਗਿਆ ।ਸੰਧੂ ਨੇ ਕਿਹਾ ਕਿ ਅੱਜ ਦੇ ਆਧੁਨਿਕ ਅਤੇ ਤੇਜ਼ ਰਫ਼ਤਾਰ ਯੁੱਗ ਵਿੱਚ ਮੀਡੀਆ ਦੀ ਜ਼ਿੰਮੇਵਾਰੀ ਹੋਰ ਵੀ ਵੱਧ ਗਈ ਹੈ। ਲੋਕਤੰਤਰ ਦੀ ਮਜ਼ਬੂਤੀ ਲਈ ਨਿਰਪੱਖ, ਨਿਡਰ ਅਤੇ ਜ਼ਿੰਮੇਵਾਰ ਪੱਤਰਕਾਰੀ ਬਹੁਤ ਜ਼ਰੂਰੀ ਹੈ। ਪੱਤਰਕਾਰ ਆਪਣੀ ਕਲਮ ਰਾਹੀਂ ਜਿੱਥੇ ਸਰਕਾਰਾਂ ਦੀਆਂ ਨੀਤੀਆਂ ਅਤੇ ਲੋਕ-ਹਿੱਤ ਦੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਂਦੇ ਹਨ, ਉੱਥੇ ਹੀ ਆਮ ਲੋਕਾਂ ਨਾਲ ਸਬੰਧਤ ਮੁਸ਼ਕਲਾਂ ਨੂੰ ਸਰਕਾਰਾਂ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦੇ ਹੱਲ ਲਈ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਨਿੱਝਰ ਦਾ ਅਮਰੀਕਾ ਦੌਰਾ ਪੰਜਾਬ ਅਤੇ ਪ੍ਰਵਾਸੀ ਪੰਜਾਬੀ ਭਾਈਚਾਰੇ ਦਰਮਿਆਨ ਸੰਪਰਕ ਨੂੰ ਹੋਰ ਮਜ਼ਬੂਤ ਕਰਨ ਦਾ ਵੀ ਇੱਕ ਵਧੀਆ ਮੌਕਾ ਹੈ।ਇਸ ਮੌਕੇ ਸਮਾਗਮ ਵਿੱਚ ਸ਼ਾਮਲ ਪ੍ਰਮੁੱਖ ਸ਼ਖ਼ਸੀਅਤਾਂ ਨਰਿੰਦਰ ਸਿੰਘ ਥਾਂਦੀ ਪ੍ਰਧਾਨ ਗੁਰਦੁਆਰਾ ਵੈਸਟ ਸੈਕਰਾਮੈਂਟੋ , ਲਖਬੀਰ ਸਿੰਘ ਔਜਲਾ ਪ੍ਰਧਾਨ ਗੁਰਦੁਆਰਾ ਬਰਾਡਸ਼ਾਹ, ਜਸਵਿੰਦਰ ਸਿੰਘ ਸੰਘਾ ਪ੍ਰਧਾਨ ਗੁਰਦੁਆਰਾ ਦਸਮੇਸ਼ ਦਰਬਾਰ, ਸੀਨੀਅਰ ਪੱਤਰਕਾਰ ਹੁਸਨ ਲੜੋਆ ਬੰਗਾ, ਚਾਚਾ ਸੁਖਦੇਵ ਸਿੰਘ ਲੰਬੜ, ਗੁਰਦਿਆਲ ਸਿੰਘ ਨਿੱਝਰ, ਗੁਰਮੀਤ ਸਿੰਘ ਬੜੈਚ ਤੇ ਹੈਪੀ ਵਰਿਆਣਾ ਆਦਿ ਬੁਲਾਰਿਆਂ ਨੇ ਵੀ ਸੀਨੀਅਰ ਪੱਤਰਕਾਰ ਅਮਰਜੀਤ ਸਿੰਘ ਨਿੱਝਰ ਨੂੰ ਅਮਰੀਕਾ ਪਹੁੰਚਣ 'ਤੇ ਜੀ ਆਇਆਂ ਆਖਦਿਆਂ ਉਨ੍ਹਾਂ ਦੀਆਂ ਪੱਤਰਕਾਰੀ ਸੇਵਾਵਾਂ ਦੀ ਸ਼ਲਾਘਾ ਕੀਤੀ। ਹਾਜ਼ਰ ਸ਼ਖ਼ਸੀਅਤਾਂ ਨੇ ਭਵਿੱਖ ਵਿੱਚ ਵੀ ਪੰਜਾਬੀ ਭਾਈਚਾਰੇ ਦੀ ਭਲਾਈ ਅਤੇ ਆਪਸੀ ਸਾਂਝ ਨੂੰ ਮਜ਼ਬੂਤ ਕਰਨ ਲਈ ਸਾਂਝੇ ਯਤਨ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਗਾਲਟ ਸਿਟੀ ਦੇ ਮੇਅਰ ਪ੍ਰਗਟ ਸਿੰਘ ਸੰਧੂ ਤੇ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਅਕੈਡਮੀ ਸੈਕਰਾਮੈਂਟੋ ਵੱਲੋਂ ਸੀਨੀਅਰ ਪੱਤਰਕਾਰ ਅਮਰਜੀਤ ਸਿੰਘ ਨਿੱਝਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਤੇ ਉਨਾਂ ਦੇ ਮਾਣ ਵਿੱਚ ਡਿਨਰ ਪਾਰਟੀ ਦਾ ਆਯੋਜਨ ਵੀ ਕੀਤਾ ਗਿਆ। ਇਸ ਮੌਕੇ ਉੱਤੇ ਗੁਰਦੁਆਰਾ ਬਰਾਡਸ਼ਾਹ ਦੀ ਕਮੇਟੀ ਦੇ ਸੀਨੀਅਰ ਮੈਂਬਰ ਅਤੇ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਅਕੈਡਮੀ ਸੈਕਰਾਮੈਂਟੋ ਦੇ ਸੀਨੀਅਰ ਆਗੂ ਰਣਧੀਰ ਸਿੰਘ ਧੀਰਾ ਨਿੱਝਰ ਨੇ ਜਿੱਥੇ ਪੱਤਰਕਾਰ ਅਮਰਜੀਤ ਸਿੰਘ ਨਿੱਝਰ ਨੂੰ ਅਕੈਡਮੀ ਤਰਫੋਂ ਅਮਰੀਕਾ ਦੀ ਧਰਤੀ ਉੱਤੇ ਆਉਣ ਲਈ ਜੀ ਆਇਆਂ ਆਖਿਆ, ਉੱਥੇ ਹੀ ਉਹਨਾਂ ਨੇ ਅਕੈਡਮੀ ਦੀਆਂ ਖੇਡ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਇਸ ਮੌਕੇ ਉੱਤੇ ਹੋਰਨਾਂ ਤੋਂ ਇਲਾਵਾ ਅਮਰੀਕ ਖੇਲਾ, ਹੈਰੀ ਸੰਘਾ, ਰਵੀ ਨਾਗਰਾ, ਗੋਲਡੀ ਲਾਲੀ ਨਿਜ਼ਾਮਦੀਨਪੁਰ, ਬਿੱਟੂ ਰੰਧਾਵਾ, ਅਮਰਜੀਤ ਸਿੰਘ ਨਿੱਝਰ ਮੰਗੀ ਲੰਬੜ, ਬਲਵਿੰਦਰ ਸਿੰਘ ਸੰਧੂ, ਪਰਮਜੀਤ ਸਿੰਘ ਜੌਹਲ, ਸੁਖਵਿੰਦਰ ਸਿੰਘ ਕੁਲਾਰ, ਸ਼ਰਨਜੀਤ ਗਿੱਲ, ਸਾਬੀ ਨਿੱਝਰ, ਪ੍ਰਕੀਰਤ ਸਿੰਘ ਸੰਧੂ, ਕੇਪੀ ਗਿੱਲ, ਸ਼ੇਰੂ ਭਾਟੀਆ, ਸੋਨੀ ਕੰਗ, ਤਰਲੋਚਨ ਸਿੰਘ ਅਟਵਾਲ, ਹੈਪੀ ਔਲਖ ਤੇ ਕਮਲ ਸਮੇਤ ਕਈ ਹੋਰ ਸ਼ਖ਼ਸੀਅਤਾਂ ਸਮਾਗਮ ਦੇ ਵਿੱਚ ਹਾਜ਼ਰ ਸਨ।



## ਯੂਰੀਆ ਪਲਾਂਟ ਨੂੰ ਮਨਜ਼ੂਰੀ ਮਿਲਣ 'ਤੇ ਸੁਭਾਸ਼ ਸ਼ਰਮਾ ਦਾ ਧੰਨਵਾਦ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਭਾਰਤੀ ਜਨਤਾ ਪਾਰਟੀ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਸੀਨੀਅਰ ਮੀਤ ਪ੍ਰਧਾਨ ਅਮਰ ਸੋਢੀ ਨੇ ਨੰਗਲ ਐੱਨ ਐੱਫ ਐੱਲ ਵਿਖੇ ਨਵੇਂ ਯੂਰੀਆ ਪਲਾਂਟ ਨੂੰ ਕੇਂਦਰ ਸਰਕਾਰ ਵੱਲੋਂ ਮਨਜ਼ੂਰੀ ਮਿਲਣ 'ਤੇ ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ।

ਉਨ੍ਹਾਂ ਕਿਹਾ ਕਿ ਡਾ. ਸੁਭਾਸ਼ ਸ਼ਰਮਾ ਨੇ ਇਸ ਮਹੱਤਵਪੂਰਨ ਪ੍ਰੋਜੈਕਟ ਨੂੰ ਮਨਜ਼ੂਰ ਕਰਵਾਉਣ ਲਈ ਲੰਬੇ ਸਮੇਂ ਤੋਂ ਮਿਹਨਤ ਕੀਤੀ ਅਤੇ ਉਨ੍ਹਾਂ ਦੇ ਯਤਨਾਂ ਸਦਕਾ ਇਹ ਵੱਡੀ ਪ੍ਰਾਪਤੀ ਸੰਭਵ ਹੋਈ ਹੈ। ਅਮਰ ਸੋਢੀ ਨੇ ਕਿਹਾ ਕਿ ਨੰਗਲ ਵਿੱਚ ਨਵਾਂ ਯੂਰੀਆ ਪਲਾਂਟ ਲੱਗਣਾ ਸਮੁੱਚੇ ਇਲਾਕੇ ਲਈ ਬਹੁਤ ਹੀ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ। ਇਸ ਪ੍ਰੋਜੈਕਟ ਨਾਲ ਸ੍ਰੀ ਅਨੰਦਪੁਰ ਸਾਹਿਬ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਵਿਕਾਸ ਦੀਆਂ ਨਵੀਆਂ ਸੰਭਾਵਨਾਵਾਂ ਪੈਦਾ ਹੋਣਗੀਆਂ।

ਖ਼ਾਸ ਕਰਕੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ ਅਤੇ ਟਰਾਂਸਪੋਰਟ ਤੇ ਵਪਾਰਕ ਗਤੀਵਿਧੀਆਂ ਵਿੱਚ ਵੀ ਵਾਧਾ ਹੋਣ ਦੀ ਉਮੀਦ ਹੈ।ਅਮਰ ਸੋਢੀ ਨੇ ਇਸ ਪ੍ਰੋਜੈਕਟ ਨੂੰ ਮਨਜ਼ੂਰੀ ਦਿਵਾਉਣ ਲਈ ਕੇਂਦਰੀ ਮੰਤਰੀ ਜਗਤ ਪ੍ਰਕਾਸ਼ ਨੱਢਾ, ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਅਤੇ ਭਾਜਪਾ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਰਤਨ ਕੁਮਾਰ ਧਨੇੜਾ ਦਾ ਵੀ ਧੰਨਵਾਦ ਕੀਤਾ।

## ਜਿੱਤ ਹਾਸਲ ਕਰਨ ਵਾਲੇ ਉਮੀਦਵਾਰਾਂ ਨੂੰ ਕਾਹਲੋਂ ਤੇ ਢਿੱਲੋਂ ਵੱਲੋਂ ਵਧਾਈ

**ਜਲੰਧਰ (ਰਾਜੇਸ਼ ਥਾਪਾ)** ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ, ਚੰਡੀਗੜ੍ਹ ਵੱਲੋਂ ਨਿਯੁਕਤ ਚੋਣ ਆਬਜ਼ਰਵਰ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਅਤੇ ਐਡਵੋਕੇਟ ਪਰਮਿੰਦਰ ਸਿੰਘ ਢਿੱਲੋਂ ਨੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਜਲੰਧਰ ਦੀਆਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਸਮੂਹ ਉਮੀਦਵਾਰਾਂ ਨੂੰ ਦਿਲੋਂ ਮੁਬਾਰਕਬਾਦ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ ਹਨ।ਉਨ੍ਹਾਂ ਕਿਹਾ ਕਿ ਜਿਹੜੇ ਉਮੀਦਵਾਰ ਇਸ ਵਾਰ ਸਫਲ ਨਹੀਂ ਹੋ ਸਕੇ, ਉਨ੍ਹਾਂ ਦੇ ਹੌਸਲੇ, ਮਿਹਨਤ ਅਤੇ ਲੋਕਤੰਤਰਿਕ ਭਾਵਨਾ ਨੂੰ ਵੀ ਸਲਾਮ ਹੈ। ਹਾਰ-ਜਿੱਤ ਚੋਣ ਪ੍ਰਕਿਰਿਆ ਦਾ ਹਿੱਸਾ ਹੈ, ਪਰ ਚੋਣ ਲੜਨ ਵਾਲਾ ਹਰ ਉਮੀਦਵਾਰ ਬਾਰ ਪਰਿਵਾਰ ਦਾ ਸਤਿਕਾਰਯੋਗ ਅਤੇ ਅਹਿਮ ਮੈਂਬਰ ਹੈ।ਦੋਵਾਂ ਆਬਜ਼ਰਵਰਾਂ ਨੇ ਕਿਹਾ, ਚੋਣਾਂ ਖ਼ਤਮ ਹੋ ਗਈਆਂ ਹਨ, ਪਰ ਸਾਡਾ ਰਿਸ਼ਤਾ ਚੋਣਾਂ ਤੋਂ ਕਿਤੇ ਵੱਡਾ ਹੈ। ਅਸੀਂ ਸਾਰੇ ਇੱਕੋ ਪਰਿਵਾਰ ਦੇ ਮੈਂਬਰ ਹਾਂ। ਹੁਣ ਸਾਰਿਆਂ ਨੂੰ ਆਪਸੀ ਮਤਭੇਦ ਭੁਲਾ ਕੇ ਬਾਰ ਐਸੋਸੀਏਸ਼ਨ ਦੀ ਏਕਤਾ, ਮਾਣ-ਮਰਿਆਦਾ ਅਤੇ ਵਕੀਲ ਭਾਈਚਾਰੇ ਦੀ ਭਲਾਈ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਨਵੀਂ ਚੁਣੀ ਗਈ ਟੀਮ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ, ਬਿਨਾਂ ਕਿਸੇ ਭੇਦਭਾਵ ਦੇ, ਬਾਰ ਦੀ ਭਲਾਈ ਅਤੇ ਵਕੀਲਾਂ ਦੇ ਹੱਕਾਂ ਤੇ ਹਿੱਤਾਂ ਲਈ ਕੰਮ ਕਰੇਗੀ। ਚੋਣ ਵਿੱਚ ਕੁਝ ਉਮੀਦਵਾਰ ਜਿੱਤੇ ਹਨ, ਪਰ ਅਸਲ ਜਿੱਤ ਲੋਕਤੰਤਰ, ਭਾਈਚਾਰੇ ਅਤੇ ਸਮੁੱਚੇ ਬਾਰ ਪਰਿਵਾਰ ਦੀ ਹੋਈ ਹੈ।



## ਅਰਵਿੰਦ ਕੇਜਰੀਵਾਲ ਦੇ ਮੁੜ ਕੌਮੀ ਕਨਵੀਨਰ ਚੁਣੇ ਜਾਣ 'ਤੇ ਬਲਜਿੰਦਰ ਢਿੱਲੋਂ ਵੱਲੋਂ ਵਧਾਈ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਆਮ ਆਦਮੀ ਪਾਰਟੀ ਦੀ ਰਾਸ਼ਟਰੀ ਕੌਂਸਲ ਵੱਲੋਂ ਅਰਵਿੰਦ ਕੇਜਰੀਵਾਲ ਨੂੰ ਸਰਬਸੰਮਤੀ ਨਾਲ ਮੁੜ ਪਾਰਟੀ ਦਾ ਰਾਸ਼ਟਰੀ ਕਨਵੀਨਰ ਚੁਣੇ ਜਾਣ 'ਤੇ ਪੰਜਾਬ ਐਗਰੋ ਫੂਡਗ੍ਰੇਨਜ਼ ਕਾਰਪੋਰੇਸ਼ਨ ਦੇ ਚੇਅਰਮੈਨ ਤੇ ਲੋਕ ਸਭਾ ਇੰਚਾਰਜ ਪਟਿਆਲਾ ਸ. ਬਲਜਿੰਦਰ ਸਿੰਘ ਢਿੱਲੋਂ ਨੇ ਦਿਲੋਂ ਵਧਾਈ ਦਿੱਤੀ। ਸ. ਢਿੱਲੋਂ ਨੇ ਕਿਹਾ ਕਿ ਸ੍ਰੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਿੱਚ ਦਿੱਲੀ ਵਿੱਚ ਲਗਾਤਾਰ ਤਿੰਨ ਵਾਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਤੇ ਉਨ੍ਹਾਂ ਦੇ ਰਾਜ ਵਿੱਚ ਕੀਤੇ ਗਏ ਕੰਮਾਂ ਨੂੰ ਦਿੱਲੀ ਨਿਵਾਸੀ ਹੁਣ ਵੀ ਯਾਦ ਕਰਦੇ ਹਨ। ਇਸ ਤਰ੍ਹਾਂ ਪੰਜਾਬ ਵਿੱਚ ਕੇਜਰੀਵਾਲ ਦੀ ਲੋਕ ਪੱਖੀ ਸੋਚ ਤੇ ਆਮ ਲੋਕਾਂ ਦੀ ਸਰਕਾਰ ਬਣਾ ਕੇ ਆਮ ਆਦਮੀ ਪਾਰਟੀ ਨੇ ਮੈਨੀਫੈਸਟੋ ਵਿੱਚ ਦਿੱਤੀਆਂ ਗਰੰਟੀਆਂ ਸਾਢੇ ਚਾਰ ਸਾਲ ਵਿੱਚ ਹੀ ਪੂਰੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਕੇਜਰੀਵਾਲ ਦੀ ਅਗਵਾਈ ਹੇਠ ਪਾਰਟੀ ਦੇਸ਼ ਭਰ ਵਿੱਚ ਲੋਕ ਪੱਖੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਉਠਾਉਂਦੀ ਰਹੇਗੀ।ਸ. ਢਿੱਲੋਂ ਨੇ ਸ੍ਰੀ ਕੇਜਰੀਵਾਲ ਨੂੰ ਇਸ ਮੌਕੇ 'ਤੇ ਸ਼ੁੱਭ-ਕਾਮਨਾਵਾਂ ਦਿੰਦਿਆਂ ਪਾਰਟੀ ਦੀ ਚੜ੍ਹਦੀ ਕਲਾ ਤੇ ਭਵਿੱਖੀ ਸਫਲਤਾ ਦੀ ਕਾਮਨਾ ਕੀਤੀ।

## ਵਿਧਾਇਕ ਰਾਏ ਨੇ ਸੀਵਰੇਜ ਦਾ ਕੰਮ ਸ਼ੁਰੂ ਕਰਵਾਇਆ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਰਵਾਨੀ ਰੈਸਟ ਹਾਊਸ ਰੋਜ਼ਾ ਸ਼ਰੀਫ ਫਤਿਹਗੜ੍ਹ ਸਾਹਿਬ ਵਿਖੇ ਸੀਵਰੇਜ ਦਾ ਕੰਮ ਸ਼ੁਰੂ ਕਰਵਾਇਆ ਗਿਆ।ਰੋਜ਼ਾ ਸ਼ਰੀਫ ਵਾਸੀਆਂ ਵੱਲੋਂ ਵਿਧਾਇਕ ਲਖਬੀਰ ਸਿੰਘ ਰਾਏ ਦਾ ਵਾਰ ਵਾਰ ਧੰਨਵਾਦ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਕਰੀਬ 10 ਲੱਖ ਰੁਪਏ ਦੀ ਲਾਗਤ ਦੇ ਨਾਲ ਸੀਵਰੇਜ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ, ਸੀਵਰੇਜ ਪੈਣ ਦੇ ਨਾਲ ਰੋਜ਼ਾ ਸ਼ਰੀਫ ਵਾਸੀਆਂ ਨੂੰ ਗੰਦੇ ਪਾਣੀ ਦੀ ਸਮੱਸਿਆ ਤੋਂ ਨਿਜਾਤ ਮਿਲੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਬਿਹਤਰੀ ਲਈ ਕੰਮ ਕਰ ਰਹੀ ਹੈ, ਜਿੱਥੇ ਵਿਕਾਸ ਪੱਖੋਂ ਸ਼ਹਿਰ ਦੀ ਨੁਹਾਰ ਬਦਲੀ ਜਾ ਰਹੀ ਹੈ, ਉਥੇ ਹੀ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੂੰ ਸੁੰਦਰ ਬਣਾਉਣ ਦਾ ਯਤਨ ਕੀਤਾ ਜਾ ਰਿਹਾ ਹੈ।ਇਸ ਮੌਕੇ ਡਾ. ਚਮਨ ਕੁਰੈਸ਼ੀ ਚੇਅਰਮੈਨ ਮੁਸਲਿਮ ਡਿਵੈਲਪਮੈਂਟ ਬੋਰਡ ਫ.ਗ.ਸ, ਬਹਾਦਰ ਖਾਨ, ਖਲੀਫਾ ਸਈਅਦ ਸਾਦਿਕ, ਆਸ਼ਾ ਰਾਣੀ ਪ੍ਰਧਾਨ ਨਗਰ ਕੌਂਸਲ ਸਰਹੰਦ, ਰਮੇਸ਼ ਕੁਮਾਰ ਸੋਨੂੰ, ਕੌਂਸਲਰ ਜਸਵੀਰ ਕੌਰ ਸੈਣੀ, ਕੌਂਸਲਰ ਐਡਵੋਕੇਟ ਰਾਜੇਸ਼ ਉੱਪਲ, ਰਾਜਨ ਗੁਪਤਾ, ਕੌਂਸਲਰ ਪਾਵੇਲ ਹਾਂਡਾ, ਯੂਥ ਪ੍ਰਧਾਨ ਦਿਲਪ੍ਰੀਤ ਸਿੰਘ ਭੱਟੀ, ਸਾਬਿਰ ਖਾਨ ਆਦਿ ਹਾਜ਼ਰ ਸਨ।

## ਬਾਰ ਐਸੋਸੀਏਸ਼ਨ ਫੂਲ ਦੀਆਂ ਚੋਣਾਂ ਸ਼ਾਂਤੀਪੂਰਨ ਢੰਗ ਨਾਲ ਸੰਪੰਨ




ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਬਾਰ ਐਸੋਸੀਏਸ਼ਨ ਫੂਲ ਜ਼ਿਲ੍ਹਾ ਬਠਿੰਡਾ ਦੀਆਂ ਚੋਣਾਂ ਸ਼ਾਂਤੀਪੂਰਨ ਤੇ ਸੁਚੱਜੇ ਢੰਗ ਨਾਲ ਸੰਪੰਨ ਹੋਈਆਂ।ਚੋਣ ਪ੍ਰਕਿਰਿਆ ਰਿਟਰਨਿੰਗ ਅਫ਼ਸਰ ਐਡਵੋਕੇਟ ਰੁਪਿੰਦਰ ਗਰਗ, ਅਸਿਸਟੈਂਟ ਰਿਟਰਨਿੰਗ ਅਫ਼ਸਰ ਐਡਵੋਕੇਟ ਅਮਿਤ ਗੋਇਲ ਤੇ ਅਸਿਸਟੈਂਟ ਰਿਟਰਨਿੰਗ ਅਫ਼ਸਰ ਐਡਵੋਕੇਟ ਪਵਿੱਤਰ ਸਿੰਘ ਸੰਧੂ ਦੀ ਦੇਖ-ਰੇਖ ਹੇਠ ਕਰਵਾਈ ਗਈ।ਬਾਰ ਐਸੋਸੀਏਸ਼ਨ ਦੇ ਕੁੱਲ 117 ਵੋਟਰਾਂ ਵਿੱਚੋਂ 112 ਮੈਂਬਰਾਂ ਨੇ ਆਪਣੀ ਵੋਟ ਦਾ ਇਸਤੇਮਾਲ ਕੀਤਾ, ਜਦਕਿ 5 ਵੋਟਾਂ ਪੋਲ ਨਹੀਂ ਹੋਈਆਂ।ਪ੍ਰਧਾਨ ਦੇ ਅਹੁਦੇ ਲਈ ਐਡਵੋਕੇਟ ਸਤਪਾਲ ਸਿੰਘ ਸੈਣੀ ਨੇ 63 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਜਦਕਿ ਐਡਵੋਕੇਟ ਪ੍ਰਦੀਪ ਸਿੰਘ ਸਿੱਧੂ ਨੂੰ 48 ਵੋਟਾਂ ਮਿਲੀਆਂ ਤੇ 1 ਵੋਟ ਨੋਟਾ ਨੂੰ ਪਈ।ਸਕੱਤਰ ਦੇ ਅਹੁਦੇ ਲਈ ਐਡਵੋਕੇਟ ਚੰਦ ਸਿੰਘ ਭੁੱਲਰ ਨੇ 58 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਜਦਕਿ ਐਡਵੋਕੇਟ ਅਮਰਿੰਦਰ ਸਿੰਘ ਬਰਾੜ ਨੂੰ 53 ਵੋਟਾਂ ਮਿਲੀਆਂ।ਸੀਨੀਅਰ ਮੀਤ ਪ੍ਰਧਾਨ ਦੇ ਅਹੁਦੇ ਲਈ ਐਡਵੋਕੇਟ ਹਰਮਨਿੰਦਰ ਸਿੰਘ ਢਿੱਲੋਂ ਨੇ 74 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਜਦਕਿ ਐਡਵੋਕੇਟ ਇੰਦਰਜੀਤ ਬਰਾੜ ਨੂੰ 38 ਵੋਟਾਂ ਪ੍ਰਾਪਤ ਹੋਈਆਂ।ਇਸ ਤੋਂ ਇਲਾਵਾ ਐਡਵੋਕੇਟ ਰਾਜਵਿੰਦਰ ਕੌਰ ਮੀਤ ਪ੍ਰਧਾਨ, ਐਡਵੋਕੇਟ ਰਾਹੁਲ ਤਲਵਾੜ ਸੰਯੁਕਤ ਸਕੱਤਰ, ਐਡਵੋਕੇਟ ਅਮਨਦੀਪ ਤਲਵਾੜ ਖਜ਼ਾਨਚੀ ਤੇ ਐਡਵੋਕੇਟ ਰਿਪਲ ਜੈਨ ਲਾਇਬ੍ਰੇਰੀ ਇੰਚਾਰਜ ਦੇ ਅਹੁਦਿਆਂ ਲਈ ਬਿਨਾਂ ਮੁਕਾਬਲਾ ਚੁਣੇ ਗਏ।ਬਾਰ ਦੇ ਮੈਂਬਰਾਂ ਨੇ ਨਵੀਂ ਚੁਣੀ ਗਈ ਟੀਮ ਨੂੰ ਵਧਾਈ ਦਿੰਦਿਆਂ ਬਾਰ ਦੀ ਏਕਤਾ, ਭਲਾਈ ਤੇ ਵਕੀਲ ਭਾਈਚਾਰੇ ਦੇ ਹਿੱਤਾਂ ਲਈ ਮਿਲਜੁਲ ਕੇ ਕੰਮ ਕਰਨ ਦੀ ਆਸ ਪ੍ਰਗਟਾਈ।

## ਕਿੰਡਰ ਗਾਰਟਨ ਨੇ 'ਖੇਡਾਂ ਵਤਨ ਪੰਜਾਬ ਦੀਆਂ' 'ਚ ਮਾਰੀਆਂ ਮੱਲਾਂ




ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਕਰਵਾਈਆ 'ਖੇਡਾਂ ਵਤਨ ਪੰਜਾਬ ਦੀਆਂ' ਵਿਚ ਸਥਾਨਕ ਕਿੰਡਰ ਗਾਰਟਨ ਐਂਡ ਸੀ ਸੈ ਸਕੂਲ ਦੇ ਵਿਦਿਆਰਥੀਆ ਨੇ ਦੌੜਾਂ, ਲੰਬੀ ਛਾਲ, ਐਥਲੈਟਿਕਸ, ਗੋਲਾ ਸੁੱਟਣ, ਵਾਲੀਬਾਲ ਆਦਿ ਮੁਕਾਬਲਿਆਂ ਵਿੱਚ ਹਿੱਸਾ ਲਿਆ। ਅੰਡਰ 14 ਵਾਲੀਬਾਲ ਲੜਕਿਆਂ ਨੇ ਪਹਿਲਾ ਤੇ ਅੰਡਰ 21 ਵਾਲੀਬਾਲ ਲੜਕਿਆਂ ਨੇ ਦੂਜਾ ਸਥਾਨ ਹਾਸਲ ਕੀਤਾ।ਇਨ੍ਹਾਂ ਵਿੱਚ ਅੰਡਰ 14 ਲੜਕੀਆਂ 100 ਮੀ. ਦੌੜ 'ਚ ਪਹਿਲਾ ਤੇ ਲੰਬੀ ਛਾਲ 'ਚ ਦੂਜਾ ਸਥਾਨ ਹਾਸਲ ਕੀਤਾ।ਅੰਡਰ 14, 17 ਲੜਕਿਆਂ 100 ਮੀ. ਦੌੜ 'ਚ ਪਹਿਲਾ ਤੇ 400 ਮੀ. 'ਚ ਤੀਜਾ ਸਥਾਨ ਹਾਸਲ ਕੀਤਾ।ਇਨ੍ਹਾਂ ਖੇਡਾਂ ਵਿੱਚ ਇਸ ਸਕੂਲ ਦੇ ਡੀ.ਪੀ. ਮੈਡਮ ਹਰਪ੍ਰੀਤ ਕੌਰ ਨੇ ਗੋਲਾ ਸੁੱਟਣ ਵਿੱਚ ਹਿੱਸਾ ਲਿਆ ਤੇ ਪਹਿਲਾ ਸਥਾਨ ਹਾਸਲ ਕੀਤਾ।ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਉੱਪ ਚੇਅਰਮੈਨ ਕਮਲਜੀਤ ਸਿੰਘ ਸ਼ਾਹੀ, ਡਾਇਰੈਕਟਰ ਸਰਬਜੀਤ ਕੌਰ, ਪ੍ਰਿੰਸੀਪਲ ਰਣਜੋਤ ਕੌਰ ਨੇ ਬੱਚਿਆਂ ਨੂੰ ਉਤਸ਼ਾਹਤ ਕਰਦਿਆਂ ਕਿਹਾ ਕਿ ਖੇਡਾਂ ਮੱਨੁਖੀ ਜੀਵਨ ਦਾ ਅਟੁੱਟ ਹਿੱਸਾ ਹਨ।ਖੇਡਾਂ ਵਿਦਿਆਰਥੀ ਨੂੰ ਅਨੁਸ਼ਾਸਨ ਵਿੱਚ ਰਹਿਣਾ ਸਿਖਾਉਂਦੀਆਂ ਹਨ ਤੇ ਨਸ਼ਿਆਂ ਤੋਂ ਵੀ ਦੂਰ ਰੱਖਦੀਆਂ ਹਨ।ਅੰਤ ਵਿੱਚ ਉਨ੍ਹਾਂ ਬੱਚਿਆਂ, ਉਨ੍ਹਾਂ ਦੇ ਮਾਪਿਆਂ ਅਤੇ ਡੀ. ਪੀ. ਮੈਡਮ ਹਰਪ੍ਰੀਤ ਕੌਰ ਤੇ ਜਸ਼ਨਪ੍ਰੀਤ ਕੌਰ ਨੂੰ ਵਧਾਈ ਦਿੱਤੀ।

## ਡਾ. ਅਰੋੜਾ ਨੇ ਵੰਡੇ ਆਂਗਣਵਾੜੀ ਵਰਕਰ ਤੇ ਹੈਲਪਰ ਦੇ ਨਿਯੁਕਤੀ ਪੱਤਰ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਹਿਤੈਸ਼ੀ ਸੋਚ ਤਹਿਤ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਹਲਕਾ ਮੋਗਾ ਦੀਆਂ 25 ਮੁਟਿਆਰਾਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਅਹੁਦਿਆਂ ਲਈ ਨਿਯੁਕਤੀ ਪੱਤਰ ਵੰਡੇ ਗਏ।ਨਿਯੁਕਤੀ ਪੱਤਰ ਹਲਕਾ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਨਵ-ਨਿਯੁਕਤ ਮੁਟਿਆਰਾਂ ਨੂੰ ਸੌਂਪੇ ਗਏ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਨਵ-ਨਿਯੁਕਤ ਮੁਟਿਆਰਾਂ ਨੂੰ ਦਿਲੋਂ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੌਜਵਾਨਾਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ।ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਬਿਹਤਰ ਮੌਕੇ ਮੁਹੱਈਆ ਕਰਵਾ ਕੇ ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣਾ ਹੈ।ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਆਂਗਣਵਾੜੀ ਵਰਕਰ ਤੇ ਹੈਲਪਰ ਸਮਾਜ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਹ ਬੱਚਿਆਂ ਦੇ ਪੋਸ਼ਣ, ਸਿਹਤ ਤੇ ਮੁੱਢਲੇ ਵਿਕਾਸ ਦੇ ਨਾਲ-ਨਾਲ ਔਰਤਾਂ ਤੇ ਬੱਚਿਆਂ ਨਾਲ ਸਬੰਧਤ ਵੱਖ-ਵੱਖ ਸਰਕਾਰੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ।ਉਨ੍ਹਾਂ ਨਵ-ਨਿਯੁਕਤ ਮੁਟਿਆਰਾਂ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਜ਼ਿੰਮੇਵਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਰੁਜ਼ਗਾਰ ਦੇਣ ਦੀ ਪ੍ਰਕਿਰਿਆ ਲਗਾਤਾਰ ਜਾਰੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕ-ਹਿੱਤ ਤੇ ਰੁਜ਼ਗਾਰ ਨਾਲ ਜੁੜੇ ਅਜਿਹੇ ਯਤਨ ਜਾਰੀ ਰਹਿਣਗੇ।ਇਸ ਮੌਕੇ ਸੀਡੀਪੀਓ ਬਹਾਦਰ ਸਿੰਘ ਸਮੇਤ ਵਿਭਾਗ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

## ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇ ਰਹੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ' : ਨਰਿੰਦਰ ਕੌਰ ਭਰਾਜ



ਸੰਗਰੂਰ/ਭਵਾਨੀਗੜ੍ਹ (ਪ੍ਰਵੀਨ ਸਿੰਘ/ਰਾਜ ਖੁਰਮੀ)-ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖ ਕੇ ਉਸ ਦੀ ਊਰਜਾ ਨੂੰ ਖੇਡਾਂ, ਤੰਦਰੁਸਤੀ ਤੇ ਕਾਮਯਾਬੀ ਵੱਲ ਮੋੜਨ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ' ਸਾਰਥਕ ਭੂਮਿਕਾ ਨਿਭਾਅ ਰਹੀਆਂ ਹਨ। ਇਹ ਪ੍ਰਗਟਾਵਾ ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ ਨੇ ਸ੍ਰੀ ਗੁਰੂ ਤੇਗ ਬਹਾਦਰ ਸਟੇਡੀਅਮ, ਘਰਾਚੋਂ ਵਿਖੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੌਰਾਨ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕੀਤਾ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਸਰਪੰਚ ਦਲਜੀਤ ਸਿੰਘ ਘੁੰਮਣ, ਮਲਵਿੰਦਰ ਸਿੰਘ, ਬਲਜਿੰਦਰ ਸਿੰਘ, ਗੁਰਚਰਨ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।ਵਿਧਾਇਕ ਭਰਾਜ ਨੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਖੇਡ ਪੱਖੀ ਸੋਚ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਮੌਜੂਦ ਖੇਡ ਪ੍ਰਤਿਭਾ ਨੂੰ ਮੰਚ ਦੇਣ ਲਈ ਸ਼ੁਰੂ ਕੀਤੀਆਂ ਇਹ ਖੇਡਾਂ ਹੁਣ ਇੱਕ ਵੱਡੇ ਖੇਡ ਉਤਸਵ ਦਾ ਰੂਪ ਲੈ ਚੁੱਕੀਆਂ ਹਨ।ਉਨ੍ਹਾਂ ਕਿਹਾ ਕਿ ਨੌਜਵਾਨ ਜਦੋਂ ਮੈਦਾਨ ਨੂੰ ਆਪਣੀ ਮੰਜ਼ਿਲ ਬਣਾਉਂਦਾ ਹੈ ਤਾਂ ਉਸ ਦੀ ਮਿਹਨਤ ਨੂੰ ਦਿਸ਼ਾ, ਸੁਪਨਿਆਂ ਨੂੰ ਉਡਾਣ ਤੇ ਜੀਵਨ ਨੂੰ ਅਨੁਸ਼ਾਸਨ ਮਿਲਦਾ ਹੈ।ਉਨ੍ਹਾਂ ਖਿਡਾਰੀਆਂ ਨੂੰ ਜਿੱਤ-ਹਾਰ ਤੋਂ ਉੱਪਰ ਉੱਠ ਕੇ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਤੇ ਆਪਣੀ ਮਿਹਨਤ ਨਾਲ ਪੰਜਾਬ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਨੇ ਪਿੰਡਾਂ ਦੀ ਖੇਡ ਪ੍ਰਤਿਭਾ ਨੂੰ ਆਪਣਾ ਹੁਨਰ ਵਿਖਾਉਣ ਲਈ ਵੱਡਾ ਮੰਚ ਦਿੱਤਾ ਹੈ।ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜੀ ਨੌਜਵਾਨੀ ਅਨੁਸ਼ਾਸਨ, ਤੰਦਰੁਸਤੀ ਤੇ ਉਸਾਰੂ ਸੋਚ ਵੱਲ ਅੱਗੇ ਵਧਦੀ ਹੈ।ਉਨ੍ਹਾਂ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਪੱਕੀ ਸਾਂਝ ਪਾਉਣ ਤੇ ਆਪਣੀ ਮਿਹਨਤ ਨਾਲ ਪੰਜਾਬ ਦਾ ਮਾਣ ਵਧਾਉਣ ਲਈ ਪ੍ਰੇਰਿਤ ਕੀਤਾ।

## ਭਾਕਿਯੂ ਨੇ ਥਾਣੇ ਅੱਗੇ ਧਰਨਾ ਦੇ ਕੇ ਕੱਕੜਵਾਲ ਲਈ ਇਨਸਾਫ਼ ਮੰਗਿਆ

### ਪੁਲਸ ਤੇ ਫੈਕਟਰੀ ਪ੍ਰਬੰਧਕਾਂ ਖ਼ਿਲਾਫ਼ ਨਾਅਰੇਬਾਜ਼ੀ



ਧੂਰੀ (ਮਹਿਤ ਗਰਗ, ਮਹਿੰਦਰ ਸੱਗੂ, ਬਿਨੋ ਗਰਗ)-ਨੇੜਲੇ ਪਿੰਡ ਕੱਕੜਵਾਲ ਦੇ ਨੌਜਵਾਨ ਡਰਾਈਵਰ ਚਮਕੌਰ ਸਿੰਘ ਵੱਲੋਂ ਬੀਤੇ ਦਿਨੀਂ ਥਾਣਾ ਸਦਰ ਧੂਰੀ ਵਿਖੇ ਕੋਈ ਜ਼ਹਿਰੀਲੀ ਵਸਤੂ ਨਿਗਲ ਕੇ ਆਤਮ-ਹੱਤਿਆ ਕਰਨ ਦੀ ਕੀਤੀ ਗਈ ਕੋਸ਼ਿਸ਼ ਤੋਂ ਬਾਅਦ ਅੱਜ ਪੀੜਤ ਨੌਜਵਾਨ ਨੂੰ ਇਨਸਾਫ਼ ਦਿਵਾਉਣ ਤੇ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਕਰਵਾਉਣ ਲਈ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਵੱਲੋਂ ਬਲਾਕ ਪ੍ਰਧਾਨ ਹਰਬੰਸ ਸਿੰਘ ਲੱਡਾ ਦੀ ਅਗਵਾਈ ਹੇਠ ਥਾਣਾ ਸਦਰ ਧੂਰੀ ਦੇ ਬਾਹਰ ਸੰਕੇਤਕ ਧਰਨਾ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਆਗੂ ਰਾਮ ਸਿੰਘ ਕੱਕੜਵਾਲ, ਜਰਨੈਲ ਸਿੰਘ ਸੁਲਤਾਨਪੁਰ, ਕਰਮਜੀਤ ਸਿੰਘ ਭਲਵਾਨ, ਬਾਬੂ ਸਿੰਘ ਮੂਲੋਵਾਲ, ਦਰਸ਼ਨ ਸਿੰਘ ਕਿਲ੍ਹਾ ਤੇ ਮਨਪ੍ਰੀਤ ਕੌਰ ਨੇ ਦੱਸਿਆ ਕਿ ਬੇਨੜਾ ਸਥਿਤ ਫੈਕਟਰੀ ਮਾਲਕ ਵੱਲੋਂ ਚਮਕੌਰ ਸਿੰਘ ਦੀ ਗੱਡੀ ਰਾਹੀਂ ਭੇਜੇ ਗਏ ਮਾਲ ਦੀ ਲੁਧਿਆਣਾ ਸਥਿਤ ਫੈਕਟਰੀ ਦੇ ਮਾਲਕਾਂ ਵੱਲੋਂ ਪਹੁੰਚ ਨਾ ਦੇਣ ਕਾਰਨ ਇਹ ਸਾਰਾ ਬਖੇੜਾ ਖੜ੍ਹਾ ਹੋਇਆ, ਜੋ ਇਸ ਮਿਹਨਤਕਸ਼ ਨੌਜਵਾਨ ਲਈ ਬੇਹੱਦ ਦੁਖਦਾਈ ਸਾਬਿਤ ਹੋਇਆ।ਆਗੂਆਂ ਨੇ ਪੁਲਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਿਆਂ ਦੋਸ਼ ਲਾਇਆ ਕਿ ਪੁਲਸ ਨੇ ਇਨਸਾਫ਼ ਕਰਨ ਦੀ ਬਜਾਏ ਧਨਾਢ ਫੈਕਟਰੀ ਮਾਲਕਾਂ ਦਾ ਪੱਖ ਪੂਰਿਆ।ਕਥਿਤ ਤੌਰ 'ਤੇ ਫੈਕਟਰੀ ਮਾਲਕ ਦੀ ਹਾਜ਼ਰੀ ਵਿੱਚ ਹੀ ਡਰਾਈਵਰ ਦੀ ਗੱਡੀ ਥਾਣੇ ਛੱਡ ਦਿੱਤੀ ਗਈ, ਉਸ ਨਾਲ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ ਤੇ ਉਸ ਦੀ ਮਦਦ ਲਈ ਆਏ ਪਿੰਡ ਦੇ ਪਤਵੰਤੇ ਸੱਜਣਾਂ ਨੂੰ ਵੀ ਧਮਕਾਇਆ ਗਿਆ।ਇਸ ਜ਼ਲੀਲਤਾ ਤੋਂ ਦੁਖੀ ਹੋ ਕੇ ਨੌਜਵਾਨ ਆਪਣੀ ਜੀਵਨ ਲੀਲ੍ਹਾ ਸਮਾਪਤ ਕਰਨ ਲਈ ਮਜਬੂਰ ਹੋ ਗਿਆ, ਜੋ ਇਸ ਵੇਲੇ ਲੁਧਿਆਣਾ ਦੇ ਡੀ.ਐੱਮ.ਸੀ. ਹਸਪਤਾਲ ਵਿੱਚ ਜ਼ਿੰਦਗੀ ਤੇ ਮੌਤ ਦੇ ਗੰਭੀਰ ਮੋੜ 'ਤੇ ਖੜ੍ਹਾ ਹੈ।ਕਿਸਾਨ ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਐਲਾਨ ਕੀਤਾ ਕਿ ਅੱਜ ਦਾ ਇਹ ਰੋਸ ਪ੍ਰਦਰਸ਼ਨ ਮਹਿਜ਼ ਇੱਕ ਸੰਕੇਤਕ ਧਰਨਾ ਸੀ।ਜੇਕਰ ਪੁਲਸ ਪ੍ਰਸ਼ਾਸਨ ਨੇ ਆਪਣਾ ਰਵੱਈਆ ਨਾ ਬਦਲਿਆ ਤੇ ਪੀੜਤ ਨੂੰ ਇਨਸਾਫ਼ ਦਵਾਉਣ ਲਈ ਮਾਲਕਾਂ ਖ਼ਿਲਾਫ਼ ਕਾਰਵਾਈ ਨਾ ਕੀਤੀ ਤਾਂ ਯੂਨੀਅਨ ਵੱਲੋਂ ਇਸ ਸੰਘਰਸ਼ ਨੂੰ ਹੋਰ ਵਿਆਪਕ ਤੇ ਪ੍ਰਚੰਡ ਕੀਤਾ ਜਾਵੇਗਾ, ਜਿਸ ਦੀ ਸਮੁੱਚੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

## 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਇਆ ਡਰੋਨ ਸ਼ੋਅ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਏ ਜਾ ਰਹੇ ਸਮਾਗਮਾਂ ਤਹਿਤ ਵਿਧਾਨ ਸਭਾ ਹਲਕਾ ਗਿੱਦੜਬਾਹਾ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਵਾਇਆ ਗਿਆ।ਇਸ ਮੌਕੇ ਸੀਨੀਅਰ ਆਪ ਆਗੂ ਸੰਦੀਪ ਸਿੰਘ ਸੈਣੀ ਢਿੱਲੋਂ ਨੇ ਪਰਵਾਰ ਸਮੇਤ ਹਾਜ਼ਰੀ ਲਗਵਾਈ।ਇਸ ਮੌਕੇ ਸੰਗਤਾਂ ਨੇ ਅਸਮਾਨ ਵਿੱਚ ਹੋਏ ਇਸ ਵਿਲੱਖਣ ਨਜ਼ਾਰੇ ਦਾ ਭਰਪੂਰ ਆਨੰਦ ਮਾਣਿਆ।ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸੰਦੀਪ ਸਿੰਘ ਸੈਣੀ ਢਿੱਲੋਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਤੇ ਬੱਚਿਆਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਮਾਨਵਤਾ, ਸਮਾਨਤਾ ਤੇ ਭਾਈਚਾਰਕ ਸਾਂਝ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਡਰੋਨ ਸ਼ੋਅ ਰਾਹੀਂ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੇ ਸਿਧਾਂਤਾਂ ਨੂੰ ਇੱਕ ਨਵੇਂ ਤੇ ਪ੍ਰਭਾਵਸ਼ਾਲੀ ਢੰਗ ਨਾਲ ਜਾਣਨ ਦਾ ਮੌਕਾ ਮਿਲਿਆ ਹੈ।ਉਨ੍ਹਾਂ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੂਰੇ ਪੰਜਾਬ ਵਿੱਚ ਅਜਿਹੇ ਡਰੋਨ ਸ਼ੋਅ ਕਰਵਾਉਣ ਦਾ ਉਪਰਾਲਾ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੇ ਬਾਣੀ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਾਈ ਸਿੱਧ ਹੋਵੇਗਾ।ਸਮਾਗਮ ਦੌਰਾਨ ਉਪ ਮੰਡਲ ਮੈਜਿਸਟਰੇਟ ਗਿੱਦੜਬਾਹਾ ਅਰਵਿੰਦਰਪਾਲ ਸਿੰਘ, ਕਾਰਜ ਸਾਧਕ ਅਫਸਰ ਗਿੱਦੜਬਾਹਾ ਸੁਨੀਲ ਦੱਤ ਵਰਮਾ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਰਹੇ।

## ਸ਼ਹੀਦ ਸੁਖਚੈਨ ਸਿੰਘ ਦੀ ਸ਼ਹਾਦਤ 'ਤੇ ਪੂਰੇ ਦੇਸ਼ ਨੂੰ ਮਾਣ : ਨਾਇਬ ਸਿੰਘ ਸੈਣੀ

### ਮੁੱਖ ਮੰਤਰੀ ਨੇ ਸ਼ਹੀਦ ਦੀ ਅੰਤਿਮ ਅਰਦਾਸ 'ਚ ਸ਼ਾਮਲ ਹੋ ਕੇ ਸ਼ਰਧਾਂਜਲੀ ਭੇਟ ਕੀਤੀ



ਸਿਰਸਾ (ਜਗਤਾਰ ਸਮਾਲਸਰ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇਸ਼ ਲਈ ਸ਼ਹੀਦ ਹੋਏ ਲਾਂਸ ਨਾਇਕ ਸੁਖਚੈਨ ਸਿੰਘ ਨੂੰ ਸ਼ਰਧਾਂਜਲੀ ਦੇਣ ਲਈ ਏਲਨਾਬਾਦ ਦੇ ਪਿੰਡ ਕੁੱਤਾਬੱਢ ਪਹੁੰਚੇ, ਜਿੱਥੇ ਉਨ੍ਹਾਂ ਨੇ ਦੁਖੀ ਪਰਵਾਰ ਨਾਲ ਮੁਲਾਕਾਤ ਕਰਕੇ ਪਰਵਾਰ ਨੂੰ ਦਿਲਾਸਾ ਦਿੱਤਾ।ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਦੀ ਕੁਰਬਾਨੀ ਵਿਅਰਥ ਨਹੀਂ ਜਾਵੇਗੀ ਤੇ ਹਰਿਆਣਾ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪਰਵਾਰ ਦੇ ਨਾਲ ਖੜ੍ਹੀ ਹੈ।ਲਾਂਸ ਨਾਇਕ ਸੁਖਚੈਨ ਸਿੰਘ 3 ਸਤੰਬਰ ਨੂੰ ਜੰਮੂ-ਕਸ਼ਮੀਰ ਦੇ ਰਾਜੌਰੀ ਵਿੱਚ ਦੇਸ਼ ਲਈ ਸ਼ਹੀਦ ਹੋ ਗਏ ਸਨ।ਮੁੱਖ ਮੰਤਰੀ ਸੈਣੀ ਨੇ ਲਾਂਸ ਨਾਇਕ ਸੁਖਚੈਨ ਸਿੰਘ ਦੀ ਤਸਵੀਰ 'ਤੇ ਫੁੱਲ ਚੜ੍ਹਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਮੁੱਖ ਮੰਤਰੀ ਨੇ ਸ਼ਹੀਦ ਦੀ ਮਾਤਾ, ਪਤਨੀ ਤੇ ਹੋਰ ਪਰਿਵਾਰਕ ਮੈਂਬਰਾਂ ਦਾ ਹੱਥ ਫੜ ਕੇ ਉਨ੍ਹਾਂ ਨੂੰ ਦਿਲਾਸਾ ਦਿੱਤਾ।ਉਨ੍ਹਾਂ ਕਿਹਾ ਕਿ ਅੱਜ ਸਿਰਫ ਹਰਿਆਣਾ ਨਹੀਂ ਪੂਰਾ ਦੇਸ਼ ਲਾਂਸ ਨਾਇਕ ਸੁਖਚੈਨ ਸਿੰਘ ਦੀ ਸ਼ਹਾਦਤ ਨੂੰ ਯਾਦ ਕਰਕੇ ਦੇਸ਼ ਭਗਤੀ 'ਤੇ ਮਾਣ ਕਰਦਾ ਹੈ।ਇਸ ਦੌਰਾਨ ਪਿੰਡ ਵਾਸੀਆਂ ਨੇ ਸਰਪੰਚ ਬੇਅੰਤ ਸਿੰਘ ਦੀ ਅਗਵਾਈ ਵਿੱਚ ਮੁੱਖ ਮੰਤਰੀ ਨੂੰ ਇੱਕ ਮੰਗ ਪੱਤਰ ਸੌਂਪਿਆ, ਜਿਸ ਵਿੱਚ ਸ਼ਹੀਦ ਲਾਂਸ ਨਾਇਕ ਸੁਖਚੈਨ ਸਿੰਘ ਦੇ ਪਰਵਾਰ ਦੇ ਇੱਕ ਯੋਗ ਮੈਂਬਰ ਨੂੰ ਤੁਰੰਤ ਸਰਕਾਰੀ ਨੌਕਰੀ ਤੇ ਪਰਵਾਰ ਨੂੰ ਆਰਥਿਕ ਸਹਾਇਤਾ ਦੇਣ, ਪਿੰਡ ਦੇ ਸਰਕਾਰੀ ਸਕੂਲ ਦਾ ਨਾਮ ਸ਼ਹੀਦ ਲਾਂਸ ਨਾਇਕ ਸੁਖਚੈਨ ਸਿੰਘ ਦੇ ਨਾਮ 'ਤੇ ਰੱਖਣ ਤੇ ਪਿੰਡ ਦੇ ਮੁੱਖ ਰਸਤੇ 'ਤੇ ਸ਼ਹੀਦ ਦੇ ਨਾਮ 'ਤੇ ਗੇਟ ਬਣਾਏ ਜਾਣ ਦੀ ਮੰਗ ਕੀਤੀ ਗਈ।

## ਨੌਜਵਾਨ ਦੀ ਸੜਕ ਹਾਦਸੇ 'ਚ ਮੌਤ



ਮਾਛੀਵਾੜਾ ਸਾਹਿਬ (ਜੋਤੀ ਸ਼ਰਮਾ, ਜਗਦੀਸ਼ ਰਾਏ)-ਬੀਤੀ ਰਾਤ ਸਮਰਾਲਾ ਰੋਡ 'ਤੇ ਵਾਪਰੇ ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਨੌਜਵਾਨ ਹਰਵਿੰਦਰ ਸਿੰਘ (25) ਵਾਸੀ ਚਹਿਲਾਂ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਹਰਵਿੰਦਰ ਸਿੰਘ ਮਾਛੀਵਾੜਾ ਨੇੜੇ ਕੁਹਾੜਾ ਰੋਡ 'ਤੇ ਇੱਕ ਧਾਗਾ ਫੈਕਟਰੀ ਵਿੱਚ ਓਵਰ ਟਾਈਮ ਲਗਾ ਕੇ ਵਾਪਸ ਘਰ ਨੂੰ ਜਾ ਰਿਹਾ ਸੀ। ਕਰੀਬ 12 ਵਜੇ ਪਿੰਡ ਉਧੋਵਾਲ ਦੇ ਮੋੜ 'ਤੇ ਅੱਗੇ ਇੱਕ ਕਾਰ ਸਵਾਰ ਨੇ ਉਸ ਨੂੰ ਫੇਟ ਮਾਰੀ, ਜਿਸ ਕਾਰਨ ਉਹ ਹਾਦਸੇ ਦਾ ਸ਼ਿਕਾਰ ਹੋ ਗਿਆ।ਉਸਦੇ ਸਿਰ ਵਿੱਚ ਗਹਿਰੀ ਸੱਟ ਲੱਗੀ ਤੇ ਜਦੋਂ ਇਲਾਜ ਲਈ ਉਸ ਨੂੰ ਹਸਪਤਾਲ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਹਾਦਸੇ ਤੋਂ ਬਾਅਦ ਕਾਰ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਪ੍ਰਗਟ ਸਿੰਘ ਨੇ ਕਿਹਾ ਕਿ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟ ਮਾਰਟਮ ਲਈ ਭੇਜ ਦਿੱਤਾ ਹੈ। ਪੁਲਸ ਵੱਲੋਂ ਕਾਰ ਚਾਲਕ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਹੈ ਤੇ ਸੜਕ 'ਤੇ ਲੱਗੇ ਸੀਸੀਟੀਵੀ ਕੈਮਰਿਆਂ ਦੇ ਆਧਾਰ 'ਤੇ ਫ਼ਰਾਰ ਹੋਈ ਕਾਰ ਦੀ ਪਹਿਚਾਣ ਕੀਤੀ ਜਾ ਰਹੀ ਹੈ।

## ਵਰਲਡ ਯੂਨੀਵਰਸਿਟੀ ਵਿਖੇ ਸਿੱਖ ਅਧਿਐਨ ਸੰਬੰਧੀ ਪ੍ਰੋਗਰਾਮ ਸੰਪੰਨ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਵਿਭਾਗ ਵੱਲੋਂ ਸਿੱਖ ਅਧਿਐਨ ਤੇ ਖੋਜ ਸੰਬੰਧੀ ਹਫ਼ਤਾਵਾਰੀ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਸੰਪੰਨ ਹੋਇਆ।ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਲਗਭਗ ਪੰਜਾਹ ਅਧਿਆਪਕਾਂ ਨੇ ਭਾਗ ਲਿਆ।ਇਸ ਮੌਕੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕਿਹਾ ਕਿ ਇਸ ਉਪਰਾਲੇ ਦਾ ਉਦੇਸ਼ ਅਧਿਆਪਨ ਸਟਾਫ਼ ਦੀ ਗੁਰਬਾਣੀ, ਗੁਰਮਤਿ ਸਿਧਾਂਤ ਤੇ ਸਿੱਖ ਪਰੰਪਰਾ ਸੰਬੰਧੀ ਅਧਿਐਨ ਤੇ ਖੋਜ ਦੀ ਸਮਰੱਥਾ ਨੂੰ ਹੋਰ ਨਿਖਾਰਨਾ ਹੈ।ਵਿਦਿਆਰਥੀ ਸੈਸ਼ਨ ਦੌਰਾਨ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਕਿਹਾ ਕਿ ਹੋਰ ਵਿਦਿਆ ਦੇ ਨਾਲ-ਨਾਲ ਗੁਰਬਾਣੀ ਤੇ ਗੁਰਮਤਿ ਸਿਧਾਂਤ ਦਾ ਅਧਿਐਨ ਮਨੁੱਖ ਨੂੰ ਹਰ ਖੇਤਰ ਵਿੱਚ ਮਹੱਤਵਪੂਰਨ ਹੈ ਤੇ ਇਸ ਰਾਹੀਂ ਅਧਿਆਪਕਾਂ ਨੂੰ ਉਸਾਰੂ ਸੇਧ ਦਿੱਤੀ ਜਾ ਸਕਦੀ ਹੈ।ਵਿਦਿਆਰਥੀ ਸੈਸ਼ਨ ਦੇ ਮੁੱਖ ਮਹਿਮਾਨ ਡਾ. ਸਿਕੰਦਰ ਸਿੰਘ ਮੁਖੀ ਪੰਜਾਬੀ ਵਿਭਾਗ ਨੇ ਗੁਰਬਾਣੀ ਦੇ ਅਨੁਵਾਦ ਨਾਲ ਜੁੜੀਆਂ ਚੁਣੌਤੀਆਂ ਤੇ ਅਨੁਵਾਦਕਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਵਿਚਾਰ ਸਾਂਝੇ ਕੀਤੇ।ਡਾ. ਹਰਦੇਵ ਸਿੰਘ ਡੀਨ ਫੈਕਲਟੀ ਆਫ ਸ੍ਰੀ ਗੁਰੂ ਗ੍ਰੰਥ ਸਾਹਿਬ ਸਟਡੀਜ਼ ਤੇ ਕਨਵੀਨਰ ਤੇ ਪ੍ਰੋਗਰਾਮ ਦੀ ਕੋਆਰਡੀਨੇਟਰ ਡਾ. ਕਿਰਨਦੀਪ ਕੌਰ ਨੇ ਸਿੱਖ ਅਧਿਐਨ ਦੇ ਵੱਖ-ਵੱਖ ਪੱਖਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਡਾ. ਕਿਰਨਦੀਪ ਕੌਰ, ਡਾ. ਹਰਨੀਤ ਕੌਰ ਤੇ ਡਾ. ਪਲਵਿੰਦਰ ਕੌਰ ਵੱਲੋਂ ਵੀ ਵੱਖ-ਵੱਖ ਸੈਸ਼ਨ ਕਰਵਾਏ ਗਏ।ਡਾ. ਪਲਵਿੰਦਰ ਕੌਰ ਨੇ ਮੂਲ ਸਰੋਤ ਗ੍ਰੰਥਾਂ, ਪੁਸਤਕਾਂ ਅਤੇ ਵਿਸ਼ਵਕੋਸ਼ਾਂ ਦੀ ਜਾਣ-ਪਛਾਣ ਕਰਵਾਉਂਦਿਆਂ ਉਨ੍ਹਾਂ ਦੀ ਵਰਤੋਂ ਦਾ ਵਿਹਾਰਕ ਅਭਿਆਸ ਕਰਵਾਇਆ।

## 'ਪਿੰਡ ਬਚਾਓ ਪੰਜਾਬ ਬਚਾਓ' ਮੋਰਚੇ ਵੱਲੋਂ ਮਾਨਸਾ 'ਚ ਰਾਜ ਪੱਧਰੀ ਕਨਵੈਨਸ਼ਨ 19 ਨੂੰ



ਮਾਨਸਾ (ਆਤਮਾ ਸਿੰਘ ਪਮਾਰ)-ਪਿੰਡ ਬਚਾਓ ਪੰਜਾਬ ਬਚਾਓ ਮੋਰਚੇ ਵੱਲੋਂ ਬਦਲ ਰਹੇ ਸਿਆਸੀ ਤੇ ਆਰਥਿਕ ਹਾਲਾਤਾਂ ਦੇ ਸੰਦਰਭ 'ਚ ਕਲਿਆਣਕਾਰੀ ਰਾਜ ਦੌਰਾਨ ਜਨਤਾ ਦੇ ਹੱਕ ਤੇ ਖੈਰਾਤ ਵਿਚਲੇ ਅੰਤਰ ਸਬੰਧੀ ਆਉਂਦੀ 19 ਸਤੰਬਰ ਨੂੰ ਸਥਾਨਕ ਅਗਰਸੈਨ ਭਵਨ ਵਿਖੇ ਇੱਕ ਰਾਜ ਪੱਧਰੀ ਕਨਵੈਨਸ਼ਨ ਕਰਵਾਈ ਜਾ ਰਹੀ ਹੈ, ਜਿਸ ਨੂੰ ਸਾਬਕਾ ਰਾਜ ਸਭਾ ਮੈਂਬਰ ਬਲਵਿੰਦਰ ਸਿੰਘ ਭੂੰਦੜ, ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਸ੍ਰੀ ਫ਼ਤਹਿਗੜ੍ਹ ਸਾਹਿਬ, ਬਾਬੂ ਸਿੰਘ ਬਰਾੜ ਫਰੀਦਕੋਟ, ਕਿਸਾਨ ਆਗੂ ਹਰਿੰਦਰ ਸਿੰਘ ਲੱਖੋਵਾਲ, ਸਾਬਕਾ ਵਿਧਾਇਕ ਕਾ. ਹਰਦੇਵ ਸਿੰਘ ਅਰਸ਼ੀ, ਸਾਬਕਾ ਰਜਿਸਟਰਾਰ ਡਾ. ਪਿਆਰੇ ਲਾਲ ਗਰਗ, ਸਿਆਸੀ ਚਿੰਤਕ ਹਮੀਰ ਸਿੰਘ, ਸਾਬਕਾ ਵਿਧਾਇਕ ਕਾ. ਤਰਸੇਮ ਜੋਧਾਂ, ਕੇਂਦਰੀ ਸਿੰਘ ਸਭਾ ਦੇ ਸਕੱਤਰ ਡਾ. ਖੁਸ਼ਹਾਲ ਸਿੰਘ, ਅਬਦੁਲ ਗਫ਼ੂਰ ਮਲੇਰਕੋਟਲਾ, ਸੋਸ਼ਲਿਸਟ ਪਾਰਟੀ ਦੇ ਜਨਰਲ ਸਕੱਤਰ ਹਰਿੰਦਰ ਸਿੰਘ ਮਾਨਸ਼ਾਹੀਆ ਸੰਬੋਧਨ ਕਰਨਗੇ।ਕਨਵੈਨਸ਼ਨ ਦੀਆਂ ਤਿਆਰੀਆਂ ਸਬੰਧੀ ਪੈਨਸ਼ਨ ਭਵਨ ਮਾਨਸਾ 'ਚ ਹੋਈ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਮੋਰਚੇ ਦੇ ਪ੍ਰਧਾਨ ਕਰਨੈਲ ਸਿੰਘ ਜਖੇਪਲ, ਹਰਿੰਦਰ ਸਿੰਘ ਮਾਨਸ਼ਾਹੀਆ ਤੇ ਤਿਆਰੀ ਕਮੇਟੀ ਦੇ ਮੈਂਬਰ ਬਲਰਾਜ ਸਿੰਘ ਨੰਗਲ, ਕਾ. ਕ੍ਰਿਸ਼ਨ ਚੌਹਾਨ ਤੇ ਗੁਰਮੇਲ ਸਿੰਘ ਅੱਕਾਂਵਾਲੀ ਨੇ ਪੰਜਾਬ ਦੇ ਸਮੂਹ ਚਿੰਤਕ ਲੋਕਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਲੋਕਤੰਤਰ 'ਚ ਰਾਜ ਤੋਂ ਲੋਕਾਂ ਲਈ ਵਚਨਬੱਧ ਹੋਣ ਦੀ ਉਮੀਦ, ਸਮਾਜ ਦੇ ਵੱਖ ਵੱਖ ਵਰਗ ਦੇ ਲੋਕਾਂ ਵੱਲੋਂ ਲੋਕ-ਜੀਵਨ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਲਈ ਸਰਕਾਰਾਂ ਤੋਂ ਆਰਥਿਕ ਮੱਦਦ ਲੈਂਦਿਆਂ ਵਿਚਾਰਾਂ ਦੇ ਅਧਿਕਾਰ ਹਨ ਜਾਂ ਰਾਜ ਕਰ ਰਹੀਆਂ ਸਰਕਾਰਾਂ ਵੱਲੋਂ ਖੈਰਾਤ ਦੇ ਰੂਪ ਦੇ ਰੁਝਾਨ ਬਾਰੇ ਬੁਲਾਰਿਆਂ ਵੱਲੋਂ ਗੰਭੀਰ ਵਿਚਾਰ ਚਰਚਾ ਕੀਤੀ ਜਾਵੇਗੀ।ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਬੂਟਾ ਸਿੰਘ ਰੱਲਾ, ਬਿਕਰਮਜੀਤ ਸਿੰਘ ਕੋਟਾ ਮਾਲੋਕਾ, ਅੰਮ੍ਰਿਤ ਪਾਲ ਭੂਲੇਰ, ਗੁਰਮੀਤ ਸਿੰਘ ਲੱਲੂਆਣਾ, ਅਮਰਜੀਤ ਸਿੰਘ ਚੰਡੀਗੜ੍ਹ, ਮੋਹਣ ਲਾਲ, ਜਗਸੀਰ ਸਿੰਘ ਆਦਿ ਹਾਜ਼ਰ ਸਨ।

## ਅਕਾਲੀ ਦਲ ਪੰਜਾਬ ਦੇ ਮੁੱਦੇ 'ਤੇ ਆਪਣਾ ਸਟੈਂਡ ਸਪੱਸ਼ਟ ਕਰੇ : ਆਸ਼ੂ ਬੰਗੜ

### ਸੁਖਬੀਰ ਤੇ ਜ਼ਿਲ੍ਹਾ ਪ੍ਰਧਾਨ ਦੇ ਬਿਆਨਾਂ 'ਚ ਫਰਕ ਹੋਣ ਦਾ ਲਾਇਆ ਦੋਸ਼



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਦਿਹਾਤੀ ਤੋਂ ਕਾਂਗਰਸ ਦੇ ਹਲਕਾ ਇੰਚਾਰਜ ਆਸ਼ੂ ਬੰਗੜ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵੱਲੋਂ ਪੰਜਾਬ ਨਾਲ ਸਬੰਧਤ ਗੰਭੀਰ ਮਾਮਲੇ 'ਤੇ ਦਿੱਤੇ ਜਾ ਰਹੇ ਬਿਆਨਾਂ ਨੂੰ ਲੈ ਕੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨੂੰ ਲੋਕਾਂ ਸਾਹਮਣੇ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ, ਕਿਉਂਕਿ ਪਾਰਟੀ ਦੇ ਸੀਨੀਅਰ ਆਗੂ ਸੁਖਬੀਰ ਸਿੰਘ ਬਾਦਲ ਤੇ ਫਿਰੋਜ਼ਪੁਰ ਜ਼ਿਲ੍ਹੇ ਦੇ ਪ੍ਰਧਾਨ ਜਗਿੰਦਰ ਸਿੰਘ ਜਿੰਦੂ ਦੇ ਬਿਆਨਾਂ ਵਿੱਚ ਅੰਤਰ ਨਜ਼ਰ ਆ ਰਿਹਾ ਹੈ। ਆਸ਼ੂ ਬੰਗੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਪੰਜਾਬ ਦੀ ਸਿਆਸਤ ਵਿੱਚ ਲੰਮਾ ਇਤਿਹਾਸ ਰਿਹਾ ਹੈ ਤੇ ਪਾਰਟੀ ਨੂੰ ਪੰਥਕ ਪਾਰਟੀ ਵਜੋਂ ਜਾਣਿਆ ਜਾਂਦਾ ਰਿਹਾ ਹੈ। ਅਜਿਹੀ ਸਥਿਤੀ ਵਿਚ ਪੰਜਾਬ ਦੇ ਹਿੱਤਾਂ ਨਾਲ ਜੁੜੇ ਮਾਮਲਿਆਂ 'ਤੇ ਪਾਰਟੀ ਦੀ ਸਪੱਸ਼ਟ ਨੀਤੀ ਲੋਕਾਂ ਸਾਹਮਣੇ ਹੋਣੀ ਚਾਹੀਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਹਾਲੀਆ ਸਿਆਸੀ ਹਾਲਾਤਾਂ ਵਿੱਚ ਅਕਾਲੀ ਦਲ ਵੱਲੋਂ ਪਹਿਲਾਂ ਕੁਝ ਆਗੂਆਂ ਨਾਲ ਸਿਆਸੀ ਤਾਲਮੇਲ ਦਿਖਾਇਆ ਗਿਆ, ਜਦਕਿ ਹੁਣ ਉਨ੍ਹਾਂ ਖ਼ਿਲਾਫ਼ ਬਿਆਨਬਾਜ਼ੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਹੋਈਆਂ ਚੋਣਾਂ ਦੌਰਾਨ ਕਈ ਥਾਵਾਂ 'ਤੇ ਅਕਾਲੀ ਦਲ ਤੇ ਦੂਜੇ ਸਿਆਸੀ ਧੜਿਆਂ ਦੇ ਆਗੂਆਂ ਤੇ ਵਰਕਰਾਂ ਵਿਚਕਾਰ ਸਿਆਸੀ ਸਾਂਝ ਦੇਖਣ ਨੂੰ ਮਿਲੀ। ਇਸ ਦੇ ਬਾਵਜੂਦ ਹੁਣ ਵੱਖਰਾ ਰੁਖ਼ ਅਪਣਾਏ ਜਾਣ ਕਾਰਨ ਲੋਕਾਂ ਵਿਚ ਕਈ ਸਵਾਲ ਪੈਦਾ ਹੋ ਰਹੇ ਹਨ। ਬੰਗੜ ਨੇ ਕਿਹਾ ਕਿ ਰਾਜਨੀਤੀ ਵਿਚ ਜਿੱਤ ਜਾਂ ਹਾਰ ਨਾਲੋਂ ਆਗੂ ਦੀ ਜ਼ੁਬਾਨ ਤੇ ਕਿਰਦਾਰ ਜ਼ਿਆਦਾ ਮਹੱਤਵ ਰੱਖਦੇ ਹਨ। ਉਨ੍ਹਾਂ ਅਕਾਲੀ ਦਲ ਦੇ ਸੀਨੀਅਰ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਵਿਰੋਧੀ ਬਿਆਨਾਂ ਦੀ ਬਜਾਏ ਇਕ ਸਪੱਸ਼ਟ ਤੇ ਇਕਸਾਰ ਸਟੈਂਡ ਲੋਕਾਂ ਸਾਹਮਣੇ ਰੱਖਣ।

## ਡਰਾਈਵਰ ਤੇ ਕੰਡਕਟਰ ਦੀ ਸੜਕ ਹਾਦਸੇ 'ਚ ਮੌਤ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਕਸਬਾ ਘੱਗਾ ਨੇੜੇ ਦਿੱਲੀ-ਕਟੜਾ ਐਕਸਪ੍ਰੈੱਸ ਹਾਈਵੇ 'ਤੇ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਟਰਾਲੇ ਦੇ ਡਰਾਈਵਰ ਤੇ ਕੰਡਕਟਰ ਦੀ ਮੌਤ ਹੋ ਗਈ।ਹਾਦਸਾ ਉਸ ਸਮੇਂ ਵਾਪਰਿਆ ਜਦੋਂ ਤਕਨੀਕੀ ਖ਼ਰਾਬੀ ਕਾਰਨ ਹਾਈਵੇ 'ਤੇ ਖੜ੍ਹੇ ਇੱਕ ਟਰਾਲੇ ਵਿੱਚ ਪਿੱਛੋਂ ਆ ਰਿਹਾ ਦੂਜਾ ਟਰਾਲਾ ਜਾ ਵੱਜਿਆ।ਟੱਕਰ ਇੰਨੀ ਜ਼ਬਰਦਸਤ ਸੀ ਕਿ ਪਿੱਛੋਂ ਟਕਰਾਉਣ ਵਾਲੇ ਟਰਾਲੇ ਦੇ ਡਰਾਈਵਰ ਕੰਡਕਟਰ ਦੀ ਮੌਕੇ 'ਤੇ ਹੀ ਮੌਤ ਹੋ ਗਈ।ਜਾਣਕਾਰੀ ਅਨੁਸਾਰ ਮ੍ਰਿਤਕ ਗੁਰਜੰਟ ਸਿੰਘ ਤੇ ਆਸ਼ੂ ਗੁਵਾਹਾਟੀ ਤੋਂ ਮਾਲ ਲੈ ਕੇ ਹਿਮਾਚਲ ਪ੍ਰਦੇਸ਼ ਵੱਲ ਜਾ ਰਹੇ ਸਨ।ਘੱਗਾ ਟੋਲ ਪਲਾਜ਼ਾ ਪਾਰ ਕਰਨ ਤੋਂ ਬਾਅਦ ਦਿੱਲੀ-ਕਟੜਾ ਐਕਸ੍ਰੈੱਸ ਹਾਈਵੇ 'ਤੇ ਇਹ ਹਾਦਸਾ ਵਾਪਰ ਗਿਆ।ਸੂਚਨਾ ਮਿਲਦੇ ਹੀ ਘੱਗਾ ਪੁਲਸ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ।ਪੁਲਸ ਨੇ ਇਸ ਮਾਮਲੇ ਵਿੱਚ ਅਣਪਛਾਤੇ ਵਾਹਨ ਚਾਲਕ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪਟਿਆਲਾ ਨੂੰ ਸੁੰਦਰ ਬਣਾਉਣ ਲਈ ਜਾਰੀ ਰਹਿਣਗੇ ਸਾਂਝੇ ਯਤਨ : ਕੋਹਲੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਬਣਾਉਣ ਲਈ ਚਲਾਈ ਜਾ ਰਹੀ ਸਫ਼ਾਈ ਮੁਹਿੰਮ ਮਿਸ਼ਨ ਕਲੀਨ ਪੰਜਾਬ ਤਹਿਤ ਪਟਿਆਲਾ ਵਿੱਚ ਕਲੀਨ ਡਰਾਈਵ ਚਲਾਈ ਗਈ।ਇਸ ਦੌਰਾਨ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫ਼ਾਈ ਕਰਵਾਉਣ ਦੇ ਨਾਲ-ਨਾਲ ਲੋਕਾਂ ਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ ਲਈ ਜਾਗਰੂਕ ਕੀਤਾ ਗਿਆ।ਇਸ ਸਬੰਧੀ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਲਈ ਪ੍ਰਸ਼ਾਸਨ ਤੇ ਨਗਰ ਨਿਗਮ ਦਾ ਸਹਿਯੋਗ ਕਰਨ।ਇਸ ਕਲੀਨ ਡਰਾਈਵ ਦੌਰਾਨ ਐੱਮ.ਐੱਲ.ਏ. ਸਾਹਿਬ ਦੀ ਅਗਵਾਈ ਹੇਠ ਐਮ.ਸੀ. ਜਗਤਾਰ ਸਿੰਘ ਤਾਰੀ, ਐੱਮ.ਸੀ. ਕਿਰਨ ਆਹੂਜਾ ਤੇ ਐੱਮ. ਸੀ. ਮੀਨਾ ਦੇਵੀ ਅਤੇ ਜਸਬੀਰ ਸਿੰਘ ਬਿੱਟੂ ਵੱਲੋਂ ਸਫ਼ਾਈ ਕਾਰਜਾਂ ਦਾ ਜਾਇਜ਼ਾ ਲਿਆ ਗਿਆ ਤੇ ਸਫ਼ਾਈ ਕਰਮਚਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ।ਇਸ ਮੌਕੇ ਆਗੂਆਂ ਨੇ ਕਿਹਾ ਕਿ ਸਾਫ਼-ਸੁਥਰਾ ਸ਼ਹਿਰ ਬਣਾਉਣਾ ਸਿਰਫ਼ ਪ੍ਰਸ਼ਾਸਨ ਦੀ ਹੀ ਨਹੀਂ, ਸਗੋਂ ਹਰੇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੂੜਾ-ਕਰਕਟ ਨਿਰਧਾਰਤ ਥਾਵਾਂ 'ਤੇ ਹੀ ਸੁੱਟਣ ਤੇ ਆਪਣੇ ਆਲੇ-ਦੁਆਲੇ ਸਫ਼ਾਈ ਬਣਾਈ ਰੱਖਣ ਵਿੱਚ ਸਹਿਯੋਗ ਦੇਣ।ਉਨ੍ਹਾਂ ਕਿਹਾ ਕਿ ਸਫ਼ਾਈ ਮੁਹਿੰਮ ਨੂੰ ਲਗਾਤਾਰ ਜਾਰੀ ਰੱਖਦਿਆਂ ਸ਼ਹਿਰ ਨੂੰ ਹੋਰ ਸਾਫ਼ ਤੇ ਸੁੰਦਰ ਬਣਾਉਣ ਲਈ ਸਾਂਝੇ ਯਤਨ ਕੀਤੇ ਜਾਣਗੇ।

## ਸਪਰਿੰਗ ਸਕੂਲ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਮਨਾਇਆ



ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)-ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਬੜੀ ਸ਼ਰਧਾ, ਸਤਿਕਾਰ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਪਵਿੱਤਰ ਮੌਕੇ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਮਿਲਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ।ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਪੂਰੀ ਸ਼ਰਧਾ ਨਾਲ ਗੁਰੂ ਸਾਹਿਬ ਜੀ ਅੱਗੇ ਨਤਮਸਤਕ ਹੋਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਧਾਰਮਿਕ ਵਿਸ਼ੇ ਦੀ ਅਧਿਆਪਕਾ ਜਸਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਤੇ ਗੁਰੂ ਸਾਹਿਬਾਨ ਦੇ ਜੀਵਨ, ਉਪਦੇਸ਼ਾਂ ਤੇ ਮਨੁੱਖਤਾ ਨੂੰ ਦਿੱਤੇ ਸੰਦੇਸ਼ਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਸਕੂਲ ਦੀ ਪ੍ਰਿੰਸੀਪਲ ਗੀਨਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਮਨੁੱਖੀ ਜੀਵਨ ਵਿੱਚ ਗੁਰੂ ਸਾਹਿਬ ਦੀ ਬਾਣੀ ਤੇ ਸਿੱਖਿਆਵਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ।ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰੈਜ਼ੀਡੈਂਟ ਸ਼੍ਰੀ ਮਨਜੋਤ ਚੌਹਾਨ, ਚੇਅਰਮੈਨ ਬਲਦੇ ਵਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਸ਼੍ਰੀ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਸ.ਬਹਾਦੁਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਹਾਜ਼ਰ ਸਨ।

## ਭਾਜਪਾ ਤੇ ਆਰ ਐੱਸ ਐੱਸ ਦੇ ਫਾਸ਼ੀਵਾਦੀ ਹਮਲਿਆਂ ਖਿਲਾਫ 26 ਨੂੰ ਵਿਸ਼ਾਲ ਰੈਲੀ : ਚਮਕੌਰ ਰੋਡੇ



ਮੋਗਾ (ਇਕਬਾਲ ਸਿੰਘ ਖਹਿਰਾ)-ਭਾਜਪਾ ਤੇ ਆਰ.ਐੱਸ.ਐੱਸ. ਦੇ ਫਾਸ਼ੀਵਾਦੀ ਹਮਲਿਆਂ ਖਿਲਾਫ 26 ਸਤੰਬਰ ਨੂੰ ਮੋਗੇ ਵਿਸ਼ਾਲ ਰੈਲੀ ਹੋਵੇਗੀ, ਜਿਸ ਦੀ ਤਿਆਰੀ ਦੇ ਸੰਬੰਧ ਵਿੱਚ ਕਿਰਤੀ ਕਿਸਾਨ ਯੂਨੀਅਨ ਬਲਾਕ ਬਾਘਾ ਪੁਰਾਣਾ ਦੀ ਬਲਾਕ ਕਮੇਟੀ ਦੀ ਮੀਟਿੰਗ ਪਿੰਡ ਰੋਡੇ ਵਿਖੇ ਬਲਾਕ ਪ੍ਰਧਾਨ ਅਜਮੇਰ ਸਿੰਘ ਛੋਟਾ ਘਰ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾ ਆਗੂ ਚਮਕੌਰ ਸਿੰਘ ਰੋਡੇ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸ਼ਹੀਦ ਬਲਦੇਵ ਸਿੰਘ ਮਾਨ ਨੂੰ ਸਮਰਪਤ ਰੈਲੀ ਮੋਗਾ ਦੀ ਨਵੀਂ ਦਾਨਾ ਮੰਡੀ ਵਿੱਚ 26 ਸਤੰਬਰ ਨੂੰ ਕੀਤੀ ਜਾਵੇਗੀ। ਇਸ ਵਿਸ਼ਾਲ ਰੈਲੀ ਵਿੱਚ ਵੱਧ ਤੋਂ ਵੱਧ ਪਰਵਾਰਾਂ ਸਮੇਤ ਪਹੁੰਚੋ। ਇਸ ਮੌਕੇ ਯੂਥ ਵਿੰਗ ਆਗੂ ਬਲਕਰਨ ਸਿੰਘ ਵੈਰੋਕੇ ਨੇ ਦੱਸਿਆ ਕਿ ਰੈਲੀ ਦੇ ਸੰਬੰਧ ਵਿੱਚ ਪਿੰਡਾਂ ਵਿੱਚ ਪੋਸਟਰ ਲਾਏ ਜਾਣਗੇ ਤੇ ਘਰ ਘਰ ਜਾ ਕੇ ਹੱਥ ਪਰਚੇ ਵੰਡੇ ਜਾਣਗੇ। ਇਸ ਮੌਕੇ ਬਲਾਕ ਸਕੱਤਰ ਬਲਜੀਤ ਸਿੰਘ ਪਿੰਡ ਲੰਡੇ ਨੇ ਮੀਟਿੰਗ ਵਿੱਚ ਆਏ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ 26 ਸਤੰਬਰ ਦੀ ਮੋਗਾ ਰੈਲੀ ਵਿੱਚ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਲੋਕ ਸ਼ਮੂਲੀਅਤ ਕਰਨਗੇ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਖਜ਼ਾਨਚੀ ਛਿੰਦਰਪਾਲ ਕੌਰ ਰੋਡੇ ਖੁਰਦ, ਬਲਾਕ ਮੀਤ ਪ੍ਰਧਾਨ ਮੋਹਲਾ ਸਿੰਘ ਰੋਡੇ, ਬਲਾਕ ਆਗੂ ਸਾਧੂ ਸਿੰਘ ਲੰਡੇ, ਕਰਨੈਲ ਸਿੰਘ ਨੱਥੂਵਾਲਾ ਗਰਬੀ, ਸਰਬਜੀਤ ਸਿੰਘ ਲੰਗੇਆਣਾ ਪੁਰਾਣਾ, ਕੁਲਵੰਤ ਸਿੰਘ, ਮੋਹਲਾ ਸਿੰਘ ਰਾਜੇਆਣਾ, ਚਰਨਜੀਤ ਸਿੰਘ ਛੋਟਾ ਘਰ, ਸੇਵਕ ਸਿੰਘ ਸੋਨੀ ਭਲੂਰ, ਕੁਲਦੀਪ ਸਿੰਘ ਰੋਡੇ ਤੇ ਹੋਰ ਕਈ ਸਾਥੀ ਹਾਜ਼ਰ ਸਨ।


## ਅਕਾਲੀ ਦਲ ਨੂੰ ਝਟਕਾ, 40 ਪਰਵਾਰ ਆਪ 'ਚ ਸ਼ਾਮਲ

### ਕੈਬਨਿਟ ਮੰਤਰੀ ਖੁੱਡੀਆਂ ਨੇ ਸਿਰੋਪੇ ਪਾ ਕੇ ਕੀਤਾ ਸਵਾਗਤ



ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪਿੰਡ ਬੋਦੀ ਵਾਲਾ ਖੜਕ ਸਿੰਘ ਵਿਖੇ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ, ਜਦੋਂ ਟਕਸਾਲੀ ਅਕਾਲੀ ਆਗੂ ਗੁਰਮੀਤ ਸਿੰਘ, ਸੁਖਮੰਦਰ ਸਿੰਘ, ਸਾਬਕਾ ਮੈਂਬਰ ਪ੍ਰਤਾਪ ਸਿੰਘ, ਮੰਗਾ ਸਿੰਘ, ਗੋਰਾ ਸਿੰਘ, ਜਰਨੈਲ ਸਿੰਘ, ਸੁਖਦੇਵ ਸਿੰਘ, ਅਮਨ ਸਿੰਘ, ਕੁਲਵਿੰਦਰ ਸਿੰਘ, ਸੀਰਾ ਸਿੰਘ ਸਣੇ 40 ਪਰਵਾਰਾਂ ਨੇ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ।ਕੈਬਨਿਟ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਨੇ ਨਵੇਂ ਸ਼ਾਮਲ ਹੋਏ ਪਰਵਾਰਾਂ ਨੂੰ ਸਿਰੋਪੇ ਪਾ ਕੇ ਪਾਰਟੀ ਵਿੱਚ ਜੀ ਆਇਆਂ ਆਖਿਆ।ਇਸ ਮੌਕੇ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਸਿਆਸਤ ਨੂੰ ਅਕਸਰ ਪਰਚਿਆਂ ਤੇ ਦਬਾਅ ਦੀ ਸਿਆਸਤ ਤੱਕ ਸੀਮਤ ਰੱਖਿਆ ਗਿਆ, ਪਰ ਉਨ੍ਹਾਂ ਵੱਲੋਂ ਆਪਣੇ ਸਿਆਸੀ ਜੀਵਨ ਦੌਰਾਨ ਕਦੇ ਵੀ ਕਿਸੇ ਵਿਅਕਤੀ ਖ਼ਿਲਾਫ਼ ਨਾਜਾਇਜ਼ ਪਰਚਾ ਦਰਜ ਕਰਵਾਉਣ ਦੀ ਸਿਆਸਤ ਨਹੀਂ ਕੀਤੀ ਗਈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਕੋਸ਼ਿਸ਼ ਰਹੀ ਹੈ ਕਿ ਮਾਮਲਿਆਂ ਨੂੰ ਵਧਾਉਣ ਦੀ ਬਜਾਏ ਗੱਲਬਾਤ ਤੇ ਸੂਝ-ਬੂਝ ਨਾਲ ਮਸਲਿਆਂ ਨੂੰ ਸੁਲਝਾਇਆ ਜਾਵੇ ਤੇ ਲੋਕਾਂ ਨੂੰ ਇਨਸਾਫ਼ ਤੇ ਸਤਿਕਾਰ ਮਿਲੇ।ਉਨ੍ਹਾਂ ਕਿਹਾ ਕਿ ਅੱਜ ਲੋਕ ਰਵਾਇਤੀ ਪਾਰਟੀਆਂ ਦੀ ਸਿਆਸਤ ਤੋਂ ਉਕਤਾ ਕੇ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨਾਲ ਜੁੜ ਰਹੇ ਹਨ।ਗੁਰਮੀਤ ਸਿੰਘ ਖੁੱਡੀਆਂ ਨੇ ਨਵੇਂ ਸ਼ਾਮਲ ਹੋਏ ਪਰਵਾਰਾਂ ਨੂੰ ਭਰੋਸਾ ਦਿਵਾਇਆ ਕਿ ਆਮ ਆਦਮੀ ਪਾਰਟੀ ਵਿੱਚ ਹਰੇਕ ਵਰਕਰ ਨੂੰ ਪੂਰਾ ਮਾਣ-ਸਨਮਾਨ ਤੇ ਬਣਦਾ ਹੱਕ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਮੁੜ ਬਣੇਗੀ ਤੇ ਰਹਿੰਦੇ ਵਿਕਾਸ ਕਾਰਜਾਂ ਨੂੰ ਵੀ ਆਉਣ ਵਾਲੇ ਸਮੇਂ ਵਿੱਚ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਇਸ ਮੌਕੇ ਹਰਕੇਵਲ ਸਿੰਘ ਬੋਦੀ ਵਾਲਾ, ਆਤਮਾ ਸਿੰਘ, ਗੁਰਜੀਤ ਸਿੰਘ ਸੇਖੋਂ, ਜਸਵਿੰਦਰ ਸਿੰਘ, ਸੁਰਜੀਤ ਸਿੰਘ ਚੇਅਰਮੈਨ, ਭਿੰਦਰ ਸਿੰਘ, ਵਿਜੈ ਭੁੱਲਰ, ਅਮਰਜੀਤ ਸਿੰਘ ਆਲਮਵਾਲਾ ਸਮੇਤ ਹੋਰ ਪਤਵੰਤੇ ਤੇ ਪਾਰਟੀ ਵਰਕਰ ਹਾਜ਼ਰ ਸਨ।

## ਵੀਰਦਵਿੰਦਰ ਬਣੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਮਾਨਸਾ ਦੇ ਪ੍ਰਧਾਨ



ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਬਾਰ ਐਸੋਸੀਏਸ਼ਨ ਮਾਨਸਾ ਦੇ ਪ੍ਰਧਾਨ ਦੀ ਚੋਣ ਵੀਰਦਵਿੰਦਰ ਸਿੰਘ ਨੇ ਵੱਡੇ ਅੰਤਰ ਨਾਲ ਜਿੱਤ ਲਈ ਹੈ।ਉਸ ਨੇ 323 ਵੋਟਾਂ ਲੈ ਕੇ ਇਹ ਜਿੱਤ ਹਾਸਲ ਕੀਤੀ।ਉਨ੍ਹਾਂ ਦੇ ਨਿਕਟ ਵਿਰੋਧੀ ਅੰਗਰੇਜ਼ ਸਿੰਘ ਕਲੇਰ ਨੂੰ 175 ਵੋਟਾਂ ਮਿਲੀਆਂ, ਜਦੋਂ ਕਿ 5 ਵੋਟਾਂ ਰੱਦ ਹੋ ਗਈਆਂ।ਸੀਨੀਅਰ ਮੀਤ ਪ੍ਰਧਾਨ ਲਈ ਅਮਨਦੀਪ ਸਿੰਘ ਭੁੱਲਰ ਨੇ 262 ਵੋਟਾਂ ਲੈ ਕੇ ਗੋਰਾ ਸਿੰਘ ਥਿੰਦ ਨੂੰ ਮਾਤ ਦਿੱਤੀ ਅਤੇ ਗੋਰਾ ਸਿੰਘ ਥਿੰਦ ਨੂੰ 237 ਵੋਟਾਂ ਮਿਲੀਆਂ।ਮੀਤ ਪ੍ਰਧਾਨ ਦੀ ਚੋਣ ਲਈ ਸ਼ਿਵਾਨੀ ਗਰਗ 334 ਵੋਟਾਂ ਲੈ ਕੇ ਜੇਤੂ ਰਹੀ, ਜਦੋਂਕਿ ਬਿਮਲ ਜਿੰਦਲ ਨੂੰ 165 ਵੋਟਾਂ ਹੀ ਹਾਸਲ ਹੋਈਆਂ।ਸੈਕਟਰੀ ਲਈ ਗੁਰਦੀਪ ਸਿੰਘ ਮਾਖਾ ਨੇ 272 ਵੋਟਾਂ ਲੈ ਕੇ ਆਪਣੇ ਵਿਰੋਧੀ ਅਭੀਨੰਦਨ ਸ਼ਰਮਾ ਨੂੰ ਹਰਾਇਆ ਤੇ ਅਭੀਨੰਦਨ ਸ਼ਰਮਾ ਨੂੰ 228 ਹਾਸਲ ਹੋਈਆਂ, ਜਦੋਂਕਿ ਜੁਆਇੰਟ ਸੈਕਟਰੀ ਲਈ ਚਮਨਪ੍ਰੀਤ ਕੌਰ ਨੂੰ ਪਹਿਲਾਂ ਹੀ ਬਿਨਾਂ ਮੁਕਾਬਲਾ ਚੁਣ ਲਿਆ ਗਿਆ ਸੀ।ਪ੍ਰੀਜ਼ਾਈਡਿੰਗ ਅਫ਼ਸਰ ਤੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਗੁਰਦਾਸ ਸਿੰਘ ਮਾਨ, ਗੁਰਲਾਭ ਸਿੰਘ, ਯਾਦਵਿੰਦਰ ਸਿੰਘ ਪਮਾਰ ਨੇ ਜੇਤੂਆਂ ਨੂੰ ਵਧਾਈ ਦਿੰਦਿਆਂ ਖੁਸ਼ੀ ਦਾ ਪ੍ਰਗਟਾਵਾ ਕੀਤਾ।


## ਅਮਰ ਸਿੰਘ ਅੱਚਰਵਾਲ ਨੂੰ 34ਵੀਂ ਬਰਸੀ ਮੌਕੇ ਹਜ਼ਾਰਾਂ ਲੋਕਾਂ ਵੱਲੋਂ ਸ਼ਰਧਾਂਜਲੀ



ਰਾਏਕੋਟ (ਸੰਤੋਖ ਗਿੱਲ)-ਨਕਸਲਬਾੜੀ ਲਹਿਰ ਦੇ ਆਗੂ ਸ਼ਹੀਦ ਕਾਮਰੇਡ ਅਮਰ ਸਿੰਘ ਅੱਚਰਵਾਲ ਦੀ 34ਵੀਂ ਬਰਸੀ ਮੌਕੇ ਪਿੰਡ ਅੱਚਰਵਾਲ ਦੇ ਕੂਕਾ ਲਹਿਰ ਤੇ ਗ਼ਦਰ ਲਹਿਰ ਦੇ ਸ਼ਹੀਦਾਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਸ਼ਰਧਾਂਜਲੀ ਭੇਟ ਕੀਤੀ। ਬੁਲਾਰਿਆਂ ਨੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੀਆਂ ਨੀਤੀਆਂ ਦੀ ਤਿੱਖੀ ਆਲੋਚਨਾ ਕੀਤੀ ਅਤੇ ਕੁਦਰਤੀ ਸਰੋਤਾਂ, ਜਲ, ਜੰਗਲ ਤੇ ਜ਼ਮੀਨ ਨੂੰ ਵੱਡੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਵਿਰੁੱਧ ਤਿੱਖੇ ਸੰਘਰਸ਼ ਦਾ ਸੱਦਾ ਦਿੱਤਾ।ਸ਼ਹੀਦ ਅਮਰ ਸਿੰਘ ਅੱਚਰਵਾਲ ਦੀ ਸ਼ਹੀਦੀ ਲਾਟ ਤੋਂ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਿਆਂ ਤੇ ਕੇਂਦਰ ਦੀਆਂ ਆਰਥਿਕ ਨੀਤੀਆਂ ਕਾਰਨ ਤਬਾਹ ਹੋ ਰਹੀ ਖੇਤੀਬਾੜੀ, ਸਨਅਤ ਤੇ ਵਪਾਰ ਨੂੰ ਬਚਾਉਣ ਲਈ ਇੱਕਜੁੱਟ ਹੋਣ ਦਾ ਸੱਦਾ ਵੀ ਦਿੱਤਾ।ਸ਼ਹੀਦੀ ਸਮਾਗਮ ਵਿੱਚ ਪਿੰਡ ਤੇ ਆਸ-ਪਾਸ ਦੇ ਇਲਾਕੇ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ।

ਕਾਮਰੇਡ ਅਮਰ ਸਿੰਘ ਅੱਚਰਵਾਲ ਦੀ ਸ਼ਹੀਦੀ ਲਾਟ 'ਤੇ ਲਾਲ ਝੰਡਾ ਦੇਸ਼ਭਗਤ ਯਾਦਗਾਰ ਟਰੱਸਟ ਜਲੰਧਰ ਦੀ ਸੀਨੀਅਰ ਟਰੱਸਟੀ ਕਾਮਰੇਡ ਸੁਰਿੰਦਰ ਕੁਮਾਰੀ ਕੋਛੜ ਵੱਲੋਂ ਲਹਿਰਾਇਆ ਗਿਆ।ਇਸ ਉਪਰੰਤ ਸ਼ਹੀਦੀ ਕਾਨਫ਼ਰੰਸ ਨੂੰ ਸੀ.ਪੀ.ਆਈ. (ਐੱਮ.ਐੱਲ.) ਲਿਬਰੇਸ਼ਨ ਦੇ ਸੀਨੀਅਰ ਆਗੂ ਤੇ ਸ਼ਹੀਦ ਅੱਚਰਵਾਲ ਦੇ ਸਾਥੀ ਕਾਮਰੇਡ ਸੁਖਦਰਸ਼ਨ ਸਿੰਘ ਨੱਤ, ਆਰ.ਐੱਮ.ਪੀ.ਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਨਿਰਭੈ ਸਿੰਘ ਢੁੱਡੀਕੇ, ਦੇਸ਼ਭਗਤ ਯਾਦਗਾਰ ਟਰੱਸਟ ਜਲੰਧਰ ਦੇ ਕਾਮਰੇਡ ਅਮੋਲਕ ਸਿੰਘ, ਇਨਕਲਾਬੀ ਕੇਂਦਰ ਪੰਜਾਬ ਦੇ ਸਕੱਤਰ ਕੰਵਲਜੀਤ ਖੰਨਾ, ਦਸਮੇਸ਼ ਕਿਸਾਨ ਯੂਨੀਅਨ ਦੇ ਪ੍ਰਧਾਨ ਜਸਦੇਵ ਸਿੰਘ ਲਲਤੋਂ, ਸੀ.ਪੀ.ਆਈ. ਆਗੂ ਕਾਮਰੇਡ ਸੁਰਿੰਦਰ ਸਿੰਘ, ਕਾਮਰੇਡ ਸੰਤ ਸਚਿਦਾਨੰਦ, ਸੀ.ਪੀ.ਆਈ (ਐੱਮ.ਐੱਲ) ਦੀ ਕੇਂਦਰੀ ਕਮੇਟੀ ਦੇ ਕਾਮਰੇਡ ਪ੍ਰਸ਼ੋਤਮ ਸ਼ਰਮਾ ਤੇ ਬੀ.ਕੇ.ਯੂ. ਏਕਤਾ (ਧਨੇਰ) ਦੇ ਜ਼ਿਲ੍ਹਾ ਆਗੂ ਹਰਬਖ਼ਸ਼ੀਸ਼ ਸਿੰਘ ਚੱਕ ਭਾਈ ਕਾ ਨੇ ਵੀ ਸੰਬੋਧਨ ਕੀਤਾ।ਬੁਲਾਰਿਆਂ ਨੇ ਪੰਜਾਬ ਦੇ ਦਰਿਆਈ ਪਾਣੀਆਂ, ਬਿਜਲੀ ਤੇ ਜ਼ਮੀਨ ਸਬੰਧੀ ਕੇਂਦਰ ਦੀਆਂ ਨੀਤੀਆਂ ਦਾ ਵਿਰੋਧ ਕਰਦਿਆਂ ਪੰਜਾਬ ਦੇ ਹਿੱਤਾਂ ਨਾਲ ਸਬੰਧਿਤ ਕਾਨੂੰਨੀ ਧਾਰਾਵਾਂ ਤੇ ਨੀਤੀਆਂ ਰੱਦ ਕਰਨ ਦੀ ਮੰਗ ਕੀਤੀ।ਸਮਾਗਮ ਦੌਰਾਨ ਇਕਬਾਲ ਕੌਰ ਉਦਾਸੀ, ਇਨਕਲਾਬੀ ਕਵੀਸ਼ਰੀ ਜਥਾ ਰਸੂਲਪੁਰ, ਅੰਮ੍ਰਿਤ ਬੰਗਾ, ਰਾਮ ਸਿੰਘ ਨੂਰਪੁਰੀ ਤੇ ਜਗਸੀਰ ਜੀਦਾ ਨੇ ਇਨਕਲਾਬੀ ਗੀਤ ਪੇਸ਼ ਕਰਕੇ ਮਾਹੌਲ ਨੂੰ ਜੋਸ਼ ਨਾਲ ਭਰ ਦਿੱਤਾ।ਮੰਚ ਸੰਚਾਲਨ ਅਰਸ਼ਦੀਪ ਸਿੰਘ ਅੱਚਰਵਾਲ ਨੇ ਕੀਤਾ।ਕਾਨਫ਼ਰੰਸ ਵਿੱਚ ਸ਼ਹੀਦ ਕਾਮਰੇਡ ਅਮਰ ਸਿੰਘ ਅੱਚਰਵਾਲ ਦੀਆਂ ਧੀਆਂ ਰਾਣੀ ਤੇ ਹਰਬੰਸ ਕੌਰ, ਉਨ੍ਹਾਂ ਦੇ ਜੀਵਨ ਸਾਥੀ ਦੁੱਲਾ ਸਿੰਘ ਤੇ ਮਨਦੀਪ ਸਿੰਘ, ਪੋਤਾ ਕਮਲਪ੍ਰੀਤ ਸਿੰਘ, ਮਰਹੂਮ ਕਾਮਰੇਡ ਲਾਲ ਸਿੰਘ ਕਾਲਸਾਂ ਦਾ ਪੁੱਤਰ ਗੁਰਦੇਵ ਸਿੰਘ, ਕਾਮਰੇਡ ਉਜਾਗਰ ਸਿੰਘ ਮਾਮਦਪੁਰ ਦਾ ਭਤੀਜਾ ਕੁਲਵੰਤ ਸਿੰਘ, ਕਾਮਰੇਡ ਨਛੱਤਰ ਸਿੰਘ ਮਾਮਦਪੁਰ ਦਾ ਭਤੀਜਾ ਜਸਬੀਰ ਸਿੰਘ ਸਮੇਤ ਵੱਖ-ਵੱਖ ਕਿਸਾਨ, ਮਜ਼ਦੂਰ ਤੇ ਇਨਕਲਾਬੀ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

## ਰੋਹਟਾ ਦੇ ਨੌਜਵਾਨ ਦੀ ਰਹੱਸਮਈ ਹਾਲਤ 'ਚ ਮੌਤ



ਨਾਭਾ (ਅਮਨ ਗਰਗ)-ਹਲਕਾ ਨਾਭਾ ਦੇ ਨੇੜਲੇ ਪਿੰਡ ਰੋਹਟਾ ਵਿਖੇ ਇੱਕ ਨੌਜਵਾਨ ਦੀ ਰਹੱਸਮਈ ਹਾਲਤ ਵਿੱਚ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਅਨੁਸਾਰ ਅਨਮੋਲ ਸਿੰਘ ਨਾਮ ਦਾ ਮ੍ਰਿਤਕ ਨੌਜਵਾਨ (19 ਸਾਲ) ਮੋਦੀ ਕਾਲਜ ਪਟਿਆਲਾ ਦਾ ਵਿਦਿਆਰਥੀ ਸੀ।ਮ੍ਰਿਤਕ ਦੇ ਪਿਤਾ ਦਰਸ਼ਨ ਸਿੰਘ ਨੇ ਦੱਸਿਆ ਕਿ ਮੇਰਾ ਲੜਕਾ ਅਨਮੋਲ ਸਿੰਘ 10 ਸਤੰਬਰ ਨੂੰ ਦੋਸਤਾਂ ਨਾਲ ਜਨਮ ਦਿਨ ਪਾਰਟੀ ਵਿੱਚ ਗਿਆ ਸੀ, ਪ੍ਰੰਤੂ ਪਿੰਡ ਅਗੇਤੀ ਵਿਖੇ ਦੋਸਤ ਦੇ ਘਰ ਤੋਂ ਮੇਰੇ ਲੜਕੇ ਦੀ ਲਾਸ਼ ਮਿਲੀ।ਮ੍ਰਿਤਕ ਦੇ ਪਿਤਾ ਨੇ ਦੱਸਿਆ ਕਿ ਮੇਰਾ ਲੜਕਾ ਕੋਈ ਨਸ਼ਾ ਨਹੀਂ ਕਰਦਾ ਸੀ, ਉਨ੍ਹਾਂ ਦੱਸਿਆ ਕਿ ਚਾਰ ਦੋਸਤਾਂ ਨੇ ਇਕੱਠੇ ਹੋ ਕੇ ਪਾਰਟੀ ਕੀਤੀ ਸੀ।ਇਸ ਮੌਕੇ ਪੀੜਤ ਪਰਵਾਰ ਵੱਲੋਂ ਦੋਸ਼ੀਆਂ ਖਿਲਾਫ ਜਲਦ ਤੋਂ ਜਲਦ ਕਾਰਵਾਈ ਦੀ ਮੰਗ ਕੀਤੀ ਗਈ।

ਜਦੋਂ ਇਸ ਮਾਮਲੇ ਸੰਬੰਧੀ ਸਦਰ ਥਾਣਾ ਦੇ ਸਹਾਇਕ ਅਫਸਰ ਸਰਬਜੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਮੌਤ ਦੇ ਅਸਲ ਕਾਰਨਾਂ ਦਾ ਪਤਾ ਲੱਗੇਗਾ, ਉਸ ਦੇ ਬਾਅਦ ਹੀ ਦੋਸ਼ੀਆਂ ਖ਼ਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।

## ਕੌਮੀ ਲੋਕ ਅਦਾਲਤ 'ਚ ਸੈਂਕੜੇ ਕੇਸਾਂ ਦਾ ਮੌਕੇ 'ਤੇ ਫ਼ੈਸਲਾ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸਮਾਣਾ ਦੀਆਂ ਨਿਆਇਕ ਅਦਾਲਤਾਂ ਵਿਖੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ ਚੇਅਰਮੈਨ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਸ਼੍ਰੀ ਅਵਤਾਰ ਸਿੰਘ ਦੀ ਅਗਵਾਈ ਹੇਠ ਸਮਾਣਾ ਵਿਖੇ ਉਪ-ਮੰਡਲ ਪੱਧਰ ਤੇ ਦੋ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚੋਂ ਇੱਕ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ, ਜੂਨੀਅਰ ਡਵੀਜ਼ਨ, ਸਮਾਣਾ ਜੱਜ ਡਾ. ਰਾਜਵਿੰਦਰ ਕੌਰ ਤੇ ਦੂਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ, ਜੂਨੀਅਰ ਡਵੀਜ਼ਨ ਸਮਾਣਾ ਮੈਡਮ ਮੋਹਨੀ ਗੋਇਲ ਨੇ ਕੀਤੀ।ਇਨ੍ਹਾਂ ਕੌਮੀ ਲੋਕ ਅਦਾਲਤਾਂ ਵਿੱਚ ਦੀਵਾਨੀ ਤੇ ਸਮਝੌਤਾਯੋਗ ਫ਼ੌਜਦਾਰੀ, ਟ੍ਰੈਫਿਕ ਚਲਾਨ, ਬੈਂਕਾਂ ਦੇ ਕੇਸ ਆਦਿ ਸੁਣਵਾਈ ਲਈ ਪੇਸ਼ ਹੋਏ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਕੇਸਾਂ ਦੇ ਆਪਸੀ ਸਮਝੌਤੇ ਕਰਵਾ ਕੇ ਕੇਸ ਫ਼ੈਸਲਾ ਕਰਵਾ ਦਿੱਤੇ ਗਏ।ਇਸ ਮੌਕੇ ਲੋਕ ਅਦਾਲਤ ਕਮੇਟੀ ਮੈਂਬਰ ਡਾ. ਸ਼ਾਮ ਲਾਲ ਤੇ ਡਾ. ਸੁਰਿੰਦਰ ਜੌਹਰੀ, ਐਡਵੋਕੇਟਸ ਮਿਸ ਨਿਰਲੇਪ ਕੌਰ ਤੇ ਸ੍ਰੀ ਹਰਤੇਜ ਸਿੰਘ ਸੰਧੂ ਅਤੇ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੋਨਿਕਾ ਪਹੂਜਾ ਐਡਵੋਕੇਟ ਵਿਪਨ ਕੁਮਾਰ ਬਾਂਸਲ ਤੋਂ ਇਲਾਵਾ ਸਮਾਣਾ ਬਾਰ ਦੇ ਵਕੀਲ ਸਾਹਿਬਾਨ, ਵੱਖ-ਵੱਖ ਬੈਂਕਾਂ ਦੇ ਕਰਮਚਾਰੀ ਤੇ ਕੇਸਾਂ ਦੀ ਸੁਣਵਾਈ ਵਾਲੇ ਲੋਕਾਂ ਤੋਂ ਇਲਾਵਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ: ਕਰਮਜੀਤ ਸਿੰਘ ਰੰਧਾਵਾ, ਮੀਤ ਪ੍ਰਧਾਨ ਨਿਰਲੇਪ ਕੌਰ, ਸੈਕਟਰੀ ਹਰਮਨਦੀਪ ਸਿੰਘ ਸਿੱਧੂ, ਜੋਆਇੰਟ ਸੈਕਟਰੀ ਅਨੂਰੂਪ ਗਰਗ, ਲਾਇਬ੍ਰੇਰੀਅਨ ਗੁਰਜੀਤ ਕੌਰ ਬੱਲ, ਕੈਸ਼ੀਅਰ ਦਵਿੰਦਰ ਹਸੀਜਾ ਤੇ ਐਗਜ਼ੀਕਿਊਟਿਵ ਮੈਂਬਰ ਸ਼ਿਧਾਰਤ ਗੋਇਲ, ਸ਼ਬਦ ਕੌਰ, ਸਿਮਰਨਜੀਤ ਸਿੰਘ, ਰਣਦੀਪ ਸਿੰਘ ਥਿੰਦ ਤੇ ਰਜਨੀ ਬਾਲਾ ਵੀ ਹਾਜ਼ਰ ਸਨ।

## ਭੋਆ ਹਲਕੇ 'ਚ 70 ਲੱਖ ਰੁਪਏ ਦੀ ਲਾਗਤ ਨਾਲ ਤਿੰਨ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ



ਪਠਾਨਕੋਟ, (ਦਵਿੰਦਰ ਸਿੰਘ) ਵਿਧਾਨ ਸਭਾ ਹਲਕਾ ਭੋਆ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦਿੰਦਿਆਂ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਅੱਜ ਵੱਖ-ਵੱਖ ਪਿੰਡਾਂ ਵਿੱਚ ਕਰੀਬ 70 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਤਿੰਨ ਪ੍ਰਮੁੱਖ ਸੜਕਾਂ ਦੇ ਨਿਰਮਾਣ ਕਾਰਜਾਂ ਦੇ ਨੀਂਹ ਪੱਥਰ ਰੱਖੇ ਗਏ ਅਤੇ ਨਿਰਮਾਣ ਕਾਰਜ ਸ਼ੁਰੂ ਕਰਵਾਏ ਗਏ।ਇਸ ਮੌਕੇ ਕਟਾਰੂਚੱਕ ਨੇ ਐਮਾ ਗੁੱਜਰਾਂ ਤੋਂ ਡੇਰਾ ਰਾਮ ਸਿੰਘ ਗੁੱਜਰਾਂ ਤੱਕ ਦੀ ਸੜਕ, ਪਿੰਡ ਬਕਨੌਰ ਦੀ ਫਿਰਨੀ ਅਤੇ ਪਿੰਡ ਸ਼ੇਖੂਪੁਰ ਮਸ਼ੀਰੀ ਦੀ ਫਿਰਨੀ ਦੇ ਨਿਰਮਾਣ ਕਾਰਜ ਦਾ ਰਸਮੀ ਉਦਘਾਟਨ ਕੀਤਾ। ਇਨ੍ਹਾਂ ਤਿੰਨਾਂ ਸੜਕਾਂ ਦੀ ਕੁੱਲ ਲੰਬਾਈ ਲਗਭਗ 2 ਕਿਲੋਮੀਟਰ ਹੈ, ਜਿਨ੍ਹਾਂ 'ਤੇ ਕਰੀਬ 70 ਲੱਖ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸੜਕਾਂ ਲੰਮੇ ਸਮੇਂ ਤੋਂ ਕੱਚੀਆਂ ਹੋਣ ਕਾਰਨ ਪਿੰਡ ਵਾਸੀਆਂ ਨੂੰ ਆਉਣ-ਜਾਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਸਰਕਾਰ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਦਿਆਂ ਇਨ੍ਹਾਂ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ ਗਏ ਹਨ।ਉਨ੍ਹਾਂ ਕਿਹਾ ਕਿ ਨਿਰਮਾਣ ਕਾਰਜ ਜਲਦ ਤੋਂ ਜਲਦ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ, ਜਿਸ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਦੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਇਲਾਕਾ ਵਾਸੀਆਂ ਨੂੰ ਇਨ੍ਹਾਂ ਵਿਕਾਸ ਕਾਰਜਾਂ ਦੀ ਵਧਾਈ ਦਿੰਦਿਆਂ ਭਰੋਸਾ ਦਿੱਤਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਸਰਬਪੱਖੀ ਵਿਕਾਸ ਲਈ ਕੰਮ ਨਿਰੰਤਰ ਜਾਰੀ ਰਹਿਣਗੇ।ਇਸ ਮੌਕੇ ਸਰਪੰਚ ਕਪਲ ਠਾਕੁਰ, ਮਿੰਟੂ ਸੈਣੀ, ਸਾਬਕਾ ਸਰਪੰਚ ਰਾਜੇਸ਼ ਮਹਿਰਾ, ਰਾਜਾ ਸੈਣੀ, ਬਲਾਕ ਪ੍ਰਧਾਨ ਹੈਪੀ ਰਕਵਾਲ, ਬਲਾਕ ਸੰਮਤੀ ਮੈਂਬਰ ਸੰਜੀਵ, ਹਰਦੀਪ ਹੈਰੀ, ਲਵਲੀ ਮੰਜੀਰੀ, ਜੰਗ ਬਹਾਦਰ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਪੰਜਾਬ ਯੂਨੀਵਰਸਿਟੀ ਵੱਲੋਂ ਪੰਜਾਬ ਤੇ ਸਿੱਖ ਇਤਿਹਾਸ ਨੂੰ ਸਿਲੇਬਸ 'ਚੋਂ ਮਨਫ਼ੀ ਕਰਨਾ ਬੇਹੱਦ ਮੰਦਭਾਗਾ : ਧਾਮੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐੱਮ. ਏ. ਇਤਿਹਾਸ ਦੇ ਪੋਸਟ-ਗ੍ਰੈਜੂਏਟ ਸਿਲੇਬਸ ਵਿੱਚੋਂ ਪੰਜਾਬ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਚਾਰ ਅਹਿਮ ਪੇਪਰ ਹਟਾਏ ਜਾਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਵਰਗੀ ਸੰਸਥਾ ਵੱਲੋਂ ਪੰਜਾਬ ਦੇ ਇਤਿਹਾਸ ਨੂੰ ਉੱਚ ਸਿੱਖਿਆ ਦੇ ਸਿਲੇਬਸ ਵਿੱਚੋਂ ਪਿੱਛੇ ਕਰਨਾ ਬੇਹੱਦ ਚਿੰਤਾਜਨਕ ਅਤੇ ਮੰਦਭਾਗਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਕਿਸੇ ਇੱਕ ਖਿੱਤੇ ਦਾ ਸੀਮਤ ਇਤਿਹਾਸ ਨਹੀਂ, ਸਗੋਂ ਭਾਰਤ ਦੇ ਸਮੁੱਚੇ ਇਤਿਹਾਸ ਦਾ ਅਟੁੱਟ ਅਤੇ ਅਹਿਮ ਹਿੱਸਾ ਹੈ। ਪੰਜਾਬ ਦੀ ਧਰਤੀ ਨੇ ਗੁਰੂ ਸਾਹਿਬਾਨ ਦੀਆਂ ਮਹਾਨ ਜੀਵਨ-ਯਾਤਰਾਵਾਂ, ਖ਼ਾਲਸਾ ਪੰਥ ਦੀ ਸਾਜਨਾ, ਸਿੱਖ ਸੰਘਰਸ਼, ਸਿੱਖ ਰਾਜ ਅਤੇ ਅਨੇਕਾਂ ਇਤਿਹਾਸਕ ਘਟਨਾਵਾਂ ਰਾਹੀਂ ਭਾਰਤੀ ਇਤਿਹਾਸ ਦੀ ਦਿਸ਼ਾ ਨੂੰ ਪ੍ਰਭਾਵਿਤ ਕੀਤਾ ਹੈ। ਅਜਿਹੇ ਇਤਿਹਾਸ ਨੂੰ ਐੱਮ.ਏ. ਪੱਧਰ 'ਤੇ ਪੜ੍ਹਾਈ ਤੋਂ ਦੂਰ ਕਰਨਾ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਅਤੇ ਇਤਿਹਾਸਕ ਚੇਤਨਾ ਤੋਂ ਵਾਂਝਾ ਕਰਨ ਦੇ ਤੁੱਲ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਯੂਨੀਵਰਸਿਟੀਆਂ ਦਾ ਕੰਮ ਸਿਰਫ਼ ਨਵੇਂ ਵਿਸ਼ਿਆਂ ਨੂੰ ਸ਼ਾਮਲ ਕਰਨਾ ਨਹੀਂ, ਬਲਕਿ ਇਤਿਹਾਸਕ ਵਿਰਾਸਤ ਨੂੰ ਤੱਥਾਂ ਅਤੇ ਖੋਜ ਦੇ ਆਧਾਰ 'ਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦਾ ਪੰਜਾਬ ਦੇ ਇਤਿਹਾਸ, ਭਾਸ਼ਾ, ਸੱਭਿਆਚਾਰ ਅਤੇ ਵਿਰਾਸਤ ਨਾਲ ਡੂੰਘਾ ਇਤਿਹਾਸਕ ਸਬੰਧ ਹੈ। ਇਸ ਲਈ ਯੂਨੀਵਰਸਿਟੀ ਪ੍ਰਸ਼ਾਸਨ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਸ ਵਿਰਾਸਤ ਨੂੰ ਸਿਲੇਬਸ ਵਿੱਚ ਯੋਗ ਸਥਾਨ ਦੇਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਯੂਨੀਵਰਸਿਟੀ ਦੇ ਉਪ ਕੁਲਪਤੀ ਅਤੇ ਸਬੰਧਤ ਅਕਾਦਮਿਕ ਅਧਿਕਾਰੀਆਂ ਨੂੰ ਇਸ ਫੈਸਲੇ 'ਤੇ ਮੁੜ ਵਿਚਾਰ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਪੰਜਾਬ ਤੇ ਸਿੱਖ ਇਤਿਹਾਸ ਨਾਲ ਸਬੰਧਤ ਪੇਪਰਾਂ ਨੂੰ ਮੁੜ ਐੱਮ.ਏ. ਇਤਿਹਾਸ ਦੇ ਸਿਲੇਬਸ ਵਿੱਚ ਪਹਿਲਾਂ ਦੀ ਤਰ੍ਹਾਂ ਲਾਜ਼ਮੀ ਸ਼ਾਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਨੂੰ ਅਜਿਹੇ ਕਿਸੇ ਵੀ ਕਦਮ ਤੋਂ ਬਚਣਾ ਚਾਹੀਦਾ ਹੈ ਜਿਸ ਨਾਲ ਪੰਜਾਬ ਦੀ ਇਤਿਹਾਸਕ ਵਿਰਾਸਤ ਅਤੇ ਸਿੱਖ ਇਤਿਹਾਸ ਦੀ ਅਕਾਦਮਿਕ ਮਹੱਤਤਾ ਨੂੰ ਘਟਾਉਣ ਦਾ ਪ੍ਰਭਾਵ ਪੈਦਾ ਹੁੰਦਾ ਹੋਵੇ।

## ਇਫਟੂ ਵੱਲੋਂ ਗੁਰਦਾਸਪੁਰ ਦੇ ਪਿੰਡਾਂ 'ਚ ਮੀਟਿੰਗਾਂ ਦੀ ਲੜੀ ਲਗਾਤਾਰ ਜਾਰੀ




ਧਾਰੀਵਾਲ, (ਮਨਦੀਪ ਵਿੱਕੀ)-ਵੱਖ-ਵੱਖ ਜੱਥੇਬੰਦੀਆਂ ਵੱਲੋਂ 26 ਸਤੰਬਰ ਨੂੰ ਮੋਦੀ ਸਰਕਾਰ ਦੀਆਂ ਫਾਸ਼ੀਵਾਦੀ ਨੀਤੀਆਂ ਵਿਰੁੱਧ ਮੋਗਾ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਦੇ ਸਮਰਥਨ ਵਿੱਚ ਇੰਡੀਅਨ ਫੈਡਰੇਸ਼ਨ ਆਫ਼ ਟਰੇਡ ਯੂਨੀਅਨਜ਼ (ਇਫਟੂ) ਵੱਲੋਂ ਗੁਰਦਾਸਪੁਰ ਦੇ ਵੱਖ-ਵੱਖ ਪਿੰਡਾਂ ਵਿੱਚ ਪ੍ਰਚਾਰ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ ਹੈ। ਮੀਟਿੰਗਾਂ ਦੀ ਲੜੀ ਤਹਿਤ ਪਿੰਡ ਬੂਲੇਵਾਲ ਵਿਖੇ ਵੱਸਣ ਸਿੰਘ ਮਿਸਤਰੀ ਦੀ ਅਗਵਾਈ ਹੇਠ ਇਲਾਕੇ ਦੀਆਂ ਇਕਾਈਆਂ ਦੇ ਆਗੂ ਮੀਟਿੰਗ ਵਿੱਚ ਸ਼ਾਮਲ ਹੋਏ।

ਇਸ ਮੌਕੇ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਦੇ ਆਗੂਆਂ ਸੁਖਦੇਵ ਰਾਜ ਬਹਿਰਾਮਪੁਰ ਅਤੇ ਜੋਗਿੰਦਰ ਪਾਲ ਘੁਰਾਲਾ ਨੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਆਗੂਆਂ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਕੇਂਦਰੀਕਰਨ, ਨਿੱਜੀਕਰਨ ਅਤੇ ਕਾਰਪੋਰੇਟ ਪੱਖੀ ਨੀਤੀਆਂ ਸੂਬਿਆਂ ਦੇ ਅਧਿਕਾਰਾਂ, ਜਮਹੂਰੀਅਤ ਅਤੇ ਮਜ਼ਦੂਰਾਂ ਦੇ ਹੱਕਾਂ ਨੂੰ ਕਮਜ਼ੋਰ ਕਰ ਰਹੀਆਂ ਹਨ।ਆਗੂਆਂ ਕੇਂਦਰ ਤੋਂ ਚਾਰ ਲੇਬਰ ਕੋਡ ਰੱਦ ਕਰਨ, ਠੇਕਾ ਕਾਮਿਆਂ ਨੂੰ ਪੱਕੇ ਕਰਨ ਦੀ ਮੰਗ ਵੀ ਕੀਤੀ।ਇਸ ਮੌਕੇ ਇਫਟੂ ਆਗੂਆਂ ਦੱਸਿਆ ਕਿ 26 ਸਤੰਬਰ ਨੂੰ ਦਾਣਾ ਮੰਡੀ ਮੋਗਾ ਵਿੱਚ ਭਾਜਪਾ ਆਰ ਐੱਸ ਐੱਸ ਦੀਆਂ ਨੀਤੀਆਂ ਵਿਰੁੱਧ ਰੈਲੀ ਵਿੱਚ ਹਜ਼ਾਰਾਂ ਮਜ਼ਦੂਰ ਸ਼ਾਮਲ ਹੋ ਰਹੇ ਹਨ।

ਆਗੂਆਂ ਮਜ਼ਦੂਰਾਂ ਨੂੰ ਗੁਰਦਾਸਪੁਰ ਤੋਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਮੌਕੇ ਨਿਸ਼ਾਨ ਸਿੰਘ ਭਾਈ ਕਾ ਪਿੰਡ, ਹਰਜਿੰਦਰ ਸਿੰਘ ਘੁੰਮਣ ਖੁਰਦ, ਸਤਪਾਲ ਮਸੀਹ ਘੁੰਮਣ ਕਲਾਂ,ਹਰਜਿੰਦਰ ਮਸੀਹ ਛੀਨਾ, ਭਗਵੰਤ ਸਿੰਘ ਘੁੰਮਣ ਕਲਾਂ, ਕੁਲਦੀਪ ਸਿੰਘ ਭੇਖੋਵਾਲ, ਕੋਟਲਾ ਅਤੇ ਅਜੀਤ ਸਿੰਘ ਰਾਜੂਵਾਲ ਤੋਂ ਸ਼ਾਮਲ ਹੋਏ।

## ਸੜਕ ਹਾਦਸੇ 'ਚ ਔਰਤ ਜ਼ਖ਼ਮੀ

ਬਲਾਚੌਰ (ਜਸਵਿੰਦਰ ਬੈਂਸ)-ਰਮਨ ਤੇ ਰਾਜਨ ਢਾਬੇ ਨੇੜੇ ਸੜਕ ਹਾਦਸੇ ਵਿੱਚ ਇੱਕ ਔਰਤ ਦੇ ਹਲਕੀਆਂ ਸੱਟਾਂ ਲੱਗਣ ਦੀ ਸੂਚਨਾ ਮਿਲੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਰਾਹਗੀਰ ਵੱਲੋਂ ਹਾਦਸੇ ਦੀ ਸੂਚਨਾ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ।ਜਾਣਕਾਰੀ ਮੁਤਾਬਕ ਸਵਿਫਟ ਕਾਰ ਨੂੰ ਰਣਜੀਤ ਕੌਰ ਪੁੱਤਰੀ ਬਲਵੀਰ ਸਿੰਘ, ਵਾਸੀ ਮੁਜ਼ੱਫਰਪੁਰ, ਚਲਾ ਰਹੀ ਸੀ ਅਤੇ ਉਹ ਰੋਪੜ ਤੋਂ ਬਲਾਚੌਰ ਵੱਲ ਜਾ ਰਹੀ ਸੀ। ਜਦੋਂ ਕਾਰ ਰਮਨ ਢਾਬੇ ਨੇੜੇ ਪਹੁੰਚੀ ਤਾਂ ਈ ਟੀ ਓਸ ਕਾਰ ਜਿਸ ਨੂੰ ਹਰੀ ਰਾਮ ਪੁੱਤਰ ਟਹਿਲ ਰਾਮ, ਵਾਸੀ ਸਜਾਵਲਪੁਰ (ਨਵਾਂਸ਼ਹਿਰ), ਚਲਾ ਰਿਹਾ ਸੀ ਅਤੇ ਉਸ ਦੀ ਪਤਨੀ ਵੀ ਨਾਲ ਸਵਾਰ ਸੀ, ਸੜਕ ਕ੍ਰਾਸ ਕਰਨ ਲਈ ਮੁੱਖ ਸੜਕ 'ਤੇ ਆਈ। ਇਸ ਦੌਰਾਨ ਦੋਵੇਂ ਕਾਰਾਂ ਦੀ ਟੱਕਰ ਹੋ ਗਈ।

ਹਾਦਸੇ ਵਿੱਚ ਕਸ਼ਮੀਰ ਕੌਰ ਪਤਨੀ ਹਰੀ ਰਾਮ, ਵਾਸੀ ਸਜਾਵਲਪੁਰ ਦੇ ਹਲਕੀਆਂ ਸੱਟਾਂ ਲੱਗੀਆਂ। ਉਸ ਨੂੰ 108 ਐਂਬੂਲੈਂਸ ਦੀ ਮਦਦ ਨਾਲ ਸਿਵਲ ਹਸਪਤਾਲ ਬਲਾਚੌਰ ਵਿਖੇ ਇਲਾਜ ਲਈ ਦਾਖ਼ਲ ਕਰਵਾਇਆ ਗਿਆ।ਹਾਦਸੇ ਤੋਂ ਬਾਅਦ ਦੋਵੇਂ ਵਾਹਨਾਂ ਨੂੰ ਸੜਕ ਦੇ ਕਿਨਾਰੇ ਕਰਵਾਇਆ ਗਿਆ। ਮਾਮਲੇ ਦੀ ਜਾਂਚ ਲਈ ਥਾਣਾ ਸਦਰ ਬਲਾਚੌਰ ਤੋਂ ਏ ਐੱਸ ਆਈ ਲਖਵੀਰ ਸਿੰਘ ਨੂੰ ਮੌਕੇ 'ਤੇ ਬੁਲਾ ਕੇ ਅਗਲੀ ਕਾਰਵਾਈ ਲਈ ਮਾਮਲਾ ਉਨ੍ਹਾਂ ਦੇ ਹਵਾਲੇ ਕਰ ਦਿੱਤਾ ਗਿਆ।ਹਾਦਸੇ ਵਿੱਚ ਕੋਈ ਮੌਤ ਦੀ ਪੁਸ਼ਟੀ ਨਹੀਂ ਹੋਈ, ਇੱਕ ਔਰਤ ਦੇ ਜ਼ਖ਼ਮੀ ਹੋਣ ਦੀ ਜਾਣਕਾਰੀ ਹੈ।

## ਕੁੱਲ ਹਿੰਦ ਕਿਸਾਨ ਸਭਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਅੱਜ



ਤਰਨ ਤਾਰਨ (ਨਜ਼ਸ)-ਕੁੱਲ ਹਿੰਦ ਕਿਸਾਨ ਸਭਾ ਦੀ ਜ਼ਿਲ੍ਹਾ ਇਕਾਈ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਦੀ ਪ੍ਰਧਾਨਗੀ ਹੇਠ ਅੱਜ 14 ਸਤੰਬਰ ਨੂੰ ਸਥਾਨਕ ਬਾਠ ਰੋਡ ਤੇ ਬਣੇ ਦੇਸ਼ ਭਗਤ ਅਰਜਨ ਸਿੰਘ ਗੜਗੱਜ ਯਾਦਗਾਰੀ ਹਾਲ ਵਿਖੇ ਸਵੇਰੇ 10.30 ਵਜੇ ਹੋ ਰਹੀ ਹੈ।ਇਸ ਮੀਟਿੰਗ ਵਿੱਚ ਜਥੇਬੰਦੀ ਦੀ ਮੈਂਬਰਸ਼ਿਪ ਵਿੱਚ ਵਾਧਾ ਕਰਨ ਲਈ ਮੁਹਿੰਮ ਚਲਾਉਣ, ਨਵੀਆਂ ਇਕਾਈਆਂ ਬਣਾਉਣ, ਲੋੜੀਂਦੇ ਖਰਚਿਆਂ ਲਈ ਫੰਡ ਇਕੱਠਾ ਕਰਨ, ਪਿਛਲੇ ਰੀਵਿਊ ਅਤੇ ਜਥੇਬੰਦਕ ਸਰਗਰਮੀਆਂ ਵਧਾਉਣ ਆਦਿ ਏਜੰਡਿਆਂ ਤੇ ਵਿਚਾਰ ਵਟਾਂਦਰਾ ਕਰਕੇ ਫੈਸਲੇ ਕਰਨ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚੇ ਦੇ ਸੂਬਾ ਪੱਧਰੀ ਸੱਦੇ ਤੇ ਪੰਜਾਬ ਦੇ ਪਾਣੀਆਂ ਦੀ ਰਾਖੀ ਸਮੇਤ ਕਿਸਾਨਾਂ-ਮਜ਼ਦੂਰਾਂ ਦੇ ਹਿੱਤਾਂ ਲਈ 1 ਸਤੰਬਰ ਤੋਂ 7 ਸਤੰਬਰ ਤੱਕ ਸੂਬੇ ਦੀ ਰਾਜਧਾਨੀ ਚੰਡੀਗੜ੍ਹ ਵਿਖੇ ਲੱਗੇ ਪੱਕੇ ਮੋਰਚੇ ਵਿੱਚ ਹਿੱਸਾ ਲੈਣ ਵਾਲੇ ਜਥੇਬੰਦੀ ਦੇ ਕਾਰਕੁਨਾਂ ਅਤੇ ਆਗੂਆਂ ਨੂੰ ਸਨਮਾਨਤ ਕੀਤਾ ਜਾਵੇਗਾ ।ਇਸ ਮੀਟਿੰਗ ਬਾਰੇ ਪ੍ਰੈੱਸ ਨੋਟ ਜਾਰੀ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਦੱਸਿਆ ਕਿ ਚੰਡੀਗੜ੍ਹ ਮੋਰਚੇ ਸਮੇਂ ਕੈਬਨਿਟ ਮੰਤਰੀਆਂ ਦੀ ਕਮੇਟੀ ਨਾਲ ਸਾਰੇ ਮੁੱਦਿਆਂ 'ਤੇ ਹੋਈ ਗੱਲਬਾਤ ਦੀ ਜਾਣਕਾਰੀ ਕਿਸਾਨ ਸਭਾ ਦੇ ਸੂਬਾ ਵਰਕਿੰਗ ਪ੍ਰਧਾਨ ਮਹਾਂਵੀਰ ਸਿੰਘ ਗਿੱਲ ਮੀਟਿੰਗ ਵਿੱਚ ਹਾਜ਼ਰ ਆਗੂਆਂ ਨਾਲ ਸਾਂਝੀ ਕਰਨਗੇ। ਇਸੇ ਤਰ੍ਹਾਂ 21 ਮਈ ਤੋਂ ਸ਼ੁਰੂ ਹੋਏ ਸ਼ੇਰੋਂ ਖੰਡ ਮਿੱਲ ਮੋਰਚੇ ਦੀ ਲਗਾਤਾਰਤਾ ਲਈ ਜਥੇਬੰਦਕ ਵਿਊਂਤਬੰਦੀ ਕੀਤੀ ਜਾਵੇਗੀ।ਮੀਟਿੰਗ ਖਤਮ ਹੋਣ ਉਪਰੰਤ ਪਾਵਰਕਾਮ ਮਹਿਕਮੇ ਵੱਲੋਂ ਬਿਜਲੀ ਦੇ ਲਗਾਏ ਜਾ ਰਹੇ ਅਣਐਲਾਨੇ ਬਿਜਲੀ ਕੱਟਾਂ ਨਾਲ ਝੋਨੇ ਦੀ ਫ਼ਸਲ ਦੇ ਹੋ ਰਹੇ ਨੁਕਸਾਨ ਖਿਲਾਫ ਸੰਯੁਕਤ ਕਿਸਾਨ ਮੋਰਚੇ ਵੱਲੋਂ ਅੱਜ ਪਾਵਰਕਾਮ ਦੇ ਸਥਾਨਕ ਐੱਸ ਈ ਦਫਤਰ ਦੇ ਗੇਟ ਅੱਗੇ ਦਿੱਤੇ ਜਾ ਰਹੇ ਰੋਸ ਧਰਨੇ ਵਿੱਚ ਸ਼ਾਮਲ ਹੋ ਕੇ ਰੋਸ ਜ਼ਾਹਰ ਕੀਤਾ ਜਾਵੇਗਾ।

## ਪ੍ਰਸਿੱਧ ਫੋਟੋ ਕਲਾਕਾਰ ਬਾਜਵਾ ਦੇ ਦਿਹਾਂਤ ਨਾਲ ਸਮਾਜ ਨੂੰ ਵੱਡਾ ਘਾਟਾ ਪਿਆ: ਸ਼ੈਰੀ ਕਲਸੀ



ਬਟਾਲਾ, (ਤਰਲੋਕ ਬੱਗਾ)-ਬਟਾਲਾ ਦੇ ਅੰਤਰਰਾਸ਼ਟਰੀ ਪ੍ਰਸਿੱਧ ਫੋਟੋ ਕਲਾਕਾਰ ਹਰਭਜਨ ਸਿੰਘ ਬਾਜਵਾ ਦੇ ਦਿਹਾਂਤ ਨਾਲ ਸਮਾਜ ਨੂੰ ਵੱਡਾ ਘਾਟਾ ਪਿਆ ਪਿਆ ਹੈ ਅਤੇ ਉਨ੍ਹਾਂ ਦੇ ਅਚਾਨਕ ਦਿਹਾਂਤ ਦੀ ਖ਼ਬਰ ਨਾਲ ਕਲਾ, ਸਾਹਿਤ ਅਤੇ ਮੀਡੀਆ ਜਗਤ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।ਇਹ ਪ੍ਰਗਟਾਵਾ ਕਰਦਿਆਂ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਨੇ ਪਰਿਵਾਰ ਨਾਲ ਗਹਿਰਾ ਦੁੱਖ ਪ੍ਰਗਟ ਕਰਦਿਆਂ ਇਸ ਨੂੰ ਕਲਾ ਜਗਤ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਕਰਾਰ ਦਿੱਤਾ ਹੈ।ਦੁੱਖ ਪ੍ਰਗਟ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਮਰਹੂਮ ਪਰਸਿੱਧ ਫੋਟੋਗ੍ਰਾਫਰ ਨੇ ਆਪਣੇ ਕੈਮਰੇ ਰਾਹੀਂ ਸਮਾਜ, ਸੱਭਿਆਚਾਰ ਅਤੇ ਮਨੁੱਖੀ ਜੀਵਨ ਦੇ ਅਨੇਕਾਂ ਪੱਖਾਂ ਨੂੰ ਬਹੁਤ ਹੀ ਖੂਬਸੂਰਤੀ ਨਾਲ ਲੋਕਾਂ ਸਾਹਮਣੇ ਪੇਸ਼ ਕੀਤਾ। ਉਨ੍ਹਾਂ ਦੀਆਂ ਤਸਵੀਰਾਂ ਨਾ ਸਿਰਫ਼ ਕਲਾ ਦਾ ਬਿਹਤਰੀਨ ਨਮੂਨਾ ਸਨ, ਸਗੋਂ ਉਹ ਸਮਾਜਕ ਜਾਗਰੂਕਤਾ ਅਤੇ ਇਤਿਹਾਸਕ ਪਲਾਂ ਨੂੰ ਸੰਭਾਲਣ ਦਾ ਵੀ ਮਹੱਤਵਪੂਰਨ ਸਾਧਨ ਬਣੀਆਂ।ਉਨ੍ਹਾਂ ਨੇ ਕਿਹਾ ਕਿ ਮਰਹੂਮ ਹਰਭਜਨ ਸਿੰਘ ਬਾਜਵਾ ਨੇ ਆਪਣੀ ਪੇਸ਼ੇਵਰ ਜ਼ਿੰਦਗੀ ਦੌਰਾਨ ਫੋਟੋਗ੍ਰਾਫੀ ਦੇ ਖੇਤਰ ਵਿੱਚ ਵਿਲੱਖਣ ਯੋਗਦਾਨ ਪਾਇਆ ਅਤੇ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਸਰੋਤ ਬਣੇ ਰਹੇ। ਉਨ੍ਹਾਂ ਦੀ ਮਿਹਨਤ, ਸਮਰਪਣ ਅਤੇ ਕਲਾ ਪ੍ਰਤੀ ਲਗਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਵਿਧਾਇਕ ਸ਼ੈਰੀ ਕਲਸੀ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਦੇਵੇ।ਦੱਸਣਯੋਗ ਹੈ ਕਿ ਬੀਤੇ ਕੱਲ੍ਹ ਹਰਭਜਨ ਸਿੰਘ ਬਾਜਵਾ ਦਾ ਦਿਹਾਂਤ ਹੋ ਗਿਆ ਸੀ ਅਤੇ ਅੱਜ ਅੰਤਿਮ ਸਸਕਾਰ ਮੌਕੇ ਸਮਾਜ ਦੇ ਵੱਖ-ਵੱਖ ਵਰਗਾਂ ਨੇ ਕਿਹਾ ਕਿ ਮਰਹੂਮ ਦੀਆਂ ਯਾਦਾਂ ਅਤੇ ਉਨ੍ਹਾਂ ਵੱਲੋਂ ਕੀਤੇ ਗਏ ਰਚਨਾਤਮਕ ਕੰਮ ਹਮੇਸ਼ਾ ਲੋਕਾਂ ਦੇ ਦਿਲਾਂ ਵਿੱਚ ਜਿਉਂਦੇ ਰਹਿਣਗੇ।

## ਜਾਗਰਣ ਮੌਕੇ ਜਥੇਦਾਰ ਸੁੱਚਾ ਸਿੰਘ ਲੰਗਾਹ ਸਨਮਾਨਿਤ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੀ ਦਾਣਾ ਮੰਡੀ ਸਥਿਤ ਪੁਰਾਤਨ ਸ਼ੀਤਲਾ ਮਾਤਾ ਮੰਦਰ ਵਿਖੇ ਵੈਸ਼ਨੋ ਭਜਨ ਮੰਡਲੀ ਸ਼ੀਤਲਾ ਵੈਸ਼ਨੋਵਰ ਲੋਕ ਹਿੱਤ ਸੁਸਾਇਟੀ ਰਜਿ; ਡੇਰਾ ਬਾਬਾ ਨਾਨਕ ਵੱਲੋਂ ਸਲਾਨਾ ਜਾਗਰਣ ਤੇ ਭੰਡਾਰਾ ਕਰਵਾਇਆ ਗਿਆ ।ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਸੁੱਚਾ ਸਿੰਘ ਲੰਗਾਹ ਅਤੇ ਅਕਾਲੀ ਦਲ ਬਾਦਲ ਦੇ ਸੀਨੀਅਰ ਸਾਥੀਆਂ ਨੂੰ ਮੰਦਰ ਦੇ ਮੁੱਖ ਪੁਜਾਰੀ ਦੀ ਅਗਵਾਈ ਵਿੱਚ ਮੰਦਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਇਹ ਉਹ ਪਵਿੱਤਰ ਅਸਥਾਨ ਹੈ ਜਿੱਥੇ ਡੇਰਾ ਬਾਬਾ ਨਾਨਕ ਦੀਆਂ ਸੰਗਤਾਂ ਨੇ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢ ਕੇ ਜਗਰਾਤੇ ਦੀ ਸ਼ੁਰੂਆਤ ਕੀਤੀ ਅਤੇ ਸੁੰਦਰ ਮੰਦਰ ਬਣਾਇਆ ਹੈ।ਉਨ੍ਹਾਂ ਕਿਹਾ ਕਿ ਮੇਰਾ ਸਿਰ ਝੁਕਦਾ ਹੈ ਉਨ੍ਹਾਂ ਲੋਕਾ ਅੱਗੇ ਜਿਹੜੇ ਲੋਕ ਨੌਜਵਾਨਾਂ ਨੂੰ ਆਪਣੇ ਧਰਮ ਨਾਲ ਜੋੜਦੇ ਹਨ।ਬੱਚਿਆਂ ਨੂੰ ਨੇਕ ਕੰਮ ਕਰਨ ਲਈ ਉਤਸ਼ਾਹਿਤ ਕਰਦੇ ਹਨ ,ਉਹ ਕਦੇ ਵੀ ਪਾਪ ਨਹੀਂ ਕਰ ਸਕਦੇ ।ਇਸ ਮੌਕੇ ਤੇਜਬੀਰ ਸਿੰਘ ਪੀ ਏ ਲੰਗਾਹ, ਸਤਨਾਮ ਸਿੰਘ ਪਟਵਾਰੀ ਠੇਠਰਕੇ, ਹਰਸਿਮਰਤ ਸਿੰਘ ਬਾਜਵਾ ਵੈਰੋਕੇ ਪ੍ਰਧਾਨ ਯੂਥ ਅਕਾਲੀ ਦਲ , ਪ੍ਰਭਜੀਤ ਸਿੰਘ ਬੱਲ ਪ੍ਰਧਾਨ ਕਲਾਨੌਰ, ਰਣਜੀਤ ਸਿੰਘ ਮੌੜ, ਸਿਮਰਜੀਤ ਸਿੰਘ ਸਾਬ ਦੀਨਾਨਗਰ,ਹਰਜੀਤ ਸਿੰਘ ਬਿੱਟਾ ਸਿੰਘਪੁਰਾ, ਬਲਵਿੰਦਰ ਸਿੰਘ ਲੋਪਾ,ਸੁਖਵਿੰਦਰ ਸਿੰਘ ਪਕੀਵਾ ਪ੍ਰਧਾਨ ਸਰਕਲ ,ਸਵਰਨ ਸਿੰਘ ਇੰਸਪੈਕਟਰ, ਜੋਗਾ ਸਿੰਘ ਮਾਨ, ਮਨਿੰਦਰ ਸਿੰਘ ਲਾਲੀ ਪੀ ਏ, ਸੁਖਚੈਨ ਸਿੰਘ ਵੈਰੋਕੇ,ਪ੍ਰਤਾਪ ਸਿੰਘ ਪਿੰਕਾ ਪੱਲੇਨੰਗਲ, ਜਸਵਿੰਦਰ ਸਿੰਘ ਝੰਗੀ ਜਸਪਾਲ ਸਿੰਘ, ਸੁਖਵਿੰਦਰ ਸਿੰਘ ਕਾਹਲਾ ਵਾਲੀ, ਅਮਰੀਕ ਸਿੰਘ, ਸੰਦੀਪ ਸਿੰਘ ਵੈਰੋਕੇ ਸ਼ਮਸ਼ੇਰ ਸਿੰਘ ਵੈਰੋਕੇ, ਮਨਜੀਤ ਸਿੰਘ, ਹਰਪ੍ਰੀਤ ਸਿੰਘ ਹੈਰੀ ਮਾਸਟਰ ਮੁਕੇਸ਼ ਸ਼ਰਮਾ, ਜੇ ਈ ਰੁਪਿੰਦਰ ਕੁਮਾਰ, ਰਵਿੰਦਰ ਸਿੰਘ ਬੇਦੀ, ਪ੍ਰਧਾਨ ਨਰਿੰਦਰ ਕੁਮਾਰ, ਮਾਸਟਰ ਰਾਮ ਸਰੂਪ, ਰਾਮਪਾਲ, ਮਾਸਟਰ ਦਵਿੰਦਰ ਕੁਮਾਰ, ਮਾਸਟਰ ਸੰਜੀਵ ਸਰਨਾ, ਨੀਰਜ ਕੁਮਾਰ ਟਿੰਕੂ, ਰਾਮਪਾਲ, ਨਰੇਸ਼ ਕੁਮਾਰ, ਯਸ਼ਪਾਲ, ਬਾਵਾ ਦਾਸ ਬਟਾਲਾ, ਕਰਨਦੀਪ, ਅਸ਼ੋਕ ਕੁਮਾਰ ਮਹਿਰਾ, ਗੁਰਮੁੱਖ ਸਿੰਘ ਫੌਜੀ ਮਛਰਾਲਾ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਅੰਮ੍ਰਿਤ ਕਲਸੀ ਨੇ ਸ਼ਹਿਰ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ



ਬਟਾਲਾ, (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜ ਨਿਰੰਤਰ ਜਾਰੀ ਹਨ।ਅੰਮ੍ਰਿਤ ਕਲਸੀ ਵੱਲੋਂ ਜਲੰਧਰ ਰੋਡ ਸਮੇਤ ਸ਼ਹਿਰ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ।ਇਸ ਮੌਕੇ ਐੱਮ ਸੀ ਸੁਖਦੇਵ ਬਲਜਿੰਦਰ ਸਿੰਘ ਵੀ ਮੌਜੂਦ ਸਨ।

ਗੱਲਬਾਤ ਕਰਦਿਆਂ ਅੰਮ੍ਰਿਤ ਕਲਸੀ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ।ਸ਼ਹਿਰ ਵਿੱਚ ਗਲੀਆਂ ਤੇ ਸੜਕਾਂ ਦੇ ਵਿਕਾਸ ਕੰਮ ਜੰਗੀ ਪੱਧਰ ਤੇ ਜਾਰੀ ਹਨ ਅਤੇ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ।

ਉਨ੍ਹਾਂ ਨੇ ਕਿਹਾ ਕਿ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ ਹੈ ਅਤੇ ਹੁਣ ਲੋਕਾਂ ਦੀ ਬਾਂਹ ਫੜਦਿਆਂ ਉਨ੍ਹਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਕਈ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।

## ਮੁਲਾਜ਼ਮ ਪੈਨਸ਼ਨਰਜ਼ ਸਾਂਝਾ ਮੰਚ ਨੇ ਮੰਤਰੀ ਕਟਾਰੂਚੱਕ ਦੇ ਘਰ ਦਾ ਕੀਤਾ ਘਿਰਾਓ

ਪਠਾਨਕੋਟ (ਦਵਿੰਦਰ ਸਿੰਘ)-ਮੁਲਾਜਮ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਮੁਲਾਜ਼ਮ ਸਾਂਝਾ ਮੰਚ ਪਠਾਨਕੋਟ ਵੱਲੋਂ ਸਾਂਝੀ ਤਾਲਮੇਲ ਕਮੇਟੀ ਪੰਜਾਬ ਦੇ ਫੈਸਲੇ ਅਨੁਸਾਰ ਆਪਣੀਆਂ ਮੰਗਾਂ ਦੇ ਨਿਪਟਾਰੇ ਲਈ ਮੰਤਰੀ ਕਟਾਰੂਚੱਕ ਦੇ ਘਰ ਦਾ ਘਿਰਾਓ ਕੀਤਾ ਅਤੇ ਭਾਰੀ ਰੈਲੀ ਕੀਤੀ ਜਿਸ ਵਿਚ ਪਾਵਰਕਾਮ ਦੇ ਸ਼ਹਿਰੀ ਅਤੇ ਦਿਹਾਤੀ ਮੰਡਲ ਪਠਾਨਕੋਟ ਅਤੇ ਸਥਾਨਕ ਇੰਜੀਨੀਅਰ ਮੰਡਲ ਮਲਿਕ ਪੁਰ ਨਾਲ ਸੰਬੰਧਿਤ ਪਾਵਰਕਾਮ ਪੈਨਸ਼ਨਰਜ਼ ਨੇ ਭਾਰੀ ਗਿਣਤੀ ਵਿੱਚ ਕਾਮਰੇਡ ਹੰਸਰਾਜ ਸਿੰਘ, ਸੁਰਜੀਤ ਸਿੰਘ ਬੜੋਈ ਅਤੇ ਬਲਵੰਤ ਸਿੰਘ ਦੀ ਅਗਵਾਈ ਵਿਚ ਸ਼ਮੂਲੀਅਤ ਕੀਤੀ ਜਿਸ ਵਿੱਚ ਕਾਮਰੇਡ ਬਿਕਰਮਜੀਤ, ਦੇਸਰਾਜ, ਫੌਜਾ ਸਿੰਘ ਗਿੱਲ, ਵਿਜੇ ਸ਼ਰਮਾ ਅਤੇ ਰਣਬੀਰ ਸਿੰਘ ਹਾਜ਼ਰ ਸੰਨ।ਮੁੱਖ ਮੰਗਾਂ ਜਿਵੇਂ ਕੱਚੇ ਅਤੇ ਆਊਟਸੋਰਸ ਵਰਕਰ ਪੱਕੇ ਕੀਤੇ ਜਾਣ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਮਹਿਗਾਈ ਭੱਤੇ ਦੀਆਂ ਕਿਸ਼ਤਾਂ ਸਮੇਤ ਪਿਛਲਾ ਬਕਾਇਆ ਜਾਰੀ ਕੀਤਾ ਜਾਵੇ, ਪੈਨਸ਼ਨ ਮਲਟੀਪਲਾਈ ਫੈਕਟਰ ਨਾਲ ਜਾਰੀ ਕੀਤਾ ਜਾਵੇ ਅਤੇ ਕੈਸ਼ਲੈੱਸ ਮੈਡੀਕਲ ਬੀਮਾ ਯੋਜਨਾ ਲਾਗੂ ਕੀਤੀ ਜਾਵੇ । ਕਾਮਰੇਡ ਬਿਕਰਮਜੀਤ ਨੇ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਨੂੰ ਬੇਨਤੀ ਕੀਤੀ ਕਿ ਮੁਲਾਜ਼ਮਾਂ ਅਤੇ ਪੰਜਾਬ ਸਰਕਾਰ ਦਾ ਟਕਰਾਅ ਵੱਧਦਾ ਜਾ ਰਿਹਾ ਹੈ, ਇਸਨੂੰ ਟਾਲਿਆ ਜਾਵੇ, ਇਹ ਪੰਜਾਬ ਦੀ ਜਨਤਾ ਦੇ ਹਿੱਤ ਵਿਚ ਨਹੀਂ ਹੈ । ਅਦਾਲਤਾਂ ਵਿਚ ਜਨਤਾ ਦਾ ਪੈਸਾ ਬਰਬਾਦ ਨਾ ਕੀਤਾ ਜਾਵੇ, ਮੁਲਾਜ਼ਮ/ਕਰਮਚਾਰੀਆਂ ਦੀਆਂ ਮੰਗਾਂ ਦਾ ਨਿਪਟਾਰਾ ਕਰਨ ਲਈ ਸਰਕਾਰ ਨੂੰ ਟਕਰਾਅ ਦੀ ਨੀਤੀ ਛੱਡ ਕੇ ਮੁਲਾਜ਼ਮ ਆਗੂਆਂ ਨਾਲ ਸਿੱਧੀ, ਖੁੱਲ੍ਹੀ ਅਤੇ ਸੁਹਿਰਦ ਗੱਲਬਾਤ ਕੀਤੀ ਜਾਵੇ ਅਤੇ ਇਸ ਸੰਬਧ ਵਿੱਚ ਪੰਜਾਬ ਸਰਕਾਰ ਦੇ ਸੀਨੀਅਰ ਆਰਥਿਕ ਮਾਹਿਰਾਂ, ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਮੁਲਾਜ਼ਮ ਆਗੂਆਂ ਦੀ ਇਕ ਸਾਂਝੀ ਕਮੇਟੀ ਬਣਾਈ ਜਾਵੇ ਜੋ ਨਿਸ਼ਚਿਤ ਸਮੇਂ ਅੰਦਰ ਸਾਰੀਆਂ ਮੰਗਾਂ ਦਾ ਵਿਸ਼ਲੇਸ਼ਣ ਕਰਕੇ ਫੈਸਲਾ ਕਰੇ ।ਇਹ ਮਸਲੇ ਅਦਾਲਤਾਂ ਦੇ ਫੈਸਲਿਆਂ ਕਾਰਨ ਗੁੰਝਲਦਾਰ ਹੋ ਜਾਣਗੇ ।

## ਮਾਨ ਸਰਕਾਰ ਨੇ ਲੋਕਾਂ ਦੀ ਭਲਾਈ ਲਈ ਹਰ ਖੇਤਰ 'ਚ ਇਤਿਹਾਸਕ ਕੰਮ ਕੀਤੇ : ਸਰਪੰਚ ਸਰਹਾਲਾ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ): ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਵਿਕਾਸ ਲਈ ਹਰ ਖੇਤਰ ਵਿੱਚ ਕੰਮ ਕੀਤੇ ਜਾ ਰਹੇ ਹਨ। ਕੋਈ ਵੀ ਅਜਿਹਾ ਪਹਿਲੂ ਜਾਂ ਵਿਕਾਸ ਕਾਰਜ ਬਾਕੀ ਨਹੀਂ ਛੱਡਿਆ ਜਾ ਰਿਹਾ, ਜੋ ਲੋਕਾਂ ਦੀਆਂ ਬੁਨਿਆਦੀ ਲੋੜਾਂ ਨਾਲ ਜੁੜਿਆ ਹੋਵੇ।ਸਰਕਾਰ ਵੱਲੋਂ ਖੇਡਾਂ, ਸਿਹਤ, ਮਕਾਨਾਂ ਸਮੇਤ ਹਰ ਤਰ੍ਹਾਂ ਦੀਆਂ ਸਹੂਲਤਾਂ ਲੋਕਾਂ ਤੱਕ ਪਹੁੰਚਾਈਆਂ ਜਾ ਰਹੀਆਂ ਹਨ।ਇਹ ਪ੍ਰਗਟਾਵਾ ਸਰਪੰਚ ਹਰਭੇਜ ਸਿੰਘ ਸਰਹਾਲਾ ਨੇ ਸ਼ਹੀਦ ਭਾਈ ਸ਼ੀਤਲ ਸਿੰਘ ਮੱਤੇਵਾਲ ਦੀ ਯਾਦ ਵਿੱਚ ਕਰਵਾਏ ਗਏ ਖੇਡ ਮੇਲੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਲੋਕਾਂ ਨੂੰ ਬੱਸ ਸਫ਼ਰ ਦੀ ਸਹੂਲਤ ਤੋਂ ਲੈ ਕੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਅਤੇ ਬਜ਼ੁਰਗਾਂ ਲਈ ਤੀਰਥ ਯਾਤਰਾਵਾਂ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਸਰਕਾਰ ਨੇ ਅਜਿਹੀਆਂ ਕਈ ਸਹੂਲਤਾਂ ਲੋਕਾਂ ਤੱਕ ਪਹੁੰਚਾਈਆਂ ਹਨ, ਜਿਨ੍ਹਾਂ ਦੀ ਲੋਕਾਂ ਨੇ ਪਹਿਲਾਂ ਕਦੇ ਕਲਪਨਾ ਵੀ ਨਹੀਂ ਕੀਤੀ ਸੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਵੱਲੋਂ ਵੀ ਲੋਕਾਂ ਦੇ ਹਰ ਦੁੱਖ-ਸੁੱਖ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨਾਲ ਪਰਿਵਾਰਕ ਸਾਂਝ ਦਾ ਸਬੂਤ ਦਿੱਤਾ ਜਾ ਰਿਹਾ ਹੈ।ਇਸ ਦੇ ਨਾਲ ਹੀ ਉਹ ਖੇਡ ਮੇਲਿਆਂ ਵਿੱਚ ਨੌਜਵਾਨਾਂ ਦੀ ਹੌਸਲਾ-ਅਫ਼ਜ਼ਾਈ ਲਈ ਖੁਦ ਪਹੁੰਚਦੇ ਹਨ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਹਰ ਸੰਭਵ ਸਹਿਯੋਗ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਦੇ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਸਰਦਾਰ ਤਲਬੀਰ ਸਿੰਘ ਗਿੱਲ ਦਾ ਸਾਥ ਦੇਣ ਅਤੇ ਉਨ੍ਹਾਂ ਨੂੰ ਵੱਡੀ ਲੀਡ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣ ਤਾਂ ਜੋ ਹਲਕੇ ਦੇ ਵਿਕਾਸ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਹੋਰ ਤੇਜ਼ੀ ਮਿਲ ਸਕੇ।ਇਸ ਮੌਕੇ ਹਲਕਾ ਜੀਰਾ ਦੇ ਇੰਚਾਰਜ ਗੁਰਪ੍ਰੀਤ ਸਿੰਘ ਸੇਖੋਂ, ਸਰਪੰਚ ਮਨਦੀਪ ਸਿੰਘ, ਸਰਪੰਚ ਹਰਭੇਜ ਸਿੰਘ ਸਰਹਾਲਾ, ਯੂਥ ਪ੍ਰਧਾਨ ਹਲਕਾ ਮਜੀਠਾ ਗੁਰਪ੍ਰੀਤ ਸਿੰਘ, ਹਲਕਾ ਕਬੱਡੀਨੇਟਰ ਗੁਰਪ੍ਰੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨੰਗਲ ਪੰਨਵਾਂ, ਬਲਾਕ ਸੰਮਤੀ ਮੈਂਬਰ ਗੁਰਬੀਰ ਸਿੰਘ ਮੱਤੇਵਾਲ ਸਮੇਤ ਹੋਰ ਆਗੂ ਅਤੇ ਪਤਵੰਤੇ ਹਾਜ਼ਰ ਸਨ।

## ਪੋਲਟਰੀ ਯੂਨਿਟਾਂ 'ਚ ਜਾਂਚ ਦੌਰਾਨ ਪਸ਼ੂ ਕਲਿਆਣ ਤੇ ਸਫ਼ਾਈ ਸਬੰਧੀ ਵਿਆਪਕ ਚਿੰਤਾਵਾਂ ਸਾਹਮਣੇ ਆਈਆਂ


**ਅੰਮ੍ਰਿਤਸਰ** : ਸੈਂਟੀਅੰਟ ਨੇ ਹਰਿਆਣਾ, ਪੰਜਾਬ, ਮੱਧ ਪ੍ਰਦੇਸ਼ ਅਤੇ ਤਾਮਿਲਨਾਡੂ ਵਿੱਚ ਲੇਅਰ ਮੁਰਗੀਆਂ ਦੀਆਂ 21 ਪੋਲਟਰੀ ਯੂਨਿਟਾਂ ਦੀ ਜਾਂਚ ਦੇ ਨਤੀਜੇ ਜਾਰੀ ਕੀਤੇ ਹਨ। ਜਾਂਚ ਵਿੱਚ ਇਨ੍ਹਾਂ ਸਾਰੀਆਂ ਯੂਨਿਟਾਂ ਵਿੱਚ ਪਸ਼ੂ ਕਲਿਆਣ, ਸਫ਼ਾਈ, ਕੂੜਾ ਪ੍ਰਬੰਧਨ ਅਤੇ ਬਾਇਓਸਿਕਿਊਰਿਟੀ ਨਾਲ ਜੁੜੀਆਂ ਵਿਆਪਕ ਚਿੰਤਾਵਾਂ ਸਾਹਮਣੇ ਆਈਆਂ ਹਨ।ਜਾਂਚ ਵਿੱਚ ਬੈਟਰੀ-ਕੇਜ ਪ੍ਰਣਾਲੀ ਦੀ ਵਰਤੋਂ ਕਰਨ ਵਾਲੀਆਂ ਨਿੱਜੀ ਪੋਲਟਰੀ ਯੂਨਿਟਾਂ ਦਾ ਅਧਿਐਨ ਕੀਤਾ ਗਿਆ।ਇਨ੍ਹਾਂ ਯੂਨਿਟਾਂ ਦੀ ਅਨੁਮਾਨਿਤ ਸਮਰੱਥਾ ਲਗਭਗ 3,000 ਤੋਂ 2,00,000 ਮੁਰਗੀਆਂ ਤੱਕ ਸੀ।ਜਾਂਚ ਦੌਰਾਨ ਕਈ ਥਾਵਾਂ 'ਤੇ ਵਾਰ-ਵਾਰ ਇੱਕੋ ਜਿਹੀਆਂ ਚਿੰਤਾਵਾਂ ਸਾਹਮਣੇ ਆਈਆਂ, ਜਿਸ ਤੋਂ ਸੰਕੇਤ ਮਿਲਦਾ ਹੈ ਕਿ ਮਾੜੀਆਂ ਪਸ਼ੂ-ਕਲਿਆਣ ਅਤੇ ਪ੍ਰਬੰਧਨ ਪ੍ਰਥਾਵਾਂ ਇਕੱਲੀਆਂ ਘਟਨਾਵਾਂ ਨਹੀਂ ਸਨ, ਸਗੋਂ ਰੋਜ਼ਾਨਾ ਦੇ ਕੰਮਕਾਜ ਦਾ ਹਿੱਸਾ ਸਨ।ਜਾਂਚਕਰਤਾਵਾਂ ਨੇ ਮੁਰਗੀਆਂ ਵਿੱਚ ਗੰਭੀਰ ਭੀੜ ਅਤੇ ਆਪਸੀ ਲੜਾਈ ਦੇ ਮਾਮਲੇ ਦਰਜ ਕੀਤੇ ਅਤੇ ਕਈ ਯੂਨਿਟਾਂ ਵਿੱਚ ਵੱਡੀ ਗਿਣਤੀ ਵਿੱਚ ਸੱਟਾਂ ਦੇਖੀਆਂ। ਰਿਪੋਰਟ ਮੁਤਾਬਕ ਦੇਖੀਆਂ ਗਈਆਂ ਲਗਭਗ ਸਾਰੀਆਂ ਮੁਰਗੀਆਂ ਦੀ ਗਰਦਨ ਦੇ ਆਲੇ-ਦੁਆਲੇ ਸੱਟਾਂ ਸਨ, ਜੋ ਸੰਭਵ ਤੌਰ 'ਤੇ ਧਾਤੂ ਦੇ ਪਿੰਜਰਿਆਂ ਦੀਆਂ ਸਲਾਖਾਂ ਨਾਲ ਲਗਾਤਾਰ ਰਗੜ ਕਾਰਨ ਹੋਈਆਂ ਸਨ। ਇਸ ਤੋਂ ਇਲਾਵਾ ਪੰਖਾਂ 'ਤੇ ਸੱਟਾਂ, ਟੁੱਟੀਆਂ ਲੱਤਾਂ, ਖੂਨ ਵਗਣਾ, ਚਮੜੀ ਨਾਲ ਸਬੰਧਤ ਸਮੱਸਿਆਵਾਂ ਅਤੇ ਗੰਭੀਰ ਸਰੀਰਕ ਕਮਜ਼ੋਰੀ ਵੀ ਦੇਖੀ ਗਈ।ਕੁਝ ਮੁਰਗੀਆਂ ਦੇ ਖੜ੍ਹੇ ਹੋਣ ਵਿੱਚ ਅਸਮਰੱਥ ਹੋਣ ਦੀ ਵੀ ਰਿਪੋਰਟ ਕੀਤੀ ਗਈ।

## ਜੀ ਟੀ ਬੀ ਆਈ ਸਕੂਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਮਨਾਇਆ



ਧਾਰੀਵਾਲ, (ਮਨਦੀਪ ਵਿੱਕੀ)-ਗੁਰੂ ਤੇਗ ਬਹਾਦਰ ਇੰਟਰਨੈਸਨਲ (ਜੀ. ਟੀ. ਬੀ. ਆਈ.) ਸਕੂਲ ਕਲਿਆਣਪੁਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ। ਇਸ ਮੌਕੇ ਚੇਅਰਮੈਨ ਸੁਰਜੀਤ ਸਿੰਘ, ਮੈਨੇਜਿੰਗ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਮਿਲ ਕੇ ਸੰਗਤੀ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ ਜੀ ਦੇ ਪਾਠ ਦਾ ਉਚਾਰਨ ਕੀਤਾ। ਚੇਅਰਮੈਨ ਸੁਰਜੀਤ ਸਿੰਘ ਨੇ ਧਾਰਮਿਕ ਅਧਿਆਪਿਕਾ ਕੁਲਵਿੰਦਰ ਕੌਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਜਿਨ੍ਹਾਂ ਦੀ ਅਣਥੱਕ ਮਿਹਨਤ ਸਦਕਾ ਸਕੂਲ ਦੇ ਵਿਦਿਆਰਥੀ ਕੀਰਤਨ ਸਿੱਖਣ ਦੇ ਨਾਲ-ਨਾਲ ਧਾਰਮਿਕ ਸਿੱਖਿਆ ਵੀ ਲੈ ਰਹੇ ਹਨ। ਸਕੂਲ ਪ੍ਰਿੰਸੀਪਲ ਸੈਮੂਅਲ ਦਾਸ ਨੇ ਦੱਸਿਆ ਕਿ ਸਮਾਗਮ ਦੌਰਾਨ ਛੇਵੀਂ ਜਮਾਤ ਦੀਆਂ ਵਿਦਿਆਰਥਣਾਂ ਸਰਗੁਣ ਕੌਰ, ਅਵਨੀਤ ਕੌਰ, ਤਰਪਨਪ੍ਰੀਤ ਕੌਰ, ਗੁਰਨੂਰਦੀਪ ਕੌਰ, ਪ੍ਰਭਲੀਨ ਕੌਰ, ਕੋਮਲਪ੍ਰੀਤ ਕੌਰ, ਹਰਖੁਸਜੀਤ ਕੌਰ, ਗੁਰਲੀਨ ਕੌਰ, ਜਾਪਸੂਲੀਨ ਕੌਰ ਅਤੇ ਵਿਦਿਆਰਥੀ ਹਰਫਤਿਹ ਸਿੰਘ ਵੱਲੋਂ ਕਥਾ-ਵਿਚਾਰ ਅਤੇ ਗੁਰਬਾਣੀ ਦਾ ਗਾਇਨ ਕਰਕੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਨਿਹਾਲ ਕੀਤਾ ਗਿਆ।

## ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵੱਲੋਂ ਦੁੱਖ ਦਾ ਪ੍ਰਗਟਾਵਾ



ਚੋਹਲਾ ਸਾਹਿਬ (ਰਮਨ ਚੱਢਾ)-ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵੱਲੋਂ ਹਲਕੇ ਦੇ ਪ੍ਰਮੁੱਖ ਆਗੂ ਅਤੇ ਸਾਬਕਾ ਬਲਾਕ ਪ੍ਰਧਾਨ ਭੁਪਿੰਦਰ ਕੁਮਾਰ (ਕਾਲਾ ਪ੍ਰਧਾਨ) ਦੇ ਪਿਤਾ ਦੇ ਪਿਛਲੇ ਦਿਨੀਂ ਹੋਏ ਅਚਾਨਕ ਦਿਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਇਸ ਦੁੱਖ ਦੀ ਘੜੀ ਵਿੱਚ ਸਿੱਕੀ ਵਿਸ਼ੇਸ਼ ਤੌਰ 'ਤੇ ਪੀੜਤ ਪਰਿਵਾਰ ਦੇ ਗ੍ਰਹਿ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਨੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ।ਸ਼ੋਕ ਸਭਾ ਅਤੇ ਦੁੱਖ ਪ੍ਰਗਟਾਉਣ ਸਮੇਂ ਇਲਾਕੇ ਦੀਆਂ ਕਈ ਮੁੱਖ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸ਼ਖਸੀਅਤਾਂ ਹਾਜ਼ਰ ਸਨ, ਜਿਨ੍ਹਾਂ ਵਿੱਚ ਰਾਕੇਸ਼ ਕੁਮਾਰ ਬਿੱਲਾ, ਮਨਦੀਪ ਸਿੰਘ ਮਨੀ, ਰਣਜੀਤ ਸਿੰਘ ਆੜ੍ਹਤੀਆ, ਸੁਖਚੈਨ ਸਿੰਘ ਨਿੱਕਾ ਚੋਹਲਾ,ਮਨਮੋਹਨ ਸਿੰਘ ਠਾਣੇਦਾਰ, ਅਜਮੇਰ ਸਿੰਘ ਇੰਸਪੈਕਟਰ, ਲਖਬੀਰ ਸਿੰਘ ਲੱਖਾ (ਸਰਪੰਚ), ਮਨਜੀਤ ਸਿੰਘ (ਪ੍ਰਧਾਨ, ਪ੍ਰੈੱਸ ਕਲੱਬ ਚੋਹਲਾ ਸਾਹਿਬ), ਮਹਿੰਦਰ ਸਿੰਘ ਸਰਪੰਚ ਚੰਬਾ ਕਲਾਂ, ਮਾਸਟਰ ਦਲਬੀਰ ਸਿੰਘ ਚੰਬਾ, ਅਮਰ ਸਿੰਘ ਭਰੋਵਾਲ, ਦਾਰਾ ਸਿੰਘ (ਨੰਬਰਦਾਰ), ਗੁਰਵਿੰਦਰ ਸਿੰਘ ਗਿੰਦੂ (ਮੈਂਬਰ), ਕੁਲਵੰਤ ਸਿੰਘ, ਰਤਨਜੀਤ ਸਿੰਘ, ਜਤਿੰਦਰ ਸਿੰਘ, ਸਤਨਾਮ ਸਿੰਘ ਕਰਮੂੰਵਾਲਾ, ਬਲਵਿੰਦਰ ਸਿੰਘ ਸ਼ਿਮਲਾ, ਮੈਂਬਰ ਰਣਜੀਤ ਸਿੰਘ ਰਾਣਾ (ਪੀ.ਏ.) ਸ਼ਾਮਲ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਲੇਠਾ ਪ੍ਰਕਾਸ਼ ਦਿਹਾੜਾ ਮਨਾਇਆ



ਧਾਰੀਵਾਲ, (ਮਨਦੀਪ ਵਿੱਕੀ)-ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਿਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ। ਸਮਾਗਮ ਦੌਰਾਨ ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਾਲਿਆਂ ਨੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਵਿੱਚ ਗੁਰਦੁਆਰਾ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਬਾਬਾ ਜੋਗਾ ਸਿੰਘ ਕਾਰ ਸੇਵਾ ਵਾਲੇ, ਡਾਕਟਰ ਗੁਰਜਿੰਦਰ ਸਿੰਘ ਪ੍ਰਧਾਨ ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ, ਗਿਆਨੀ ਜਸਵਿੰਦਰ ਸਿੰਘ ਕਲੇਰ, ਬਾਬਾ ਗੁਰਦੇਵ ਸਿੰਘ ਕਲਿਆਣਪੁਰ, ਡਾਕਟਰ ਰਣਜੀਤ ਸਿੰਘ ਬੇਦੀ ਕਲੋਨੀ, ਮੈਨੇਜਰ ਸੁਰਜੀਤ ਸਿੰਘ ਚਾਹਲ, ਪ੍ਰਚਾਰਕ ਭਾਈ ਜਗਰੂਪ ਸਿੰਘ ਕਲਿਆਣਪੁਰ, ਭਾਈ ਸਮਸੇਰ ਸਿੰਘ ਖੁੰਡਾ, ਹਰਮਨਜੀਤ ਸਿੰਘ, ਸੰਦੀਪ ਸਿੰਘ ਜਫਰਵਾਲ, ਮਨਜੀਤ ਸਿੰਘ ਬੁੱਟਰ, ਅੰਤਰਪ੍ਰੀਤ ਸਿੰਘ, ਗੁਰਦਿਆਲ ਸਿੰਘ ਬਲਜੀਤ ਸਿੰਘ, ਮਨਦੀਪ ਸਿੰਘ ਜਤਿੰਦਰ ਸਿੰਘ ਆਦਿ ਸਮੇਤ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

## ਚੋਹਲਾ ਸਾਹਿਬ ਵਿਖੇ ਬਿਜਲੀ ਸਮੱਸਿਆ ਦਾ ਜਲਦ ਹੋਵੇਗਾ ਸਥਾਈ ਹੱਲ: ਚੇਅਰਮੈਨ ਸੰਧੂ



ਚੋਹਲਾ ਸਾਹਿਬ (ਰਮਨ ਚੱਢਾ)-ਕਲੱਸਟਰ ਚੋਹਲਾ ਸਾਹਿਬ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਿਛਲੇ ਕੁੱਝ ਸਮੇਂ ਤੋਂ ਆ ਰਹੀ ਬਿਜਲੀ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਪ੍ਰਸ਼ਾਸਨ ਅਤੇ ਬਿਜਲੀ ਬੋਰਡ ਵੱਲੋਂ ਇਸ ਦਾ ਜਲਦ ਹੱਲ ਕਰਨ ਦਾ ਪੂਰਾ ਭਰੋਸਾ ਦਿੱਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਦਇਆ ਸਿੰਘ ਸੰਧੂ ਨੇ ਆਖਿਆ ਕਿ ਇਲਾਕਾ ਨਿਵਾਸੀਆਂ ਨੂੰ ਆ ਰਹੀ ਬਿਜਲੀ ਦੀ ਅਸੁਵਿਧਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਇਸ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਜਲਦੀ ਹੀ ਸੁਲਝਾ ਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਲਈ ਢੁੱਕਵੇਂ ਕਦਮ ਚੁੱਕੇ ਜਾ ਰਹੇ ਹਨ।ਇਸ ਦੌਰਾਨ ਬਿਜਲੀ ਬੋਰਡ ਦੇ ਜੇ. ਈ. ਮਲਕੀਤ ਸਿੰਘ ਹਰੀਕੇ ਨੇ ਖਪਤਕਾਰਾਂ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਬਿਜਲੀ ਖਪਤਕਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਜਾਂ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਬਿਜਲੀ ਲਾਈਨਾਂ ਅਤੇ ਤਕਨੀਕੀ ਖਰਾਬੀਆਂ ਨੂੰ ਠੀਕ ਕਰਨ ਲਈ ਟੀਮਾਂ ਨਿਰੰਤਰ ਕੰਮ ਕਰ ਰਹੀਆਂ ਹਨ।ਇਸ ਮੌਕੇ ਡਾ. ਇੰਦਰਜੀਤ ਸਿੰਘ, ਸਾਬਾ ਸਿੰਘ ਰੱਤੋਕੇ, ਵਿਕਾਸ ਸਿੰਘ (ਮੀਟਰ ਰੀਡਰ) ਅਤੇ ਮੀਟਰ ਰੀਡਰ ਰਵਿੰਦਰ ਸਿੰਘ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।ਸਮੂਹ ਆਗੂਆਂ ਅਤੇ ਅਧਿਕਾਰੀਆਂ ਨੇ ਇੱਕਸੁਰ ਹੁੰਦਿਆਂ ਕਿਹਾ ਕਿ ਜਨਤਾ ਦੀਆਂ ਸੁਵਿਧਾਵਾਂ ਦਾ ਪੂਰਾ ਧਿਆਨ ਰੱਖਣਾ ਸਾਡੀ ਮੁੱਖ ਪਹਿਲ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਬਿਜਲੀ ਦੀ ਸਪਲਾਈ ਨੂੰ ਸੁਚਾਰੂ ਰੂਪ ਨਾਲ ਚਲਾਇਆ ਜਾਵੇਗਾ।

## ਪੰਜਾਬ ਬਚਾਓ ਰੈਲੀ ਦੀ ਸਫਲਤਾ ਲਈ ਬੀਬਾ ਰਮਨਦੀਪ ਕੌਰ ਸ਼ੇਰੋਂ ਵੱਲੋਂ ਸੰਗਤ ਦਾ ਧੰਨਵਾਦ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਦੇ ਨਗਰ ਸ੍ਰੀ ਗੋਇੰਦਵਾਲ ਸਾਹਿਬ ਦੀ ਦਾਣਾ ਮੰਡੀ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਰਵਾਈ ਗਈ ਵਿਸ਼ਾਲ ਪੰਜਾਬ ਬਚਾਓ ਰੈਲੀ ਦੀ ਸਫਲਤਾ ਲਈ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸ਼ੇਰੋਂ ਅਤੇ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋ ਨੇ ਰੈਲੀ ਵਿੱਚ ਆਏ ਪਾਰਟੀ ਦੇ ਸੀਨੀਅਰ ਆਗੂਆਂ ਸਮੂਹ ਹਲਕਾ ਸ੍ਰੀ ਖਡੂਰ ਸਾਹਿਬ ਦੀ ਸੰਗਤ, ਪਾਰਟੀ ਵਰਕਰਾਂ ਅਤੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਵੱਡੀ ਗਿਣਤੀ ਵਿੱਚ ਸੰਗਤ ਅਤੇ ਵਰਕਰਾਂ ਨੇ ਰੈਲੀ ਵਿੱਚ ਪਹੁੰਚ ਕੇ ਪੰਜਾਬ ਦੇ ਹੱਕਾਂ, ਹਿੱਤਾਂ ਅਤੇ ਹੱਕ-ਸੱਚ ਦੀ ਆਵਾਜ਼ ਨੂੰ ਮਜ਼ਬੂਤ ਕੀਤਾ ਹੈ।ਉਨ੍ਹਾਂ ਕਿਹਾ ਕਿ ਸੰਗਤ ਵੱਲੋਂ ਦਿਖਾਇਆ ਗਿਆ ਉਤਸ਼ਾਹ ਅਤੇ ਭਰਵਾਂ ਸਮਰਥਨ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਪ੍ਰਤੀ ਲੋਕਾਂ ਦੇ ਭਰੋਸੇ ਨੂੰ ਦਰਸਾਉਂਦਾ ਹੈ।ਬੀਬਾ ਰਮਨਦੀਪ ਕੌਰ ਸ਼ੇਰੋ ਅਤੇ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋ ਨੇ ਕਿਹਾ ਕਿ ਰੈਲੀ ਨੂੰ ਸਫਲ ਬਣਾਉਣ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਸਮੂਹ ਅਕਾਲੀ ਆਗੂਆਂ, ਵਰਕਰਾਂ, ਨੌਜਵਾਨਾਂ, ਮਹਿਲਾਵਾਂ ਅਤੇ ਸਮੁੱਚੀ ਸੰਗਤ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਹੈ ਹਲਕਾ ਸ੍ਰੀ ਖਡੂਰ ਸਾਹਿਬ ਦੀ ਸੰਗਤ ਵੱਲੋਂ ਮਿਲਿਆ ਇਹ ਪਿਆਰ ਅਤੇ ਸਹਿਯੋਗ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਅਤੇ ਪੰਥ ਦੇ ਹੱਕਾਂ ਲਈ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਲਈ ਪ੍ਰੇਰਣਾ ਦਿੰਦਾ ਰਹੇਗਾ।

## 'ਹਮਾਰੇ ਰਾਮ' ਨਾਟਕ ਦੀ ਅੰਮ੍ਰਿਤਸਰ 'ਚ ਪੇਸ਼ਕਾਰੀ 16 ਤੇ 17 ਨੂੰ : ਡਾ. ਅਜੇ ਗੁਪਤਾ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅਮੀਰ ਸੱਭਿਆਚਾਰਕ ਵਿਰਾਸਤ ਅਤੇ ਪਰੰਪਰਾਗਤ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਦੀ ਅਹਿਮ ਪਹਿਲਕਦਮੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਚ ਹਮਾਰੇ ਰਾਮ ਨਾਟਕ ਦੀ ਵਿਆਪਕ ਪੇਸ਼ਕਾਰੀ ਕੀਤੀ ਜਾ ਰਹੀ ਹੈ।ਇਸੇ ਲੜੀ ਤਹਿਤ 16 ਅਤੇ 17 ਸਤੰਬਰ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਦਸਮੇਸ਼ ਆਡੀਟੋਰੀਅਮ ਵਿਖੇ 'ਹਮਾਰੇ ਰਾਮ' ਦਾ ਮੰਚਨ ਕੀਤਾ ਜਾਵੇਗਾ। ਇਸ ਨਾਟਕ ਦੇ ਇੱਕ ਦਿਨ ਵਿੱਚ ਦੋ ਸ਼ੋਅ ਹੋਣਗੇ।ਇਸ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਕੇਂਦਰੀ ਦੇ ਵਿਧਾਇਕ ਡਾ. ਅਜੇ ਗੁਪਤਾ ਅਤੇ ਸਨਾਤਨ ਸੇਵਾ ਸੰਮਤੀ ਦੇ ਮਾਝਾ ਜ਼ੋਨ ਦੇ ਇੰਚਾਰਜ ਪ੍ਰਨਵ ਧਵਨ ਨੇ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਦੇ 12 ਸ਼ਹਿਰਾਂ ਵਿੱਚ ਹਮਾਰੇ ਰਾਮ ਨਾਟਕ ਦੀਆਂ 41 ਪੇਸ਼ਕਾਰੀਆਂ ਰਾਹੀਂ ਰਾਮਾਇਣ ਦੇ ਇਤਿਹਾਸਕ ਮਹਾਂਕਾਵਿ ਰਾਹੀਂ ਸਨਾਤਨ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾ ਰਹੀ ਹੈ।ਇਹ ਪ੍ਰੋਗਰਾਮ ਸ੍ਰੀ ਦੀਪਕ ਬਾਲੀ, ਸਲਾਹਕਾਰ, ਸੈਰ-ਸਪਾਟਾ ਅਤੇ ਸੱਭਿਆਚਾਰਕ ਵਿਭਾਗ, ਪੰਜਾਬ ਸਰਕਾਰ ਅਤੇ ਵਿਜੇ ਸ਼ਰਮਾ, ਰਾਸ਼ਟਰੀ ਪ੍ਰਧਾਨ, ਸਨਾਤਨ ਸੇਵਾ ਸਮਿਤੀ ਪੰਜਾਬ ਜੀ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ।

ਵਿਧਾਇਕ ਡਾ. ਅਜੇ ਗੁਪਤਾ ਨੇ ਦੱਸਿਆ ਕਿ 16 ਅਤੇ 17 ਸਤੰਬਰ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਦਸਮੇਸ਼ ਆਡੀਟੋਰੀਅਮ ਵਿੱਚ ਹਮਾਰੇ ਰਾਮ ਨਾਟਕ ਦਾ ਮੰਚਨ ਕੀਤਾ ਜਾਵੇਗਾ ਅਤੇ ਦੋ ਦਿਨਾਂ ਦੌਰਾਨ ਕੁੱਲ ਚਾਰ ਸ਼ੋਅ ਹੋਣਗੇ। ਉਨ੍ਹਾਂ ਦੱਸਿਆ ਕਿ 16 ਸਤੰਬਰ ਨੂੰ ਪਹਿਲਾ ਸ਼ੋਅ ਦੁਪਹਿਰ 2:00 ਵਜੇ ਤੋਂ ਸ਼ਾਮ 5:30 ਤੱਕ ਹੋਵੇਗਾ ਜਦਕਿ ਦੂਸਰਾ ਸ਼ੋਅ ਸ਼ਾਮ 6:30 ਤੋਂ ਰਾਤ 10:00 ਵਜੇ ਤੱਕ ਹੋਵੇਗਾ।ਇਸੇ ਤਰ੍ਹਾਂ 17 ਸਤੰਬਰ ਨੂੰ ਵੀ ਪਹਿਲਾ ਸ਼ੋਅ ਦੁਪਹਿਰ 2:00 ਵਜੇ ਤੋਂ ਸ਼ਾਮ 5:30 ਤੱਕ ਹੋਵੇਗਾ ਜਦਕਿ ਦੂਸਰਾ ਸ਼ੋਅ ਸ਼ਾਮ 6:30 ਤੋਂ ਰਾਤ 10:00 ਵਜੇ ਤੱਕ ਹੋਵੇਗਾ।

## ਮਜੀਠਾ 'ਚ 'ਆਪ' ਦੀ ਚੜ੍ਹਤ, 2027 ਲਈ ਤਲਬੀਰ ਗਿੱਲ ਦੇ ਹੱਕ 'ਚ ਬਣਿਆ ਮਾਹੌਲ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)-ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਅਤੇ ਲੋਕ ਭਲਾਈ ਦੇ ਕੰਮਾਂ ਦੀ ਗੂੰਜ ਹੁਣ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਸੁਣਾਈ ਦੇ ਰਹੀ ਹੈ।ਹਲਕਾ ਮਜੀਠਾ ਵਿੱਚ ਵੀ ਸਰਕਾਰ ਦੀਆਂ ਸਹੂਲਤਾਂ ਦਾ ਲੋਕਾਂ ਨੂੰ ਲਾਭ ਮਿਲ ਰਿਹਾ ਹੈ ਅਤੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰ ਰਹੇ ਹਨ।ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹੁਸਨਪ੍ਰੀਤ ਸਿੰਘ ਸਿਆਲਕਾ ਨੇ ਕਿਹਾ ਕਿ 'ਆਪ' ਸਰਕਾਰ ਨੇ ਸਿਰਫ਼ ਵਾਅਦੇ ਨਹੀਂ ਕੀਤੇ ਸਗੋਂ ਕੰਮ ਕਰਕੇ ਦਿਖਾਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਨੌਕਰੀਆਂ ਤੋਂ ਲੈ ਕੇ ਲੋਕ ਭਲਾਈ ਦੀਆਂ ਸਹੂਲਤਾਂ ਤੱਕ ਆਮ ਘਰਾਂ ਨੂੰ ਸਰਕਾਰ ਦਾ ਸਿੱਧਾ ਲਾਭ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕਾਂ ਨਾਲ ਸਿੱਧੇ ਰਾਬਤੇ ਦੀ ਵੀ ਚਰਚਾ ਹੋ ਰਹੀ ਹੈ।ਤਲਬੀਰ ਗਿੱਲ ਦਿਨ-ਰਾਤ ਹਲਕੇ ਦੇ ਲੋਕਾਂ ਵਿੱਚ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਹਰ ਸੰਭਵ ਮਦਦ ਲਈ ਅੱਗੇ ਆ ਰਹੇ ਹਨ।ਹਲਕਾ ਮਜੀਠਾ ਦੇ ਸੀਨੀਅਰ ਆਗੂ ਅਮਨਦੀਪ ਸਿੰਘ ਸ਼ਹਿਜ਼ਾਦਾ ਨੇ ਕਿਹਾ ਕਿ ਤਲਬੀਰ ਗਿੱਲ ਲੋਕਾਂ ਦੇ ਘਰਾਂ ਤੱਕ ਪਹੁੰਚ ਕੇ ਸੇਵਾ ਕਰਨ ਨੂੰ ਤਰਜੀਹ ਦੇ ਰਹੇ ਹਨ।ਉਹ ਹਰ ਵਰਗ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋ ਰਹੇ ਹਨ।

ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੀ ਲੋੜ ਅਨੁਸਾਰ ਮਦਦ ਕਰਨ ਤੋਂ ਲੈ ਕੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਕਰ ਰਹੇ ਹਨ ਅਮਨਦੀਪ ਸਿੰਘ ਸ਼ਹਿਜ਼ਾਦਾ ਨੇ ਦਾਅਵਾ ਕੀਤਾ ਕਿ ਤਲਬੀਰ ਗਿੱਲ ਦੀ ਲੋਕਾਂ ਵਿੱਚ ਵਧ ਰਹੀ ਪਕੜ ਕਾਰਨ ਕਈ ਲੋਕ ਅਕਾਲੀ ਦਲ ਦਾ ਸਾਥ ਛੱਡ ਕੇ 'ਆਪ' ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ 2027 ਵਿੱਚ ਤਲਬੀਰ ਸਿੰਘ ਗਿੱਲ ਨੂੰ ਮਜੀਠਾ ਤੋਂ ਵਿਧਾਇਕ ਬਣਾਉਣ ਲਈ ਲੋਕਾਂ ਨੇ ਹੁਣ ਤੋਂ ਹੀ ਮਨ ਬਣਾਉਣਾ ਸ਼ੁਰੂ ਕਰ ਦਿੱਤਾ ਹੈ।

## ਅਸਮਿਤਾ ਖੇਲੋ ਇੰਡੀਆ ਰਗਬੀ ਸਿਟੀ ਟੂਰਨਾਮੈਂਟ 'ਚ ਅੰਮ੍ਰਿਤਸਰ ਦੀਆਂ ਖਿਡਾਰਨਾਂ ਨੇ ਦਿਖਾਏ ਜੌਹਰ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਰਗਬੀ ਇੰਡੀਆ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਰਗਬੀ ਐਸੋਸੀਏਸ਼ਨ ਆਫ਼ ਪੰਜਾਬ ਦੇ ਸਹਿਯੋਗ ਨਾਲ ਰਗਬੀ ਫੁੱਟਬਾਲ ਐਸੋਸੀਏਸ਼ਨ ਆਫ਼ ਅੰਮ੍ਰਿਤਸਰ ਵੱਲੋਂ ਸ਼ਨੀਵਾਰ ਨੂੰ ਸੀਨੀਅਰ ਸੈਕੰਡਰੀ ਰੈਜ਼ੀਡੈਂਸ਼ੀਅਲ ਸਕੂਲ ਫ਼ਾਰ ਮੈਰੀਟੋਰੀਅਸ ਸਟੂਡੈਂਟਸ, ਅੰਮ੍ਰਿਤਸਰ ਵਿਖੇ ਅਸਮਿਤਾ ਖੇਲੋ ਇੰਡੀਆ ਰਗਬੀ ਮਹਿਲਾ ਸਿਟੀ ਟੂਰਨਾਮੈਂਟ ਕਰਵਾਇਆ ਗਿਆ।ਟੂਰਨਾਮੈਂਟ ਵਿੱਚ ਸ਼ਹਿਰ ਦੇ ਵੱਖ-ਵੱਖ ਸਕੂਲਾਂ ਅਤੇ ਵਿੱਦਿਅਕ ਸੰਸਥਾਵਾਂ ਤੋਂ ਲਗਭਗ 250 ਮਹਿਲਾ ਖਿਡਾਰਨਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਰਗਬੀ ਖੇਡ ਵਿੱਚ ਆਪਣੀ ਪ੍ਰਤਿਭਾ ਅਤੇ ਖੇਡ ਕੌਸ਼ਲ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਰਗਬੀ ਐਸੋਸੀਏਸ਼ਨ ਆਫ਼ ਪੰਜਾਬ ਦੇ ਸਕੱਤਰ ਪਰਵਿੰਦਰ ਕੁਮਾਰ ਨੇ ਦੱਸਿਆ ਕਿ ਅਸਮਿਤਾ ਖੇਲੋ ਇੰਡੀਆ ਪ੍ਰੋਗਰਾਮ ਭਾਰਤੀ ਖੇਡ ਅਥਾਰਟੀ ਅਤੇ ਯੁਵਾ ਮਾਮਲੇ ਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੀ ਮਹੱਤਵਪੂਰਨ ਪਹਿਲ ਹੈ।ਟੂਰਨਾਮੈਂਟ ਦਾ ਉਦਘਾਟਨ ਪ੍ਰਿੰਸੀਪਲ ਸਵਜੀਤ ਕੌਰ ਵੱਲੋਂ ਕੀਤਾ ਗਿਆ।ਅੰਡਰ-15 ਵਰਗ ਵਿੱਚ ਸੇਂਟ ਮੈਰੀ ਸਕੂਲ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਗੋਲਡਨ ਪੰਜਾਬ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਗੁਰੂ ਨਾਨਕ ਸਕੂਲ ਅਤੇ ਅਜੀਤ ਵਿਦਿਆਲਿਆ ਤੀਜੇ ਸਥਾਨ 'ਤੇ ਰਹੇ।ਅੰਡਰ-18 ਵਰਗ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਸਮੇਸ਼ ਨਗਰ ਨੇ ਪਹਿਲਾ ਸਥਾਨ, ਸਪ੍ਰਿੰਗ ਬਸ ਸਕੂਲ ਨੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸੀਨੀਅਰ ਸੈਕੰਡਰੀ ਰੈਜ਼ੀਡੈਂਸ਼ੀਅਲ ਸਕੂਲ ਫ਼ਾਰ ਮੈਰੀਟੋਰੀਅਸ ਸਟੂਡੈਂਟਸ ਅਤੇ ਗੁਰੂ ਨਾਨਕ ਸਕੂਲ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ।ਸੀਨੀਅਰ ਵਰਗ ਵਿੱਚ ਅੰਮ੍ਰਿਤਸਰ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ।ਖਾਲਸਾ ਕਾਲਜ ਫ਼ਾਰ ਵੂਮੈਨ ਨੇ ਦੂਜਾ ਸਥਾਨ, ਜਦਕਿ ਜੀਐੱਨਡੀਯੂ ਅਤੇ ਬੀਬੀਕੇ ਡੀਏਵੀ ਕਾਲਜ ਫ਼ਾਰ ਵੂਮੈਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਜੇਤੂ ਖਿਡਾਰਨਾਂ ਨੂੰ ਆਈਟੀਆਈ ਕਾਲਜ ਦੇ ਪ੍ਰਿੰਸੀਪਲ ਕੈਪਟਨ ਸੰਜੀਵ ਕੁਮਾਰ ਸ਼ਰਮਾ ਵੱਲੋਂ ਇਨਾਮ ਅਤੇ ਸਨਮਾਨ ਚਿੰਨ੍ਹ ਪ੍ਰਦਾਨ ਕੀਤੇ ਗਏ।ਇਸ ਮੌਕੇ ਸਕੱਤਰ ਅਰਵਿੰਦ ਕੁਮਾਰ, ਜੀਐੱਨਡੀਯੂ ਕੋਚ ਪ੍ਰਦੀਪ ਕੁਮਾਰ, ਸਿੱਖਿਆ ਵਿਭਾਗ ਤੋਂ ਸੰਦੀਪ ਕੁਮਾਰ, ਸੁਖਜੀਤ ਸਿੰਘ, ਮਨਿੰਦਰ ਸਿੰਘ, ਕੋਚ ਜਸਮੀਤ ਕੌਰ, ਪਰਵਿੰਦਰ ਸਿੰਘ, ਗੁਰਜਿੰਦਰ ਸਿੰਘ, ਨਦੀਪ ਕੌਰ, ਸੁਖਪ੍ਰੀਤ ਕੌਰ, ਚਾਂਦ, ਗੁਰਪ੍ਰੀਤ ਸਿੰਘ ਸਮੇਤ ਹੋਰ ਪਤਵੰਤੇ, ਕੋਚ ਅਤੇ ਖੇਡ ਪ੍ਰੇਮੀ ਹਾਜ਼ਰ ਸਨ।

## ਗੁਰਮਤਿ ਪ੍ਰਚਾਰ ਕੇਂਦਰ ਤਰਨਤਾਰਨ ਨੇ ਬੱਚਿਆਂ ਦੇ ਵੱਖ-ਵੱਖ ਧਾਰਮਿਕ ਮੁਕਾਬਲੇ ਕਰਵਾਏ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਮਤਿ ਗਿਆਨ ਮਿਸ਼ਨਰੀ ਕਾਲਜ ਲੁਧਿਆਣਾ ਦੇ ਸਹਿਯੋਗ ਨਾਲ ਗੁਰਮਤਿ ਪ੍ਰਚਾਰ ਕੇਂਦਰ ਤਰਨ ਤਾਰਨ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸਿੰਘ ਸਭਾ ਕੰਬੋਅ ਪੱਤੀ ਪਿੰਡ ਪਲਾਸੌਰ ਵਿਖੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਦਸਤਾਰ ਦੁਮਾਲਾ, ਸੁੰਦਰ ਲਿਖਾਈ ਅਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਨਗਰ ਅਤੇ ਇਸ ਦੇ ਆਸ ਪਾਸ ਦੇ ਤਕਰੀਬਨ 100 ਤੋਂ ਵੱਧ ਬੱਚਿਆਂ ਨੇ ਭਾਗ ਲਿਆ।ਮੁਕਾਬਲਿਆਂ ਦੀ ਸ਼ੁਰੂਆਤ ਭਾਈ ਗੁਰਪ੍ਰੀਤ ਸਿੰਘ ਜੋਤੀ ਸ਼ਾਹ ਵੱਲੋਂ ਅਰਦਾਸ ਅਤੇ ਗੁਰੂ ਜੀ ਦੀ ਬਖਸ਼ਿਸ਼ ਹੁਕਮਨਾਮੇ ਦੇ ਰੂਪ ਵਿੱਚ ਕੀਤੀ ਗਈ।ਦਸਤਾਰ ਦੁਮਾਲਾ ਮੁਕਾਬਲਾ ਦੋ ਗਰੁੱਪਾਂ, ਗੁਰਬਾਣੀ ਕੰਠ ਮੁਕਾਬਲਾ ਚਾਰ ਗਰੁੱਪਾਂ ਅਤੇ ਸੁੰਦਰ ਲਿਖਾਈ ਮੁਕਾਬਲਾ ਤਿੰਨ ਗਰੁੱਪਾਂ ਵਿੱਚ ਕਰਵਾਇਆ ਗਿਆ।ਦਸਤਾਰ ਮੁਕਾਬਲੇ ਦੇ ਪਹਿਲੇ ਗਰੁੱਪ ਵਿੱਚੋਂ ਵਰਿੰਦਰ ਸਿੰਘ ਨੇ ਪਹਿਲਾਂ ਸੁਖਮਨਦੀਪ ਸਿੰਘ ਨੇ ਦੂਸਰਾ ਵਰਿੰਦਰ ਸਿੰਘ ਨੇ ਤੀਸਰਾ, ਦੇਵ ਰੰਧਾਵਾ ਨੇ ਪਹਿਲਾ ਮਨਪ੍ਰੀਤ ਸਿੰਘ ਨੇ ਦੂਸਰਾ ਵੰਸ਼ਦੀਪ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਗੁਰਬਾਣੀ ਕੰਠ ਮੁਕਾਬਲੇ ਦੇ ਪਹਿਲੇ ਗਰੁੱਪ ਵਿੱਚੋਂ ਸਰਗੁਣ ਕੌਰ ਨੇ ਪਹਿਲਾ, ਅਮਨਦੀਪ ਕੌਰ ਨੇ ਦੂਸਰਾ, ਗੁਰਸ਼ਰਨਦੀਪ ਕੌਰ ਨੇ ਤੀਸਰਾ, ਦੂਸਰੇ ਗਰੁੱਪ ਵਿੱਚੋਂ ਅਭੈਜੋਤ ਸਿੰਘ ਨੇ ਪਹਿਲਾ ਸੁਖਮਨਦੀਪ ਸਿੰਘ ਨੇ ਦੂਸਰਾ, ਅਨਮੋਲ ਸਿੰਘ ਨੇ ਤੀਸਰਾ, ਤੀਸਰੇ ਗਰੁੱਪ ਵਿੱਚੋਂ ਮਨਜੀਤ ਸਿੰਘ ਨੇ ਪਹਿਲਾ, ਰਾਜਬੀਰ ਸਿੰਘ ਨੇ ਦੂਸਰਾ, ਪਹਿਲਪ੍ਰੀਤ ਕੌਰ ਨੇ ਤੀਸਰਾ ਅਤੇ ਚੌਥੇ ਗਰੁੱਪ ਵਿੱਚੋਂ ਜਸ਼ਨਦੀਪ ਸਿੰਘ ਨੇ ਪਹਿਲਾ, ਵੰਸ਼ਦੀਪ ਸਿੰਘ ਨੇ ਦੂਸਰਾ ਅਤੇ ਹਰਸੀਰਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ। ਸੁੰਦਰ ਲਿਖਾਈ ਦੇ ਪਹਿਲੇ ਗਰੁੱਪ ਵਿੱਚੋਂ ਗੁਰਲੀਨ ਕੌਰ ਨੇ ਪਹਿਲਾ, ਸਰਗੁਣ ਨੇ ਦੂਸਰਾ, ਹਰਸੀਰਤ ਕੌਰ ਨੇ ਤੀਸਰਾ, ਦੂਸਰੇ ਗਰੁੱਪ ਵਿੱਚੋਂ ਪਲਕਦੀਪ ਕੌਰ ਨੇ ਪਹਿਲਾ, ਕਿਰਨਦੀਪ ਕੌਰ ਨੇ ਦੂਸਰਾ, ਪਰਮਪ੍ਰੀਤ ਕੌਰ ਨੇ ਤੀਸਰਾ ਅਤੇ ਤੀਸਰੇ ਗਰੁੱਪ ਵਿੱਚੋਂ ਪਾਇਲ ਪ੍ਰੀਤ ਕੌਰ ਨੇ ਪਹਿਲਾ, ਹਰਸੀਰਤ ਕੌਰ ਨੇ ਦੂਸਰਾ, ਪਲਕਦੀਪ ਕੌਰ ਨੇ ਤੀਸਰਾ ਸਥਾਨ ਹਾਸਿਲ ਕਰਕੇ ਨਗਰ ਮਾਪਿਆਂ ਦਾ ਨਾਮ ਰੌਸ਼ਨ ਕੀਤਾ।

ਹਰੇਕ ਗਰੁੱਪ ਵਿੱਚੋਂ ਪਹਿਲੇ ਸਥਾਨ ਵਾਲੇ ਨੂੰ ਨਗਦ ਰਾਸ਼ੀ, ਦੂਸਰੇ ਸਥਾਨ ਵਾਲੇ ਨੂੰ ਸਕੂਲ ਬੈਗ, ਤੀਸਰੇ ਸਥਾਨ 'ਤੇ ਆਉਣ ਵਾਲੇ ਨੂੰ ਪਾਣੀ ਦੀ ਬੋਤਲ ਅਤੇ ਬਾਕੀ ਸਾਰੇ ਬੱਚਿਆਂ ਨੂੰ ਕਾਪੀਆਂ ਪੈੱਨ ਦੇ ਕੇ ਸਨਮਾਨਿਤ ਕੀਤਾ ਗਿਆ।

ਪ੍ਰੋਗਰਾਮ ਵਿੱਚ ਗੁਰਮਤਿ ਗਿਆਨ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਗੁਰਮਤਿ ਪ੍ਰਚਾਰ ਕੇਂਦਰਾਂ ਦੇ ਇੰਚਾਰਜ ਭਾਈ ਅਵਤਾਰ ਸਿੰਘ, ਭਾਈ ਜਗਜੀਤ ਸਿੰਘ ਅਹਿਮਦਪੁਰ, ਭਾਈ ਗੁਰਪ੍ਰੀਤ ਸਿੰਘ ਜੋਤੀ ਸ਼ਾਹ, ਭਾਈ ਨਿਰਮਲ ਸਿੰਘ ਸੁਰ ਸਿੰਘ ਨੇ ਸ਼ਮੂਲੀਅਤ ਕੀਤੀ।ਉਨ੍ਹਾਂ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਬਉੱਚਤਾ ਬਾਬਤ ਜਾਣਕਾਰੀ ਸਾਂਝੀ ਕੀਤੀ।

# ਕਪੂਰਥਲਾ ਪੁਲਸ ਵੱਲੋਂ ਕਾਸੋ ਅਪ੍ਰੇਸ਼ਨਾਂ ਦੌਰਾਨ 23 ਕਾਬੂ

## 170 ਗ੍ਰਾਮ ਹੈਰੋਇਨ, 262 ਨਸ਼ੀਲੀਆਂ ਗੋਲੀਆਂ, 40 ਕੈਪਸੂਲ ਤੇ 61.980 ਕਿਲੋ ਗਾਂਜਾ ਬਰਾਮਦ

**ਕਪੂਰਥਲਾ (ਪ੍ਰੀਤ ਸੰਗੋਜਲਾ, ਮਨਜੀਤ ਮਾਨ)**- ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਦੇ ਹਿੱਸੇ ਵਜੋਂ, 11 ਅਤੇ 12 ਸਤੰਬਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਪੂਰੇ ਜ਼ਿਲ੍ਹੇ ਵਿੱਚ ਕਾਰਡਨ ਐਂਡ ਸਰਚ ਆਪ੍ਰੇਸ਼ਨ (ਕਾਸੋ) ਚਲਾਇਆ ਗਿਆ। ਐੱਸ ਐੱਸ ਪੀ ਗੌਰਵ ਤੂਰਾ ਨੇ ਦੱਸਿਆ ਕਿ ਇਸ ਆਪ੍ਰੇਸ਼ਨ ਦਾ ਮਕਸਦ ਨਸ਼ਾ ਤਸਕਰਾਂ ਨੂੰ ਕਾਬੂ ਕਰਨਾ, ਸਮਾਜ ਵਿਰੋਧੀ ਅਨਸਰਾਂ ਅਤੇ ਸ਼ੱਕੀ ਵਿਅਕਤੀਆਂ ਦੀ ਸ਼ਨਾਖਤ ਕਰਕੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕਰਨਾ ਅਤੇ ਆਮ ਜਨਤਾ ਵਿੱਚ ਅਮਨ-ਸ਼ਾਂਤੀ ਤੇ ਸੁਰੱਖਿਆ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਸੀ। ਉਨ੍ਹਾਂ ਦੱਸਿਆ ਕਿ ਆਪ੍ਰੇਸ਼ਨ ਦੌਰਾਨ ਜ਼ਿਲ੍ਹੇ ਦੀਆਂ ਸਮੂਹ ਸਬ-ਡਵੀਜ਼ਨਾਂ ਵਿੱਚ ਪੁਲਸ ਟੀਮਾਂ ਵੱਲੋਂ ਵਿਸ਼ੇਸ਼ ਨਾਕੇਬੰਦੀ, ਘੇਰਾਬੰਦੀ ਤੇ ਚੈਕਿੰਗ ਅਭਿਆਨ ਚਲਾਇਆ ਗਿਆ। ਚੈਕਿੰਗ ਦੌਰਾਨ 23 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਦੇ ਕਬਜ਼ੇ ਵਿੱਚੋਂ 170 ਗ੍ਰਾਮ ਹੈਰੋਇਨ, 262 ਨਸ਼ੀਲੀਆਂ ਗੋਲੀਆਂ, 40 ਕੈਪਸੂਲ ਅਤੇ 61.980 ਕਿਲੋ ਗਾਂਜਾ ਬਰਾਮਦ ਹੋਇਆ।



ਇਸ ਸਬੰਧੀ ਕਾਨੂੰਨ ਦੀਆਂ ਬਣਦੀਆਂ ਧਾਰਾਵਾਂ ਤਹਿਤ 19 ਐੱਫ ਆਈ ਆਰ ਦਰਜ ਕੀਤੀਆਂ ਗਈਆਂ ਹਨ।ਐੱਸ ਐੱਸ ਪੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਸ਼ਿਆਂ ਦੇ ਗੈਰ-ਕਾਨੂੰਨੀ ਵਪਾਰ ਵਿੱਚ ਸ਼ਾਮਲ ਲੋਕਾਂ ਵਿਰੁੱਧ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਨਸ਼ਿਆਂ ਵਿਰੁੱਧ ਜ਼ੀਰੋ-ਟੋਲਰੈਂਸ ਦੀ ਨੀਤੀ ਪ੍ਰਤੀ ਪੰਜਾਬ ਪੁਲਸ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਪੁਲਸ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਜਾਰੀ ਰੱਖੇਗੀ ਅਤੇ ਨਾਲ ਹੀ ਜਾਗਰੂਕਤਾ, ਰੋਕਥਾਮ ਅਤੇ ਮੁੜ ਵਸੇਬੇ ਦੇ ਯਤਨਾਂ ਨੂੰ ਵੀ ਮਜ਼ਬੂਤ ਕਰੇਗੀ।

# ਪੰਜਾਬ ਪ੍ਰੈੱਸ ਕਲੱਬ ਨੂੰ ਵਿੱਤੀ ਸਹਾਇਤਾ ਲਈ ਰਾਣਾ ਗੁਰਜੀਤ ਸਿੰਘ ਦਾ ਧੰਨਵਾਦ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਲਖਵਿੰਦਰ ਸਿੰਘ ਆਧੀ)**- ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਵਿਧਾਇਕ ਰਾਣਾ ਗੁਰਜੀਤ ਸਿੰਘ ਨੇ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ ਪਹੁੰਚ ਕੇ ਕਲੱਬ ਦੇ ਅਹੁਦੇਦਾਰਾਂ ਅਤੇ ਗਵਰਨਿੰਗ ਕੌਂਸਲ ਦੇ ਮੈਂਬਰਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਕਲੱਬ ਦੀ ਗਵਰਨਿੰਗ ਕੌਂਸਲ ਵੱਲੋਂ ਰਾਣਾ ਗੁਰਜੀਤ ਸਿੰਘ ਦਾ ਨਿੱਘਾ ਸਵਾਗਤ ਕੀਤਾ ਗਿਆ। ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਸੈਣੀ ਦੀ ਅਗਵਾਈ ਹੇਠ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਥਾਪਾ, ਮੀਤ ਪ੍ਰਧਾਨ ਤੇਜਿੰਦਰ ਕੌਰ ਥਿੰਦ, ਪਰਮਜੀਤ ਸਿੰਘ ਰੰਗਪੁਰੀ ਤੇ ਮਨਦੀਪ ਸ਼ਰਮਾ, ਸੰਯੁਕਤ ਸਕੱਤਰ ਸੁਕਰਾਂਤ ਸਫਰੀ, ਜਨਰਲ ਮੈਨੇਜਰ ਜਤਿੰਦਰਪਾਲ ਸਿੰਘ, ਨਵੀਨ ਸ਼ਰਮਾ ਅਤੇ ਕਲੱਬ ਦੇ ਹੋਰ ਮੈਂਬਰਾਂ ਨੇ ਰਾਣਾ ਗੁਰਜੀਤ ਸਿੰਘ ਦਾ ਸਵਾਗਤ ਕਰਦਿਆਂ ਉਨ੍ਹਾਂ ਵੱਲੋਂ ਪੰਜਾਬ ਪ੍ਰੈੱਸ ਕਲੱਬ ਨੂੰ ਦਿੱਤੀ ਗਈ ਵਿੱਤੀ ਸਹਾਇਤਾ ਲਈ ਧੰਨਵਾਦ ਕੀਤਾ।



ਇਸ ਮੌਕੇ ਰਾਣਾ ਗੁਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਪ੍ਰੈੱਸ ਕਲੱਬ ਪੱਤਰਕਾਰ ਭਾਈਚਾਰੇ ਦੀ ਇੱਕ ਮਹੱਤਵਪੂਰਨ ਸੰਸਥਾ ਹੈ ਅਤੇ ਪੱਤਰਕਾਰਾਂ ਦੀ ਭਲਾਈ ਲਈ ਇਸ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਉਨ੍ਹਾਂ ਕਲੱਬ ਦੀਆਂ ਲੋੜਾਂ ਅਤੇ ਨਵੀਨੀਕਰਨ ਸਬੰਧੀ ਪ੍ਰਬੰਧਕਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਭਰੋਸਾ ਦਿੱਤਾ ਕਿ ਉਹ ਭਵਿੱਖ ਵਿੱਚ ਵੀ ਕਲੱਬ ਨੂੰ ਹੋਰ ਵਿੱਤੀ ਸਹਾਇਤਾ ਪ੍ਰਦਾਨ ਕਰਨਗੇ, ਤਾਂ ਜੋ ਕਲੱਬ ਦੀ ਮੁਰੰਮਤ ਅਤੇ ਨਵੀਨੀਕਰਨ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

ਪੰਜਾਬ ਪ੍ਰੈੱਸ ਕਲੱਬ ਦੀ ਗਵਰਨਿੰਗ ਕੌਂਸਲ ਨੇ ਰਾਣਾ ਗੁਰਜੀਤ ਸਿੰਘ ਵੱਲੋਂ ਪੱਤਰਕਾਰ ਭਾਈਚਾਰੇ ਅਤੇ ਕਲੱਬ ਪ੍ਰਤੀ ਦਿਖਾਈ ਜਾ ਰਹੀ ਸਹਿਯੋਗੀ ਭਾਵਨਾ ਲਈ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਵਿੱਤੀ ਸਹਾਇਤਾ ਨਾਲ ਕਲੱਬ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ। ਇਸ ਮੌਕੇ ਕੁਲਜੀਤ ਸਿੰਘ ਥਿੰਦ, ਦਲੀਪ ਸਲਵਾਨ, ਰਮੇਸ਼ ਗਾਬਾ, ਵਸ਼ਿਸ਼ਟ ਨਰਾਇਣ ਤੇ ਸ਼ਾਮ ਸੁੰਦਰ ਸਿੰਗਲਾ ਆਦਿ ਹਾਜ਼ਰ ਸਨ।

# ਯੂਥ ਵਲੰਟੀਅਰ ਐਵਾਰਡਜ਼-2026 ਸਮਾਗਮ 19 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕੇਅਰਗਿਵਿੰਗ ਐਂਡ ਅਵੇਰਨੈੱਸ ਵੈੱਲਫੇਅਰ ਸੁਸਾਇਟੀ (ਰਜਿ.) ਅਤੇ ਰਿਸ਼ੀ ਫਾਊਂਡੇਸ਼ਨ (ਰਜਿ.) ਦੋ ਸੰਸਥਾਵਾਂ ਆਪਸੀ ਤਾਲਮੇਲ ਰਾਹੀਂ ਸਾਂਝੇ ਤੌਰ 'ਤੇ 'ਯੂਥ ਵਲੰਟੀਅਰ ਅਵਾਰਡਜ਼ 2026' ਦਾ ਆਯੋਜਨ ਕਰਨ ਜਾ ਰਹੇ ਹਨ। ਇਨ੍ਹਾਂ ਅਵਾਰਡਾਂ ਦਾ ਉਦੇਸ਼ ਵੱਖ-ਵੱਖ ਖੇਤਰਾਂ ਵਿੱਚ ਕੀਮਤੀ ਯੋਗਦਾਨ ਪਾਉਣ ਅਤੇ ਪ੍ਰਾਪਤੀਆਂ ਹਾਸਲ ਕਰਨ ਵਾਲੇ ਨੌਜਵਾਨਾਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਸਨਮਾਨਤ ਕਰਨਾ ਹੈ। ਯੂਥ ਵਲੰਟੀਅਰ ਐਵਾਰਡਜ਼-2026, ਇਸ ਰਾਜ ਪੱਧਰੀ ਪੁਰਸਕਾਰ ਸਮਾਗਮ ਦਾ ਆਯੋਜਨ 19 ਸਤੰਬਰ ਨੂੰ ਹੁਸ਼ਿਆਰਪੁਰ ਵਿਖੇ ਹੋਵੇਗਾ ਜਿਸ ਵਿੱਚ ਸ੍ਰੀ ਜਗਮੋਹਨ ਸਿੰਘ ਸੰਘਾ ਐੱਸ.ਐੱਸ.ਪੀ. (ਰਿਟਾ.) ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਇਹ ਪੁਰਸਕਾਰ ਚਾਰ ਸ਼੍ਰੇਣੀਆਂ- ਸਮਾਜ ਸੇਵਾ, ਸਿੱਖਿਆ, ਖੇਡਾਂ, ਕਲਾ ਅਤੇ ਸੱਭਿਆਚਾਰ ਆਦਿ ਲਈ ਦਿੱਤੇ ਜਾਣਗੇ। ਪੁਰਸਕਾਰ ਜੇਤੂਆਂ ਨੂੰ 5100/- ਰੁਪਏ ਨਕਦ ਰਾਸ਼ੀ ਅਤੇ ਸਨਮਾਨ-ਪੱਤਰ ਦੇ ਕੇ ਸਨਮਾਨਤ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਪੂਰੇ ਪੰਜਾਬ ਵਿੱਚੋਂ ਇਨ੍ਹਾਂ ਪੁਰਸਕਾਰਾਂ ਲਈ ਨਾਮਜ਼ਦਗੀਆਂ ਦੀ ਮੰਗ ਕੀਤੀ ਗਈ ਸੀ, ਜਿਸ ਨੂੰ ਭਰਵਾਂ ਹੁੰਗਾਰਾ ਮਿਲਿਆ।

# ਮੋਹਨ ਭੰਡਾਰੀ ਯਾਦਗਾਰੀ ਸਮਾਗਮ ਕਰਵਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ ਮੋਹਨ ਭੰਡਾਰੀ ਯਾਦਗਾਰੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸੁਭਾਸ਼ ਭਾਸਕਰ ਦੁਆਰਾ ਮੋਹਨ ਭੰਡਾਰੀ ਦੇ ਜੀਵਨ ਅਤੇ ਸਾਹਿਤਕ ਕੰਮਾਂ 'ਤੇ ਲਿਖੀ ਕਿਤਾਬ 'ਭਾਰਤੀ ਸਾਹਿਤ ਦੇ ਨਿਰਮਾਤਾ ਮੋਹਨ ਭੰਡਾਰੀ' ਦਾ ਵਿਮੋਚਨ ਕੀਤਾ ਗਿਆ। ਇਸ ਮੌਕੇ ਭਾਰਤੀ ਸਾਹਿਤ ਅਕਾਦਮੀ ਦੇ ਪ੍ਰਧਾਨ ਡਾ. ਮਾਧਵ ਕੌਸ਼ਿਕ ਨੇ ਪ੍ਰਧਾਨਗੀ ਕੀਤੀ ਅਤੇ ਪਰਿਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਡਾ. ਮਨਮੋਹਨ, ਚੇਅਰਮੈਨ ਚੰਡੀਗੜ੍ਹ ਸਾਹਿਤ ਅਕਾਦਮੀ ਅਤੇ ਮੋਹਨ ਭੰਡਾਰੀ ਦੀ ਪਤਨੀ ਨਿਰਮਲਾ ਭੰਡਾਰੀ ਵਿਸ਼ੇਸ਼ ਮਹਿਮਾਨ ਸਨ। ਇਸ ਮੌਕੇ ਸਮਾਗਮ ਦਾ ਸੰਚਾਲਨ ਪੰਜਾਬ ਕਲਾ ਪਰਿਸ਼ਦ ਦੇ ਵਾਈਸ ਚੇਅਰਮੈਨ ਡਾ. ਯੋਗਰਾਜ ਨੇ ਕੀਤਾ। 'ਕਿਸੇ ਵੇਲੇ ਚੰਡੀਗੜ੍ਹ ਵਿੱਚ ਲੇਖਕਾਂ ਦੇ ਸਮੂਹ ਵਿੱਚ ਕੇਵਲ ਕੁਮਾਰ ਬਟਾਲਵੀ ਅਤੇ ਮੋਹਨ ਭੰਡਾਰੀ ਦੀ ਸ਼ਮੂਲੀਅਤ ਆਮ ਹੁੰਦੀ ਸੀ। ਲੇਖਕ ਆਮ ਤੌਰ 'ਤੇ ਸੈਕਟਰ ਸਤਾਰਾਂ ਅਤੇ ਬਾਈ ਦੇ ਕਾਫੀ ਹਾਊਸ ਬੈਠਦੇ।ਇੱਥੇ ਹਿੰਦੀ, ਪੰਜਾਬੀ, ਉਰਦੂ ਆਦਿ ਹਰ ਭਾਸ਼ਾ ਦੇ ਲੇਖਕ ਇੱਥੇ ਵਿਚਰਦੇ। ਮੋਹਨ ਭੰਡਾਰੀ ਇਸ ਲੇਖਕ ਸਮੂਹ ਦਾ ਕੇਂਦਰ ਬਿੰਦੂ ਹੁੰਦੇ, ਕਿਉਂਕਿ ਉਹ ਸਾਰਿਆਂ ਨੂੰ ਆਪਸ ਵਿੱਚ ਜੋੜੀ ਰੱਖਦੇ ਸਨ। ਉਹ ਸਾਰਿਆਂ ਤੋਂ ਪ੍ਰੇਰਨਾ ਲੈਂਦੇ ਨਾਲ ਹੀ ਸਾਡੀ ਲੇਖਕ ਕਲਾ ਵਿੱਚ ਪਕਿਆਈ ਆਈ।' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਸਾਹਿਤ ਅਕਾਦਮੀ ਦੇ ਚੇਅਰਮੈਨ ਮਾਧਵ ਕੌਸ਼ਿਕ ਨੇ ਕੀਤਾ।



ਬੁਲਾਰਿਆਂ ਵਿੱਚ ਜੰਗ ਬਹਾਦਰ ਗੋਇਲ, ਡਾ. ਲਾਭ ਸਿੰਘ ਖੀਵਾ, ਸੁਸ਼ੀਲ ਦੁਸਾਂਝ, ਸੀਮਾ ਚਨਾਰਥਲ, ਗੁਰਦੀਪ ਗੁਲ ਅਤੇ ਕਈ ਹੋਰ ਲੇਖਕਾਂ ਨੇ ਮੋਹਨ ਭੰਡਾਰੀ ਨਾਲ ਹੰਢਾਏ ਪਲਾਂ ਨੂੰ ਵਿਚਾਰ ਚਰਚਾ ਦਾ ਕੇਂਦਰ ਬਿੰਦੂ ਬਣਾਇਆ। ਇਸ ਮੌਕੇ ਵੱਡੀ ਗਿਣਤੀ ਵਿੱਚ ਲੇਖਕ ਹਾਜ਼ਰ ਸਨ।

# ਐੱਨ ਆਰ ਆਈ ਦਾਨੀ ਸੱਜਣਾਂ ਦਾ ਸਨਮਾਨ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਪਿੰਡ ਫਤਿਹਪੁਰ ਖੇੜਾ ਦੇ ਜੱਦੀ ਵਸਨੀਕ ਅਤੇ ਹੁਣ ਕੈਨੇਡਾ ਵਿਖੇ ਰਹਿ ਰਹੇ ਸਮਾਜ ਸੇਵਕ ਅਤੇ ਕੈਮੀਕਲ ਇੰਜੀਨੀਅਰ ਜਸਵਿੰਦਰ ਸਿੰਘ ਸੰਧੂ ਅਤੇ ਉਹਨਾਂ ਦੇ ਜਵਾਈ ਬੌਬੀ ਸਿੰਘ ਅਮਰੀਕਾ ਵਾਸੀ ਦਾ ਹਸਪਤਾਲ ਪ੍ਰਬੰਧਕਾਂ ਵੱਲੋਂ ਸਨਮਾਨ ਕੀਤਾ ਗਿਆ। ਜਸਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਸਿਰਫ਼ ਹਸਪਤਾਲ ਹੀ ਨਹੀਂ, ਸਗੋਂ ਇਲਾਕੇ ਦੇ ਲੋੜਵੰਦ ਮਰੀਜ਼ਾਂ ਲਈ ਇੱਕ ਵੱਡੀ ਆਸ ਦੀ ਕਿਰਨ ਹੈ।



ਉਹਨਾਂ ਕਿਹਾ ਕਿ ਇਹ ਹਸਪਤਾਲ ਬਿਨ੍ਹਾਂ ਕਿਸੇ ਭੇਦਭਾਵ ਦੇ ਦਿਨ-ਰਾਤ ਮਨੁੱਖਤਾ ਦੀ ਸੇਵਾ ਵਿੱਚ ਲੱਗਾ ਹੋਇਆ ਹੈ।ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਜਸਵਿੰਦਰ ਸਿੰਘ ਸੰਧੂ ਅਤੇ ਬੌਬੀ ਸਿੰਘ ਦਾ ਢਾਹਾਂ ਕਲੇਰਾਂ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ। ਉਹਨਾਂ ਨੇ ਆਏ ਮਹਿਮਾਨਾਂ ਨੂੰ ਹਸਪਤਾਲ ਵਿੱਚ ਚੱਲ ਰਹੀਆਂ ਨਵੀਆਂ ਅਤੇ ਅਤਿ-ਆਧੁਨਿਕ ਮੈਡੀਕਲ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਇਸ ਮੌਕੇ ਜਗਜੀਤ ਸਿੰਘ ਸੋਢੀ, ਦਵਿੰਦਰ ਸਿੰਘ ਢਿੱਲੋਂ ਅਤੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਬਾਹੜੋਵਾਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਜਸਵਿੰਦਰ ਸਿੰਘ ਸੰਧੂ ਦਾ ਪਰਵਾਰ ਹਮੇਸ਼ਾ ਹੀ ਸੇਵਾ ਕਾਰਜਾਂ ਵਿੱਚ ਮੋਹਰੀ ਰਿਹਾ ਹੈ। ਉਹਨਾਂ ਦੇ ਪਿਤਾ ਸੰਤੋਖ ਸਿੰਘ ਸੰਧੂ ਤੇ ਮਾਤਾ ਅਮਰਜੀਤ ਕੌਰ ਸੰਧੂ ਵੱਲੋਂ ਜੱਦੀ ਪਿੰਡ ਫਤਿਹਪੁਰ ਖੇੜਾ ਲਈ ਹਸਪਤਾਲ ਵਿੱਚ ਇੱਕ ਬੈੱਡ ਹਮੇਸ਼ਾ ਲਈ ਫਰੀ ਕਰਵਾਇਆ ਹੋਇਆ ਹੈ। ਇਸ ਤੋਂ ਇਲਾਵਾ ਪਰਿਵਾਰ ਵੱਲੋਂ ਲੋੜਵੰਦ ਮਰੀਜ਼ਾਂ ਦੀ ਸਹੂਲਤ ਲਈ ਇੱਕ ਐਂਬੂਲੈਂਸ ਵੀ ਹਸਪਤਾਲ ਨੂੰ ਦਾਨ ਵਜੋਂ ਦਿੱਤੀ ਗਈ ਹੈ, ਜੋ ਅੱਜ ਵੀ ਲੋਕ ਸੇਵਾ ਵਿੱਚ ਹਾਜ਼ਰ ਹੈ।

# ਮੂੰਗਫਲੀ ਦੀ ਕਾਸ਼ਤ ਲਈ ਟ੍ਰੇਨਿੰਗ ਕੈਂਪ ਅੱਜ

**ਕਪੂਰਥਲਾ (ਮਨਜੀਤ ਮਾਨ)**- ਖੇਤੀਬਾੜੀ ਅਤੇ ਕਿਸਾਨ ਭਲਾਈ ਮਹਿਕਮੇ ਵੱਲੋਂ ਫ਼ਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਮੂੰਗਫਲੀ ਦੀ ਕਾਸ਼ਤ ਦੇ ਉੱਨਤ ਤੌਰ ਤਰੀਕਿਆਂ ਬਾਰੇ ਅੱਜ ਮਿਤੀ 14 ਸਤੰਬਰ ਸਵੇਰੇ 10:30 ਵਜੇ ਪਿੰਡ ਮੋਠਾਂਵਾਲ ਵਿਚ ਖੇਤ ਟਰੇਨਿੰਗ ਕਮ ਫਾਰਮਰ ਸਕੂਲ ਲਗਾਇਆ ਜਾ ਰਿਹਾ ਹੈ। ਜਿਸ ਵਿੱਚ ਮੂੰਗਫਲੀ ਦੀ ਬਿਜਾਈ, ਕਿਸਮਾਂ, ਖਾਦਾਂ, ਮਸ਼ੀਨਰੀ, ਨਦੀਨ ਪ੍ਰਬੰਧਨ ਅਤੇ ਮੰਡੀਕਰਨ ਬਾਰੇ ਖੇਤ ਵਿੱਚ ਟਰੇਨਿੰਗ ਦਿੱਤੀ ਜਾਵੇਗੀ। ਖੇਤੀਬਾੜੀ ਵਿਕਾਸ



ਅਫਸਰ ਡਾ ਜਸਪਾਲ ਸਿੰਘ ਧੰਜੂ ਨੇ ਦੱਸਿਆ ਕਿ ਕਪੂਰਥਲਾ ਇਸ ਸਾਲ ਜ਼ਿਲ੍ਹੇ ਵਿੱਚ ਬਹਾਰ ਰੁੱਤ ਦੀ ਮੱਕੀ ਦੇ ਬਦਲ ਵਜੋਂ ਮੂੰਗਫਲੀ ਦੀ ਫਸਲ 76 ਏਕੜ ਰਕਬੇ ਤੇ ਤਜਰਬੇ ਵਜੋਂ ਬੀਜੀ ਗਈ ਸੀ ਜਿਸ ਦੇ ਨਤੀਜੇ ਬਹੁਤ ਹੀ ਉਤਸ਼ਾਹਜਨਕ ਹੋਣ ਕਰਕੇ ਕਾਫੀ ਕਿਸਾਨਾਂ ਵੱਲੋਂ ਆਉਂਦੀ ਬਹਾਰ ਰੁੱਤ ਵਿੱਚ ਵਿੱਚ ਇਸ ਫਸਲ ਦੀ ਬਿਜਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਸਾਉਣੀ ਸੀਜ਼ਨ ਵਿੱਚ 56 ਏਕੜ ਵਿੱਚ ਮੂੰਗਫਲੀ ਦੀ ਕਾਸ਼ਤ ਕੀਤੀ ਗਈ ਹੈ ਜੋ ਕਿ ਅਕਤੂਬਰ ਵਿੱਚ ਮੰਡੀ ਵਿੱਚ ਆਵੇਗੀ। ਉਹਨਾਂ ਮੂੰਗਫਲੀ ਬੀਜਣ ਦੇ ਚਾਹਵਾਨ ਕਿਸਾਨਾਂ ਨੂੰ ਇਸ ਟਰੇਨਿੰਗ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ।

# ਪ੍ਰਕਾਸ਼ ਪੁਰਬ ਨੂੰ ਸਮਰਪਤ ਕੀਰਤਨ ਦਰਬਾਰ 4 ਅਕਤੂਬਰ ਨੂੰ



**ਹੁਸ਼ਿਆਰਪੁਰ (ਓ ਪੀ ਰਾਣਾ)**- ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ ਪੰਜਾਬ ਵੱਲੋਂ ਸ੍ਰੀ ਗੁਰੂ ਰਵਿਦਾਸ ਵੈੱਲਫੇਅਰ ਸੁਸਾਇਟੀ ਦੇਸ਼ਾਂ ਅਤੇ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਪਿੰਡ ਸੈਦਾਂ ਵਿਖੇ 25ਵਾਂ ਸਾਲਾਨਾ ਮਹਾਨ ਕੀਰਤਨ ਦਰਬਾਰ 4 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਕੀਰਤਨ ਦਰਬਾਰ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਭਾ ਦੇ ਪ੍ਰਧਾਨ ਇੰਜੀਨੀਅਰ ਜਗਦੀਸ਼ ਲਾਲ ਬੌਂਸ, ਇੰਜੀਨੀਅਰ ਸਰਵਣ ਸਿੰਘ ਵਿਰਦੀ, ਅਨਿਲ ਬਾਘਾ, ਕੈਪਟਨ ਗਿਆਨ ਚੰਦ ਅਤੇ ਹੋਰਨਾਂ ਸ਼ਖ਼ਸੀਅਤਾਂ ਨੇ ਦੱਸਿਆ ਕਿ ਕੀਰਤਨ ਦਰਬਾਰ ਦੀਆਂ ਤਿਆਰੀਆਂ ਸਮੂਹ ਸੰਗਤ ਦੇ ਸਹਿਯੋਗ ਨਾਲ ਚੱਲ ਰਹੀਆਂ ਹਨ। ਸਭਾ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਇਸ ਕੀਰਤਨ ਦਰਬਾਰ ਵਿੱਚ ਵਿਸ਼ੇਸ਼ ਤੌਰ ਤੇ ਬਾਬਾ ਰਵਿੰਦਰ ਸਿੰਘ ਜੌਨੀ, ਬਾਬਾ ਜੀਵਨ ਸਿੰਘ ਬਗੀਚੀ ਵਾਲੇ, ਬਾਬਾ ਹਰਭਜਨ ਸਿੰਘ ਖਾਲਸਾ ਚੱਕ ਸੋਤਲਾ ਵਾਲੇ, ਬਾਬਾ ਜਸਵਿੰਦਰ ਸਿੰਘ ਟਾਂਡੀ ਔਲਖ ਵਾਲੇ, ਸੰਤ ਬਿਹਾਰੀ ਲਾਲ ਅਨੰਦਗੜ੍ਹ ਵਾਲੇ, ਸੰਤ ਸਤਨਾਮ ਦਾਸ ਗੱਜਰ ਮਹਿਦੂਦ ਵਾਲੇ, ਸੰਤ ਬਾਬਾ ਰਣਜੀਤ ਸਿੰਘ ਗੁਰਦੁਆਰਾ ਸ਼ਹੀਦ ਸਿੰਘਾਂ ਹੁਸ਼ਿਆਰਪੁਰ, ਬਾਬਾ ਸੁਖਪ੍ਰੀਤ ਸਿੰਘ ਨਰੂੜ ਵਾਲੇ, ਭਾਈ ਗੁਰਪ੍ਰੀਤ ਸਿੰਘ ਰਾਣਾ ਸਾਹਿਬ ਸ਼ਾਮ ਚੁਰਾਸੀ ਵਾਲੇ, ਭਾਈ ਸਤਿੰਦਰ ਸਿੰਘ ਆਲਮ ਹੁਸ਼ਿਆਰਪੁਰ ਵਾਲੇ ਵਿਸ਼ੇਸ਼ ਤੌਰ ਤੇ ਸੰਗਤ ਦੇ ਸਨਮੁੱਖ ਹੋ ਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਬਾਣੀ ਅਤੇ ਜੀਵਨ ਸੰਬੰਧੀ ਵਿਚਾਰਾਂ ਸਾਂਝੀਆਂ ਕਰਨਗੇ। ਇਸ ਮੌਕੇ ਹਾਜ਼ਰ ਅਹੁਦੇਦਾਰਾਂ ਅਤੇ ਸ਼ਖਸੀਅਤਾਂ ਵੱਲੋਂ ਕੀਰਤਨ ਦਰਬਾਰ ਦਾ ਪੋਸਟਰ ਵੀ ਜਾਰੀ ਕੀਤਾ ਗਿਆ। ਇਸ ਮੌਕੇ ਇੰਜੀਨੀਅਰ ਜਗਦੀਸ਼ ਸਿੰਘ ਵਿਰਦੀ, ਕੈਪਟਨ ਗਿਆਨ ਚੰਦ, ਕੈਪਟਨ ਨਿਰਵੈਰ ਸਿੰਘ, ਡਾ. ਮਨੋਹਰ ਲਾਲ, ਇੰਜੀਨੀਅਰ ਸੋਹਣ ਲਾਲ, ਅਨਿਲ ਬਾਘਾ ਪ੍ਰਧਾਨ ਅੰਬੇਡਕਰ ਫੋਰਸ ਪੰਜਾਬ, ਅਵਤਾਰ ਚੰਦ ਹੀਰ, ਇੰਜਨੀਅਰ ਸਰਵਣ ਕੁਮਾਰ, ਕਸ਼ਮੀਰ ਸਿੰਘ, ਮਨਵੀਰ ਸਿੰਘ, ਬਲਵਿੰਦਰ ਸਿੰਘ ਕਜਲਾ, ਪ੍ਰੇਮ ਸਿੰਘ ਖਾਨਪੁਰ, ਸਾਗਰ ਰਾਏ, ਸੋਨੂ, ਸ਼ਾਮ ਲਾਲ, ਸੁਰਜੀਤ ਕੁਮਾਰ, ਸੌਰਵ ਕੁਮਾਰ, ਸਰਵਣ ਕੁਮਾਰ, ਰਕੇਸ਼ ਕੁਮਾਰ, ਬਿੱਲਾ ਦਿਓਵਾਲ ਬੀ ਟੀ ਐੱਫ ਸੇਵਾ ਸੁਸਾਇਟੀ, ਧੀਰਜ ਬੱਧਣ, ਅਮਰਜੀਤ ਭੱਟੀ, ਰਮਨਪ੍ਰੀਤ, ਗੁਰਚਰਨ, ਅਜੇ ਕੁਮਾਰ, ਦਲਵੀਰ ਕੁਮਾਰ, ਰਿਤਿਕ ਕਟੋਚ, ਗੁਰਦੀਪ ਜੱਸਲ, ਬਲਵੀਰ ਸਿੰਘ ਤੇ ਓਮ ਪ੍ਰਕਾਸ਼ ਰਾਣਾ ਆਦਿ ਹਾਜ਼ਰ ਸਨ।

# ਸਾਲਾਨਾ ਮੇਲਾ ਅੱਜ ਤੋਂ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਜ਼ਿਲ੍ਹਾ ਜਲੰਧਰ ਦੇ ਪਿੰਡ ਆਧੀ ਵਿਖੇ ਬਾਬਾ ਮੱਟ ਦੀ ਪ੍ਰਬੰਧਕ ਕਮੇਟੀ, ਪਿੰਡ ਆਧੀ, ਸ਼ਾਹਪੁਰ, ਪੰਡੋਰੀ ਸ਼ੇਖ ਅਤੇ ਐੱਨ ਆਰ ਆਈ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਤਿੰਨ ਰੋਜ਼ਾ ਸਾਲਾਨਾ ਮੇਲਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਹ ਮੇਲਾ 14, 15 ਅਤੇ 16 ਸਤੰਬਰ (ਸੋਮਵਾਰ ਮੰਗਲਵਾਰ ਅਤੇ ਬੁੱਧਵਾਰ) ਨੂੰ ਲੱਗੇਗਾ। ਮੇਲੇ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਰਨੈਲ ਸਿੰਘ ਸ਼ਾਹਪੁਰ ਨੇ ਦੱਸਿਆ ਕਿ ਮੇਲੇ ਦੇ ਪਹਿਲੇ ਦਿਨ 14 ਸਤੰਬਰ ਨੂੰ ਕਬੱਡੀ ਦੇ 80 ਕਿਲੋਗ੍ਰਾਮ (ਕਲੱਬ) ਦੇ ਮੁਕਾਬਲੇ ਕਰਵਾਏ ਜਾਣਗੇ, ਜਿਸ ਵਿੱਚ ਨੌਜਵਾਨ ਆਪਣੇ ਖੇਡ ਜੌਹਰ ਦਿਖਾਉਣਗੇ। ਮੇਲੇ ਦੇ ਦੂਜੇ ਦਿਨ 15 ਸਤੰਬਰ ਨੂੰ ਸਵੇਰੇ 10 ਵਜੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ। ਮੇਲੇ ਦੇ ਆਖਰੀ ਦਿਨ 16 ਸਤੰਬਰ ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਦੀ ਸਟੇਜ ਸਜਾਈ ਜਾਵੇਗੀ। ਇਸ ਮੌਕੇ ਪੰਜਾਬ ਦੇ ਪ੍ਰਸਿੱਧ ਗਾਇਕ ਪੰਮਾ ਡੂਮੇਵਾਲਾ ਅਤੇ ਜਸਵੀਰ ਸੀਰਾ ਆਪਣੇ ਸੁਰੀਲੇ ਅਤੇ ਸੱਭਿਆਚਾਰਕ ਗੀਤਾਂ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਪ੍ਰਬੰਧਕਾਂ ਵੱਲੋਂ ਆਇਆਂ ਸੰਗਤਾਂ ਅਤੇ ਦਰਸ਼ਕਾਂ ਲਈ ਚਾਹ-ਪਾਣੀ ਅਤੇ ਖਾਣੇ ਦੇ ਅਤੁੱਟ ਲੰਗਰ ਵਰਤਾਏ ਜਾਣਗੇ। ਇਸ ਮੌਕੇ ਤੇ ਹਰਨੇਕ ਸਿੰਘ, ਬਲਦੇਵ ਕੁਮਾਰ ਗੋਗਾ, ਡਾ ਕਲਵੰਤ ਸਿੰਘ, ਅਵਤਾਰ ਸਿੰਘ, ਹਰਜੀਤ ਸਿੰਘ ਜੀਤਾ, ਦਿਲਪ੍ਰੀਤ ਸਿੰਘ, ਜਗਵਿੰਦਰ ਸਿੰਘ, ਪ੍ਰਦੀਪ ਸਿੰਘ ਦੀਪਾ, ਏਕਮ, ਰਾਜਵਿੰਦਰ ਸਿੰਘ, ਅਜੀਤ ਸਿੰਘ ਆਦਿ ਹੋਰ ਵੀ ਨੌਜਵਾਨ ਹਾਜ਼ਰ ਸਨ।



# ਕੌਂਸਲਰ ਸਚਦੇਵਾ ਬਣੀ ਮਹਿਲਾ ਕਾਂਗਰਸ ਟਾਂਡਾ ਦੀ ਪ੍ਰਧਾਨ

**ਅੱਡਾ ਸਰਾਂ (ਜਸਵੀਰ ਕਾਜਲ)**- ਮਹਿਲਾ ਕਾਂਗਰਸ ਦੀ ਵਿਸ਼ੇਸ਼ ਮੀਟਿੰਗ ਟਾਂਡਾ ਵਿਚ ਜ਼ਿਲ੍ਹਾ ਪ੍ਰਧਾਨ ਹਰਮਿੰਦਰ ਕੌਰ ਦੀ ਅਗਵਾਈ ਵਿਚ ਹੋਈ ਜਿਸ ਵਿਚ ਡਾ.ਰੁਪਿੰਦਰ ਕੌਰ ਗਿਲਜੀਆਂ, ਮਹਿਲਾ ਕਾਂਗਰਸ ਆਗੂਆਂ ਅਤੇ ਕੌਂਸਲਰਾਂ ਨੇ ਭਾਗ ਲੈਂਦੇ ਹੋਏ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਚਰਚਾ ਕੀਤੀ ਅਤੇ ਔਰਤਾਂ ਨੂੰ ਕਾਂਗਰਸ ਪਾਰਟੀ ਦੀ ਲੋਕ ਹਿਤੈਸ਼ੀ ਸੋਚ ਨਾਲ ਜੋੜਨ ਅਤੇ ਲਾਮਬੰਦ ਕਰਨ ਲਈ ਪ੍ਰੋਗਰਾਮ ਉਲੀਕਿਆ ਗਿਆ। ਇਸ ਮੌਕੇ ਕਾਂਗਰਸ ਆਲਾ ਕਮਾਂਡ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹਾ ਪ੍ਰਧਾਨ ਨੇ ਨੌਜਵਾਨ ਆਗੂ ਅਤੇ ਲਗਾਤਾਰ ਦੂਜੀ ਵਾਰ ਕੌਂਸਲਰ ਬਣੀ ਗੁਰਪ੍ਰੀਤ ਕੌਰ ਸਚਦੇਵਾ ਨੂੰ ਸਿਟੀ ਮਹਿਲਾ ਕਾਂਗਰਸ ਦੀ ਵਾਗਡੋਰ ਸੌਂਪਦੇ ਮੁੜ ਪ੍ਰਧਾਨ ਚੁਣਿਆ। ਇਸ ਮੌਕੇ ਡਾ.ਗਿਲਜੀਆਂ ਅਤੇ ਜ਼ਿਲ੍ਹਾ ਪ੍ਰਧਾਨ ਨੇ ਕੌਂਸਲਰ ਗੁਰਪ੍ਰੀਤ ਨੂੰ ਸਨਮਾਨਤ ਕਰਦੇ ਹੋਏ ਆਖਿਆ ਕਿ ਗੁਰਪ੍ਰੀਤ ਦੀ ਅਗਵਾਈ ਵਿਚ ਪਾਰਟੀ ਦਾ ਸੰਗਠਨ ਸ਼ਹਿਰ ਵਿਚ ਹੋਰ ਮਜ਼ਬੂਤ ਹੋਵੇਗਾ। ਇਸ ਮੌਕੇ ਸੀਨੀਅਰ ਆਗੂ ਰਾਣੀ ਟਿੱਬੀ ਮੁਹੱਲਾ, ਪੂਜਾ ਖੁੱਲਰ, ਕੌਂਸਲਰ ਪ੍ਰਿਤਪਾਲ ਕੌਰ, ਕੌਂਸਲਰ ਹਿਨਾ ਵੈਦ, ਸਾਬਕਾ ਕੌਂਸਲਰ ਸਤਵੰਤ ਜੱਗੀ, ਸਾਬਕਾ ਕੌਂਸਲਰ ਨਰਿੰਦਰ ਕੌਰ ਸੈਣੀ, ਸਾਬਕਾ ਕੌਂਸਲਰ ਕਮਲੇਸ਼ ਰਾਣੀ, ਸਾਬਕਾ ਕੌਂਸਲਰ ਬਲਜਿੰਦਰ ਕੌਰ ਮਾਰਸ਼ਲ, ਨੀਤੂ ਵੈਦ, ਰਮਨਦੀਪ ਕੌਰ ਆਦਿ ਮੌਜੂਦ ਸਨ।



# ਸੀ ਟੀ ਗਰੁੱਪ 'ਚ ਸੈਂਟਰ ਆਫ ਐਕਸੀਲੈਂਸ ਦਾ ਉਦਘਾਟਨ



**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਸ਼ਾਹਪੁਰ ਕੈਂਪਸ ਵਿੱਚ ਨੈਸਕੌਮ ਫਿਊਚਰ ਸਕਿਲਜ਼ ਸੈਂਟਰ ਆਫ ਐਕਸੀਲੈਂਸ ਦਾ ਉਦਘਾਟਨ ਕੀਤਾ ਗਿਆ। ਇਹ ਪਹਿਲਕਦਮੀ ਵਿਦਿਆਰਥੀਆਂ ਨੂੰ ਉਦਯੋਗ ਦੀਆਂ ਬਦਲਦੀਆਂ ਲੋੜਾਂ ਅਨੁਸਾਰ ਤਕਨੀਕੀ ਹੁਨਰ ਪ੍ਰਦਾਨ ਕਰਨ ਤੇ ਉੱਭਰਦੇ ਖੇਤਰਾਂ ਵਿੱਚ ਰੋਜ਼ਗਾਰ ਦੇ ਮੌਕਿਆਂ ਲਈ ਤਿਆਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਇਸ ਸੈਂਟਰ ਰਾਹੀਂ ਵਿਦਿਆਰਥੀਆਂ ਨੂੰ ਆਰਟੀਫਿਸ਼ਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ, ਡਾਟਾ ਸਾਇੰਸ, ਸਾਈਬਰ ਸੁਰੱਖਿਆ, ਕਲਾਊਡ ਕੰਪਿਊਟਿੰਗ, ਜਨਰੇਟਿਵ ਏ ਆਈ, ਏਅਰੋਸਪੇਸ ਅਤੇ ਰੋਬੋਟਿਕਸ ਵਰਗੇ ਉੱਭਰਦੇ ਤਕਨੀਕੀ ਖੇਤਰਾਂ ਵਿੱਚ ਵਿਸ਼ੇਸ਼ ਸਿਖਲਾਈ ਅਤੇ ਵਿਹਾਰਕ ਤਜਰਬਾ ਪ੍ਰਦਾਨ ਕੀਤਾ ਜਾਵੇਗਾ। ਇਸ ਦਾ ਉਦੇਸ਼ ਉਦਯੋਗ ਅਤੇ ਸਿੱਖਿਆ ਵਿਚਕਾਰ ਸਹਿਯੋਗ ਨੂੰ ਮਜ਼ਬੂਤ ਕਰਨਾ ਅਤੇ ਅਕਾਦਮਿਕ ਗਿਆਨ ਤੇ ਉਦਯੋਗ ਦੀਆਂ ਬਦਲਦੀਆਂ ਲੋੜਾਂ ਵਿਚਕਾਰ ਹੁਨਰ ਦੇ ਪਾੜੇ ਨੂੰ ਘਟਾਉਣਾ ਹੈ। ਉਦਘਾਟਨ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ, ਹੁਨਰ ਵਿਕਾਸ ਅਤੇ ਲਗਾਤਾਰ ਸਿੱਖਣ ਪ੍ਰਤੀ ਵਚਨਬੱਧਤਾ ਲਈ ਗੋਲਡ, ਸਿਲਵਰ ਅਤੇ ਬ੍ਰੌਂਜ਼ ਪੱਧਰ ਦੇ ਹੁਨਰ ਸਿਖਲਾਈ ਦੇ ਸਰਟੀਫਿਕੇਟ ਪ੍ਰਦਾਨ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੀ ਟੀ ਗਰੁੱਪ ਦੇ ਚੇਅਰਮੈਨ ਸਰਦਾਰ ਚਰਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਆਪਣੇ ਹੁਨਰ ਵਿੱਚ ਲਗਾਤਾਰ ਨਿਖਾਰ ਲਿਆਉਣ, ਉੱਭਰਦੀਆਂ ਤਕਨੀਕਾਂ ਨੂੰ ਅਪਣਾਉਣ ਅਤੇ ਨਵੀਨਤਾਕਾਰੀ ਤੇ ਬਦਲਾਅ ਅਨੁਸਾਰ ਢਲਣ ਵਾਲੀ ਸੋਚ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।

# ਭਾਈ ਨੰਦ ਲਾਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਜਿੱਤੇ ਦਰਜਨਾਂ ਤਮਗੇ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੇ ਖੇਡਾਂ ਦੇ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। 70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਸਮੇਤ ਵੱਖ-ਵੱਖ ਰਾਜ, ਜ਼ੋਨਲ ਅਤੇ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਬੈਡਮਿੰਟਨ, ਸ਼ੂਟਿੰਗ, ਫੁੱਟਬਾਲ, ਵੇਟਲਿਫਟਿੰਗ, ਪਾਵਰਲਿਫਟਿੰਗ, ਸ਼ਤਰੰਜ ਅਤੇ ਕਰਾਟੇ ਵਿੱਚ ਸ਼ਾਨਦਾਰ ਪ੍ਰਾਪਤੀਆਂ ਹਾਸਲ ਕੀਤੀਆਂ।ਬੈਡਮਿੰਟਨ ਵਿੱਚ ਸ਼ਾਨਦਾਰ ਪ੍ਰਦਰਸ਼ਨ: ਅੰਡਰ-17 ਲੜਕੀਆਂ ਦੀ ਬੈਡਮਿੰਟਨ ਟੀਮ ਨੇ ਅਨੰਦਪੁਰ ਸਾਹਿਬ ਜ਼ੋਨ ਵੱਲੋਂ ਖੇਡਦਿਆਂ ਪਹਿਲਾ ਸਥਾਨ ਹਾਸਲ ਕੀਤਾ। ਟੀਮ ਵਿੱਚ ਭਾਈ ਨੰਦ ਲਾਲ ਪਬਲਿਕ ਸਕੂਲ ਦੀਆਂ ਸ਼ਬਦਪ੍ਰੀਤ ਕੌਰ ਰਾਣਾ (ਜਮਾਤ ਨੌਂਵੀਂ) ਅਤੇ ਅਮਨਦੀਪ ਕੌਰ (ਜਮਾਤ ਗਿਆਰਵੀਂ) ਸ਼ਾਮਲ ਸਨ। ਸ਼ਬਦਪ੍ਰੀਤ ਕੌਰ ਰਾਣਾ ਦੀ ਰਾਜ ਪੱਧਰੀ ਅੰਡਰ-17 ਬੈਡਮਿੰਟਨ ਮੁਕਾਬਲਿਆਂ ਲਈ ਚੋਣ ਹੋਈ। ਇਸੇ ਅੰਡਰ-17 ਵਰਗ ਵਿੱਚ ਸਕੂਲ ਦੇ ਬੈਡਮਿੰਟਨ ਖਿਡਾਰੀ ਹਰਮਪ੍ਰੀਤ ਸਿੰਘ ਅਤੇ ਕਰਨ ਸਿੰਘ ਦੀ ਵੀ ਰਾਜ ਪੱਧਰੀ ਮੁਕਾਬਲਿਆਂ ਲਈ ਚੋਣ ਹੋਈ ਹੈ।ਅੰਡਰ-14 ਲੜਕੀਆਂ ਦੀ ਬੈਡਮਿੰਟਨ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਟੀਮ ਵਿੱਚ ਜਸਮੀਨ ਕੌਰ ਅਤੇ ਮਨਮੀਤ ਕੌਰ (ਜਮਾਤ ਸੱਤਵੀਂ) ਸ਼ਾਮਲ ਸਨ। ਮਨਮੀਤ ਕੌਰ ਦੀ ਵੀ ਰਾਜ ਪੱਧਰੀ ਅੰਡਰ-14 ਬੈਡਮਿੰਟਨ ਮੁਕਾਬਲਿਆਂ ਲਈ ਚੋਣ ਹੋਈ ਹੈ।70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਵਿੱਚ ਅਨੰਦਪੁਰ ਸਾਹਿਬ ਜ਼ੋਨ ਨੇ ਅੰਡਰ-17 ਵਰਗ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਸ ਪ੍ਰਾਪਤੀ ਵਿੱਚ ਸਕੂਲ ਦੇ ਹਰਮਨਪ੍ਰੀਤ ਸਿੰਘ ਅਤੇ ਨਿਸ਼ਾਂਤ ਕੁਮਾਰ (ਜਮਾਤ ਅੱਠਵੀਂ) ਨੇ



ਟੀਮ ਦੀ ਨੁਮਾਇੰਦਗੀ ਕਰਦਿਆਂ ਅਹਿਮ ਯੋਗਦਾਨ ਪਾਇਆ।ਵੇਟਲਿਫਟਿੰਗ ਵਿੱਚ ਵੀ ਸਕੂਲ ਦਾ ਦਬਦਬਾ: ਅੰਡਰ-17 ਲੜਕਿਆਂ ਦੇ ਵਰਗ ਵਿੱਚ ਸਿਮਰਨਜੀਤ ਸਿੰਘ ਨੇ 71 ਕਿਲੋ ਭਾਰ ਵਰਗ ਵਿੱਚ ਪਹਿਲਾ ਸਥਾਨ, ਹਰਪ੍ਰੀਤ ਸਿੰਘ ਨੇ 65 ਕਿਲੋ ਵਿੱਚ ਤੀਜਾ ਸਥਾਨ ਅਤੇ ਜਸਮੀਤ ਸਿੰਘ ਨੇ 80 ਕਿਲੋ ਵਿੱਚ ਤੀਜਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਦੇ 90 ਕਿਲੋ ਭਾਰ ਵਰਗ ਵਿੱਚ ਧਨਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਪਾਵਰਲਿਫਟਿੰਗ ਦੇ ਅੰਡਰ-17 ਵਰਗ ਵਿੱਚ ਜਸਮੀਤ ਸਿੰਘ (80 ਕਿਲੋ), ਰਾਜਦੀਪ ਸਿੰਘ (65 ਕਿਲੋ) ਅਤੇ ਗੁਰਸ਼ਰਨ ਸਿੰਘ (55 ਕਿਲੋ) ਨੇ ਆਪੋ-ਆਪਣੇ ਭਾਰ ਵਰਗਾਂ ਵਿੱਚ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਡੀ.ਏ.ਵੀ. ਸਕੂਲ, ਰੂਪਨਗਰ ਵਿਖੇ ਹੋਈ ਇੰਟਰ-ਸਕੂਲ ਜ਼ਿਲ੍ਹਾ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਪ੍ਰਭਲੀਨ ਕੌਰ (ਜਮਾਤ ਗਿਆਰਵੀਂ, ਕਾਮਰਸ) ਨੇ ਲੜਕੀਆਂ ਦੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ 342/400 ਅੰਕਾਂ ਨਾਲ ਦੂਜਾ ਸਥਾਨ ਹਾਸਲ ਕੀਤਾ। ਦੇਹਰਾਦੂਨ ਵਿਖੇ ਹੋਈ ਨਾਰਥ ਜ਼ੋਨ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਅਕਸ਼ਵੀਰ ਸਿੰਘ ਚੰਨਾ (ਜਮਾਤ ਨੌਂਵੀਂ-ਬੀ) ਨੇ 360/400 ਅੰਕ ਹਾਸਲ ਕਰਕੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਇਨ੍ਹਾਂ ਖਿਡਾਰੀਆਂ ਦੀ ਤਿਆਰੀ ਵਿੱਚ ਕੋਚ ਕਰਨਪ੍ਰੀਤ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ। ਅਨੰਦਪੁਰ ਸਾਹਿਬ ਜ਼ੋਨ ਦੀਆਂ ਸਕੂਲ ਦੀਆਂ ਲੜਕੀਆਂ ਨੇ ਜ਼ਿਲ੍ਹਾ ਪੱਧਰੀ ਫੁੱਟਬਾਲ ਮੁਕਾਬਲਿਆਂ ਦੇ ਅੰਡਰ-14 ਅਤੇ ਅੰਡਰ-17 ਦੋਵੇਂ ਵਰਗਾਂ ਵਿੱਚ ਦੂਜਾ ਸਥਾਨ ਹਾਸਲ ਕਰਕੇ ਰਾਜ ਪੱਧਰੀ ਮੁਕਾਬਲਿਆਂ ਲਈ ਚੋਣ ਹਾਸਲ ਕੀਤੀ। 20 ਅਗਸਤ 2026 ਨੂੰ ਮਾਊਂਟ ਕਾਰਮਲ ਸਕੂਲ, ਜਿੰਦਵੜੀ ਵਿਖੇ ਹੋਈ 70ਵੀਂ ਜ਼ਿਲ੍ਹਾ ਪੱਧਰੀ ਸ਼ਤਰੰਜ ਪ੍ਰਤੀਯੋਗਤਾ ਵਿੱਚ ਸਕੂਲ ਦੀ ਅੰਡਰ-19 ਲੜਕਿਆਂ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਟੀਮ ਵਿੱਚ ਹਰਕਿਰਤ ਸਿੰਘ, ਦੀਪਕ ਧੀਮਾਨ, ਗੁਰਵਿੰਦਰ ਸਿੰਘ, ਹਰਜੋਤ ਸਿੰਘ ਅਤੇ ਜਪਨੂਰ ਸਿੰਘ ਸ਼ਾਮਲ ਸਨ। ਸਕੂਲ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਵੱਲੋਂ ਸਾਰੇ ਹੋਣਹਾਰ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚਾਂ ਨੂੰ ਇਸ ਸ਼ਾਨਦਾਰ ਸਫਲਤਾ ਲਈ ਹਾਰਦਿਕ ਵਧਾਈ ਦਿੱਤੀ ਗਈ।

# ਵਰਿੰਦਰ ਬਾਜਵਾ ਦੀਆਂ ਅੰਤਮ ਰਸਮਾਂ ਅੱਜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਬਕਾ ਮੈਂਬਰ ਰਾਜ ਸਭਾ ਵਰਿੰਦਰ ਬਾਜਵਾ ਦਾ 12 ਸਤੰਬਰ ਨੂੰ ਦਿਹਾਂਤ ਹੋ ਗਿਆ ਸੀ। ਵਰਿੰਦਰ ਬਾਜਵਾ ਦੀਆਂ ਅੰਤਿਮ ਰਸਮਾਂ 14 ਸਤੰਬਰ ਨੂੰ ਦੁਪਹਿਰ ਠੀਕ 12:00 ਵਜੇ ਸ਼ਿਵਪੁਰੀ, ਹਰਿਆਣਾ ਰੋਡ, ਹੁਸ਼ਿਆਰਪੁਰ ਵਿਖੇ ਕੀਤੀਆਂ ਜਾਣਗੀਆਂ। ਸੰਜੀਵ ਤਲਵਾੜ ਨੇ ਕਿਹਾ ਕਿ ਵਰਿੰਦਰ ਬਾਜਵਾ ਦੇ ਦਿਹਾਂਤ ਨਾਲ ਪਰਿਵਾਰ ਅਤੇ ਸਾਕ-ਸਬੰਧੀਆਂ ਨੂੰ ਗਹਿਰਾ ਸਦਮਾ ਪਹੁੰਚਿਆ ਹੈ। ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

# ਮੀਂਹ ਦਾ ਪਾਣੀ ਇਕੱਤਰ ਹੋਣ 'ਤੇ ਵਾਰਡ ਨੰ. 12 ਨਿਵਾਸੀ ਪ੍ਰੇਸ਼ਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਥਾਨਕ ਵਾਰਡ ਨੰਬਰ 12 ਪੁਰਾਣਾ ਬੱਸੀ ਰੋਡ ਮੋਰਿੰਡਾ ਨਿਵਾਸੀ ਲੰਬੇ ਸਮੇਂ ਤੋਂ ਬਾਰਿਸ਼ ਦਾ ਪਾਣੀ ਮੇਨ ਰੋਡ ਤੇ ਇਕੱਤਰ ਹੋਣ ਕਾਰਨ ਬੇਹੱਦ ਪ੍ਰੇਸ਼ਾਨ ਹਨ। ਇਹ ਵਾਰਡ ਨੀਵਾਂ ਹੋਣ ਕਾਰਨ ਸ਼ਹਿਰ ਦਾ ਪਾਣੀ ਸਾਰਾ ਅਕਸਰ ਏਥੇ ਹੀ ਛੱਪੜ ਦਾ ਰੂਪ ਧਾਰਨ ਕਰ ਜਾਂਦਾ ਹੈ। ਇਸ ਬਾਰੇ ਵਾਰਡ ਨਿਵਾਸੀਆਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਬਰਸਾਤੀ ਮੌਸਮ ਦੌਰਾਨ ਐਥੋਂ ਸਕੂਟਰ, ਕਾਰ, ਮੋਟਰਸਾਈਕਲ ਤਾਂ ਕੀ ਪੈਦਲ ਲੰਘਣਾ ਵੀ ਮੁਸ਼ਕਿਲ ਹੈ। ਕੁਝ ਘਰਾਂ 'ਚ ਸੀਵਰੇਜ ਦੀ ਸਹੂਲਤ ਹੈ ਜੋ ਕਿ ਨਿਕਾਸੀ ਨਾ ਹੋਣ ਕਾਰਨ ਨਾ ਦੇ ਬਰਾਬਰ ਹੈ ਕਿਉਂਕਿ ਸੀਵਰੇਜ ਦਾ ਪਾਣੀ ਵੀ ਓਵਰਫਲੋ ਹੋਣ ਕਾਰਨ ਗਲੀ 'ਚ ਹੀ ਇਕੱਠਾ ਹੋ ਜਾਂਦਾ ਹੈ ਜਿਸ ਕਾਰਨ ਮੱਛਰ, ਬਦਬੂ ਤੇ ਕੋਈ ਬਿਮਾਰੀ ਫੈਲਣ ਦਾ ਡਰ ਅਕਸਰ ਬਣਿਆ ਰਹਿੰਦਾ ਹੈ। ਜ਼ਿਕਰਯੋਗ ਹੈ ਕਿ ਸਕੂਲ ਜਾਣ ਵਾਲੇ ਬੱਚਿਆਂ ਦੀਆਂ ਬੱਸਾਂ ਤੇ ਆਟੋ ਵੀ ਏਸੇ ਮੋੜ ਤੋਂ ਉਨਾ ਨੂੰ ਸਵਾਰ ਕਰਦੇ ਹਨ ਜੋ ਕਿ ਮਹਿਜ ਥੋੜੀ ਜਿਹੀ ਬਾਰਿਸ਼ ਤੋਂ ਬਾਅਦ ਪਰੇਸ਼ਾਨੀ ਦਾ ਵਿਸ਼ਾ ਬਣ ਜਾਂਦਾ ਹੈ। ਇਸ ਸੰਬੰਧੀ ਵਾਰਡ ਨਿਵਾਸੀਆਂ ਵੱਲੋਂ ਸਬੰਧਤ ਅਧਿਕਾਰੀਆਂ ਨਾਲ ਕਈ ਵਾਰ ਰਾਬਤਾ ਕੀਤਾ ਗਿਆ ਪ੍ਰੰਤੂ ਕੋਈ ਵੀ ਜਵਾਬੀ ਕਾਰਵਾਈ ਨਹੀਂ ਹੋਈ। ਇਸ ਮੌਕੇ ਵਾਰਡ ਵਾਸੀਆਂ 'ਚ ਸਤਨਾਮ ਸਿੰਘ ਸੈਣੀ, ਗੁਰਟੇਕ ਸਿੰਘ, ਲਵਪ੍ਰੀਤ ਸਿੰਘ, ਮਾਸਟਰ ਸੁਖਵੀਰ ਸਿੰਘ, ਸਾਧੂ ਸਿੰਘ, ਲਾਡੀ ਕਲੇਰ, ਬਹਾਦਰ ਸਿੰਘ ਸਹੋਤਾ, ਸਰਬਜੀਤ ਸਿੰਘ, ਅਵਤਾਰ ਸਿੰਘ ਆਦਿ ਨੇ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਕਿ ਉਪਰੋਕਤ ਸਮੱਸਿਆ ਦਾ ਹੱਲ ਪਹਿਲ ਦੇ ਆਧਾਰ ਤੇ ਕਰਵਾਇਆ ਜਾਵੇ।



# ਬਿਜਲੀ ਦੇ ਅਣ-ਐਲਾਨੇ ਕੱਟਾਂ ਨੇ ਕੀਤਾ ਲੋਕਾਂ ਦਾ ਜੀਣਾ ਮੁਹਾਲ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜ਼ੀਰਕਪੁਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਇਨ੍ਹੀਂ ਦਿਨੀਂ ਲੱਗ ਰਹੇ ਅਣ-ਐਲਾਨੇ ਬਿਜਲੀ ਕੱਟਾਂ ਨੇ ਲੋਕਾਂ ਨੂੰ ਬੇਹਾਲ ਕਰ ਦਿੱਤਾ ਹੈ। ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਦਿਨ ਅਤੇ ਰਾਤ ਦੌਰਾਨ ਵਾਰ-ਵਾਰ ਬਿਜਲੀ ਬੰਦ ਹੋਣ ਅਤੇ ਕਈ ਵਾਰ ਘੰਟਿਆਂ ਤੱਕ ਸਪਲਾਈ ਬਹਾਲ ਨਾ ਹੋਣ ਕਾਰਨ ਲੋਕਾਂ ਵਿੱਚ ਪਾਵਰਕਾਮ ਅਤੇ ਸਰਕਾਰ ਖ਼ਿਲਾਫ਼ ਰੋਸ ਵਧਦਾ ਜਾ ਰਿਹਾ ਹੈ। ਸ਼ਹਿਰ ਦੀਆਂ ਵੱਖ-ਵੱਖ ਰਿਹਾਇਸ਼ੀ ਕਲੋਨੀਆਂ ਅਤੇ ਸੁਸਾਇਟੀਆਂ ਦੇ ਵਸਨੀਕਾਂ ਦਾ ਕਹਿਣਾ ਹੈ ਕਿ ਬਿਜਲੀ ਕੱਟਾਂ ਬਾਰੇ ਪਹਿਲਾਂ ਕੋਈ ਸੂਚਨਾ ਨਹੀਂ ਦਿੱਤੀ ਜਾਂਦੀ। ਰਾਤ ਵੇਲੇ ਲੰਬੇ ਸਮੇਂ ਤੱਕ ਬਿਜਲੀ ਬੰਦ ਰਹਿਣ ਕਾਰਨ ਬੱਚਿਆਂ, ਬਜ਼ੁਰਗਾਂ ਅਤੇ ਮਰੀਜ਼ਾਂ ਨੂੰ ਸਭ ਤੋਂ ਵੱਧ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਗਰਮੀ ਵਿੱਚ ਰਾਤ ਦੀ ਨੀਂਦ ਪੂਰੀ ਨਾ ਹੋਣ ਕਾਰਨ ਦਿਹਾੜੀਦਾਰਾਂ, ਦਫ਼ਤਰ ਜਾਣ ਵਾਲੇ ਲੋਕਾਂ ਅਤੇ ਵਿਦਿਆਰਥੀਆਂ ਦੀ ਰੋਜ਼ਾਨਾ ਜ਼ਿੰਦਗੀ ਵੀ ਪ੍ਰਭਾਵਿਤ ਹੋ ਰਹੀ ਹੈ। ਦਿਨ ਵੇਲੇ ਵੀ ਵਾਰ-ਵਾਰ ਸਪਲਾਈ ਬੰਦ ਹੋਣ ਨਾਲ ਘਰੇਲੂ ਕੰਮਕਾਜ ਪ੍ਰਭਾਵਿਤ ਹੋ ਰਿਹਾ ਹੈ। ਕਈ ਇਲਾਕਿਆਂ ਵਿੱਚ ਬਿਜਲੀ ਨਾ ਹੋਣ ਕਾਰਨ ਪਾਣੀ ਦੀ ਸਪਲਾਈ ਉੱਤੇ ਵੀ ਅਸਰ ਪੈਣ ਦੀਆਂ ਸ਼ਿਕਾਇਤਾਂ ਸਾਹਮਣੇ ਆ ਰਹੀਆਂ ਹਨ। ਵਸਨੀਕਾਂ ਦਾ ਕਹਿਣਾ ਹੈ ਕਿ ਸ਼ਹਿਰ ਵਿੱਚ ਬਿਜਲੀ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ ਅਤੇ ਨਿਰਵਿਘਨ ਸਪਲਾਈ ਨਾ ਮਿਲਣ ਕਾਰਨ ਉਨ੍ਹਾਂ ਦੀਆਂ ਮੁਸ਼ਕਲਾਂ ਵਧਦੀਆਂ ਜਾ ਰਹੀਆਂ ਹਨ। ਬਿਜਲੀ ਕੱਟਾਂ ਦਾ ਅਸਰ ਕਾਰੋਬਾਰੀ ਗਤੀਵਿਧੀਆਂ 'ਤੇ ਵੀ ਪੈ ਰਿਹਾ ਹੈ। ਇਲਾਕਾ ਵਾਸੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਅਣ-ਐਲਾਨੇ ਕੱਟਾਂ ਦਾ ਸਿਲਸਿਲਾ ਜਲਦੀ ਨਾ ਰੁਕਿਆ ਅਤੇ ਬਿਜਲੀ ਸਪਲਾਈ ਸੁਚਾਰੂ ਨਾ ਕੀਤੀ ਗਈ ਤਾਂ ਉਹ ਪਾਵਰਕਾਮ ਦਫ਼ਤਰਾਂ ਦਾ ਘਿਰਾਓ ਕਰਨ ਅਤੇ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ।

# ਆਯੂਸ਼ ਕੈਂਪ 'ਚ 581 ਮਰੀਜ਼ਾਂ ਦਾ ਚੈੱਕਅੱਪ

**ਅੱਡਾ ਸਰਾਂ (ਜਸਵੀਰ ਕਾਜਲ)**- ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਮਨ ਖੰਨਾ ਅਤੇ ਡਾਇਰੈਕਟਰ ਹੋਮਿਓਪੈਥੀ ਡਾ. ਹਰਿੰਦਰ ਪਾਲ ਸਿੰਘ ਦੇ ਹੁਕਮਾਂ ਅਤੇ ਡਿਪਟੀ ਕਮਿਸ਼ਨਰ ਕਮ ਚੇਅਰਮੈਨ ਡਿਸਟ੍ਰਿਕਟ ਆਯੂਸ਼ ਸੋਸਾਇਟੀ ਹੁਸ਼ਿਆਰਪੁਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਹੋਮਿਓਪੈਥੀ ਅਫ਼ਸਰ ਡਾ. ਰੁਪਿੰਦਰ ਕੌਰ ਅਤੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਹੁਸ਼ਿਆਰਪੁਰ ਡਾ ਸੁਰਿੰਦਰ ਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਡਾ ਸਰਾਂ ਹੌਲਾ ਮੁਹੱਲਾ ਲੰਗਰ ਹਾਲ ਟਾਂਡਾ ਬਲਾਕ ਵਿਖੇ ਆਯੂਸ਼ ਕੈਂਪ ਡਾ ਮੀਨਾਕਸ਼ੀ ਸੈਣੀ ਐੱਚ ਐੱਮ ਓ ਅਤੇ ਡਾ ਹਰੀਸ਼ ਭਾਟੀਆ ਏ ਐੱਮ ਓ ਵਲੋਂ ਆਯੋਜਿਤ ਕੀਤਾ ਗਿਆ। ਇਸ ਕੈਂਪ ਦਾ ਉਦਘਾਟਨ ਲੰਗਰ ਹਾਲ ਕਮੇਟੀ ਪ੍ਰਧਾਨ ਜੀ ਨੇ ਕੀਤਾ। ਕੈਂਪ ਵਿੱਚ ਹੋਮਿਓਪੈਥੀ ਵਿਭਾਗ ਦੇ ਡਾ. ਮੀਨਾਕਸ਼ੀ ਸੈਣੀ, ਡਾ. ਸੀਮਾ ਭਾਰਦਵਾਜ, ਡਾ. ਰਾਜੀਵ ਲਖਨਪਾਲ, ਡਾ. ਕਰਮਜੀਤ ਸਿੰਘ ਅਤੇ ਆਯੁਰਵੈਦਿਕ ਵਿਭਾਗ ਦੇ ਡਾ. ਹਰੀਸ਼ ਭਾਟੀਆ, ਡਾ. ਰੁਪਿੰਦਰਪ੍ਰੀਤ ਸਿੰਘ, ਡਾ. ਸੀਮਾ ਬੱਗਾ ਨੇ ਕੁੱਲ 581 ਮਰੀਜ਼ਾਂ ਦਾ ਚੈੱਕਅਪ ਕੀਤਾ। ਜਾਂਚ ਉਪਰੰਤ ਹੋਮਿਓਪੈਥੀ ਡਿਸਪੈਂਸਰ ਪਵਨ ਕੁਮਾਰ, ਰਾਕੇਸ਼ ਕੁਮਾਰ ਅਤੇ ਆਯੁਰਵੈਦਿਕ ਉਪਵੈਦ ਜਸਵੀਰ ਠਾਕੁਰ, ਸੁਨੀਤਾ ਰਾਣੀ ਵਲੋਂ ਆਯੁਰਵੈਦਿਕ ਅਤੇ ਹੋਮਿਓਪੈਥੀ ਦਵਾਈਆਂ ਮਰੀਜ਼ਾਂ ਨੂੰ ਦਿੱਤੀਆਂ ਗਈਆਂ।ਆਯੁਰਵੈਦਿਕ ਵਿਭਾਗ ਦੇ ਅਟੈਂਡੈਂਟ ਰਾਜ ਕੁਮਾਰ ਤੇ ਹੋਮਿਓਪੈਥਿਕ ਵਿਭਾਗ ਦੇ ਦਰਜਾ ਚਾਰ ਕੁਲਵੀਰ ਸਿੰਘ ਵੱਲੋਂ ਕੈਂਪ ਵਿੱਚ ਸੇਵਾਵਾਂ ਦਿੱਤੀਆਂ ਗਈਆਂ। ਕੈਂਪ ਇੰਚਾਰਜ ਡਾ. ਮੀਨਾਕਸ਼ੀ ਸੈਣੀ ਵੱਲੋਂ ਲੋਕਾਂ ਨੂੰ ਹੋਮਿਓਪੈਥਿਕ, ਆਯੁਰਵੇਦ ਅਤੇ ਯੋਗ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।



# ਨੈਸ਼ਨਲ ਲੋਕ ਅਦਾਲਤ 'ਚ 98451 ਕੇਸਾਂ ਦਾ ਨਿਪਟਾਰਾ

## 68 ਕਰੋੜ ਤੋਂ ਵੱਧ ਦੇ ਐਵਾਰਡ ਪਾਸ

**ਜਲੰਧਰ (ਸ਼ੈਲੀ ਐਲਬਰਟ)**- ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਲੰਧਰ ਪ੍ਰਿਆ ਸੂਦ ਦੀ ਅਗਵਾਈ ਹੇਠ ਜੁਡੀਸ਼ੀਅਲ ਕੋਰਟ ਕੰਪਲੈਕਸ, ਜਲੰਧਰ, ਫਿਲੌਰ ਅਤੇ ਨਕੋਦਰ ਵਿਖੇ ਨੈਸ਼ਨਲ ਲੋਕ ਅਦਾਲਤ ਲਗਾਈ ਗਈ। ਇਸ ਲੋਕ ਅਦਾਲਤ ਵਿੱਚ ਹਰ ਤਰ੍ਹਾਂ ਦੇ ਕੇਸ, ਮੈਟਰੀਮੋਨੀਅਲ ਕੇਸ, ਐੱਮ ਏ ਸੀ ਟੀ ਕੇਸ, ਸਮਝੌਤੇਯੋਗ ਫ਼ੌਜਦਾਰੀ ਕੇਸ, ਟ੍ਰੈਫਿਕ ਚਲਾਨ ਅਤੇ ਬੈਂਕਾਂ, ਵਿੱਤੀ ਸੰਸਥਾਵਾਂ, ਬੀ ਐੱਸ ਐੱਨ ਐੱਲ, ਪੀ ਐੱਸ ਪੀ ਸੀ ਐੱਲ ਅਤੇ ਮਾਲ ਵਿਭਾਗ ਆਦਿ ਦੇ ਪ੍ਰੀ-ਲਿਟੀਗੇਟਿਵ ਕੇਸ ਸੁਣਵਾਈ ਲਈ ਰੱਖੇ ਗਏ। ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਡੀ.ਐੱਲ.ਐੱਸ.ਏ. ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਲੰਧਰ, ਫਿਲੌਰ ਅਤੇ ਨਕੋਦਰ ਵਿਖੇ ਕੁੱਲ 25 ਬੈਂਚਾਂ ਦਾ ਗਠਨ ਕੀਤਾ ਗਿਆ ਸੀ। ਲੋਕ ਅਦਾਲਤ ਵਿੱਚ ਕੁੱਲ 100181 ਕੇਸ ਲਏ ਗਏ ਅਤੇ 98451 ਕੇਸਾਂ ਦਾ ਨਿਪਟਾਰਾ ਆਪਸੀ ਸਮਝੌਤੇ ਰਾਹੀਂ ਕੀਤਾ ਗਿਆ। ਲੋਕ ਅਦਾਲਤ ਵਿੱਚ 68,58,39,864 ਰੁਪਏ (ਅਠਾਹਠ ਕਰੋੜ ਅਠਵੰਜਾ ਲੱਖ ਉਨਤਾਲੀ ਹਜ਼ਾਰ ਅੱਠ ਸੌ ਚੌਂਹਠ ਰੁਪਏ) ਦੇ ਐਵਾਰਡ ਪਾਸ ਕੀਤੇ ਗਏ। ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਡੀ ਐੱਲ ਐੱਸ ਏ. ਪ੍ਰਿਆ ਸੂਦ ਅਤੇ ਸੀ ਜੇ ਐੱਮ-ਕਮ-ਸਕੱਤਰ, ਡੀ ਐੱਲ ਐੱਸ ਏ ਰਾਹੁਲ ਕੁਮਾਰ ਨੇ ਜਲੰਧਰ ਵਿਖੇ ਬਣਾਏ ਗਏ ਬੈਂਚਾਂ ਦਾ ਦੌਰਾ ਕਰਕੇ ਜਾਇਜ਼ਾ ਲਿਆ। ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕ ਅਦਾਲਤਾਂ ਰਾਹੀਂ ਲੋਕਾਂ ਨੂੰ ਜਲਦੀ ਅਤੇ ਸਸਤਾ ਇਨਸਾਫ਼ ਮਿਲਦਾ ਹੈ। ਲੋਕ ਅਦਾਲਤ ਦਾ ਫ਼ੈਸਲਾ ਅੰਤਿਮ ਹੁੰਦਾ ਹੈ ਅਤੇ ਇਸ ਵਿਰੁੱਧ ਕੋਈ ਅਪੀਲ ਦਾਇਰ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਅੱਗੇ ਦੱਸਿਆ ਕਿ ਅਗਲੀ ਰਾਸ਼ਟਰੀ ਲੋਕ ਅਦਾਲਤ 12 ਦਸੰਬਰ 2026 ਨੂੰ ਅਤੇ ਐੱਨ.ਆਈ. ਐਕਟ ਦੇ ਕੇਸਾਂ ਲਈ ਵਿਸ਼ੇਸ਼ ਲੋਕ ਅਦਾਲਤ 21 ਨਵੰਬਰ 2026 ਨੂੰ ਲਗਾਈ ਜਾਵੇਗੀ।



# ਸੈਣੀ ਨੇ ਸ਼ਹੀਦ ਨਾਇਕ ਮਲਕੀਤ ਸਿੰਘ ਨੂੰ ਦਿੱਤੀ ਸ਼ਰਧਾਂਜਲੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਪੰਜਾਬ ਦੇ ਪਟਿਆਲਾ ਜ਼ਿਲ੍ਹੇ ਦੇ ਪਿੰਡ ਹਡਾਨਾ ਵਿਚ ਕਾਰਗਿਲ ਯੁੱਧ ਦੇ ਅਮਰ ਸ਼ਹੀਦ ਨਾਇਕ ਮਲਕੀਤ ਸਿੰਘ ਦੀ 26ਵੀਂ ਬਰਸੀ ਦੇ ਮੌਕੇ 'ਤੇ ਆਯੋਜਿਤ ਸ਼ਰਧਾਂਜਲੀ ਪ੍ਰੋਗਰਾਮ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕੀਤੀ। ਮੁੱਖ ਮੰਤਰੀ ਨੇ ਸ਼ਹੀਦ ਨਾਇਕ ਮਲਕੀਤ ਸਿੰਘ ਦੇ ਬੁੱਤ 'ਤੇ ਫੁੱਲ ਅਰਪਿਤ ਕਰਕੇ ਉਨ੍ਹਾਂ ਦੇ ਰਾਸ਼ਟਰ ਲਈ ਦਿੱਤੇ ਸਰਵਉੱਚ ਬਲੀਦਾਨ ਨੂੰ ਨਮਨ ਕੀਤਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਸ ਮੌਕੇ 'ਤੇ ਸ਼ਹੀਦ ਦੇ ਪਰਵਾਰਕ ਮੈਂਬਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਪ੍ਰਤੀ ਸਤਿਕਾਰ ਅਤੇ ਸੰਵੇਦਨਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ ਦੀ ਰਾਖੀ ਲਈ ਆਪਣੇ ਪ੍ਰਾਣਾਂ ਦਾ ਸਰਵਉੱਚ ਬਲੀਦਾਨ ਦੇਣ ਵਾਲੇ ਵੀਰ ਸੈਨਿਕ ਰਾਸ਼ਟਰ ਦੀ ਅਨਮੋਲ ਵਿਰਾਸਤ ਹਨ।

# ਖਿਡਾਰੀਆਂ ਨੇ ਨੈਸ਼ਨਲ ਕਿੱਕ ਬਾਕਸਿੰਗ ਚੈਂਪੀਅਨਸ਼ਿਪ 'ਚ ਜਿੱਤੇ ਦੋ ਸਿਲਵਰ ਮੈਡਲ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਇੰਦੌਰ, ਮੱਧ ਪ੍ਰਦੇਸ਼ ਵਿਖੇ 8 ਤੋਂ 12 ਸਤੰਬਰ ਤੱਕ ਕਰਵਾਈ ਗਈ ਸੀਨੀਅਰ ਐਂਡ ਮਾਸਟਰ ਨੈਸ਼ਨਲ ਕਿੱਕ ਬਾਕਸਿੰਗ ਚੈਂਪੀਅਨਸ਼ਿਪ-2026 ਵਿੱਚ ਰਿੰਗ ਬੀਸਟ ਬਾਕਸਿੰਗ ਕਲੱਬ ਫਗਵਾੜਾ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋ ਸਿਲਵਰ ਮੈਡਲ ਜਿੱਤ ਕੇ ਫਗਵਾੜਾ ਅਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਹੈ।ਕਲੱਬ ਦੇ ਕੋਚ ਪ੍ਰਿੰਸ ਕੌਲ ਨੇ ਦੱਸਿਆ ਕਿ ਚੈਂਪੀਅਨਸ਼ਿਪ ਦੌਰਾਨ ਕਲੱਬ ਦੇ ਖਿਡਾਰੀ ਜਸਕਰਨ ਨੇ ਅੰਡਰ-45 ਕਿਲੋਗ੍ਰਾਮ ਭਾਰ ਵਰਗ ਦੇ ਪੁਆਇੰਟ ਫਾਈਟ ਇਵੈਂਟ ਵਿੱਚ ਪੰਜਾਬ ਟੀਮ ਵੱਲੋਂ ਭਾਗ ਲੈਂਦਿਆਂ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਅਤੇ ਨੈਸ਼ਨਲ ਪੱਧਰ 'ਤੇ ਸਿਲਵਰ ਮੈਡਲ ਆਪਣੇ ਨਾਂਅ ਕੀਤਾ।ਇਸੇ ਤਰ੍ਹਾਂ ਕਲੱਬ ਦੀ ਖਿਡਾਰਨ ਬਿੰਦੀਆਂ ਨੇ ਕਿੱਕ ਲਾਈਟ ਇਵੈਂਟ ਦੇ ਅੰਡਰ 50 ਕਿਲੋਗ੍ਰਾਮ ਭਾਰ ਵਰਗ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਿਲਵਰ ਮੈਡਲ ਹਾਸਲ ਕੀਤਾ।ਇਸ ਪ੍ਰਾਪਤੀ 'ਤੇ ਕਲੱਬ ਦੇ ਕੋਚ ਪ੍ਰਿੰਸ ਕੌਲ ਨੇ ਦੋਵੇਂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਸਾਰੇ ਪੰਜਾਬ ਦੇ ਲਈ ਬਹੁਤ ਮਾਣ ਵਾਲੀ ਗੱਲ ਹੈ।ਖਿਡਾਰੀਆਂ ਦੀ ਸਖ਼ਤ ਮਿਹਨਤ ਅਤੇ ਲਗਨ ਦੀ ਵੀ ਕੋਚ ਪ੍ਰਿੰਸ ਕੌਲ ਨੇ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਨੈਸ਼ਨਲ ਚੈਂਪੀਅਨਸ਼ਿਪ ਵਰਗੇ ਵੱਡੇ ਮੰਚ 'ਤੇ ਪੰਜਾਬ ਦੀ ਨੁਮਾਇੰਦਗੀ ਕਰਦਿਆਂ ਮੈਡਲ ਜਿੱਤਣਾ ਕਲੱਬ ਲਈ ਮਾਣ ਦੀ ਗੱਲ ਹੈ।ਉਨ੍ਹਾਂ ਨੇ ਖਾਸ ਤੌਰ 'ਤੇ ਪ੍ਰਿੰਸੀਪਲ ਰਣਜੀਤ ਗੋਗਨਾ, ਸਕੂਲ ਆਫ ਐਮੀਨੈਂਸ, ਸਮਾਜ ਸੇਵੀ ਅਨੀਤਾ ਸੋਮ ਪ੍ਰਕਾਸ਼, ਮਨੀਸ਼ ਕੁਮਾਰ ਗ੍ਰੀਨਲੈਂਡ, ਜਸਕਰਨ ਅਤੇ ਬਿੰਦੀਆਂ ਦੇ ਮਾਪਿਆਂ ਸਮੇਤ ਸਮੂਹ ਸਹਿਯੋਗੀਆਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਦੋਵੇਂ ਖਿਡਾਰੀਆਂ ਨੂੰ ਇਸ ਮੁਕਾਮ ਤੱਕ ਪਹੁੰਚਣ ਲਈ ਲਗਾਤਾਰ ਹੌਸਲਾ ਅਤੇ ਸਹਿਯੋਗ ਦਿੱਤਾ। ਉਹਨਾਂ ਕਿਹਾ ਕਿ ਇਹ ਪ੍ਰਾਪਤੀ ਕਲੱਬ ਦੇ ਹੋਰ ਖਿਡਾਰੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ।



# ਵਿਦਿਆਰਥੀ ਕੌਂਸਲ ਦਾ ਗਠਨ

**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਸਾਸ਼ਕ ਇੰਜੀ. ਨਿਮਰਤਾ ਕੌਰ ਦੀ ਅਗਵਾਈ ਵਿੱਚ ਨਵੇਂ ਅਕਾਦਮਿਕ ਸੈਸ਼ਨ ਲਈ ਵਿਦਿਆਰਥੀਆਂ 'ਚ ਨੇਤ੍ਰਿਤਵ ਦੀ ਭਾਵਨਾ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਕਰਨ ਦੇ ਉਦੇਸ਼ ਨਾਲ ਸਟੂਡੈਂਟ ਕੌਂਸਲ ਦਾ ਗਠਨ ਕੀਤਾ ਗਿਆ। ਇਸ ਮੌਕੇ ਨਵ-ਨਿਯੁਕਤ ਵਿਦਿਆਰਥੀ ਕੌਂਸਲ ਮੈਂਬਰਾਂ ਨੇ ਸਹੁੰ ਚੁੱਕ ਕੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣ ਦਾ ਸੰਕਲਪ ਲਿਆ। ਨਵ-ਗਠਿਤ ਕੌਂਸਲ ਵਿੱਚ ਕੈਸ਼ਪ੍ਰੀਤ ਸਿੰਘ ਨੂੰ ਹੈੱਡ ਬੁਆਏ ਅਤੇ ਜਸਲੀਨ ਕੌਰ ਨੂੰ ਹੈੱਡ ਗਰਲ ਚੁਣਿਆ ਗਿਆ। ਅਭਿਜੀਤ ਸਿੰਘ ਵਾਇਸ ਹੈੱਡ ਬੁਆਏ ਅਤੇ ਜੈਸਮੀਨ ਨੂੰ ਵਾਇਸ ਹੈੱਡ ਗਰਲ ਨਿਯੁਕਤ ਕੀਤਾ ਗਿਆ।ਅਨੁਸ਼ਾਸਨ ਵਿਭਾਗ ਵਿੱਚ ਕੁੰਵਰਨੂਰ ਸਿੰਘ ਡਿਸਿਪਲਨ ਕੈਪਟਨ ਅਤੇ ਸਤਵੀਰ ਕੌਰ ਨੂੰ ਵਾਇਸ ਡਿਸਿਪਲਨ ਕੈਪਟਨ ਚੁਣਿਆ ਗਿਆ। ਖੇਡਾਂ ਦੇ ਖੇਤਰ ਵਿੱਚ ਯੁਗਰਾਜ ਮੋਮੀ ਅਤੇ ਰਮਨੀਕ ਕੌਰ ਸਪੋਰਟਸ ਕੈਪਟਨ, ਜਗਜੀਤ ਸਿੰਘ ਤੇ ਰਵਨੀਤ ਕੌਰ ਨੂੰ ਵਾਇਸ ਸਪੋਰਟਸ ਕੈਪਟਨ ਨਿਯੁਕਤ ਕੀਤਾ ਗਿਆ। ਸਕੂਲ ਦੀਆਂ ਸਹਿ-ਪਾਠਕ੍ਰਮ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਐਕਟੀਵਿਟੀ ਕੈਪਟਨ ਅਮਨਦੀਪ ਕੌਰ ਅਤੇ ਵਾਈਸ ਐਕਟੀਵਿਟੀ ਕੈਪਟਨ ਏਕਮਪ੍ਰੀਤ ਕੌਰ ਨੂੰ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਵੱਲੋਂ ਨਵ-ਨਿਯੁਕਤ ਕੌਂਸਲ ਮੈਂਬਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਗਿਆ ਕਿ ਵਿਦਿਆਰਥੀ ਕੌਂਸਲ ਸਕੂਲ ਵਿੱਚ ਨੇਤ੍ਰਿਤਵ, ਅਨੁਸ਼ਾਸਨ, ਟੀਮ ਵਰਕ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।



# ਸਟੇਟ ਅਵਾਰਡੀ ਲੈਕਚਰਾਰ ਦਾ ਪਿਊਮਾ ਨੇ ਕੀਤਾ ਵਿਸ਼ੇਸ਼ ਸਨਮਾਨ

**ਫਗਵਾੜਾ (ਡਾ. ਰਮਨ)** ਪੰਜਾਬ ਇਲੈਕਟ੍ਰਾਨਿਕਸ ਐਂਡ ਆਨਲਾਈਨ ਮੀਡੀਆ ਐਸੋਸੀਏਸ਼ਨ (ਪਿਊਮਾ) ਵੱਲੋਂ ਆਦਰਸ਼ ਨਗਰ ਵਿਖੇ ਪੰਜਾਬ ਸਰਕਾਰ ਵੱਲੋਂ ਸਾਲ 2026 ਦੇ ਬੈਸਟ ਅਧਿਆਪਕ ਦੇ ਸਟੇਟ ਅਵਾਰਡ ਨਾਲ ਸਨਮਾਨਿਤ ਲੈਕਚਰਾਰ ਦਲਜੀਤ ਕੌਰ ਦੇ ਸਨਮਾਨ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਪਿਊਮਾ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਚਾਨਾ, ਪੀ.ਐੱਮ. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰਸੀਪਲ ਮੀਨੂ ਗੁਪਤਾ, ਸਟੇਟ ਅਵਾਰਡੀ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਅਤੇ ਸੀਨੀਅਰ ਪੱਤਰਕਾਰ ਡਾ. ਰਮਨ ਸ਼ਰਮਾ ਉਚੇਚੇ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਵੀ.ਪੀ. ਅਰੋੜਾ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਸੂਬਾ ਪ੍ਰਧਾਨ ਜਗਜੀਤ ਸਿੰਘ ਚਾਨਾ ਨੇ ਕਿਹਾ ਕਿ ਦਲਜੀਤ ਕੌਰ ਨੇ ਆਪਣੀ ਮਿਹਨਤ ਅਤੇ ਸਮਰਪਣ ਨਾਲ ਪੂਰੇ ਫਗਵਾੜਾ ਦਾ ਨਾਂਅ ਪੰਜਾਬ ਭਰ ਵਿੱਚ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਨੇ ਕਿਹਾ ਕਿ ਸਟੇਟ ਅਧਿਆਪਕ ਅਵਾਰਡ ਹਾਸਲ ਕਰਨ ਲਈ ਇੱਕ ਬਹੁਤ ਹੀ ਔਖੀ ਅਤੇ ਜਟਿਲ ਪ੍ਰਕਿਰਿਆ ਵਿੱਚੋਂ ਲੰਘਣਾ ਪੈਂਦਾ ਹੈ। ਵੱਖ-ਵੱਖ ਪੜਾਵਾਂ ਅਤੇ ਮਾਪਦੰਡਾਂ ਵਿੱਚ ਸਫਲਤਾਪੂਰਵਕ ਅੱਗੇ ਵਧਦਿਆਂ ਦਲਜੀਤ ਕੌਰ ਨੇ ਇਹ ਮਾਣਮੱਤਾ ਸਨਮਾਨ ਹਾਸਲ ਕੀਤਾ ਹੈ।



ਸੀਨੀਅਰ ਪੱਤਰਕਾਰ ਡਾ. ਰਮਨ ਸ਼ਰਮਾ ਨੇ ਵੀ ਦਲਜੀਤ ਕੌਰ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਉਨ੍ਹਾਂ ਦੀ ਮਿਹਨਤ, ਸੇਵਾ ਭਾਵਨਾ ਅਤੇ ਸਿੱਖਿਆ ਪ੍ਰਤੀ ਸਮਰਪਣ ਦੀ ਸ਼ਲਾਘਾ ਕੀਤੀ। ਸਮਾਗਮ ਦੇ ਅਖੀਰ ਵਿੱਚ ਪਿਊਮਾ ਦੇ ਸਮੂਹ ਮੈਂਬਰਾਂ ਵੱਲੋਂ ਲੈਕਚਰਾਰ ਦਲਜੀਤ ਕੌਰ ਨੂੰ ਫੁਲਕਾਰੀ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

# ਸਰਕਾਰ ਵੀਬੀ-ਜੀ ਰਾਮ ਜੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ : ਸੌਂਦ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਇਥੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਭਰ ਵਿੱਚ ਪੇਂਡੂ ਵਿਕਾਸ ਨੂੰ ਵੱਡਾ ਹੁਲਾਰਾ ਦੇਣ ਲਈ ਲਗਾਤਾਰ ਸੁਹਿਰਦ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ 'ਵਿਕਸਿਤ ਭਾਰਤ-ਗਾਰੰਟੀ ਫਾਰ ਰੋਜ਼ਗਾਰ ਅਤੇ ਆਜੀਵਿਕਾ ਮਿਸ਼ਨ (ਗ੍ਰਾਮੀਣ)' (ਵੀਬੀ-ਜੀ ਰਾਮ ਜੀ) ਸਕੀਮ ਅਧੀਨ ਵੀ ਪੰਜਾਬ ਦੇ ਪਿੰਡਾਂ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ 1 ਜੁਲਾਈ, 2026 ਤੋਂ ਲੈ ਕੇ ਹੁਣ ਤੱਕ ਇਸ ਸਕੀਮ ਅਧੀਨ 1.88 ਲੱਖ ਤੋਂ ਵੱਧ ਦਿਹਾੜੀਆਂ ਪੈਦਾ ਕੀਤੀਆਂ ਗਈਆਂ ਹਨ ਜਿਸ ਨਾਲ ਰਜਿਸਟਰਡ ਲਾਭਪਾਤਰੀ ਪਰਵਾਰਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਡੀ ਸਰਕਾਰ ਪੇਂਡੂ ਖੇਤਰਾਂ ਦੇ ਲੋੜਵੰਦ ਪਰਵਾਰਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇਣ ਲਈ ਇਸ ਸਕੀਮ ਤਹਿਤ ਨਵੇਂ ਲਾਭਪਾਤਰੀਆਂ ਨੂੰ ਵੀ ਸ਼ਾਮਲ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਅਤੇ ਪਹਿਲਕਦਮੀਆਂ ਦਾ ਉਦੇਸ਼ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ, ਪੇਂਡੂ ਪਰਿਵਾਰਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਅਤੇ ਪਿੰਡਾਂ ਵਿੱਚ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ।